4-SEP-PAGE-1.qxd 9/3/2024 10:15 PM Page 1

ਬੁੱਧਵਾਰ, 4 ਸਤੰਬਰ, 2024
20 ਭਾਦੋਂ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 94

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 4 SEPTEMBER, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

### ਭਗਵੰਤ ਮਾਨ ਵੱਲੋਂ ਆਮ ਲੋਕਾਂ ਨੂੰ ਸੌਗਾਤ

# ਰਜਿਸਟਰੀ ਲਈ ਐੱਨ ਓ ਸੀ ਦੀ ਸ਼ਰਤ ਖਤਮ

**■ ਪੰਜਾਬ ਵਿਧਾਨ ਸਭਾ ਵੱਲੋਂ 'ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ (ਸੋਧ) ਐਕਟ-2024' ਸਰਬਸੰਮਤੀ ਨਾਲ ਪਾਸ ■ ਗੈਰ-ਕਨੂੰਨੀ ਕਲੋਨੀਆਂ ਕੱਟਣ ਵਾਲਿਆਂ ਨੂੰ 25 ਲੱਖ ਤੋਂ 5 ਕਰੋੜ ਤੱਕ ਹੋਵੇਗਾ ਜੁਰਮਾਨਾ**



**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਦੇ ਆਮ ਲੋਕਾਂ ਨੂੰ ਵੱਡੀ ਰਾਹਤ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਪੰਜਾਬ ਵਿਧਾਨ ਸਭਾ ਨੇ ਮੰਗਲਵਾਰ ਇਤਿਹਾਸਕ ਬਿੱਲ 'ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ (ਸੋਧ) ਐਕਟ-2024' ਨੂੰ ਸਰਬਸੰਮਤੀ ਨਾਲ ਪਾਸ ਕਰਦਿਆਂ ਪਲਾਟ ਦੀ ਰਜਿਸਟਰੀ ਲਈ ਕੋਈ ਇਤਰਾਜ਼ ਨਹੀਂ ਸਰਟੀਫਿਕੇਟ (ਐੱਨ ਓ ਸੀ) ਦੀ ਸ਼ਰਤ ਨੂੰ ਖਤਮ ਕਰ ਦਿੱਤਾ।ਵਿਧਾਨ ਸਭਾ ਦੇ ਸਦਨ ਵਿੱਚ 'ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ (ਸੋਧ) ਐਕਟ-2024' 'ਤੇ ਬਹਿਸ ਨੂੰ ਸਮੇਟਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਸੋਧ ਦਾ ਮਕਸਦ ਜਿੱਥੇ ਗੈਰ-ਕਨੂੰਨੀ ਕਲੋਨੀਆਂ 'ਤੇ ਸ਼ਿਕੰਜਾ ਕੱਸਣਾ ਹੈ, ਉਥੇ ਛੋਟੇ ਪਲਾਟ ਮਾਲਕਾਂ ਨੂੰ ਰਾਹਤ ਦੇਣਾ ਹੈ।ਉਨ੍ਹਾ ਕਿਹਾ ਕਿ ਇਸ ਬਿੱਲ ਨਾਲ ਆਮ ਲੋਕਾਂ ਨੂੰ ਬਹੁਤ ਵੱਡੀ ਰਾਹਤ ਮਿਲੇਗੀ, ਕਿਉਂ ਜੋ ਇਸ ਸੋਧ ਨਾਲ ਲੋਕਾਂ ਨੂੰ ਆਪਣੇ ਪਲਾਟਾਂ ਦੀ ਰਜਿਸਟਰੀ ਕਰਵਾਉਣ ਵਿੱਚ ਦਰਪੇਸ਼ ਸਮੱਸਿਆ ਖਤਮ ਹੋ ਜਾਵੇਗੀ ਅਤੇ ਅਣ-ਅਧਿਕਾਰਤ ਕਲੋਨੀਆਂ ਉਤੇ ਰੋਕ ਲੱਗੇਗੀ। ਮਾਨ ਨੇ ਕਿਹਾ ਕਿ ਇਹ ਸੋਧ ਕਸੂਰਵਾਰ ਲੋਕਾਂ ਲਈ ਜੁਰਮਾਨੇ ਅਤੇ ਸਜ਼ਾ ਦੀ ਵਿਵਸਥਾ ਕਰਦੀ ਹੈ।ਉਨ੍ਹਾ ਕਿਹਾ ਕਿ ਇਸ ਇਤਿਹਾਸਕ ਫੈਸਲੇ ਦਾ ਮਨੋਰਥ ਆਮ ਲੋਕਾਂ ਦੀ ਭਲਾਈ ਨੂੰ ਯਕੀਨੀ ਬਣਾਉਣਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਨਵੀਂ ਸੋਧ ਮੁਤਾਬਕ ਕੋਈ ਵੀ ਵਿਅਕਤੀ, ਜਿਸ ਨੇ 31 ਜੁਲਾਈ ਤੱਕ ਅਣ-ਅਧਿਕਾਰਤ ਕਲੋਨੀ ਵਿੱਚ ਸਥਿਤ 500 ਵਰਗ ਗਜ਼ ਤੱਕ ਦੇ ਖੇਤਰ ਲਈ ਇੱਕ ਪਾਵਰ ਆਫ਼ ਅਟਾਰਨੀ, ਸਟੈਂਪ ਪੇਪਰ 'ਤੇ ਵੇਚਣ ਲਈ ਇਕਰਾਰਨਾਮਾ ਜਾਂ ਕੋਈ ਹੋਰ ਅਜਿਹਾ ਦਸਤਾਵੇਜ਼, ਜਿਸ ਨੂੰ ਸਰਕਾਰ ਨੋਟੀਫਿਕੇਸ਼ਨ ਦੁਆਰਾ ਨਿਰਧਾਰਤ ਕਰ ਸਕਦੀ ਹੈ, ਰਾਹੀਂ ਇਕਰਾਰਨਾਮਾ ਕੀਤਾ ਹੈ, ਉਸ ਰਕਬੇ ਲਈ ਐੱਨ ਓ ਸੀ ਦੀ ਲੋੜ ਨਹੀਂ ਹੋਵੇਗੀ।ਮੁੱਖ ਮੰਤਰੀ ਨੇ ਕਿਹਾ ਕਿ ਇਸ ਜਾਇਦਾਦ ਦਾ ਮਾਲਕ ਆਪਣੇ ਪਲਾਟ ਦੀ ਰਜਿਸਟਰੀ ਸੰਬੰਧਤ ਰਜਿਸਟਰਾਰ ਜਾਂ ਸਬ-ਰਜਿਸਟਰਾਰ ਜਾਂ ਸੰਯੁਕਤ ਸਬ-ਰਜਿਟਰਾਰ ਕੋਲ ਕਰਵਾ ਸਕਦਾ ਹੈ ਅਤੇ ਅਜਿਹੇ ਰਕਬੇ ਨੂੰ ਰਜਿਸਟਰ ਕਰਵਾਉਣ ਸੰਬੰਧੀ ਇਹ ਛੋਟ ਸਰਕਾਰ ਵੱਲੋਂ ਇਸ ਸੰਬੰਧੀ ਨੋਟੀਫਿਕੇਸ਼ਨ ਰਾਹੀਂ ਨੋਟੀਫਾਈ ਕੀਤੀ ਗਈ ਮਿਤੀ ਤੱਕ ਲਾਗੂ ਹੋਵੇਗੀ।ਇਸ ਰਜਿਸਟ੍ਰੇਸ਼ਨ ਲਈ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਵਿਭਾਗ ਦੀ ਸੰਬੰਧਤ ਵਿਕਾਸ ਅਥਾਰਟੀ ਜਾਂ ਸਥਾਨਕ ਸਰਕਾਰ ਵਿਭਾਗ ਦੀ ਸੰਬੰਧਤ ਸਥਾਨਕ ਸ਼ਹਿਰੀ ਸੰਸਥਾ ਤੋਂ ਐੱਨ ਓ ਸੀ ਪ੍ਰਾਪਤ ਕਰਨ ਦੀ ਜ਼ਰੂਰਤ ਨਹੀਂ ਹੋਵੇਗੀ।ਉਨ੍ਹਾ ਕਿਹਾ ਕਿ ਇਸ ਤਰ੍ਹਾਂ ਦੇ ਵਿਕਰੀ ਦਸਤਾਵੇਜ਼ ਦੀ ਸੂਚਨਾ ਰਜਿਸਟਰਾਰ ਜਾਂ ਸਬ-ਰਜਿਸਟਰਾਰ ਜਾਂ ਸੰਯੁਕਤ ਸਬ-ਰਜਿਸਟਰਾਰ ਵੱਲੋਂ ਸੰਬੰਧਤ ਅਥਾਰਟੀ ਨੂੰ ਮੁਹੱਈਆ ਕਰਵਾਈ ਜਾਵੇਗੀ। ਮੁੱਖ ਮੰਤਰੀ ਨੇ ਦੱਸਿਆ ਕਿ ਉਪਰੋਕਤ ਅਨੁਸਾਰ ਦਿੱਤੀ ਗਈ ਛੋਟ ਦੀ ਨੋਟੀਫਾਈ ਕੀਤੀ ਗਈ ਮਿਤੀ ਬੀਤ ਜਾਣ ਉਪਰੰਤ ਵੀ ਜੇਕਰ ਇਸ ਜਾਇਦਾਦ ਨੂੰ ਅੱਗੇ ਵੰਡਿਆ ਨਹੀਂ ਗਿਆ ਹੈ ਤਾਂ ਰਜਿਸਟਰਾਰ, ਸਬ-ਰਜਿਸਟਰਾਰ ਜਾਂ ਸੰਯੁਕਤ ਸਬ-ਰਜਿਟਰਾਰ ਵੱਲੋਂ ਅਜਿਹੀ ਜਾਇਦਾਦ ਦੇ ਸੰਬੰਧ ਵਿੱਚ ਅਗਲੀਆਂ ਵਿਕਰੀ ਡੀਡਾਂ ਨੂੰ ਸੰਬੰਧਤ ਵਿਕਾਸ ਅਥਾਰਟੀਆਂ/ ਸਥਾਨਕ ਸਰਕਾਰ ਦੀ ਸੂਚਨਾ ਹਿੱਤ ਰਜਿਸਟਰ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਐਕਟ ਅਧੀਨ ਰਜਿਸਟਰਡ ਕੋਈ ਵੀ ਵਿਅਕਤੀ ਜਾਂ ਪ੍ਰਮੋਟਰ ਜਾਂ ਉਸ ਦਾ ਏਜੰਟ ਅਤੇ ਕੋਈ ਵੀ ਹੋਰ ਪ੍ਰਮੋਟਰ, ਜੋ ਬਿਨਾਂ ਕਿਸੇ ਵਾਜਬ ਕਾਰਨ ਦੇ ਐਕਟ ਦੀ ਧਾਰਾ-5 ਦੇ ਉਪਬੰਧਾਂ ਦੀ ਪਾਲਣਾ ਕਰਨ ਵਿੱਚ ਅਸਫਲ ਰਹਿੰਦਾ ਹੈ ਜਾਂ ਉਲੰਘਣਾ ਕਰਦਾ ਹੈ ਤਾਂ ਦੋਸ਼ੀ ਪਾਏ ਜਾਣ 'ਤੇ ਉਸ ਨੂੰ ਘੱਟੋ-ਘੱਟ 25 ਲੱਖ ਰੁਪਏ ਜੁਰਮਾਨਾ ਹੋ ਸਕਦਾ ਹੈ, ਜਿਸ ਨੂੰ ਪੰਜ ਕਰੋੜ ਰੁਪਏ ਤੱਕ ਵਧਾਇਆ ਜਾ ਸਕਦਾ ਹੈ।ਇਸ ਦੇ ਨਾਲ ਹੀ ਉਸ ਨੂੰ ਘੱਟੋ-ਘੱਟ ਪੰਜ ਸਾਲ ਦੀ ਕੈਦ ਦੀ ਸਜ਼ਾ ਦਿੱਤੀ ਜਾਵੇਗੀ, ਜਿਸ ਨੂੰ ਦਸ ਸਾਲ ਤੱਕ ਵਧਾਇਆ ਜਾ ਸਕਦਾ ਹੈ।

ਉਹਨਾ ਕਿਹਾ ਕਿ ਕਾਲੋਨਾਈਜ਼ਰ ਗੈਰ-ਕਾਨੂੰਨੀ ਢੰਗ ਨਾਲ ਪੈਸਾ ਇਕੱਠਾ ਕਰਦੇ ਹਨ, ਪਰ ਉਨ੍ਹਾਂ ਦੀਆਂ ਗਲਤ ਕਾਰਵਾਈਆਂ ਦਾ ਖਮਿਆਜ਼ਾ ਲੋਕਾਂ ਨੂੰ ਭੁਗਤਣਾ ਪੈਂਦਾ ਹੈ।ਉਨ੍ਹਾ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਤਿੰਨ ਵਾਰ ਗੈਰ-ਕਾਨੂੰਨੀ ਕਾਲੋਨੀਆਂ ਨੂੰ ਰੈਗੂਲਰ ਕੀਤਾ, ਜਦਕਿ ਹਰ ਵਾਰ ਇਹ ਸ਼ਰਤ ਲਾਈ ਗਈ ਸੀ ਕਿ ਇਹ ਰਾਹਤ ਆਖ਼ਰੀ ਵਾਰ ਹੈ। ਦੇਸ਼ ਦੇ ਸਭ ਤੋਂ ਤਜਰਬੇਕਾਰ ਮੁੱਖ

● ਬਾਕੀ ਸਫ਼ਾ 2 'ਤੇ

## 'ਦਿ ਈਸਟ ਵਾਰ ਐਵਾਰਡਜ਼ (ਸੋਧ) ਬਿੱਲ, 2024' ਸਰਬਸੰਮਤੀ ਨਾਲ ਪਾਸ

**ਚੰਡੀਗੜ੍ਹ :** ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਵੱਲੋਂ ਪੇਸ਼ ਕੀਤੇ ਗਏ 'ਦਿ ਈਸਟ ਵਾਰ ਐਵਾਰਡਜ਼ (ਸੋਧ) ਬਿੱਲ, 2024' ਨੂੰ ਪੰਜਾਬ ਵਿਧਾਨ ਸਭਾ ਨੇ ਸਰਬਸੰਮਤੀ ਨਾਲ ਪਾਸ ਕਰ ਦਿੱਤਾ। ਜੌੜਾਮਾਜਰਾ ਨੇ ਦੱਸਿਆ ਕਿ ਸੂਬਾ ਸਰਕਾਰ ਨੇ 'ਦਿ ਈਸਟ ਪੰਜਾਬ ਵਾਰ ਐਵਾਰਡਜ਼ ਐਕਟ-1948' ਵਿੱਚ ਸੋਧ ਕਰਨ ਦਾ ਫ਼ੈਸਲਾ ਲਿਆ ਹੈ, ਜਿਸ ਤਹਿਤ ਵਿੱਤੀ ਸਹਾਇਤਾ 10,000 ਰੁਪਏ ਸਾਲਾਨਾ ਤੋਂ ਵਧਾ ਕੇ 20,000 ਰੁਪਏ ਸਾਲਾਨਾ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ 'ਦਿ ਈਸਟ ਪੰਜਾਬ ਵਾਰ ਐਵਾਰਡਜ਼ ਐਕਟ-1948' ਤਹਿਤ ਉਨ੍ਹਾਂ ਮਾਪਿਆਂ ਨੂੰ ਵਿੱਤੀ ਸਹਾਇਤਾ

● ਬਾਕੀ ਸਫ਼ਾ 2 'ਤੇ

## ਪਾਪਰਾ ਐਕਟ 1995 'ਚ ਸੋਧ ਨਾਲ ਸੂਬੇ ਦੀ ਆਰਥਿਕਤਾ ਨੂੰ ਮਿਲੇਗਾ ਹੁਲਾਰਾ : ਚੀਮਾ

ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਮੰਗਲਵਾਰ ਪੰਜਾਬ ਵਿਧਾਨ ਸਭਾ 'ਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ ਐਕਟ 1995 (ਪਾਪਰਾ ਐਕਟ 1995) 'ਚ ਪੇਸ਼ ਕੀਤੀ ਗਈ ਸੋਧ ਨੂੰ ਪੰਜਾਬ ਦੀ ਆਰਥਿਕਤਾ ਨੂੰ ਸੁਧਾਰਨ ਅਤੇ ਆਮ ਲੋਕਾਂ ਨੂੰ ਰਾਹਤ ਪ੍ਰਦਾਨ ਵੱਲ ਇੱਕ ਅਹਿਮ ਕਦਮ ਕਰਾਰ ਦਿੰਦਿਆਂ ਇਸ ਦੀ ਸ਼ਲਾਘਾ ਕੀਤੀ।ਪੰਜਾਬ ਵਿਧਾਨ ਸਭਾ ਵਿੱਚ ਇਸ ਸੋਧ ਦੇ ਹੱਕ ਵਿੱਚ ਬੋਲਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਸੋਧ ਪੰਜਾਬ ਦੇ ਉਨ੍ਹਾਂ ਲੋਕਾਂ ਨੂੰ ਰਾਹਤ ਪਹੁੰਚਾਉਣ ਵੱਲ ਇੱਕ ਵੱਡਾ ਕਦਮ ਹੈ, ਜਿਨ੍ਹਾਂ ਨੂੰ

● ਬਾਕੀ ਸਫ਼ਾ 2 'ਤੇ

# ਪੱਛਮੀ ਬੰਗਾਲ 'ਚ ਐਂਟੀ ਰੇਪ ਬਿੱਲ ਪਾਸ

### ਅਪਰਾਜਿਤਾ ਟਾਸਕ ਫੋਰਸ ਦੇ ਗਠਨ ਦਾ ਐਲਾਨ

**ਕੋਲਕਾਤਾ :** ਪੱਛਮੀ ਬੰਗਾਲ ਵਿਧਾਨ ਸਭਾ 'ਚ ਅਪਰਾਜਿਤਾ ਬਿੱਲ ਸਰਬਸਹਿਮਤੀ ਨਾਲ ਪਾਸ ਹੋ ਗਿਆ। ਨਵੇਂ ਕਾਨੂੰਨ ਦੇ ਤਹਿਤ ਰੇਪ ਕੇਸ ਦੀ 21 ਦਿਨਾਂ 'ਚ ਜਾਂਚ ਪੂਰੀ ਕਰਨੀ ਹੋਵੇਗੀ। ਇਸ ਤੋਂ ਇਲਾਵਾ ਪੀੜਤ ਦੇ ਕੋਮਾ 'ਚ ਜਾਣ ਜਾਂ ਮੌਤ ਹੋਣ 'ਤੇ ਦੋਸ਼ੀਆਂ ਨੂੰ 10 ਦਿਨਾ 'ਚ ਫਾਂਸੀ ਦੀ ਸਜ਼ਡਾ ਹੋਵੇਗੀ।

ਭਾਜਪਾ ਨੇ ਬਿੱਲ ਦਾ ਸਮਰਥਨ ਕੀਤਾ ਹੈ। ਇਸ ਤੋਂ ਪਹਿਲਾਂ ਵਿਧਾਨ ਸਭਾ 'ਚ ਖੂਬ ਹੰਗਾਮਾ ਹੋਇਆ। ਜਿੱਥੇ ਇੱਕ ਪਾਸੇ ਮਮਤਾ ਬੈਨਰਜੀ ਨੇ ਇਸ ਬਿੱਲ ਨੂੰ ਇਤਿਹਾਸਕ ਦੱਸਿਆ, ਉਥੇ ਹੀ ਦੂਜੇ ਪਾਸੇ ਭਾਜਪਾ ਨੇ ਇਸ 'ਚ ਸੋਧ ਦੀ ਜ਼ਰੂਰਤ ਦੱਸੀ। ਮਮਤਾ ਸਰਕਾਰ ਇਸ ਬਿੱਲ ਨੂੰ ਇਸ ਸਵਰੂਪ 'ਚ ਪੇਸ਼ ਕਰਨਾ ਚਾਹੁੰਦੀ ਹੈ। ਵਿਰੋਧੀ ਦਲ ਦੇ ਨੇਤਾ ਸ਼ੁਭੇਂਦਰ ਅਧਿਕਾਰੀ ਨੇ ਕਿਹਾ ਕਿ ਅਸੀਂ ਚਾਹੁੰਦੇ ਹਾਂ ਕਿ ਇਸ ਨੂੰ ਜਲਦ ਤੋਂ ਜਲਦ ਲਾਗੂ ਕੀਤਾ ਜਾਵੇ, ਹਾਲਾਂਕਿ ਉਨ੍ਹਾ ਨੇ ਇਹ ਵੀ ਕਿਹਾ ਕਿ ਇਸ ਬਿੱਲ ਨੂੰ ਮਮਤਾ ਸਰਕਾਰ ਜਲਦਬਾਜ਼ੀ 'ਚ ਲੈ ਕੇ ਆਈ ਹੈ। ਸ਼ੁਭੇਂਦਰ ਸਰਕਾਰ ਨੇ ਕਿਹਾ ਕਿ ਬਿੱਲ ਨੇ ਸਾਡਾ ਪੂਰਾ ਸਮਰਥਨ ਹੈ, ਪਰ ਸਾਨੂੰ ਇਹ ਨਹੀਂ ਪਤਾ ਕਿ ਇਸ ਨੂੰ ਪੇਸ਼ ਕਰਨ ਦੀ ਪ੍ਰਕਿਰਿਆ ਨੂੰ ਪੂਰਾ ਕੀਤਾ ਗਿਆ ਹੈ ਜਾਂ ਨਹੀਂ। ਮੁੱਖ ਮੰਤਰੀ ਮਮਤਾ ਬੈਨਰਜੀ ਨੇ ਕਿਹਾ ਕਿ ਰਾਜਪਾਲ ਇਸ 'ਤੇ ਜਲਦ ਤੋਂ ਜਲਦ ਦਸਤਖ਼ਤ ਕਰਨ ਤਾਂ ਕਿ ਇਹ ਅਮਲ 'ਚ ਲਿਆਂਦਾ ਜਾ ਸਕੇ।

ਬਿੱਲ ਜ਼ਰੀਏ ਅਪਰਾਜਿਤਾ ਟਾਸਕ ਫੋਰਸ ਦਾ ਗਠਨ ਹੋਵੇਗਾ ਅਤੇ ਮਾਮਲੇ 'ਚ ਸ਼ੁਰੂਆਤੀ ਰਿਪੋਰਟ ਦਰਜ ਹੋਣ ਦੇ 21 ਦਿਨਾਂ ਦੇ ਅੰਦਰ ਸਜ਼ਾ ਦਿੱਤੀ ਜਾਵੇਗੀ। ਮਮਤਾ ਨੇ ਕਿਹਾ, ਇਸ ਲਈ 120 ਕਰੋੜ ਦੇ ਫੰਡ ਨੂੰ ਮਨਜ਼ੂਰੀ ਦਿੱਤੀ ਗਈ ਹੈ, ਜਿਸ ਨਾਲ ਹਰ ਜਗ੍ਹਾ ਸੀ ਸੀ ਟੀ ਵੀ ਕੈਮਰੇ ਲਾਏ ਜਾਣਗੇ। ਅਪਰਾਜਿਤਾ ਮਹਿਲਾ ਅਤੇ ਬਾਲ ਕਾਨੂੰਨ, (ਪੱਛਮ ਬੰਗਾਲ ਅਪਰਾਧਿਕ ਕਾਨੂੰਨ ਅਤੇ ਸੋਧ) ਬਿੱਲ 2024 ਸਿਰਲੇਖ ਵਾਲੇ ਇਸ ਕਾਨੂੰਨ ਦਾ ਉਦੇਸ਼ ਬਲਾਤਕਾਰ ਅਤੇ ਜਿਨਸੀ ਅਪਰਾਧਾਂ ਨਾਲ ਸੰਬੰਧਤ ਨਵੇਂ ਪ੍ਰਬੰਧਾਂ ਨੂੰ ਸ਼ਾਮਲ ਕਰਕੇ ਮਹਿਲਾਵਾਂ ਅਤੇ ਬੱਚਿਆਂ ਨੂੰ ਸੁਰੱਚਿਆ ਮਜ਼ਬੂਤ ਕਰਨਾ ਹੈ। ਬਿੱਲ 'ਚ ਬਲਾਤਕਾਰ ਦੇ ਦੋਸ਼ੀਆਂ ਦੀ ਸਜ਼ਾ ਸਾਬਤ ਹੋਣ 'ਤੇ 10 ਦਿਨ ਦੇ ਅੰਦਰ ਫਾਂਸੀ ਦਾ ਪ੍ਰਬੰਧ ਹੈ। ਇਸ ਦੇ ਤਹਿਤ ਬਲਾਤਕਾਰ ਅਤੇ ਸਮੂਹਕ ਬਲਾਤਕਾਰ ਦੇ ਦੋਸ਼ੀ ਵਿਅਕਤੀਆਂ ਨੂੰ ਜੀਵਨ ਭਰ ਜੇਲ੍ਹ ਦੀ ਸਜ਼ਾ ਦਿੱਤੀ ਜਾਵੇਗੀ। ਵਿਧਾਨਸਭਾ 'ਚ ਪੇਸ਼ ਐਂਟੀ ਰੇਪ ਬਿੱਲ 'ਤੇ ਚਰਚਾ ਦੌਰਾਨ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਖੁਦ ਕਿਹਾ ਹੈ ਕਿ ਕੋਲਕਾਤਾ ਦੇਸ਼ ਦਾ ਸਭ ਤੋਂ ਸੁਰੱਖਿਅਤ ਸ਼ਹਿਰ ਹੈ। ਇਸ ਦੌਰਾਨ ਭਾਜਪਾ ਦੇ ਆਰ ਜੀ ਕਰ ਲਈ ਨਾਅਰੇ ਲੱਗ ਰਹੇ ਹਨ। ਆਰ ਜੀ ਕਰ ਲਈ ਇਨਸਾਫ ਦੀ ਮੰਗ ਕੀਤੀ ਜਾ ਰਹੀ ਹੈ। ਇਸ 'ਤੇ ਮਮਤਾ ਬੈਨਰਜੀ ਨੇ ਨਾਹਰੇਬਾਜ਼ੀ ਕਰ ਰਹੇ ਭਾਜਪਾ ਵਿਧਾਇਕਾਂ ਨੂੰ ਕਿਹਾ ਕਿ ਪਹਿਲਾਂ ਤੁਸੀਂ ਮੋਦੀ ਜੀ ਨੂੰ ਅਸਤੀਫ਼ਾ ਦੇਣ ਲਈ ਕਹੋ। ਐਂਟੀ ਰੇਪ ਬਿੱਲ 'ਤੇ ਚਰਚਾ ਦੌਰਾਨ ਮਮਤਾ ਬੈਨਰਜੀ ਨੇ ਕਿਹਾ ਕਿ ਮੈਂ ਇਸ ਬਿੱਲ ਦਾ ਸਮਰਥਨ ਕਰਦਾ ਹਾਂ। ਸੀ ਬੀ ਆਈ ਤੋਂ ਇਨਸਾਫ਼ ਚਾਹੀਦਾ ਹੈ।

## ਰਾਹੁਲ ਦੇ ਆਫਰ 'ਤੇ ਸੰਜੈ ਸਿੰਘ ਨੇ ਕਿਹਾ—ਸਵਾਗਤ, ਪਰ...

**ਨਵੀਂ ਦਿੱਲੀ :** ਹਰਿਆਣਾ 'ਚ ਅਕਤੂਬਰ ਵਿੱਚ ਵਿਧਾਨ ਸਭਾ ਚੋਣਾਂ ਹੋਣੀਆਂ ਹਨ। ਸੂਬੇ ਵਿੱਚ ਸਾਰੀਆਂ ਸਿਆਸੀ ਪਾਰਟੀਆਂ ਜਿੱਤ ਪੱਕੀ ਕਰਨ ਲਈ ਦੂਜੀਆਂ ਪਾਰਟੀਆਂ ਨਾਲ ਗਠਜੋੜ ਕਰਨ 'ਚ ਲੱਗੀਆਂ ਹਨ। ਹਾਲ ਹੀ 'ਚ ਦੁਸ਼ਯੰਤ ਚੌਟਾਲਾ ਦੀ ਜਨਨਾਇਕ ਜਨਤਾ ਪਾਰਟੀ ਅਤੇ ਭੀਮ ਆਰਮੀ ਦੇ ਸੰਸਥਾਪਕ ਚੰਦਰਸ਼ੇਖਰ ਦੀ ਆਜ਼ਾਦ ਸਮਾਜ ਪਾਰਟੀ ਵਿਚਾਲੇ ਗਠਜੋੜ ਹੋਇਆ ਤਾਂ ਹੁਣ ਕਾਂਗਰਸ ਅਤੇ ਆਮ ਆਦਮੀ ਪਾਰਟੀ ਵੀ ਸੂਬੇ 'ਚ ਗਠਜੋੜ ਦੇ ਸਹਾਰੇ ਚੋਣਾਂ ਜਿੱਤਣ ਵੱਲ ਵਧ ਰਹੀਆਂ ਹਨ। ਅਸਲ 'ਚ ਹਿਮਾਚਲ ਚੋਣਾਂ 'ਚ ਕਾਂਗਰਸ ਅਤੇ ਆਪ ਵਿਚਾਲੇ ਗਠਜੋੜ ਹੋ ਸਕਦਾ ਹੈ, ਕਿਉਂਕਿ ਸੂਬੇ 'ਚ

● ਬਾਕੀ ਸਫ਼ਾ 2 'ਤੇ

## ਪ੍ਰਧਾਨ ਮੰਤਰੀ ਤਿੰਨ ਰੋਜ਼ਾ ਦੌਰੇ 'ਤੇ ਬਰੂਨੇਈ ਤੇ ਸਿੰਗਾਪੁਰ ਰਵਾਨਾ

**ਨਵੀਂ ਦਿੱਲੀ :** ਪ੍ਰਧਾਨ ਮੰਤਰੀ ਨਰਿੰਦਰ ਮੋਦੀ ਮੰਗਲਵਾਰ ਨੂੰ ਦੋ ਦੱਖਣ ਪੂਰਬੀ ਏਸ਼ੀਆਈ ਮੁਲਕਾਂ ਬਰੂਨੇਈ ਦਾਰੂਸਲਾਮ ਅਤੇ ਸਿੰਗਾਪੁਰ ਦੇ ਤਿੰਨ-ਰੋਜ਼ਾ ਦੌਰੇ 'ਤੇ ਰਵਾਨਾ ਹੋ ਗਏ।ਉਹ 3 ਤੋਂ 5 ਸਤੰਬਰ ਤੱਕ ਪਹਿਲਾਂ ਬਰੂਨੇਈ ਦਾਰੂੱਸਲਾਮ ਅਤੇ ਫਿਰ ਸਿੰਗਾਪੁਰ ਜਾਣਗੇ, 3 ਅਤੇ 4 ਸਤੰਬਰ ਨੂੰ ਸੁਲਤਾਨ ਹਾਜੀ ਹਸਨਲ ਬੋਲਕੀਆਹ ਦੇ ਸੱਦੇ 'ਤੇ ਬਰੂਨੇਈ ਦਾ ਦੌਰਾ ਕਰਨਗੇ।ਇਸ ਪਿੱਛੋਂ ਪ੍ਰਧਾਨ ਮੰਤਰੀ ਮੋਦੀ ਆਪਣੇ ਸਿੰਗਾਪੁਰੀ ਹਮਰੁਤਬਾ ਲਾਰੈਂਸ ਵੋਂਗ ਦੇ ਸੱਦੇ 'ਤੇ ਸਿੰਗਾਪੁਰ ਜਾਣਗੇ।ਇਸ ਦੇ ਨਾਲ ਹੀ ਮੋਦੀ ਬਰੂਨੇਈ ਦੀ ਦੁਵੱਲੀ ਯਾਤਰਾ ਕਰਨ ਵਾਲੇ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਬਣ ਜਾਣਗੇ।ਇਸ ਯਾਤਰਾ ਨੂੰ ਦੋਵਾਂ ਮੁਲਕਾਂ ਦੇ ਰਿਸ਼ਤਿਆਂ ਦੀ ਮਜ਼ਬੂਤੀ ਪੱਖੋਂ ਇਕ ਅਹਿਮ ਕਦਮ ਵਜੋਂ ਦੇਖਿਆ ਜਾ ਰਿਹਾ ਹੈ।ਪ੍ਰਧਾਨ ਮੰਤਰੀ ਨੇ ਆਪਣੀ ਰਵਾਨਗੀ ਤੋਂ ਪਹਿਲਾਂ ਇਕ ਬਿਆਨ 'ਚ ਕਿਹਾ, 'ਅੱਜ ਮੈਂ ਬਰੂਨੇਈ ਦਾਰੂੱਸਲਾਮ ਦੀ ਪਹਿਲੋਂ-ਪਹਿਲੜੀ ਦੁਵੱਲੀ ਫੇਰੀ 'ਤੇ ਜਾ ਰਿਹਾ ਹਾਂ।ਜਦੋਂ ਅਸੀਂ ਆਪਣੇ ਸਫ਼ਾਰਤੀ ਰਿਸ਼ਤਿਆਂ ਦੇ 40 ਸਾਲਾਂ ਦੇ ਜਸ਼ਨ ਮਨਾ ਰਹੇ ਹਾਂ, ਤਾਂ ਮੈਂ ਮੁਲਕ ਦੇ ਬਾਦਸ਼ਾਹ ਸੁਲਤਾਨ ਹਾਜੀ ਹਸਨਲ ਬੋਲਕੀਆਹ ਅਤੇ ਸ਼ਾਹੀ ਪਰਵਾਰ ਦੇ ਹੋਰਨਾਂ ਮੈਂਬਰਾਂ ਨੂੰ ਮਿਲਣ ਦੀ ਬੇਸਬਰੀ ਨਾਲ ਉਡੀਕ ਕਰ ਰਿਹਾ ਹਾਂ, ਤਾਂ ਕਿ ਦੋਵਾਂ ਮੁਲਕਾਂ ਦੇ ਇਤਿਹਾਸਕ ਰਿਸ਼ਤਿਆਂ ਨੂੰ ਨਵੀਆਂ ਬੁਲੰਦੀਆਂ ਉਤੇ ਪਹੁੰਚਾਇਆ ਜਾ ਸਕੇ।

### ਕਾਬੁਲ 'ਚ ਆਤਮਘਾਤੀ ਹਮਲਾ, 6 ਦੀ ਮੌਤ

**ਕਾਬੁਲ :** ਅਫ਼ਗਾਨਿਸਤਾਨ ਦੀ ਰਾਜਧਾਨੀ ਕਾਬੁਲ 'ਚ ਸੋਮਵਾਰ ਨੂੰ ਹੋਏ ਆਤਮਘਾਤੀ ਹਮਲੇ 'ਚ 6 ਲੋਕਾਂ ਦੀ ਮੌਤ ਹੋ ਗਈ ਅਤੇ 13 ਜ਼ਖ਼ਮੀ ਹੋ ਗਏ।ਇਹ ਧਮਾਕਾ ਕਾਬੁਲ ਦੇ ਦੱਖਣੀ-ਪੱਛਮੀ ਕਾਲਾ ਬਖਤਿਆਰ ਇਲਾਕੇ 'ਚ ਹੋਇਆ।ਮਰਨ ਵਾਲਿਆਂ 'ਚ ਇੱਕ ਔਰਤ ਵੀ ਸ਼ਾਮਲ ਹੈ।ਜ਼ਖ਼ਮੀਆਂ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ ਹੈ। ਹਮਲੇ ਦੀ ਤੁਰੰਤ ਕਿਸੇ ਨੇ ਜ਼ਿੰਮੇਵਾਰੀ ਨਹੀਂ ਲਈ ਹੈ।ਇਸਲਾਮਿਕ ਸਟੇਟ ਸਮੂਹ ਸੱਤਾਧਾਰੀ ਤਾਲਿਬਾਨ ਦੇ ਮੁੱਖ ਵਿਰੋਧੀ ਦਾ ਸਹਿਯੋਗੀ ਹੈ, ਨੇ ਦੇਸ਼ ਭਰ ਦੇ ਸਕੂਲਾਂ, ਹਸਪਤਾਲਾਂ, ਮਸਜਿਦਾਂ ਅਤੇ ਸ਼ੀਆ ਖੇਤਰਾਂ 'ਤੇ ਕਈ ਹਮਲੇ ਕੀਤੇ ਹਨ। ਤਾਲਿਬਾਨ ਨੇ ਅਗਸਤ 2021 'ਚ ਅਮਰੀਕੀ ਅਤੇ ਨਾਟੋ ਸੈਨਿਕਾਂ ਦੀ ਵਾਪਸੀ ਦੌਰਾਨ ਅਫ਼ਗਾਨਿਸਤਾਨ ਵਿੱਚ ਸੱਤਾ 'ਤੇ ਕਬਜ਼ਾ ਕਰ ਲਿਆ ਸੀ।

### ਜੇਲ੍ਹ ਤੋੜ ਕੇ ਭੱਜਣ ਦੀ ਕੋਸ਼ਿਸ਼ ਕਰ ਰਹੇ 129 ਕੈਦੀਆਂ ਦੀ ਮੌਤ

**ਕਿੰਸ਼ਾਸਾ :** ਕਾਂਗੋ ਦੀ ਰਾਜਧਾਨ ਕਿੰਸ਼ਾਸਾ 'ਚ ਜੇਲ੍ਹ ਤੋੜ ਕੇ ਭੱਜਣ ਦੀ ਕੋਸ਼ਿਸ਼ 'ਚ 129 ਕੈਦੀ ਮਾਰੇ ਗਏ। ਇਨ੍ਹਾਂ 'ਚੋਂ ਜ਼ਿਆਦਾਤਰ ਦੀ ਜਾਨ ਭਗਦੜ 'ਚ ਗਈ। 24 ਸੁਰੱਖਿਆ ਮੁਲਾਜ਼ਮ ਵੀ ਮਾਰੇ ਗਏ। ਅਧਿਕਾਰੀਆਂ ਨੇ ਮੰਗਲਵਾਰ ਦੱਸਿਆ ਕਿ ਘਟਨਾ ਸੋਮਵਾਰ ਦੁਪਹਿਰ ਮਕਾਲਾ ਜੇਲ੍ਹ 'ਚ ਹੋਈ। ਕਾਂਗੋ ਦੇ ਗ੍ਰਹਿ ਮੰਤਰੀ ਜੈਕਮਿਨ ਸ਼ਬਾਨੀ ਨੇ ਬਿਆਨ ਜਾਰੀ ਕਰਕੇ ਕਿਹਾ ਕਿ ਇਸ ਜੇਲ੍ਹ 'ਚ ਸਮਰੱਥਾ ਤੋਂ ਵੱਧ ਕੈਦੀ ਸਨ। ਘਟਨਾ 'ਚ 59 ਕੈਦੀ ਜ਼ਖ਼ਮੀ ਵੀ ਹੋਏ ਹਨ, ਜਿਨ੍ਹਾਂ ਦਾ ਇਲਾਜ ਹਸਪਤਾਲ 'ਚ ਚੱਲ ਰਿਹਾ ਹੈ। ਸ਼ਬਾਨੀ ਨੇ ਕਿਹਾ ਕਿ ਜੇਲ੍ਹ ਦੇ ਇੱਕ ਹਿੱਸੇ 'ਚ ਕੈਦੀਆ ਵੱਲੋਂ ਅੱਗ ਲਾ ਦਿੱਤੀ ਗਈ ਸੀ, ਜਿਸ ਤੋਂ ਬਾਅਦ ਅਪਰਾਧੀਆਂ ਨੇ ਜੇਲ੍ਹ ਤੋੜਨ ਦੀ ਕੋਸ਼ਿਸ਼ ਕੀਤੀ ਅਤੇ ਕੁਝ ਹੱਦ ਤੱਕ ਸਫ਼ਲ ਵੀ ਹੋ ਗਏ, ਪਰ ਉਸੇ ਸਮੇਂ ਅਚਾਨਕ ਭਗਦੜ ਮਚ ਗਈ ਅਤੇ ਸੈਂਕੜੇ ਕੈਦੀਆਂ ਦੀ ਜਾਨ ਚਲੀ ਗਈ। ਇਸ ਜੇਲ੍ਹ ਦੀ ਸਮਰੱਥਾ 1500 ਕੈਦੀਆਂ ਦੀ ਹੈ, ਪਰ ਇਸ 'ਚ 12000 ਕੈਦੀਆਂ ਨੂੰ ਰੱਖਿਆ ਗਿਆ ਸੀ।

### ਔਡੀ ਕੰਪਨੀ ਦੇ ਪ੍ਰਮੁੱਖ ਫੈਬ੍ਰਿਜਿਓ ਦੀ ਮੌਤ

**ਰੋਮ :** ਲਗਜ਼ਰੀ ਕਾਰ ਔਡੀ ਦੇ ਇਟਲੀ ਪ੍ਰਮੁੱਖ ਫੈਬ੍ਰਿਜਿਓ ਲੋਂਗੋ ਦੀ ਮੌਤ ਹੋ ਗਈ। ਔਡੀ ਕੰਪਨੀ ਦੇ 62 ਸਾਲਾ ਸਿਖਰਲੇ ਅਧਿਕਾਰੀ ਫੈਬ੍ਰਿਜਿਓ ਲੋਂਗੋ ਦੀ ਇਤਾਲਵੀ ਸਵਿਸ ਸਰਹੱਦ ਕੋਲ ਪਹਾੜ 'ਤੇ ਚੜ੍ਹਦੇ ਸਮੇਂ 10,000 ਫੁੱਟ ਦੀ ਉਚਾਈ ਤੋਂ ਡਿੱਗਣ ਕਾਰਨ ਮੌਤ ਹੋ ਗਈ। ਉਹ ਇੱਕ ਪਰਬਤਰੋਹੀ ਸਨ ਅਤੇ 2013 ਤੋਂ ਔਡੀ ਇਟਲੀ ਦੇ ਨਿਰਦੇਸ਼ਕ ਸਨ। ਇੱਕ ਤਜਰਬੇਕਾਰ ਪਰਬਤਰੋਹੀ ਲੋਂਗੋ ਸਿਖਰ ਦੇ ਕਰੀਬ ਸਨ, ਜਦ ਇਹ ਘਟਨਾ ਹੋਈ।

## ਕੇਜਰੀਵਾਲ ਦੀ ਅਦਾਲਤ ਨੇ 11 ਸਤੰਬਰ ਤੱਕ ਵਧਾਈ ਨਿਆਂਇਕ ਹਿਰਾਸਤ

**ਨਵੀਂ ਦਿੱਲੀ :** ਕਥਿਤ ਆਬਕਾਰੀ ਨੀਤੀ ਘੁਟਾਲੇ ਨਾਲ ਸੰਬੰਧਤ ਸੀ ਬੀ ਆਈ ਕੇਸ 'ਚ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਨਿਆਂਇਕ ਹਿਰਾਸਤ ਖ਼ਤਮ ਹੋਣ ਤੋਂ ਬਾਅਦ ਉਨ੍ਹਾਂ ਨੂੰ ਮੰਗਲਵਾਰ ਨੂੰ ਰਾਊਜ਼ ਐਵੇਨਿਊ ਅਦਾਲਤ 'ਚ ਪੇਸ਼ ਕੀਤਾ ਗਿਆ।ਇੱਥੋਂ ਸੀ ਬੀ ਆਈ ਦੀ ਮੰਗ 'ਤੇ ਰਾਊਜ਼ ਐਵੇਨਿਊ ਕੋਰਟ ਨੇ ਦਿੱਲੀ ਦੇ ਮੁੱਖ ਮੰਤਰੀ ਦੀ ਨਿਆਂਇਕ ਹਿਰਾਸਤ 11 ਸਤੰਬਰ ਤੱਕ ਵਧਾ ਦਿੱਤੀ ਹੈ।ਇਸ ਦੌਰਾਨ ਕੇਜਰੀਵਾਲ ਦੇ ਵਕੀਲ ਨੇ ਉਨ੍ਹਾਂ ਦੀ ਜ਼ਮਾਨਤ ਵਧਾਉਣ ਦਾ ਵਿਰੋਧ ਕੀਤਾ। ਰਾਊਜ਼ ਐਵੇਨਿਊ ਕੋਰਟ ਨੇ ਇਸੇ ਮਾਮਲੇ 'ਚ ਸੀ ਬੀ ਆਈ ਵੱਲੋਂ ਦਾਇਰ ਚੌਥੀ ਚਾਰਜਸ਼ੀਟ ਦਾ ਵੀ ਨੋਟਿਸ ਲਿਆ ਹੈ।ਸੀ ਬੀ ਆਈ ਨੇ ਅਰਵਿੰਦ ਕੇਜਰੀਵਾਲ, ਦੁਰਗੇਸ਼ ਪਾਠਕ, ਵਿਨੋਦ ਚੌਹਾਨ, ਆਸ਼ੀਸ਼ ਮਾਥੁਰ ਅਤੇ ਸਰਥ ਰੈਡੀ ਦੇ ਖਿਲਾਫ ਸਪਲੀਮੈਂਟਰੀ ਚਾਰਜਸ਼ੀਟ ਦਾਇਰ ਕੀਤੀ ਹੈ। ਅਦਾਲਤ ਨੇ ਪੰਜਾਂ ਦੋਸ਼ੀਆਂ ਨੂੰ ਪੇਸ਼ ਹੋਣ ਲਈ ਸੰਮਨ ਜਾਰੀ ਕੀਤੇ ਹਨ।ਇਸ ਮਾਮਲੇ ਦੀ ਸੁਣਵਾਈ ਸਪੈਸ਼ਲ ਜੱਜ ਕਾਵੇਰੀ ਬਵੇਜਾ ਦੀ ਅਦਾਲਤ 'ਚ ਹੋਈ ਹੈ।ਜ਼ਿਕਰਯੋਗ ਹੈ ਕਿ ਅਰਵਿੰਦ ਕੇਜਰੀਵਾਲ ਨੂੰ ਸੀ ਬੀ ਆਈ ਨੇ 26 ਜੂਨ ਨੂੰ ਗ੍ਰਿਫ਼ਤਾਰ ਕੀਤਾ ਸੀ।

# ਜੱਗੂ ਭਗਵਾਨਪੁਰੀਆ ਦਾ ਨੇੜਲਾ ਸਾਥੀ ਮੁਕਾਬਲੇ ਤੋਂ ਬਾਅਦ ਗ੍ਰਿਫ਼ਤਾਰ

### ਅੱਠ ਪਿਸਤੌਲ, 55 ਜ਼ਿੰਦਾ ਰੌਂਦ ਤੇ ਅੱਠ ਕਾਰਤੂਸ ਬਰਾਮਦ




**ਜਲੰਧਰ (ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ)**

ਜਲੰਧਰ ਪੁਲਸ ਵੱਲੋਂ ਜੱਗੂ ਭਗਵਾਨਪੁਰੀਆ ਦਾ ਨੇੜਲਾ ਸਾਥੀ ਦੱਸੇ ਜਾਂਦੇ ਕਨੂੰ ਗੁੱਜਰ ਨੂੰ ਮੁਕਾਬਲੇ ਤੋਂ ਬਾਅਦ ਗ੍ਰਿਫ਼ਤਾਰ ਕਰ ਲਿਆ ।ਪੁਲਸ ਪਾਰਟੀ ਦੀ ਜਵਾਬੀ ਗੋਲੀਬਾਰੀ 'ਚ ਕਨੂੰ ਗੁੱਜਰ ਗੰਭੀਰ ਰੂਪ 'ਚ ਜ਼ਖਮੀ ਹੋ ਗਿਆ। ਉਹ ਕਤਲ, ਜਬਰੀ ਵਸੂਲੀ ਸਮੇਤ ਕਈ ਅਪਰਾਧਾਂ 'ਚ ਲੋੜੀਂਦਾ ਸੀ।ਪੁਲਸ ਕਮਿਸ਼ਨਰ ਨੇ ਦੱਸਿਆ ਕਿ ਗੈਂਗਸਟਰ ਜੱਗੂ ਭਗਵਾਨਪੁਰੀਆ ਦੇ ਕਰੀਬੀ ਸਾਥੀ ਜਸਕਰਨ ਗੁੱਜਰ ਉਰਫ਼ ਕੰਨੂ ਨੂੰ ਗੁਪਤ ਸੂਚਨਾ ਦੇ ਆਧਾਰ 'ਤੇ ਰਾਮਪੁਰ ਬਿਲੜਾਂ ਤੋਂ ਗ੍ਰਿਫ਼ਤਾਰ ਕੀਤਾ ਗਿਆ। ਉਨ੍ਹਾ ਦੱਸਿਆ ਕਿ ਉਨ੍ਹਾ ਨੂੰ ਸੂਚਨਾ ਦਿੱਤੀ ਗਈ ਕਿ ਉਹ ਸ਼ਹਿਰ 'ਚ ਕੋਈ ਵੱਡੀ ਵਾਰਦਾਤ ਕਰਨ ਦੀ ਯੋਜਨਾ ਬਣਾ ਰਹੇ ਹਨ ਅਤੇ ਸ਼ਹਿਰ ਦੇ ਹੈਮਿਲਟਨ ਟਾਵਰ ਦੇ ਪਿਛਲੇ ਪਾਸੇ ਨਾਜਾਇਜ਼ ਹਥਿਆਰ ਛੁਪਾਏ ਹੋਏ ਹਨ, ਜਿਸ ਤੋਂ ਬਾਅਦ ਪੁਲਸ ਉਸ ਨੂੰ ਉਕਤ ਸਥਾਨ 'ਤੇ ਲੈ ਗਈ।ਸਵਪਨ ਸ਼ਰਮਾ ਨੇ ਦੱਸਿਆ ਕਿ ਮੌਕੇ 'ਤੇ ਪੁੱਜ ਕੇ ਕੰਨੂ ਨੇ ਭੱਜਣ ਦੀ ਕੋਸ਼ਿਸ਼ 'ਚ ਪੁਲਸ ਪਾਰਟੀ 'ਤੇ ਹਮਲਾ ਕਰ ਦਿੱਤਾ, ਜਿਸ ਮਗਰੋਂ ਪੁਲਸ ਨੇ ਜਵਾਬੀ ਕਾਰਵਾਈ ਕੀਤੀ।ਮੁਕਾਬਲੇ ਦੌਰਾਨ ਜਸਕਰਨ ਗੁੱਜਰ ਉਰਫ਼ ਕੰਨੂ ਗੰਭੀਰ ਜ਼ਖ਼ਮੀ ਹੋ ਗਿਆ। ਇਸ ਤੋਂ ਬਾਅਦ ਗੈਂਗਸਟਰ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਦਾ ਇਲਾਜ ਚੱਲ ਰਿਹਾ ਹੈ। ਸ਼ਰਮਾ ਨੇ ਦੱਸਿਆ ਕਿ ਮੁਲਜ਼ਮ ਦੀ ਕ੍ਰੇਟਾ ਕਾਰ ਨੰਬਰ ਪੀ ਬੀ 08 ਡੀ ਏ 3232 'ਚੋਂ ਛੇ ਪਿਸਤੌਲਾਂ ਸਮੇਤ 55 ਜ਼ਿੰਦਾ ਰੌਂਦ ਅਤੇ ਅੱਠ ਮੈਗਜ਼ੀਨ ਬਰਾਮਦ ਕੀਤੇ ਗਏ ਹਨ।

## ਗੁਰਦੁਆਰਾ ਸਾਹਿਬ ਨੇੜੇ ਗੋਲੀਬਾਰੀ : ਲੜਕੀ ਸਮੇਤ ਤਿੰਨ ਦੀ ਮੌਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਸ਼ਹਿਰ ਦੇ ਅਕਾਲਗੜ੍ਹ ਗੁਰਦੁਆਰਾ ਸਾਹਿਬ ਨੇੜੇ ਮੰਗਲਵਾਰ ਦੁਪਹਿਰ ਸ਼ਰੇਆਮ ਗੋਲੀਬਾਰੀ ਹੋ ਗਈ।ਬਾਈਕ ਸਵਾਰ ਹਮਲਾਵਰਾਂ ਨੇ ਕਾਰ 'ਚ ਸਵਾਰ ਲੜਕੀ ਅਤੇ ਦੋ ਨੌਜਵਾਨਾਂ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ। ਦੱਸਿਆ ਜਾ ਰਿਹਾ ਹੈ ਕਿ ਇਹ ਘਟਨਾ ਗੈਂਗਵਾਰ ਦਾ ਨਤੀਜਾ ਹੈ।ਮ੍ਰਿਤਕ ਲੜਕੀ ਦੀ ਪਹਿਚਾਣ ਜਸਪ੍ਰੀਤ ਕੌਰ ਪੁੱਤਰੀ ਅਕਾਸ਼ਦੀਪ ਸਿੰਘ ਵਾਸੀ ਕੰਬੋਜ ਨਗਰ, ਫ਼ਿਰੋਜ਼ਪੁਰ ਸ਼ਹਿਰ ਵਜੋਂ ਹੋਈ ਹੈ, ਜਦਕਿ ਲੜਕੀ ਦਾ ਪਿਤਾ ਅਕਾਸ਼ਦੀਪ ਸਿੰਘ, ਭਰਾ ਦਿਲਪ੍ਰੀਤ ਸਿੰਘ ਅਤੇ ਅਨਮੋਲ ਸਿੰਘ ਗੋਲੀਆਂ ਲੱਗਣ ਕਾਰਨ ਗੰਭੀਰ ਜ਼ਖ਼ਮੀ ਹੋ ਗਏ। ਜ਼ਖਮੀਆਂ ਨੂੰ ਇਲਾਜ ਲਈ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ।ਜ਼ਖਮੀ ਅਨਮੋਲ ਸਿੰਘ ਕਾਰ ਚਲਾ ਰਿਹਾ ਸੀ।ਘਟਨਾ ਦੇ ਕਾਰਨਾਂ ਦਾ ਅਜੇ ਪਤਾ ਨਹੀਂ ਲੱਗ ਸਕਿਆ।ਮ੍ਰਿਤਕ ਲੜਕੀ ਜਸਪ੍ਰੀਤ ਕੌਰ ਦਾ ਮਹੀਨੇ ਬਾਅਦ ਵਿਆਹ ਹੋਣਾ ਸੀ।ਪਰਵਾਰ ਉਕਤ ਵਿਆਹ ਦੀ ਖਰੀਦਦਾਰੀ ਲਈ ਬਾਹਰ ਗਿਆ ਹੋਇਆ ਸੀ।ਗੋਲੀ ਲੱਗਣ ਕਾਰਨ ਲੜਕੀ ਦੀ ਮੌਕੇ 'ਤੇ ਹੀ ਮੌਤ ਹੋ ਗਈ। ਘਟਨਾ ਦੀ ਸੂਚਨਾ ਮਿਲਣ 'ਤੇ ਵੱਡੀ ਗਿਣਤੀ 'ਚ ਪੁਲਸ ਮੌਕੇ 'ਤੇ ਪਹੁੰਚ ਗਈ ਅਤੇ ਨਾਕਾਬੰਦੀ ਕਰ ਕੇ ਹਮਲਾਵਰਾਂ ਦੀ ਭਾਲ ਕੀਤੀ ਜਾ ਰਹੀ ਹੈ।ਪੁਲਸ ਵੱਲੋਂ ਹਮਲਾਵਰਾਂ ਦੀ ਪਛਾਣ ਕਰਨ ਲਈ ਰਸਤੇ ਵਿੱਚ ਲੱਗੇ ਸੀ ਸੀ ਟੀ ਵੀ ਫੁਟੇਜ਼ ਦੀ ਵੀ ਜਾਂਚ ਕੀਤੀ ਜਾ ਰਹੀ ਹੈ।

# ਸ਼ਰਧਾਲੂਆਂ ਨਾਲ ਭਰੀ ਬੱਸ ਹਾਦਸੇ ਦਾ ਸ਼ਿਕਾਰ



**ਲੁਧਿਆਣਾ (ਰਾਜ ਸਿੰਗਲਾ)**

ਨੈਸ਼ਨਲ ਹਾਈਵੇ ਲੁਧਿਆਣਾ ਪੁਲਸ ਸਟੇਸ਼ਨ ਸਲੇਮ ਟਾਵਰੀ ਅਧੀਨ ਇਲਡੀਕੋ ਕਲੋਨੀ ਨੇੜੇ ਮੰਗਲਵਾਰ ਸਵੇਰੇ ਖੜੀ ਬੱਸ ਨੂੰ ਟਰਾਲੇ ਨੇ ਟੱਕਰ ਮਾਰ ਦਿੱਤੀ, ਜਿਸ 'ਚ ਇੱਕ ਵਿਅਕਤੀ ਦੀ ਮੌਕੇ 'ਤੇ ਮੌਤ ਹੋ ਗਈ ਅਤੇ ਤਿੰਨ ਵਿਅਕਤੀ ਜ਼ਖਮੀ ਹੋ ਗਏ, ਜਿਨ੍ਹਾ ਜ਼ਖਮੀਆਂ ਨੂੰ ਜੇਰੇ ਇਲਾਜ ਲਈ ਹਸਪਤਾਲ 'ਚ ਭਰਤੀ ਕਰਵਾਇਆ ਗਿਆ।ਮ੍ਰਿਤਕ ਦਾ ਨਾਂਅ ਜਥੇਦਾਰ ਲਾਂਗਰੀ ਦੱਸਿਆ ਜਾ ਰਿਹਾ ਹੈ।ਇਹ ਹਾਦਸਾ ਜੰਮੂ ਕਠੂਆ ਦੀ ਸੰਗਤ ਹਰਿਦੁਆਰ ਵਿਖੇ ਮੱਥਾ ਟੇਕ ਕੇ ਵਾਪਸ ਜੰਮੂ ਕਠੂਆ ਵਾਪਸ ਜਾ ਰਹੀ ਸੀ ਅਚਾਨਕ ਬੱਸ ਦੇ ਟਾਇਰ ਅੰਦਰ ਪੈਂਚਰ ਹੋ ਗਿਆ ਪੈਂਚਰ ਲਾਉਣ ਲਈ ਇਹ ਬੱਸ ਡਰਾਈਵਰ ਨੇ ਸੜਕ ਦੇ ਕਿਨਾਰੇ ਖੜੀ ਕਰ ਲਈ, ਇਸੇ ਦੌਰਾਨ ਪਿੱਛੋਂ ਆ ਰਹੇ ਟਰਾਲੇ ਨੇ ਬੱਸ ਨੂੰ ਟੱਕਰ ਮਾਰੀ। ਇਸ ਘਟਨਾ ਦੌਰਾਨ ਟਰਾਲੇ ਦਾ ਡਰਾਈਵਰ ਮੌਕੇ ਤੋਂ ਫਰਾਰ ਦੱਸਿਆ ਜਾ ਰਿਹਾ।

## ਤੱਟ ਰੱਖਿਅਕਾਂ ਦਾ ਹੈਲੀਕਾਪਟਰ ਸਮੁੰਦਰ 'ਚ ਹਾਦਸਾਗ੍ਰਸਤ

**ਪੋਰਬੰਦਰ :** ਭਾਰਤੀ ਤੱਟ ਰੱਖਿਅਕ (ਆਈ ਸੀ ਜੀ) ਦਾ ਹੈਲੀਕਾਪਟਰ ਇੱਕ ਬਚਾਅ ਮੁਹਿੰਮ ਦੌਰਾਨ ਗੁਜਰਾਤ ਦੇ ਪੋਰਬੰਦਰ ਤੱਟ ਦੇ ਨੇੜੇ ਅਰਬ ਸਾਗਰ 'ਚ ਹਾਦਸਾਗ੍ਰਸਤ ਹੋਣ ਕਾਰਨ ਚਾਲਕ ਦਲ ਦੇ ਤਿੰਨ ਮੈਂਬਰ ਲਾਪਤਾ ਹੋ ਗਏ ਹਨ। ਆਈ ਸੀ ਜੀ ਨੇ ਕਿਹਾ ਕਿ ਇਹ ਘਟਨਾ ਸੋਮਵਾਰ ਰਾਤ ਨੂੰ ਵਾਪਰੀ ਅਤੇ ਐਡਵਾਂਸਡ ਲਾਈਟ ਹੈਲੀਕਾਪਟਰ (ਏ ਐੱਲ ਐੱਚ) 'ਚ ਸਵਾਰ ਚਾਰ ਅਮਲੇ ਦੇ ਮੈਂਬਰਾਂ ਵਿੱਚੋਂ ਇੱਕ ਨੂੰ ਬਚਾ ਲਿਆ ਗਿਆ ਹੈ, ਪਰ ਤਿੰਨ ਹੋਰਾਂ ਦੀ ਭਾਲ ਲਈ ਮੁਹਿੰਮ ਜਾਰੀ

● ਬਾਕੀ ਸਫ਼ਾ 2 'ਤੇ

# ਗਦਰ ਪਾਰਟੀ ਨਾਲ ਜੁੜੇ 12 ਸਿਪਾਹੀਆਂ ਨੂੰ ਕੀਤਾ ਯਾਦ



**ਚੋਹਲਾ ਸਾਹਿਬ :** ਗਦਰ ਪਾਰਟੀ ਨਾਲ ਜੁੜੇ 12 ਸਿਪਾਹੀਆਂ ਨੂੰ ਅੰਗਰੇਜ਼ ਹਾਕਮਾਂ ਨੇ 3 ਸਤੰਬਰ 1915 ਨੂੰ ਅੰਬਾਲਾ ਜੇਲ੍ਹ 'ਚ ਫਾਂਸੀ ਦੇ ਕੇ ਸ਼ਹੀਦ ਕੀਤਾ ਸੀ।ਇਹ ਸਿਪਾਹੀ ਮੀਆਂਮੀਰ ਛਾਉਣੀ ਲਾਹੌਰ ਵਿਖੇ ਨੌਕਰੀ ਕਰਦੇ ਸਨ।ਇਨ੍ਹਾਂ ਦੇਸ਼ ਭਗਤ ਸਿਪਾਹੀਆਂ ਦੀ ਯਾਦ 'ਚ ਪਿੰਡ ਰੂੜੀਵਾਲਾ ਵਿਖੇ ਇਨ੍ਹਾਂ ਦੀ ਯਾਦਗਾਰ 'ਚ ਉਸਰੇ ਗੁਰਦੁਆਰਾ ਸਾਹਿਬ ਵਿਖੇ ਆਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਪ੍ਰਧਾਨ ਸੁਰਜੀਤ ਸਿੰਘ ਰੂੜੀਵਾਲਾ ਤੇ ਗੁਰਿੰਦਰਪਾਲ ਸਿੰਘ ਦੀ ਅਗਵਾਈ ਹੇਠ ਸ਼ਹੀਦਾਂ ਦੀ ਲਾਟ 'ਤੇ ਸ਼ਰਧਾਂਜਲੀ ਭੇਟ ਕੀਤੀ ਗਈ।ਸਜੇ ਦੀਵਾਨ ਵਿੱਚ ਬਾਪੂ ਮੇਵਾ ਸਿੰਘ ਦੇ ਕਵੀਸ਼ਰੀ ਜਥੇ ਨੇ ਗੁਰੂ ਸਾਹਿਬਾਂ ਤੇ ਦੇਸ਼ ਭਗਤਾਂ ਦੀਆਂ ਵਾਰਾਂ ਪੇਸ਼ ਕੀਤੀਆਂ।ਦੀਵਾਨ ਵਿੱਚ ਦੇਸ਼ ਭਗਤਾਂ ਦੀ ਵਿਚਾਰਧਾਰਾ ਪ੍ਰਤੀ

## ਅੱਜ-ਨਾਮਾ

ਕੰਗਨਾ ਵਾਲਾ ਨਹੀਂ ਮੁੱਕਿਆ ਅਜੇ ਰੱਫੜ,
ਬਣੀ ਪਈ ਫਿਲਮ ਹੈ ਸੁਣੀਂਦੀ ਹੋਰ ਬੇਲੀ।
ਕੰਧਾਰ ਕਾਂਡ ਦੇ ਬਾਰੇ ਆਹ ਬਣੀ ਕਹਿੰਦੇ,
ਜਿਸ ਦੇ ਬਾਰੇ ਪਿਆ ਸੁਣੀਂਦਾ ਸ਼ੋਰ ਬੇਲੀ।
ਕੋਈ ਰਿਲੀਜ਼ ਦੇ ਬਾਰੇ ਆ ਜ਼ੋਰ ਪਾਉਂਦਾ,
ਲਾਉਂਦਾ ਰੋਕਣ ਦਾ ਕੋਈ ਆ ਜ਼ੋਰ ਬੇਲੀ।
ਹਰ ਕੋਈ ਆਪਣਾ ਪੱਖ ਤਾਂ ਠੀਕ ਕਹਿੰਦਾ,
ਵਿਰੋਧੀ ਧਿਰ ਨੂੰ ਕਹਿੰਦਾ ਉਹ ਚੋਰ ਬੇਲੀ।
ਵੱਸਦਾ ਦੇਸ਼ ਇਹ ਦੇਣ ਨਹੀਂ ਸੁਖੀ ਵੱਸਣ,
ਜੋ ਵੀ ਆਉਂਦਾ, ਚੁਆਤੀ ਹੈ ਲਾਈ ਜਾਂਦਾ।
ਫਿਲਮ ਪ੍ਰਚਾਰ ਨੂੰ ਜ਼ਹਿਰਾਂ ਦੀ ਮੁੱਠ ਪਾ ਕੇ,
ਹਰ ਕੋਈ ਤਰਦਾ ਹੈ ਮਾਲ ਕਮਾਈ ਜਾਂਦਾ।

-ਤੀਸ ਮਾਰ ਖਾਂ

# ਖੇਤੀ ਨੀਤੀ ਮੋਰਚੇ 'ਤੇ ਤੀਸਰੇ ਦਿਨ ਵੀ ਡਟੇ ਰਹੇ ਕਿਸਾਨ ਤੇ ਖੇਤ ਮਜ਼ਦੂਰ



**ਪਟਿਆਲਾ (ਰਾਜਿੰਦਰ ਸਿਘ ਥਿੰਦ)**

ਮਜ਼ਦੂਰ-ਕਿਸਾਨ ਤੇ ਵਾਤਾਵਰਨ ਪੱਖੀ ਖੇਤੀ ਨੀਤੀ ਬਣਾਉਣ, ਜ਼ਹਿਰਾਂ ਤੇ ਰਸਾਇਣਾਂ ਮੁਕਤ ਫ਼ਸਲੀ ਪੈਦਾਵਾਰ ਨੂੰ ਉਤਸ਼ਾਹਤ ਕਰਨ, ਮਜ਼ਦੂਰਾਂ, ਕਿਸਾਨਾਂ ਦੀ ਜ਼ਮੀਨੀ ਤੋਟ ਦੂਰ ਕਰਨ, ਮਜ਼ਦੂਰਾਂ, ਕਿਸਾਨਾਂ ਸਿਰ ਚੜ੍ਹਿਆ ਕਰਜ਼ਾ ਖ਼ਤਮ ਕਰਨ, ਖੁਦਕੁਸ਼ੀ ਪੀੜਤਾਂ ਨੂੰ ਮੁਆਵਜ਼ਾ ਤੇ ਨੌਕਰੀ ਦੇਣ, ਸਰਵਜਨਕ ਜਨਤਕ ਵੰਡ ਪ੍ਰਣਾਲੀ ਲਾਗੂ ਕਰਨ ਆਦਿ ਮੰਗਾਂ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਵੱਲੋਂ ਚੰਡੀਗੜ੍ਹ ਵਿਖੇ ਲਾਇਆ ਖੇਤੀ ਨੀਤੀ ਮੋਰਚਾ ਤੀਜੇ ਦਿਨ ਵੀ ਜਾਰੀ ਰਿਹਾ। ਇਕੱਠ ਵਿੱਚ ਪਹੁੰਚੀ ਜਮਹੂਰੀ ਹੱਕਾਂ ਦੀ ਕਾਰਕੁੰਨ ਡਾਕਟਰ ਨਵਸ਼ਰਨ ਨੇ ਵੀ ਸੰਬੋਧਨ ਕੀਤਾ। ਉਹਨਾ ਆਖਿਆ ਕਿ ਕਿਸਾਨਾਂ ਤੇ ਖੇਤ ਮਜ਼ਦੂਰਾਂ ਪੱਖੀ ਖੇਤੀ ਨੀਤੀ ਬਣਾਉਣ ਦੀ ਮੰਗ ਸਮੁੱਚੇ ਦੇਸ਼ ਦੇ ਲੋਕ-ਪੱਖੀ ਵਿਕਾਸ ਦਾ ਰਸਤਾ ਖੋਲ੍ਹਣ ਵਾਲੀ ਹੈ ਅਤੇ ਇਹ ਸੰਘਰਸ਼ ਸਭਨਾਂ ਲੋਕਾਂ ਦੀ ਹਮਾਇਤ ਦਾ ਹੱਕਦਾਰ ਹੈ।

ਇਕੱਠ ਨੂੰ ਸੰਬੋਧਨ ਕਰਦਿਆਂ ਬੀ ਕੇ ਯੂ (ਏਕਤਾ ਉਗਰਾਹਾਂ) ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ, ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ, ਸੀਨੀਅਰ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ, ਸੂਬਾ ਸਕੱਤਰ ਸ਼ਿੰਗਾਰਾ ਸਿੰਘ ਮਾਨ, ਜਗਤਾਰ ਸਿੰਘ ਕਾਲਾਝਾੜ, ਮਹਿਲਾ ਕਿਸਾਨ ਆਗੂ ਹਰਿੰਦਰ ਬਿੰਦੂ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਜੋਰਾ ਸਿੰਘ ਨਸਰਾਲੀ, ਜਨਰਲ ਸਕੱਤਰ ਲਛਮਣ ਸਿੰਘ ਸੇਵੇਵਾਲਾ, ਹਰਮੇਸ਼ ਮਾਲੜੀ ਤੇ ਮੇਜਰ ਸਿੰਘ ਕਾਲੇਕੇ ਨੇ ਸੰਬੋਧਨ ਕੀਤਾ। ਉਹਨਾਂ ਆਖਿਆ ਕਿ ਸੋਮਵਾਰ ਵਿਧਾਨ ਸਭਾ ਵੱਲ ਮਾਰਚ ਸਮੇਂ ਵੀ ਸਰਕਾਰ ਦਾ ਕੋਈ ਚੁਣਿਆ ਹੋਇਆ ਨੁਮਾਇੰਦਾ ਮੰਗ ਪੱਤਰ ਹਾਸਿਲ ਕਰਨ ਨੂੰ ਤਿਆਰ ਨਹੀਂ ਸੀ, ਸਗੋਂ ਜਥੇਬੰਦੀਆਂ ਵੱਲੋਂ ਸਖ਼ਤ ਇਤਰਾਜ਼ ਜ਼ਾਹਰ ਕਰਨ ਤੋਂ ਬਾਅਦ ਹੀ ਖੇਤੀਬਾੜੀ ਮੰਤਰੀ ਮੰਗ ਪੱਤਰ ਹਾਸਲ ਕਰਨ ਲਈ ਪਹੁੰਚਿਆ। ਸਟੇਜ ਤੋਂ ਮਤਾ ਪਾਸ ਕਰਕੇ ਕਿਸਾਨ ਤੇ ਖੇਤ ਮਜ਼ਦੂਰ ਕਮਿਸ਼ਨ ਦੇ ਸਾਬਕਾ ਮੈਂਬਰ ਬਲਵਿੰਦਰ ਸਿੰਘ ਵੱਲੋਂ ਬੀਤੇ ਦਿਨੀਂ ਪਹਿਲੀਆਂ ਸਰਕਾਰਾਂ ਵੇਲੇ ਝੋਨੇ ਹੇਠੋਂ ਰਕਬਾ ਘਟਾਉਣ ਲਈ ਖੇਤੀ ਵਿਭਿੰਨਤਾ ਨੂੰ ਉਤਸ਼ਾਹਤ ਕਰਨ ਦੇ ਕਦਮਾਂ ਨੂੰ ਕੇਂਦਰ ਸਰਕਾਰ ਵੱਲੋਂ ਰੋਕੇ ਜਾਣ ਸੰਬੰਧੀ ਜਾਰੀ ਕੀਤੇ ਪੱਤਰਾਂ ਸੰਬੰਧੀ ਦੱਸਿਆ ਗਿਆ।

ਦੂਸਰੇ ਮਤੇ ਰਾਹੀਂ ਬੀਤੇ ਦਿਨੀਂ ਐੱਨ ਆਈ ਏ ਦੁਆਰਾ ਕਿਸਾਨ ਆਗੂ ਸੁਖਵਿੰਦਰ ਕੌਰ ਸਮੇਤ ਵਕੀਲਾਂ ਤੇ ਹੋਰ ਬੁੱਧੀਜੀਵੀਆਂ ਦੇ ਘਰਾਂ 'ਤੇ ਛਾਪੇ ਮਾਰਨ ਦੀ ਸਖ਼ਤ ਨਿਖੇਧੀ ਕਰਦਿਆਂ ਲੋਕਾਂ ਨੂੰ ਸੱਦਾ ਦਿੱਤਾ ਕਿ ਜੇਕਰ ਮੋਦੀ ਸਰਕਾਰ ਦੇ ਹੁਕਮਾਂ 'ਤੇ ਐੱਨ ਆਈ ਏ ਹੱਥਕੰਡਿਆਂ ਤੋਂ ਬਾਜ਼ ਨਾ ਆਈ ਤਾਂ ਉਸ ਦਾ ਡਟਵਾਂ ਵਿਰੋਧ ਕਰਨ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ ਗਿਆ। ਤੀਸਰੇ ਮਤੇ ਰਾਹੀਂ ਭਾਜਪਾ ਆਗੂ ਹੰਸ ਰਾਜ ਹੰਸ ਦਾ ਜਮਹੂਰੀ ਢੰਗ ਨਾਲ ਵਿਰੋਧ ਕਰਨ ਦੀ ਬਦੌਲਤ ਕਿਸਾਨ ਆਗੂ ਰਾਜਿੰਦਰ ਸਿੰਘ ਦੀਪ ਸਿੰਘ ਵਾਲਾ ਸਮੇਤ ਹੋਰਨਾਂ ਆਗੂਆਂ ਦੇ ਵਰੰਟ ਜਾਰੀ ਕਰਨ ਦੀ ਨਿੰਦਾ ਕਰਦਿਆਂ ਕੇਸ ਵਾਪਸ ਲੈਣ ਦੀ ਮੰਗ ਕੀਤੀ ਗਈ।

ਚੌਥੇ ਮਤੇ ਰਾਹੀਂ ਬੁੱਢੇ ਦਰਿਆ 'ਚ ਦੂਸ਼ਿਤ ਪਾਣੀ ਰੋਕਣ ਲਈ ਸੰਘਰਸ਼ ਕਰਦੇ ਲੋਕਾਂ ਨੂੰ ਗ੍ਰਿਫ਼ਤਾਰ ਕਰਨ ਤੇ ਕੇਸ ਦਰਜ ਦੀ ਨਿੰਦਾ ਕਰਦਿਆਂ ਗ੍ਰਿਫ਼ਤਾਰ ਆਗੂਆਂ ਨੂੰ ਰਿਹਾਅ ਕਰਨ ਤੇ ਕੇਸ ਵਾਪਸ ਲੈਣ ਦੀ ਮੰਗ ਕੀਤੀ ਗਈ।ਇੱਕ ਹੋਰ ਮਤੇ ਰਾਹੀਂ ਆਪਣੀਆਂ ਮੰਗਾਂ ਨੂੰ ਲੈ ਕੇ ਹੜਤਾਲ ਕਰਨ ਜਾ ਰਹੇ ਬਿਜਲੀ ਕਾਮਿਆਂ ਉਤੇ ਪੰਜਾਬ ਸਰਕਾਰ ਵੱਲੋਂ ਐਸਮਾ ਲਾਉਣ ਦੇ ਕੀਤੇ ਫੈਸਲੇ ਦੀ ਸਖ਼ਤ ਨਿਖੇਧੀ ਕਰਦਿਆਂ ਇਸ ਨੂੰ ਲੋਕਾਂ ਦੇ ਜਮਹੂਰੀ ਹੱਕਾਂ ਦਾ ਘਾਣ ਕਰਾਰ ਦਿੱਤਾ ਗਿਆ ਅਤੇ ਇਹ ਫੈਸਲਾ ਵਾਪਸ ਲੈਣ ਦੀ ਮੰਗ ਕੀਤੀ ਗਈ।

## ਸਕੂਲ ਦੇ ਗੇਟ ਅੱਗੇ ਖੜ੍ਹੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਬੱਸ ਨੇ ਦਰੜਿਆ, 11 ਮੌਤਾਂ

**ਸ਼ਿੰਗਾਈ :** ਚੀਨ ਦੇ ਪੂਰਬੀ ਸੂਬੇ 'ਚ ਇੱਕ ਸਕੂਲ ਬੱਸ ਨੇ ਵਿਦਿਆਰਥੀਆਂ ਤੇ ਮਾਪਿਆਂ ਦੇ ਇੱਕ ਗਰੁੱਪ ਨੂੰ ਦਰੜ ਦਿੱਤਾ।ਇਸ ਹਾਦਸੇ 'ਚ 11 ਤੋਂ ਵੱਧ ਮੌਤਾਂ ਹੋਣ ਦੀ ਖਬਰ ਹੈ।ਦੱਸਿਆ ਜਾ ਰਿਹਾ ਹੈ ਕਿ ਬੱਚੇ ਤੇ ਮਾਪੇ ਸਕੂਲ ਦੇ ਗੇਟ ਅੱਗੇ ਖੜ੍ਹੇ ਸਨ।ਇਸ ਦੌਰਾਨ ਸਕੂਲ ਦੀ ਬੇਕਾਬੂ ਬੱਸ ਨੇ ਉਨ੍ਹਾਂ ਨੂੰ ਦਰੜ ਦਿੱਤਾ।ਮੰਗਲਵਾਰ ਨੂੰ ਸ਼ਾਂਦੋਂਗ ਸੂਬੇ 'ਚ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਦੇ ਇਕ ਸਮੂਹ ਨੂੰ ਬੱਸ ਨੇ ਕੁਚਲ ਦਿੱਤਾ।ਇਸ ਹਾਦਸੇ 'ਚ 11 ਲੋਕਾਂ ਦੀ ਮੌਤ ਹੋ ਗਈ ਅਤੇ 13 ਜ਼ਖਮੀ ਹੋ ਗਏ।ਸਵੇਰੇ 7 ਵਜੇ ਤਾਈਆਨ ਸ਼ਹਿਰ ਦੇ ਇਕ ਸਕੂਲ ਦੇ ਗੇਟ 'ਤੇ ਵਿਦਿਆਰਥੀ ਅਤੇ ਮਾਪੇ ਇੰਤਜ਼ਾਰ ਕਰ ਰਹੇ ਸਨ, ਇਸੇ ਦੌਰਾਨ ਹੀ ਹਾਦਸਾ ਵਾਪਰ ਗਿਆ।ਡੋਂਗਪਿੰਗ ਕਾਉਂਟੀ ਪੁਲਸ ਵਿਭਾਗ ਨੇ ਕਿਹਾ ਕਿ ਜਾਨਾਂ ਗੁਆਉਣ ਵਾਲਿਆਂ ਵਿੱਚ ਛੇ ਮਾਪੇ ਅਤੇ ਪੰਜ ਵਿਦਿਆਰਥੀ ਸ਼ਾਮਲ ਹਨ।ਜ਼ਖਮੀਆਂ 'ਚੋਂ ਇਕ ਦੀ ਹਾਲਤ ਨਾਜ਼ੁਕ ਹੈ, ਜਦਕਿ ਬਾਕੀਆਂ ਦੀ ਹਾਲਤ ਸਥਿਰ ਹੈ।ਬੱਸ ਡਰਾਈਵਰ ਨੂੰ ਹਿਰਾਸਤ 'ਚ ਲੈ ਕੇ ਪੁੱਛਗਿੱਛ ਕੀਤੀ ਜਾ ਰਹੀ ਹੈ।

## ਸੀਨੀਅਰ ਸਿਟੀਜ਼ਨਾਂ ਦੇ ਜਨਮ ਦਿਨ ਮਨਾਏ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਸੀਨੀਅਰ ਸਿਟੀਜਨ ਵੈਲਫ਼ੇਅਰ ਐਸੋਸੀਏਸ਼ਨ ਰਾਮ ਬਾਗ (ਰਜਿ:) ਦੀ ਮਹੀਨਾਵਾਰ ਮੀਟਿੰਗ ਪ੍ਰੀਤਮ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪੰਜਾਬ ਵੇਅਰ ਹਾਊਸ ਗੁਦਾਮ ਤੇ ਕੰਨਟੇਅਰ ਕਾਰਪੋਰੇਸ਼ਨ ਦੇ ਚੇਅਰਮੈਨ ਸਤਿੰਦਰ ਸਿੰਘ ਚੱਠਾ ਨੇ ਮੁੱਖ ਮਹਿਮਾਨ ਵੱਜੋਂ ਸ਼ਮੂਲੀਅਤ ਕੀਤੀ।ਉਨ੍ਹਾਂ ਦਾ ਜਨਮ ਦਿਨ ਤੇ ਹੋਰ ਦਸ ਮੈਂਬਰਾਂ ਦਾ ਜਨਮ ਦਿਨ ਹਾਰ ਪਾ ਕੇ ਅਤੇ ਐਸੋਸੀਏਸ਼ਨ ਵੱਲੋਂ ਯਾਦਗਾਰੀ ਤੋਹਫ਼ੇ ਦੇ ਕੇ ਮਨਾਇਆ ਗਿਆ ਅਤੇ ਉਨ੍ਹਾਂ ਦੀ ਲੰਬੀ ਉਮਰ ਅਤੇ ਚੰਗੀ ਸਿਹਤ ਲਈ ਅਰਦਾਸ ਕੀਤੀ ਗਈ।ਸ੍ਰੀ ਸਤਿੰਦਰ ਸਿੰਘ ਚੱਠਾ ਨੇ ਐਸੋਸੀਏਸ਼ਨ ਨੂੰ 100 ਕੁਰਸੀਆਂ ਜਲਦੀ ਦੇਣ ਦਾ ਐਲਾਨ ਕੀਤਾ।ਇਸ ਤੋਂ ਇਲਾਵਾ ਸੱਤ ਸਤਿਕਾਰਯੋਗ ਮੈਂਬਰਾਂ ਨੇ ਨਵੀਂ ਮੈਂਬਰਸ਼ਿਪ ਪ੍ਰਾਪਤ ਕੀਤੀ ਅਤੇ ਸਭਾ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।ਸ੍ਰੀ ਜਸਪਾਲ ਸਿੰਘ ਭੁੱਲਰ ਨੇ ਸਟੇਜ ਸਕੱਤਰ ਦਾ ਕੰਮ ਬਾਖੂਬੀ ਨਿਭਾਇਆ।ਚਰਨਜੀਤ ਸਿੰਘ ਕੈਂਥ ਨੇ ਸ਼ੇਅਰ ਪੇਸ਼ ਕੀਤਾ। ਰਣਜੀਤ ਆਜਾਦ ਕਾਂਝਲਾ, ਹੰਸ ਸਿੰਘ ਤੇ ਬਲਜੀਤ ਬਾਂਸਲ ਨੇ ਕਵਿਤਾਵਾਂ ਪੇਸ਼ ਕੀਤੀਆਂ।

## ਸਾਈਕਲ ਚਲਾਉਣ ਨਾਲ ਮਨੁੱਖ ਤੰਦਰੁਸਤ ਰਹਿੰਦਾ : ਕਾਕਾ, ਭੁੱਚਰ



**ਭੀਖੀ (ਧਰਮਵੀਰ ਸ਼ਰਮਾ)**-ਈਕੋ ਸਾਈਕਲ ਗਰੁੱਪ ਮਾਨਸਾ ਦਾ ਸਾਈਕਲ ਗਰੁੱਪ ਅੱਜ ਭੀਖੀ ਦੇ ਦੀਪਾਲੀ ਪੈਲੇਸ ਵਿਖੇ ਪੁੱਜਾ, ਜਿੱਥੇ ਸਮਾਜ ਸੇਵੀ ਧਰਮਵੀਰ ਮਿੰਟਾਂ, ਵਿਜੇ ਕੁਮਾਰ ਗਰਗ, ਪ੍ਰੇਮ ਕੁਮਾਰ ਲਹਿਰੇਵਾਲਾ, ਰਾਮ ਕੁਮਾਰ ਲੀਲ੍ਹਾ ਤੇ ਮੰਗਤ ਰਾਏ ਪੰਧੇਰ ਨੇ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ।ਇਸ ਮੌਕੇ ਸਾਈਕਲ ਗਰੁੱਪ ਦੇ ਆਗੂ ਨਗਰ ਕੌਂਸਲ ਮਾਨਸਾ ਦੇ ਸਾਬਕਾ ਪ੍ਰਧਾਨ ਬਲਵਿੰਦਰ ਸਿੰਘ ਕਾਕਾ ਤੇ ਮਾਰਕਿਟ ਕਮੇਟੀ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਭੁੱਚਰ ਨੇ ਕਿਹਾ ਕਿ ਸਾਈਕਲ ਚਲਾਉਣ ਨਾਲ ਜਿੱਥੇ ਮਨੁੱਖ ਦਾ ਸਰੀਰ ਨਿਰੋਗ ਰਹਿੰਦਾ ਹੈ, ਉਥੇ ਹੀ ਉਹ ਲੰਬਾ ਸਮਾਂ ਭਿਆਨਕ ਬਿਮਾਰੀਆਂ ਤੋਂ ਬਚਿਆ ਰਹਿ ਸਕਦਾ ਹੈ।ਉਨ੍ਹਾਂ ਕਿਹਾ ਕਿ ਸਾਈਕਲ ਚਲਾਉਣ ਨਾਲ ਜਿੱਥੇ ਸਾਡਾ ਵਾਤਾਵਰਣ ਪ੍ਰਦੂਸ਼ਣ ਰਹਿਤ ਬਣਿਆ ਰਹਿੰਦਾ ਹੈ, ਉਥੇ ਹੀ ਮਨੁੱਖ ਦੀ ਸਰੀਰਕ ਤੰਦਰੁਸਤੀ ਬਣੀ ਰਹਿੰਦੀ ਹੈ।ਉਨ੍ਹਾਂ ਕਿਹਾ ਕਿ ਸਾਈਕਲ ਚਲਾਉਣ ਨਾਲ ਪੈਟਰੋਲ ਆਦਿ ਤੇ ਹੋਣ ਵਾਲਾ ਖਰਚਾ ਘੱਟ ਹੋਣ ਦੇ ਚੱਲਦਿਆਂ ਮਨੁੱਖ ਨੂੰ ਵਿੱਤੀ ਤੌਰ 'ਤੇ ਵੀ ਜਿੱਥੇ ਵੱਡਾ ਲਾਭ ਹੁੰਦਾ ਹੈ, ਉਥੇ ਸਾਈਕਲਿੰਗ ਵਾਤਾਵਰਣ ਨੂੰ ਸਾਫ਼ ਰੱਖਣ ਵਿੱਚ ਵੱਡੀ ਭੂਮਿਕਾ ਅਦਾ ਕਰਦੀ ਹੈ।ਉਨ੍ਹਾਂ ਦੱਸਿਆ ਕਿ ਸਾਈਕਲ ਗਰੁੱਪ ਪਿਛਲੇ ਲੰਮੇ ਸਮੇਂ ਤੋਂ 'ਸਾਈਕਲ ਚਲਾਓ ਸਿਹਤ ਬਣਾਓ', 'ਸਾਈਕਲ ਚਲਾਓ, ਵਾਤਾਵਰਣ ਬਚਾਓ' ਦੇ ਬੈਨਰ ਹੇਠ ਰੋਜ਼ਾਨਾ ਵੱਖ ਵੱਖ ਥਾਵਾਂ 'ਤੇ ਜਾ ਕੇ ਲੋਕਾਂ ਨੂੰ ਸਾਈਕਲਿੰਗ ਸਬੰਧੀ ਜਾਗਰੂਕ ਕਰਦਾ ਆ ਰਿਹਾ ਹੈ।ਇਸ ਮੌਕੇ ਰਿਫਰੈਸ਼ਮੈਂਟ ਦਾ ਪ੍ਰਬੰਧ ਵੀ ਕੀਤਾ ਗਿਆ।ਇਸ ਮੌਕੇ ਪ੍ਰਦੀਪ ਕੁਮਾਰ, ਸੁਰੇਸ਼ ਸਿੰਗਲਾ, ਗੁਲਸ਼ਨ ਮਿੱਤਲ ਬੱਲੀ, ਦਿਰੇਨ ਕੁਮਾਰ ਤੰਵਰ ਤੇ ਹਰਸ਼ ਸਿੰਗਲਾ ਤੋਂ ਇਲਾਵਾ ਸਾਈਕਲ ਗਰੁੱਪ ਦੇ ਮੈਂਬਰ ਹਾਜ਼ਰ ਸਨ।

## ਅਨਾਥ ਗਊਸ਼ਾਲਾ ਕਮੇਟੀ ਵੱਲੋਂ 25 ਵਰਕਰਾਂ ਨੂੰ ਸੂਟ ਭੇਟ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸ਼੍ਰੀ ਗਿਆਨ ਚੰਦ ਕਟਾਰੀਆ ਦੀ ਅਗਵਾਈ ਹੇਠ ਅੱਜ ਬੁੱਧ ਰਾਜ ਟੇਕ ਚੰਦ ਸੁਨਾਮ ਵਾਲਿਆਂ ਵੱਲੋ ਸ਼੍ਰੀ ਅਨਾਥ ਗਊਸ਼ਾਲਾ ਦੇ ਸਮੂਹ ਵਰਕਰਾਂ ਨੂੰ 25 ਦੇ ਕਰੀਬ ਸੂਟ ਭੇਟ ਕੀਤੇ ਗਏ।ਸੁਨਾਮ ਦੇ ਇਹ ਦਾਨੀ ਸੱਜਣ ਸਮਾਣਾ ਦੀ ਅਨਾਥ ਗਾਊਸ਼ਾਲਾ ਵਿੱਚ ਹਰ ਸਾਲ ਸਰਦੀਆਂ ਅਤੇ ਗਰਮੀਆਂ ਦੇ ਸੂਟ ਭੇਟ ਕਰਨ ਲਈ ਆਉਂਦੇ ਹਨ।ਇਹ ਜਾਣਕਾਰੀ ਗਊਸ਼ਾਲਾ ਦੇ ਸੈਕਟਰੀ ਸੰਜੇ ਮੰਤਰੀ ਵੱਲੋਂ ਪੱਤਰਕਾਰਾਂ ਨਾਲ ਸਾਂਝੀ ਕੀਤੀ ਗਈ।ਇਸ ਮੌਕੇ ਜੁਆਇੰਟ ਸੈਕਟਰੀ ਅਸ਼ੋਕ ਢੀਂਗਰਾ, ਦਰਸ਼ਨ ਕੁਮਾਰ, ਪ੍ਰਵੀਨ ਕੁਮਾਰ, ਓਮ ਪ੍ਰਕਾਸ਼ ਜੈਸਿੰਘ, ਬੰਟੀ ਬਜਾਜ, ਸੋਮ ਨਾਥ, ਸੁਰੇਸ਼ੀ ਸੁਰੀਆ, ਚਰਨਜੀਤ ਚੰਨੀ, ਧਰਮਪਾਲ ਆਰੀਆ ਤੋਂ ਇਲਾਵਾ ਸਮੂਹ ਮੈਂਬਰ ਹਾਜ਼ਰ ਸਨ ਤੇ ਸੀਨੀਅਰ ਪੱਤਰਕਾਰ ਇਕਬਾਲ ਸਿੰਘ ਬੱਲ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਵਾਈ।

## ਯੂਨੀਵਰਸਲ ਕੈਂਪਸ 'ਚ ਅੱਖਾਂ ਦਾ ਕੈਂਪ ਲਾਇਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਮਾਜ ਸੇਵੀ ਸੰਸਥਾ ਲਾਈਨਜ਼ ਕਲੱਬ ਤੇ ਯੂਨੀਵਰਸਲ ਕੈਂਪਸ ਦੇ ਐਨਐਸਐਸ ਯੂਨਿਟ ਵੱਲੋਂ ਵਿਦਿਆਰਥੀਆਂ ਦੀਆਂ ਅੱਖਾਂ ਦੇ ਚੈੱਕਅਪ ਦਾ ਕੈਂਪ ਲਾਇਆ।ਇਸ ਵਿੱਚ 300 ਵਿਦਿਆਰਥੀਆਂ ਦੀਆਂ ਅੱਖਾਂ ਚੈੱਕ ਕੀਤੀਆਂ ਗਈਆਂ ਤੇ ਵਿਦਿਆਰਥੀਆਂ ਦੀ ਨਿਗ੍ਹਾ ਦੇ ਸਹੀ ਨੰਬਰ ਬਾਰੇ ਦੱਸਿਆ ਗਿਆ, ਜਿਨ੍ਹਾਂ ਵਿਦਿਆਰਥੀਆਂ ਦੀ ਨਿਗ੍ਹਾ ਵਿੱਚ ਜ਼ਿਆਦਾ ਫ਼ਰਕ ਸੀ, ਉਨ੍ਹਾਂ ਨੂੰ ਐਨਕ ਲਾਉਣ ਲਈ ਪ੍ਰੇਰਿਆ ਗਿਆ।ਇਸ ਮੌਕੇ ਲਾਈਨਜ਼ ਕਲੱਬ ਦੇ ਮੈਂਬਰ ਸੰਤੋਸ਼ ਸਿੰਗਲਾ, ਪ੍ਰਿਤਪਾਲ ਕੱਕੜੀਆ, ਸੰਦੀਪ ਬਾਂਸਲ ਕੈਂਪ ਚੇਅਰਮੈਨ ਲਾਈਨ ਮੱਖਣ ਤੇ ਲਾਈਨ ਕੀਮਤੀ ਉੱਪਲ ਦੀ ਦੇਖ ਰੇਖ ਹੇਠਾਂ ਕੈਂਪ ਲਾਇਆ ਗਿਆ।ਉਨ੍ਹਾਂ ਦੱਸਿਆ ਕਿ ਲਾਈਨਜ਼ ਇੰਟਰਨੈਸ਼ਨਲ ਦਾ ਇੱਕ ਪ੍ਰੋਗਰਾਮ ਹੈ, ਜਿਸ ਵਿੱਚ ਸਾਰੇ ਸਕੂਲਾਂ, ਕਾਲਜਾਂ ਦੇ ਵਿੱਚ ਜਾ ਕੇ ਵਿਦਿਆਰਥੀਆਂ ਦੀ ਨਿਗ੍ਹਾ ਦੇ ਸਹੀ ਨੰਬਰ ਬਾਰੇ ਜਾਣਕਾਰੀ ਦੇਣਾ।ਇਸ ਮੌਕੇ ਕੈਂਪਸ ਡਾਇਰੈਕਟਰ ਡਾ. ਅਮਰੀਸ਼ ਧਵਨ ਨੇ ਵਿਦਿਆਰਥੀਆਂ ਨੂੰ ਕੈਂਪ ਸਬੰਧੀ ਅੱਖਾਂ ਦੀ ਮਹੱਤਤਾ ਤੇ ਆਪਣਾ ਸਹੀ ਨੰਬਰ ਜਾਣ ਕੇ ਉਸ ਨੰਬਰ ਦੀ ਐਨਕ ਲਾ ਕੇ ਰੱਖਣ ਲਈ ਕਿਹਾ ਤਾਂ ਜੁ ਪੜ੍ਹਾਈ ਵਿੱਚ ਕੋਈ ਵੀ ਦਿੱਕਤ ਨਾ ਆਵੇ।

## ਕਾਰਜ ਸਾਧਕ ਅਫ਼ਸਰ ਗੁਰਪਾਲ ਸਿੰਘ ਵਧੀਆ ਸੇਵਾਵਾਂ ਬਦਲੇ ਸਨਮਾਨਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨਗਰ ਕੌਂਸਲ 'ਚ ਤਾਇਨਾਤ ਕਾਰਜ ਸਾਧਕ ਅਫ਼ਸਰ ਗੁਰਪਾਲ ਸਿੰਘ ਨੂੰ ਇੱਕ ਸਮਾਰੋਹ ਦੌਰਾਨ ਵਧੀਆ ਸੇਵਾਵਾਂ ਬਦਲੇ ਸਨਮਾਨਤ ਕੀਤਾ ਗਿਆ। ਗੁਰਪਾਲ ਸਿੰਘ ਨੇ ਮਾਛੀਵਾੜਾ ਨਗਰ ਕੌਂਸਲ ਵਿਖੇ ਕਰੀਬ 1 ਸਾਲ ਤੋਂ ਵੱਧ ਸੇਵਾਵਾਂ ਨਿਭਾਈਆਂ ਤੇ ਸ਼ਹਿਰ ਦੇ ਵਿਕਾਸ ਲਈ ਅਹਿਮ ਯੋਗਦਾਨ ਪਾਇਆ। ਕਾਰਜ ਸਾਧਕ ਅਫ਼ਸਰ ਗੁਰਪਾਲ ਸਿੰਘ ਦਾ ਤਬਾਦਲਾ ਹੁਣ ਲੁਧਿਆਣਾ ਨਗਰ ਨਿਗਮ ਵਿਖੇ ਸਹਾਇਕ ਕਮਿਸ਼ਨਰ ਵਜੋਂ ਹੋ ਗਿਆ ਹੈ। ਅਹੁਦਾ ਛੱਡਣ ਉਪਰੰਤ ਸਟਾਫ਼ ਵੱਲੋਂ ਉਨ੍ਹਾਂ ਨੂੰ ਸਨਮਾਨਿਤ ਕੀਤਾ। ਗੁਰਪਾਲ ਸਿੰਘ ਨੇ ਕਿਹਾ ਕਿ ਮਾਛੀਵਾੜਾ ਸਾਹਿਬ ਦੀ ਪਵਿੱਤਰ ਧਰਤੀ 'ਤੇ ਉਨ੍ਹਾਂ ਨੇ ਆਪਣੀ ਡਿਊਟੀ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਈ, ਜਿਨ੍ਹਾਂ ਨੂੰ ਲੋਕਾਂ ਦਾ ਭਰਵਾਂ ਸਹਿਯੋਗ ਮਿਲਿਆ। ਉਨ੍ਹਾਂ ਕਿਹਾ ਕਿ ਇਤਿਹਾਸਕ ਧਰਤੀ ਦੇ ਲੋਕਾਂ ਵਲੋਂ ਦਿੱਤੇ ਪਿਆਰ ਨੂੰ ਉਹ ਸਦਾ ਯਾਦ ਰੱਖਣਗੇ। ਇਸ ਮੌਕੇ ਸੁਖਦੇਵ ਸਿੰਘ ਬਿੱਟੂ, ਲੇਖਾਕਾਰ ਸੰਜੀਵ ਕੁਮਾਰ, ਸੁਖਵਿੰਦਰ ਸਿੰਘ, ਭੁਪਿੰਦਰ ਸਿੰਘ, ਗੁਰਜਿੰਦਰ ਸਿੰਘ, ਭਵਪ੍ਰੀਤ ਸਿੰਘ, ਮਨੋਜ ਕੁਮਾਰ ਤੇ ਜਗਦੇਵ ਸਿੰਘ ਵੀ ਮੌਜੂਦ ਸਨ।

## ਛਾਜਲੀ ਦੀਆਂ ਸੜਕਾਂ ਦੀ ਰਿਪੇਅਰ ਦਾ ਕੰਮ ਸ਼ੁਰੂ



**ਦਿੜ੍ਹਬਾ (ਜਸਵੀਰ ਲਾਡੀ)**-ਪਿੰਡ ਛਾਜਲੀ ਦੀਆਂ ਅੰਦਰੂਨੀ ਸੜਕਾਂ ਦੀ ਰਿਪੇਅਰ ਦਾ ਕੰਮ ਹਰਪਾਲ ਸਿੰਘ ਚੀਮਾ ਖਜ਼ਾਨਾ ਮੰਤਰੀ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਨਾਲ ਪਿੰਡ ਦੀ ਪੰਚਾਇਤ ਵੱਲੋਂ ਸ਼ੁਰੂ ਕਰਾਇਆ ਗਿਆ।ਇਸ ਮੌਕੇ ਸਮੁੱਚੀ ਪੰਚਾਇਤ ਤੇ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਅਤੇ ਚੀਮਾ ਦਾ ਧੰਨਵਾਦ ਕਰਦਿਆਂ ਸਰਪੰਚ ਸ੍ਰੀਮਤੀ ਪਰਮਿੰਦਰ ਕੌਰ ਪਤਨੀ ਇੰਦਰਜੀਤ ਸਿੰਘ ਬਾਵਾ ਨੇ ਦੱਸਿਆ ਕਿ ਪਿਛਲੇ ਦਿਨੀਂ ਪੰਚਾਇਤ ਦੇ ਨੁਮਾਇੰਦਿਆਂ ਨੇ ਮੰਤਰੀ ਜੀ ਨਾਲ ਚੰਡੀਗੜ੍ਹ ਵਿਖੇ ਪਿੰਡ ਦੀਆਂ ਸੜਕਾਂ ਤੇ ਪਿੰਡ ਦੇ ਕੁਝ ਹੋਰ ਵਿਕਾਸ ਦੇ ਕੰਮਾਂ ਸਬੰਧੀ ਮੁਲਾਕਾਤ ਕੀਤੀ ਸੀ, ਜਿਸ 'ਤੇ ਮੰਤਰੀ ਜੀ ਨੇ ਵਿਸ਼ਵਾਸ ਦਿਵਾਇਆ ਸੀ ਕਿ ਇਹ ਕੰਮ ਤੁਰੰਤ ਸ਼ੁਰੂ ਕੀਤੇ ਜਾਣਗੇ।ਖ਼ਜ਼ਾਨਾ ਮੰਤਰੀ ਨੇ ਆਪਣੇ ਵਾਅਦੇ ਮੁਤਾਬਕ ਪਿੰਡ ਦੇ ਵਿਕਾਸ ਕੰਮਾਂ ਨੂੰ ਹਰੀ ਝੰਡੀ ਦੇ ਦਿੱਤੀ ਹੈ।

# ਮੈਂਬਰਸ਼ਿਪ ਮੁਹਿੰਮ ਤਹਿਤ ਪੰਜਾਬ 'ਚ ਭਾਜਪਾ ਵੱਲੋਂ 3 ਲੱਖ ਨਵੇਂ ਮੈਂਬਰ ਬਣਾਏ ਜਾਣਗੇ : ਅਨਿਲ ਸਰੀਨ

**ਮੋਗਾ (ਇਕਬਾਲ ਸਿੰਘ ਖਹਿਰਾ)**

ਪੰਜਾਬ 'ਚ ਭਾਜਪਾ ਦੀ ਮਜ਼ਬੂਤੀ ਲਈ ਪਹਿਲੀ ਸਤੰਬਰ ਤੋਂ ਮੈਂਬਰਸ਼ਿਪ ਮੁਹਿੰਮ ਸ਼ੁਰੂ ਕਰ ਦਿੱਤੀ ਹੈ, ਜਿਸ ਦੀ ਸ਼ੁਰੂਆਤ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਲੋਂ ਕੀਤੀ ਗਈ। ਮੈਂਬਰਸ਼ਿਪ ਮੁਹਿੰਮ ਦਾ ਉਦੇਸ਼ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨਾ ਤੇ ਵਿਸ਼ਵ ਦੀ ਸਭ ਤੋਂ ਵੱਡੀ ਸਿਆਸੀ ਪਾਰਟੀ ਵਜੋਂ ਆਪਣੀ ਸਥਿਤੀ ਨੂੰ ਮਜ਼ਬੂਤ ਕਰਨਾ ਅਤੇ ਪਾਰਟੀ ਦੀ ਵਿਚਾਰਧਾਰਾ ਨੂੰ ਹਰ ਘਰ ਤੱਕ ਪੁਚਾਉਣਾ ਹੈ। ਇਸ ਮੁਹਿੰਮ ਤਹਿਤ ਭਾਜਪਾ ਪੰਜਾਬ ਭਰ ਵਿੱਚ 3 ਲੱਖ ਨਵੇਂ ਮੈਂਬਰ ਬਣਾਏਗੀ।

ਨਵੇਂ ਮੈਂਬਰ 4 ਤਰੀਕਿਆਂ ਨਾਲ ਬਣ ਸਕਦੇ ਹਨ। ਭਾਜਪਾ ਦੀ ਵੈੱਬਸਾਈਟ ਰਾਹੀਂ ਉਪਰੋਕਤ ਜਾਣਕਾਰੀ ਭਾਜਪਾ ਦੇ ਸੰਗਠਨ ਮੰਤਰੀ ਸ੍ਰੀ ਨਿਵਾਸਲੂ ਨੇ ਕੈਂਬਰਿਜ ਇੰਟਰਨੈਸ਼ਨਲ ਸਕੂਲ ਵਿੱਚ ਮੈਂਬਰਸ਼ਿਪ ਮੁਹਿੰਮ ਦੀ ਸ਼ੁਰੂਆਤ ਲਈ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਵੱਲੋਂ ਰੱਖੀ ਗਈ ਵਿਸ਼ਾਲ ਮੀਟਿੰਗ ਨੂੰ ਸੰਬੋਧਨ ਕਰਦਿਆਂ ਦਿੱਤੀ। ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ, ਮੈਂਬਰਸ਼ਿਪ ਮੁਹਿੰਮ ਇੰਚਾਰਜ ਨਿਧਕ ਸਿੰਘ ਬਰਾੜ ਅਤੇ ਵਿਨੈ ਸ਼ਰਮਾ ਨੇ ਸੂਬੇ ਤੋਂ ਆਏ ਭਾਜਪਾ ਆਗੂਆਂ ਦਾ ਗੁਲਦਸਤੇ ਦੇ ਕੇ ਸਵਾਗਤ ਕੀਤਾ। ਇਸ ਮੌਕੇ ਭਾਜਪਾ ਦੇ ਸੂਬਾ ਜਨਰਲ ਸਕੱਤਰ ਅਨਿਲ ਸਰੀਨ, ਦਿਆਲ ਸਿੰਘ ਸੋਢੀ ਜਨਰਲ ਸਕੱਤਰ ਪੰਜਾਬ, ਐਸ.ਸੀ.ਮੋਰਚਾ ਦੇ ਸੂਬਾ ਪ੍ਰਧਾਨ ਮਨੋਰੰਜਨ ਕਾਲੀਆ, ਸਾਬਕਾ ਕੈਬਨਿਟ ਮੰਤਰੀ ਤੇ ਸੂਬਾ ਮੈਂਬਰਸ਼ਿਪ ਮੁਹਿੰਮ ਦੇ ਇੰਚਾਰਜ ਅੰਮ੍ਰਿਤਪਾਲ ਸਿੰਘ ਬੋਨੀ, ਸੂਬਾ ਪ੍ਰਧਾਨ ਬੀ.ਸੀ. ਮੋਰਚਾ, ਦਰਸ਼ਨ ਸਿੰਘ ਨੈਣੇਵਾਲ ਸੂਬਾ ਪ੍ਰਧਾਨ ਕਿਸਾਨ ਮੋਰਚਾ, ਥਾਮਸ ਮਸੀਹ, ਭਾਜਪਾ ਘੱਟ ਗਿਣਤੀ ਮੋਰਚਾ ਦੇ ਸੂਬਾ ਪ੍ਰਧਾਨ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਭਾਜਪਾ ਦੇ ਜ਼ਿਲ੍ਹਾ ਅਹੁਦੇਦਾਰ, ਮੋਰਚੇ ਤੇ ਸੈੱਲ ਦੇ ਅਧਿਕਾਰੀ ਹਾਜ਼ਰ ਸਨ। ਸੂਬਾ ਸੰਗਠਨ ਮੰਤਰੀ ਸ੍ਰੀ ਨਿਵਾਸਲੂ ਨੇ ਕਿਹਾ ਕਿ 2014 'ਚ ਜਦੋਂ ਅਮਿਤ ਸ਼ਾਹ ਪ੍ਰਧਾਨ ਸਨ ਤਾਂ ਭਾਜਪਾ 11 ਕਰੋੜ ਮੈਂਬਰ ਬਣਾਉਣ 'ਚ ਸਫਲ ਰਹੀ ਸੀ। ਇਸ ਤੋਂ ਬਾਅਦ 2019 'ਚ ਜੇ.ਪੀ ਨੱਡਾ ਦੇ ਪ੍ਰਧਾਨ ਹੋਣ 'ਤੇ ਸੱਤ ਕਰੋੜ ਨਵੇਂ ਮੈਂਬਰ ਬਣਾਏ ਗਏ ਸਨ। ਇਸ ਤਰ੍ਹਾਂ ਭਾਜਪਾ 18 ਕਰੋੜ ਮੈਂਬਰਾਂ ਵਾਲੀ ਪਾਰਟੀ ਬਣ ਗਈ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ 8800002024 ਨੰਬਰ ਜਾਰੀ ਕੀਤਾ ਗਿਆ ਹੈ, ਜਿਸ 'ਤੇ ਮਿਸ ਕਾਲ ਕਰਕੇ ਤੁਸੀਂ ਭਾਜਪਾ ਦੇ ਮੈਂਬਰ ਬਣ ਸਕਦੇ ਹੋ। ਉਨ੍ਹਾਂ ਦੱਸਿਆ ਕਿ ਮੈਂਬਰਸ਼ਿਪ ਮੁਹਿੰਮ ਦਾ ਪਹਿਲਾ ਪੜਾਅ 1 ਸਤੰਬਰ ਤੋਂ 25 ਸਤੰਬਰ ਤੱਕ ਚੱਲੇਗਾ। ਮੈਂਬਰਸ਼ਿਪ ਮੁਹਿੰਮ ਦਾ ਦੂਜਾ ਪੜਾਅ 1 ਅਕਤੂਬਰ ਤੋਂ 15 ਅਕਤੂਬਰ ਤੱਕ ਚੱਲੇਗਾ, ਸਰਗਰਮ ਮੈਂਬਰਸ਼ਿਪ ਮੁਹਿੰਮ 16 ਅਕਤੂਬਰ ਤੋਂ 31 ਅਕਤੂਬਰ ਤੱਕ ਚੱਲੇਗੀ ਅਤੇ ਪ੍ਰਾਇਮਰੀ ਅਤੇ ਸਰਗਰਮ ਮੈਂਬਰਸ਼ਿਪ ਦਾ ਰਜਿਸਟਰ 1 ਨਵੰਬਰ ਤੋਂ 10 ਨਵੰਬਰ ਤੱਕ ਤਿਆਰ ਕੀਤਾ ਜਾਵੇਗਾ।

ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਮਨੋਰੰਜਨ ਕਾਲੀਆ ਅਤੇ ਸੂਬਾ ਜਨਰਲ ਸਕੱਤਰ ਅਨਿਲ ਸਰੀਨ ਨੇ ਕਿਹਾ ਕਿ ਪੰਜਾਬ ਵਿੱਚ ਵੀ ਭਾਜਪਾ ਦੇ 5 ਲੱਖ 65 ਹਜ਼ਾਰ ਮੈਂਬਰ ਬਣੇ ਸਨ, ਜਿਸ ਨਾਲ ਕੁੱਲ ਮੈਂਬਰਸ਼ਿਪ 29 ਲੱਖ ਹੋ ਗਈ ਹੈ। ਉਨ੍ਹਾਂ ਕਿਹਾ ਕਿ ਹੁਣ ਪੰਜਾਬ ਵਿੱਚ ਭਾਜਪਾ ਦੇ 50 ਲੱਖ ਮੈਂਬਰ ਜੋੜਨ ਦਾ ਰਾਸ਼ਟਰੀ ਪੱਧਰ ਦਾ ਟੀਚਾ ਹੈ। ਇਸ ਨੂੰ ਨੇਪਰੇ ਚਾੜ੍ਹਨ ਲਈ ਪੰਜਾਬ ਵਿੱਚ ਭਾਜਪਾ ਦੇ ਅਧਿਕਾਰੀ ਅਤੇ ਵਰਕਰ ਕਾਫੀ ਉਤਸ਼ਾਹਤ ਹਨ। ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ, ਮੈਂਬਰਸ਼ਿਪ ਅਭਿਆਨ ਦੇ ਜ਼ਿਲ੍ਹਾ ਇੰਚਾਰਜ ਨਿਧਕ ਸਿੰਘ ਬਰਾੜ, ਮੋਗਾ ਮੈਂਬਰਸ਼ਿਪ ਅਭਿਆਨ ਦੇ ਇੰਚਾਰਜ ਵਿਨੈ ਸ਼ਰਮਾ ਨੇ ਕਿਹਾ ਕਿ ਭਾਜਪਾ ਨੇ ਆਯੂਸ਼ਮਾਨ ਯੋਜਨਾ, ਪ੍ਰਧਾਨ ਮੰਤਰੀ ਆਵਾਸ ਯੋਜਨਾ, ਮੁਫ਼ਤ ਅਨਾਜ ਯੋਜਨਾ, ਉੱਜਵਲਾ ਯੋਜਨਾ ਨੂੰ ਮੁੱਖ ਰੱਖਦਿਆਂ ਡਾ. ਦੇਸ਼ ਦੇ ਗਰੀਬ ਲੋਕਾਂ ਨੂੰ ਟੂਟੀ ਸਕੀਮ, ਮੁਫਤ ਟਾਇਲਟ ਸਕੀਮ ਦੇ ਤਹਿਤ ਮੁਫਤ ਘਰ, ਮੁਫਤ ਅਨਾਜ, ਮੁਫਤ ਗੈਸ ਸਿਲੰਡਰ, ਮੁਫਤ ਸਫਾਈ, ਮੁਫਤ ਸਫਾਈ ਦੇ ਕੇ ਪੂਰੇ ਭਾਰਤ ਵਿੱਚ ਹੀ ਨਹੀਂ ਬਲਕਿ ਪੂਰੀ ਦੁਨੀਆ ਵਿੱਚ ਇੱਕ ਇਤਿਹਾਸ ਰਚਿਆ ਗਿਆ ਹੈ। ਦੇਸ਼ ਦੇ ਗਰੀਬ ਲੋਕਾਂ ਨੂੰ ਪੀਣ ਵਾਲਾ ਪਾਣੀ, ਮੁਫ਼ਤ ਪਖਾਨੇ। ਜਿਸ ਲਈ ਭਾਜਪਾ ਦੇ ਅਹੁਦੇਦਾਰਾਂ ਅਤੇ ਵਰਕਰਾਂ ਨੂੰ ਚਾਹੀਦਾ ਹੈ ਕਿ ਉਹ ਲੋਕਾਂ ਨੂੰ ਜਾਗਰੂਕ ਕਰਨ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਭਾਜਪਾ ਨਾਲ ਜੋੜਨ ਤਾਂ ਜੁ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਆਪਣੇ ਬਲਬੂਤੇ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਾ ਸਕੇ।



ਭਾਜਪਾ ਦੇ ਸੰਗਠਨ ਮੰਤਰੀ ਮੰਥਾਰੀ ਸ੍ਰੀ ਨਿਵਾਸਲੂ ਦਾ ਸਨਮਾਨ ਕਰਦੇ ਹੋਏ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ, ਨਿਧੜਕ ਸਿੰਘ ਬਰਾੜ ਤੇ ਹਾਜ਼ਰ ਆਗੂ।

## ਸਰਕਾਰੀ ਸਕੂਲ ਚੰਗਾਲ ਦੇ ਜੇਤੂ ਕਬੱਡੀ ਖਿਡਾਰੀਆਂ ਦਾ ਸਨਮਾਨ

**ਲੌਂਗੋਵਾਲ (ਕੁਲਦੀਪ ਅੱਤਰੀ, ਪ੍ਰਦੀਪ ਸਿੰਘ ਸੱਪਲ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੰਗਾਲ ਦੇ ਖਿਡਾਰੀਆਂ ਨੇ ਸੰਗਰੂਰ ਜ਼ੋਨ ਦੀ ਅਗਵਾਈ ਕਰਦਿਆਂ ਸਕੂਲ ਆਫ਼ ਐਮੀਨੈਂਸ ਸੰਗਰੂਰ ਵਿਖੇ ਹੋਈਆਂ 68ਵੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ ਕਬੱਡੀ ਨੈਸ਼ਨਲ ਸਟਾਈਲ ਅੰਡਰ-19 ਲੜਕਿਆਂ ਦੇ ਮੁਕਾਬਲਿਆਂ ਵਿੱਚ ਡੀ.ਪੀ.ਈ. ਅਮਰੀਕ ਸਿੰਘ ਤੇ ਤਰਨਵੀਰ ਸਿੰਘ ਸਿੱਧੂ ਵੱਲੋਂ ਕਰਵਾਈ ਅਣਥੱਕ ਮਿਹਨਤ ਸਦਕਾ ਵਧੀਆ ਪ੍ਰਦਰਸ਼ਨ ਕਰਕੇ ਪੂਰੇ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਆਪਣੇ ਸਕੂਲ ਅਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ।ਇਹ ਸ਼ਾਨਦਾਰ ਪ੍ਰਦਰਸ਼ਨ ਕਰਨ ਕਰਕੇ ਸਕੂਲ ਮੁਖੀ ਤੇ ਸਮੂਹ ਸਕੂਲ ਸਟਾਫ਼ ਤੇ ਵਿਦਿਆਰਥੀਆਂ ਵੱਲੋਂ ਜੇਤੂ ਖਿਡਾਰੀਆਂ ਦਾ ਸਕੂਲ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਅਤੇ ਜੇਤੂ ਖਿਡਾਰੀਆਂ ਅਤੇ ਡੀ.ਪੀ.ਈ. ਅਮਰੀਕ ਸਿੰਘ ਨੂੰ ਮੁਬਾਰਕਬਾਦ ਦਿੱਤੀ।ਇਸ ਮੌਕੇ ਕਰਾਏ ਸੰਖੇਪ ਅਤੇ ਪ੍ਰਭਾਵਸ਼ਾਲੀ ਸਨਮਾਨ ਸਮਾਰੋਹ ਦੌਰਾਨ ਡੀ.ਪੀ.ਈ. ਅਮਰੀਕ ਸਿੰਘ ਨੇ ਸਕੂਲ ਦੀਆਂ ਖੇਡਾਂ ਵਿੱਚ ਪ੍ਰਾਪਤੀਆਂ ਬਾਰੇ ਵਿਸਥਾਰਪੂਰਵਕ ਚਾਨਣਾ ਪਾਇਆ।

## ...ਸਫ਼ਾ 1 ਦੇ ਬਾਕੀ

### ਰਜਿਸਟਰੀ ਲਈ ਐੱਨ...

ਮੰਤਰੀਆਂ ਵਿੱਚੋਂ ਇੱਕ ਹੋਣ ਕਾਰਨ ਉਨ੍ਹਾ ਇਹ ਫੈਸਲਾ ਆਮ ਲੋਕਾਂ ਦੇ ਪਲਾਟਾਂ ਨੂੰ ਕਾਨੂੰਨੀ ਜਾਮਾ ਪਹਿਨਾਉਣ ਲਈ ਲਿਆ ਹੈ, ਨਾ ਕਿ ਗੈਰ-ਕਾਨੂੰਨੀ ਕਲੋਨੀਆਂ ਨੂੰ।ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਨਿਵੇਸ਼ਕਾਂ ਨੂੰ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰਨ ਦੀ ਸਹੂਲਤ ਦੇਣ ਲਈ ਰੰਗਦਾਰ ਅਸ਼ਟਾਮ ਪੇਪਰ ਪੇਸ਼ ਕੀਤੇ ਹਨ।ਉਨ੍ਹਾ ਕਿਹਾ ਕਿ ਇਸ ਨਾਲ ਇਹ ਯਕੀਨੀ ਹੋਵੇਗਾ ਕਿ ਜ਼ਮੀਨ ਦੀ ਵਰਤੋਂ ਸਿਰਫ਼ ਉਸ ਮਕਸਦ ਲਈ ਹੀ ਕੀਤੀ ਜਾਵੇ, ਜਿਸ ਲਈ ਨਿਵੇਸ਼ਕਾਂ ਨੇ ਪ੍ਰਵਾਨਗੀਆਂ ਮੰਗੀਆਂ ਸਨ।ਉਹਨਾ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਲੰਮੇ ਕੁਸ਼ਾਸਨ ਦੌਰਾਨ ਨਾਜਾਇਜ਼ ਕਾਲੋਨੀਆਂ ਵਿੱਚ ਵਾਧਾ ਹੋਇਆ, ਕਿਉਂਕਿ ਪਿਛਲੀਆਂ ਸਰਕਾਰਾਂ ਨੇ ਨਾਜਾਇਜ਼ ਕਾਲੋਨਾਈਜ਼ਰਾਂ ਦੀ ਸਰਪ੍ਰਸਤੀ ਕੀਤੀ।ਮੁੱਖ ਮੰਤਰੀ ਨੇ ਕਿਹਾ ਕਿ ਇਸ ਬਿੱਲ ਨਾਲ ਉਨ੍ਹਾਂ ਕਰੋੜਾਂ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ, ਜਿਨ੍ਹਾਂ ਆਪਣੀ ਮਿਹਨਤ ਦੀ ਕਮਾਈ ਨੂੰ ਗਲਤੀ ਨਾਲ ਗੈਰ-ਕਾਨੂੰਨੀ ਕਾਲੋਨੀਆਂ ਵਿੱਚ ਲਾ ਦਿੱਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਭੋਲੇ-ਭਾਲੇ ਲੋਕਾਂ ਨੇ ਆਪਣਾ ਪੈਸਾ ਘਰ ਬਣਾਉਣ ਲਈ ਲਾਇਆ ਸੀ, ਪਰ ਨਾਜਾਇਜ਼ ਕਾਲੋਨੀਆਂ ਕਾਰਨ ਮੁਸ਼ਕਲਾਂ ਵਿੱਚ ਘਿਰ ਗਏ। ਗੈਰ-ਕਾਨੂੰਨੀ ਕਾਲੋਨਾਈਜ਼ਰਾਂ ਨੂੰ ਪਨਾਹ ਦੇਣ ਵਾਲੇ ਆਗੂਆਂ ਨੂੰ ਜਨਤਾ ਕਦੇ ਵੀ ਮੁਆਫ਼ ਨਹੀਂ ਕਰੇਗੀ ਅਤੇ ਲੋਕ ਉਨ੍ਹਾਂ ਨੂੰ ਪਹਿਲਾਂ ਹੀ ਬਾਹਰ ਦਾ ਦਰਵਾਜ਼ਾ ਦਿਖਾ ਚੁੱਕੇ ਹਨ।ਉਨ੍ਹਾ ਵਿਅੰਗ ਕਰਦਿਆਂ ਕਿਹਾ ਕਿ ਇਹ ਆਗੂ ਹੁਣ ਆਪਣੇ ਕੀਤੇ ਦੀ ਮਾਫ਼ੀ ਮੰਗ ਰਹੇ ਹਨ, ਪਰ ਇਨ੍ਹਾਂ ਨੂੰ ਇਕ ਗੱਲ ਚੇਤੇ ਰੱਖਣੀ ਚਾਹੀਦੀ ਹੈ ਕਿ ਗਲਤੀਆਂ ਲਈ ਤਾਂ ਮੁਆਫ਼ੀ ਮੰਗੀ ਜਾ ਸਕਦੀ ਹੈ, ਪਰ ਗੁਨਾਹ ਮੁਆਫ਼ ਨਹੀਂ ਹੁੰਦੇ। ਇਨ੍ਹਾਂ ਆਗੂਆਂ ਨੇ ਸੂਬੇ ਅਤੇ ਇੱਥੋਂ ਦੇ ਲੋਕਾਂ ਵਿਰੁੱਧ ਘਿਨਾਉਣੇ ਅਪਰਾਧ ਕੀਤੇ ਹਨ, ਜਿਨ੍ਹਾਂ ਨੂੰ ਕਦੇ ਵੀ ਮੁਆਫ਼ ਨਹੀਂ ਕੀਤਾ ਜਾ ਸਕਦਾ।

### ਰਾਹੁਲ ਦੇ ਆਫਰ...

ਇੱਕ ਸਾਥ ਚੋਣਾਂ ਲੜਨ ਨੂੰ ਲੈ ਕੇ ਰਾਹੁਲ ਗਾਂਧੀ ਦੇ ਆਫਰ 'ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਸੰਜੈ ਸਿੰਘ ਨੇ ਕਿਹਾ—ਮੈਂ ਰਾਹੁਲ ਗਾਂਧੀ ਦੇ ਬਿਆਨ ਦਾ ਸਵਾਗਤ ਕਰਦਾ ਹਾਂ। ਉਨ੍ਹਾ ਕਿਹਾ ਕਿ ਸਾਡੀ ਪਹਿਲ ਭਾਜਪਾ ਨੂੰ ਹਰਾਉਣਾ ਹੈ। ਹਾਲਾਂਕਿ ਉਨ੍ਹਾ ਇਹ ਵੀ ਕਿਹਾ ਕਿ ਇਹ ਫੈਸਲਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਸਹਿਮਤੀ ਨਾਲ ਲਿਆ ਜਾਵੇਗਾ।

### 'ਦਿ ਈਸਟ ਵਾਰ ਐਵਾਰਡਜ਼...

ਵਜੋਂ ਜੰਗੀ ਜਗੀਰ ਪ੍ਰਦਾਨ ਕਰਦੀ ਹੈ, ਜਿਨ੍ਹਾਂ ਦੇ ਇਕਲੌਤੇ ਬੱਚੇ ਜਾਂ ਦੋ ਤੋਂ ਤਿੰਨ ਬੱਚੇ ਦੂਜੇ ਵਿਸ਼ਵ ਯੁੱਧ, ਕੌਮੀ ਐਮਰਜੈਂਸੀ 1962 ਅਤੇ 1971 ਦੌਰਾਨ ਭਾਰਤੀ ਫੌਜ 'ਚ ਸੇਵਾ ਨਿਭਾਅ ਚੁੱਕੇ ਹਨ।ਮੌਜੂਦਾ ਸਮੇਂ 83 ਲਾਭਪਾਤਰੀ ਇਸ ਨੀਤੀ ਤਹਿਤ ਲਾਭ ਲੈ ਰਹੇ ਹਨ।ਉਨ੍ਹਾ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਐਲਾਨ ਕੀਤਾ ਗਿਆ ਹੈ ਕਿ ਜਿਨ੍ਹਾਂ ਮਾਪਿਆਂ ਦੇ ਇਕਲੌਤੇ ਬੱਚੇ ਜਾਂ ਦੋ ਤੋਂ ਤਿੰਨ ਬੱਚੇ, ਜੋ ਦੂਜੇ ਵਿਸ਼ਵ ਯੁੱਧ, ਕੌਮੀ ਐਮਰਜੈਂਸੀ-1962 ਅਤੇ 1971 ਦੌਰਾਨ ਭਾਰਤੀ ਫੌਜ 'ਚ ਸੇਵਾ ਨਿਭਾਅ ਚੁੱਕੇ ਹਨ, ਉਨ੍ਹਾਂ ਨੂੰ 'ਦਿ ਈਸਟ ਪੰਜਾਬ ਵਾਰ ਐਵਾਰਡਜ਼ ਐਕਟ-1948' ਤਹਿਤ ਦਿੱਤੀ ਜਾਣ ਵਾਲੀ ਜੰਗੀ ਜਗੀਰ ਦੀ ਰਾਸ਼ੀ 10,000 ਰੁਪਏ ਸਾਲਾਨਾ ਤੋਂ ਵਧਾ ਕੇ 20,000 ਰੁਪਏ ਸਾਲਾਨਾ ਕੀਤੀ ਜਾਵੇਗੀ।ਇਸ ਬਿੱਲ 'ਤੇ ਵਿਚਾਰ ਕਰਨ ਤੋਂ ਬਾਅਦ ਇਸ ਬਿੱਲ ਨੂੰ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ।

### ਪਾਪਰਾ ਐਕਟ 1995...

31 ਜੁਲਾਈ 2024 ਤੋਂ ਪਹਿਲਾਂ ਲਿਖਤੀ ਸਮਝੌਤੇ ਤਹਿਤ ਖਰੀਦੇ ਗਏ ਆਪਣੇ ਛੋਟੇ-ਛੋਟੇ ਪਲਾਟਾਂ ਲਈ ਹੁਣ ਐੱਨ ਓ ਸੀ ਦੀ ਪ੍ਰਕਿਰਿਆ ਦਾ ਬੋਝ ਨਹੀਂ ਸਹਿਣਾ ਪਵੇਗਾ।ਵਿੱਤ ਮੰਤਰੀ ਚੀਮਾ ਨੇ ਕਿਹਾ ਕਿ 1995 ਵਿੱਚ ਬਣੇ ਪਾਪਰਾ ਐਕਟ ਦਾ ਉਦੇਸ਼ ਅਣਅਧਿਕਾਰਤ ਕਲੋਨੀਆਂ ਨੂੰ ਰੋਕਣਾ ਸੀ, ਪਰ ਕਾਂਗਰਸ ਅਤੇ ਅਕਾਲੀ-ਭਾਜਪਾ ਦੀ ਅਗਵਾਈ ਵਾਲੀਆਂ ਪਿਛਲੀਆਂ ਸਰਕਾਰਾਂ ਦੀਆਂ ਨਾਕਾਮੀਆਂ ਕਾਰਨ ਇਹ ਨਜਾਇਜ਼ ਕਲੋਨੀਆਂ ਵੱਡੇ ਪੱਧਰ 'ਤੇ ਫੈਲ ਗਈਆਂ, ਜਿਨ੍ਹਾਂ ਵਿੱਚ ਪਾਣੀ ਦੀ ਸਪਲਾਈ, ਸੀਵਰੇਜ ਅਤੇ ਲੋੜੀਂਦੇ ਚੌੜੇ ਰਸਤਿਆਂ ਵਰਗੀਆਂ ਬੁਨਿਆਦੀ ਸਹੂਲਤਾਂ ਵੀ ਨਹੀਂ ਹਨ।ਵਿੱਤ ਮੰਤਰੀ ਨੇ ਕਿਹਾ ਕਿ ਇਸ ਸੋਧ ਦੇ ਨਾਲ 500 ਗਜ਼ ਤੱਕ ਦੇ ਪਲਾਟਾਂ ਨੂੰ ਹੁਣ ਐੱਨ ਓ ਸੀ ਦੀ ਲੋੜ ਨਹੀਂ ਹੋਵੇਗੀ। ਉਨ੍ਹਾ ਕਿਹਾ ਕਿ ਇਸ ਕਦਮ ਨਾਲ ਸਰਕਾਰੀ ਖਜ਼ਾਨੇ ਲਈ ਮਾਲੀਆ ਪੈਦਾ ਹੋਣ ਦੀ ਉਮੀਦ ਹੈ, ਜਿਸ ਨਾਲ ਸਰਕਾਰ ਵੱਲੋਂ ਇਨ੍ਹਾਂ ਕਲੋਨੀਆਂ ਵਿੱਚ ਬੁਨਿਆਦੀ ਢਾਂਚੇ ਨੂੰ ਅੱਪਗ੍ਰੇਡ ਕੀਤਾ ਜਾਵੇਗਾ।

### ਤੱਟ ਰੱਖਿਅਕਾਂ ਦਾ ...

ਹੈ। ਅਧਿਕਾਰੀਆਂ ਨੇ ਦੱਸਿਆ ਕਿ ਸੋਮਵਾਰ ਹੈਲੀਕਾਪਟਰ ਨੂੰ ਪੋਰਬੰਦਰ ਗੁਜਰਾਤ ਦੇ ਨੇੜੇ ਮੋਟਰ ਟੈਂਕਰ ਹਰੀ ਲੀਲਾ ਤੋਂ ਇੱਕ ਜ਼ਖਮੀ ਚਾਲਕ ਦਲ ਦੇ ਮੈਂਬਰ ਨੂੰ ਕੱਢਣ ਲਈ ਰਾਤ 11 ਵਜੇ ਲਾਂਚ ਕੀਤਾ ਗਿਆ ਸੀ।ਇਸ ਦੌਰਾਨ ਹੈਲੀਕਾਪਟਰ ਨੂੰ ਐਮਰਜੈਂਸੀ ਲੈਂਡਿੰਗ ਕਰਨੀ ਪਈ ਅਤੇ ਸਮੁੰਦਰ 'ਚ ਜਾ ਡਿੱਗਿਆ।ਇੱਕ ਚਾਲਕ ਦਲ ਦੇ ਮੈਂਬਰ ਨੂੰ ਬਚਾਅ ਲਿਆ ਗਿਆ, ਪਰ ਬਾਕੀ ਤਿੰਨ ਚਾਲਕ ਦਲ ਦੇ ਮੈਂਬਰਾਂ ਦੀ ਭਾਲ ਜਾਰੀ ਹੈ।

### ਗਦਰ ਪਾਰਟੀ ਨਾਲ ...

ਬੋਲਦਿਆਂ ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਪਿਰਥੀਪਾਲ ਸਿੰਘ ਮਾੜੀਮੇਘਾ ਤੇ ਪੰਜਾਬ ਇਸਤਰੀ ਸਭਾ ਦੀ ਸੂਬਾਈ ਜਨਰਲ ਸਕੱਤਰ ਨਰਿੰਦਰ ਕੌਰ ਸੋਹਲ ਨੇ ਕਿਹਾ ਕਿ ਗ਼ਦਰੀਆਂ ਦੀ ਸੋਚ ਬਹੁਤ ਉੱਚੀ ਤੇ ਸੁੱਚੀ ਸੀ।ਗਦਰੀ ਵਿਦੇਸ਼ਾਂ ਵਿੱਚ ਗਏ ਤੇ ਕਿਰਤ ਕਰਨ ਸੀ, ਪਰ ਜਦੋਂ ਉਨ੍ਹਾਂ ਨੂੰ ਉਥੋਂ ਇਹ ਗਿਆਨ ਮਿਲਿਆ ਕਿ ਹਿੰਦੁਸਤਾਨ ਤੇ ਸੋਨੇ ਦੀ ਚਿੜੀ ਹੈ ਤੇ ਅੰਗਰੇਜ਼ ਸਾਡਾ ਸੋਨਾ ਲੁੱਟ ਕੇ ਆਪਣੇ ਮੁਲਕ ਲਈ ਜਾਂਦੇ ਹਨ।ਗ਼ਦਰੀਆਂ ਨੂੰ ਕਿਰਤ ਕਰਦਿਆਂ ਪਤਾ ਲੱਗਾ ਕਿ ਜਦੋਂ ਅੰਗਰੇਜ਼ਾਂ ਨੇ ਹਿੰਦੁਸਤਾਨ 'ਤੇ ਕਬਜ਼ਾ ਕੀਤਾ, ਉਸ ਵਕਤ ਸਾਰੀ ਦੁਨੀਆ ਦਾ ਸੋਨਾ ਭਾਰਤ ਵਿੱਚ ਜਮ੍ਹਾਂ ਹੋ ਚੁੱਕਾ ਸੀ।ਅਸਲੀਅਤ ਇਹ ਸੀ ਕਿ ਭਾਰਤ ਦਾ ਖੇਤੀ ਦਾ ਵਪਾਰ ਸਾਰੀ ਦੁਨੀਆ ਵਿੱਚ ਚਲਦਾ ਸੀ।ਉਸ ਵਕਤ ਵਪਾਰ ਸਮੁੰਦਰੀ ਜਹਾਜ਼ਾਂ ਰਾਹੀਂ ਹੁੰਦਾ ਸੀ ਤੇ ਸਾਰੇ ਮੁਲਕ ਨਾਲੋਂ ਵਧੇਰੇ ਸਮੁੰਦਰੀ ਜਹਾਜ਼ ਭਾਰਤ ਕੋਲ ਸਨ।ਇਸ ਸੋਚ ਨਾਲ ਗ਼ਦਰੀਆਂ ਨੇ ਯੋਜਨਾ ਬਣਾਈ ਕਿ ਵਿਦੇਸ਼ਾਂ 'ਚ ਹਿੰਦੁਸਤਾਨ ਜਾਇਆ ਜਾਏ ਤੇ ਅੰਗਰੇਜ਼ਾਂ ਨਾਲ ਹਥਿਆਰਬੰਦ ਸੰਘਰਸ਼ ਕਰਕੇ ਦੇਸ਼ ਆਜ਼ਾਦ ਕਰਵਾਇਆ ਜਾਵੇ, ਤਾਂ ਹੀ ਸਾਡਾ ਸੋਨਾ ਬਚ ਸਕਦਾ ਹੈ।ਗਦਰੀ ਇਸ ਸੋਚ ਨਾਲ ਹਿੰਦ ਆਏ ਤੇ ਉਨ੍ਹਾਂ ਭਾਰਤ ਦੀਆਂ ਦੇਸੀ ਫੌਜਾਂ ਨੂੰ ਆਪਣੇ ਨਾਲ ਜੋੜਿਆ।ਗਦਰ ਭਾਵ ਬਗਾਵਤ ਕਰਨ ਦੀਆਂ ਤਾਰੀਖਾਂ ਮਿੱਥੀਆਂ, ਪਰ ਅੰਗਰੇਜ਼ਾਂ ਦੇ ਟਾਊਟਾਂ ਨੇ ਗ਼ਦਰੀਆਂ ਦੀ ਯੋਜਨਾ ਕਾਮਯਾਬ ਨਾ ਹੋਣ ਦਿੱਤੀ।ਅੰਗਰੇਜ਼ਾਂ ਨੇ ਗ਼ਦਰੀਆਂ ਨੂੰ ਫ਼ੜ ਕੇ ਫਾਂਸੀਆਂ 'ਤੇ ਚਾੜ੍ਹਿਆ ਅਤੇ ਉਮਰ ਕੈਦ, ਜਾਇਦਾਦ ਜ਼ਬਤ ਤੇ ਕਾਲੇ ਪਾਣੀ ਦੀਆਂ ਸਜ਼ਾਵਾਂ ਦਿੱਤੀਆਂ।ਆਗੂਆਂ ਨੇ ਕਿਹਾ ਕਿ ਭਾਜਪਾ ਦੀ ਹਕੂਮਤ ਹਿੰਦੁਸਤਾਨ ਨੂੰ ਫਿਰ ਕਾਰਪੋਰੇਟ ਘਰਾਣਿਆਂ ਦੇ ਗੁਲਾਮ ਬਣਾਉਣ ਦੇ ਰਾਹ ਤੁਰੀ ਹੈ।ਜੇ ਸਾਡੀ ਸਮੂਹਿਕ ਵਸੋਂ ਮਰਦ ਤੇ ਔਰਤਾਂ ਜਾਗਰੂਕ ਹੋ ਸੰਘਰਸ਼ ਵਿੱਚ ਨਾ ਆਏ ਤਾਂ ਦੇਸ਼ ਦੇ ਹਾਲਾਤ ਖਤਰਨਾਕ ਹੋ ਸਕਦੇ ਹਨ।ਜੇ ਪੰਜਾਬ ਦੀ ਜੁਆਨੀ ਇਥੇ ਰੁਜ਼ਗਾਰ ਨਾ ਦਿੱਤਾ ਗਿਆ ਤੇ ਫਿਰ ਸਾਰੇ ਨੌਜਵਾਨ ਜ਼ਮੀਨ ਜਾਇਦਾਦਾਂ ਵੇਚ ਕੇ ਵਿਦੇਸ਼ਾਂ 'ਚ ਕਿਰਤ ਕਰਨ ਲਈ ਮਜਬੂਰ ਹੋਣਗੇ। ਸਟੇਜ 'ਤੇ ਪਿਰਥੀਪਾਲ ਸਿੰਘ ਮਾੜੀਮੇਘਾ, ਨਰਿੰਦਰ ਕੌਰ ਸੋਹਲ, ਗਦਰੀ ਸ਼ਹੀਦ ਭਾਈ ਤਾਰਾ ਸਿੰਘ ਦੇ ਪੋਤਰੇ ਗੁਰਿੰਦਰਪਾਲ ਸਿੰਘ, ਨਾਇਕ ਸਵਰਨ ਸਿੰਘ ਦੇ ਪਰਵਾਰ 'ਚੋਂ, ਕਵੀਸ਼ਰੀ ਜਥਾ ਕੁਲਦੀਪ ਸਿੰਘ ਚੱਠਾ ਤੇ ਬਾਪੂ ਮੇਵਾ, ਸੁਰਜੀਤ ਸਿੰਘ ਮਨਸੂਰਦੇਵਾ, ਸੂਬੇਦਾਰ ਰਛਪਾਲ ਸਿੰਘ ਬਲਾਕ ਪ੍ਰਧਾਨ ਚੋਹਲਾ ਸਾਹਿਬ, ਸੂਬੇਦਾਰ ਹਰਦੀਪ ਸਿੰਘ, ਸੂਬੇਦਾਰ ਬਲਕਾਰ ਸਿੰਘ, ਹਵਾਲਦਾਰ ਅਮਰੀਕ ਸਿੰਘ ਤੇ ਹਵਾਲਦਾਰ ਸੁਰਜੀਤ ਸਿੰਘ ਨੂੰ ਸਨਮਾਨਿਤ ਕੀਤਾ ਗਿਆ।

## ਸ਼੍ਰੋਮਣੀ ਕਮੇਟੀ ਦੇ ਵਫ਼ਦ ਨੇ ਰਾਜਪਾਲ ਪੰਜਾਬ ਨੂੰ ਸ਼ਤਾਬਦੀ ਸਮਾਗਮਾਂ ਲਈ ਦਿੱਤਾ ਸੱਦਾ ਪੱਤਰ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ 'ਚ ਸਿੱਖ ਸੰਸਥਾ ਦੇ ਵਫ਼ਦ ਨੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਚੰਡੀਗੜ੍ਹ ਵਿਖੇ ਮੁਲਾਕਾਤ ਕਰਕੇ ਉਨ੍ਹਾਂ ਨੂੰ ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਿਆਈ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਦੀ ਦੇ ਜੋਤੀ ਜੋਤਿ ਦਿਵਸ ਦੇ 450 ਸਾਲਾ ਸ਼ਤਾਬਦੀ ਸਮਾਗਮਾਂ 'ਚ ਸ਼ਮੂਲੀਅਤ ਕਰਨ ਲਈ ਸੱਦਾ ਪੱਤਰ ਦਿੱਤਾ।ਇਹ ਸ਼ਤਾਬਦੀ ਸ਼੍ਰੋਮਣੀ ਕਮੇਟੀ ਵੱਲੋਂ 13 ਤੋਂ 18 ਸਤੰਬਰ ਤੱਕ ਮਨਾਈ ਜਾਣੀ ਹੈ, ਜਿਸ ਦਾ ਮੁੱਖ ਸਮਾਗਮ 18 ਸਤੰਬਰ ਨੂੰ ਤਰਨ ਤਾਰਨ ਜ਼ਿਲ੍ਹੇ ਵਿੱਚ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਹੋਵੇਗਾ।

ਰਾਜਪਾਲ ਪੰਜਾਬ ਨਾਲ ਮੁਲਾਕਾਤ ਕਰਨ ਮੌਕੇ ਸ਼੍ਰੋਮਣੀ ਕਮੇਟੀ ਦੇ ਵਫ਼ਦ ਵਿੱਚ ਐਡਵੋਕੇਟ ਧਾਮੀ ਦੇ ਨਾਲ ਜਨਰਲ ਸਕੱਤਰ ਭਾਈ ਰਜਿੰਦਰ ਸਿੰਘ ਮਹਿਤਾ, ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਅਲਵਿੰਦਰਪਾਲ ਸਿੰਘ ਪੱਖੋਕੇ ਅਤੇ ਸੁਰਜੀਤ ਸਿੰਘ ਭਿੱਟੇਵੱਡ ਸ਼ਾਮਲ ਸਨ।ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਲਖਵੀਰ ਸਿੰਘ ਵੀ ਹਾਜ਼ਰ ਸਨ।

## ਆਤਮਾ ਰਾਮ ਮੈਮੋਰੀਅਲ ਕਾਨਵੈਂਟ ਸਕੂਲ ਦੇ ਬੱਚਿਆਂ ਨੇ ਜਿੱਤੇ ਗੋਲਡ ਤੇ ਸਿਲਵਰ ਮੈਡਲ



**ਬਰੇਟਾ (ਰੀਤਵਾਲ)**-ਆਤਮਾ ਰਾਮ ਮੈਮੋਰੀਅਲ ਕਾਨਵੈਂਟ ਸਕੂਲ ਦੇ ਵਿਦਿਆਰਥੀਆਂ ਨੇ ਇੰਟਰਨੈਸ਼ਨਲ ਪੱਧਰ ਤੇ ਗੋਲਡ ਅਤੇ ਸਿਲਵਰ ਮੈਡਲ ਜਿੱਤ ਕੇ ਦੇਸ਼ ਅਤੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਸਕੂਲ ਦੇ ਕੋਚ ਅਕਾਸ਼ਦੀਪ ਸਿੰਘ ਨੇ ਦੱਸਿਆ ਸਾਡੇ ਸਕੂਲ ਦੇ ਗਿਆਰ੍ਹਵੀਂ ਤੇ ਬਾਰ੍ਹਵੀਂ ਕਲਾਸ ਦੇ ਚਾਰ ਵਿਦਿਆਰਥੀਆਂ ਨੇ ਪਿਛਲੇ ਦਿਨੀਂ ਨੇਪਾਲ ਦੇ ਕਾਠਮੰਡੂ ਵਿੱਚ ਹੋਈ ਸਾਊਥ ਏਸ਼ੀਅਨ ਓਪਨ ਅੰਤਰਰਾਸ਼ਟਰੀ ਕਰਾਟੇ ਚੈਂਪੀਅਨਸ਼ਿਪ ਵਿੱਚ ਗੋਲਡ ਮੈਡਲ, ਸਿਲਵਰ ਮੈਡਲ ਤੇ ਬ੍ਰਾਊਂਜ ਮੈਡਲ ਜਿੱਤ ਕੇ ਦੇਸ਼ ਅਤੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ, ਜਿਸ ਵਿੱਚ ਸਕੂਲ ਦੇ 11ਵੀਂ ਕਲਾਸ ਦੇ ਵਿਦਿਆਰਥੀਆਂ 'ਚ ਹਰਮਨ ਸਿੰਘ ਨੇ ਗੋਲਡ ਮੈਡਲ, ਬਖਸ਼ਪ੍ਰੀਤ ਸਿੰਘ ਨੇ ਸਿਲਵਰ ਮੈਡਲ, ਲਵਪ੍ਰੀਤ ਸਿੰਘ ਨੇ ਬ੍ਰਾਊਜ ਮੈਡਲ ਤੇ 12ਵੀਂ ਕਲਾਸ ਦੇ ਵਿਦਿਆਰਥੀ ਰਣਵੀਰ ਸਿੰਘ ਨੇ ਬ੍ਰਾਊਂਜ ਮੈਡਲ ਜਿੱਤ ਕੇ ਸਕੂਲ ਤੇ ਜ਼ਿਲ੍ਹੇ ਦਾ ਨਾਂਅ ਰੌਸ਼ਨ ਕੀਤਾ। ਕੋਚ ਅਕਾਸ਼ਦੀਪ ਸਿੰਘ ਨੇ ਦੱਸਿਆ ਕਿ ਇਸ ਕਰਾਟੇ ਚੈਂਪੀਅਨਸ਼ਿਪ ਵਿੱਚ ਪਾਕਿਸਤਾਨ, ਬੰਗਲਾਦੇਸ਼, ਅਫ਼ਗਾਨਿਸਤਾਨ, ਨੇਪਾਲ, ਸ੍ਰੀਲੰਕਾ ਆਦਿ ਦੇਸ਼ਾਂ ਨੇ ਭਾਗ ਲਿਆ। ਸਕੂਲ ਦੇ ਚੇਅਰਮੈਨ ਸ਼ੈਰਿਕ ਗਰਗ ਨੇ ਵਿਦਿਆਰਥੀਆਂ ਨੂੰ ਜਿੱਤ ਦੀ ਵਧਾਈ ਦਿੰਦਿਆਂ ਕਿਹਾ ਉਨ੍ਹਾਂ ਦਾ ਮੁੱਖ ਮੰਤਵ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਤ ਕਰਨਾ ਹੈ।

## ਪੰਜਾਬੀਆਂ ਖਿਲਾਫ਼ ਜ਼ਹਿਰ ਉਗਲਣ ਵਾਲੀ ਐੱਮ ਪੀ ਕੰਗਣਾ ਨੂੰ ਭਾਜਪਾ ਨੱਥ ਪਾਵੇ : ਲੱਕੀ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸੀਨੀਅਰ ਕਾਂਗਰਸੀ ਆਗੂ ਨਰਿੰਦਰਪਾਲ ਸਿੰਘ ਲੱਕੀ ਨੇ ਕਿਹਾ ਕਿ ਭਾਜਪਾ ਆਗੂ ਤੇ ਐੱਮ.ਪੀ. ਕੰਗਨਾ ਰਣੌਤ ਹਮੇਸ਼ਾ ਪੰਜਾਬੀਆਂ ਖਿਲਾਫ਼ ਜ਼ਹਿਰ ਉਗਲਦੀ ਆ ਰਹੀ ਹੈ, ਜਿਸ ਲਈ ਭਾਜਪਾ ਆਪਣੀ ਇਸ ਮਹਿਲਾ ਆਗੂ 'ਤੇ ਸਖ਼ਤ ਕਾਰਵਾਈ ਕਰ ਨੱਥ ਪਾਵੇ। ਲੱਕੀ ਨੇ ਕਿਹਾ ਕਿ ਕਿਸਾਨ ਆਪਣੇ ਹੱਕਾਂ ਲਈ ਸ਼ਾਂਤਮਈ ਢੰਗ ਨਾਲ ਅੰਦੋਲਨ ਕਰ ਰਹੇ ਹਨ, ਪਰ ਐੱਮ.ਪੀ. ਕੰਗਨਾ ਰਣੌਤ ਵਲੋਂ ਅੰਦੋਲਨ ਬਾਰੇ ਕੀਤੀਆਂ ਅਪਮਾਨਜਨਕ ਟਿੱਪਣੀਆਂ ਦੀ ਅੱਜ ਹਰੇਕ ਵਰਗ ਨਿੰਦਾ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਮਹਿਲਾ ਆਗੂ ਪੰਜਾਬ ਦਾ ਸ਼ਾਂਤਮਈ ਮਾਹੌਲ ਖ਼ਰਾਬ ਕਰਨਾ ਚਾਹੁੰਦੀ ਹੈ, ਇਸ ਲਈ ਭਾਜਪਾ ਹਾਈਕਮਾਂਡ ਇਸ ਨੂੰ ਆਪਣੀ ਜ਼ੁਬਾਨ ਬੰਦ ਕਰਨ ਦੇ ਨਿਰਦੇਸ਼ ਦੇਵੇ ਜਾਂ ਪਾਰਟੀ ਤੋਂ ਬਾਹਰ ਦਾ ਰਾਸਤਾ ਦਿਖਾ ਦੇਵੇ। ਉਨ੍ਹਾਂ ਕਿਹਾ ਕਿ ਫ਼ਿਲਮੀ ਅਦਾਕਾਰਾ ਕੰਗਨਾ ਰਣੌਤ ਬੇਸ਼ੱਕ ਸਿਆਸਤ ਵਿਚ ਆ ਚੁੱਕੀ ਹੈ, ਪਰ ਉਸ ਨੂੰ ਤਜਰਬਾ ਨਾ ਹੋਣ ਕਾਰਨ ਉਹ ਬੇਤੁਕੇ ਬਿਆਨ ਦੇ ਕੇ ਆਪਣੀ ਹੀ ਪਾਰਟੀ ਨੂੰ ਢਾਹ ਲਗਾ ਰਹੀ ਹੈ। ਕਾਂਗਰਸੀ ਆਗੂ ਲੱਕੀ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਵਿਚ ਬੜੀ ਭਾਈਚਾਰਕ ਸਾਂਝ ਹੈ ਤੇ ਇੱਥੋਂ ਦਾ ਹਰੇਕ ਵਰਗ ਕਿਸਾਨ ਅੰਦੋਲਨ ਦਾ ਸਮਰਥਨ ਕਰ ਰਿਹਾ ਹੈ, ਕਿਉਂਕਿ ਜੇਕਰ ਕਿਸਾਨ ਪ੍ਰਫੁੱਲਤ ਹੋਵੇਗਾ ਤਾਂ ਹੀ ਸਾਡਾ ਦੇਸ਼ ਤੇ ਸੂਬਾ ਖੁਸ਼ਹਾਲ ਹੋਵੇਗਾ।



## ਵਾਰਡ ਨੰਬਰ 86-88 'ਚ ਨਵੇਂ ਟਿਊਬਵੈੱਲ ਕਾਰਜਾਂ ਦਾ ਉਦਘਾਟਨ

**ਲੁਧਿਆਣਾ (ਰਾਜ ਸਿੰਗਲਾ)** ਹਲਕੇ ਦੇ ਵਸਨੀਕਾਂ ਨੂੰ ਪੀਣ ਵਾਲਾ ਸਾਫ਼ ਪਾਣੀ ਮੁਹੱਈਆ ਕਰਾਉਣ ਦੇ ਮੰਤਵ ਨਾਲ, ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਤੋਂ ਵਿਧਾਇਕ ਚੌਧਰੀ ਮਦਨ ਲਾਲ ਬੱਗਾ ਵੱਲੋਂ ਵਾਰਡ ਨੰਬਰ 86-88 ਅਧੀਨ ਸ਼ਿਵਪੁਰੀ ਵਿਖੇ ਨਵੇਂ 25 ਹਾਰਸ ਪਾਵਰ ਟਿਊਬਵੈਲ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ ਕੰਜਕ (ਛੋਟੀ ਬੱਚੀ) ਹੱਥੋਂ ਕਰਾਇਆ ਗਿਆ।ਉਨ੍ਹਾਂ ਮਹਿਲਾ ਸਸ਼ਕਤੀਕਰਨ ਦਾ ਸਮਰਥਨ ਕਰਦਿਆਂ ਇਸ ਗੱਲ 'ਤੇ ਪਹਿਰਾ ਦੇਣ ਦਾ ਵੀ ਸੁਨੇਹਾ ਦਿੱਤਾ ਕਿ ਧੀਆਂ ਨੂੰ ਵੀ ਪੁੱਤਰਾਂ ਦੇ ਬਰਾਬਰ ਦਰਜਾ ਦਿੱਤਾ ਜਾਵੇ।ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਵੀ ਮੌਜੂਦ ਸਨ।ਵਿਧਾਇਕ ਬੱਗਾ ਨੇ ਕਿਹਾ ਕਿ ਬੀਤੇ ਸਮੇਂ ਦੌਰਾਨ ਪਾਣੀ ਦੀ ਕਾਫੀ ਕਿੱਲਤ ਸੀ ਅਤੇ ਉਨ੍ਹਾਂ ਦੀ ਚਿਰੋਕਣੀ ਮੰਗ ਨੂੰ ਪੂਰਾ ਕਰਦਿਆਂ ਵਾਰਡ ਵਿੱਚ ਨਵਾਂ ਟਿਊਬਵੈੱਲ ਲਾਇਆ ਜਾ ਰਿਹਾ ਹੈ ਤਾਂ ਜੁ ਵਸਨੀਕਾਂ ਨੂੰ ਕੋਈ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਕਿਹਾ ਕਿ ਹੁਣ ਸ਼ਿਵਪੁਰੀ ਦੇ ਨਾਲ-ਨਾਲ ਨੇੜਲੇ ਇਲਾਕਿਆਂ ਨੂੰ ਵੀ ਇਸਦਾ ਲਾਭ ਮਿਲੇਗਾ।


**DEBTS RECOVERY TRIBUNAL CHANDIGARH(DRT 3)**
Ground Floor, SCO No.33-34-35, Sector-17-A, Chandigarh - 160017

**ਮੁਕੱਦਮਾ ਨੰ. ਓ ਏ/438/2023**

ਕਰਜ਼ਾ ਵਸੂਲੀ ਟ੍ਰਿਬਿਊਨਲ (ਅਮਲ) ਰੂਲਜ਼, 1993 ਦੇ ਨਿਯਮ 5 ਦੇ ਸਬ-ਨਿਯਮ (2-ਏ) ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਤਹਿਤ ਸੰਮਨ

ਈ ਐੱਕਸ ਐੱਚ ਨੰ. 21586

ਇੰਡੀਅਨ ਬੈਂਕ
ਬਨਾਮ
ਅਜਮੇਰ ਸਿੰਘ

ਸੇਵਾ 'ਚ

(1) ਅਜਮੇਰ ਸਿੰਘ ਪੁੱਤਰ ਜੋਗਾ ਸਿੰਘ ਵਾਸੀ ਪਿੰਡ ਰਾਜਗੜ੍ਹ, ਤਹਿਸੀਲ ਸਮਰਾਲਾ, ਜ਼ਿਲ੍ਹਾ ਲੁਧਿਆਣਾ।
(2) ਸ੍ਰੀ ਕਰਨੈਲ ਸਿੰਘ ਪੁੱਤਰ ਜੋਗਾ ਸਿੰਘ ਵਾਸੀ ਪਿੰਡ ਰਾਜਗੜ੍ਹ, ਤਹਿਸੀਲ ਸਮਰਾਲਾ, ਜ਼ਿਲ੍ਹਾ ਲੁਧਿਆਣਾ।

**ਸੰਮਨ**

ਜਦੋਂ ਕਿ ਓ ਏ/438/2023 ਮਾਣਯੋਗ ਪ੍ਰਜ਼ਾਇਡਿੰਗ ਅਫਸਰ/ਰਜਿਸਟਰਾਰ ਸਨਮੁੱਖ 30/07/2024 ਨੂੰ ਸੂਚੀਬੱਧ ਕੀਤਾ ਗਿਆ ਸੀ।

ਜਦੋਂ ਕਿ ਤੁਹਾਡੇ ਵਿਰੁੱਧ ਰੁਪਏ 38,32,775/- ਦੀ ਕਰਜ਼ਾ ਵਸੂਲੀ ਲਈ ਉਕਤ ਅਰਜ਼ੀ 'ਤੇ ਐਕਟ ਦੇ ਸੈਕਸ਼ਨ 19 (4) (ਓ ਏ) ਤਹਿਤ (ਅਰਜ਼ੀ ਸਮੇਤ ਦਸਤਾਵੇਜ਼ਾਂ ਆਦਿ ਦੀਆਂ ਨਕਲਾਂ ਨੱਥੀ) ਇਹ ਮਾਣਯੋਗ ਟ੍ਰਿਬਿਊਨਲ ਸੰਮਨ/ਨੋਟਿਸ ਜਾਰੀ ਕਰਨ ਦੀ ਖੁਸ਼ੀ ਪ੍ਰਾਪਤ ਕਰ ਰਿਹਾ ਹੈ।

ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਦੇ ਅਨੁਸਾਰ, ਜਵਾਬਦੇਹਾਂ ਨੂੰ ਹੇਠਾਂ ਦਰਸਾਏ ਨਿਰਦੇਸ਼ ਦਿੱਤੇ ਜਾਂਦੇ ਹਨ :

(i) ਸੰਮਨ ਪ੍ਰਾਪਤੀ ਤੋਂ ਤੀਹ ਦਿਨਾਂ ਦੇ ਅੰਦਰ ਕਾਰਨ ਦੱਸਿਆ ਜਾਵੇ ਕਿ ਦਿੱਤੀ ਗਈ ਰਾਹਤ ਮਨਜ਼ੂਰ ਕਿਉਂ ਨਾ ਕੀਤੀ ਜਾਵੇ।
(ii) ਅਸਲ ਅਰਜ਼ੀ ਦੇ ਲੜੀ ਨੰ. 3 ਏ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਗਈਆਂ ਜਾਇਦਾਦਾਂ ਅਤੇ ਐੱਸਟਸ ਤੋਂ ਇਲਾਵਾ ਹੋਰ ਜਾਇਦਾਦਾਂ ਜਾਂ ਐੱਸਟਸ ਦੇ ਵੇਰਵਿਆਂ ਦਾ ਖੁਲਾਸਾ ਕਰਨਾ।
(iii) ਅਸਲ ਅਰਜ਼ੀ ਦੇ ਲੜੀ ਨੰ. 3 ਏ ਤਹਿਤ ਖੁਲਾਸਾ ਕੀਤੇ ਗਏ ਸਕਿਉਰਡ ਐੱਸਟਸ ਜਾਂ ਅਜਿਹੇ ਹੋਰ ਐੱਸਟਸ, ਲੰਬਿਤ ਸੁਣਵਾਈ ਅਤੇ ਜਾਇਦਾਦਾਂ ਦੀ ਕੁਰਕੀ ਲਈ ਅਰਜ਼ੀ ਦੇ ਨਿਪਟਾਰੇ ਸੰਬੰਧੀ ਤੁਹਾਡੇ 'ਤੇ ਪਾਬੰਦੀ ਹੈ।
(iv) ਜਿਹੜੀ ਸਕਿਉਰਟੀ 'ਤੇ ਹਿੱਤ ਲਾਗੂ ਹਨ/ ਜਾਂ ਹੋਰ ਐੱਸਟਸ ਅਤੇ ਅਸਲ ਅਰਜ਼ੀ ਦੇ ਲੜੀ ਨੰ. 3 ਏ 'ਚ ਖੁਲਾਸਾ ਕੀਤੀਆਂ ਗਈਆਂ ਜਾਇਦਾਦਾਂ ਟ੍ਰਿਬਿਊਨਲ ਦੀ ਅਗਾਊਂ ਮਨਜ਼ੂਰੀ ਤੋਂ ਬਿਨਾਂ, ਬਿਜ਼ਨਸ ਦੇ ਸਧਾਰਨ ਕੋਰਸ ਤੋਂ ਇਲਾਵਾ ਤੁਸੀਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਢੰਗ ਨਾਲ ਤਬਦੀਲ ਨਹੀਂ ਕਰ ਸਕਦੇ।
(v) ਸਕਿਉਰਡ ਐੱਸਟਸ ਦੀ ਵਿਕਰੀ ਜਾਂ ਬਿਜ਼ਨਸ ਦੇ ਸਧਾਰਨ ਕੋਰਸ 'ਚ ਹੋਰ ਐੱਸਟਸ ਅਤੇ ਜਾਇਦਾਦਾਂ ਅਤੇ ਅਜਿਹੇ ਐੱਸਟਸ 'ਤੇ ਸਕਿਉਰਟੀ ਰੱਖਦੇ ਬੈਂਕ ਜਾਂ ਵਿੱਤੀ ਸੰਗਠਨਾਂ ਦੇ ਖਾਤਿਆਂ 'ਚ ਵਿਕਰੀ ਰਾਹੀਂ ਜਮ੍ਹਾਂ ਅਜਿਹੀ ਆਮਦਨ ਸਾਕਾਰ ਵਿਕਰੀ ਆਮਦਨ ਦਾ ਹਿਸਾਬ ਦੇਣ ਲਈ ਤੁਸੀਂ ਜਵਾਬਦੇਹ ਹੋਵੇਗੇ।

ਤੁਹਾਨੂੰ ਲਿਖਤੀ ਬਿਆਨ ਸਮੇਤ ਬਿਨੈਕਾਰ ਨੂੰ ਉਸ ਦੀ ਨਕਲ ਦੇਣ ਦਾਇਰ ਕਰਨ ਨਾਲ ਰਜਿਸਟਰਾਰ ਦੇ ਸਨਮੁੱਖ 07/11/2024 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਦੇ ਵੀ ਨਿਰਦੇਸ਼ ਦਿੱਤੇ ਜਾਂਦੇ ਹਨ। ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਕੀਤੀ ਜਾਵੇਗੀ ਅਤੇ ਤੁਹਾਡੀ ਗੈਰ-ਹਾਜ਼ਰੀ 'ਚ ਫੈਸਲਾ ਦੇ ਦਿੱਤਾ ਜਾਵੇਗਾ।

ਮੇਰੇ ਦਸਤਖਤਾਂ ਤੇ ਟ੍ਰਿਬਿਊਨਲ ਦੀ ਮੋਹਰ ਨਾਲ 31.07.2024 ਨੂੰ ਜਾਰੀ ਕੀਤਾ ਗਿਆ।

**ਸੰਮਨ ਜਾਰੀ ਕਰਨ ਦੇ ਅਧਿਕਾਰਤ ਅਫਸਰ ਦੇ ਦਸਤਖਤ**

ਟਿੱਪਣੀ : ਜੋ ਲਾਗੂ ਨਹੀਂ, ਉਸ ਨੂੰ ਕੱਟ ਦਿੱਤਾ ਜਾਵੇ।



**ਭਾਰਤੀ ਰੇਲ**

**"ਸਾਰਵਜਨਿਕ ਸੂਚਨਾ"**

ਰੇਲਵੇ ਅਤੇ ਪਰਿਸਰਾਂ ਦੇ ਸਾਰੇ ਉਪਭੋਗਕਤਾਵਾਂ ਨੂੰ ਇਸ ਦੁਆਰਾ ਸੂਚਨਾ ਦਿਤੀ ਜਾਂਦੀ ਹੈ ਕਿ ਰੇਲਵੇ ਦੇ ਹੇਠਾਂ ਲਿਖਤ ਸੈਕਸ਼ਨ ਤੇ 25,000 ਵੋਲਟਸ 50 ਹਰਟਜ ਏ.ਸੀ. ਸ਼ਿਰੋਪਰੀ ਕਰਸ਼ਨ ਤਾਰਾਂ ਨੂੰ ਸੈਕਸ਼ਨ ਦੇ ਸਾਹਮਣੇ ਦਰਸਾਈ ਮਿਤੀ ਨੂੰ ਜਾਂ ਬਾਅਦ ਉਰਜਿਤ ਕੀਤਾ ਜਾਏਗਾ। ਉਸ ਮਿਤੀ ਅਤੇ ਉਸ ਮਿਤੀ ਦੇ ਬਾਅਦ ਸਾਰੇ ਸ਼ਿਰੋਪਰੀ ਉਪਸਕਰ ਕਰਸ਼ਨ ਲਾਈਨ ਨੂੰ ਹਰ ਸਮੇਂ ਹਮੇਸ਼ਾਂ ਦੇ ਲਈ ਬਿਜਲੀਮਈ ਮੰਨਿਆ ਜਾਏਗਾ ਅਤੇ ਕੋਈ ਵੀ ਅਣਅਧਿਕ੍ਰਿਤ ਵਿਅਕਤੀ ਉਸ ਸ਼ਿਰੋਪਰੀ ਉਪਸਕਰ ਲਾਈਨ ਦੇ ਨਜ਼ਦੀਕ ਦਾਖਲ ਨਾ ਹੋਵੇ ਜਾਂ ਕੰਮ ਕਰਨ ਨਹੀਂ ਜਾਏਗਾ।

| ਸੈਕਸ਼ਨ | ਤਾਰੀਕ |
|---|---|
| ਉਤਰ ਰੇਲਵੇ ਵਿਚ ਫਿਰੋਜਪੁਰ ਮੰਡਲ ਦੇ ਲੁਧਿਆਣਾ-ਜਲੰਧਰ ਸ਼ਹਿਰ ਸੈਕਸ਼ਨ ਵਿਚ ਚਿਹੇੜੂ ਸਟੇਸ਼ਨ ਤੇ ਲੰਬੇ ਲੂਪ ਲਾਈਨ ਦੇ ਕੰਮ (i) ਅਪ ਮੇਨ ਲਾਈਨ ਦੀ ਲੋਕੇਸ਼ਨ ਨੰ. 417/23 (ਕਿ.ਮੀ. ਚੈਨੇਜ 417/742.82) ਤੋਂ ਲੋਕੇਸ਼ਨ ਨੰ. 420/23 (ਕਿ.ਮੀ. ਚੈਨੇਜ 420/617.07) ਲੰਬੀ ਅਪ ਲੂਪ ਲਾਈਨ ਸਮੇਤ (ii) ਡਾਊਨ ਮੇਨ ਲਾਈਨ ਦੀ ਲੋਕੇਸ਼ਨ ਨੰ. 420/22 (ਕਿ.ਮੀ. ਚੈਨੇਜ 420/567.57) ਤੋਂ ਲੋਕੇਸ਼ਨ ਨੰ. 417/20 (ਕਿ.ਮੀ. ਚੈਨੇਜ 417/625.82) ਲੰਬੀ ਲਾਈਨ ਲੂਪ ਲਾਈਨ ਸਮੇਤ ਨੂੰ ਸੰਬੰਧਿਤ ਕ੍ਰਾਸ ਓਵਰ ਅਤੇ ਟਰਨ ਓਵਰ ਅਤੇ ਮੌਜੂਦਾ ਅਪ ਡਾਊਨ ਮੇਨ ਲਾਈਨ ਵਿਚ ਬਦਲਾਅ ਸਮੇਤ) | 12.09.2024 |

**ਏਸੀ 25 ਕੇਵੀ ਕਰਸ਼ਨ ਨੂੰ ਚਾਲੂ ਕਰਨਾ**

**"ਸੜਕ ਉਪਯੋਗਕਾਤਾਵਾਂ ਨੂੰ ਚੇਤਾਵਨੀ"**

ਸਰਵ ਸਾਧਾਰਨ ਦੀ ਸੂਚਨਾ ਦੇ ਲਈ ਅਧਿਸੂਚਿਤ ਕੀਤਾ ਜਾਂਦਾ ਹੈ ਕਿ ਉਤਰ ਰੇਲਵੇ ਵਿਚ ਫਿਰੋਜਪੁਰ ਮੰਡਲ ਦੇ ਲੁਧਿਆਣਾ - ਜਲੰਧਰ ਸ਼ਹਿਰ ਸੈਕਸ਼ਨ ਵਿਚ ਚਿਹੇੜੂ ਸਟੇਸ਼ਨ ਤੇ ਲੰਬੇ ਲੂਪ ਲਾਈਨ ਦੇ ਕੰਮ ਲਈ ਉਤਰ ਰੇਲਵੇ ਵਿਚ ਫਿਰੋਜਪੁਰ ਮੰਡਲ ਦੇ ਲੁਧਿਆਣਾ-ਜਲੰਧਰ ਸ਼ਹਿਰ ਸੈਕਸ਼ਨ ਵਿਚ ਚਿਹੇੜੂ ਸਟੇਸ਼ਨ ਤੇ ਲੰਬੇ ਲੂਪ ਲਾਈਨ ਦੇ ਕੰਮ (i) ਅਪ ਮੇਨ ਲਾਈਨ ਦੀ ਲੋਕੇਸ਼ਨ ਨੰ. 417/23 (ਕਿ.ਮੀ. ਚੈਨੇਜ 417/742.82) ਤੋਂ ਲੋਕੇਸ਼ਨ ਨੰ. 420/23 (ਕਿ.ਮੀ. ਚੈਨੇਜ 420/617.07) ਲੰਬੀ ਅਪ ਲੂਪ ਲਾਈਨ ਸਮੇਤ (ii) ਡਾਊਨ ਮੇਨ ਲਾਈਨ ਦੀ ਲੋਕੇਸ਼ਨ ਨੰ. 420/22 (ਕਿ.ਮੀ. ਚੈਨੇਜ 420/567.57) ਤੋਂ ਲੋਕੇਸ਼ਨ ਨੰ. 417/20 (ਕਿ.ਮੀ. ਚੈਨੇਜ 417/625.82) ਲੰਬੀ ਲਾਈਨ ਲੂਪ ਲਾਈਨ ਸਮੇਤ ਨੂੰ ਸੰਬੰਧਿਤ ਕ੍ਰਾਸ ਓਵਰ ਅਤੇ ਟਰਨ ਓਵਰ ਅਤੇ ਮੌਜੂਦਾ ਅਪ ਡਾਊਨ ਮੇਨ ਲਾਈਨ ਵਿਚ ਬਦਲਾਅ ਸਮੇਤ) 25 ਕੇਵੀ ਏਸੀ ਬਿਜਲੀ ਕਰਸ਼ਨ ਸ਼ੁਰੂ ਕਰਨ ਦੇ ਲਈ ਸਾਰੇ ਸਮਪਾਰਾਂ ਤੇ ਸੜਕ ਦੀ ਸਤਹਾ ਤੋਂ ਸਪਸ਼ਟ ਵਧ ਤੋਂ ਵਧ ਉਚਾਈ 4.78 ਮੀ. ਦੀ ਸਪਸ਼ਟ ਉਚਾਈ ਤੇ ਉਚਾਈ ਗੇਜੇ ਲਗਾਈਆਂ ਗਈਆਂ ਹਨ ਨੇੜਤਾ ਜਾਂ ਸੰਪਰਕ ਵਿਚ ਆਉਣ ਤੋਂ ਰੋਕਿਆ ਜਾ ਸਕੇ।

ਜਨ ਸਾਧਾਰਨ ਨੂੰ ਇਸ ਦੁਆਰਾ ਅਧਿਸੂਚਿਤ ਕੀਤਾ ਜਾਂਦਾ ਹੈ ਕਿ ਵਾਹਨਾਂ ਦੇ ਲਦਾਨ ਦੇ ਪ੍ਰਯੋਜਨ ਦੇ ਲਈ ਉਕਤ ਦਰਸਾਈ ਉਚਾਈ ਦਾ ਪਾਲਨ ਕਰਨ ਅਤੇ ਇਹ ਵੇਖਣ ਕਿ ਸੜਕ ਵਾਹਨ ਵਿਚ ਢੋਏ ਜਾ ਰਹੇ ਲੋਡ ਨਾਲ ਕਿਸੇ ਵੀ ਸਥਿਤੀ ਵਿਚ ਉਚਾਈ ਗੇਜਾਂ ਦਾ ਅਤਿਉਲੰਘਣ ਨਾ ਕਰਨ।

ਜ਼ਿਆਦਾ ਉਚਾਈ ਦੇ ਲੋਡ ਦੇ ਖਤਰੇ ਹੇਠਾਂ ਅਨੁਸਾਰ ਹਨ:

1. ਉਚਾਈ ਗੇਜ ਨੂੰ ਖਤਰਾ ਅਤੇ ਉਸ ਦੇ ਨਤੀਜੇ ਵਜੋਂ ਸੜਕ ਤੇ ਰੇਲ ਲਾਈਨ ਦਾ ਅਵਰੋਧ।
2. ਵਾਹਨ ਤੇ ਲੈ ਜਾਏ ਜਾ ਰਹੀਆਂ ਸਮਗਰੀਆਂ ਜਾਂ ਉਪਸਕਰ ਨੂੰ ਖਤਰਾ,
3. ਚਾਲਕਾਂ ਨੂੰ ਖਤਰਨਾਕ ਨੇੜਤਾ ਜਾਂ ਸੰਪਰਕ ਦੇ ਕਾਰਨ ਅਗ ਦਾ ਖਤਰਾ ਅਤੇ ਜੀਵਨ ਦੀ ਹਾਨੀ ਦਾ ਖਤਰਾ।

ਉਪ-ਮੁੱਖ ਬਿਜਲੀ ਇੰਜੀਨੀਅਰ/ਨਿ.
ਉਤਰ ਰੇਲਵੇ ਜਲੰਧਰ ਸ਼ਹਿਰ

ਨੰ. 17 ਬਿਜਲੀ ਨਿਰਮਾਣ ਟੀਆਰਡੀ ਜੇਯੂਸੀ 131 ਮਿਤੀ: 03.09.2024 2741/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



ਬੈਂਕ ਔਫ਼ ਬੜੌਦਾ
Bank of Baroda

BRANCH: Kakowal Ludhiana. SCO- 1, Dhir Colony Kakowal Road Ludhiana -141007

**ਰੂਲ-8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ, ਨਿਮਨਹਸਤਾਖਰੀ ਨੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (2002 ਦਾ 54) ਅਧੀਨ ਬੈਂਕ ਆਫ ਬੜੌਦਾ, ਕਾਕੋਵਾਲ, ਲੁਧਿਆਣਾ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟੀ ਇੰਟਰੈੱਸਟ ਇਨਫੋਰਸਮੈਂਟ ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ/ਗਰੰਟਰਾਂ ਨੂੰ ਹੇਠਾਂ ਦਰਸਾਈਆਂ ਮਿਤੀਆਂ 'ਤੇ ਨੋਟਿਸਾਂ 'ਚ ਹੇਠਾਂ ਦਰਸਾਈਆਂ ਰਕਮਾਂ, ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦੇ ਦਿੰਦੇ ਨੋਟਿਸ ਜਾਰੀ ਕੀਤੇ ਹਨ।

ਕਰਜ਼ਦਾਰ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ, ਕਰਜ਼ਦਾਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਹੇਠਾਂ ਦਰਸਾਏ ਖਾਤੇ ਵਿਰੁੱਧ ਦਰਜ ਤਰੀਕਾਂ 'ਤੇ ਕਬਜ਼ਾ ਹਾਸਲ ਕਰ ਲਿਆ ਹੈ।

ਸੰਬੰਧਤ ਪਾਰਟੀਆਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਇਸ ਜਾਇਦਾਦ ਸੰਬੰਧੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਕੋਈ ਵੀ ਸੌਦੇਬਾਜ਼ੀ ਬੈਂਕ ਆਫ ਬੜੌਦਾ ਕਾਕੋਵਾਲ, ਲੁਧਿਆਣਾ ਵੱਲੋਂ ਹੇਠਾਂ ਦਰਸਾਈ ਕੁਲ ਰਕਮ, ਉਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਸਮੇਤ ਵਸੂਲੀ ਜਾਵੇਗੀ।

**ਉਪਲਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰ ਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।**

| ਕਰਜ਼ਦਾਰ/ਗਰੰਟਰ ਅਤੇ ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਖੜੀ ਰਕਮ |
|---|---|---|---|---|
| (ਕਰਜ਼ਦਾਰ) : ਸ੍ਰੀ ਨੀਤੂ ਪਤਨੀ ਜਤਿੰਦਰ ਕੁਮਾਰ ਅਤੇ ਜਤਿੰਦਰ ਕੁਮਾਰ ਪੁੱਤਰ ਸ਼ਿਵ ਪਾਲ ਵਾਸੀ ਪਲਾਟ ਨੰ. 38, ਅਬਾਦੀ ਜਸਵਾਲ ਕਾਲੋਨੀ, ਨੇੜੇ ਸ਼ਿਵ ਮੰਦਰ, ਵਾਕਿਆ ਪਿੰਡ ਕਨੀਜਾ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ, ਪੰਜਾਬ-141007 | ਵਸੀਕਾ ਨੰ. 7156 ਮਿਤੀ 28-06-2011ਅਨੁਸਾਰ ਸ੍ਰੀ ਜਤਿੰਦਰ ਕੁਮਾਰ ਪੁੱਤਰ ਸ਼ਿਵ ਪਾਲ ਦੇ ਹੱਕ 'ਚ ਰਿਹਾਇਸ਼ੀ ਜਾਇਦਾਦ 51.25 ਵਰਗ ਗਜ਼ ਦਾ ਉਚਿਤ ਗਿਰਵੀਨਾਮਾ। ਪਲਾਟ ਨੰ. 38, ਅਬਾਦੀ ਜਸਵਾਲ ਕਾਲੋਨੀ, ਨੇੜੇ ਸ਼ਿਵ ਮੰਦਰ, ਵਾਕਿਆ ਪਿੰਡ ਕਨੀਜਾ, ਲੁਧਿਆਣਾ, ਖਸਰਾ ਨੰ. 39//6/1, 40//9/2, 10, 11/1, 39//15, 16, ਖੱਤਾ ਨੰ. 53/60, 54/61, ਜਮ੍ਹਾਂਬੰਦੀ ਸਾਲ 2007-2008 ਵਾਕਿਆ ਪਿੰਡ ਕਨੀਜਾ, ਅਬਾਦੀ ਜਸਵਾਲ ਨਗਰ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। ਹੱਦਾਂ : ਪੂਰਬ : ਗਲੀ 20' ਚੌੜੀ ਬਾਹੀ 13'0", ਉੱਤਰ : ਗੁਆਂਢੀ 35'-06", ਦੱਖਣ : ਗੁਆਂਢੀ 35'-06", ਪੱਛਮ : ਗੁਆਂਢੀ 13'-0" | 04-05-2024 | 31.08.2024 | ਸੰਕੇਤਕ ਕਬਜ਼ਾ<br>ਰੁਪਏ 11,44,531, ਜਿਸ 'ਚ 04.05.2024 ਤੋਂ ਬਕਾਇਆ, ਅਣਲਾਗੂ ਵਿਆਜ, ਅਵਿਹਾਰਕ ਵਿਆਜ ਅਤੇ ਇਸ 'ਤੇ ਹੋਰ ਚਾਰਜਿਜ਼ ਜਮ੍ਹਾਂ ਹੋਰ ਵਿਆਜ। |

ਮਿਤੀ : 03.09.2024 ਸਥਾਨ : ਲੁਧਿਆਣਾ ਅਧਿਕਾਰਤ ਅਫਸਰ



ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਧੱਕੇ ਨਾਲ ਕਿਸਾਨਾਂ ਦੀਆਂ ਜ਼ਮੀਨਾਂ 'ਤੇ ਕਬਜ਼ਾ ਕਰਨ ਦੇ ਵਿਰੋਧ 'ਚ ਡੀਸੀ ਦਫ਼ਤਰ ਅੱਗੇ ਧਰਨਾ



**ਤਰਨ ਤਾਰਨ (ਪ੍ਰਿਤਪਾਲ ਸਿੰਘ)**—ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਤਰਨ ਤਾਰਨ ਦੇ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ, ਸੂਬਾ ਆਗੂ ਹਰਪ੍ਰੀਤ ਸਿੰਘ ਸਿੱਧਵਾਂ, ਸੂਬਾ ਆਗੂ ਤੇ ਜ਼ਿਲ੍ਹਾਂ ਸਕੱਤਰ ਹਰਜਿੰਦਰ ਸਿੰਘ ਸ਼ਕਰੀ ਦੀ ਅਗਵਾਈ ਹੇਠ ਡੀਸੀ ਦਫ਼ਤਰ ਅੱਗੇ ਧਰਨਾ ਲਾਇਆ।ਧਰਨੇ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਸਤਨਾਮ ਸਿੰਘ ਪੰਨੂੰ, ਫਤਿਹ ਸਿੰਘ ਪਿੱਦੀ, ਰੇਸ਼ਮ ਸਿੰਘ ਘੁਰਕਵਿੰਡ, ਹਰਬਿੰਦਰਜੀਤ ਸਿੰਘ ਕੰਗ, ਦਵਿੰਦਰ ਕੌਰ ਪਿੱਦੀ, ਮਨਜੀਤ ਕੌਰ ਮੋਹਣਪੁਰਾ, ਕੁਲਵਿੰਦਰ ਕੌਰ ਵਲੀਪੁਰ ਨੇ ਕਿਹਾ ਕਿ 28 ਅਗਸਤ ਨੂੰ ਪ੍ਰਸ਼ਾਸਨ ਵੱਲੋਂ ਪਿੰਡ ਸ਼ੇਖ ਫੱਤਾ ਵਿਖੇ ਬਿਨਾਂ ਕਿਸੇ ਮੁਆਵਜ਼ਾ ਦਿੱਤੇ 1000 ਦੀ ਤਾਦਾਦ ਵਿੱਚ ਪੁਲਸ ਦੀ ਮਦਦ ਨਾਲ ਪ੍ਰਸ਼ਾਸਨ ਵੱਲੋਂ ਕਿਸਾਨਾਂ ਦੀਆਂ ਜ਼ਮੀਨਾਂ ਤੇ ਧੱਕੇ ਨਾਲ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਅਤੇ ਕਿਸਾਨਾਂ ਤੇ ਤਸ਼ੱਦਦ ਢਾਉਂਦੇ ਹੋਏ ਅਨੇਕਾਂ ਕਿਸਾਨਾਂ ਦੀਆਂ ਪੱਗਾਂ ਉਤਾਰੀਆਂ।ਉਨ੍ਹਾਂ ਕਿਹਾ 2013 ਐਕਟ ਅਨੁਸਾਰ ਜ਼ਮੀਨਾਂ ਦੇ ਬਜ਼ਾਰੀ ਰੇਟ ਨਾਲੋਂ ਚਾਰ ਗੁਣਾ ਵੱਧ ਭਾਅ ਅਤੇ 30% ਉਜਾੜਾ ਪੱਤਾ ਦਿੱਤਾ ਜਾਵੇ।ਕਿਸਾਨ ਗੁਰਸੇਵਕ ਸਿੰਘ ਪਿੰਡ ਸ਼ੇਖ ਫੱਤਾ ਦੀ ਤਿੰਨ ਏਕੜ ਜਮੀਨ ਜੋ ਹਾਈਵੇ ਵਿੱਚ ਨਹੀਂ ਆਉਂਦੀ ਪਰ ਪ੍ਰਸ਼ਾਸਨ ਵੱਲੋਂ ਪੋਕਲੈਨ ਅਤੇ ਜੇਸੀਬੀ ਨਾਲ ਉਸ ਦੀ ਝੋਨੇ ਦੀ ਫਸਲ ਬਰਬਾਦ ਕਰ ਦਿੱਤੀ ਗਈ ਹੈ ।ਇਸ ਦਾ ਹੁਕਮ ਦੇਣ ਵਾਲੇ ਅਧਿਕਾਰੀਆਂ ਤੇ ਸਖਤ ਕਾਰਵਾਈ ਕੀਤੀ ਜਾਵੇ ।ਪੀੜਤ ਕਿਸਾਨ ਨੂੰ ਇਕ ਲੱਖ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ। ਇਸ ਪ੍ਰੋਜੈਕਟ ਅਨੁਸਾਰ ਬਣ ਰਹੀਆਂ ਸੜਕਾਂ ਦੇ ਟਿਊਬਲ, ਘਰ, ਰਸਤੇ ਦੂਜੇ ਪਾਸੇ ਰਹਿ ਜਾਂਦੇ ਹਨ।ਉਹ ਇੱਕ ਪਾਸੇ ਕੀਤਾ ਜਾਵੇ।ਜ਼ਮੀਨੀ ਪੱਧਰ ਨਾਲੋਂ ਸੜਕ ਦਾ 20 ਤੋਂ 30 ਫੁੱਟ ਉੱਚਾ ਬਣਨ ਨਾਲ ਦੂਜੇ ਪਾਸੇ ਹੜਾਂ ਦਾ ਖਤਰਾ ਬਣ ਸਕਦਾ ਹੈ ।ਇਸ ਕਰਕੇ ਪਾਣੀ ਦੀ ਨਿਕਾਸੀ ਦਾ ਪ੍ਰਬੰਧ ਕੀਤਾ ਜਾਵੇ। ਕਿਸਾਨ ਆਗੂਆਂ ਨੇ ਕਿਹਾ ਕਿ ਇਸੇ ਤਰ੍ਹਾਂ ਜ਼ਿਲ੍ਹਾ ਪ੍ਰਬੰਧਕ ਕੰਪਲੈਕਸ ਦੇ ਸੀਵਰੇਜ ਦਾ ਪ੍ਰਦੂਸ਼ਣ ਪਾਣੀ ਓਵਰਫਲੋ ਹੋ ਕੇ ਨੈਸ਼ਨਲ ਹਾਈਵੇ ਤੇ ਪਿੰਡ ਪਿੱਦੀ ਦੀ ਕਲੋਨੀ ਵਿੱਚ ਜਾ ਰਿਹਾ ਹੈ ।ਇਸ ਨੂੰ ਰੋਕ ਕੇ ਡਰੇਨ ਵਿੱਚ ਪਾਇਆ ਜਾਵੇ।ਕੰਪਲੈਕਸ ਦਾ ਕੂੜਾ ਕਰਕਟ ਮਜ਼ਦੂਰਾਂ ਦੀ ਕਲੋਨੀ ਨਾਲ ਸੁੱਟਿਆ ਜਾ ਰਿਹਾ ਹੈ ਜੋ ਬਿਲਕੁਲ ਗੈਰ ਕਾਨੂੰਨੀ ਹੈ ।ਇਸ ਨੂੰ ਬੰਦ ਕੀਤਾ ਜਾਵੇ। ਨੈਸ਼ਨਲ ਹਾਈਵੇ ਤੇ ਪਿੰਡ ਅਲਾਦੀਨਪੁਰ ਨਜ਼ਦੀਕ ਪੁੱਲ ਹੇਠਾਂ ਪਿੰਡ ਚੁਤਾਲਾ ਨੂੰ ਜਾਂਦੀ ਸੜਕ ਤੁਰੰਤ ਬਣਾਈ ਜਾਵੇ।ਸਾਰਾ ਦਿਨ ਸੁਣਵਾਈ ਨਾ ਕੀਤੇ ਜਾਣ ਤੇ ਐੱਨ ਐੱਚ ਹਾਈਵੇ 54 ਨੂੰ ਜਾਮ ਕਰਕੇ ਧਰਨਾ ਲਾ ਦਿੱਤਾ ਗਿਆ।ਇਸ ਮੌਕੇ ਸਲਵਿੰਦਰ ਸਿੰਘ ਜੀਉਬਾਲਾ, ਪਰਮਜੀਤ ਸਿੰਘ ਸੀਨਾ, ਕੁਲਵਿੰਦਰ ਸਿੰਘ ਕੈਰੋਂਵਾਲ, ਮਨਜਿੰਦਰ ਸਿੰਘ ਗੋਲਵੜ, ਇਕਬਾਲ ਸਿੰਘ ਵੜਿੰਗ, ਮੁਖਤਾਰ ਬਿਹਾਰੀਪੁਰ, ਪਾਖਕਰ ਸਿੰਘ ਲਾਲਪੁਰ, ਸੁਖਵਿੰਦਰ ਸਿੰਘ ਦੁਗਲਵਾਲਾ, ਕੁਲਵੰਤ ਸਿੰਘ ਭੈਲ, ਗਿਆਨ ਸਿੰਘ ਚੋਹਲਾ ਖੁਰਦ, ਮਨਜੀਤ ਸਿੰਘ ਕਰਮੂਵਾਲਾ, ਹਰਵਿੰਦਰ ਸਿੰਘ ਆਸਲ, ਮੇਹਰ ਸਿੰਘ ਤਲਵੰਡੀ, ਦਿਲਬਾਗ ਸਿੰਘ ਪਹੂਵਿੰਡ, ਨਿਰੰਜਨ ਸਿੰਘ ਬਗਰਾੜੀ ,ਰੂਪ ਸਿੰਘ ਸੈਦੋ ਆਦਿ ਆਗੂ ਹਾਜ਼ਰ ਸਨ।

# ਸੂਬਾ ਸਰਕਾਰ ਮੁਲਾਜ਼ਮ ਤੇ ਪੈਨਸ਼ਨਰਾਂ ਦੀਆਂ ਮੰਗਾਂ ਤੁਰੰਤ ਮੰਨੇ : ਵਿਰਕ, ਗਿੱਲ

ਵੇਰਕਾ (ਰਾਣਾ)-ਪੰਜਾਬ ਸਰਕਾਰ ਦੇ ਸਾਢੇ 7 ਲੱਖ ਮੁਲਾਜ਼ਮ ਅਤੇ ਪੈਨਸ਼ਨਰਾਂ ਵਿੱਚ ਇਸ ਸਮੇਂ ਆਪਣੀ ਹੀ ਚੁਣੀ ਸਰਕਾਰ ਪ੍ਰਤੀ ਬੇਭਰੋਸਗੀ, ਗੁੱਸੇ ਅਤੇ ਰੋਸ ਦੀਆਂ ਭਾਵਨਾਵਾਂ ਦਿਨੋ-ਦਿਨ ਤੀਬਰਤਾ ਨਾਲ ਉਜਾਗਰ ਹੋ ਰਹੀਆਂ ਹਨ ਜਿਸ ਦਾ ਸਪੱਸ਼ਟ ਕਾਰਨ ਸਰਕਾਰ ਵੱਲੋਂ ਮੁਲਾਜ਼ਮ ਅਤੇ ਪੈਨਸ਼ਨਰਾਂ ਦੀਆਂ ਚਿਰਾ ਤੋਂ ਲਟਕਦੀਆਂ ਮੰਗਾਂ ਵੱਲ ਧਿਆਨ ਨਾ ਦੇ ਕੇ ਆਪਣੇ ਹੀ ਨਾਗਰਿਕਾਂ ਨੂੰ ਕਿਸੇ ਹੋਰ ਗ੍ਰਹਿ ਦੇ ਜੀਵ ਸਮਝਣਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਮੁਲਾਜ਼ਮ ਅਤੇ ਪੈਨਸ਼ਨਰ ਭਲਾਈ ਫਰੰਟ ਪੰਜਾਬ ਦੇ ਆਗੂਆਂ ਮਨਜੀਤ ਸਿੰਘ ਵਿਰਕ, ਕਰਨਰਾਜ ਸਿੰਘ ਗਿੱਲ, ਪ੍ਰਿੰਸੀਪਲ ਕਾਬਲ ਸਿੰਘ ਨਵਾਂ ਪਿੰਡ, ਲੈਕ: ਮੁਖਤਿਆਰ ਸਿੰਘ ਸਹੋਤਾ, ਲੈਕ: ਰਵਿੰਦਰ ਸਿੰਘ ਸੱਭਰਵਾਲ ਨੇ ਇੱਕ ਸਾਂਝਾ ਪ੍ਰੈੱਸ ਕਰਦਿਆਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ 6ਵੇਂ ਤਨਖ਼ਾਹ ਕਮਿਸ਼ਨ ਦੀਆਂ ਸਿਫਾਰਸ਼ ਅਨੁਸਾਰ ਮਿਤੀ 31-12-2015 ਨੂੰ 119% ਡੀ. ਏ. ਦੀ ਮੁੱਢਲੀ ਤਨਖ਼ਾਹ ਵਿੱਚ ਜੋੜ ਕੇ 2.59 ਦੇ ਗੁਣਾਂਕ ਨਾਲ ਪੈਨਸ਼ਨ ਸੋਧੀ ਜਾਵੇ। ਉਪਰੋਕਤ ਜਥੇਬੰਦਕ ਆਗੂਆਂ ਕਿਹਾ ਕਿ ਤਰਕਸੰਗਤ ਕਰਨ ਦੇ ਨਾਂ ਹੇਠ ਬੰਦ ਕੀਤੇ ਗਏ 37 ਭੱਤਿਆ ਨੂੰ ਲਾਗੂ ਕੀਤਾ ਜਾਵੇ, ਸਮੂਹ ਮੁਲਾਜ਼ਮ ਵਰਗ ਦੀ ਪੁਰਾਣੀ ਪੈਨਸ਼ਨ ਸਕੀਮ ( ਗੁਆਂਢੀ ਰਾਜ ਛੱਤੀਸਗੜ੍ਹ, ਰਾਜਸਥਾਨ ਅਤੇ ਹਿਮਾਚਲ ਪ੍ਰਦੇਸ਼ ਦੀ ਤਰਾਂ ਲਾਗੂ ਕੀਤੀ ਜਾਵੇ, ਸਮੂਹ ਮੁਲਾਜ਼ਮ ਅਤੇ ਪੈਨਸ਼ਨਰ ਨੂੰ 2000 ਰੁਪਏ ਮਹੀਨਾ ਮੈਡੀਕਲ ਭੱਤਾ ਦਿੱਤਾ ਜਾਵੇ, ਕੈਪਟਨ ਸਰਕਾਰ ਵਾਂਗੂ ਸਮੂਹ ਮੁਲਾਜ਼ਮ/ਪੈਨਸ਼ਨਰਾਂ ਵਾਸਤੇ ਕੈਸ਼ਲੈੱਸ ਮੈਡੀਕਲ ਸਕੀਮ ਲਾਗੂ ਕੀਤੀ ਜਾਵੇ, ਕਰੌਨਿਕ ਬਿਮਾਰੀਆਂ ਨਾਲ ਜੂਝ ਰਹੇ ਪੈਨਸ਼ਨਰ ਅਤੇ ਮੁਲਾਜ਼ਮਾਂ ਦਾ ਮੈਡੀਕਲ ਬਜਟ ਨਿਰਵਿਘਨ ਜਾਰੀ ਕੀਤਾ ਜਾਵੇ।

# ਪੰਜ ਤੋਲੇ ਸੋਨਾ ਤੇ ਡੇਢ ਲੱਖ ਰੁਪਏ ਨਕਦੀ ਚੋਰੀ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਕਾਦੀਆਂ ਦੇ ਪਿੰਡ ਕੋਟਲਾ ਮੂਸਾ ਦੇ ਵਿੱਚ ਚੋਰਾਂ ਦੇ ਵੱਲੋਂ ਦਿਨ ਦਿਹਾੜੇ ਘਰ ਦੇ ਅੰਦਰ ਦਾਖਲ ਹੋ ਕੇ ਪੰਜ ਤੋਲੇ ਸੋਨਾ ਤੇ ਡੇਢ ਲੱਖ ਰੁਪਏ ਦੀ ਨਗਦੀ ਚੋਰੀ ਕੀਤੇ ਜਾਣ ਦਾ ਸਮਾਚਾਰ ਮਿਲਿਆ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਪਰਿਵਾਰਿਕ ਮੈਂਬਰ ਰਾਜ ਕੌਰ ਪਤਨੀ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਉਹ ਮੰਗਲਵਾਰ ਸਵੇਰੇ 11:30 ਵਜੇ ਗੁਰਦੁਆਰਾ ਫਲਾਹੀ ਸਾਹਿਬ ਵਿਖੇ ਮੱਥਾ ਟੇਕਣ ਲਈ ਗਏ ਹੋਏ ਸਨ ਤਾਂ ਜਦੋਂ ਉਹ ਦੁਪਹਿਰ ਕਰੀਬ ਡੇਢ ਵਜੇ ਦੇ ਲਗਭਗ ਘਰ ਪਰਤੇ ਤਾਂ ਘਰ ਦੇ ਪਿਛਲੇ ਪਾਸੇ ਚੋਰਾਂ ਦੇ ਵੱਲੋਂ ਬਾਰੀ ਨੂੰ ਤੋੜ ਕੇ ਅੰਦਰ ਦਾਖਲ ਹੋ ਕੇ ਅਲਮਾਰੀ ਵਿੱਚ ਪਏ ਪੰਜ ਤੋਲੇ ਸੋਨੇ ਦੇ ਗਹਿਣੇ ਤੇ ਡੇਢ ਲੱਖ ਰੁਪਏ ਨਗਦੀ ਚੋਰੀ ਕਰਕੇ ਫਰਾਰ ਹੋ ਗਏ ਸਨ।ਇਸ ਸਬੰਧੀ ਉਨਾਂ ਨੇ ਕਾਦੀਆਂ ਪੁਲਿਸ ਨੂੰ ਸੂਚਿਤ ਕਰ ਦਿੱਤਾ ਹੈ।ਉਧਰ ਦੂਜੇ ਪਾਸੇ ਘਟਨਾ ਸਥਾਨ ਤੇ ਪਹੁੰਚੀ ਕਾਦੀਆਂ ਪੁਲਸ ਦੇ ਵੱਲੋਂ ਜਾਂਚ ਸ਼ੁਰੂ ਕਰ ਦਿੱਤੀ ਹੈ।ਪੁਲਸ ਦੇ ਵੱਲੋਂ ਘਟਨਾ ਸਥਾਨ ਦਾ ਜਾਇਜ਼ਾ ਲੈਣ ਉਪਰੰਤ ਆਪਣੇ ਵੱਲੋਂ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।ਪਰਿਵਾਰਿਕ ਮੈਂਬਰਾਂ ਨੇ ਦੱਸਿਆ ਹੈ ਕਿ ਉਨਾਂ ਦੇ ਇਸ ਹੋਏ ਨੁਕਸਾਨ ਦੀ ਕੁੱਲ ਕੀਮਤ ਕਰੀਬ 5 ਤੋਂ 6 ਲੱਖ ਰੁਪਆ ਬਣਦੀ ਹੈ। ਉਨ੍ਹਾਂ ਨੇ ਪੁਲਸ ਪ੍ਰਸ਼ਾਸਨ ਦੇ ਕੋਲੋਂ ਮੰਗ ਕੀਤੀ ਹੈ ਕਿ ਇਨਾਂ ਚੋਰਾਂ ਨੂੰ ਜਲਦੀ ਤੋਂ ਜਲਦੀ ਗ੍ਰਿਫਤਾਰ ਕੀਤਾ ਜਾਵੇ। ਇੱਥੇ ਦੱਸਣ ਯੋਗ ਹੈ ਕਿ ਪੁਲਿਸ ਥਾਣਾ ਕਾਦੀਆਂ ਅਧੀਨ ਆਉਂਦੇ ਵੱਖ-ਵੱਖ ਥਾਵਾਂ ਤੇ ਆਏ ਦਿਨ ਹੀ ਅਜਿਹੀਆਂ ਘਟਨਾਵਾਂ ਵਾਪਰ ਰਹੀਆਂ ਹਨ ਅਤੇ ਚੋਰੀ ਦੀਆਂ ਘਟਨਾਵਾਂ ਵਾਪਰਨ ਦੇ ਕਾਰਨ ਜਿੱਥੇ ਲੋਕਾਂ ਦੇ ਵਿੱਚ ਡਰ ਦਾ ਮਾਹੌਲ ਹੈ ਉੱਥੇ ਹੀ ਲੋਕ ਹੁਣ ਆਪਣੇ ਕਿਸੇ ਰਿਸ਼ਤੇਦਾਰ ਕੋਲ ਜਾਣ ਅਤੇ ਗੁਰਦੁਆਰਾ ਸਾਹਿਬ ਵਿੱਚ ਜਾਣ ਤੋਂ ਵੀ ਗੁਰੇਜ ਕਰ ਰਹੇ ਹਨ ਕਿਉਂਕਿ ਉਹ ਹੁਣ ਕਾਦੀਆਂ ਅਧੀਨ ਵੱਖ-ਵੱਖ ਥਾਵਾਂ ਤੇ ਲੋਕ ਆਪਣੇ ਆਪ ਨੂੰ ਸੁਰੱਖਿਤ ਮਹਿਸੂਸ ਨਹੀਂ ਕਰ ਰਹੇ ਹਨ।

# ਮੂੰਹ 'ਤੇ ਕੱਪੜਾ ਬੰਨ੍ਹ ਕੇ ਵਹੀਕਲ ਚਲਾਉਣ 'ਤੇ ਪਾਬੰਦੀ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਸ਼ਹਿਰਾਂ ਅਤੇ ਵੱਖ-ਵੱਖ ਇਲਾਕਿਆਂ ਵਿੱਚ ਆਏ ਦਿਨ ਨਕਾਬਪੋਸ਼ਾਂ ਵੱਲੋਂ ਲੁੱਟਾਂ ਖੋਹਾਂ, ਕਤਲ, ਡਕੈਤੀਆਂ ਅਤੇ ਚੈਨ ਸਨੈਚਿੰਗ ਦੇ ਮਾਮਲਿਆਂ ਵਿੱਚ ਜਦੋਂ ਪੁਲਿਸ ਵੱਲੋਂ ਵਾਰਦਾਤ ਵਾਲੀ ਜਗ੍ਹਾ ਤੇ ਲੱਗੇ ਸੀ.ਸੀ.ਟੀ.ਵੀ. ਫੁਟੇਜ ਦੀ ਪੜਤਾਲ ਕੀਤੀ ਜਾਂਦੀ ਹੈ ਤਾਂ ਫੁਟੇਜ ਵਿੱਚ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਵਿਅਕਤੀਆਂ ਦਾ ਮੂੰਹ ਕੱਪੜੇ ਜਾਂ ਮਾਸਕ ਨਾਲ ਪੂਰੀ ਤਰ੍ਹਾਂ ਢੱਕਿਆ ਹੁੰਦਾ ਹੈ। ਇਸ ਲਈ ਸੁਰੱਖਿਆ, ਅਮਨ ਅਤੇ ਕਾਨੂੰਨ ਦੀ ਸਥਿਤੀ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਗੁਰਦਾਸਪੁਰ ਵਿੱਚ ਕਿਸੇ ਵੀ ਵਿਅਕਤੀ ਵੱਲੋਂ ਆਪਣੇ ਮੂੰਹ ਨੂੰ ਕੱਪੜੇ ਨਾਲ ਢੱਕ ਕੇ ਪੈਦਲ ਚੱਲਣ ਜਾਂ ਦੋ ਪਹੀਆ ਵਾਹਨ ਚਲਾਉਣ ਤੇ ਪਾਬੰਦੀ ਲਗਾਉਣੀ ਜ਼ਰੂਰੀ ਹੈ। ਇਸ ਸਭ ਨੂੰ ਧਿਆਨ ਵਿੱਚ ਰੱਖਦੇ ਹੋਏ ਸ੍ਰੀ ਸੁਰਿੰਦਰ ਸਿੰਘ, ਪੀ.ਸੀ.ਐੱਸ., ਵਧੀਕ ਜ਼ਿਲ੍ਹਾ ਮੈਜਿਸਟਰੇਟ, ਗੁਰਦਾਸਪੁਰ ਨੇ ਫ਼ੌਜਦਾਰੀ ਜ਼ਾਬਤਾ ਸੰਘਤਾ 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਗੁਰਦਾਸਪੁਰ ਵਿੱਚ ਮੂੰਹ ਤੇ ਕੱਪੜਾ ਬੰਨ੍ਹ ਕੇ ਜਾਂ ਮੂੰਹ ਨੂੰ ਕਵਰ ਕਰਕੇ ਪੈਦਲ ਚੱਲਣ ਜਾਂ ਵਹੀਕਲ ਚਲਾਉਣ ਤੇ ਸਖ਼ਤ ਪਾਬੰਦੀ ਲਗਾ ਦਿੱਤੀ ਹੈ। ਪਾਬੰਦੀ ਦਾ ਇਹ ਹੁਕਮ 30 ਅਗਸਤ 2024 ਤੋਂ 28 ਅਕਤੂਬਰ 2024 ਤੱਕ ਲਾਗੂ ਰਹੇਗਾ।

# ਪੀ ਐੱਚ ਸੀ ਰਣਜੀਤ ਬਾਗ਼ ਵਿਖੇ ਕੌਮੀ ਖੁਰਾਕ ਹਫਤਾ 1 ਤੋਂ 7 ਤੱਕ ਜਾਰੀ : ਐੱਸ ਐੱਮ ਓ

**ਗੁਰਦਾਸਪੁਰ (ਜਨਕ ਮਹਾਜਨ)**- ਸਿਵਲ ਸਰਜਨ ਗੁਰਦਾਸਪੁਰ ਡਾ. ਭਾਰਤ ਭੂਸ਼ਨ ਦੇ ਦਿਸ਼ਾ ਨਿਰਦੇਸ਼ਾਂ ਅਤੇ ਐਸ. ਐਮ. ਓ. ਡਾ. ਅਨੀਤਾ ਗੁਪਤਾ ਦੀ ਅਗਵਾਈ ਹੇਠ ਪੀ. ਐਚ. ਸੀ. ਰਣਜੀਤ ਬਾਗ਼ ਵਿਖੇ ਚੰਗੀ ਤੇ ਨਰੋਈ ਸਿਹਤ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਲਈ "ਕੌਮੀ ਖੁਰਾਕ ਹਫਤਾ" ਸਿਹਤ ਵਿਭਾਗ ਵੱਲੋਂ 1 ਤੋਂ 7 ਸਤੰਬਰ ਤਕ ਮਨਾਇਆ ਜਾ ਰਿਹਾ ਹੈ ਜਿਸ ਦੌਰਾਨ ਲੋਕਾਂ ਨੂੰ ਜਾਗਰੂਕ ਕਰਨ ਲਈ ਪਿੰਡ ਪੱਧਰ ਤੱਕ ਸੰਚਾਰ ਦੇ ਵੱਖ ਵੱਖ ਸਾਧਨਾਂ ਰਾਹੀ ਜਾਗਰੂਕ ਕੀਤਾ ਜਾਵੇਗਾ। ਡਾ. ਅਨੀਤਾ ਗੁਪਤਾ ਨੇ ਦੱਸਿਆ ਕਿ ਚੰਗੀ ਸਿਹਤ ਲਈ ਵਧੀਆ ਖੁਰਾਕ ਦੀ ਲੋੜ ਹੁੰਦੀ ਹੈ ਅਤੇ ਵਿਸ਼ੇਸ਼ ਤੌਰ 'ਤੇ ਗਰਭਵਤੀ ਮਾਵਾਂ ਨੂੰ ਹਰੀਆ ਸਬਜੀਆਂ ਦੁੱਧ, ਫਲ ਉਬਲੀਆਂ ਦਾਲਾਂ ਆਦਿ ਦੀ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪੌਸ਼ਟਿਕ ਅਹਾਰ ਚੰਗੀ ਸਿਹਤ ਅਤੇ ਤੰਦਰੁਸਤੀ ਦਾ ਕੇਂਦਰ ਬਿੰਦੂ ਹੈ। ਇਹ ਸਰੀਰ ਨੂੰ ਊਰਜਾ ਪ੍ਰਦਾਨ ਕਰਕੇ ਇਸ ਨੂੰ ਮਜਬੂਤ ਬਣਾਉਂਦਾ ਹੈ। ਪੌਸ਼ਟਿਕਤਾ ਮੌਜੂਦਾ ਅਤੇ ਅਗਲੀ ਪੀੜੀ ਲਈ ਬਚਾਅ, ਸਿਹਤ ਅਤੇ ਵਿਕਾਸ ਪੱਖੋਂ ਬੇਹੱਦ ਗੰਭੀਰ ਮੁੱਦਾ ਹੈ। ਉਨ੍ਹਾਂ ਦੱਸਿਆ ਕਿ ਬਲਾਕ ਦੇ ਸਾਰੇ ਸਿਹਤ ਕੇਂਦਰਾਂ 'ਚ ਗਰਭਵਤੀ ਮਾਵਾਂ, ਕਿਸ਼ੋਰ ਬੱਚਿਆਂ ਆਦਿ ਨੂੰ ਸੰਤੁਲਿਤ ਖੁਰਾਕ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਮੌਕੇ ਐਜੂਕੇਟਰ ਸੰਦੀਪ ਕੌਰ ਨੇ ਦੱਸਿਆ ਕਿ ਪੌਸ਼ਟਿਕ ਹਫਤੇ ਦਾ ਮੁੱਖ ਮੰਤਵ ਸਿਹਤ ਲਈ ਪੋਸ਼ਣ ਦੇ ਮਹਤਵ ਬਾਰੇ ਜਾਗਰੂਕਤਾ ਪੈਦਾ ਕਰਨਾ ਹੈ। ਤਲੇ ਹੋਏ ਪਦਾਰਥਾਂ ਅਤੇ ਫਾਸਟ ਫੂਡ ਤੋਂ ਪਰਹੇਜ਼ ਕਰੋ, ਨਮਕ ਅਤੇ ਚੀਨੀ ਦੀ ਵਰਤੋਂ ਘੱਟ ਕਰੋ ਅਤੇ ਸਿਗਰਟ ਤੇ ਸ਼ਰਾਬ ਦਾ ਵਰਤੋਂ ਨਾ ਕੀਤੀ ਜਾਵੇ। ਉਨ੍ਹਾਂ ਦੱਸਿਆ ਵਿਸ਼ਵ ਸਿਹਤ ਸੰਗਠਨ ਅਨੁਸਾਰ ਅੰਸਤੁਲਿਤ ਖੁਰਾਕ ਅਤੇ ਸਰੀਰਕ ਗਤੀਵਿਧੀਆਂ ਦੀ ਘਾਟ ਨਾਲ ਗੈਰ ਸੰਚਾਰੀ ਬਿਮਾਰੀਆਂ ਜਿਵੇਂ ਕਿ ਬਲੱਡ ਪ੍ਰੈਸ਼ਰ, ਸ਼ੂਗਰ ਅਤੇ ਮੋਟਾਪਾ ਹੋਣ ਦਾ ਖਤਰਾ ਰਹਿੰਦਾ ਹੈ। ਇਸ ਲਈ ਹਮੇਸ਼ਾ "ਸੰਤੁਲਿਤ ਖੁਰਾਕ" ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ।

# ਵਿਆਹ ਪੁਰਬ ਦੌਰਾਨ ਸ਼ਰਾਰਤੀ ਅਨਸਰਾਂ ਦੀ ਹੁੱਲੜਬਾਜ਼ੀ ਨੂੰ ਰੋਕਣ ਲਈ ਪਾਬੰਦੀ ਦੇ ਹੁਕਮ ਜਾਰੀ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)** – ਜ਼ਿਲ੍ਹਾ ਗੁਰਦਾਸਪੁਰ ਦੇ ਸ਼ਹਿਰ ਬਟਾਲਾ ਵਿਖੇ 10 ਸਤੰਬਰ 2024 ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਵਿਆਹ ਪੁਰਬ ਮਨਾਇਆ ਜਾ ਰਿਹਾ ਹੈ। ਆਮ ਤੌਰ ਤੇ ਦੇਖਣ ਵਿੱਚ ਆਇਆ ਹੈ ਕਿ ਇਸ ਮੇਲੇ ਵਿੱਚ ਸ਼ਰਾਰਤੀ ਅਨਸਰ ਟਰੈਕਟਰਾਂ ਅਤੇ ਹੋਰ ਵਾਹਨਾਂ ਉੱਪਰ ਹੁੱਲੜਬਾਜ਼ੀ ਕਰਦੇ ਹਨ, ਉੱਚੀ ਅਵਾਜ਼ ਵਿੱਚ ਸਪੀਕਰ ਲਗਾਉਂਦੇ ਹਨ, ਬੁਲਟ ਮੋਟਰਸਾਈਕਲਾਂ ਦੇ ਪਟਾਕੇ ਮਰਵਾਉਂਦੇ ਹਨ ਜਿਸ ਨਾਲ ਆਮ ਪਬਲਿਕ ਖ਼ਾਸ ਕਰਕੇ ਬਜ਼ੁਰਗਾਂ ਅਤੇ ਛੋਟੇ ਬੱਚਿਆਂ ਨੂੰ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਸਭ ਨੂੰ ਧਿਆਨ ਵਿੱਚ ਰੱਖਦੇ ਹੋਏ ਸ੍ਰੀ ਸੁਰਿੰਦਰ ਸਿੰਘ, ਪੀ.ਸੀ.ਐੱਸ., ਵਧੀਕ ਜ਼ਿਲ੍ਹਾ ਮੈਜਿਸਟਰੇਟ, ਗੁਰਦਾਸਪੁਰ ਫ਼ੌਜਦਾਰੀ ਜ਼ਾਬਤਾ 1973 ਦੀ ਧਾਰਾ 144 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਇਹ ਹੁਕਮ ਜਾਰੀ ਕੀਤੇ ਹਨ ਜ਼ਿਲ੍ਹਾ ਗੁਰਦਾਸਪੁਰ ਵਿੱਚ ਸਬ-ਡਵੀਜ਼ਨ ਬਟਾਲਾ ਵਿਖੇ ਮਿਤੀ 9 ਸਤੰਬਰ 2024 ਤੋਂ 11 ਸਤੰਬਰ 2024 ਤੱਕ ਕੋਈ ਵੀ ਵਿਅਕਤੀ ਟਰੈਕਟਰਾਂ ਅਤੇ ਹੋਰ ਵਾਹਨਾਂ ਤੇ ਹੁੱਲੜਬਾਜ਼ੀ ਨਹੀਂ ਕਰੇਗਾ, ਉੱਚੀ ਅਵਾਜ਼ ਵਿੱਚ ਸਪੀਕਰ ਅਤੇ ਬੁਲਟ ਮੋਟਰਸਾਈਕਲਾਂ ਦੇ ਪਟਾਕੇ ਨਹੀਂ ਚਲਾਏਗਾ। ਇਹ ਹੁਕਮ ਮੌਜੂਦਾ ਜ਼ਾਬਤਾ ਨੂੰ ਮੁੱਖ ਰੱਖਦੇ ਹੋਏ ਇੱਕਤਰਫ਼ਾ ਪਾਸ ਕੀਤਾ ਗਿਆ ਹੈ। ਇਹ ਹੁਕਮ 9 ਸਤੰਬਰ ਤੋਂ 11 ਸਤੰਬਰ 2024 ਤੱਕ ਲਾਗੂ ਰਹੇਗਾ।

# ਅਰੁਣਾ ਚੌਧਰੀ ਪੰਜਾਬ ਕਾਂਗਰਸ ਵਿਧਾਇਕ ਦਲ ਦੀ ਉਪ ਨੇਤਾ ਨਾਮਜ਼ਦ



ਦੀਨਾਨਗਰ, (ਸੰਜੀਵ)-ਦੀਨਾਨਗਰ ਦੀ ਵਿਧਾਇਕਾ ਅਰੁਣਾ ਚੌਧਰੀ ਨੂੰ ਆਲ ਇੰਡੀਆ ਕਾਂਗਰਸ ਕਮੇਟੀ ਦੇ ਕੌਮੀ ਜਨਰਲ ਸਕੱਤਰ ਕੇ. ਸੀ. ਵੇਣੂਗੋਪਾਲ ਨੇ ਪੰਜਾਬ ਕਾਂਗਰਸ ਵਿਧਾਇਕ ਦਲ ਦੀ ਉਪ ਨੇਤਾ ਨਾਮਜ਼ਦ ਕੀਤਾ ਹੈ। ਅਰੁਣਾ ਚੌਧਰੀ ਨੇ ਕਾਂਗਰਸ ਵਿਧਾਇਕ ਦਲ ਦੀ ਉਪ ਨੇਤਾ ਨਾਮਜ਼ਦ ਕੀਤੇ ਜਾਣ 'ਤੇ ਕਾਂਗਰਸ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਕਾਂਗਰਸ ਵਿਧਾਇਕ ਦਲ ਦਾ ਉਪ ਨੇਤਾ ਨਾਮਜ਼ਦ ਕਰਕੇ ਕਾਂਗਰਸ ਨੇ ਉਨ੍ਹਾਂ 'ਤੇ ਕੀਤੇ ਗਏ ਭਰੋਸੇ 'ਤੇ ਖਰਾ ਉਤਰਿਆ ਜਾਵੇਗਾ। ਉਹ ਕਾਂਗਰਸ ਵਿਧਾਇਕ ਦਲ ਦੀ ਉਪ ਨੇਤਾ ਵਜੋਂ ਪੰਜਾਬ ਵਿੱਚ ਪਾਰਟੀ ਨੂੰ ਮੁੜ ਮਜ਼ਬੂਤ ਕਰਨ ਲਈ ਹਰ ਸੰਭਵ ਯਤਨ ਕਰਨਗੇ।ਅਰੁਣਾ ਚੌਧਰੀ ਨੇ ਕਿਹਾ ਕਿ ਪੰਜਾਬ ਵਿੱਚ ਕਾਂਗਰਸ ਨੂੰ ਮੁੜ ਸੱਤਾ ਵਿੱਚ ਲਿਆਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ।

# ਗੋਲ ਗੱਪਿਆਂ ਦੀ ਰੇਹੜੀ ਲਗਾਉਣ ਵਾਲੇ ਦਾ ਅਣਪਛਾਤੇ ਵਿਅਕਤੀਆਂ ਵੱਲੋਂ ਕਤਲ, ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਭੈਣੀ ਮੀਆਂ ਖਾਂ ਪੁਲਿਸ ਨੂੰ ਦਿੱਤੇ ਬਿਆਨਾਂ ਵਿਚ ਉਦੇਵੀਰ ਸਿੰਘ ਪੁੱਤਰ ਕਲਿਆਣ ਸਿੰਘ ਵਾਸੀ ਮੋਅ ਜ਼ਿਲਾ ਭਿੰਡ ਥਾਣਾ ਅਟੇਰ ਸਟੇਟ ਮੱਧ ਪ੍ਰਦੇਸ਼ ਹਾਲ ਵਾਸੀ ਭੈਣੀ ਮੀਆਂ ਖਾਂ ਨੇ ਦੱਸਿਆ ਕਿ ਮੇਰਾ ਸਾਲਾ ਧਰਮਿੰਦਰ ਕੋਸ਼ਵਾ ਪੁੱਤਰ ਭਾਗੀਰਥ ਵਾਸੀ ਪਰਾ ਜ਼ਿਲ੍ਹਾ ਭਿੰਡ ਥਾਣਾ ਅਟੇਰ ਸਟੇਟ ਮੱਧ ਪ੍ਰਦੇਸ਼ ਜੋ ਕਿ ਆਪਣੇ ਪਰਿਵਾਰ ਸਮੇਤ ਭੈਣੀ ਮੀਆਂ ਖਾਂ ਵਿਖੇ ਰਹਿੰਦਾ ਸੀ ਅਤੇ ਪਿੰਡ ਪੁਰਾਣੀਆਂ ਬਾਗੜੀਆਂ ਵਿਖੇ ਗੋਲ ਗੱਪਿਆਂ ਦੀ ਰੇਹੜੀ ਲਗਾਉਂਦਾ ਸੀ ਜੋ1 ਸਤੰਬਰ ਨੂੰ ਹਰ ਰੋਜ ਦੀ ਤਰ੍ਹਾਂ ਧਰਮਿੰਦਰ ਕੋਸਵਾ ਪਿੰਡ ਪੁਰਾਣੀਆਂ ਬਾਗੜੀਆਂ ਵਿਖੇ ਗੋਲ ਗੱਪਿਆਂ ਦੀ ਰੇਹੜੀ ਲੈ ਕੇ ਗਿਆ ਸੀ ਜੋ ਕਾਫੀ ਸਮਾਂ ਹੋਣ 'ਤੇ ਵੀ ਘਰ ਨਹੀਂ ਆਇਆ ਤਾਂ ਮੈਂ ਉਸ ਦੀ ਭਾਲ ਵਿੱਚ ਪਿੰਡ ਪੁਰਾਣੀਆਂ ਬਾਗੜੀਆਂ ਨੂੰ ਜਾ ਰਿਹਾ ਸੀ ਰਾਤ 10 ਵਜੇ ਦੇ ਕਰੀਬ ਜਦ ਉਹ ਦਾਨਾ ਮੰਡੀ ਭੈਣੀ ਮੀਆਂ ਖਾਂ ਪੁੱਜਾ ਤਾਂ ਦੇਖਿਆ ਕਿ ਧਰਮਿੰਦਰ ਕੋਸ਼ਵਾ ਦੀ ਰੇਹੜੀ ਸੜਕ ਦੇ ਕਿਨਾਰੇ ਖੜੀ ਸੀ ਅਤੇ ਧਰਮਿੰਦਰ ਕੋਸ਼ਵਾ ਪਾਣੀ ਵਾਲੇ ਨਾਲੇ ਵਿੱਚ ਮੂਧੇ ਮੂੰਹ ਡਿੱਗਿਆ ਪਿਆ ਸੀ, ਉਸ ਦੇ ਸਿਰ ਦੇ ਖੱਬੇ ਪਾਸੇ ਕਾਫੀ ਗਹਿਰੀ ਸੱਟ ਲੱਗੀ ਹੋਈ ਸੀ ਅਤੇ ਧਰਮਿੰਦਰ ਕੋਸ਼ਵਾ ਦੀ ਮੌਤ ਹੋ ਚੁੱਕੀ ਸੀ ਜਿਸ ਨੂੰ ਕਿਸੇ ਨਾ-ਮਾਲੂਮ ਵਿਅਕਤੀ ਨੇ ਤੇਜ਼ਧਾਰ ਹਥਿਆਰ ਨਾਲ ਸੱਟਾਂ ਮਾਰ ਕੇ ਕਤਲ ਕਰ ਦਿੱਤਾ ਹੈ। ਥਾਣਾ ਭੈਣੀ ਮੀਆਂ ਖਾਂ ਪੁਲਸ ਨੇ ਨਾ-ਮਾਲੂਮ ਵਿਅਕਤੀਆਂ ਖ਼ਿਲਾਫ਼ 103, 3 (5) ਬੀ.ਐੱਨ.ਐੱਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਬਾਬਾ ਸ੍ਰੀ ਚੰਦ ਜੀ ਦਾ ਜਨਮ ਦਿਹਾੜਾ 8 ਨੂੰ ਮਨਾਇਆ ਜਾਵੇਗਾ: ਬਾਬਾ ਬੇਦੀ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਬਾਬਾ ਸ੍ਰੀ ਚੰਦ ਜੀ ਚੈਰੀਟੇਬਲ ਟਰੱਸਟ ਡੇਰਾ ਬਾਬਾ ਨਾਨਕ ਵੱਲੋਂ ਹਰ ਸਾਲ ਦੀ ਤਰ੍ਹਾਂ 8 ਸਤੰਬਰ ਨੂੰ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਬਾਬਾ ਸ੍ਰੀ ਚੰਦ ਜੀ ਦਾ ਜਨਮ ਦਿਹਾੜਾ ਕਸਬਾ ਡੇਰਾ ਬਾਬਾ ਨਾਨਕ ਦੇ ਦਸ ਡੋਗਰਾ ਮਾਰਗ ਸਥਿਤ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਵਿਖੇ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾਵੇਗਾ।ਇਸ ਸੰਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਵਿਖੇ ਉੱਘੇ ਸਮਾਜ ਸੇਵੀ ਤੇ ਗੁਰਦੁਆਰਾ ਬਾਬਾ ਸ੍ਰੀ ਚੰਦ ਚੈਰੀਟੇਬਲ ਟਰੱਸਟ ਡੇਰਾ ਬਾਬਾ ਨਾਨਕ ਦੇ ਚੇਅਰਮੈਨ ਐੱਨ. ਆਰ. ਆਈ ਬਾਬਾ ਰਜਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਇਸ ਸਬੰਧੀ 6 ਸਤੰਬਰ ਨੂੰ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਕਰਵਾਏ ਜਾਣਗੇ ਜਿਨ੍ਹਾਂ ਦੇ ਭੋਗ 6 ਸਤੰਬਰ ਨੂੰ ਪਾਏ ਜਾਣਗੇ ।ਉਪਰੰਤ ਧਾਰਮਿਕ ਸਜਾਏ ਜਾਣਗੇ ਅਤੇ ਕਥਾ ਕੀਰਤਨ ਦੇ ਪ੍ਰਵਾਹ ਚਲਾਏ ਜਾਣਗੇ ।ਉਨ੍ਹਾਂ ਕਿਹਾ ਕਿ ਟਰੱਸਟ ਵੱਲੋਂ ਇਸ ਮੌਕੇ ਵਿਸ਼ੇਸ਼ ਤੌਰ ਤੇ ਸਨਮਾਨ ਯੋਗ ਸ਼ਖ਼ਸ਼ੀਅਤਾਂ ਨੂੰ ਸਨਮਾਨਿਤ ਵੀ ਕੀਤਾ ਜਾਵੇਗਾ ਅਤੇ ਸੰਗਤਾਂ ਲਈ ਗੁਰੂ ਕਾ ਅਟੁੱਟ ਲੰਗਰ ਵੀ ਵਰਤਾਇਆ ਜਾਵੇਗਾ ।ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ 8ਸਤੰਬਰ ਨੂੰ ਬਾਬਾ ਸ੍ਰੀ ਚੰਦ ਜੀ ਦੇ ਜਨਮ ਦਿਹਾੜੇ ਮੌਕੇ ਵੱਡੀ ਗਿਣਤੀ ਵਿੱਚ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਵਿਖੇ ਪਹੁੰਚ ਕੇ ਹਾਜਰੀ ਭਰਨ ਅਤੇ ਗੁਰੂ ਘਰ ਦੀਆਂ ਖ਼ੁਸ਼ੀਆਂ ਪ੍ਰਾਪਤ ਕਰਨ ।ਇਸ ਮੌਕੇ ਪ੍ਰਿੰਸੀਪਲ ਬਿਕਰਮਜੀਤ ਸਿੰਘ ਚਾਹਲ, ਸੁੱਚਾ ਸਿੰਘ ਸੈਕਟਰੀ, ਸਾਬਕਾ ਵਾਇਸ ਚੇਅਰਮੈਨ ਨਿਰਮਲ ਸਿੰਘ ਹਰੂਵਾਲ, ਹੈੱਡ ਗ੍ਰੰਥੀ ਬਾਬਾ ਭੁਪਿੰਦਰ ਸਿੰਘ, ਵਿਕਰਮਜੀਤ ਸਿੰਘ, ਬਲਜਿੰਦਰ ਸਿੰਘ ਬੱਬੂ ਆਦਿ ਹਾਜ਼ਰ ਸਨ ।

# ਸੇਖਵਾਂ ਨੇ 'ਲੋਕ ਮਿਲਣੀ' ਪ੍ਰੋਗਰਾਮ ਤਹਿਤ ਲੋਕਾਂ ਦੀਆਂ ਮੁਸ਼ਕਲਾਂ ਨਿਪਟਾਈਆਂ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਅੱਜ ਪਿੰਡ ਸੇਖਵਾਂ ਵਿਖੇ ਆਪਣੇ ਗ੍ਰਹਿ ਵਿਖੇ 'ਲੋਕ ਮਿਲਣੀ' ਪ੍ਰੋਗਰਾਮ ਤਹਿਤ ਲੋਕਾਂ ਦੀਆਂ ਸਮੱਸਿਆਵਾਂ ਸੁਣ ਕੇ ਉਨ੍ਹਾਂ ਦਾ ਨਿਪਟਾਰਾ ਕੀਤਾ। ਇਸ ਲੋਕ ਮਿਲਣੀ ਮੌਕੇ ਵਿਧਾਨ ਸਭਾ ਹਲਕਾ ਕਾਦੀਆਂ ਸਮੇਤ ਸਮੁੱਚੇ ਜ਼ਿਲ੍ਹੇ ਦੇ ਲੋਕਾਂ ਨੇ ਵੱਡੀ ਗਿਣਤੀ ਵਿਚ ਸਮੂਲੀਅਤ ਕਰਕੇ ਆਪਣੇ ਸਹਿਰਾਂ, ਪਿੰਡਾਂ, ਗਲੀ, ਮੁਹੱਲਿਆਂ ਤੇ ਇਲਾਕੇ ਦੀਆਂ ਮੁਸਕਲਾਂ ਤੋਂ ਚੇਅਰਮੈਨ ਸ. ਜਗਰੂਪ ਸਿੰਘ ਸੇਖਵਾਂ ਨੂੰ ਜਾਣੂ ਕਰਵਾਇਆ, ਜਿਸ ਤੋਂ ਬਾਅਦ ਉਨ੍ਹਾਂ ਨੇ ਸਬੰਧਿਤ ਅਧਿਕਾਰੀਆਂ ਨੂੰ ਯੋਗ ਕਾਰਵਾਈ ਕਰਨ ਦੇ ਨਿਰਦੇਸ ਦਿੱਤੇ। ਅੱਜ ਦੀ ਲੋਕ ਮਿਲਣੀ ਦੌਰਾਨ ਲੋਕਾਂ ਨੇ ਜਿੱਥੇ ਆਪਣੀਆਂ ਨਿੱਜੀ ਸਮੱਸਿਆਵਾਂ/ਕੰਮ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੂੰ ਦੱਸੇ ਓਥੇ ਹਲਕੇ ਦੇ ਲੋਕਾਂ ਨੇ ਆਪਣੇ ਪਿੰਡਾਂ ਦੇ ਵਿਕਾਸ ਸਬੰਧੀ ਮਸਲੇ ਵੀ ਉਨ੍ਹਾਂ ਦੇ ਧਿਆਨ ਵਿਚ ਲਿਆਂਦੇ। ਲੋਕਾਂ ਦੀਆਂ ਮੁਸਕਲਾਂ ਸੁਣਨ ਤੋਂ ਬਾਅਦ ਸ. ਜਗਰੂਪ ਸਿੰਘ ਸੇਖਵਾਂ ਨੇ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋਕਾਂ ਦੇ ਮਸਲੇ ਪਹਿਲ ਦੇ ਅਧਾਰ 'ਤੇ ਹੱਲ ਕਰਨ ਦੇ ਨਿਰਦੇਸ ਦਿੱਤੇ। ਉਨ੍ਹਾਂ ਕਿਹਾ ਕਿ ਕਾਦੀਆਂ ਹਲਕਾ ਉਨ੍ਹਾਂ ਦਾ ਆਪਣਾ ਪਰਿਵਾਰ ਹੈ ਅਤੇ ਉਹ ਆਪਣੇ ਲੋਕਾਂ ਦੇ ਹਰ ਸੁੱਖ-ਦੁੱਖ ਵਿੱਚ ਉਨ੍ਹਾਂ ਦੇ ਨਾਲ ਖੜ੍ਹੇ ਹਨ। ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ ਅਤੇ ਇਸ ਸਰਕਾਰ ਵੱਲੋਂ ਆਮ ਲੋਕਾਂ ਦੇ ਮਸਲੇ ਪਹਿਲ ਦੇ ਅਧਾਰ 'ਤੇ ਹੱਲ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਦੀ ਅਗਵਾਈ ਹੇਠ ਰਾਜ ਸਰਕਾਰ ਵੱਲੋਂ ਇੱਕ-ਇੱਕ ਕਰਕੇ ਗਰੰਟੀਆਂ ਨੂੰ ਪੂਰਾ ਕੀਤਾ ਜਾ ਰਿਹਾ ਹੈ ਜਿਸ ਤੋਂ ਸੂਬਾ ਵਾਸੀ ਪੂਰੀ ਤਰ੍ਹਾਂ ਸੰਤੁਸ਼ਟ ਹਨ।

# ਥਾਣਾ ਧਾਰੀਵਾਲ ਪੁਲਸ ਵੱਲੋਂ ਐੱਨ ਡੀ ਪੀ ਐੱਸ ਐਕਟ ਤਹਿਤ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਧਾਰੀਵਾਲ ਪੁਲਿਸ ਨੇ 4 ਗਰਾਮ 63 ਮਿਲੀਗਰਾਮ ਹੈਰੋਇਨ ਸਮੇਤ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਸ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਏ. ਐਸ. ਆਈ. ਰਣਜੀਤ ਸਿੰਘ ਨੇ ਦੱਸਿਆ ਕਿ ਪੁੱਲ ਬਾਈਪਾਸ ਪੀਰ ਦੀ ਸੈਨ ਧਾਰੀਵਾਲ ਤੋਂ ਨਾਕਾਬੰਦੀ ਦੌਰਾਨ ਪਰਮਿੰਦਰ ਸਿੰਘ ਪੁੱਤਰ ਕੁਲਵੰਤ ਸਿੰਘ ਵਾਸੀ ਮਹਾਦੇਵ ਕਲਾਂ, ਹਰਦੀਪ ਕੁਮਾਰ ਪੁੱਤਰ ਅਸ਼ੋਕ ਕੁਮਾਰ ਵਾਸੀ ਸੋਹਲ ਧਾਰੀਵਾਲ ਨੂੰ ਸ਼ੱਕ ਦੇ ਆਧਾਰ 'ਤੇ ਮੋਟਰਸਾਈਕਲ ਸਪਲੈਂਡਰ ਸਮੇਤ ਕਾਬੂ ਕਰਕੇ ਮੋਟਰਸਾਈਕਲ ਦੇ ਪਿੱਛੇ ਬੈਠੇ ਹਰਦੀਪ ਕੁਮਾਰ ਦੇ ਹੱਥ ਵਿੱਚ ਫੜੇ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿਚੋਂ 4 ਗ੍ਰਾਮ 63 ਮਿਲੀ ਗ੍ਰਾਮ ਹੈਰੋਇੰਨ ਬਰਾਮਦ ਹੋਈ ਹੈ। ਪੁਲਸ ਨੇ ਉਕਤ ਦੋਸ਼ੀਆਂ ਖ਼ਿਲਾਫ਼ ਐੱਨ. ਡੀ.ਪੀ. ਐੱਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।


## CHAMAN LAL SETIA EXPORTS LTD.

Regd. Off: P.O CENTRAL JAIL, MIRANKOT ROAD, AMRITSAR-143002, PUNJAB
CIN: L51909PB1994PLC015083 Tel: 0183-2592708 Fax: 0183-290453
E-mail: clsetia@rediffmail.com, Website: www.clsel.in

**ਚਮਨ ਲਾਲ ਸੇਤੀਆ ਐਕਸਪੋਰਟਸ ਲਿਮ: ਦੀ ਵੀ ਸੀ (ਵੀਡੀਓ ਕਾਨਫਰੰਸਿੰਗ)/ਓ ਏ ਵੀ ਐਮ (ਹੋਰ ਆਡੀਓ-ਵੀਡੀਓ ਮੀਨਜ਼) ਰਾਹੀਂ ਹੋਣ ਵਾਲੀ 30ਵੀਂ ਸਾਲਾਨਾ ਜਨਰਲ ਮੀਟਿੰਗ ਦਾ ਨੋਟਿਸ**

ਕਾਰਪੋਰੇਟ ਮਾਮਲੇ ਮੰਤਰਾਲਾ (ਐੱਮ ਸੀ ਏ) ਵੱਲੋਂ ਜਾਰੀ ਸਰਕੁਲਰ ਨਾਲ ਪੜ੍ਹੇ ਜਾਂਦੇ ਕੰਪਨੀਜ਼ ਐਕਟ 2013 ਦੀਆਂ ਲਾਗੂ ਵਿਵਸਥਾਵਾਂ ਦੀ ਪਾਲਣਾ 'ਚ ਨੋਟਿਸ ਦਿੱਤਾ ਜਾਂਦਾ ਹੈ ਕਿ ਚਮਨ ਲਾਲ ਸੇਤੀਆ ਐਕਸਪੋਰਟਸ ਲਿਮ: ('ਦਾ ਕੰਪਨੀ') ਦੀ 30ਵੀਂ ਸਾਲਾਨਾ ਜਨਰਲ ਮੀਟਿੰਗ (ਏ ਜੀ ਐੱਮ) ਵੀਡੀਓ ਕਾਨਫਰੰਸਿੰਗ (ਵੀ ਸੀ) ਹੋਰ ਆਡੀਓ-ਵੀਡੀਓ ਮੀਨਜ਼ (ਓ ਏ ਵੀ ਐੱਮ) ਰਾਹੀਂ ਸ਼ਨੀਵਾਰ, 28 ਸਤੰਬਰ 2024 ਨੂੰ 4.30 ਵਜੇ ਹੋਵੇਗੀ। ਭਾਰਤ ਸਰਕਾਰ ਅਤੇ ਸਕਿਉਰਿਟੀਜ਼ ਐਂਡ ਐਕਸਚੇਂਜ ਬੋਰਡ ਆਫ ਇੰਡੀਆ (ਸੇਬੀ) ਨੇ ਨੋਟਿਸ 'ਚ ਉਲੇਖ ਸਧਾਰਨ ਅਤੇ ਵਿਸ਼ੇਸ਼ ਬਿਜ਼ਨੈੱਸ ਦੇ ਨਿਪਟਾਰੇ ਵਾਸਤੇ ਇੱਕ ਸਾਂਝੇ ਸਥਾਨ 'ਤੇ ਮੈਂਬਰਾਂ ਦੀ ਭੌਤਿਕ ਹਾਜ਼ਰੀ ਤੋਂ ਬਿਨਾਂ ਵੀ ਸੀ ਜਾਂ ਓ ਏ ਵੀ ਐੱਮ ਰਾਹੀਂ ਏ ਜੀ ਐੱਮ ਕਰਵਾਉਣ ਦੀ ਆਗਿਆ ਦਿੱਤੀ ਹੈ।

ਉਪਰੋਕਤ ਸਰਕੁਲਰਾਂ ਦੀ ਪਾਲਣਾ 'ਚ ਏ ਜੀ ਐੱਮ ਦੇ ਨੋਟਿਸ ਦੀਆਂ ਇਲੈਕਟ੍ਰਾਨਿਕ ਕਾਪੀਆਂ ਸਮੇਤ ਵਿੱਤੀ ਵਰ੍ਹੇ 2023-24 ਦੀ 30ਵੀਂ ਸਾਲਾਨਾ ਰਿਪੋਰਟ ਉਨ੍ਹਾਂ ਸ਼ੇਅਰ ਹੋਲਡਰਾਂ ਨੂੰ ਭੇਜੀ ਜਾਵੇਗੀ, ਜਿਨ੍ਹਾਂ ਦੇ ਈਮੇਲ ਪਤੇ ਕੰਪਨੀ/ਡਿਪਾਜ਼ਟਰੀ ਪਾਰਟੀਸੀਪੈਂਟਸ ਕੋਲ ਰਜਿਸਟਰ/ਉਪਲੱਬਧ ਹੋਣਗੇ।

ਬੇਸ਼ੱਕ ਕੰਪਨੀ ਦੇ ਸ਼ੇਅਰ ਹੋਲਡਰਜ਼, ਨੋਟਿਸ ਦੀ ਭੌਤਿਕ ਕਾਪੀ ਅਤੇ ਕੰਪਨੀ ਦੀ 30ਵੀਂ ਸਾਲਾਨਾ ਰਿਪੋਰਟ, ਜੇਕਰ ਉਹ ਪ੍ਰਾਪਤ ਕਰਨੀ ਚਾਹੁੰਦੇ ਹੋਣ clsetia@rediffmail.com 'ਤੇ ਬੇਨਤੀ ਭੇਜ ਕੇ ਪ੍ਰਾਪਤ ਕਰ ਸਕਦੇ ਹਨ।

ਡੀਮਟੀਰੇਲਾਈਜ਼ਡ ਮੋਡ 'ਚ ਸ਼ੇਅਰ ਰੱਖਣ ਵਾਲੇ ਸ਼ੇਅਰ ਹੋਲਡਰਾਂ ਨੂੰ ਆਪਣੇ ਈਮੇਲ ਪਤੇ, ਮੋਬਾਇਲ ਨੰਬਰਜ਼, ਲਾਭਾਂਸ਼ ਪ੍ਰਾਪਤ ਕਰਨ ਲਈ ਬੈਂਕ ਖਾਤੇ ਦੇ ਵੇਰਵੇ ਅਤੇ/ਜਾਂ ਹੋਰ ਵੇਰਵੇ ਡਿਪਾਜ਼ਟਰੀ ਪਾਰਟੀਸੀਪੈਂਟਸ ਰਾਹੀਂ ਸੰਬੰਧਤ ਡਿਪਾਜ਼ਟਰੀਜ਼ ਕੋਲ ਰਜਿਸਟਰ ਕਰਵਾਉਣ ਦੀ ਬੇਨਤੀ ਕੀਤੀ ਜਾਂਦੀ ਹੈ।

ਫਿਜ਼ੀਕਲ ਮੋਡ 'ਚ ਸ਼ੇਅਰ ਰੱਖਣ ਵਾਲੇ ਸ਼ੇਅਰ ਹੋਲਡਰਾਂ ਨੂੰ ਆਪਣੇ ਈਮੇਲ ਪਤੇ, ਮੋਬਾਇਲ ਨੰਬਰਜ਼, ਲਾਭਾਂਸ਼ ਪ੍ਰਾਪਤ ਕਰਨ ਲਈ ਬੈਂਕ ਖਾਤੇ ਦੇ ਵੇਰਵੇ ਅਤੇ/ਜਾਂ ਫਾਰਮ ਆਈ ਐੱਸ ਆਰ-1 ਤੇ ਹੋਰ ਸੇਬੀ ਵੱਲੋਂ ਦਰਸਾਏ ਸੰਬੰਧਤ ਫਾਰਮਜ਼ ਦੇ ਹੋਰ ਵੇਰਵੇ ਮੁਕੰਮਲ ਕਰਨ ਦੀ ਬੇਨਤੀ ਕੀਤੀ ਹੈ ਜਾਂ ਕੰਪਨੀ ਦੇ ਰਜਿਸਟਰਾਰ ਐਂਡ ਸ਼ੇਅਰ ਟਰਾਂਸਫਰ ਏਜੰਟ ਸ੍ਰੀ ਭਾਵੇਂਦਰ ਝਾਅ, ਦਫਤਰ ਇੰਚਾਰਜ ਆਰ ਟੀ ਏ ਮੈਸ: ਬੀਟਲ ਫਾਇਨੈਂਸ਼ੀਅਲ ਐਂਡ ਕੰਪਿਊਟਰ ਸਰਵਿਸਿਜ਼ ਪ੍ਰਾਈ: ਲਿਮ:, ਤੀਜੀ ਮੰਜ਼ਲ, 99 ਮਦਨਗੀਰ (ਨੇੜੇ ਦਾਦਾ ਹਰਸੁੱਖ ਦਾਸ ਮੰਦੀਗਿਰ), ਨਵੀਂ ਦਿੱਲੀ (ਫੋਨ : 011-299612181-283 ਜਾਂ ਈਮੇਲ ਪਤਾ beetalrta@gmail.com) 'ਤੇ ਸੰਪਰਕ ਕੀਤਾ ਜਾਵੇ।

ਏ ਜੀ ਐੱਮ ਦਾ ਨੋਟਿਸ ਅਤੇ 30ਵੀਂ ਸਾਲਾਨਾ ਰਿਪੋਰਟ ਕੰਪਨੀ ਦੀ ਵੈੱਬਸਾਈਟ www.clsel.in ਅਤੇ ਸਟਾਕ ਐਕਸਚੇਂਜਿਜ਼ (ਐੱਨ ਐੱਸ ਈ ਅਤੇ ਬੀ ਐੱਸ ਈ) ਦੀ ਵੈੱਬਸਾਈਟ www.bseindia.com ਅਤੇ www.nseindia.com ਸੀ ਡੀ ਐੱਸ ਐੱਲ ਦੀ ਵੈੱਬਸਾਈਟ (ਏ ਜੀ ਐੱਮ ਦੌਰਾਨ ਰਿਮੋਟ ਈ-ਵੋਟਿੰਗ ਅਤੇ ਈ-ਵੋਟਿੰਗ ਦੀ ਪ੍ਰਦਾਨ ਕਰਨ ਵਾਲੀ ਏਜੰਸੀ) www.evotingindia.com 'ਤੇ ਵੀ ਉਪਲੱਬਧ ਹੈ। ਜੇਕਰ ਤੁਸੀਂ ਆਪਣਾ ਈ-ਮੇਲ ਪਤਾ ਰਜਿਸਟਰਡ ਨਹੀਂ ਕਰਵਾਇਆ ਜਾਂ ਲਾਭਾਂਸ਼ ਦੀ ਪ੍ਰਾਪਤੀ ਲਈ ਬੈਂਕ ਅਕਾਊਂਟ ਮੈਨਡੇਟ ਨਹੀਂ ਕਰਵਾਇਆ।

ਏ ਜੀ ਐੱਮ ਦੇ ਨੋਟਿਸਾਂ 'ਚ ਉਲੇਖ ਬਿਜ਼ਨੈੱਸ 'ਤੇ ਇਲੈਕਟ੍ਰਾਨਿਕ ਵੋਟਿੰਗ ਸਿਸਟਮ ਰਾਹੀਂ ਰਿਮੋਟ ਰਾਹੀਂ ਵੋਟ ਪਾਉਣ ਲਈ ਸ਼ੇਅਰ ਹੋਲਡਰਾਂ ਨੂੰ ਮੌਕਾ ਪ੍ਰਦਾਨ ਹੋਵੇਗਾ।

ਡੀਮਟੀਰੇਲਾਈਜ਼ਡ ਮੋਡ, ਫਿਜ਼ੀਕਲ ਮੋਡ 'ਚ ਸ਼ੇਅਰ ਰੱਖਣ ਵਾਲੇ ਸ਼ੇਅਰ ਹੋਲਡਰਾਂ ਅਤੇ ਜਿਨ੍ਹਾਂ ਸ਼ੇਅਰ ਹੋਲਡਰਾਂ ਨੇ ਆਪਣੇ ਈਮੇਲ ਪਤੇ ਰਜਿਸਟਰਡ ਨਹੀਂ ਕਰਵਾਏ, ਉਹਨਾਂ ਨੂੰ ਸ਼ੇਅਰ ਹੋਲਡਰਾਂ ਦੇ ਨੋਟਿਸ 'ਚ ਰਿਮੋਟ ਰਾਹੀਂ ਵੋਟ ਪਾਉਣ ਦਾ ਤਰੀਕਾ ਉਪਲੱਬਧ ਹੋਵੇਗਾ। ਕੰਪਨੀ ਦੀ ਵੈੱਬਸਾਈਟ 'ਤੇ ਵੀ ਵੇਰਵੇ ਉਪਲੱਬਧ ਕਰਵਾਏ ਜਾਣਗੇ।

ਅਜਿਹੇ ਵੇਰਵਿਆਂ ਲਈ ਸ਼ੇਅਰ ਹੋਲਡਰਾਂ ਨੂੰ www.clsel.in 'ਤੇ ਵੇਖਣ ਲਈ ਬੇਨਤੀ ਕੀਤੀ ਜਾਂਦੀ ਹੈ।

ਸ਼ੇਅਰ ਹੋਲਡਰਾਂ ਨੂੰ 30ਵੀਂ ਏ ਜੀ ਐੱਮ ਦਾ ਨੋਟਿਸ ਲਾਗੂ ਕਾਨੂੰਨਾਂ ਦੇ ਅਨੁਸਾਰ ਉਹਨਾਂ ਦੇ ਈਮੇਲ ਪਤਿਆਂ 'ਤੇ ਨਿਰਧਾਰਤ ਸਮੇਂ ਭੇਜਿਆ ਜਾਵੇਗਾ। ਉਕਤ ਜਾਣਕਾਰੀ ਕੰਪਨੀ ਦੇ ਸਾਰੇ ਮੈਂਬਰਾਂ ਦੇ ਲਾਭ ਦੇ ਹਿੱਤ 'ਚ ਹੈ ਅਤੇ ਐਕਟ ਦੀ ਪਾਲਣਾ 'ਚ ਹੈ ਅਤੇ ਐੱਮ ਸੀ ਏ ਅਤੇ ਸੇਬੀ ਵੱਲੋਂ ਜਾਰੀ ਸਮੇਂ-ਸਮੇਂ 'ਤੇ ਵੱਖ-ਵੱਖ ਸਰਕੁਲਰਾਂ ਮੁਤਾਬਕ ਹੈ।

ਬੋਰਡ ਦੇ ਹੁਕਮ ਰਾਹੀਂ
ਵਾਸਤੇ ਚਮਨ ਲਾਲ ਸੇਤੀਆ ਐਕਸਪੋਰਟਸ ਲਿਮ:
(ਰਾਜੀਵ ਸੇਤੀਆ)
ਜਾਇੰਟ ਮੈਨੇਜਿੰਗ ਡਾਇਰੈਕਟਰ
(ਡੀ ਆਈ ਐੱਨ : 01125921)

ਸਥਾਨ : ਅੰਮ੍ਰਿਤਸਰ
ਮਿਤੀ : 02.09.2024


# ਭਾਰਤ ਸਰਕਾਰ ਵੱਲੋਂ ਜੀ ਐੱਨ ਡੀ ਯੂ ਦੇ ਪੰਜ ਨਵੀਨਤਮ ਉਪਕਰਨ ਪੇਟੈਂਟ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਦੋ ਅਧਿਆਪਕਾਂ ਵੱਲੋਂ ਪੰਜ ਨਵੇਂ ਉਪਕਰਨਾਂ ਦੀ ਖੋਜ ਕੀਤੀ ਗਈ ਜੋ ਕਿ ਭਾਰਤ ਸਰਕਾਰ ਵੱਲੋਂ ਪੇਟੈਂਟ ਕੀਤੇ ਗਏ ਹਨ।ਇਨ੍ਹਾਂ ਉਪਕਰਨਾਂ ਵਿਚ ਜਿਮ ਉਪਕਰਨ, ਮੋਢੇ ਦੀ ਕਸਰਤ ਲਈ ਜਿਮ ਉਪਕਰਨ, ਤਣਾਅ ਤੋਂ ਛੁਟਕਾਰਾ ਪਾਉਣ ਵਾਲਾ ਉਪਕਰਣ, ਹੱਥਾਂ ਦੀ ਕਸਰਤ ਕਰਨ ਵਾਲੇ ਲਚਕੀਲੇ ਉਪਕਰਨ ਅਤੇ ਮੋਢੇ ਤੇ ਬਾਹਾਂ ਦੇ ਵ੍ਹੀਲ ਅਪਰੇਟਸ ਸ਼ਾਮਿਲ ਹਨ।ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਅਧਿਆਪਕਾਂ ਵੱਲੋਂ ਇਨ੍ਹਾਂ ਉਪਕਰਨਾਂ ਦੀ ਖੋਜ ਪੇਟੈਂਟ ਡਿਜੀਟਲ ਇਨੋਵੇਸ਼ਨ ਵਿੱਚ ਮਹੱਤਵਪੂਰਨ ਕਦਮ ਅਤੇ ਖੋਜ ਵਿਕਾਸ ਵਿਚ ਯੂਨੀਵਰਸਿਟੀ ਦੀ ਗੰਭੀਰਤਾ ਦੀ ਹਾਮੀ ਭਰਦੇ ਹਨ।ਇਨ੍ਹਾਂ ਅਧਿਆਪਕਾਂ ਵਿਚ ਪਹਿਲੇ ਡਾ. ਬਲਜਿੰਦਰ ਸਿੰਘ ਬੱਲ, ਯੂਜੀਸੀ ਰਿਸਰਚ ਐਵਾਰਡੀ ਹਨ ਜੋ ਕਿ ਯੂਨੀਵਰਸਿਟੀ ਦੇ ਸਰੀਰਕ ਸਿੱਖਿਆ ਵਿਭਾਗ ਵਿਚ ਐਸੋਸੀਏਟ ਪ੍ਰੋਫੈਸਰ ਹਨ।ਉਨ੍ਹਾਂ ਦੇ ਨਵੀਨਤਮ ਪੇਟੈਂਟਾਂ ਦੀ ਖਾਸੀਅਤ ਮਾਸਪੇਸ਼ੀਆਂ 'ਤੇ ਕੇਂਦਰਤ ਹੈ ਅਤੇ ਇਸ ਵਿਚ ਤਿਆਰ ਕੀਤੇ ਗਏ ਉਪਕਰਨ ਜਿਮ ਨਾਲ ਸਬੰਧਤ ਹਨ ਜੋ ਕਿ ਮਾਸਪੇਸ਼ੀਆਂ ਦੀ ਤਾਕਤ ਅਤੇ ਗਤੀਸ਼ੀਲਤਾ ਵਧਾਉਂਦੇ ਹਨ।ਦੂਜੇ ਅਧਿਆਪਕ ਡਾ. ਮਹਿਕ ਅਰੋੜਾ ਹਨ ਜੋ ਕਿ ਯੂਨੀਵਰਸਿਟੀ ਦੇ ਮਨੋਵਿਗਿਆਨ ਵਿਭਾਗ ਵਿੱਚ ਸਹਾਇਕ ਪ੍ਰੋਫੈਸਰ ਵਜੋਂ ਸੇਵਾ ਨਿਭਾਅ ਰਹੇ ਹਨ ਅਤੇ ਉਹ ਕਲੀਨਿਕਲ ਮਨੋਵਿਗਿਆਨੀ ਵਜੋਂ ਆਪਣੀ ਮੁਹਾਰਤ ਲਈ ਪ੍ਰਸਿੱਧ ਹਨ।ਉਨ੍ਹਾਂ ਵੱਲੋਂ ਖੋਜ ਕੀਤੇ ਗਏ ਨਵੇਂ ਉਪਕਰਨਾਂ ਦਾ ਉਦੇਸ਼ ਤਣਾਅ-ਮੁਕਤ ਸਰੀਰ ਹੈ ਅਤੇ ਇਹ ਚਿੰਤਾ ਨੂੰ ਘਟਾਉਣ ਅਤੇ ਉਤੇਜਕ ਵਾਤਾਵਰਣਾਂ ਵਿੱਚ ਸ਼ਾਂਤੀ ਨੂੰ ਉਤਸ਼ਾਹਿਤ ਕਰਦੇ ਹਨ।ਇਨ੍ਹਾਂ ਦੋਵਾਂ ਖੋਜੀਆਂ ਨੇ ਵਾਈਸ-ਚਾਂਸਲਰ ਪ੍ਰੋ. (ਡਾ.) ਜਸਪਾਲ ਸਿੰਘ ਸੰਧੂ ਵੱਲੋਂ ਸਮੇਂ ਸਮੇਂ ਕੀਤੇ ਗਏ ਮਾਰਗਦਰਸ਼ਨ ਲਈ ਧੰਨਵਾਦ ਪ੍ਰਗਟ ਕੀਤਾ ਹੈ।ਯੂਨੀਵਰਸਿਟੀ ਦੇ ਡੀਨ ਅਕਾਦਮਿਕ ਮਾਮਲੇ, ਪ੍ਰੋ. ਪਲਵਿੰਦਰ ਸਿੰਘ, ਰਜਿਸਟਰਾਰ ਪ੍ਰੋ. ਕਰਨਜੀਤ ਸਿੰਘ ਕਾਹਲੋਂ, ਡੀਨ ਵਿਦਿਆਰਥੀ ਭਲਾਈ ਪ੍ਰੋ. ਪ੍ਰੀਤ ਮੋਹਿੰਦਰ ਸਿੰਘ ਬੇਦੀ, ਡਾਇਰੈਕਟਰ ਖੋਜ, ਡਾ. ਮਨਿੰਦਰ ਲਾਲ ਸਿੰਘ ਨੇ ਦੋਵਾਂ ਖੋਜਕਾਰਾਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ ਲਈ ਦਿਲੋਂ ਵਧਾਈ ਦਿੱਤੀ ਹੈ।ਡਾ. ਅਮਨਦੀਪ ਸਿੰਘ ਮੁਖੀ ਸਰੀਰਕ ਸਿੱਖਿਆ ਵਿਭਾਗ ਨੇ ਵਧਾਈ ਦਿੰਦਿਆਂ ਕਿਹਾ ਕਿ ਪੇਟੈਂਟ ਪ੍ਰਣਾਲੀ ਅਤੇ ਡਿਜੀਟਲ ਇਨੋਵੇਸ਼ਨ ਨਵੇਂ ਮੌਕੇ ਅਤੇ ਚੁਣੌਤੀਆਂ ਦੇ ਦੁਆਰ ਖੋਲ੍ਹ ਰਹੇ ਹਨ।

# ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵਿਖੇ ਵੱਖ-ਵੱਖ ਗਤੀਵਿਧੀਆਂ ਵਿੱਚੋਂ ਅਵਲ ਰਹੇ ਵਿਦਿਆਰਥੀਆਂ ਨੂੰ ਦਿੱਤੇ ਸਰਟੀਫਿਕੇਟ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵਿਖੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰਸੀਪਲ ਸ਼੍ਰੀਮਤੀ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਉਤਸਵ ਦੌਰਾਨ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਜਿਹਨਾਂ ਵਿੱਚ ਵਧੀਆ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦਿੱਤੇ ਗਏ। ਇਹਨਾਂ ਵਿੱਚ ਹੇਠ ਲਿਖੀਆਂ ਗਤੀਵਿਧੀਆਂ ਸ਼ਾਮਿਲ ਸਨ। ਜਮਾਤ ਪਹਿਲੀ ਤੋਂ ਤੀਸਰੀ ਤੱਕ ਦੇ ਵਿਦਿਆਰਥੀਆਂ ਦੀ ਡਾਂਡੀਆ ਡੈਕੋਰੇਸ਼ਨ ਗਤੀਵਿਧੀ ਜਮਾਤ ਚੌਥੀ ਅਤੇ ਪੰਜਵੀਂ ਦੇ ਵਿਦਿਆਰਥੀਆਂ ਦੀ ਬਾਂਸਰੀ ਡੈਕੋਰੇਸ਼ਨ ਅਤੇ ਜਮਾਤ ਛੇਵੀਂ ਅਤੇ ਸੱਤਵੀਂ ਦੇ ਵਿਦਿਆਰਥੀਆਂ ਦੀ ਮੋਰ ਪੰਖ ਬਣਾਉਣ ਦੀ ਗਤੀਵਿਧੀ ਅਤੇ ਜਮਾਤ ਅੱਠਵੀਂ ਦੀ ਮੋਰ ਬਣਾਉਣ ਅਤੇ ਜਮਾਤ ਨੌਂਵੀ ਤੇ ਦਸਵੀਂ ਦੀ ਮਟਕਾ ਡੈਕੋਰੇਸ਼ਨ ਗਤੀਵਿਧੀ ਕਰਵਾਈ ਗਈ। ਜਿਸ ਵਿੱਚ ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਪੂਰਵਕ ਹਿੱਸਾ ਲਿਆ ਅਤੇ ਬਹੁਤ ਹੀ ਸੁੰਦਰ ਡੈਕੋਰੇਸ਼ਨ ਕੀਤੀ ਅਤੇ ਵਧੀਆ ਸਥਾਨ ਹਾਸਿਲ ਕਰਕੇ ਸਰਟੀਫਿਕੇਟ ਪ੍ਰਾਪਤ ਕੀਤੇ। ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਕਿਰਨ ਕੇਸਰ ਜੀ ਦੁਆਰਾ ਵਿਦਿਆਰਥੀਆਂ ਦੀ ਬਹੁਤ ਸ਼ੁਲਾਘਾ ਕੀਤੀ ਗਈ। ਉਹਨਾਂ ਨੇ ਕਿਹਾ ਕਿ ਵੱਖ ਵੱਖ ਗਤੀਆਂ ਵਿੱਚ ਭਾਗ ਲੈਣਾ ਅਤੇ ਵਧੀਆ ਸਥਾਨ ਹਾਸਿਲ ਕਰਨਾ ਵਿਦਿਆਰਥੀਆਂ ਦੀ ਸਿੱਖਣ ਦੀ ਲਾਲਸਾ ਨੂੰ ਵਧਾਉਂਦਾ ਹੈ ।ਅਤੇ ਉਹਨਾਂ ਦੇ ਮਾਨਸਿਕ ਵਿਕਾਸ ਨੂੰ ਵਧਾਉਂਦਾ ਹੈ।

# 120 ਗ੍ਰਾਮ ਹੈਰੋਇਨ ਸਮੇਤ ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)**-ਅੱਜ ਸੀ.ਆਈ.ਏ.ਸਟਾਫ਼ ਨਵਾਂਸ਼ਹਿਰ ਦੀ ਪੁਲਸ ਵੱਲੋਂ 2 ਵਿਅਕਤੀਆਂ ਨੂੰ 120 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ। ਐੱਸ.ਪੀ. ਡਾ.ਮੁਕੇਸ਼ ਸ਼ਰਮਾ ਨੇ ਦੱਸਿਆ ਕਿ ਗਸ਼ਤ ਦੌਰਾਨ ਸੀ.ਆਈ.ਏ. ਇੰਚਾਰਜ ਇੰਸਪੈਕਟਰ ਅਵਤਾਰ ਸਿੰਘ ਦੀ ਅਗਵਾਈ ਹੇਠ ਐੱਸ.ਆਈ. ਕਿਰਪਾਲ ਸਿੰਘ ਦੀ ਪੁਲਸ ਪਾਰਟੀ ਸੀ.ਆਈ.ਏ. ਸਟਾਫ਼ ਦੇ ਨਾਲ ਮੁੱਖ ਮਾਰਗ ਬੰਗਾ ਵੱਲ ਜਾ ਰਹੀ ਸੀ ਕਿ ਮੱਲ੍ਹਪੁਰ ਵਿਖੇ ਇੱਕ ਢਾਬੇ ਕੋਲ ਇਕ ਨੌਜਵਾਨ ਨੂੰ ਖੜ੍ਹਾ ਦੇਖਿਆ ਤਾਂ ਸ਼ੱਕ ਦੇ ਆਧਾਰ ਉੱਤੇ ਪੁਲਸ ਵੱਲੋਂ ਜਦੋਂ ਉਸ ਦੀ ਤਲਾਸ਼ੀ ਲਈ ਗਈ ਤਾਂ ਉਸ ਕੋਲੋਂ 120 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ । ਡਾ. ਮੁਕੇਸ਼ ਨੇ ਦੱਸਿਆ ਕਿ ਕਾਬੂ ਨੌਜਵਾਨ ਦੀ ਪਛਾਣ ਅਮਰਜੀਤ ਸਿੰਘ ਪੁੱਤਰ ਤ੍ਰਿਲੋਕ ਸਿੰਘ ਵਾਸੀ ਫਤਿਹਗੜ੍ਹ ਚੂੜੀਆਂ ਜ਼ਿਲ੍ਹਾ ਗੁਰਦਾਸਪੁਰ ਵਜੋਂ ਹੋਈ। ਉਨ੍ਹਾਂ ਦੱਸਿਆ ਕਿ ਕਾਬੂ ਕੀਤੇ ਮੁਲਜ਼ਮ ਖਿਲਾਫ ਮਾਮਲਾ ਦਰਜ ਕਰ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।ਉਨ੍ਹਾਂ ਦੱਸਿਆ ਕਿ ਕਾਬੂ ਦੋਸ਼ੀ ਤੋਂ ਕੀਤੀ ਗਈ ਪੁੱਛਗਿੱਛ ਵਿਚ ਸਾਹਮਣੇ ਆਇਆ ਕਿ ਉਕਤ ਦੋਸ਼ੀ ਅਵਤਾਰ ਚੰਦ ਉਰਫ਼ ਲਾਡੀ ਪੁੱਤਰ ਪਲਵਿੰਦਰ ਕੁਮਾਰ ਵਾਸੀ ਪਿੰਡ ਜੰਡਿਆਲਾ ਥਾਣਾ ਸਦਰ ਬੰਗਾ ਨੂੰ ਹੈਰੋਇਨ ਸਪਲਾਈ ਕਰਦਾ ਸੀ, ਜੋ ਅੱਗੇ ਤੋਂ ਇਹ ਹੈਰੋਇਨ ਪ੍ਰਚੂਨ ਵਿਚ ਸਪਲਾਈ ਕਰਦਾ ਸੀ । ਡਾ. ਮੁਕੇਸ਼ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਵੀ ਇਸ ਮਾਮਲੇ 'ਚ ਨਾਮਜ਼ਦ ਕਰ ਕੇ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਇਸ ਮੌਕੇ ਡੀ.ਐੱਸ.ਪੀ.ਰਾਜ ਕੁਮਾਰ, ਡੀ.ਐੱਸ.ਪੀ. ਪ੍ਰੇਮ ਕੁਮਾਰ ਅਤੇ ਇੰਸਪੈਕਟਰ ਅਵਤਾਰ ਸਿੰਘ ਵੀ ਮੌਜੂਦ ਸਨ।

# ਨਸ਼ਿਆਂ ਨੂੰ ਪੂਰੀ ਤਰ੍ਹਾਂ ਜੜ੍ਹੋਂ ਖ਼ਤਮ ਕਰਨ ਲਈ ਆਮ ਲੋਕਾਂ ਦਾ ਸਹਿਯੋਗ ਜ਼ਰੂਰੀ : ਐੱਸ ਪੀ

ਨਵਾਂਸ਼ਹਿਰ, (ਮਨੋਜ ਲਾਡੀ) - ਜ਼ਿਲ੍ਹਾ ਪੁਲਸ ਵੱਲੋਂ ਨਸ਼ਾ ਤਸਕਰਾਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦੇ ਸਾਰਥਿਕ ਨਤੀਜੇ ਸਾਹਮਣੇ ਆ ਰਹੇ ਹਨ। ਐੱਸ.ਪੀ. ਡਾ. ਮੁਕੇਸ਼ ਸ਼ਰਮਾ ਨੇ ਦੱਸਿਆ ਕਿ ਐੱਸ.ਪੀ. ਡਾ. ਮਹਿਤਾਬ ਸਿੰਘ ਦੀ ਯੋਗ ਅਗਵਾਈ ਹੇਠ ਜ਼ਿਲ੍ਹੇ ਭਰ ਵਿੱਚ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਮੁਹਿੰਮ ਚਲਾਈ ਗਈ ਹੈ, ਜਿਸ ਦੇ ਤਹਿਤ ਪਿਛਲੇ 2 ਮਹੀਨਿਆਂ ਤੋਂ ਜ਼ਿਲ੍ਹਾ ਪੁਲਸ ਵੱਲੋਂ ਨਸ਼ਾ ਤਸਕਰਾਂ ਉਤੇ ਵੱਖ-ਵੱਖ ਥਾਣਿਆਂ ਵਿੱਚ 182 ਕੇਸ ਦਰਜ ਕਰ ਕੇ 193 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਕੇ ਕੁੱਲ 624 ਗ੍ਰਾਮ ਹੈਰੋਇਨ, 1 ਕਿਲੋ 200 ਗ੍ਰਾਮ ਅਫੀਮ, 1901 ਨਸ਼ੀਲੀਆਂ ਗੋਲੀਆਂ ਅਤੇ ਕੈਪਸੂਲ, 2.5 ਕਿਲੋ ਭੁੱਕੀ, 5 ਗ੍ਰਾਮ ਨਸ਼ੀਲਾ ਪਾਊਡਰ ਅਤੇ 14 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਹਨ।ਡਾ. ਮੁਕੇਸ਼ ਨੇ ਕਿਹਾ ਕਿ ਉਨ੍ਹਾਂ ਦੇ ਕਬਜ਼ੇ ਤੋਂ ਇਕ ਪਾਸੇ ਤਾਂ ਜ਼ਿਲ੍ਹਾ ਪੁਲਸ ਨਸ਼ਾ ਤਸਕਰਾਂ ਉਤੇ ਕਾਰਵਾਈ ਕਰ ਕੇ ਉਨ੍ਹਾਂ ਨੂੰ ਜੇਲ੍ਹ ਵਿਚ ਡੱਕ ਰਹੀ ਹੈ, ਉੱਥੇ ਹੀ ਦੂਜੇ ਪਾਸੇ ਨਸ਼ੇ ਦੇ ਜਾਲ ਵਿਚ ਫਸ ਚੁੱਕੇ ਨੌਜਵਾਨਾਂ ਦਾ ਨਸ਼ਾ ਛੁਡਾਊ ਕੇਂਦਰਾਂ ਵਿਚ ਇਲਾਜ ਕਰਵਾਉਣ ਦੇ ਪ੍ਰਬੰਧ ਕੀਤੇ ਜਾ ਰਹੇ ਹਨ। ਜ਼ਿਲ੍ਹਾ ਪੁਲਸ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਬਚਾਉਣ ਲਈ ਜਾਗਰੂਕਤਾ ਸੈਮੀਨਾਰ ਕਰਵਾਏ ਜਾ ਰਹੇ ਹਨ। ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਜ਼ਿਲ੍ਹਾ ਪੁਲਸ ਵੱਲੋਂ ਖੇਡ ਟੂਰਨਾਮੈਂਟ, ਮੈਰਾਥਨ ਦੌੜ ਆਦਿ ਵੀ ਕਰਵਾਈਆਂ ਜਾ ਰਹੀਆਂ ਹਨ।ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਅਤੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਸੂਬੇ ਅਤੇ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਸਮਾਜ ਵਿੱਚੋਂ ਨਸ਼ਿਆਂ ਵਰਗੀ ਨਾਮੁਰਾਦ ਬਿਮਾਰੀ ਨੂੰ ਪੂਰੀ ਤਰ੍ਹਾਂ ਜੜ੍ਹੋਂ ਖ਼ਤਮ ਕਰਨ ਲਈ ਆਮ ਲੋਕਾਂ ਸਹਿਯੋਗ ਜ਼ਰੂਰੀ ਹੈ।

# ਨਗਰ ਕੌਂਸਲ ਦੇ ਜਨਰਲ ਇੰਸਪੈਕਟਰ ਜ਼ੋਰਾਵਰ ਸਿੰਘ ਮੰਡ ਦਾ ਸੇਵਾ-ਮੁਕਤੀ 'ਤੇ ਸਨਮਾਨ



**ਤਰਨਤਾਰਨ (ਨਜ਼ਸ)**—ਨਗਰ ਕੌਂਸਲ ਫਤਿਹਗੜ੍ਹ ਚੂੜੀਆਂ ਤੋਂ ਜਨਰਲ ਇੰਸਪੈਕਟਰ ਦੇ ਅਹੁਦੇ ਤੋਂ 31 ਅਗਸਤ ਨੂੰ ਸੇਵਾ ਮੁਕਤ ਹੋਏ ਜ਼ੋਰਾਵਰ ਸਿੰਘ ਮੰਡ ਨੂੰ ਸਥਾਨਕ ਸਤਿਕਾਰ ਪੈਲੇਸ ਵਿੱਚ ਹੋਏ ਪ੍ਰਭਾਵਸ਼ਾਲੀ ਸਮਾਗਮ ਵਿੱਚ ਵਿਭਾਗ ਦੇ ਅਧਿਕਾਰੀਆਂ/ਕਰਮਚਾਰੀਆਂ ਤੋਂ ਇਲਾਵਾ ਰਿਸ਼ਤੇਦਾਰਾਂ ਅਤੇ ਦੋਸਤਾਂ ਨੇ ਯਾਦਗਾਰੀ ਤੋਹਫ਼ੇ ਦੇ ਕੇ ਸ਼ਨਮਾਨਤ ਕੀਤਾ।ਇਸ ਮੌਕੇ ਇਕੱਤਰ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਨਗਰ ਕੌਂਸਲ ਫਤਿਹਗੜ੍ਹ ਚੂੜੀਆਂ ਦੀ ਪ੍ਰਧਾਨ ਰਜਵੰਤ ਕੌਰ ਰੰਧਾਵਾ ਦੇ ਪਤੀ ਕਾਂਗਰਸ ਪਾਰਟੀ ਦੇ ਆਗੂ ਐਡਵੋਕੇਟ ਨਵਤੇਜ ਸਿੰਘ ਰੰਧਾਵਾ, ਅਨਿਲ ਚੋਪੜਾ ਕਾਰਜ ਸਾਧਕ ਅਫਸਰ ਪੱਟੀ, ਰੋਸ਼ਨ ਜੋਸਫ ਸਾਬਕਾ ਜਿਲ੍ਹਾ ਪ੍ਰਧਾਨ ਕਾਂਗਰਸ ਕਮੇਟੀ ਗੁਰਦਾਸਪੁਰ, ਦੁੱਲਾ ਸਿੰਘ ਸਾਬਕਾ ਸੈਨਟਰੀ ਇੰਸਪੈਕਟਰ ਨਗਰ ਕੌਂਸਲ ਭਿੱਖੀਵਿੰਡ, ਗੁਰਨਾਮ ਸਿੰਘ ਸੈਕਟਰੀ ਨਗਰ ਕੌਂਸਲ ਪੱਟੀ, ਰਣਬੀਰ ਸੂਦ ਸਾਬਕਾ ਸੈਨਟਰੀ ਸੁਪਰਡੈਂਟ ਨਗਰ ਕੌਂਸਲ ਪੱਟੀ, ਬਲਕਾਰ ਸਿੰਘ ਵਾਈਸ ਪ੍ਰਧਾਨ ਨਗਰ ਕੌਂਸਲ ਪੱਟੀ ,ਰਮੇਸ਼ ਸੋਨੀ ਨਗਰ ਕੌਂਸਲ ਫਤਿਹਗੜ੍ਹ ਚੂੜੀਆਂ, ਜੁਗਰਾਜ ਸਿੰਘ ਸੈਨੀਟਰੀ ਸੁਪਰਡੈਂਟ ਪੱਟੀ, ਹਰਵਿੰਦਰ ਸਿੰਘ ਸੈਨੀਟਰੀ ਸੁਪਰਡੈਂਟ ਤਰਨ ਤਾਰਨ ਆਦਿ ਨੇ ਇੰਸਪੈਕਟਰ ਜੋਰਾਵਰ ਸਿੰਘ ਮੰਡ ਵੱਲੋਂ ਪੈਂਤੀ ਸਾਲ ਦੀ ਸੇਵਾ ਦੌਰਾਨ ਨਗਰ ਕੌਂਸਲ ਪੱਟੀ ਅਤੇ ਨਗਰ ਕੌਂਸਲ ਫਤਿਹਗੜ੍ਹ ਚੂੜੀਆਂ ਵਿਖੇ ਮਹਿਕਮੇ ਵਿੱਚ ਨੇਕਨੀਤੀ ਨਾਲ ਇਮਾਨਦਾਰ ਰਹਿ ਕੇ ਨਿਭਾਈਆਂ ਸ਼ਾਨਦਾਰ ਸੇਵਾਵਾਂ ਦੀ ਪ੍ਰਸ਼ੰਸਾ ਕੀਤੀ ।ਜ਼ੋਰਾਵਰ ਸਿੰਘ ਮੰਡ ਦੇ ਸ਼ਨਮਾਨ ਸਮਾਰੋਹ ਵਿੱਚ ਉਨ੍ਹਾਂ ਦੇ ਛੋਟੇ ਭਰਾ ਡੀ.ਆਈ.ਜੀ. ਗੁਰਇਕਬਾਲ ਸਿੰਘ ਮੰਡ, ਏਡੀਓ ਸੇਰਅਜੀਤ ਸਿੰਘ ਮੰਡ, ਸੈਨੀਟਰੀ ਇੰਸਪੈਕਟਰ ਸੁਖਦਿਆਲ ਸਿੰਘ ਮੰਡ, ਇੰਸਪੈਕਟਰ ਮੁਖਤਿਆਰ ਸਿੰਘ ਗਿੱਲ, ਡਾਕਟਰ ਨਵਿੰਦਰ ਸਿੰਘ, ਹਰਵਿਸ਼ਵਜੀਤ ਸਿੰਘ ਮੰਡ, ਅਕਾਊਂਟੈਂਟ ਸਿਮਰਨਜੀਤ ਸਿੰਘ ਆਦਿ ਨੇ ਵੀ ਹਿੱਸਾ ਲਿਆ ।ਸਟੇਜ ਸਕੱਤਰ ਦੀ ਭੂਮਿਕਾ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਬਾਖੂਬੀ ਨਿਭਾਈ ।


ੴ ਵਾਹਿਗੁਰੂ ਜੀ ਕੀ ਫ਼ਤਹ॥

## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਗੁਰਪੁਰਬ

ਭਾਦੋਂ ਸੁਦੀ ੧ ਮੁਤਾਬਿਕ 20 ਭਾਦੋਂ, ਸੰਮਤ ਨਾਨਕਸ਼ਾਹੀ ੫੫੬ (4 ਸਤੰਬਰ, 2024)

ਇਸ ਪਾਵਨ ਦਿਹਾੜੇ ਦੀਆਂ ਦੇਸ਼ ਵਿਦੇਸ਼ ਦੀ ਸੰਗਤ ਨੂੰ

## ਹਾਰਦਿਕ ਵਧਾਈਆਂ

ਅੱਜ ਦੇ ਦਿਨ ਭਾਦੋਂ ਸੁਦੀ ੧, ਸੰਮਤ ੧੬੬੧ (ਸੰਨ 1604) ਨੂੰ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਕੀਤਾ ਸੀ। ਇਹ ਦਿਹਾੜਾ ਸੰਗਤਾਂ ਵੱਲੋਂ ਹਰ ਸਾਲ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾਂਦਾ ਹੈ। ਇਸ ਮੌਕੇ 'ਤੇ ਸਮੂਹ ਸੰਗਤ ਨੂੰ ਅਪੀਲ ਹੈ ਕਿ ਆਓ, ਗੁਰਬਾਣੀ ਦੀਆਂ ਮੁੱਲਵਾਨ ਸਿੱਖਿਆਵਾਂ ਨੂੰ ਆਪਣੇ ਹਿਰਦੇ ਵਿਚ ਵਸਾਈਏ ਅਤੇ ਗੁਰਮਤਿ ਆਸ਼ੇ ਅਨੁਸਾਰ ਜੀਵਨ ਸੇਧਾਂ ਨਿਰਧਾਰਤ ਕਰੀਏ।

-ਗੁਰੂ ਪੰਥ ਦਾ ਦਾਸ-
**ਐਡਵੋਕੇਟ ਹਰਜਿੰਦਰ ਸਿੰਘ ਧਾਮੀ**
ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ

ਜਾਰੀ ਕਰਤਾ: ਮੈਨੇਜਰ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

4-Sep-PAGE-4.qxd 9/3/2024 10:50 PM Page 1



# ਸੰਘ ਦੇ ਸੰਘ 'ਚ ਫਸਿਆ ਜਾਤੀ ਜਨਗਣਨਾ ਦਾ ਮੁੱਦਾ

*ਕਰਨਾਟਕ ਦੀਆਂ ਵਿਧਾਨ ਸਭਾ ਚੋਣਾਂ ਜਿੱਤਣ ਬਾਅਦ ਰਾਹੁਲ ਗਾਂਧੀ ਦੀ ਅਗਵਾਈ ਵਿੱਚ ਕਾਂਗਰਸ ਨੇ ਜਾਤੀ ਜਨਗਣਨਾ ਦਾ ਮੁੱਦਾ ਜ਼ੋਰ-ਸ਼ੋਰ ਨਾਲ ਉਠਾਉਣਾ ਸ਼ੁਰੂ ਕਰ ਦਿੱਤਾ ਸੀ। ਇਸ ਦੇ ਜਵਾਬ ਵਿੱਚ ਨਰਿੰਦਰ ਮੋਦੀ ਨੇ ਕਿਹਾ ਸੀ, 'ਵਿਰੋਧੀ ਧਿਰਾਂ ਦੇਸ਼ ਨੂੰ ਜਾਤੀਆਂ ਦੇ ਨਾਂਅ 'ਤੇ ਵੰਡਣਾ ਚਾਹੁੰਦੀਆਂ ਹਨ, ਪਰ ਮੇਰੀ ਨਜ਼ਰ ਵਿੱਚ ਸਿਰ.ਫ ਚਾਰ ਜਾਤੀਆਂ ਹਨ; ਗਰੀਬ, ਨੌਜਵਾਨ, ਔਰਤਾਂ ਤੇ ਕਿਸਾਨ।' ਮੋਦੀ ਨੇ ਇਹ ਬਿਆਨ ਰਾਜਸਥਾਨ, ਮੱਧ ਪ੍ਰਦੇਸ਼ ਤੇ ਛੱਤੀਸਗੜ੍ਹ ਦੀਆਂ ਵਿਧਾਨ ਸਭਾ ਚੋਣਾਂ ਜਿੱਤ ਲੈਣ ਦੇ ਉਤਸ਼ਾਹ ਵਿੱਚ ਦਿੱਤਾ ਸੀ। ਉਨ੍ਹਾ ਕਿਹਾ ਸੀ, 'ਮੇਰੇ ਲਈ ਸਿਰ.ਫ ਚਾਰ ਜਾਤੀਆਂ ਹਨ।' ਇਨ੍ਹਾਂ ਨੂੰ ਤਾਕਤਵਰ ਬਣਾਉਣ ਨਾਲ ਦੇਸ਼ ਮਜ਼ਬੂਤ ਹੋਵੇਗਾ। ਸਾਡੇ ਓ ਬੀ ਸੀ ਤੇ ਆਦਿਵਾਸੀਆਂ ਦਾ ਵੱਡਾ ਹਿੱਸਾ ਇਨ੍ਹਾਂ ਵਿੱਚੋਂ ਹੀ ਆਉਂਦਾ ਹੈ।'*

*ਵਿਰੋਧੀ ਧਿਰ ਦੇ ਆਗੂਆਂ ਰਾਹੁਲ ਗਾਂਧੀ, ਅਖਿਲੇਸ਼ ਯਾਦਵ ਤੇ ਤੇਜਸਵੀ ਯਾਦਵ ਨੇ ਲੋਕ ਸਭਾ ਚੋਣਾਂ ਦੌਰਾਨ ਵੀ ਜਾਤੀ ਜਨਗਣਨਾ ਦੇ ਮੁੱਦੇ ਨੂੰ ਪ੍ਰਮੁੱਖਤਾ ਨਾਲ ਉਠਾਇਆ ਸੀ। ਭਾਜਪਾ ਇਸ ਮੰਗ ਦਾ ਲਗਾਤਾਰ ਵਿਰੋਧੀ ਕਰਦੀ ਰਹੀ ਹੈ। ਇਸ ਮਾਮਲੇ 'ਤੇ ਵਿਰੋਧੀ ਧਿਰਾਂ ਦੇ ਨਾਲ-ਨਾਲ ਐੱਨ ਡੀ ਏ ਵਿੱਚ ਸ਼ਾਮਲ ਦੋ ਧਿਰਾਂ ਜੇ ਡੀ ਯੂ ਤੇ ਐੱਲ ਜੇ ਪੀ ਵੀ ਸਮੁੱਚੇ ਦੇਸ਼ ਵਿੱਚ ਜਾਤੀ ਜਨਗਣਨਾ ਕਰਾਏ ਜਾਣ ਦੀ ਮੰਗ ਕਰਦੀਆਂ ਹਨ। ਇਸੇ ਕਾਰਨ ਭਾਜਪਾ ਇਸ ਦਾ ਖੁੱਲ੍ਹ ਕੇ ਵਿਰੋਧ ਕਰਨ ਤੋਂ ਬਚਦੀ ਰਹੀ, ਪਰ ਉਸ ਨੇ ਹਾਮੀ ਵੀ ਕਦੇ ਨਹੀਂ ਭਰੀ। ਭਾਜਪਾ ਨੂੰ ਡਰ ਹੈ ਕਿ ਜਾਤੀ ਜਨਗਣਨਾ ਕੀਤੇ ਜਾਣ ਨਾਲ ਉਸ ਦੇ ਹਿੰਦੂਆਂ ਨੂੰ ਇਕਜੁੱਟ ਕਰਨ ਦੇ ਨਾਅਰੇ ਨੂੰ ਠੇਸ ਪਹੁੰਚੇਗੀ। ਇਸ ਲਈ ਲਗਾਤਾਰ ਪ੍ਰਚਾਰ ਕਰ ਰਹੀ ਸੀ ਕਿ ਇਸ ਨਾਲ ਸਮਾਜ ਵਿੱਚ ਵੰਡੀਆਂ ਪੈ ਜਾਣਗੀਆਂ। ਯੋਗੀ ਆਦਿੱਤਿਆਨਾਥ ਦਾ 'ਬਟੋਗੇ ਤੋਂ ਕਟੋਗੇ' ਨਾਅਰਾ ਵੀ ਇਸੇ ਸੰਦਰਭ ਵਿੱਚ ਹੈ।*

*ਹੁਣ ਜਦੋਂ ਆਰ ਐੱਸ ਐੱਸ ਨੇ ਜਾਤੀ ਜਨਗਣਨਾ ਦਾ ਸਮਰਥਨ ਕਰ ਦਿੱਤਾ ਹੈ, ਨਰਿੰਦਰ ਮੋਦੀ ਸਮੇਤ ਸਭ ਭਾਜਪਾ ਆਗੂ ਹੈਰਾਨ-ਪ੍ਰੇਸ਼ਾਨ ਹੋ ਗਏ ਹਨ। ਕੇਰਲਾ ਦੇ ਪਲੱਕੜ ਵਿੱਚ ਹੋਏ ਆਰ ਐੱਸ ਐੱਸ ਦੇ ਤਿੰਨ ਦਿਨਾ ਸੰਮੇਲਨ ਦੇ ਬਾਅਦ ਪੱਤਰਕਾਰ ਸੰਮੇਲਨ ਨੂੰ ਸੰਬੋਧਨ ਕਰਦਿਆਂ ਸੰਘ ਦੇ ਮੁੱਖ ਬੁਲਾਰੇ ਸੁਨੀਲ ਅੰਬੇਕਰ ਨੇ ਕਿਹਾ, 'ਜਾਤੀ ਜਨਗਣਨਾ ਇੱਕ ਬਹੁਤ ਹੀ ਸੰਵੇਦਨਸ਼ੀਲ ਮੁੱਦਾ ਹੈ, ਇਸ ਨੂੰ ਬਹੁਤ ਹੀ ਗੰਭੀਰਤਾ ਨਾਲ ਨਿਪਟਾਉਣਾ ਚਾਹੀਦਾ ਹੈ। ਜਾਤੀ ਗਣਨਾ ਕੇਵਲ ਹਾਸ਼ੀਆ ਉੱਤੇ ਪਹੁੰਚੇ ਹੋਏ ਵਰਗਾਂ ਦੇ ਕਲਿਆਣ ਲਈ ਹੋਣੀ ਚਾਹੀਦੀ ਹੈ। ਇਸ ਦੀ ਵਰਤੋਂ ਰਾਜਨੀਤਕ ਹਥਿਆਰ ਜਾਂ ਚੋਣ ਪ੍ਰਚਾਰ ਲਈ ਨਹੀਂ ਹੋਣੀ ਚਾਹੀਦੀ।' ਸੁਨੀਲ ਅੰਬੇਕਰ ਨੇ ਅੱਗੇ ਕਿਹਾ, 'ਆਰ ਐੱਸ ਐੱਸ ਦੀ ਸੋਚ ਹੈ ਕਿ ਸਾਰੀਆਂ ਕਲਿਆਣਕਾਰੀ ਸਰਗਰਮੀਆਂ ਲਈ ਵਿਸ਼ੇਸ਼ ਰੂਪ ਵਿੱਚ ਉਨ੍ਹਾਂ ਵਰਗਾਂ ਤੇ ਜਾਤੀਆਂ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ, ਜਿਹੜੇ ਪਛੜ ਰਹੇ ਹਨ। ਕਦੇ-ਕਦੇ ਸਰਕਾਰ ਨੂੰ ਅੰਕੜਿਆਂ ਦੀ ਜ਼ਰੂਰਤ ਹੁੰਦੀ ਹੈ। ਸਰਕਾਰ ਪਹਿਲਾਂ ਵੀ ਅਜਿਹੇ ਅੰਕੜੇ ਇਕੱਤਰ ਕਰਦੀ ਰਹੀ ਹੈ, ਇਸ ਲਈ ਦੁਬਾਰਾ ਵੀ ਕਰ ਸਕਦੀ ਹੈ, ਪਰ ਇਸ ਦੀ ਰਾਜਨੀਤਿਕ ਹਥਿਆਰ ਵਜੋਂ ਵਰਤੋਂ ਨਹੀਂ ਹੋਣੀ ਚਾਹੀਦੀ। ਇਸ ਲਈ ਸੰਘ ਇਸ ਨੂੰ ਸਾਰਿਆਂ ਲਈ ਸਾਵਧਾਨੀ ਵਜੋਂ ਪੇਸ਼ ਕਰ ਰਿਹਾ ਹੈ।'*

*ਇਸ ਦੇ ਨਾਲ ਹੀ ਸੰਘ ਬੁਲਾਰੇ ਨੇ ਜਾਤੀਆਂ ਦੇ ਵਰਗੀਕਰਨ ਬਾਰੇ ਕਿਹਾ, 'ਅਨੁਸੂਚਿਤ ਜਾਤੀਆਂ ਤੇ ਅਨੁਸੂਚਿਤ ਜਨਜਾਤੀਆਂ ਦੇ ਉਪ ਵਰਗੀਕਰਨ ਬਾਰੇ ਕੋਈ ਕਦਮ ਸੰਬੰਧਤ ਸਮਾਜ ਦੀ ਸਹਿਮਤੀ ਨਾਲ ਚੁੱਕਿਆ ਜਾਣਾ ਚਾਹੀਦਾ ਹੈ।' ਯਾਦ ਰਹੇ ਕਿ ਸੁਪਰੀਮ ਕੋਰਟ ਨੇ ਪਿਛਲੇ ਦਿਨੀਂ ਆਦੇਸ਼ ਦਿੱਤਾ ਸੀ ਕਿ ਐੱਸ ਸੀ ਤੇ ਐੱਸ ਟੀ ਜਾਤੀਆਂ ਵਿੱਚ ਉਪ ਵਰਗੀਕਰਨ ਹੋਵੇ ਤਾਂ ਜੋ ਹਾਸ਼ੀਏ 'ਤੇ ਪਈਆਂ ਅਤਿ ਦਲਿਤ ਜਾਤੀਆਂ ਨੂੰ ਵੀ ਫਾਇਦਾ ਮਿਲ ਸਕੇ। ਐੱਸ ਸੀ ਤੇ ਐੱਸ ਟੀ ਦੇ ਮੁੱਖ ਸਮੂਹਾਂ ਦੇ ਵਿਰੋਧ ਕਾਰਨ ਭਾਜਪਾ ਤੇ ਕਾਂਗਰਸ ਸਮੇਤ ਕਈ ਪਾਰਟੀਆਂ ਇਸ ਮੁੱਦੇ ਤੋਂ ਕੰਨੀ ਕੱਟਦੀਆਂ ਰਹੀਆਂ ਹਨ।*

*ਆਰ ਐੱਸ ਐੱਸ ਸਦਾ ਹੀ ਰਾਖਵੇਂਕਰਨ ਦਾ ਵਿਰੋਧੀ ਰਿਹਾ ਹੈ। ਜਾਤੀ ਜਨਗਣਨਾ ਅਸਲ ਵਿੱਚ ਰਾਖਵੇਂਕਰਨ ਦਾ ਘੇਰਾ ਹੋਰ ਵਿਸ਼ਾਲ ਕਰਨ ਦਾ ਹਥਿਆਰ ਹੈ। ਇਸ ਲਈ ਭਾਵੇਂ ਕਿੰਤੂ-ਪ੍ਰੰਤੂ ਕਰਕੇ ਹੀ ਸੰਘ ਵੱਲੋਂ ਇਸ ਦੇ ਹੱਕ ਵਿੱਚ ਖੜ੍ਹਾ ਹੋਣਾ ਇੱਕ ਅਹਿਮ ਤਬਦੀਲੀ ਹੈ। ਇਹ ਵਿਰੋਧੀ ਧਿਰਾਂ ਖਾਸ ਕਰ ਰਾਹੁਲ ਗਾਂਧੀ ਦੀ ਵੱਡੀ ਜਿੱਤ ਹੈ, ਜਿਸ ਨੇ ਕੁਝ ਦਿਨ ਪਹਿਲਾਂ ਹੀ ਇੱਕ ਸਭਾ ਨੂੰ ਸੰਬੋਧਨ ਕਰਦਿਆਂ ਕਿਹਾ ਸੀ, 'ਮੋਦੀ ਜੀ, ਅਗਰ ਆਪ ਜਾਤੀ ਜਨਗਣਨਾ ਰੋਕਣ ਦੀ ਸੋਚ ਰਹੇ ਹੋ ਤਾਂ ਤੁਸੀਂ ਬੁਰਾ ਸੁਫਨਾ ਦੇਖ ਰਹੇ ਹੋ। ਹੁਣ ਇਸ ਨੂੰ ਕੋਈ ਤਾਕਤ ਰੋਕ ਨਹੀਂ ਸਕਦੀ। ਹਿੰਦੋਸਤਾਨ ਦਾ ਆਦੇਸ਼ ਆ ਗਿਆ ਹੈ। ਜਲਦੀ ਹੀ 90 .ਫੀਸਦੀ ਭਾਰਤੀ ਸਮਰਥਨ ਕਰਨਗੇ ਤੇ ਮੰਗ ਕਰਨਗੇ ਕਿ ਜਾਤੀ ਜਨਗਣਨਾ ਕਰਾਈ ਜਾਏ। ਹੁਣੇ ਇਸ ਆਦੇਸ਼ ਨੂੰ ਲਾਗੂ ਕਰੋ, ਨਹੀਂ ਤਾਂ ਤੁਸੀਂ ਅਗਲੇ ਪ੍ਰਧਾਨ ਮੰਤਰੀ ਨੂੰ ਅਜਿਹਾ ਕਰਦਿਆਂ ਦੇਖੋਗੇ।' ਸੰਘ ਦੇ ਇਸ ਸਟੈਂਡ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਉਸ ਦੇ ਬਾਕੀ ਹਮਵਾਰੀਆਂ ਲਈ ਜਾਤੀ ਜਨਗਣਨਾ ਦਾ ਮੁੱਦਾ 'ਸੱਪ ਦੇ ਮੂੰਹ ਕੋਹੜ ਕਿਰਲੀ' ਵਾਲਾ ਬਣ ਗਿਆ ਹੈ, ਖਾਵੇ ਤਾਂ ਕੋਹੜੀ ਨਾ ਖਾਵੇ ਤਾਂ ਕਲੰਕੀ।*

**-ਚੰਦ ਫਤਿਹਪੁਰੀ**

# ਸੰਘ ਨੂੰ ਪੰਜਾਬ 'ਚ ਪੈਰ ਪਸਾਰਨ ਤੋਂ ਰੋਕਣ ਦੀ ਲੋੜ



ਮੰਗਤ ਰਾਮ ਪਾਸਲਾ

ਆਰ.ਐੱਸ.ਐੱਸ. ਤੇ ਭਾਜਪਾ ਜਿਸ ਢੰਗ ਨਾਲ ਦੇਸ਼ ਦੇ ਵੱਖੋ-ਵੱਖ ਪ੍ਰਾਂਤਾਂ, ਖਾਸ ਕਰਕੇ ਸਰਹੱਦੀ ਸੂਬੇ ਪੰਜਾਬ ਅੰਦਰ ਆਪਣੇ ਪੈਰ ਪਸਾਰਨ ਦਾ ਯਤਨ ਕਰ ਰਹੇ ਹਨ, ਉਹ ਡਾਢਾ ਚਿੰਤਾਜਨਕ ਹੈ। ਵਿਸ਼ੇਸ਼ ਤੌਰ 'ਤੇ ਅਜੋਕੀਆਂ ਪ੍ਰਸਥਿਤੀਆਂ ਅੰਦਰ ਇਹ ਮੁੱਦਾ ਸਮੂਹ ਲੋਕਾਂ ਦੇ ਧਿਆਨ ਗੋਚਰੇ ਹੋਣਾ ਚਾਹੀਦਾ ਹੈ। 2024 ਦੀਆਂ ਲੋਕ ਸਭਾ ਚੋਣਾਂ 'ਚ ਇਕੱਲਿਆਂ ਪੂਰਨ ਬਹੁਮੱਤ ਹਾਸਲ ਕਰਨ ਤੋਂ ਭਾਜਪਾ ਭਾਵੇਂ ਉੱਕ ਗਈ ਹੈ, ਪ੍ਰੰਤੂ ਇਸ ਦੀ ਵਿਚਾਰਧਾਰਾ, ਨਿਸ਼ਾਨਾ, ਜਨ ਆਧਾਰ ਤੇ ਇਸ ਦੀ ਪਿੱਠ 'ਤੇ ਖੜ੍ਹਾ ਆਰ ਐੱਸ ਐੱਸ ਦਾ ਸੰਘਣਾ ਤੇ ਗੁੰਦਵਾਂ ਜਥੇਬੰਦਕ ਢਾਂਚਾ ਜਿਉਂ ਦੀ ਤਿਉਂ ਕਾਇਮ ਹਨ। ਭਾਜਪਾ ਵਰਗੀ ਫਿਰਕੂ ਦਾ ਦੇਸ਼ ਅੰਦਰ 37 ਪ੍ਰਤੀਸ਼ਤ ਤੇ ਪੰਜਾਬ 'ਚ 19 ਪ੍ਰਤੀਸ਼ਤ ਵੋਟਾਂ ਹਾਸਲ ਕਰਨਾ ਵੀ ਇੱਕ ਗੰਭੀਰ ਵਿਸ਼ਾ ਹੈ। ਜਗੀਰੂ ਤੇ ਅਰਧ-ਜਗੀਰੂ ਰਿਸ਼ਤੇ, ਵੇਲਾ ਵਿਹਾਅ ਚੁੱਕੀਆਂ ਸਮਾਜਿਕ ਕਦਰਾਂ-ਕੀਮਤਾਂ ਤੇ ਰਸਮੋ-ਰਿਵਾਜ ਆਰ.ਐੱਸ.ਐੱਸ. ਦੀ ਪਿਛਾਖੜੀ ਵਿਚਾਰਧਾਰਾ ਦੇ ਵਧਣ-ਫੁੱਲਣ ਲਈ ਜ਼ਰਖੇਜ਼ ਭੂਮੀ ਮੁਹੱਈਆ ਕਰਦੇ ਹਨ। ਦੇਸ਼ ਅੰਦਰ ਲੋਕਾਂ ਦੇ ਚੋਖੇ ਹਿੱਸੇ 'ਤੇ ਪਿਛਾਖੜੀ ਵਿਚਾਰਧਾਰਾ ਦਾ ਪਹਿਲਾਂ ਤੋਂ ਚੱਲਿਆ ਆ ਰਿਹਾ ਅਸਰ ਹੋਰ ਵਧਣ ਦੀਆਂ ਸੰਭਾਵਨਾਵਾਂ ਤੋਂ ਅੱਖਾਂ ਬੰਦ ਕਰਨਾ ਖਤਰਿਆਂ ਤੋਂ ਖਾਲੀ ਨਹੀਂ ਹੋਵੇਗਾ। ਇਨ੍ਹਾਂ ਵਿਚਾਰਾਂ ਦਾ ਪਸਾਰਾ ਕਰਨ ਲਈ ਸੰਘ ਦੇ ਜਥੇਬੰਦਕ ਢਾਂਚੇ ਦੇ ਨਾਲ-ਨਾਲ ਮੋਦੀ ਦੀ ਅਗਵਾਈ ਹੇਠਲੀ ਕੇਂਦਰੀ ਸਰਕਾਰ ਤੇ ਭਾਜਪਾ ਦੀਆਂ ਪ੍ਰਾਂਤਕ ਹਕੂਮਤਾਂ, ਪ੍ਰਬੰਧਕੀ ਮਸ਼ੀਨਰੀ, ਸਰਕਾਰੀ ਏਜੰਸੀਆਂ ਤੇ ਪ੍ਰਚਾਰ ਦੇ ਸਾਧਨ, ਖਾਸ ਕਰਕੇ ਇਲੈਕਟ੍ਰਾਨਿਕ ਮੀਡੀਏ ਦਾ ਪ੍ਰਮੁੱਖ ਹਿੱਸਾ ਪੱਬਾਂ ਭਾਰ ਹੋਈ ਬੈਠੇ ਹਨ। ਜ਼ਰਖਰੀਦ ਬੁੱਧੀਜੀਵੀ ਤੇ ਅਨੇਕਾਂ ਧਾਰਮਿਕ ਆਗੂ ਸਨਾਤਨੀ ਵਿਚਾਰਧਾਰਾ ਨੂੰ ਨਵੀਂ ਰੰਗਤ ਦੇ ਕੇ ਲੋਕਮਨਾਂ 'ਚ ਵਸਾਉਣਾ ਚਾਹੁੰਦੇ ਹਨ, ਤਾਂ ਜੋ ਮੌਜੂਦਾ ਧਰਮ ਨਿਰਪੱਖ, ਲੋਕ ਰਾਜੀ ਤੇ ਸੰਘਾਤਮਕ ਢਾਂਚੇ ਦੀ ਥਾਂ ਇਕ ਧਰਮ ਅਧਾਰਤ, ਪਿਛਾਖੜੀ ਤੇ ਗੈਰ ਲੋਕਰਾਜੀ 'ਹਿੰਦੂਤਵੀ' ਰਾਜ ਪ੍ਰਬੰਧ ਕਾਇਮ ਕੀਤਾ ਜਾ ਸਕੇ। ਇਸ ਢਾਂਚੇ ਦੇ ਹਮਾਇਤੀਆਂ ਵੱਲੋਂ ਦੇਸੀ-ਵਿਦੇਸ਼ੀ ਕਾਰਪੋਰੇਟ ਲੋਟੂਆਂ ਤੇ ਸੰਸਾਰ ਸਾਮਰਾਜੀਆਂ ਨਾਲ ਬਣਾਈਆਂ ਨੇੜਲੀਆਂ ਸਾਂਝਾਂ ਪਹਿਲਾਂ ਹੀ ਉਜਾਗਰ ਹੋ ਚੁੱਕੀਆਂ ਹਨ। ਇਨ੍ਹਾਂ ਸਾਂਝਾਂ ਕਰਕੇ ਹੀ ਭਾਰਤੀ ਹਾਕਮ ਇਸੇ ਵੇਲੇ ਸੰਸਾਰ ਦੇ ਵੱਖ-ਵੱਖ ਭਾਗਾਂ ਅੰਦਰ ਜਾਰੀ ਜੰਗਾਂ ਦੇ ਸੂਤਰਧਾਰ ਸਾਮਰਾਜੀਆਂ ਵਿਰੁੱਧ ਸਪੱਸ਼ਟ ਪੈਂਤੜਾ ਮੱਲਣ ਦੀ ਥਾਂ ਸਾਮਰਾਜੀ ਜਰਵਾਣਿਆਂ ਤੇ ਇਨ੍ਹਾਂ ਦੇ ਪਿਛਲੱਗ ਦੇਸ਼ਾਂ ਦੇ ਹੱਕ 'ਚ ਖੜ੍ਹੇ ਸਾਫ ਦਿਖਾਈ ਦਿੰਦੇ ਹਨ।

ਪੰਜਾਬ, ਪਾਕਿਸਤਾਨ ਨਾਲ ਲੱਗਦਾ ਸਰਹੱਦੀ ਸੂਬਾ ਹੋਣ ਕਾਰਨ ਸੰਘ ਲਈ ਬੜਾ ਮਹੱਤਵਪੂਰਨ ਪ੍ਰਾਂਤ ਹੈ। ਪੰਜਾਬ 'ਚ ਸੰਘ ਦਾ ਪਸਾਰਾ ਕਿਰਤੀ ਲੋਕਾਈ ਨੂੰ ਦੇਸ਼ ਦੀ ਖੱਬੀ-ਜਮਹੂਰੀ ਲਹਿਰ ਨਾਲੋਂ ਨਿਖੇੜ ਕੇ ਸਥਾਪਤੀ ਦੇ ਹੱਕ 'ਚ ਭੁਗਤਾਉਣ ਲਈ ਮਹੱਤਵਪੂਰਨ ਕਾਰਕ ਬਣ ਸਕਦਾ ਹੈ। ਜਿਵੇਂ ਜੰਮੂ-ਕਸ਼ਮੀਰ ਨੂੰ ਵਿਸ਼ੇਸ਼ ਦਰਜਾ ਦੇਣ ਵਾਲੀਆਂ ਸੰਵਿਧਾਨ ਦੀਆਂ ਧਾਰਾਵਾਂ (ਧਾਰਾ 370 ਤੇ 370 ਏ) ਨੂੰ ਲੋਕਾਂ ਦੀ ਪਿੱਠ ਪਿੱਛੇ ਰਾਤ ਦੇ ਹਨੇਰੇ 'ਚ ਖਤਮ ਕੀਤਾ ਗਿਆ ਸੀ, ਠੀਕ ਉਵੇਂ ਹੀ ਸੰਘ ਪਰਵਾਰ ਦਾ ਅਗਲਾ ਨਿਸ਼ਾਨਾ ਹੁਣ ਪੰਜਾਬ ਤੇ ਇਸ ਦਾ ਨਾਬਰੀ ਵਾਲਾ ਸੁਭਾਅ ਹੈ। ਇਸ ਖਿੱਤੇ ਨੂੰ ਇਹ ਵਿਰਾਸਤ ਸੂਫੀਆਂ, ਭੱਟਾਂ, ਨਾਥਾਂ, ਯੋਗੀਆਂ, ਸਿੱਖ ਗੁਰੂ ਸਾਹਿਬਾਨਾਂ, ਭਗਤੀ ਲਹਿਰ ਦੇ ਰਹਿਬਰਾਂ, ਗਦਰੀ ਬਾਬਿਆਂ ਤੇ ਸ਼ਹੀਦ-ਇ-ਆਜ਼ਮ ਸ. ਭਗਤ ਸਿੰਘ ਵਰਗੇ ਯੋਧਿਆਂ ਦੀ ਇਨਕਲਾਬੀ ਤੇ ਮਾਨਵੀ ਵਿਚਾਰਧਾਰਾ ਤੋਂ ਮਿਲੀ ਹੈ। ਸੰਘ ਇਸ ਵਿਰਾਸਤ ਦੇ ਮੂਲ ਨੂੰ 'ਸਨਾਤਨੀ ਵਿਚਾਰਧਾਰਾ' ਫੈਲਣ 'ਚ ਵੱਡੀ ਰੁਕਾਵਟ ਸਮਝਦਾ ਹੈ। ਇਹ ਹਕੀਕਤ ਹੈ ਕਿ ਵੱਖੋ-ਵੱਖ ਸਮਿਆਂ 'ਚ ਬਣਦੀਆਂ ਰਹੀਆਂ ਅਕਾਲੀ-ਭਾਜਪਾ ਗਠਜੋੜ ਦੀਆਂ ਸਰਕਾਰਾਂ ਦੇ ਕਾਰਜ ਕਾਲਾਂ ਦੌਰਾਨ ਸੰਘ ਨੇ ਗੁਪਤ ਯੋਜਨਾਬੰਦੀ ਤਹਿਤ ਆਮ ਲੋਕਾਂ ਤੇ ਅਫਸਰਸ਼ਾਹੀ ਅੰਦਰ ਸੰਕੀਰਨ ਵਿਚਾਰਾਂ ਦੀ ਘੁਸਪੈਠ ਰਾਹੀਂ ਆਪਣੇ ਸੰਗਠਨ ਦਾ ਚੋਖਾ ਪਸਾਰਾ ਕੀਤਾ ਹੈ। ਖਾਲਿਸਤਾਨੀ ਦਹਿਸ਼ਤਗਰਦੀ ਦੇ ਕਾਲੇ ਸਮਿਆਂ 'ਚ ਵੀ ਸੰਘ ਦੀ ਇਹੋ ਰਣਨੀਤੀ ਰਹੀ ਹੈ ਕਿ ਅੱਤਵਾਦ ਦਾ ਭੈਅ ਦਿਖਾ ਕੇ ਗੈਰ ਸਿੱਖਾਂ 'ਤੇ ਸੰਘ-ਭਾਜਪਾ ਦੀ ਫਿਰਕੂ ਸੋਚ ਦਾ ਰੰਗ ਚਾੜ੍ਹਿਆ ਜਾਵੇ। ਉਹ ਆਮ ਸਿੱਖਾਂ ਤੇ ਮੁੱਠੀ ਭਰ ਅੱਤਵਾਦੀ ਤੱਤਾਂ ਵਿਚਕਾਰ ਕੋਈ ਅੰਤਰ ਨਹੀਂ ਸਨ ਕਰਦੇ। ਇਸ ਲਈ ਸੰਘ ਤੇ ਭਾਜਪਾ ਨੇ ਹਮੇਸ਼ਾ ਉਸ ਸਮੇਂ ਪੰਜਾਬ ਦੀ ਉਲਝੀ ਤਾਣੀ ਨੂੰ ਸੁਲਝਾਉਣ ਲਈ ਮਸਲੇ ਦੇ ਰਾਜਨੀਤਕ ਹੱਲ ਦੀ ਥਾਂ ਹਮੇਸ਼ਾ ਤਾਕਤ ਦੀ ਵਰਤੋਂ ਕਰਨ ਦੀ ਵਕਾਲਤ ਕੀਤੀ। ਉਂਝ ਹਿੰਦੂ ਵੱਸੋਂ ਦਾ ਚੋਖਾ ਭਾਗ, ਖਾਸ ਕਰਕੇ ਸ਼ਹਿਰਾਂ 'ਚ, ਫਿਰਕੂ ਅਧਾਰ 'ਤੇ ਸੰਨ 1947 'ਚ ਦੇਸ਼ ਦੀ ਵੰਡ ਵੇਲੇ ਹੋਏ ਫਿਰਕੂ ਫਸਾਦਾਂ ਅਤੇ ਵੱਖੋ-ਵੱਖ ਸਮਿਆਂ 'ਤੇ ਮੌਕਾਪ੍ਰਸਤ ਰਾਜਸੀ ਆਗੂਆਂ ਤੇ ਸਮਾਜਿਕ ਸੰਗਠਨਾਂ ਵੱਲੋਂ ਅਪਣਾਈ ਗਈ ਗੈਰ ਅਸੂਲੀ ਪਹੁੰਚਾ ਦੇ ਨਤੀਜੇ ਵਜੋਂ ਆਰ ਐੱਸ ਐੱਸ ਦੀ ਵਿਚਾਰਧਾਰਾ ਤੋਂ ਪ੍ਰਭਾਵਤ ਹੈ। ਭਾਜਪਾ ਦੀ ਰਾਜ ਭਾਗ 'ਚ ਭਾਗੀਦਾਰੀ ਨਾਲ ਇਸ ਵਰਤਾਰੇ ਨੂੰ ਹੋਰ ਬਲ ਮਿਲਿਆ ਹੈ। ਸਿੱਖਾਂ ਅੰਦਰਲੇ, ਸੰਕੀਰਨ ਸੋਚਣੀ ਵਾਲੇ ਗਰਮ-ਖਿਆਲੀ ਅਨਸਰ ਵੀ ਆਪਣੇ ਅਕੀਦੇ ਦੇ ਅਧਾਰ 'ਤੇ ਜਾਂ ਕੇਂਦਰੀ ਏਜੰਸੀਆਂ ਦੀ ਘੁਸਪੈਠ ਸਦਕਾ 'ਖਾਲਿਸਤਾਨ' ਵਰਗੇ ਤੱਤੇ ਨਾਅਰਿਆਂ ਰਾਹੀਂ ਹਾਕਮ ਧਿਰ ਦੇ ਏਜੰਡੇ ਦੀ ਪੂਰਤੀ ਲਈ ਆਰ ਐੱਸ ਐੱਸ ਦੀ ਵਿਚਾਰਧਾਰਾ ਫੈਲਾਉਣ 'ਚ ਉਪਯੋਗੀ ਸਿੱਧ ਹੋਏ ਹਨ।

ਪੰਜਾਬੀਆਂ ਨੇ ਗੁਆਂਢੀ ਰਾਜਾਂ ਸਮੇਤ ਦੇਸ਼ ਭਰ ਦੇ ਲੋਕਾਂ, ਖਾਸ ਕਰਕੇ ਕਿਸਾਨਾਂ ਨਾਲ ਮਿਲ ਕੇ ਮੋਦੀ ਸਰਕਾਰ ਵੱਲੋਂ ਪਾਸ ਕੀਤੇ ਖੇਤੀਬਾੜੀ ਨਾਲ ਸਬੰਧਤ ਤਿੰਨ ਕਾਲੇ ਕਨੂੰਨਾਂ ਵਿਰੁੱਧ ਇੱਕ ਸਾਲ ਤੋਂ ਜ਼ਿਆਦਾ ਸਮੇਂ ਤੱਕ ਦਿੱਲੀ ਦੀਆਂ ਬਰੂਹਾਂ 'ਤੇ ਬੈਠ ਕੇ ਲੜੇ ਗਏ ਸ਼ਾਂਤੀਪੂਰਨ ਤੇ ਅਨੁਸ਼ਾਸਤ ਕਿਸਾਨ ਘੋਲ ਦੀ ਜਿੱਤ 'ਚ ਮੁੱਖ ਭੂਮਿਕਾ ਨਿਭਾਈ ਹੈ। ਇਸੇ ਲਈ ਮੋਦੀ ਸਰਕਾਰ ਦੀਆਂ ਅੱਖਾਂ 'ਚ ਪੰਜਾਬ ਦੇ ਕਿਸਾਨ-ਮਜ਼ਦੂਰ ਤੇ ਸਮਾਜ ਦੇ ਹੋਰ ਜੁਝਾਰੂ ਤਬਕੇ, ਜਿਨ੍ਹਾਂ ਨੇ ਇਹ ਅੰਦੋਲਨ ਸਫਲ ਬਣਾਇਆ ਹੈ, ਕੁਝ ਜ਼ਿਆਦਾ ਹੀ ਰੜਕਦੇ ਹਨ। ਮੋਦੀ ਸਰਕਾਰ ਪੰਜਾਬੀਆਂ ਦੀ ਇਸ ਰਵਾਇਤ ਨੂੰ ਤੋੜਨਾ ਚਾਹੁੰਦੀ ਹੈ। ਇਸ ਕਾਰਜ ਲਈ ਸੱਤਾ ਦਾ ਸੁੱਖ ਭੋਗਣ ਦੇ ਚਾਹਵਾਨ ਬਹੁਤ ਸਾਰੇ ਅਕਾਲੀ, ਕਾਂਗਰਸੀ ਤੇ 'ਆਪ' ਆਗੂਆਂ ਨੂੰ ਕੇਂਦਰੀ ਏਜੰਸੀਆਂ ਦਾ ਡਰ ਦਿਖਾਉਂਦਿਆਂ ਭਾਜਪਾ 'ਚ ਸ਼ਾਮਲ ਕਰਵਾ ਕੇ ਇਹ ਮਾਹੌਲ ਸਿਰਜਿਆ ਜਾ ਰਿਹਾ ਹੈ ਕਿ "ਭਾਜਪਾ, ਤੇਜ਼ੀ ਨਾਲ ਪੰਜਾਬ ਦੀ ਸੱਤਾਧਾਰੀ ਪਾਰਟੀ ਬਣਨ ਵੱਲ ਅੱਗੇ ਵਧ ਰਹੀ ਹੈ।" ਨਾਲ ਹੀ ਪੇਂਡੂ ਖੇਤਰਾਂ ਅੰਦਰ ਖੇਤ ਮਜ਼ਦੂਰਾਂ ਤੇ ਆਮ ਕਿਰਤੀਆਂ, ਜਿਨ੍ਹਾਂ 'ਚੋਂ ਬਹੁਤੇ ਦਲਿਤ ਤੇ ਹੋਰ ਪੱਛੜੀਆਂ ਜਾਤੀਆਂ ਨਾਲ ਸੰਬੰਧਤ ਹਨ, ਨੂੰ ਕਿਸਾਨ ਜਥੇਬੰਦੀਆਂ ਤੇ ਭਾਜਪਾ ਵਿਰੋਧੀ ਰਾਜਸੀ ਦਲਾਂ ਵੱਲੋਂ ਉਨ੍ਹਾਂ ਦੇ ਹਿੱਤਾਂ ਦੀ ਅਣਦੇਖੀ ਕਰਨ ਦਾ ਇਲਜ਼ਾਮ ਲਾ ਕੇ, ਆਰ ਐੱਸ ਐੱਸ ਤੇ ਭਾਜਪਾ ਦੇ ਸਹਿਯੋਗੀ ਬਣਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਇਹ ਵੀ ਸੱਚ ਹੈ ਕਿ ਕੁੱਝ ਅਰਾਜਕਤਾਵਾਦੀ, ਸਰਕਾਰ ਪੱਖੀ ਤੇ ਗੈਰ-ਜ਼ਿੰਮੇਵਾਰ ਕਿਸਾਨ ਸੰਗਠਨਾਂ ਦੇ ਆਗੂਆਂ ਨੇ ਕਿਸਾਨਾਂ-ਮਜ਼ਦੂਰਾਂ ਦੇ ਹਿੱਤਾਂ ਦੀ ਰਾਖੀ ਲਈ ਲੜਨ ਦਾ ਦਾਅਵਾ ਕਰਦਿਆਂ ਦੂਸਰੇ ਮਿਹਨਤਕਸ਼ ਲੋਕਾਂ ਦੇ ਹਿੱਤਾਂ ਦੀ ਅਣਦੇਖੀ ਵੀ ਕੀਤੀ ਹੈ। ਇਸ ਨਾਲ ਭਾਜਪਾ ਨੂੰ ਇਹ ਪ੍ਰਚਾਰ ਕਰਨ ਦਾ ਮੌਕਾ ਮਿਲਦਾ ਹੈ ਕਿ 'ਗੈਰ-ਭਾਜਪਾ ਰਾਜਸੀ ਦਲ ਤੇ ਕਿਸਾਨ ਸੰਗਠਨ ਕਿਸਾਨੀ ਮੰਗਾਂ-ਮਸਲਿਆਂ ਲਈ ਲੜਨ ਵਾਸਤੇ ਤਾਂ ਹਰ ਸਮੇਂ ਤਤਪਰ ਰਹਿੰਦੇ ਹਨ, ਪ੍ਰੰਤੂ ਬੇਜ਼ਮੀਨੇ ਲੋਕਾਂ ਦੀ ਕੋਈ ਸਾਰ ਨਹੀਂ ਲੈਂਦਾ।' ਸੰਘ ਵੱਲੋਂ ਇਨ੍ਹਾਂ ਭਾਈਚਾਰਿਆਂ 'ਚ ਠੋਸ ਯੋਜਨਾਬੰਦੀ ਤਹਿਤ ਇਹ ਵਿਚਾਰ ਬੜੀ ਬਾਰੀਕੀ ਨਾਲ ਫੈਲਾਇਆ ਜਾ ਰਿਹਾ ਹੈ। ਮੁਫ਼ਤ ਆਟਾ-ਦਾਲ ਵਰਗੀਆਂ ਸਕੀਮਾਂ ਨੂੰ ਲੋਕਾਂ ਦੇ ਕਲਿਆਣ ਲਈ ਮੋਦੀ ਸਰਕਾਰ ਦੇ ਵੱਡੇ ਯਤਨਾਂ ਵਜੋਂ ਪੇਸ਼ ਕਰਕੇ ਸੰਘ ਪਰਵਾਰ ਨੇ ਇਹ ਕੂੜ ਪ੍ਰਚਾਰ ਵਿੱਢਿਆ ਹੋਇਆ ਹੈ ਕਿ ਕੇਵਲ ਭਾਜਪਾ ਹੀ ਇਨ੍ਹਾਂ ਤਬਕਿਆਂ ਦੇ ਹਿੱਤਾਂ ਦੀ ਝੰਡਾ ਬਰਦਾਰ ਹੈ। ਇਸ ਕੰਮ ਲਈ ਵੱਡੇ ਆਰਥਿਕ ਲਾਭ ਤੇ ਹੋਰ ਕਈ ਕਿਸਮ ਦੇ ਪ੍ਰਲੋਭਣ ਦੇ ਕੇ ਦੂਸਰੇ ਪ੍ਰਾਂਤਾਂ 'ਚੋਂ ਸੱਦੇ ਗਏ ਵਰਕਰ, ਸਮਾਜਿਕ-ਧਾਰਮਿਕ ਕਾਰਜਾਂ ਦੇ ਪਰਦੇ ਹੇਠ ਆਰ ਐੱਸ ਐੱਸ ਦੇ ਫਿਰਕੂ ਪ੍ਰਚਾਰ ਰਾਹੀਂ ਲੋਕਾਂ ਦੀ ਸੋਚ ਨੂੰ ਪ੍ਰਭਾਵਤ ਕਰ ਰਹੇ ਹਨ। 'ਸੰਘ' ਦੇ ਅਨੇਕਾਂ ਕੁਲਵਕਤੀ ਮੰਦਰਾਂ ਦੇ ਪੁਜਾਰੀ ਤੇ ਭਗਵਾਂਧਾਰੀ ਸੰਤਾਂ ਦੇ ਰੂਪ 'ਚ ਆਪਣਾ ਮੁਸਲਿਮ ਵਿਰੋਧੀ ਤੇ ਵੰਡਵਾਦੀ ਪ੍ਰਚਾਰ ਤੇਜ਼ੀ ਨਾਲ ਕਰ ਰਹੇ ਹਨ। ਕੁਝ ਕਿਸਾਨ ਜਥੇਬੰਦੀਆਂ ਦਾ ਖੇਤ ਮਜ਼ਦੂਰਾਂ ਪ੍ਰਤੀ ਦੁਸ਼ਮਣੀ ਭਰਿਆ ਗੈਰ-ਵਾਜਬ ਵਤੀਰਾ ਵੀ ਬੇਜ਼ਮੀਨੇ ਲੋਕਾਂ 'ਚ ਆਪਣਾ ਆਧਾਰ ਕਾਇਮ ਕਰਨ ਪੱਖੋਂ ਸੰਘ ਲਈ ਸਹਾਈ ਸਿੱਧ ਹੋ ਰਿਹਾ ਹੈ। 'ਜੱਟਾਂ' ਦੇ ਨਾਂਅ 'ਤੇ ਕੀਤਾ ਜਾਂਦਾ ਹੰਕਾਰ ਭਰਿਆ ਪ੍ਰਚਾਰ ਤੇ ਵਿਵਹਾਰ, ਵੱਧ ਉਜਰਤਾਂ ਮੰਗ ਰਹੇ ਖੇਤ ਮਜ਼ਦੂਰਾਂ ਤੇ ਦਲਿਤਾਂ ਦਾ ਸਮਾਜਿਕ ਬਾਈਕਾਟ ਤੇ ਜਾਤੀਪਾਤੀ ਵਿਤਕਰੇ ਦੀਆਂ ਦਿਲਾਂ ਨੂੰ ਵਲੂੰਧਰਦੀਆਂ ਘਟਨਾਵਾਂ ਵਸੋਂ ਦੇ ਇਨ੍ਹਾਂ ਭਾਗਾਂ 'ਚ ਸੰਘ ਨੂੰ ਆਪਣੇ ਪੈਰ ਪਸਾਰਨ ਦਾ ਮੌਕਾ ਦੇ ਰਹੀਆਂ ਹਨ।

ਖੱਬੀਆਂ ਧਿਰਾਂ ਵੱਲੋਂ ਦਲਿਤਾਂ ਤੇ ਹੋਰ ਪੱਛੜੀਆਂ ਜਾਤੀਆਂ ਨਾਲ ਸੰਬੰਧਤ ਲੋਕਾਂ ਦੇ ਸਮਾਜਿਕ ਵਿਤਕਰੇ ਵਾਲੇ ਮੁੱਦਿਆਂ ਤੇ ਆਰਥਿਕ ਮੰਗਾਂ ਲਈ ਡਟਵੀਂ ਆਵਾਜ਼ ਉਠਾਉਣ ਤੇ ਯਥਾ ਸ਼ਕਤੀ ਮੋਚਵੇਂ ਘੋਲ ਲਾਮਬੰਦ ਕਰਨ ਦੇ ਯਤਨਾਂ ਤੋਂ ਸਭ ਲੋਕ ਜਾਣੂੰ ਹਨ, ਪ੍ਰੰਤੂ ਇਹ ਤੱਥ ਵੀ ਸਵੀਕਾਰ ਕਰਨਾ ਹੋਵੇਗਾ ਕਿ ਇਨ੍ਹਾਂ ਮੁੱਦਿਆਂ ਪ੍ਰਤੀ ਕਈ ਵਾਰ ਬਣਦਾ ਧਿਆਨ ਨਹੀਂ ਦਿੱਤਾ ਗਿਆ ਤੇ ਸਿਲਸਿਲੇਵਾਰ ਸੰਘਰਸ਼ ਲਾਮਬੰਦ ਕਰਨ ਵੱਲ ਅਵੇਸਲੇਪਣ ਵਾਲਾ ਰੁਖ ਧਾਰਨ ਕੀਤਾ ਗਿਆ। ਇਸ ਦੇ ਸਿੱਟੇ ਵਜੋਂ ਸਭ ਤੋਂ ਵੱਧ ਸ਼ੋਸ਼ਤ ਇਨ੍ਹਾਂ ਵਰਗਾਂ 'ਚ ਖੱਬੇ ਪੱਖੀਆਂ ਦੇ ਜਨ ਆਧਾਰ 'ਚ ਲੋੜੀਂਦਾ ਵਾਧਾ ਨਹੀਂ ਹੋਇਆ ਹੈ। ਹਰ ਪਾਸੇ ਤੋਂ ਦੁਰਕਾਰੇ ਤੇ ਅਪਮਾਨਿਤ ਕੀਤੇ ਜਾਂਦੇ ਇਸ ਸਮਾਜ ਨੂੰ ਰਾਜਸੀ ਚੇਤਨਤਾ ਦੀ ਘਾਟ ਤੇ ਲੁਟੇਰੀਆਂ ਜਮਾਤਾਂ ਦੀਆਂ ਪਾਰਟੀਆਂ ਵੱਲੋਂ ਦਿੱਤੇ ਜਾਂਦੇ ਭਰਮਾਊ ਨਾਅਰਿਆਂ ਤੇ ਛੋਟੇ-ਛੋਟੇ ਲਾਲਚਾਂ ਕਾਰਨ ਉਨ੍ਹਾਂ ਦੇ ਪ੍ਰਭਾਵ ਹੇਠਾਂ ਜਾਣ ਤੋਂ ਸਿਵਾਏ ਕੋਈ ਦੂਸਰਾ ਰਸਤਾ ਨਹੀਂ ਦਿਸਦਾ। ਦਲਿਤ ਸਮਾਜ ਦੀ ਸਭ ਤੋਂ ਵੱਧ ਭਰੋਸੇਯੋਗ ਤੇ ਮਨਭਾਉਂਦੀ ਰਾਜਸੀ ਧਿਰ ਬਸਪਾ ਨੇ ਪਿਛਲੇ ਸਮੇਂ 'ਚ ਆਪਣੇ ਆਗੂਆਂ ਵੱਲੋਂ ਨਿੱਜੀ ਹਿਤਾਂ ਦੀ ਪੂਰਤੀ ਲਈ ਜਿਹੜਾ ਭਾਜਪਾ ਸਮਰਥਕ ਬਣਨ ਦਾ ਰਾਹ ਚੁਣਿਆ ਹੈ, ਉਸ ਨਾਲ ਇਸ ਸਮਾਜ ਨਾਲ ਸੰਬੰਧਤ ਆਮ ਲੋਕਾਂ ਤੇ ਇਮਾਨਦਾਰ ਮਿਸ਼ਨਰੀ ਕਾਰਕੁੰਨਾਂ ਦੇ ਵਿਸ਼ਵਾਸ ਨੂੰ ਭਾਰੀ ਸੱਟ ਵੱਜੀ ਹੈ।

ਅਜੇ ਤੱਕ ਪੰਜਾਬ ਅੰਦਰ ਸੰਘ ਪਰਵਾਰ ਸਾਰੇ ਯਤਨਾਂ ਦੇ ਬਾਵਜੂਦ ਜੇਕਰ ਪੇਂਡੂ ਖੇਤਰਾਂ ਦੇ ਦਲਿਤਾਂ, ਬੇਜ਼ਮੀਨੇ ਲੋਕਾਂ ਤੇ ਗੈਰ ਕਿਸਾਨੀ ਵਰਗਾਂ 'ਚ ਆਪਣਾ ਜਨ ਆਧਾਰ ਨਹੀਂ ਬਣਾ ਸਕਿਆ, ਤਾਂ ਇਸ ਦਾ ਵੱਡਾ ਸਿਹਰਾ ਦਲਿਤ ਸਮਾਜ ਅੰਦਰ ਮਨੂੰਵਾਦੀ ਸ਼ਕਤੀਆਂ ਵਿਰੁੱਧ ਪਨਪੀ ਜਾਗਰੂਕਤਾ, ਜਮਹੂਰੀ ਤੇ ਖੱਬੇ ਪੱਖੀ ਦਲਾਂ ਅਤੇ ਇਨ੍ਹਾਂ ਨਾਲ ਸੰਬੰਧਤ ਜਨਤਕ ਜਥੇਬੰਦੀਆਂ ਦੀਆਂ ਜਨਤਕ ਸਰਗਰਮੀਆਂ ਸਿਰ ਬੱਝਦਾ ਹੈ, ਪ੍ਰੰਤੂ ਇਹ ਅਜੇ ਬਹੁਤ ਹੀ ਨਾਕਾਫ਼ੀ ਹੈ। ਸਮਾਜਿਕ ਤਬਦੀਲੀ ਦੇ ਨਿਸ਼ਾਨੇ ਦੀ ਪ੍ਰਾਪਤੀ ਲਈ ਦਲਿਤਾਂ, ਬੇਜ਼ਮੀਨੇ ਲੋਕਾਂ, ਪੱਛੜੇ ਵਰਗਾਂ ਤੇ ਕਿਸਾਨੀ ਦੇ ਹੇਠਲੇ ਭਾਗਾਂ ਦੀਆਂ ਆਰਥਿਕ ਮੰਗਾਂ ਲਈ ਵਿਸ਼ਾਲ ਤੇ ਸਾਂਝੇ ਖਾੜਕੂ ਘੋਲ ਕਰਨ ਦੇ ਨਾਲ-ਨਾਲ ਇਸ ਤੋਂ ਵੀ ਜ਼ਿਆਦਾ ਉਨ੍ਹਾਂ ਅੰਦਰ ਸੰਘ ਦੀ ਫਿਰਕੂ ਵਿਚਾਰਧਾਰਾ ਵਿਰੁੱਧ ਧਰਮ ਨਿਰਪੱਖ, ਜਮਹੂਰੀ, ਦੇਸ਼ ਭਗਤ ਤੇ ਇਨਕਲਾਬੀ ਪੈਂਤੜੇ ਤੋਂ ਸੰਘਣੇ ਸੰਘਰਸ਼ ਜਥੇਬੰਦ ਕਰਨ ਦੀ ਫੌਰੀ ਜ਼ਰੂਰਤ ਹੈ। ਇਸ ਢੰਗ ਨਾਲ ਹੀ ਸੰਘ ਨੂੰ ਪੰਜਾਬ ਦੀ ਪਵਿੱਤਰ ਧਰਤੀ 'ਤੇ ਆਪਣੇ ਪੈਰ ਪਸਾਰਨ ਤੋਂ ਰੋਕਿਆ ਜਾ ਸਕਦਾ ਹੈ।

***# ਸੰਪਰਕ : 98148-82998***

# ਆ ਜਾ ਮੇਰੇ ਪਿੰਡ ਦਾ ਹਾਲ ਦੇਖ ਲੈ



ਸੁਰਿੰਦਰ ਸ਼ਰਮਾ ਨਾਗਰਾ

ਮੈਂ ਆਪਣਾ ਬਚਪਨ ਤੇਰਾਂ-ਚੌਦਾਂ ਸਾਲ ਦੀ ਉਮਰ ਤੱਕ ਆਪਣੇ ਪਿੰਡ ਵਿੱਚ ਗੁਜ਼ਾਰਿਆ ।ਆਪਣੇ ਲੇਖਾਂ ਵਿੱਚ ਅਕਸਰ ਪਿੰਡ ਬਾਰੇ ਲਿਖਦਾ ਰਹਿੰਦਾ ਹਾਂ ਪੰਜਾਹ ਸੱਠ ਸਾਲ ਪਹਿਲਾਂ ਦੇ ਪਿੰਡ ਅਤੇ ਅੱਜ ਦੇ ਪਿੰਡ ਵਿੱਚ ਬਹੁਤ ਫ਼ਰਕ ਹੈ ।ਉਸ ਸਮੇਂ ਦਾ ਪਿੰਡ ਬਹੁਤ ਵਧੀਆ ਲੱਗਦਾ ਸੀ, ਵਧੀਆ ਸੱਭਿਆਚਾਰ ਤੇ ਸਲੀਕਾ ਸੀ, ਪਰ ਹੁਣ ਬਹੁਤ ਕੁਝ ਬਦਲ ਗਿਆ ਹੈ ।ਅੱਜ ਮੈਂ ਆਪਣੇ ਹੁਣ ਦੇ ਪਿੰਡ ਬਾਰੇ ਅੱਖੀਂ ਦੇਖਿਆ ਵਿਸ਼ਲੇਸ਼ਣ ਕਰਾਂਗਾ ।ਇਹ ਵਿਸ਼ਲੇਸ਼ਣ ਮਾਲਵੇ ਦੇ ਤਕਰੀਬਨ ਹਰ ਪਿੰਡ ਨਾਲ ਢੁਕਦਾ ਹੈ ।

ਕਿਸੇ ਪ੍ਰੋਗਰਾਮ ਦੇ ਸੰਬੰਧ ਵਿੱਚ ਪਿੱਛੇ ਜਿਹੇ ਅਪ੍ਰੈਲ ਦੇ ਮਹੀਨੇ ਪਿੰਡ ਗਿਆ। ਮੁੱਖ ਸੜਕ ਤੋਂ ਪਿੰਡ ਵੱਲ ਡੇਢ ਕਿਲੋਮੀਟਰ ਬਹੁਤ ਹੀ ਵਧੀਆ ਪੱਕੀ ਸੜਕ ਜਿਹੜੀ ਤਕਰੀਬਨ ਬਾਰਾਂ ਫੁੱਟ ਚੌੜੀ ਹੈ, ਤੇ ਕਾਰ ਰਾਹੀਂ ਪਿੰਡ ਪਹੁੰਚਦਾ ਹਾਂ ।ਪਿੰਡ ਸ਼ੁਰੂ ਹੋਣ ਤੋਂ ਪਹਿਲਾਂ ਹੀ ਸੱਜੇ ਸਿੱਧ ਪੁਰਸ਼ ਦੀ ਸਮਾਧ ਹੈ ।ਉਸ ਦੇ ਵਿਹੜੇ ਵਿਚ ਕਾਰ ਖੜੀ ਕਰਕੇ ਪੈਦਲ ਹੀ ਹੋ ਲੈਂਦਾ ਹਾਂ।ਬਾਹਰ ਨਿਕਲ ਕੇ ਫਿਰ ਸੱਜੇ ਹੱਥ ਸੱਥ ਹੈ, ਬਹੁਤ ਵੱਡੇ ਬਰੋਟੇ ਦੇ ਬਿਰਖ ਹੇਠ ਕਾਫੀ ਜਣੇ ਤਾਸ਼ ਖੇਡ ਰਹੇ ਹਨ; ਉਸ ਤੋਂ ਅਗਲੀ ਚੌਂਕੜੀ 'ਤੇ ਸੱਤਰ ਅੱਸੀਓਂ ਪਾਰ ਕੁਝ ਸੀਸ਼ਿਆਂ (ਐਨਕਾਂ) ਵਾਲੇ ਬਜ਼ੁਰਗ ਬੈਠੇ ਹਨ, ਜਿਹੜੇ ਪਿੰਡ 'ਚ ਆਉਣ-ਜਾਣ ਵਾਲਿਆਂ ਦਾ ਧਿਆਨ ਰੱਖਣ 'ਚ ਮਾਹਰ ਹਨ ਮਤਲਬ ਅੱਜ ਦੇ ਸੀ ਸੀ ਟੀ ਵੀ ਕੈਮਰਿਆਂ ਦਾ ਕੰਮ ਕਰਦੇ ਹਨ ।

ਸੜਕ 'ਤੇ ਹੀ ਬੱਸ ਅੱਡਾ ਹੈ।ਇਕ ਮਿੰਨੀ ਬੱਸ ਆਉਂਦੀ ਹੈ। ਕੁਝ ਲੜਕੇ ਜਿਹਨਾਂ ਅੱਜ-ਕੱਲ੍ਹ ਦੇ ਡਿਜ਼ਾਈਨ 'ਚ ਕੌਲਾ ਕਟਿੰਗ ਅਨੁਸਾਰ ਸਿਰ ਮੁੰਨੇ ਹੋਏ ਹਨ ਤੇ ਫਟੀਆਂ ਹੋਈਆਂ ਜੀਨਾਂ ਪਹਿਨੀਆਂ ਹੋਈਆਂ ਹਨ ।ਕੁਝ ਕੁੜੀਆਂ, ਇੱਕਾ-ਦੁੱਕਾ ਦੇ ਸਾਦੇ ਸੂਟ ਬਾਕੀ ਦੇ ਸਲਾਰੇ ਜਾਂ ਅੱਜ-ਕੱਲ੍ਹ ਦੇ ਫੈਸ਼ਨ ਦੇ ਪਲਾਜ਼ੋ ਪਾਏ ਹੋਏ ਹਨ ।ਆਪਣੇ ਕੰਮਾ-ਕਾਰਾਂ ਲਈ ਜਾਂ ਭਵਿੱਖ ਬਣਾਉਣ ਲਈ ਬਸ ਵਿੱਚ ਚੜ੍ਹ ਜਾਂਦੇ ਸਨ।

ਪਹਿਲਾਂ ਕੇਵਲ ਸਿੱਧ ਦੀ ਸਮਾਧ ਸੀ, ਪਰ ਹੁਣ ਇੱਕ ਗੁਰਦੁਆਰਾ ਬਣ ਗਿਆ ਹੈ।ਸਵੇਰ ਦੀ ਅਰਦਾਸ ਵੇਲੇ ਤੇ ਰਹਿ ਰਾਸ ਵਕਤ ਭਾਈ ਜੀ, ਸੇਵਾਦਾਰ ਤੇ ਪਿੰਡ ਦੇ ਇਕਾ-ਦੁੱਕਾ ਬੰਦਿਆਂ ਤੋਂ ਇਲਾਵਾ ਹੋਰ ਕੋਈ ਨਹੀਂ ਹੁੰਦਾ ।ਅੱਡੇ ਤੋਂ ਖੱਬੇ ਪਾਸੇ ਜਾਂਦਿਆਂ ਕਿਸੇ ਸਮੇਂ ਤ੍ਰਿਵੈਣੀ ਹੁੰਦੀ ਸੀ, ਪਰ ਅੱਜ-ਕੱਲ੍ਹ ਹਨੂਮਾਨ ਜੀ ਦਾ ਰਵੀਦਾਸ ਜੀ ਦਾ ਮੰਦਰ ਹੈ।ਹੋਰ ਅੱਗੇ ਵਧਦਿਆਂ ਸਰਕਾਰੀ ਹਾਈ ਸਕੂਲ ਹੈ ।ਪਿੰਡ 'ਚ ਪਾਰਟੀਬਾਜ਼ੀ ਕਾਰਨ ਹੁਣ ਤੱਕ ਬਾਰ੍ਹਵੀਂ ਤੱਕ ਨਹੀਂ ਬਣਿਆ । ਸਕੂਲ ਵਿੱਚ ਬੱਚੇ ਜ਼ਿਆਦਾ ਅਨੁਸੂਚਿਤ ਜਾਤੀਆਂ ਦੇ ਪੜ੍ਹਨ ਆਉਂਦੇ ਹਨ। ਬਾਕੀ ਚੰਗੀ ਗੁੰਜਾਇਸ਼ ਵਾਲੇ ਤਾਂ ਮਾਡਲ ਸਕੂਲਾਂ ਵਿੱਚ ਬੱਚੇ ਪੜ੍ਹਾਉਂਦੇ ਹਨ ।ਸਕੂਲ ਦੇ ਸਾਹਮਣੇ ਦੋ ਭਾਈਆਂ ਦੀਆਂ ਹਲਵਾਈ ਦੀਆਂ ਦੁਕਾਨਾਂ ਹਨ ।ਸਮੋਸਿਆਂ ਤੋਂ ਲੈ ਕੇ ਪੀਜਾ, ਬਰਗਰ, ਨੂਡਲ ਤੇ ਚਿਉਮਿੰਨ ਹਰ ਕਿਸਮ ਦਾ ਬੱਚਿਆਂ ਦੀ ਸਿਹਤ ਵਿਗਾੜਨ ਵਾਲਾ ਸਾਮਾਨ ਮਿਲਦਾ ਹੈ ।ਹਾਲਾਂਕਿ ਇਨ੍ਹਾਂ ਦੋਵਾਂ ਭਾਈਆਂ ਦਾ ਬਾਪ ਪਿੰਡ ਵਿੱਚ ਵਿਆਹ ਪਕਾਉਣ ਦਾ ਕੰਮ ਕਰਦਾ ਸੀ ।ਕੇਵਲ ਹਾੜ੍ਹੀ ਦੇ ਸੀਜਨ ਮੌਕੇ ਜਲੇਬੀਆਂ ਕੱਢ ਲੈਂਦਾ ਸੀ ।ਅੱਗੇ ਚੱਲਦਿਆਂ ਇਕ ਹੋਰ ਭਾਈਚਾਰੇ ਦਾ ਗੁਰਦੁਆਰਾ ਆਉਂਦਾ ਹੈ ।ਉਹਨੀਂ ਦਿਨੀਂ ਪਿੰਡ ਵਿੱਚ ਕੇਵਲ ਇੱਕੋ-ਇੱਕ ਗੁਰਦੁਆਰਾ ਸੀ, ਉਹ ਵੀ ਵੈਦਾਂ ਦੇ ਡੇਰੇ ਵਿੱਚ ਬਣਿਆ ਸੀ ।ਹੁਣ ਪਿੰਡ ਵਿੱਚ ਅਲੱਗ-ਅਲੱਗ ਭਾਈਚਾਰਿਆਂ ਦੇ ਪੰਜ ਗੁਰਦੁਆਰੇ ਹਨ, ਪਰ ਪਿੰਡ ਵਿੱਚ ਸਹਿਜਧਾਰੀ ਜਾਂ ਅੰਮ੍ਰਿਤਧਾਰੀ ਟਾਂਵੇਂ-ਟਾਂਵੇਂ ਹਨ ।ਉਨ੍ਹਾਂ ਸਮਿਆਂ ਵਿੱਚ ਹੱਲਿਆਂ ਤੋਂ ਬਾਅਦ ਪੀਰ ਖ਼ਾਨਾ ਸੀ, ਪਰ ਉਸ ਦੀ ਮੰਨਤਾ ਕੋਈ ਨਹੀਂ ਸੀ।ਕਾਫ਼ੀ ਢਹਿ-ਢੇਰੀ ਹੋ ਗਿਆ ਸੀ, ਪਰ ਸਰਕਾਰ ਨੇ ਵੋਟਾਂ ਦੇ ਲਾਲਚ 'ਚ ਖੁੱਲ੍ਹ ਕੇ ਗ੍ਰਾਂਟਾਂ ਵੰਡੀਆਂ, ਹੁਣ ਉੱਥੇ ਸ਼ਾਨਦਾਰ ਮਸੀਤ ਬਣ ਗਈ ਹੈ।

ਸਰਕਾਰੀ ਗਰਾਂਟਾਂ ਨਾਲ ਬਣੀਆਂ ਹਥਾਈਆਂ ਹੁਣ ਨਸ਼ੀੜੀਆਂ ਦੇ ਅੱਡੇ ਬਣ ਗਏ ਹਨ ।ਪਿੰਡ ਵਿੱਚੋਂ ਦੀ ਲੰਘਦਾ ਹਾਂ, ਪੰਜ-ਸੱਤ ਜਣੇ ਹਥਾਈ ਦੀ ਕੰਧ ਨਾਲ ਲੱਗੇ ਬੈਠੇ ਹਨ । ਉਨ੍ਹਾਂ ਦੇ ਚਿਹਰੇ ਦੱਸ ਰਹੇ ਸਨ ਕਿ ਨਸ਼ਾ ਕਰਕੇ ਹਟੇ ਹਨ । ਉਹ ਕਿਹੜਾ ਨਸ਼ਾ ਜਿਹੜਾ ਪਿੰਡਾਂ ਵਿੱਚ ਨਹੀਂ ਮਿਲਦਾ, ਮਸਲਨ, ਭੁੱਕੀ, ਅਫੀਮ, ਸ਼ਰਾਬ ਤੇ ਨਸ਼ੇ ਵਾਲੀਆਂ ਗੋਲੀਆਂ ।ਹੁਣ ਤਾਂ ਅਖਬਾਰਾਂ ਦੀਆਂ ਖ਼ਬਰਾਂ ਅਨੁਸਾਰ ਚਿੱਟਾ ਵੀ ਪਿੰਡਾਂ ਵਿੱਚ ਵਿਕਣ ਲੱਗ ਗਿਆ ਹੈ ।ਪਿੰਡ ਵਿੱਚ ਵੈਦ ਤੋਂ ਬਿਨਾਂ ਕੋਈ ਡਾਕਟਰ ਨਹੀਂ ਹੁੰਦਾ ਸੀ, ਲੋਕ ਵੈਸੇ ਹੀ ਤੰਦਰੁਸਤ ਹੁੰਦੇ ਸਨ, ਹੁਣ ਹਰ ਗਲ਼ੀ ਦੇ ਮੋੜ ਤੇ ਝੋਲਾ ਛਾਪ ਡਾਕਟਰ ਬੈਠਾ ਹੈ ਦਵਾਈਆਂ ਦੇ ਨਾਲ-ਨਾਲ ਪਤਾ ਨਹੀਂ ਕੀ ਅੱਗ ਸੁਆਹ ਵੇਚੀ ਜਾਂਦੇ ਨੇ।ਪਹਿਲਾਂ ਪਿੰਡ ਵਿੱਚ ਮਹਾਜਨਾਂ ਦਾ ਬੋਲਬਾਲਾ ਸੀ।ਹਰ ਲੋੜੀਂਦੀ ਵਸਤੂ ਮਿਲ ਜਾਂਦੀ ਸੀ, ਹੁਣ ਪੀਟਰ ਰੇਹੜਿਆਂ ਵਾਲੇ ਦੁਨੀਆ ਭਰ ਦਾ ਸਮਾਨ ਜਿਵੇਂ ਕੱਪੜਾ, ਕਰਿਆਨਾ ਸਬਜ਼ੀਆਂ ਤੇ ਹੋਰ ਨਿੱਕ-ਸੁੱਕ ਪਿੰਡ ਵਿੱਚ ਵੇਚ ਜਾਂਦੇ ਨੇ ।ਕਰਿਆਨੇ ਦੀਆਂ ਟਾਂਵੀਆਂ ਟਾਂਵੀਆਂ ਹੀ ਦੁਕਾਨਾਂ ਹਨ । ਪਹਿਲਾਂ ਮਸ਼ੀਨ ਵਾਲਿਆਂ ਦੀ ਚੱਕੀ ਚਲਦੀ, ਘੁੱਗੂ ਬੋਲਦਾ ਤਾਂ ਲੋਕ ਸਿਰਾਂ 'ਤੇ ਪੀਹਣਾ ਰੱਖ ਕੇ ਆਟਾ ਪਹਿਆਉਣ ਜਾਂਦੇ । ਅੱਜ-ਕੱਲ੍ਹ ਪੀਟਰ ਰੇਹੜੇ ਵਾਲੇ ਛੋਟੀਆਂ ਚੱਕੀਆਂ ਫਿੱਟ ਕਰਕੇ ਘਰ-ਘਰ ਆਟਾ ਪੀਹ ਕੇ ਜਾਂਦੇ ਹਨ।

ਸੱਭਿਆਚਾਰ ਦਾ ਹਾਲ ਵੀ ਬਹੁਤਾ ਚੰਗਾ ਨਹੀਂ।ਗਵਾਂਢੀ ਨਾਲ ਗਵਾਂਢੀ ਨਹੀਂ ਬੋਲਦਾ ।ਇੱਕ-ਦੂਜੇ ਨੂੰ ਮੰਗਵੀਂ ਕੋਈ ਚੀਜ਼ ਨਹੀਂ ਦਿੰਦੇ।ਇਸੇ ਕਰਕੇ ਘਰ-ਘਰ ਟਰੈਕਟਰ ਤੇ ਹੋਰ ਸੰਦ ਸੰਦੇੜਾ ਹੈ।ਪਹਿਲਾਂ ਪਿੰਡ ਦੀ ਧੀ ਸਾਰਿਆਂ ਦੀ ਧੀ ਹੁੰਦੀ ਸੀ ।ਅੱਜਕੱਲ੍ਹ ਦੇ ਮਾਡਰਨ ਰਾਂਝੇ ਪਿੰਡ ਦੀ ਕੁੜੀ ਨਾਲ ਹੀ ਇਸ਼ਕ ਲੜਾਈ ਜਾਂਦੇ ਨੇ।ਸ਼ਰੀਕੇਬਾਜ਼ੀ ਕਰਕੇ ਪਿੰਡ ਵਾਲੇ ਇਕ-ਦੂਜੇ ਦੀਆਂ ਜੜ੍ਹਾਂ ਵੱਢਣ ਤੱਕ ਜਾਂਦੇ ਨੇ । ਨਾ ਹੁਣ ਤ੍ਰੀਮਤਾਂ ਇਕੱਠੀਆਂ ਬੈਠ ਕੇ ਕੱਤਦੀਆਂ ਹਨ, ਨਾ ਸੇਵੀਆਂ ਵੱਟਦੀਆਂ ਹਨ ।ਗਿੱਧਾ-ਭੰਗੜਾ ਕੇਵਲ ਮੈਰਿਜ ਪੈਲੇਸ ਤੱਕ ਮਹਿਦੂਦ ਹੋ ਗਿਆ। ਗਲ਼ੀਆਂ ਤੇ ਘਰ ਭਾਵੇਂ ਪੱਕੇ ਹਨ, ਪਰ ਸੱਭਿਆਚਾਰਕ ਰਿਸ਼ਤੇ ਕੱਚੇ ਹਨ।

ਹੁਣ ਪਹਿਰ ਦੇ ਤੜਕੇ ਨੱਕਾ ਛੱਡ ਕੇ ਕੰਨ 'ਤੇ ਹੱਥ ਧਰ ਕੇ ਕੋਈ ਕਿਸਾਨ ਹੇਕ ਨਹੀਂ ਲਾਉਂਦਾ । ਹੁਣ ਤਾਂ ਵੱਡੇ-ਵੱਡੇ ਟਰੈਕਟਰ ਹਾਈ ਸਾਊਂਡ ਦੇ ਡੈਕਾਂ ਉੱਪਰ ਚਮਕੀਲੇ ਦੇ ਗਾਣੇ ਵਜਾਉਂਦੇ ਉੱਚੀ ਆਵਾਜ਼ ਵਿੱਚ ਕੰਨ ਪਾੜਦੇ ਜਾਂਦੇ ਹਨ ।ਖੇਤਾਂ ਵਿੱਚ ਪ੍ਰਵਾਸੀ ਜੀਰੀ ਲਾਉਂਦੇ ਜਾਂ ਰੇਹ ਪਾਉਂਦੇ ਨਜ਼ਰ ਆਉਂਦੇ ਹਨ।ਪਹਿਲਾਂ ਵਾਲਾ ਨਾ ਮਹੌਲ ਹੈ ਨਾ ਖੇਤੀ ਦੇ ਢੰਗ ਹਨ। ਪਹਿਲਾਂ ਲੋਕਾਂ ਨੂੰ ਰਾਜਨੀਤਕ ਤਿਕੜਮਬਾਜ਼ੀਆਂ ਦਾ ਗਿਆਨ ਨਹੀਂ ਸੀ ।ਹੁਣ ਪਿੰਡਾਂ ਦੇ ਪਿੰਡ ਰਾਜਨੀਤਕ ਪਾਰਟੀਆਂ ਅਨੁਸਾਰ ਵੰਡੇ ਹੋਏ ਹਨ ।

ਅੱਗੇ ਵਧਦੇ ਹਾਂ, ਚੌਂਕ ਵਿੱਚ ਦੋ ਜਣੇ ਖੜ੍ਹੇ ਹਨ, ਹੱਥ 'ਚ ਮੋਬਾਈਲ ਹਨ ।ਆਪਸ ਵਿੱਚ ਗੱਲਾਂ ਨਹੀਂ ਕਰ ਰਹੇ, ਬਲਕਿ ਆਪਣੇ-ਆਪਣੇ ਮੋਬਾਈਲ ਵਿੱਚ ਗਲਤਾਨ ਹਨ ।ਇਹ ਫੇਸਬੁਕ, ਵਟਸਐਪ ਤੇ ਟਿਕ ਟੌਕ ਨੇ ਲੋਕ ਬਰਬਾਦ ਕਰ ਦਿੱਤੇ ਹਨ । ਭਾਵੇਂ ਕੋਈ ਪੜ੍ਹਿਆ-ਲਿਖਿਆ ਹੈ ਜਾਂ ਅਨਪੜ੍ਹ ਹੈ, ਪਰ ਹਰ ਇੱਕ ਦੇ ਹੱਥ 'ਚ ਮੋਬਾਈਲ ਹੈ ।ਨਾ ਕੋਈ ਪਿੰਡ 'ਚ ਮੰਗਤਾ ਦਿਸਿਆ, ਨਾ ਕੋਈ ਬਾਂਦਰ- ਬਾਂਦਰੀ ਦਾ ਤਮਾਸ਼ਾ ਕਰਨ ਵਾਲਾ ਮਿਲਿਆ ਤੇ ਨਾ ਕੋਈ ਰਿੱਛ ਦੇ ਨਚਾਉਣ ਵਾਲਾ ਮਿਲਿਆ । ਦੋ ਕੁ ਕਾਰ ਸੇਵਾ ਵਾਲੇ ਬੋਰਾ ਲੈ ਕੇ ਰਾਸ਼ਨ ਇਕੱਠਾ ਕਰਦੇ ਦਿਖੇ । ਹਾਂ, ਪਿੰਡ ਨੇ ਇੱਕ ਤਰੱਕੀ ਜ਼ਰੂਰ ਕੀਤੀ ਹੈ ।ਪਿੰਡ ਦੇ ਲੱਗਭੱਗ ਵੀਹ ਕੁ ਮੁੰਡੇ ਬਾਹਰਲੇ ਦੇਸ਼ਾਂ ਵੱਲ ਪ੍ਰਵਾਸ ਕਰ ਗਏ ਹਨ ।ਪਹਿਲਾਂ ਪਿੰਡ ਦਾ ਕੋਈ ਵੀ ਬੰਦਾ ਬਾਹਰਲੇ ਦੇਸ਼ ਨਹੀਂ ਗਿਆ ਸੀ। ਗਲੀ ਵਿੱਚੋਂ ਲੰਘਦਿਆਂ ਆਪਣੇ ਘਰ ਦੀ ਹਾਲਤ ਦੇਖ ਕੇ ਜਿਹੜਾ ਖੰਡਰ ਹੋਇਆ ਪਿਆ ਸੀ ਤੇ ਪਿੰਡ ਦੇ ਬਦਲੇ ਹਾਲਾਤ ਦੇਖ ਕੇ ਨਿਰਾਸ਼ ਹੋਇਆ ਬੱਸ ਅੱਡੇ 'ਚ ਆ ਗਿਆ ਆਪਣੀ ਕਾਰ ਸਟਾਰਟ ਕੀਤੀ ਤੇ ਬੁਝੇ ਮਨ ਨਾਲ ਵਾਪਸ ਆ ਗਿਆ ।

**# ਸੰਪਰਕ : 98786-46595**

# ਮਹਾਂਮਾਰੀ ਦਾ ਰੂਪ ਧਾਰ ਰਿਹਾ ਸ਼ੂਗਰ ਰੋਗ



ਜਗਦੇਵ ਸ਼ਰਮਾ

ਪਾਠਕਾਂ ਦੀ ਜਾਣਕਾਰੀ ਲਈ ਮੈਂ ਇੱਕ ਗੱਲ ਸ਼ੁਰੂਆਤ ਵਿੱਚ ਹੀ ਸਾਂਝੀ ਕਰਨੀ ਚਾਹਾਂਗਾ ਕਿ ਇਹਨਾਂ ਸਤਰਾਂ ਦਾ ਲੇਖਕ ਯਾਨੀ ਕਿ ਮੈਂ ਖੁਦ ਪਿਛਲੇ 38 ਸਾਲਾਂ ਤੋਂ ਸ਼ੂਗਰ ਰੋਗ ਤੋਂ ਪੀੜਤ ਹਾਂ । ਸਦੀਆਂ ਤੋਂ ਹੀ ਇਸ ਰੋਗ ਨੇ ਦੁਨੀਆ ਵਿੱਚ ਆਪਣੇ ਪੈਰ ਪਸਾਰਨੇ ਸ਼ੁਰੂ ਕੀਤੇ ਹੋਏ ਹਨ । ਜਿਉਂ-ਜਿਉਂ ਸਾਡੇ ਜੀਵਨ ਵਿੱਚ ਸਹੂਲਤਾਂ ਵਧ ਰਹੀਆਂ ਹਨ, ਤਿਉਂ-ਤਿਉਂ ਇਹ ਰੋਗ ਵੀ ਆਪਣਾ ਫਨ ਫੈਲਾ ਰਿਹਾ ਹੈ । 2021 ਦੇ ਅੰਕੜਿਆਂ ਮੁਤਾਬਿਕ ਪੂਰੀ ਦੁਨੀਆ ਵਿਚ 20 ਤੋਂ 79 ਸਾਲ ਦੀ ਉਮਰ ਤੱਕ ਦੇ 537 ਮਿਲੀਅਨ ਲੋਕ ਇਸ ਰੋਗ ਤੋਂ ਪੀੜਤ ਸਨ, ਯਾਨੀ ਕਿ ਹਰ ਦਸ ਵਿੱਚੋਂ ਇੱਕ । 2030 ਆਉਂਦੇ-ਆਉਂਦੇ ਇਹ ਗਿਣਤੀ 643 ਮਿਲੀਅਨ ਨੂੰ ਜਾ ਢੁਕੇਗੀ ਅਤੇ 2045 ਤੱਕ 783 ਮਿਲੀਅਨ ਹੋ ਜਾਣ ਦਾ ਅੰਦਾਜ਼ਾ ਹੈ । ਕੁੱਲ ਰੋਗੀਆਂ ਵਿੱਚੋਂ 75 % ਰੋਗੀ ਅਵਿਕਸਤ ਅਤੇ ਘੱਟ ਵਿਕਸਤ ਦੇਸ਼ਾਂ ਵਿੱਚ ਪਾਏ ਜਾਂਦੇ ਹਨ । ਸੰਨ 2021 ਦੌਰਾਨ 6.7 ਮਿਲੀਅਨ ਮੌਤਾਂ ਸ਼ੂਗਰ ਰੋਗ ਕਾਰਨ ਹੋਈਆਂ ਦੱਸੀਆਂ ਜਾਂਦੀਆਂ ਹਨ । ਸਭ ਤੋਂ ਵੱਧ ਰੋਗੀ ( 141 ਮਿਲੀਅਨ ) ਚੀਨ ਵਿੱਚ ਪਾਏ ਗਏ ਹਨ ।

'ਲਾਂਸਟ ਐਸਟੀਮੇਟ' ਵਿੱਚ ਛਪੀ ਰਿਪੋਰਟ ਮੁਤਾਬਿਕ 2021 ਵਿੱਚ ਭਾਰਤ ਵਿੱਚ ਇਸ ਰੋਗ ਤੋਂ ਪੀੜਤ ਮਰੀਜ਼ਾਂ ਦੀ ਗਿਣਤੀ 101 ਮਿਲੀਅਨ ਦੱਸੀ ਗਈ ਹੈ, ਜੋ ਕਿ ਕੁੱਲ ਆਬਾਦੀ ਦਾ 11.4 ਫੀਸਦੀ ਬਣਦੀ ਹੈ । ਦੁਨੀਆ ਦੇ ਕੁੱਲ ਮਰੀਜ਼ਾਂ ਦਾ 17 % ਭਾਰਤ ਵਿੱਚ ਹੈ ਅਤੇ ਭਾਰਤ ਨੂੰ ਸ਼ੂਗਰ ਰੋਗ ਦੀ ਰਾਜਧਾਨੀ ਵਜੋਂ ਜਾਣਿਆ ਜਾਂਦਾ ਹੈ ।

ਸਾਡੇ ਸਰੀਰ ਵਿੱਚ ਕੁਦਰਤ ਨੇ ਅਜਿਹੇ ਬਹੁਤ ਸਾਰੇ ਅੰਗ ਫਿੱਟ ਕੀਤੇ ਹੋਏ ਹਨ, ਜਿਹੜੇ ਸਾਨੂੰ ਤੰਦਰੁਸਤ ਰੱਖਣ ਵਿੱਚ ਸਹਾਈ ਹੁੰਦੇ ਹਨ । ਅਜਿਹਾ ਹੀ ਇੱਕ ਅੰਗ ਹੈ, 'ਪੈਂਕ੍ਰਿਆਜ਼' । ਇਹ ਅੰਗ ਸਾਡੀ ਛੋਟੀ ਅੰਤੜੀ ਦੇ ਪਿਛਲੇ ਹਿੱਸੇ ਵਿੱਚ ਸਥਿਤ ਹੁੰਦਾ ਹੈ । ਸਰੀਰ ਵਿੱਚ ਸ਼ੂਗਰ ਲੈਵਲ ਨੂੰ ਨਿਯੰਤਰਣ ਰੱਖਣ ਲਈ ਇਹ ਪੁਰਜ਼ਾ ਲੋੜੀਂਦੀ ਮਾਤਰਾ ਵਿੱਚ ਇਨਸੂਲਿਨ ਨਾਂਅ ਦਾ ਰਸਾਇਣ ਪੈਦਾ ਕਰਦਾ ਰਹਿੰਦਾ ਹੈ । ਇਸ ਅੰਗ ਦੇ ਕਮਜ਼ੋਰ ਪੈ ਜਾਣ ਕਾਰਨ ਸਰੀਰ ਵਿੱਚ ਗੁਲੂਕੋਜ਼ ਦੀ ਮਾਤਰਾ ਬੇਕਾਬੂ ਰਹਿਣ ਲੱਗ ਜਾਂਦੀ ਹੈ ਅਤੇ ਇਨਸਾਨ ਨੂੰ ਸ਼ੂਗਰ ਰੋਗ ਹੋ ਜਾਂਦਾ ਹੈ ।

ਸ਼ੂਗਰ ਰੋਗ ਮਰੀਜ਼ਾਂ ਦੀਆਂ ਦੋ ਕਿਸਮਾਂ ਹੁੰਦੀਆਂ ਹਨ । ਟਾਈਪ 1 ਵਿੱਚ ਉਹ ਰੋਗੀ ਆਉਂਦੇ ਹਨ, ਜਿਨ੍ਹਾਂ ਦਾ ਪੈਂਕ੍ਰਿਆਜ਼ ਜਾਂ ਤਾਂ ਇਨਸੂਲਿਨ ਬਣਾਉਂਦਾ ਹੀ ਨਹੀਂ ਜਾਂ ਫਿਰ ਨਾਕਾਫੀ ਮਾਤਰਾ ਵਿੱਚ ਬਣਾਉਂਦਾ ਹੈ । ਦੂਜੀ ਕਿਸਮ ਦੇ ਰੋਗੀ ਟਾਈਪ-2 ਵਿੱਚ ਵਰਗੀਕ੍ਰਿਤ ਕੀਤੇ ਜਾਂਦੇ ਹਨ । ਪਹਿਲੀ ਕਿਸਮ ਦੇ ਮਰੀਜ਼ਾਂ ਨੂੰ ਇਨਸੂਲਿਨ ਸਿੱਧਿਆਂ ਟੀਕੇ ਰਾਹੀਂ ਦਿੱਤੀ ਜਾਂਦੀ ਹੈ ।

ਇਹ ਕਿਵੇਂ ਪਤਾ ਲੱਗੇ ਕਿ ਕਿਸੇ ਨੂੰ ਇਸ ਘਾਤਕ ਰੋਗ ਨੇ ਆਪਣੇ ਕਲਾਵੇ ਵਿੱਚ ਲੈ ਲਿਆ ਹੈ । ਕੁੱਝ ਕੁ ਨਿਸ਼ਾਨੀਆਂ ਹਨ ਜਿਹੜੀਆਂ ਇਸ ਰੋਗ ਵੱਲ ਇਸ਼ਾਰਾ ਕਰਦੀਆਂ ਹਨ । ਲੋੜ ਤੋਂ ਜ਼ਿਆਦਾ ਪਿਆਸ ਲੱਗਣੀ, ਉਸੇ ਤਰ੍ਹਾਂ ਹੀ ਜ਼ਿਆਦਾ ਪਿਸ਼ਾਬ ਦਾ ਆਉਣਾ ਪਹਿਲੀ ਨਿਸ਼ਾਨੀ ਹੈ ।ਪੈਂਕ੍ਰਿਆਜ਼ ਦੇ ਫੇਲ੍ਹ ਜਾਂ ਕਮਜ਼ੋਰ ਹੋ ਜਾਣ ਕਾਰਨ ਲੋੜੀਂਦੀ ਮਾਤਰਾ ਤੋਂ ਜ਼ਿਆਦਾ ਗੁਲੂਕੋਜ਼ ਪਿਸ਼ਾਬ ਜ਼ਰੀਏ ਬਾਹਰ ਨਿਕਲਦਾ ਹੈ ਅਤੇ ਰੋਗੀ ਦੇ ਸਰੀਰ ਨੂੰ ਪਾਣੀ ਦੀ ਘਾਟ ਮਹਿਸੂਸ ਹੁੰਦੀ ਹੈ । ਵਾਰ-ਵਾਰ ਪਾਣੀ ਪੀਣ ਕਾਰਨ ਵਾਰ-ਵਾਰ ਪਿਸ਼ਾਬ ਦੀ ਹਾਜਤ ਹੁੰਦੀ ਹੈ ਅਤੇ ਇਹ ਇੱਕ ਕਿਸਮ ਦਾ ਪਿਆਸ ਅਤੇ ਪਿਸ਼ਾਬ ਦਾ ਦੁਸ਼ਟ ਚੱਕਰ ਬਣ ਜਾਂਦਾ ਹੈ । ਭਾਰ ਦਾ ਘਟਣਾ ਸ਼ੂਗਰ ਰੋਗ ਹੋਣ ਦੀ ਦੂਜੀ ਮਹੱਤਵਪੂਰਨ ਨਿਸ਼ਾਨੀ ਹੈ । ਗੁਲੂਕੋਜ਼ ਬੇਕਾਬੂ ਹੋ ਜਾਣ ਕਾਰਨ ਪਿੰਜਣੀਆਂ, ਡੌਲੇ, ਪੇਟ ਅਤੇ ਪੱਟਾਂ ਵਿਚਲੀ ਇਕੱਠੀ ਹੋਈ ਵਾਧੂ ਚਰਬੀ ਪਿਸ਼ਾਬ ਰਾਹੀਂ ਬਾਹਰ ਨਿਕਲਦੀ ਹੈ ਅਤੇ ਭਾਰ ਘਟਦਾ ਹੈ । ਜਿੱਥੋਂ ਜਿੱਥੋਂ ਚਰਬੀ ਖੁਰਦੀ ਹੈ, ਉੱਥੇ ਦਰਦ ਵੀ ਹੁੰਦਾ ਹੈ । ਸਰੀਰ ਟੁੱਟਿਆ-ਟੁੱਟਿਆ ਅਤੇ ਥੱਕਿਆ-ਥੱਕਿਆ ਰਹਿਣਾ, ਇੱਕ ਦਮ ਨਿਗ੍ਹਾ 'ਤੇ ਅਸਰ ਪੈਣਾ, ਜ਼ਿਆਦਾ ਭੁੱਖ ਲੱਗਣੀ ਜਾਂ ਕਿਸੇ ਵੀ ਕਿਸਮ ਦੇ ਜ਼ਖਮ ਦਾ ਛੇਤੀ ਠੀਕ ਨਾ ਹੋਣਾ ਆਦਿ ਇਸ ਰੋਗ ਦੀਆਂ ਹੋਰ ਨਿਸ਼ਾਨੀਆਂ ਹਨ ।

ਇਹ ਰੋਗ ਆਮ ਤੌਰ 'ਤੇ 40-45 ਸਾਲ ਦੀ ਉਮਰ ਵਿੱਚ ਹੁੰਦਾ ਹੈ, ਪ੍ਰੰਤੂ ਬੱਚੇ ਵੀ ਇਸ ਤੋਂ ਬਚੇ ਨਹੀਂ । ਇੱਕ ਅਨੁਮਾਨ ਅਨੁਸਾਰ 1.2 ਮਿਲੀਅਨ ਬੱਚੇ (0 ਤੋਂ 19 ਸਾਲ ਤੱਕ ) ਟਾਈਪ 1 ਦੇ ਸ਼ੂਗਰ ਪੀੜਤ ਹਨ ।

ਸਰੀਰ ਦੇ ਸਾਰੇ ਅੰਗਾਂ ਨੂੰ ਲੋੜੀਂਦੀ ਮਾਤਰਾ ਨਾਲੋਂ ਜਾਂ ਤਾਂ ਜ਼ਿਆਦਾ ਜਾਂ ਘੱਟ ਮਾਤਰਾ ਵਿੱਚ ਗੁਲੂਕੋਜ਼ ਸਰੀਰ ਦੇ ਪ੍ਰਮੁੱਖ ਅੰਗਾਂ ਜਿਨ੍ਹਾਂ ਵਿੱਚ ਦਿਲ, ਅੱਖਾਂ, ਕਿਡਨੀ, ਲੀਵਰ ਅਤੇ ਸਰੀਰ ਵਿਚਲੀਆਂ ਹੋਰ ਨਸ਼ਾਂ ਸ਼ਾਮਲ ਹਨ ਦੀ ਕੰਮ ਕਰਨ ਦੀ ਸਮਰੱਥਾ ਨੂੰ ਪ੍ਰਭਾਵਿਤ ਕਰਦੀ ਹੈ ਅਤੇ ਮਰੀਜ਼ ਉਮਰ ਤੋਂ ਪਹਿਲਾਂ ਬੁੱਢਾ ਦਿਖਾਈ ਦੇਣ ਲੱਗਦਾ ਹੈ। ਸਰੀਰ ਵਿੱਚ ਖੂਨ ਦਾ ਸੰਚਾਰ ਸਹੀ ਨਾ ਰਹਿਣ ਕਾਰਨ ਇਸ ਰੋਗ ਦਾ ਅਸਰ ਪੈਰਾਂ ਉਪਰ ਵੀ ਦੇਖਿਆ ਗਿਆ ਹੈ । ਇਸ ਰੋਗ ਤੋਂ ਪੀੜਤ ਔਰਤਾਂ ਦੀ ਮਾਹਵਾਰੀ ਵਿੱਚ ਵੀ ਗੜਬੜੀ ਹੋ ਸਕਦੀ ਹੈ ।

ਇਹ ਬਿਮਾਰੀ ਹੋਣ ਦੇ ਕਾਰਨਾਂ ਦਾ ਵਿਸ਼ਲੇਸ਼ਣ ਕਰਦਿਆਂ ਪਤਾ ਚਲਦਾ ਹੈ ਕਿ ਇਸ ਦੇ ਇੱਕ ਤੋਂ ਜ਼ਿਆਦਾ ਕਾਰਨ ਹਨ । ਸਭ ਤੋਂ ਵੱਡਾ ਅਤੇ ਸਾਂਝਾ ਕਾਰਨ ਹੈ ਪਰਵਾਰਕ ਹਿਸਟਰੀ । ਜਿਨ੍ਹਾਂ ਲੋਕਾਂ ਦੇ ਮਾਂ-ਬਾਪ ਇਸ ਰੋਗ ਤੋਂ ਗ੍ਰਸਤ ਹਨ, ਉਹਨਾ ਦੀ ਔਲਾਦ ਨੂੰ ਇਹ ਬਿਮਾਰੀ ਹੋਣ ਦੇ ਚਾਂਸ ਜ਼ਿਆਦਾ ਹੁੰਦੇ ਹਨ । ਦੂਜਾ ਵੱਡਾ ਕਾਰਨ ਹੈ ਬੇਮੇਚ ਖਾਣਾ । ਜਦੋਂ ਅਸੀਂ ਜ਼ਿਆਦਾ ਕਾਰਬੋਹਾਈਡ੍ਰੇਟ ਭਰਪੂਰ ਖਾਣਾ ਖਾਂਦੇ ਹਾਂ ਤਾਂ ਇਸ ਰੋਗ ਨੂੰ ਨਿਉਂਦਾ ਦੇ ਰਹੇ ਹੁੰਦੇ ਹਾਂ। ਤੀਜਾ ਕਾਰਨ ਹੈ ਮੋਟਾਪਾ । ਜਿੱਥੇ ਮੋਟਾਪਾ ਹੋਰ ਬਹੁਤ ਸਾਰੀਆਂ ਬਿਮਾਰੀਆਂ ਦਾ ਕਾਰਨ ਬਣਦਾ ਹੈ, ਉਥੇ ਇਹ ਸ਼ੂਗਰ ਰੋਗ ਦਾ ਵੀ ਵੱਡਾ ਕਾਰਨ ਹੈ । ਜ਼ਿਆਦਾ ਸ਼ਰਾਬ ਅਤੇ ਤੰਮਾਕੂ ਦਾ ਸੇਵਨ ਵੀ ਸ਼ੂਗਰ ਕੰਟਰੋਲ ਕਰਨ ਵਾਲੇ ਤੰਤੂਆਂ ਨੂੰ ਪ੍ਰਭਾਵਤ ਕਰਦਾ ਹੈ । ਸਰੀਰਕ ਕੰਮ ਨਾ ਕਰਨਾ ਜਾਂ ਸਰੀਰਕ ਕਸਰਤ ਦੀ ਘਾਟ ਵੀ ਖਾਣਾ ਚੰਗੀ ਤਰ੍ਹਾਂ ਨਾ ਪਾਚਣ ਦਾ ਕਾਰਨ ਬਣਦੀ ਹੈ, ਜਿਹੜੀ ਅੱਗਿਓਂ ਸ਼ੂਗਰ ਰੋਗ ਦਾ ਕਾਰਨ ਬਣਦੀ ਹੈ । ਸਿਆਣੇ ਕਹਿੰਦੇ ਹਨ ਕਿ ਚਿੰਤਾ ਚਿਤਾ ਬਰਾਬਰ ਹੁੰਦੀ ਹੈ ।

ਆਪਣਾ ਸ਼ੂਗਰ ਲੈਵਲ ਨਿਯਮਤ ਰੂਪ ਵਿਚ ਚੈੱਕ ਕਰਦੇ ਰਹੋ । ਖਾਲੀ ਪੇਟ ਸ਼ੂਗਰ ਲੈਵਲ 100 ਫੀਸਦੀ ਤੱਕ ਸਹੀ ਹੁੰਦਾ ਹੈ । ਖਾਣਾ ਖਾਣ ਤੋਂ ਦੋ ਘੰਟੇ ਬਾਅਦ ਇਹ ਪੱਧਰ 150 ਫੀਸਦੀ ਤੱਕ ਹੋ ਸਕਦਾ ਹੈ । ਟੀਕੇ ਰਾਹੀਂ ਇਨਸੂਲਿਨ ਲੈਣ ਵਾਲਿਆਂ ਨੂੰ ਇੱਕ ਇਹਤਿਆਤ ਹੋਰ ਵਰਤਣ ਦੀ ਲੋੜ ਹੈ ਕਿ ਗੁਲੂਕੋਜ਼ ਦਾ ਪੱਧਰ ਲੋੜੀਂਦੀ ਮਾਤਰਾ ਤੋਂ ਹੇਠ ਨਾ ਜਾਵੇ, ਕਿਉਂਕਿ ਸਰੀਰ ਵਿੱਚ ਗੁਲੂਕੋਜ਼ ਦੀ ਘਟੀ ਹੋਈ ਮਾਤਰਾ ਵਧੀ ਹੋਈ ਮਾਤਰਾ ਨਾਲੋਂ ਜ਼ਿਆਦਾ ਘਾਤਕ ਹੁੰਦੀ ਹੈ । ਗੁਲੂਕੋਜ਼ ਦੀ ਮਾਤਰਾ ਜ਼ਿਆਦਾ ਘਟ ਜਾਣ ਕਾਰਨ ਮਰੀਜ਼ ਬੇਹੋਸ਼ ਹੋ ਜਾਂਦਾ ਹੈ ਅਤੇ ਜਾਨ ਤੋਂ ਹੱਥ ਵੀ ਧੋ ਸਕਦਾ ਹੈ । ਮੇਰੇ ਨਿੱਜੀ ਤਜਰਬੇ ਤੋਂ ਦੱਸ ਰਿਹਾ ਹਾਂ ਕਿ ਨਿਗ੍ਹਾ ਫਟਣ 'ਤੇ, ਜ਼ੁਬਾਨ ਥਥਲਾਉਣ 'ਤੇ, ਤੁਰਦੇ ਵਕਤ ਪੈਰ ਉਖੜਨ 'ਤੇ, ਇਕਾਗਰਤਾ ਨਾ ਬਣਨ 'ਤੇ, ਸ਼ੂਗਰ ਲੈਵਲ ਇੱਕਦਮ ਚੈੱਕ ਕਰੋ ਅਤੇ ਘੱਟ ਪਾਏ ਜਾਣ 'ਤੇ ਮਿੱਠਾ ਖਾ ਕੇ ਗੁਲੂਕੋਜ਼ ਲੈਵਲ ਨੂੰ ਉੱਪਰ ਕਰੋ । ਹੋ ਸਕੇ ਤਾਂ ਸ਼ੂਗਰ ਦੀ ਮਾਤਰਾ ਚੈੱਕ ਕਰਨ ਵਾਲਾ ਮੀਟਰ ਜ਼ਰੂਰ ਰੱਖੋ ।

ਜਿਵੇਂ ਕਿ ਮੈਂ ਉੱਪਰ ਦੱਸ ਚੁੱਕਿਆ ਹਾਂ ਕਿ ਮੈਂ 1986 ਤੋਂ ਸ਼ੂਗਰ ਰੋਗ ਤੋਂ ਪੀੜਤ ਹਾਂ, ਪ੍ਰੰਤੂ ਮੈਨੂੰ ਪਹਿਲੀ ਵਾਰੀ ਮਿਲਣ ਵਾਲਾ ਕੋਈ ਵੀ ਸ਼ਖਸ ਇਹ ਨਤੀਜਾ ਨਹੀਂ ਕੱਢ ਸਕਦਾ ਕਿ ਮੈਂ ਸ਼ੂਗਰ ਰੋਗੀ ਹਾਂ । ਮੇਰੀ ਉਮਰ ਲੱਗਭੱਗ 70 ਸਾਲ ਹੈ, ਮੇਰੇ ਸਾਰੇ ਦੰਦ ਕਾਇਮ ਹਨ ਅਤੇ ਅਸਲੀ ਹਨ । ਮੇਰੀਆਂ ਅੱਖਾਂ ਵਿੱਚ ਕੋਈ ਲੈਨਜ਼ ਨਹੀਂ ਪਿਆ ਹੋਇਆ । ਬੇਸ਼ੱਕ ਮੈਂ ਦਿਲ ਦਾ ਮਰੀਜ਼ ਹਾਂ ਪ੍ਰੰਤੂ ਕਿਸੇ ਕਿਸਮ ਦੀ ਬਲਾਕੇਜ਼ ਅੱਜ ਤੱਕ ਨਹੀਂ ਆਈ । ਇਸੇ ਤਰ੍ਹਾਂ ਹੀ ਸਰੀਰ ਦੇ ਦੂਜੇ ਮਹੱਤਵਪੂਰਨ ਅੰਗ ਜਿਵੇਂ ਕਿ ਕਿਡਨੀ, ਗੋਡੇ, ਲੀਵਰ ਆਦਿ ਸਹੀ ਕੰਮ ਕਰਦੇ ਹਨ । ਇੱਥੇ ਇਹ ਦੱਸਣ ਦਾ ਮੇਰਾ ਮਕਸਦ ਹੈ ਕਿ ਜੇਕਰ ਤੁਸੀਂ ਇੱਕ ਅਨੁਸ਼ਾਸਤ ਜੀਵਨ ਜਿਉਂਦੇ ਹੋ ਤਾਂ ਤੁਹਾਨੂੰ ਇਹ ਰੋਗ ਮਾਰੇਗਾ ਨਹੀਂ ਅਤੇ ਜੇਕਰ ਇਸ ਰੋਗ ਪ੍ਰਤੀ ਲਾਪਰਵਾਹੀ ਵਰਤਦੇ ਹੋ ਤਾਂ ਇਹ ਤੁਹਾਨੂੰ ਬਖਸ਼ੇਗਾ ਨਹੀਂ । ਮੇਰੀ ਸਲਾਹ ਹੈ ਕਿ ਨਾ ਹੀ ਅਟਕਲਪੱਚੂ ਦਵਾਈਆਂ ਲਵੋ ਅਤੇ ਨਾ ਹੀ ਸ਼ਰਤੀਆ ਇਲਾਜ ਕਰਨ ਵਾਲਿਆਂ ਦੇ ਚੱਕਰ ਵਿੱਚ ਪਵੋ। ਦਵਾਈ ਕੋਈ ਵੀ ਲਵੋ, ਡਾਕਟਰ ਦੀ ਸਲਾਹ ਨਾਲ ਲਵੋ । ਜੇਕਰ ਡਾਕਟਰ ਇਨਸੂਲਿਨ ਦਾ ਟੀਕਾ ਲਾਉਣ ਦੀ ਸਲਾਹ ਦਿੰਦਾ ਹੈ ਤਾਂ ਇਸ ਨੂੰ ਵੀ ਸਰੀਰ ਨੂੰ ਰੋਟੀ ਦੀ ਲੋੜ ਦੀ ਤਰ੍ਹਾਂ ਸਮਝੋ ਅਤੇ ਗੁਰੇਜ਼ ਨਾ ਕਰੋ । ਆਪਣੇ ਖਾਣੇ ਪ੍ਰਤੀ ਸਜੱਗ ਰਹੋ । ਇੱਕੋ ਵਾਰੀ ਪੇਟ ਭਰ ਖਾਣਾ ਨਾ ਖਾਓ । ਥੋੜ੍ਹਾ-ਥੋੜ੍ਹਾ ਖਾਣਾ ਘੱਟ ਵਕਫੇ 'ਤੇ ਲੈਂਦੇ ਰਹੋ । ਮਿੱਠੇ ਤੋਂ 100 % ਪਰਹੇਜ਼ ਕਰੋ । ਸ਼ੂਗਰ ਦੇ ਮਰੀਜ਼ ਲਈ ਗੁੜ, ਸ਼ੱਕਰ , ਚੀਨੀ, ਜੂਸ, ਸ਼ਹਿਦ ਸਾਰੇ ਹੀ ਬਰਾਬਰ ਦੇ ਖਤਰਨਾਕ ਵੈਰੀ ਹਨ । ਜ਼ਿਆਦਾ ਮਿੱਠੇ ਫਲ ਜਿਵੇਂ ਕਿ ਅੰਬ, ਚੀਕੂ, ਕੇਲਾ, ਅੰਗੂਰ ਬਿਲਕੁਲ ਨਾ ਲਓ । ਚਾਵਲ, ਆਲੂ, ਮਾਂਹ, ਮੱਕੀ ਅਤੇ ਹੋਰ ਬੈ ਬਾਦੀ ਵਾਲੀਆਂ ਅਤੇ ਕਾਰਬੋਹਾਈਡ੍ਰੇਟ ਭਰਪੂਰ ਵਸਤੂਆਂ ਦਾ ਪ੍ਰਯੋਗ ਘੱਟ ਕਰੋ । ਚਨਾ, ਜੌਂ, ਰਾਗੀ, ਸੋਇਆ ਯੁਕਤ ਆਟਾ ਇਸਤੇਮਾਲ ਕਰੋ । ਮਿਲਾਈ ਉਤਾਰੀ ਵਾਲਾ ਦੁੱਧ ਵਰਤੋ। ਦੇਸੀ ਘੀ ਨਾ ਖਾਓ । ਪ੍ਰੋਟੀਨ ਭਰਪੂਰ ਮਾਤਰਾ ਵਿੱਚ ਲਓ । ਨਿਯਮਤ ਰੂਪ ਵਿਚ ਸਰੀਰਕ ਕਸਰਤ ਕਰੋ । ਜਿੰਨਾ ਤੁਹਾਡਾ ਸਰੀਰ ਇਜਾਜ਼ਤ ਦਿੰਦਾ ਹੈ, ਓਨੀ ਸੈਰ ਜ਼ਰੂਰ ਕਰੋ । ਮਾਹਿਰ ਯੋਗਾ ਉਸਤਾਦ ਦੀ ਦੇਖ-ਰੇਖ ਹੇਠ ਯੋਗਾ ਕਰਕੇ ਇਸ ਦੇ ਮਾਰੂ ਅਸਰਾਂ ਤੋਂ ਬਚਿਆ ਜਾ ਸਕਦਾ ਹੈ । ਭਰਪੂਰ ਨੀਂਦ ਲਓ ਅਤੇ ਤਣਾਅ ਮੁਕਤ ਜ਼ਿੰਦਗੀ ਜਿਉਣ ਦੀ ਕੋਸ਼ਿਸ਼ ਕਰੋ ।

ਅਖੀਰ ਵਿੱਚ ਜੇਕਰ ਤੁਸੀਂ ਗੁਲੂਕੋਜ਼ ਦੇ ਪੱਧਰ ਨੂੰ ਕਾਬੂ ਰੱਖਦੇ ਹੋ ਤਾਂ ਇਹ ਕੋਈ ਬਿਮਾਰੀ ਨਹੀਂ ਅਤੇ ਜੇਕਰ ਤੁਸੀਂ ਇਸ ਪਾਸੇ ਲਾਪਰਵਾਹੀ ਵਰਤਦੇ ਹੋ ਤਾਂ ਇਸ ਵਰਗੀ ਕੋਈ ਭੈੜੀ ਮਾਰੂ ਬਿਮਾਰੀ ਨਹੀਂ ।

**# ਸੰਪਰਕ : 98727-87243**

# ਪੈਟਰੌਲ ਪੰਪ ਦੇ ਕਰਿੰਦੇ ਦੀ ਕੁੱਟਮਾਰ ਕਰਕੇ 5 ਲੱਖ ਰੁਪਏ ਲੁੱਟੇ

## ਪੁਲਸ ਨੇ 7 ਮੈਂਬਰਾਂ ਨੂੰ ਕੁਝ ਹੀ ਘੰਟਿਆਂ 'ਚ ਕੀਤਾ ਕਾਬੂ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਥਾਣਾ ਸਦਰ ਬਠਿੰਡਾ ਅਮਨੀਤ ਕੌਂਡਲ ਆਈ.ਪੀ.ਐੱਸ, ਸੀਨੀਅਰ ਪੁਲਿਸ ਕਪਤਾਨ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸ੍ਰੀ ਅਜੇ ਗਾਂਧੀ ਆਈ.ਪੀ.ਐੱਸ, ਐੱਸ.ਪੀ (ਇਨਵੈ:) ਦੀ ਰਹਿਨੁਮਾਈ ਹੇਠ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਸ੍ਰੀ ਰਾਜੇਸ਼ ਸ਼ਰਮਾ, ਪੀ.ਪੀ.ਐੱਸ, ਡੀ.ਐੱਸ.ਪੀ, (ਇੰਨਵੈ:) ਬਠਿੰਡਾ, ਸ਼੍ਰੀਮਤੀ ਹਿਨਾ ਗੁਪਤਾ, ਪੀ.ਪੀ.ਐੱਸ, ਡੀ.ਐੱਸ.ਪੀ, ਬਠਿੰਡਾ ਦਿਹਾਤੀ ਦੀ ਅਗਵਾਈ ਵਿੱਚ ਸੀ.ਆਈ.ਏ ਸਟਾਫ ਬਠਿੰਡਾ ਤੇ ਥਾਣਾ ਸਦਰ ਬਠਿੰਡਾ ਦੀ ਪੁਲਿਸ ਪਾਰਟੀ ਨੇ ਕੁੱਝ ਅਣਪਛਾਤੇ ਨਕਾਬਪੋਸ਼ਾਂ ਵੱਲੋਂ ਪੈਟਰੌਲ ਪੰਪ ਦੇ ਕਰਿੰਦੇ ਨੂੰ ਰਾਸਤੇ ਵਿੱਚ ਘੇਰ ਕੇ ਕੁੱਟਮਾਰ ਕਰਕੇ 5 ਲੱਖ ਰੁਪਏ ਦੀ ਹੋਈ ਖੋਹ ਨੂੰ ਟਰੇਸ ਕਰਦੇ ਹੋਏ ਮੁਕੱਦਮਾ ਉਕਤ ਦੇ 7 ਦੋਸ਼ੀਆਂ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ ਖੋਹੀ ਰਕਮ 5 ਲੱਖ ਰੁਪਏ, 4 ਰਾਡ ਤੇ 3 ਮੋਟਰਸਾਈਕਲ ਨੰਬਰੀ ਬਰਾਮਦ ਕੀਤੇ ਗਏ।

ਥਾਣਾ ਸਦਰ ਬਠਿੰਡਾ ਨੂੰ ਇੱਕ ਇਤਲਾਹ ਮਿਲੀ ਸੀ ਕਿ ਰਿਲਾਇੰਸ ਪੈਟਰੌਲ ਪੰਪ ਪਿੰਡ ਜੋਧਪੁਰ ਰੋਮਾਣਾ ਵਿਖੇ ਕੈਸ਼ੀਅਰ ਦਾ ਕੰਮ ਕਰਦੇ ਕਰਿੰਦੇ ਨੂੰ ਰਾਸਤੇ ਵਿੱਚ ਘੇਰ ਕੇ ਕੁਝ ਨਾਮਲੂਮ ਨਕਾਬਪੋਸ਼ਾਂ ਵੱਲੋਂ ਕੁੱਟਮਾਰ ਕਰਕੇ 5 ਲੱਖ ਰੁਪਏ ਦੀ ਰਾਸ਼ੀ ਖੋਹ ਕੇ ਲੈ ਗਏ ਸਨ, ਜਿਸ 'ਤੇ ਤੁਰੰਤ ਇਸ ਵਾਰਦਾਤ ਨੂੰ ਟਰੇਸ ਕਰਨ ਲਈ ਸੀ.ਆਈ.ਏ ਸਟਾਫ਼ ਬਠਿੰਡਾ ਤੇ ਥਾਣਾ ਸਦਰ ਬਠਿੰਡਾ ਦੀਆਂ ਵੱਖ-ਵੱਖ ਟੀਮਾਂ ਗਠਿਤ ਕੀਤੀਆਂ ਗਈਆਂ।ਇਨ੍ਹਾਂ ਵੱਖ-ਵੱਖ ਟੀਮਾਂ ਵੱਲੋਂ ਟੈਕਨੀਕਲ ਸੋਰਸਾਂ ਤੇ ਸੀ.ਸੀ.ਟੀ.ਵੀ ਕੈਮਰਿਆਂ ਆਦਿ ਦੀ ਮੱਦਦ ਨਾਲ ਲੁੱਟ ਦੀ ਵਾਰਦਾਤ ਨੂੰ ਟਰੇਸ ਕਰਕੇ 7 ਦੋਸ਼ੀਆਂ ਨੂੰ ਕਾਬੂ ਕੀਤਾ ਗਿਆ।ਲੁੱਟ ਕੀਤੀ ਕੁੱਲ ਰਕਮ 5 ਲੱਖ ਰੁਪਏ, ਵਾਰਦਾਤ ਨੂੰ ਅੰਜਾਮ ਦੇਣ ਲਈ ਵਰਤੇ 3 ਮੋਟਰਸਾਈਕਲ ਨੰਬਰੀ ਤੇ 4 ਰਾਡ ਇੱਕ ਹਥੌੜਾ ਬਰਾਮਦ ਕਰਾ ਕੇ ਸਫਲਤਾ ਹਾਸਲ ਕੀਤੀ।

ਮੁਕੱਦਮਾ ਉਕਤ ਵਿੱਚ ਗ੍ਰਿਫ਼ਤਾਰ ਕੀਤੇ 7 ਦੋਸ਼ੀਆਂ ਦੀ ਪਛਾਣ ਜਸਵੀਰ ਸਿੰਘ ਉਰਫ ਜੱਸਾ ਪੁੱਤਰ ਜਰਨੈਲ ਸਿੰਘ ਵਾਸੀ ਜੋਧਪੁਰ ਰੋਮਾਣਾ ਜਿਲਾ ਬਠਿੰਡਾ, ਅਜੈਬ ਸਿੰਘ ਉਰਫ ਬਿੱਲਾ ਪੁੱਤਰ ਰੂਪ ਸਿੰਘ ਵਾਸੀ ਚੱਕ ਰਲਦੂ ਸਿੰਘ ਵਾਲਾ ਜ਼ਿਲ੍ਹਾ ਬਠਿੰਡਾ, ਅਵਤਾਰ ਸਿੰਘ ਉਰਫ ਮੋਟਾ ਪੁੱਤਰ ਜਗਸੀਰ ਸਿੰਘ ਵਾਸੀ ਗਹਿਰੀ ਬੁੱਟਰ, ਸੁਖਵੀਰ ਸਿੰਘ ਉਰਫ ਬੰਟੀ ਪੁੱਤਰ ਜਗਤਾਰ ਸਿੰਘ ਵਾਸੀ ਭੂਸ ਮੰਡੀ ਜਿਲਾ ਬਠਿੰਡਾ, ਜਗਜੀਤ ਸਿੰਘ ਉਰਫ਼ ਜੱਗ ਪੁੱਤਰ ਗੁਰਮੀਤ ਸਿੰਘ ਵਾਸੀ ਭੂਸ ਮੰਡੀ, ਬੌਬੀ ਸਿੰਘ ਪੁੱਤਰ ਜਗਸੀਰ ਸਿੰਘ ਵਾਸੀ ਚੱਕ ਰਲਦੂ ਸਿੰਘ ਵਾਲਾ, ਨਗਵੀਰ ਸਿੰਘ ਉਰਫ ਨਵੀ ਪੁੱਤਰ ਦਿਲਬਾਗ ਸਿੰਘ ਵਾਸੀ ਗਹਿਰੀ ਬੁੱਟਰ ਵਜੋਂ ਹੋਈ ਹੈ।ਵਾਰਦਾਤ ਨੂੰ ਅੰਜਾਮ ਦੇਣ ਵਾਲਾ ਮੁੱਖ ਦੋਸ਼ੀ ਜਸਵੀਰ ਸਿੰਘ ਉਰਫ ਜੱਸਾ ਪੁੱਤਰ ਜਰਨੈਲ ਸਿੰਘ ਵਾਸੀ ਜੋਧਪੁਰ ਰੋਮਾਣਾ ਜ਼ਿਲ੍ਹਾ ਬਠਿੰਡਾ ਜੋ ਕਿ ਉਕਤ ਪੈਟਰੌਲ ਪੰਪ ਪਰ ਮੌਜੂਦ ਸੀ, ਨੇ ਆਪਣੇ ਦੋਸਤ ਅਜੈਬ ਸਿੰਘ ਉਰਫ ਬਿੱਲਾ ਪੁੱਤਰ ਰੂਪ ਸਿੰਘ ਵਾਸੀ ਚੱਕ ਰਲਦੂ ਸਿੰਘ ਵਾਲਾ ਨੂੰ ਵੱਟਸਐਪ ਮੈਸਜ/ਕਾਲ ਰਾਹੀ ਪੈਟਰੌਲ ਪੰਪ ਦੇ ਕੈਸ਼ੀਅਰ ਦੇ ਜਾਣ ਦੀ ਸੂਚਨਾ ਦਿੱਤੀ।ਇਸ ਤੋਂ ਬਾਅਦ ਅਜੈਬ ਨੇ ਆਪਣੇ ਦੋਸਤਾਂ ਨੂੰ ਬੁਲਾ ਕੇ ਪੈਟਰੌਲ ਪੰਪ ਦੇ ਕਰਿੰਦੇ ਨੂੰ ਰਾਸਤੇ ਵਿੱਚ ਘੇਰ ਕੇ ਉਸ ਪਾਸੋਂ 5 ਲੱਖ ਰੁਪਏ ਦੀ ਨਕਦੀ ਖੋਹ ਕੇ ਫਰਾਰ ਹੋ ਗਏ ਸਨ। ਮੁੱਢਲੀ ਪੁੱਛਗਿੱਛ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਦੋਸ਼ੀਆਂ ਵੱਲੋਂ ਇਸ ਵਾਰਦਾਤ ਨੂੰ ਪਹਿਲਾਂ ਰੱਖੜੀ ਵਾਲੇ ਦਿਨ ਵੀ ਅੰਜਾਮ ਦੇਣਾ ਸੀ, ਪਰ ਇਹ ਅਸਫ਼ਲ ਰਹੇ।ਦੋਸ਼ੀਆਂ ਨੂੰ ਮੁਕੱਦਮਾ ਉਕਤ ਵਿੱਚ ਗ੍ਰਿਫ਼ਤਾਰ ਕਰਕੇ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ, ਜਿਨ੍ਹਾਂ ਤੋਂ ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਗੁਰਨੇ ਕਲਾਂ ਵਾਲੀਬਾਲ ਕਮੇਟੀ ਵੱਲੋਂ ਟੂਰਨਾਮੈਂਟ 7 ਨੂੰ



**ਮਾਨਸਾ/ਬੁਢਲਾਡਾ (ਪਮਾਰ)** ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰਨੇ ਕਲਾਂ ਵਾਲੀਵਾਲ ਟੂਰਨਾਮੈਂਟ ਕਮੇਟੀ ਵੱਲੋਂ ਵਾਲੀਬਾਲ ਟੂਰਨਾਮੈਂਟ 7 ਸਤੰਬਰ ਨੂੰ ਸਰਕਾਰੀ ਹਾਈ ਸਕੂਲ ਗੁਰਨੇ ਕਲਾਂ ਦੇ ਖੇਡ ਗਰਾਊਂਡ ਵਿੱਚ ਕਰਾਇਆ ਜਾ ਰਿਹਾ ਹੈ।ਅਮਨਦੀਪ ਸ਼ਰਮਾ ਨੇ ਦੱਸਿਆ ਕਿ ਇਸ ਟੂਰਨਾਮੈਂਟ ਦਾ ਉਦੇਸ਼ ਵਿਦਿਆਰਥੀਆਂ ਨੂੰ ਖੇਡਾਂ ਵਤਨ ਪੰਜਾਬ ਦੀਆਂ ਲਈ ਤਿਆਰ ਕਰਨਾ ਹੈ।

ਉਨ੍ਹਾਂ ਕਿਹਾ ਕਿ ਇਸ ਵਾਰ ਗੁਰਨੇ ਕਲਾਂ ਪਿੰਡ ਦੀਆਂ ਤਿੰਨ ਟੀਮਾਂ ਵੱਖ-ਵੱਖ ਵਰਗਾਂ ਵਿੱਚ ਵਾਲੀਬਾਲ, ਸ਼ੂਟਿੰਗ ਮੁਕਾਬਲਿਆਂ ਵਿੱਚ ਬਲਾਕ ਪੱਧਰ 'ਤੇ ਭਾਗ ਲੈਣਗੀਆਂ।ਮਾਸਟਰ ਸੰਦੀਪ ਸ਼ਰਮਾ, ਗੁਰਦੀਪ ਸਿੰਘ ਔਲਖ, ਗੋਰਾ ਔਲਖ ਨੇ ਕਿਹਾ ਕਿ ਵਾਲੀਵਾਲ ਜਰੀਏ ਨਵੇਂ ਮੁੰਡਿਆਂ ਨੂੰ ਖੇਡਾਂ ਨਾਲ ਜੋੜਨਾ ਹੈ। ਵਾਲੀਬਾਲ ਟੂਰਨਾਮੈਂਟ ਕਮੇਟੀ ਦੇ ਮੈਂਬਰ ਲਾਡੀ ਔਲਖ, ਹਨੀ ਸ਼ਰਮਾ, ਕੁਲਦੀਪ ਔਲਖ, ਲਾਡੀ, ਜਗਤਾਰ ਸਿੰਘ ਤਾਰੀ, ਕਾਲਾ ਫੌਜੀ, ਬਲਵਿੰਦਰ ਸਿੰਘ ਔਲਖ, ਸਤਵੀਰ ਸਿੰਘ, ਗੁਰਵਿੰਦਰ ਔਲਖ, ਮਹਿਕ ਔਲਖ, ਬਲਕਾਰ ਸਿੰਘ, ਬੱਗੜ, ਅਮਨ ਔਲਖ ਆਦਿ ਖਿਡਾਰੀਆਂ ਨੇ ਦੱਸਿਆ ਕਿ ਖੇਡ ਮੁਕਾਬਲਿਆਂ ਦੀਆਂ ਤਿਆਰੀਆਂ ਪੂਰਨ ਰੂਪ 'ਚ ਮੁਕੰਮਲ ਕਰ ਲਈਆਂ ਗਈਆਂ ਹਨ।

# ਹੋਲੀ ਹਾਰਟ ਸਕੂਲ ਦੇ ਵਿਦਿਆਰਥੀਆਂ ਨੂੰ ਸਕੇਟਿੰਗ 'ਚ 4 ਗੋਲਡ ਮੈਡਲ

**ਮਹਿਲ ਕਲਾਂ (ਬਲਵਿੰਦਰ ਵਜੀਦਕੇ)**







ਜੀ ਹੋਲੀ ਹਾਰਟ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ 68ਵੀਆਂ ਪੰਜਾਬ ਸਕੂਲ ਜ਼ਿਲ੍ਹਾ ਪੱਧਰ ਦੀਆਂ ਖੇਡਾਂ ਵਿੱਚ ਸਕੇਟਿੰਗ ਦੇ ਮੁਕਾਬਲਿਆਂ ਵਿੱਚ ਹਿੱਸਾ ਲਿਆ।ਇਹ ਮੁਕਾਬਲੇ ਬਰਨਾਲਾ ਵਿੱਚ ਕਰਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਦੇ ਲਗਭਗ 200 ਵਿਦਿਆਰਥੀਆਂ ਨੇ ਭਾਗ ਲਿਆ।ਸਕੇਟਿੰਗ (ਇਨਲਾਇਨ) ਅੰਡਰ-17 ਦੇ ਮੁਕਾਬਲਿਆਂ ਵਿੱਚ 500 ਮੀਟਰ, 1000 ਮੀਟਰ ਅਤੇ ਵਨਲੈਪ ਵਿੱਚ ਗੁਰਪ੍ਰਗਟ ਸਿੰਘ ਨੇ ਗੋਲਡ ਮੈਡਲ ਹਾਸਲ ਕੀਤੇ ਤੇ ਅੰਡਰ-14 ਦੇ ਮੁਕਾਬਲਿਆਂ ਵਿੱਚ ਵਨਲੈਪ ਵਿੱਚੋਂ ਗੋਲਡ ਮੈਡਲ, 500 ਤੇ 1000 ਮੀਟਰ ਵਿੱਚੋਂ ਸਿਲਵਰ ਮੈਡਲ ਮੁਕੁਲ ਵਰਮਾ ਨੇ ਹਾਸਲ ਕਰਕੇ ਆਪਣੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਅਤੇ ਸਟੇਟ ਪੱਧਰ ਲਈ ਦੋਨਾਂ ਵਿਦਿਆਰਥੀਆਂ ਦੀ ਚੋਣ ਹੋ ਗਈ।ਇਸ ਦੌਰਾਨ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ਼੍ਰੀਮਾਨ ਸੁਸ਼ੀਲ ਗੋਇਲ ਨੇ ਕਿਹਾ ਕਿ ਸਾਡੀ ਸੰਸਥਾ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦਾ ਸਰਬਪੱਖੀ ਵਿਕਾਸ ਕਰਨਾ ਹੈ ਤੇ ਉਨ੍ਹਾਂ ਨੇ ਸਟੇਟ ਪੱਧਰ ਲਈ ਚੋਣ ਵਾਸਤੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਐਗਜਿਕਿਊਟਿਵ ਡਾਇਰੈਕਟਰ ਰਾਕੇਸ਼ ਬਾਂਸਲ ਤੇ ਪ੍ਰਿੰਸੀਪਲ ਗੁਰਪ੍ਰੀਤ ਕੌਰ ਤੇ ਵਾਈਸ ਪ੍ਰਿੰਸੀਪਲ ਸ਼੍ਰੀਮਤੀ ਪੂਜਾ ਸ਼ਰਮਾ ਨੇ ਇਸ ਸ਼ਾਨਦਾਰ ਜਿੱਤ 'ਤੇ ਵਿਦਿਆਰਥੀਆਂ ਦੇ ਮਾਪਿਆਂ, ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਇਸ ਪ੍ਰਾਪਤੀ ਦੀਆਂ ਵਧਾਈਆਂ ਦਿੱਤੀਆਂ।ਇਸ ਜਿੱਤ ਵਿੱਚ ਉਹਨਾਂ ਦੇ ਕੋਚ ਸਾਹਿਬਾਨਾਂ ਰੇਸ਼ਮ ਸਿੰਘ, ਸੁਖਵੀਰ ਸਿੰਘ ਤੇ ਮੁੱਕੋ ਕੌਰ ਦਾ ਵਿਸ਼ੇਸ਼ ਯੋਗਦਾਨ ਰਿਹਾ।

# ਬਾਬਾ ਨੰਦ ਸਿੰਘ ਜੀ ਨਾਨਕਸਰ ਕਲੇਰਾਂ ਵਾਲਿਆਂ ਦੀ ਯਾਦ 'ਚ ਸਾਲਾਨਾ ਸਮਾਗਮ ਸ਼ੁਰੂ



**ਬੱਧਨੀ ਕਲਾਂ (ਨਛੱਤਰ ਸੰਧੂ)**-ਧੰਨ ਧੰਨ ਬਾਬਾ ਨੰਦ ਸਿੰਘ ਜੀ ਨਾਨਕਸਰ ਕਲੇਰਾਂ ਵਾਲਿਆਂ ਦੀ ਨਿੱਘੀ ਯਾਦ ਨੂੰ ਸਮਰਪਤ ਉਨ੍ਹਾਂ ਦੇ ਤਪ ਅਸਥਾਨ ਖੂਹੀ ਸਾਹਿਬ ਠਾਠ ਬੱਧਨੀ ਕਲਾਂ ਵਿਖੇ ਤਿੰਨ ਰੋਜ਼ਾ ਸਾਲਾਨਾ ਸਮਾਗਮ ਬੜੀ ਸਰਧਾ ਭਾਵਨਾ ਨਾਲ ਕਰਾਇਆ ਜਾ ਰਿਹਾ ਹੈ। ਸਮਾਗਮ ਦੇ ਪਹਿਲੇ ਦਿਨ ਸ੍ਰੀ ਆਖੰਡ ਪਾਠ ਸਾਹਿਬ ਦੇ ਪਾਠ ਪ੍ਰਕਾਸ਼ ਕਰਾਏ ਗਏ, ਜਿਨ੍ਹਾਂ ਦੇ ਭੋਗ ਦਿਨ ਵੀਰਵਾਰ ਨੂੰ ਪਾਏ ਜਾਣਗੇ। ਭੋਗ ਉਪਰੰਤ ਉੱਘੇ ਰਾਗੀ ਢਾਡੀ ਅਤੇ ਕਥਾਵਾਚਕ ਸੰਗਤਾਂ ਨੂੰ ਗੁਰਮਤਿ ਵਿਚਾਰਾ ਰਾਹੀ ਨਿਹਾਲ ਕਰਨਗੇ। ਇਸ ਧਾਰਮਿਕ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਜਗਦੇਵ ਸਿੰਘ ਨੇ ਦੱਸਿਆ ਕਿ ਇਸ ਪਾਵਨ ਅਸਥਾਨ ਤੇ ਧੰਨ ਧੰਨ ਬਾਬਾ ਨੰਦ ਸਿੰਘ ਜੀ ਨੇ 21 ਦਿਨ ਘੋਰ ਤਪ ਕਰਕੇ ਇਸ ਧਰਤੀ ਨੂੰ ਭਾਗ ਲਾਏ ਸਨ।

# ਕਿਸਾਨ ਸਿਖਲਾਈ ਕੈਂਪ ਆਯੋਜਤ



**ਬਠਿੰਡਾ (ਪਰਵਿੰਦਰਜੀਤ ਸਿੰਘ)**-ਮੁੱਖ ਖੇਤੀਬਾੜੀ ਅਫ਼ਸਰ ਡਾ. ਜਗਸੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬਲਾਕ ਖੇਤੀਬਾੜੀ ਅਫ਼ਸਰ ਰਾਮਪੁਰਾ ਡਾ. ਮੁਖਤਿਆਰ ਬਰਾੜ ਦੀ ਦੇਖ-ਰੇਖ 'ਚ ਪਿੰਡ ਮੰਡੀ ਕਲਾ ਵਿਖੇ ਸਾਉਣੀ ਦੀਆਂ ਫ਼ਸਲਾਂ ਸਬੰਧੀ ਕਿਸਾਨ ਸਿਖਲਾਈ ਕੈਂਪ ਲਾਇਆ ਗਿਆ।ਕੈਂਪ ਵਿੱਚ ਖੇਤੀਬਾੜੀ ਵਿਕਾਸ ਅਫਸਰ ਸ੍ਰੀ ਜਗਪਾਲ ਸਿੰਘ ਨੇ ਕਿਸਾਨਾਂ ਨੂੰ ਝੋਨੇ ਦੀ ਫਸਲ ਦੇ ਕੀੜੇ-ਮਕੌੜਿਆਂ ਤੇ ਬਿਮਾਰੀਆਂ ਸਬੰਧੀ ਜਾਗਰੂਕ ਕੀਤਾ ਤੇ ਪਰਾਲੀ ਪ੍ਰਬੰਧਨ ਸਬੰਧੀ ਜਾਣਕਾਰੀ ਦਿੱਤੀ।ਉਨ੍ਹਾਂ ਕਿਸਾਨਾਂ ਨੂੰ ਬਾਸਮਤੀ ਤੇ ਪੰਜਾਬ ਸਰਕਾਰ ਵੱਲੋਂ ਬੈਨ 10 ਕੀੜੇਮਾਰ ਦਵਾਈਆਂ ਬਾਰੇ ਦੱਸਿਆ ਗਿਆ।ਬੀਟੀਐਮ ਸ੍ਰੀ ਕਮਲਜੀਤ ਸਿੰਘ ਵੱਲੋਂ ਪੀਐਮ ਕਿਸਾਨ ਸਕੀਮ ਅਤੇ ਆਤਮਾ ਸਕੀਮ ਅਧੀਨ ਕੀਤੀਆਂ ਜਾਂਦੀਆਂ ਗਤੀਵਿਧੀਆਂ ਬਾਰੇ ਦੱਸਿਆ ਗਿਆ।ਉਨ੍ਹਾਂ ਨਰਮੇ ਦੀ ਫਸਲ ਵਿੱਚ ਗੁਲਾਬੀ ਸੁੰਡੀ ਦੇ ਹਮਲੇ ਤੋਂ ਸੁਚੇਤ ਰਹਿਣ ਲਈ ਵੀ ਕਿਸਾਨਾਂ ਨੂੰ ਦੱਸਿਆ।ਕੈਂਪ ਦੌਰਾਨ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਦੀ ਪੀਐਮ ਕਿਸਾਨ ਸਕੀਮ ਦੀ ਈਕੇਵਾਈਸੀ ਵੀ ਕੀਤੀ ਗਈ।

# ਮਿਡ ਡੇਅ ਮੀਲ ਵਰਕਰਾਂ ਦਾ ਖਾਣਾ ਤਿਆਰ ਕਰਨ ਦਾ ਮੁਕਾਬਲਾ ਕਰਾਇਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਿੱਖਿਆ ਵਿਭਾਗ ਦੇ ਕਲੱਸਟਰ ਨਵਾਂ ਪਿੰਡ ਕਲਵਾਨੂੰ ਵਿਖੇ ਮਿਡ ਡੇਅ ਮੀਲ ਵਰਕਰਾਂ ਦਾ ਵਧੀਆ ਖਾਣਾ ਤਿਆਰ ਕਰਨ ਦਾ ਮੁਕਾਬਲਾ ਕਰਾਇਆ ਗਿਆ।ਕਲੱਸਟਰ ਦੇ ਸਾਰੇ ਸਕੂਲਾਂ ਵਿਚੋਂ ਮਿਡ ਡੇ ਮੀਲ ਵਰਕਰਾਂ ਨੇ ਇਸ ਵਿੱਚ ਹਿੱਸਾ ਲਿਆ।ਇਸ ਦੌਰਾਨ ਵੱਖ-ਵੱਖ ਸਕੂਲਾਂ ਤੋਂ ਪਹੁੰਚੇ ਮਿਡ ਡੇ ਮੀਲ ਵਰਕਰਾਂ ਦੁਆਰਾ ਮੌਕੇ 'ਤੇ ਖਾਣਾ ਤਿਆਰ ਕੀਤਾ ਗਿਆ। ਇਸ ਮੁਕਾਬਲੇ ਸਰਕਾਰੀ ਐਲੀਮੈਂਟਰੀ ਸਕੂਲ ਉੱਗੋਕੇ, ਬਾਦਸ਼ਾਹਪੁਰ, ਨਵਾਂ ਪਿੰਡ ਕਲਵਾਨੂੰ ਅਤੇ ਸਿਓਨਾ ਨੇ ਕ੍ਰਮਵਾਰ ਪਹਿਲੇ, ਦੂਜੇ ਅਤੇ ਤੀਜਾ ਸਥਾਨ ਹਾਸਲ ਕਰਕੇ ਬਾਜ਼ੀ ਮਾਰੀ। ਸੈਂਟਰ ਹੈੱਡ ਟੀਚਰ ਸ੍ਰੀ ਮਤੀ ਕੁਲਦੀਪ ਕੌਰ ਦੁਆਰਾ ਜੇਤੂ ਰਹੇ ਸਕੂਲਾਂ ਨੂੰ ਮੁਬਾਰਕਬਾਦ ਦਿੰਦਿਆਂ ਮਿਡ ਡੇ ਮੀਲ ਵਰਕਰਾਂ ਦੀ ਹੌਂਸਲਾ ਅਫ਼ਜ਼ਜਾਈ ਕੀਤੀ ਗਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੈਂਟਰ ਹੈੱਡ ਟੀਚਰ ਧਰਮਿੰਦਰ ਜੀਤ, ਨਿਸ਼ਚਲ ਕੁਮਾਰ, ਸਿਮਰਪ੍ਰੀਤ ਕੌਰ, ਪੁਨੀਤ ਸ਼ਰਮਾ, ਰੀਆ ਸਰਦਾਨਾ, ਅੰਗਰੇਜ਼ ਕੌਰ, ਬਲਕਾਰ ਸਿੰਘ, ਈਸ਼ਵਰ ਦਿਆਲ, ਮਨਜਿੰਦਰ ਸਿੰਘ, ਰਵਨੀਤ ਕੌਰ ਆਦਿ ਅਧਿਆਪਕ ਸਾਹਿਬਾਨ ਹਾਜ਼ਰ ਸਨ।

# ਕਾਸ਼ਤਕਾਰ ਕਿਸਾਨ ਨੇ ਪੰਚਾਇਤ ਸਕੱਤਰ 'ਤੇ ਲਾਏ ਇਲਜ਼ਾਮ



**ਬਰੇਟਾ (ਰੀਤਵਾਲ)**-ਪਿੰਡ ਜੁਗਲਾਣ ਦੇ ਕਿਸਾਨ ਗੁਰਵਿੰਦਰ ਸਿੰਘ ਨੇ ਆਪਣੇ ਹੀ ਪਿੰਡ ਦੇ ਪੰਚਾਇਤ ਸਕੱਤਰ ਤੇ ਪ੍ਰਬੰਧਕ 'ਤੇ ਅਣਗਹਿਲੀ ਵਰਤਣ ਤੇ ਸੁਣਵਾਈ ਕਰਕੇ ਮਸਲਾ ਹੱਲ ਨਾ ਕਰਨ ਦੇ ਗੰਭੀਰ ਇਲਜ਼ਾਮ ਲਾਏ ਹਨ।ਕਿਸਾਨ ਗੁਰਵਿੰਦਰ ਸਿੰਘ, ਕਿਰਤਪਾਲ ਸਿੰਘ ਤੇ ਗੁਰਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਕੁਲਰੀਆਂ ਵਾਲੀ ਸਾਈਡ ਸਥਿਤ ਜੁਗਲਾਣ ਦੀ ਪੰਚਾਇਤੀ ਜ਼ਮੀਨ ਦਾ ਕੁੱਲ 11 ਕਿੱਲੇ ਟੱਕ ਠੇਕੇ 'ਤੇ ਲਿਆ ਸੀ, ਜਿਸ ਵਿੱਚੋਂ 4 ਏਕੜ ਰਕਬਾ ਗੁਰਜੀਤ ਸਿੰਘ ਨੇ ਰਾਖਵੇਂ ਕੋਟੇ ਵਿਚੋਂ ਲਿਆ ਸੀ, ਜਿਸ ਵਿੱਚ ਝੋਨਾ ਲਾਇਆ ਗਿਆ ਸੀ, ਪਰ ਲਗਪਗ ਪਿਛਲੇ 70-75 ਦਿਨ ਪਹਿਲਾਂ ਬੋਰ ਟੁੱਟ ਜਾਣ ਕਾਰਨ ਪਾਣੀ ਦੀ ਘਾਟ ਕਰਕੇ ਝੋਨੇ ਦੀ ਫ਼ਸਲ ਨੂੰ ਪਾਣੀ ਦੀ ਸਮੱਸਿਆ ਆ ਗਈ, ਜਿਸ ਕਾਰਨ ਝੋਨਾ ਸੁੱਕਣਾ ਸ਼ੁਰੂ ਹੋ ਗਿਆ ਤਾਂ ਉਕਤ ਕਿਸਾਨਾਂ ਨੇ ਜਿਵੇਂ-ਤਿਵੇਂ ਕਰਕੇ ਨੇੜਲੇ ਵਸੀਲਿਆਂ ਤੋਂ ਮੁੱਲ ਪਾਣੀ ਲੈ ਕੇ ਔਖੇ-ਸੌਖੇ ਝੋਨਾ ਖਤਮ ਹੋਣੋਂ ਤਾਂ ਬਚਾ ਲਿਆ, ਪਰ ਝੋਨੇ ਦੇ ਝਾੜ ਉਪਰ ਵੀ ਇਸ ਦਾ ਅਸਰ ਪਵੇਗਾ।ਕਿਸਾਨਾਂ ਦਾ ਕਹਿਣਾ ਹੈ ਕਿ ਜੋ ਇਸ ਨਾਲ ਉਨ੍ਹਾਂ ਦਾ ਆਰਥਿਕ ਨੁਕਸਾਨ ਹੋਇਆ ਹੈ, ਉਸਦੀ ਪੂਰਤੀ ਕੀਤੀ ਜਾਵੇ ਤਾਂ ਜੁ ਪਹਿਲਾਂ ਤੋਂ ਹੀ ਕਰਜ਼ਾ ਚੁੱਕ ਕੇ ਠੇਕੇ 'ਤੇ ਲਈ ਜ਼ਮੀਨ ਉਨ੍ਹਾਂ ਦੇ ਗਲ਼ ਦਾ ਰੱਸਾ ਨਾ ਬਣੇ।

## ਕਾਤਰਾਂ

### ਮੋਟਰਸਾਇਕਲ ਚੋਰੀ ਕਰਨ ਦੇ ਦੋਸ਼ 'ਚ 3 ਵਿਅਕਤੀ ਨਾਮਜ਼ਦ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਮੋਟਰ ਸਾਇਕਲ ਚੋਰੀ ਕਰਨ ਦੇ ਦੋਸ਼ 'ਚ 3 ਵਿਅਕਤੀਆਂ ਦੇ ਖਿਲਾਫ ਪਰਚਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਬੂਟਾ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਦੇ ਸਬੰਧ ਵਿਚ ਥਾਣਾ ਸਿਟੀ ਏਰੀਏ ਵਿਚ ਮੌਜੂਦ ਸੀ ਅਤੇ ਜਦੋਂ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਘੰਟਾ ਘਰ ਚੌਕ ਵਿਖੇ ਪੁੱਜੀ ਤਾਂ ਮੁਖਬਰ ਖਾਸ ਨੇ ਪੁਲਸ ਨੂੰ ਇਤਲਾਹ ਦਿੱਤੀ ਕਿ ਵਨਸ਼ਦੀਪ ਸਿੰਘ ਪੁੱਤਰ ਜਸਪਾਲ ਸਿੰਘ, ਜਸਪਾਲ ਸਿੰਘ ਪੁੱਤਰ ਸਵਰਨ ਸਿੰਘ ਤੇ ਪਰਮਜੀਤ ਸਿੰਘ ਉਰਫ ਪੰਮਾ ਮੋਟਰ ਸਾਇਕਲ ਚੋਰੀ ਕਰਕੇ ਅੱਗੇ ਵੇਚਣ ਦੇ ਆਦੀ ਹੈ, ਜਿਸ 'ਤੇ ਥਾਣਾ ਸਿਟੀ ਵਿਖੇ ਵੰਸ਼ਦੀਪ ਸਿੰਘ ਪੁੱਤਰ ਜਸਪਾਲ ਸਿੰਘ ਵਾਸੀ ਘੁਬਾਇਆ, ਜਸਪਾਲ ਸਿੰਘ ਪੁੱਤਰ ਸਵਰਨ ਸਿੰਘ ਵਾਸੀ ਘੁਬਾਇਆ ਅਤੇ ਪਰਮਜੀਤ ਸਿੰਘ ਉਰਫ ਪੰਮਾ ਪੁੱਤਰ ਮੱਖਣ ਸਿੰਘ ਵਾਸੀ ਚੱਕ ਮੰਨੇਵਾਲਾ (ਜਲਾਲਾਬਾਦ) ਦੇ ਖਿਲਾਫ ਧਾਰਾ 303(2) ਬੀ.ਐਨ.ਐਸ. ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।

### ਸਾਥੀ ਕਰਮ ਸਿੰਘ ਜਟਾਣਾ ਨੂੰ ਸਦਮਾ, ਭਤੀਜੀ ਦਾ ਦੇਹਾਂਤ



**ਦੋਰਾਹਾ (ਹਰਮਿੰਦਰ ਸੇਠ)**-ਟਰੇਡ ਯੂਨੀਅਨ ਆਗੂ ਸਾਥੀ ਕਰਮ ਸਿੰਘ ਜਟਾਣਾ ਨੂੰ ਉਸ ਸਮੇਂ ਗਹਿਰਾ ਸਦਮਾ ਪਹੁੰਚਿਆ, ਜਦੋਂ ਉਨ੍ਹਾਂ ਦੀ ਭਤੀਜੀ ਹਰਜੀਤ ਕੌਰ ਉਮਰ 40 ਸਾਲ ਦਾ ਲੰਬੀ ਬਿਮਾਰੀ ਪਿੱਛੋਂ ਦੇਹਾਂਤ ਹੋ ਗਿਆ। ਉਹ ਆਪਣੇ ਪਿੱਛੇ ਇੱਕ ਲੜਕਾ 10 ਸਾਲ ਤੇ ਇੱਕ ਬੇਟੀ 16 ਸਾਲ ਛੱਡ ਗਏ ਹਨ। ਟਰੇਡ ਯੂਨੀਅਨ ਆਗੂ ਸਾਥੀ ਕਰਮ ਸਿੰਘ ਜਟਾਣਾ ਦੇ ਭਰਾ ਨਾਹਰ ਸਿੰਘ ਦੀ ਬੇਟੀ ਸੀ। ਹਰਜੀਤ ਕੌਰ ਦਾ ਪਿੰਡ ਜਟਾਣਾ ਵਿਖੇ ਹੀ ਸ਼ਮਸ਼ਾਨਘਾਟ ਵਿੱਚ ਅੰਤਮ ਸੰਸਕਾਰ ਕਰ ਦਿੱਤਾ ਗਿਆ।

### 13 ਬੋਤਲਾਂ ਨਜਾਇਜ਼ ਸ਼ਰਾਬ ਸਣੇ ਕਾਬੂ, ਪਰਚਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ 13 ਬੋਤਲਾਂ ਨਜਾਇਜ ਸ਼ਰਾਬ ਸਣੇ ਇਕ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਅਮਰੀਕ ਸਿੰਘ ਨੇ ਦੱਸਿਆ ਕਿ ਸਮੇਤ ਕ੍ਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਦੇ ਹੋਏ ਪਿੰਡ ਪ੍ਰਭਾਤ ਸਿੰਘ ਵਾਲਾ ਉਤਾੜ ਲੰਘ ਕੇ ਪ੍ਰਭਾਤ ਸਿੰਘ ਵਾਲਾ ਹਿਠਾੜ ਨੂੰ ਜਾ ਰਹੇ ਸੀ ਤਾਂ ਇਕ ਨੌਜਵਾਨ ਵਿਅਕਤੀ ਆਪਣੇ ਹੱਥ ਵਿਚ ਕੈਨ ਪਲਾਸਟਿਕ ਵਾਲਾ ਸ਼ੱਕੀ ਹਾਲਤ ਵਿਚ ਦਿਖਾਈ ਦਿੱਤੀ, ਜਿਸ ਨੂੰ ਸ਼ੱਕ ਦੇ ਅਧਾਰ 'ਤੇ ਕਾਬੂ ਕੀਤਾ ਗਿਆ ਤੇ ਇਸਦੇ ਕਬਜ਼ੇ ਵਿਚੋਂ 13 ਬੋਤਲਾਂ ਸ਼ਰਾਬ ਨਜਾਇਜ਼ ਬਰਾਮਦ ਕਰਕੇ ਥਾਣਾ ਸਦਰ ਜਲਾਲਾਬਾਦ ਵਿਖੇ ਧਾਰਾ ਆਬਕਾਰੀ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।

# ਬਾਬਾ ਖੇਤਰਪਾਲ ਦੀ ਸਾਲਾਨਾ ਚੌਂਕੀ ਤੇ ਭੰਡਾਰਾ 16 ਨੂੰ

**ਬਾਘਾ ਪੁਰਾਣਾ (ਮਨੀ ਸਿੰਗਲਾ)**

ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਾਬਾ ਖੇਤਰਪਾਲ ਸੇਵਾ ਸੰਮਤੀ ਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਖੇਤਰਪਾਲ ਬਾਬਾ ਜੀ ਦੀ ਸਾਲਾਨਾ ਚੌਂਕੀ ਤੇ ਭੰਡਾਰਾ ਬੜੀ ਸ਼ਰਧਾ ਅਤੇ ਧੂਮ ਧਾਮ ਨਾਲ 16 ਅਕਤੂਬਰ ਮਹਿੰਦਰਾ ਪੈਲੇਸ ਦੀ ਬੈਕਸਾਈਡ ਬਾਬਾ ਖੇਤਰਪਾਲ ਜੀ ਦੇ ਮੰਦਰ ਵਿਖੇ ਮਨਾਇਆ ਜਾ ਰਿਹਾ ਹੈ, ਜਿਸ ਦੇ ਸਬੰਧ ਵਿੱਚ ਚੇਅਰਮੈਨ ਵਿਜੇ ਬਾਂਸਲ ਅਤੇ ਪ੍ਰਧਾਨ ਸੰਜੀਵ ਕੁਮਾਰ ਗਰਗ ਦੀ ਅਗਵਾਈ ਵਿੱਚ ਮੰਦਰ ਵਿਖੇ ਮੈਂਬਰਾਂ ਵੱਲੋਂ ਮੀਟਿੰਗ ਕੀਤੀ ਗਈ।

ਮੀਟਿੰਗ ਉਪਰੰਤ ਰਾਕੇਸ਼ ਤੋਤਾ, ਰਜਿੰਦਰ ਗੋਇਲ, ਜਗਪਤੀ ਪ੍ਰਸ਼ਾਦ, ਪ੍ਰਸਿੰਨ ਕੁਮਾਰ, ਅਜੇ ਪੁਰੀ, ਮੁਕੇਸ਼ ਗੋਇਲ, ਨਵੀਨ ਗੋਇਲ ਨੇ ਕਿਹਾ ਕਿ ਰਾਵਤਸਰ ਤੋਂ ਜੋਤ ਲਿਆਂਦੀ ਜਾਵੇਗੀ ਅਤੇ ਗੁਣਗਾਨ ਕਰਨ ਵਾਸਤੇ ਗੁਰਬਖਸ਼ ਰਾਹੀ ਅਬੋਹਰ ਵਾਲੇ ਪਹੁੰਚ ਰਹੇ ਹਨ ਅਤੇ ਸਾਰਾ ਦਿਨ ਲੰਗਰ ਅਤੁੱਟ ਵਰਤਾਇਆ ਜਾਵੇਗਾ ਤੇ ਸਵੇਰ ਵੇਲੇ ਮੰਦਰ ਵਿਖੇ ਪੰਡਤ ਮੁਕੇਸ਼ ਸ਼ਰਮਾ ਵਲੋਂ ਹਵਨ ਵੀ ਕੀਤਾ ਜਾਵੇਗਾ ਤੇ ਮੈਂਬਰਾਂ ਵੱਲੋਂ ਸਮਾਗਮ ਲਈ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ ਅਤੇ ਮੈਂਬਰਾਂ ਨੇ ਕਿਹਾ ਕਿ ਬਾਬਾ ਖੇਤਰਪਾਲ ਜੀ ਕ੍ਰਿਪਾ ਨਾਲ ਮੰਦਿਰ ਦੀ ਉਸਾਰੀ ਦਾ ਕੰਮ ਬਹੁਤ ਹੀ ਤੇਜ਼ੀ ਨਾਲ ਚੱਲ ਰਿਹਾ ਹੈ। ਜੇ ਕੋਈ ਵੀ ਦਾਨੀ ਮੰਦਰ ਵਿੱਚ ਕਿਸੇ ਵੀ ਤਰਾਂ ਦਾ ਸਾਹਿਯੋਗ ਕਰਨਾ ਚਾਹੁੰਦਾ ਹੈ ਤਾਂ ਕਿਸੇ ਵੀ ਮੈਂਬਰ ਨਾਲ ਸੰਪਰਕ ਕਰ ਸਕਦਾ ਹੈ।

# ਗੁਰਮੀਤ ਆਰਿਫ਼ ਦੀ ਕਿਤਾਬ 'ਰੰਗ ਤਲਿਸਮ' ਲੋਕ ਅਰਪਣ



**ਸਮਰਾਲਾ (ਸੁਰਜੀਤ ਸਿੰਘ)**

ਪੰਜਾਬੀ ਲਿਖਾਰੀ ਸਭਾ ਰਾਮਪੁਰ ਦੀ ਮਾਸਿਕ ਮੀਟਿੰਗ ਲਾਇਬ੍ਰੇਰੀ ਦੇ ਸੈਮੀਨਾਰ ਹਾਲ ਵਿਚ ਪ੍ਰਧਾਨ ਅਨਿਲ ਫ਼ਤਹਿਗੜ੍ਹ ਜੱਟਾਂ ਦੀ ਪ੍ਰਧਾਨਗੀ ਹੇਠ ਹੋਈ।ਪ੍ਰਧਾਨ ਅਨਿਲ ਫ਼ਤਹਿਗੜ੍ਹ ਜੱਟਾਂ ਨੇ ਆਏ ਲੇਖਕਾਂ ਦਾ ਸਵਾਗਤ ਕੀਤਾ।ਪਿਛਲੇ ਦਿਨੀਂ ਵਿਛੜੇ ਗੀਤਕਾਰ ਚਤਰ ਸਿੰਘ ਪਰਵਾਨਾ, ਕਹਾਣੀਕਾਰ ਬਲਵੀਰ ਮੋਮੀ ਤੇ ਸਾਹਿਤਕਾਰ ਈਸ਼ਰ ਸਿੰਘ ਸੋਬਤੀ ਦੇ ਸਦੀਵੀ ਵਿਛੋੜੇ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਉਪਰੰਤ ਕਹਾਣੀਕਾਰ ਗੁਰਮੀਤ ਆਰਿਫ਼ ਦੁਆਰਾ ਸੰਪਾਦਿਤ ਕਹਾਣੀ ਸੰਗ੍ਰਿਹ ਨੂੰ ਸਮੂਹ ਲੇਖਕਾਂ ਦੀ ਹਾਜ਼ਰੀ ਵਿੱਚ ਲੋਕ ਅਰਪਣ ਕੀਤਾ ਗਿਆ।ਕਿਤਾਬ ਬਾਰੇ ਗੁਰਮੀਤ ਆਰਿਫ਼ ਨੇ ਕਿਹਾ ਕਿ ਇਸ ਕਿਤਾਬ ਵੱਖ-ਵੱਖ ਕਹਾਣੀਕਾਰਾਂ ਦੀਆਂ 11 ਕਹਾਣੀਆਂ ਹਨ, ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਜਤਿੰਦਰ ਹਾਂਸ, ਗੁਰਮੀਤ ਕੜਿਆਲਵੀ, ਦੀਪਟੀ ਬਬੂਟਾ, ਮਨਦੀਪ ਡਡਿਆਣਾ, ਸਿਮਰਨ ਧਾਲੀਵਾਲ, ਜਤਿੰਦਰ ਕੌਰ, ਰਾਜਬੀਰ, ਬਿਪਨ ਗਿੱਲ, ਪਰਮਜੀਤ, ਬਲਵੰਤ ਫਰਵਾਲੀ, ਦਰਸ਼ਨ ਜੋਗਾ ਸ਼ਾਮਲ ਹਨ।ਇਸ ਕਿਤਾਬ ਬਾਰੇ ਸਭਾ ਦੇ ਸਰਪ੍ਰਸਤ ਕਹਾਣੀਕਾਰ ਸੁਰਿੰਦਰ ਰਾਮਪੁਰੀ ਨੇ ਕਿਹਾ ਕਿ ਗੁਰਮੀਤ ਆਰਿਫ਼ ਨੇ ਪੰਜਾਬੀ ਜ਼ੁਬਾਨ ਦੇ 11 ਸਿਰਕੱਢ ਕਹਾਣੀਕਾਰਾਂ ਨੂੰ ਇੱਕ ਸੂਤਰ ਵਿੱਚ ਪਰੋ ਕੇ ਕਹਾਣੀ ਸੰਗ੍ਰਹਿ ਨੂੰ ਸਾਹਿਤਕ ਬੁਲੰਦੀ ਪ੍ਰਦਾਨ ਕੀਤੀ ਹੈ।ਉਨ੍ਹਾਂ ਕਿਹਾ ਕਿ ਅਜਿਹੇ ਉੱਦਮ ਨਾਲ਼ ਸਥਾਪਤ ਕਹਾਣੀਕਾਰਾਂ ਤੋਂ ਇਲਾਵਾ ਉਹ ਕਹਾਣੀਕਾਰ ਵੀ ਜਿਹੜੇ ਚੰਗਾ ਲਿਖ ਰਹੇ ਹਨ, ਪਰ ਪਾਠਕਾਂ ਦੀ ਨਜ਼ਰ ਤੋਂ ਦੂਰ ਹਨ, ਉਹ ਵੀ ਪਾਠਕਾਂ ਤੱਕ ਪਹੁੰਚ ਕੇ ਆਪਣੀ ਪਛਾਣ ਬਣਾਉਣ ਵਿਚ ਸਫ਼ਲ ਹੋ ਸਕਦੇ ਹਨ ਅਤੇ ਉਨ੍ਹਾਂ ਨੂੰ ਭਵਿੱਖ ਵਿਚ ਹੋਰ ਚੰਗਾ ਲਿਖਣ ਲਈ ਉਤਸ਼ਾਹ ਮਿਲੇਗਾ।

ਇਸ ਮੌਕੇ ਪ੍ਰਕਾਸ਼ਕ ਦੀਪ ਦਿਲਬਰ ਨੇ ਵੀ ਆਪਣੇ ਵਿਚਾਰ ਰੱਖੇ।ਸਭਾ ਦੇ ਪ੍ਰਧਾਨ ਅਨਿਲ ਫ਼ਤਹਿਗੜ੍ਹ ਜੱਟਾਂ ਨੇ ਗੁਰਮੀਤ ਆਰਿਫ਼ ਨੂੰ ਵਧਾਈ ਦਿੱਤੀ।ਇਸ ਤੋਂ ਬਾਅਦ ਰਚਨਾਵਾਂ ਦੇ ਦੌਰ ਦੀ ਸ਼ੁਰੂਆਤ ਗੁਰਦਿਆਲ ਦਲਾਲ ਵੱਲੋਂ ਮੂਲ ਲੇਖਕ ਰਾਬਰਟੋ ਬਰਾਕੋ ਦੀ ਲਿਖੀ ਪੰਜਾਬੀ ਵਿਚ ਅਨੁਵਾਦ ਕੀਤੀ ਗਈ ਕਹਾਣੀ 'ਆਤਮਾ ਦੀ ਮੁਕਤੀ ਵਾਸਤੇ' ਨਾਲ ਹੋਈ, ਜਿਸ 'ਤੇ ਬਹੁਤ ਨਿੱਠ ਕੇ ਚਰਚਾ ਹੋਈ।

ਇਸ ਤੋਂ ਬਾਅਦ ਸਿਮਰਨ ਅਹਿਲਾਵਤ ਨੇ ਕਵਿਤਾ 'ਅਧੂਰੇ ਖ਼ੁਆਬ', ਅਮਰਿੰਦਰ ਸੋਹਲ ਨੇ ਬਲਵੰਤ ਮਾਂਗਟ ਦਾ ਰੇਖਾ ਚਿੱਤਰ, ਕਰਨੈਲ ਸਿਵੀਆ ਨੇ ਗ਼ਜ਼ਲ 'ਆਰ ਹੈ ਨਾ ਪਾਰ ਅੱਧ ਵਿਚਕਾਰ ਹੈਂ', ਤੇਲੂ ਰਾਮ ਕੁਹਾੜਾ ਨੇ ਕਹਾਣੀ 'ਕਾਗਜ਼ 'ਤੇ ਛਪੀ ਐਨਕ', ਜ਼ੋਰਾਵਰ ਪੰਛੀ ਨੇ ਗ਼ਜ਼ਲ 'ਪਲ ਖ਼ੁਸ਼ੀ ਦਾ ਕਰੀਬ ਆਇਆ ਹੈ', ਮਨਦੀਪ ਡਡਿਆਣਾ ਨੇ ਕਹਾਣੀ 'ਗਾਲ੍ਹੜ', ਇੰਦਰਜੀਤ ਲੋਟੇ ਨੇ ਕਵਿਤਾ 'ਯਾਦ ਤੇਰੀ ਦੀ ਅਲਖ ਦਾ ਦੀਵਾ ਜਗਦਾ ਦਿਲ ਅੰਦਰ ਮੇਰੇ', ਦੀਪ ਦਿਲਬਰ ਨੇ ਗੀਤ 'ਮਿੱਤਰਾਂ ਤੋਂ ਮੰਗੀਏ ਹਿਸਾਬ ਕਿਹੜਾ ਕਿਹੜਾ', ਕਮਲਜੀਤ ਨੀਲੋਂ ਨੇ ਕਹਾਣੀ 'ਰੁਕੇ ਹੋਏ ਸਾਹ', ਇੰਦਰਜੀਤ ਮਲੀਪੁਰ ਨੇ ਗ਼ਜ਼ਲ 'ਮੇਰੇ ਯਾਰ ਤੋਂ ਮੈਨੂੰ ਨਾ ਵੱਖ ਕਰੋ', ਹਰਬੰਸ ਮਾਲਵਾ ਨੇ ਗੀਤ 'ਉਸ ਨਾਰ ਨੂੰ ਆਉਂਦੀ ਏ ਨੀਂਦ ਕਿਥੇ', ਤਾਰਨ ਰਾਮਪੁਰ ਨੇ ਕਵਿਤਾ 'ਮੂੰਹ ਤੇ ਬਣਦੇ ਮਿੱਠੇ', ਅਨਿਲ ਫ਼ਤਹਿਗੜ੍ਹ ਜੱਟਾਂ ਨੇ ਗੀਤ 'ਏਨੀ ਨਾ ਵਿੱਥ ਵਧਾ ਕੇ ਮੁੜ ਕੇ ਜੁੜ ਨਾ ਹੋਵੇ' ਸੁਣਾਇਆ।

ਸਭਾ ਦੇ ਪ੍ਰਧਾਨ ਅਨਿਲ ਫ਼ਤਹਿਗੜ੍ਹ ਜੱਟਾਂ ਨੇ ਮੀਟਿੰਗ ਵਿੱਚ ਸ਼ਾਮਲ ਸਾਰੇ ਸਾਹਿਤਕਾਰਾਂ ਤੇ ਮਹਿਮਾਨਾਂ ਦਾ ਧੰਨਵਾਦ ਕੀਤਾ।ਸਭਾ ਦੀ ਕਾਰਵਾਈ ਸਭਾ ਦੇ ਜਨਰਲ ਸਕੱਤਰ ਬਲਵੰਤ ਮਾਂਗਟ ਦੁਆਰਾ ਬਹੁਤ ਭਾਵਪੂਰਨ ਤਰੀਕੇ ਨਾਲ ਨਿਭਾਈ ਗਈ।ਸਭਾ ਦੀ ਕਾਰਵਾਈ ਦੌਰਾਨ ਪ੍ਰਬੰਧਕੀ ਕੰਮਾਂ ਨੂੰ ਪ੍ਰਭਜੋਤ ਰਾਮਪੁਰ, ਇੰਦਰਜੀਤ ਮਲੀਪੁਰ ਤੇ ਤਰਨ ਰਾਮਪੁਰ ਨੇ ਬਹੁਤ ਸੁਚੱਜੇ ਢੰਗ ਨਾਲ ਨਿਭਾਇਆ।

# ਸੰਜੀਵ ਅਰੋੜਾ ਨੇ ਐੱਨ ਐੱਚ ਏ ਆਈ ਦੇ ਚੇਅਰਮੈਨ ਨਾਲ ਕੀਤੀ ਮੁਲਾਕਾਤ

**ਲੁਧਿਆਣਾ (ਰਾਜ ਸਿੰਗਲਾ)**



ਲੁਧਿਆਣਾ ਤੋਂ ਸੰਸਦ ਮੈਂਬਰ (ਰਾਜ ਸਭਾ) ਸੰਜੀਵ ਅਰੋੜਾ ਨੇ ਅੱਜ ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ (ਐਨ.ਐਚ.ਏ.ਆਈ) ਦੇ ਚੇਅਰਮੈਨ ਸੰਤੋਸ਼ ਕੁਮਾਰ ਯਾਦਵ ਨਾਲ ਮੁਲਾਕਾਤ ਕੀਤੀ ਤੇ ਲੁਧਿਆਣਾ ਵਿੱਚ ਐਨ.ਐਚ.ਏ.ਆਈ ਪ੍ਰੋਜੈਕਟਾਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਚਰਚਾ ਕੀਤੀ।

ਮੀਟਿੰਗ ਦੌਰਾਨ ਐਮਪੀ ਅਰੋੜਾ ਨੇ ਚੇਅਰਮੈਨ ਨੂੰ ਦੱਸਿਆ ਕਿ ਦੱਖਣੀ ਬਾਈਪਾਸ ਗ੍ਰੀਨਫੀਲਡ ਹਾਈਵੇਅ ਪ੍ਰਾਜੈਕਟ ਦੇ ਨਿਰਮਾਣ ਲਈ ਲੋੜੀਂਦੀ ਜ਼ਮੀਨ ਦਾ ਇੱਕ ਵੱਡਾ ਹਿੱਸਾ, ਲਗਭਗ 92.06%, ਪਹਿਲਾਂ ਹੀ ਐਨ.ਐਚ.ਏ.ਆਈ.ਨੂੰ ਸੌਂਪਿਆ ਜਾ ਚੁੱਕਾ ਹੈ। ਚੇਅਰਮੈਨ ਨੇ ਸੰਸਦ ਮੈਂਬਰ ਨੂੰ ਦੱਸਿਆ ਕਿ 16 ਸਤੰਬਰ ਨੂੰ ਹੋਣ ਵਾਲੀ ਮੀਟਿੰਗ 'ਚ ਇਸ ਨੂੰ ਪ੍ਰਵਾਨਗੀ ਦਿੱਤੀ ਜਾਵੇਗੀ ਤੇ ਫਿਰ ਟੈਂਡਰ ਪ੍ਰਕਿਰਿਆ ਸ਼ੁਰੂ ਹੋਵੇਗੀ।ਇਹ ਪ੍ਰੋਜੈਕਟ ਹੁਣ ਐਨ.ਐਚ.ਏ.ਆਈ.ਦੇ ਨੈਸ਼ਨਲ ਹਾਈਵੇਅ ਓਰੀਜਨਲ (ਐਨਐਚਓ) ਦੇ ਕੰਮਾਂ ਅਧੀਨ ਲਿਆ ਜਾਵੇਗਾ।ਅਰੋੜਾ ਨੇ ਚੇਅਰਮੈਨ ਨੂੰ ਇਹ ਵੀ ਦੱਸਿਆ ਕਿ ਲੁਧਿਆਣਾ-ਰੂਪਨਗਰ (ਰੋਪੜ) ਗ੍ਰੀਨਫੀਲਡ ਹਾਈਵੇਅ ਪ੍ਰੋਜੈਕਟ, ਪੈਕੇਜ 1 ਲਈ 30 ਕਿਲੋਮੀਟਰ ਭੂਮੀ ਗ੍ਰਹਿਣ ਪ੍ਰਕਿਰਿਆ ਪੂਰੀ ਕਰ ਲਈ ਗਈ ਹੈ ਤੇ ਐਨ.ਐਚ.ਏ.ਆਈ. ਨੂੰ ਸੌਂਪ ਦਿੱਤੀ ਗਈ ਹੈ।ਉਨ੍ਹਾਂ ਚੇਅਰਮੈਨ ਤੋਂ ਮੰਗ ਕੀਤੀ ਕਿ ਇਸ ਮਾਮਲੇ ਵੱਲ ਤੁਰੰਤ ਧਿਆਨ ਦਿੱਤਾ ਜਾਵੇ ਤੇ ਸਬੰਧਤ ਅਧਿਕਾਰੀਆਂ ਨੂੰ ਠੇਕੇਦਾਰਾਂ ਵੱਲੋਂ ਉਸਾਰੀ ਦਾ ਕੰਮ ਜਲਦੀ ਸ਼ੁਰੂ ਕਰਾਉਣ ਦੇ ਨਿਰਦੇਸ਼ ਦਿੱਤੇ ਜਾਣ।ਚੇਅਰਮੈਨ ਨੇ ਆਪਣੇ ਸਟਾਫ਼ ਨੂੰ ਹਦਾਇਤ ਕੀਤੀ ਕਿ ਉਹ ਠੇਕੇਦਾਰ ਜੀ.ਆਰ.ਇਨਫਰਾਪ੍ਰੋਜੈਕਟਸ ਲਿਮਟਿਡ ਨੂੰ ਤੁਰੰਤ ਕੰਮ ਸ਼ੁਰੂ ਕਰਨ ਲਈ ਕਹਿਣ ਭਾਵੇਂ ਕਿ ਠੇਕੇ ਦਾ ਸਮਾਂ ਲੰਘ ਚੁੱਕਾ ਹੋਵੇ।

ਇਸ ਤੋਂ ਇਲਾਵਾ ਅਰੋੜਾ ਨੇ ਲੁਧਿਆਣਾ ਦੇ ਵਿਧਾਇਕ ਦਲਜੀਤ ਸਿੰਘ ਗਰੇਵਾਲ (ਭੋਲਾ) ਅਤੇ ਮਦਨ ਲਾਲ ਬੱਗਾ ਵੱਲੋਂ ਜਲੰਧਰ ਬਾਈਪਾਸ 'ਤੇ ਕਈ ਥਾਂਵਾਂ 'ਤੇ ਵਾਹਨ ਅੰਡਰਪਾਸ (ਵੀ.ਯੂ.ਪੀ.) ਦੇ ਨਿਰਮਾਣ ਸਬੰਧੀ ਉਠਾਏ ਮੁੱਦਿਆਂ ਨੂੰ ਉਜਾਗਰ ਕੀਤਾ, ਜਿਸ ਵਿੱਚ ਸੁਭਾਸ਼ ਨਗਰ ਤੋਂ ਸੁੰਦਰ ਨਗਰ ਚੌਕ, ਕੈਲਾਸ਼ ਨਗਰ ਚੌਕ, ਕਾਕੋਵਾਲ ਚੌਕ ਸ਼ੇਖੇਵਾਲ, ਕਾਲੀ-ਬਿੰਦਰਾ ਕਲੋਨੀ, ਪ੍ਰਿੰਗਲ ਗਰਾਊਂਡ ਤੇ ਜੱਸੀਆਂ ਰੋਡ ਤੋਂ ਗੁਰੂਹਰ ਰਾਏ ਨਗਰ ਕਰਾਸਿੰਗ ਸ਼ਾਮਲ ਹਨ।ਚੇਅਰਮੈਨ ਨੇ ਆਪਣੇ ਸਟਾਫ਼ ਨੂੰ ਹਦਾਇਤ ਕੀਤੀ ਕਿ ਇਨ੍ਹਾਂ ਦਾ ਧਿਆਨ ਆਰ.ਓ. ਵੱਲੋਂ ਰੱਖਿਆ ਜਾਣਾ ਚਾਹੀਦਾ ਹੈ, ਕਿਉਂਕਿ ਇਹ ਉਸਦੇ ਅਧਿਕਾਰਾਂ ਵਿੱਚ ਹਨ ਤੇ ਇਨ੍ਹਾਂ ਦੀ ਤੁਰੰਤ ਧਿਆਨ ਰੱਖਿਆ ਜਾਵੇ, ਕਿਉਂਕਿ ਇਹ ਦੁਰਘਟਨਾਵਾਂ ਵਾਲੇ ਸਥਾਨ ਹਨ, ਜਿਨ੍ਹਾਂ ਨੂੰ ਬਲੈਕ ਸਪਾਟ ਕਿਹਾ ਜਾਂਦਾ ਹੈ।ਹਾਲਾਂਕਿ ਉਨ੍ਹਾਂ ਚਿਤਾਵਨੀ ਦਿੱਤੀ ਕਿ ਉਸਾਰੀ ਦੌਰਾਨ ਲੋਕਾਂ ਨੂੰ ਭਾਰੀ ਆਵਾਜਾਈ ਕਾਰਨ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇਗਾ।

ਅਰੋੜਾ ਨੇ ਚੇਅਰਮੈਨ ਨੂੰ ਸ਼ੇਰਪੁਰ ਚੌਕ ਤੋਂ ਢੰਡਾਰੀ ਕਲਾਂ ਵਾਲੇ ਪਾਸੇ ਤੋਂ ਏਵਨ ਸਾਈਕਲ ਤੱਕ ਸਰਵਿਸ ਰੋਡ ਦੀ ਮਾੜੀ ਹਾਲਤ ਕਾਰਨ ਆਉਣ-ਜਾਣ ਵਾਲੇ ਯਾਤਰੀਆਂ ਅਤੇ ਉਦਯੋਗਾਂ ਨੂੰ ਦਰਪੇਸ਼ ਚੁਣੌਤੀਆਂ ਬਾਰੇ ਵੀ ਜਾਣੂ ਕਰਾਇਆ।ਉਨ੍ਹਾਂ ਚੇਅਰਮੈਨ ਨੂੰ ਦੱਸਿਆ ਕਿ ਢੰਡਾਰੀ ਪੁਲ 'ਤੇ ਅੰਡਰਪਾਸ ਤੰਗ ਹੈ ਅਤੇ ਪਾਣੀ ਭਰਨ ਕਾਰਨ ਲੰਘਣ ਯੋਗ ਨਹੀਂ ਹੈ, ਜਿਸ ਕਾਰਨ ਉਦਯੋਗਾਂ ਦੇ ਸੰਚਾਲਨ, ਪੈਦਲ ਚੱਲਣ ਵਾਲਿਆਂ ਦੀ ਆਵਾਜਾਈ ਅਤੇ ਆਲੇ-ਦੁਆਲੇ ਦੇ ਖੇਤਰ ਵਿੱਚ ਸਮੁੱਚੀ ਆਵਾਜਾਈ ਪ੍ਰਭਾਵਿਤ ਹੋ ਰਹੀ ਹੈ।ਨਵੀਨਤਮ ਤਕਨਾਲੋਜੀ ਨਾਲ ਨਵੀਂ ਡਰੇਨ ਦਾ ਠੇਕਾ ਪਹਿਲਾਂ ਹੀ ਦਿੱਤਾ ਜਾ ਚੁੱਕਾ ਹੈ ਤੇ ਠੇਕੇਦਾਰ 'ਤੇ ਇਸ ਨੂੰ ਜਲਦੀ ਤੋਂ ਜਲਦੀ ਪੂਰਾ ਕਰਨ ਲਈ ਦਬਾਅ ਪਾਇਆ ਜਾਵੇਗਾ, ਪਰ ਦਸੰਬਰ 2024 ਤੋਂ ਬਾਅਦ ਨਹੀਂ। ਐਨ.ਐਚ.ਏ.ਆਈ. ਦੇ ਚੇਅਰਮੈਨ ਸੰਤੋਸ਼ ਕੁਮਾਰ ਯਾਦਵ ਨੇ ਅਰੋੜਾ ਵੱਲੋਂ ਉਠਾਏ ਗਏ ਸਾਰੇ ਮੁੱਦਿਆਂ ਦਾ ਨੋਟਿਸ ਲਿਆ ਅਤੇ ਮੈਂਬਰ ਟੈਕਨੀਕਲ ਆਲੋਕ ਦੀਪਾਂਕਰ ਅਤੇ ਸੀਜੀਐਮ ਪੰਜਾਬ ਪ੍ਰਸ਼ਾਂਤ ਖੋਡਸਕਰ ਨੂੰ ਉਨ੍ਹਾਂ ਦਾ ਜਲਦੀ ਤੋਂ ਜਲਦੀ ਹੱਲ ਕਰਨ ਦੇ ਨਿਰਦੇਸ਼ ਦਿੱਤੇ।

# ਕੁੱਟਮਾਰ ਕਰਕੇ ਸੱਟਾਂ ਮਾਰਨ ਦੇ ਦੋਸ਼ 'ਚ 12 ਨਾਮਜ਼ਦ

**ਜਲਾਲਾਬਾਦ (ਜੀਤ ਕੁਮਾਰ)**-ਪੁਲਸ ਵੱਲੋਂ ਪਿੰਡ ਢੰਡੀ ਖੁਰਦ ਵਿਖੇ ਹੋਈ ਲੜਾਈ ਦੇ ਸਬੰਧ ਵਿੱਚ ਇੱਕ ਵਿਅਕਤੀ ਦੀ ਕੁੱਟਮਾਰ ਕਰਨ ਦੇ ਦੋਸ਼ ਵਿਚ 12 ਲੋਕਾਂ ਦੇ ਖਿਲਾਫ਼ ਪਰਚਾ ਦਰਜ ਕੀਤਾ ਗਿਆ ਹੈ। ਮੁਦੱਈ ਸਤਨਾਮ ਸਿੰਘ ਪੁੱਤਰ ਮਾਹਲਾ ਸਿੰਘ ਵਾਸੀ ਜੋਧਾ ਭੈਣੀ ਨੇ ਪੁਲਸ ਕੋਲ ਦਰਜ ਕਰਵਾਏ ਗਏ ਬਿਆਨਾਂ 'ਚ ਦੱਸਿਆ ਕਿ 15-08-2024 ਨੂੰ ਸ਼ਾਮ ਕਰੀਬ 7.30 ਵਜੇ ਉਹ ਆਪਣੇ ਖੇਤ ਨੂੰ ਹਰਾ ਚਾਰਾ (ਪੱਠੇ) ਲੈਣ ਲਈ ਜਾ ਰਿਹਾ ਸੀ ਤਾਂ ਰਸਤੇ ਵਿਚ ਲਛਮਣ ਸਿੰਘ ਵਗੈਰਾ ਨੇ ਇਕੱਠੇ ਹੋ ਕੇ ਉਸਦੀ ਕੁੱਟਮਾਰ ਕਰਕੇ ਸੱਟਾਂ ਮਾਰੀਆਂ, ਜਿਸਦੇ ਬਾਅਦ ਉਹ ਸਰਕਾਰੀ ਹਸਪਤਾਲ ਵਿਚ ਇਲਾਜ ਲਈ ਦਾਖਲ ਹੋਇਆ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਬੀਰਬਲ ਸਿੰਘ ਨੇ ਦੱਸਿਆ ਕਿ ਥਾਣੇ ਵਿਚ ਐਕਸਰੇ ਰਿਪੋਰਟ ਆਉਣ ਤੋਂ ਬਾਅਦ ਮੁਦੱਈ ਸਤਨਾਮ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਲਛਮਣ ਸਿੰਘ ਪੁੱਤਰ ਗੁਰਦਿੱਤਾ ਸਿੰਘ, ਅਮਰੋ ਬਾਈ ਪੱਤਨੀ ਲਛਮਣ ਸਿੰਘ, ਨਿੰਮੋ ਬਾਈ ਪੱਤਨੀ ਸੰਦੀਪ ਸਿੰਘ, ਸੰਦੀਪ ਸਿੰਘ ਪੁੱਤਰ ਲਛਮਣ ਸਿੰਘ, ਗੁਰਪ੍ਰੀਤ ਸਿੰਘ ਪੁੱਤਰ ਲਛਮਣ ਸਿੰਘ ਵਾਸੀਆਨ ਜੋਧਾ ਭੈਣੀ ਅਤੇ 5/7 ਅਣਪਛਾਤੇ ਵਿਅਕਤੀਆਂ ਦੇ ਖਿਲਾਫ਼ ਧਾਰਾ 117(2),115(2),3 (5) ਬੀ.ਐਨ.ਐਸ. ਤਹਿਤ ਥਾਣਾ ਸਦਰ ਜਲਾਲਾਬਾਦ ਵਿਖੇ ਮੁਕੱਦਮਾ ਨੰਬਰ 81 ਮਿਤੀ 2-09-2024 ਨੂੰ ਦਰਜ ਕੀਤਾ ਗਿਆ ਹੈ।


**Capital Small Finance Bank**

HO:- MIDAS Corporate Park, 3rd Floor, 37, G.T. Road, Jalandhar-144001, Punjab, India.

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 19.08.2024 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

| ਕਰਜ਼ਦਾਰਾਂ ਅਤੇ ਗਰੰਟਰਾਂ ਦਾ ਨਾਂਅ | ਅਚੱਲ ਜਾਇਦਾਦ ਦਾ ਵੇਰਵਾ | ਕਰਜ਼ਾ ਨੰ. ਅਤੇ ਬਕਾਇਆ ਰਕਮ |
|---|---|---|
| ਕਰਜ਼ਦਾਰ : 1. ਸ੍ਰੀ ਹਰਬੰਸ ਸਿੰਘ ਪੁੱਤਰ ਸ੍ਰੀ ਕਰਤਾਰ ਸਿੰਘ, ਵਾਸੀ ਮਹਿਮੂਦਵਾਲਾ, ਫਿਰੋਜ਼ਪੁਰ, ਪੰਜਾਬ-142044 2. ਸ੍ਰੀਮਤੀ ਗੁਰਨਾਮ ਕੌਰ ਪਤਨੀ ਹਰਬੰਸ ਸਿੰਘ ਵਾਸੀ ਮਹਿਮੂਦਵਾਲਾ, ਫਿਰੋਜ਼ਪੁਰ, ਪੰਜਾਬ-142044 ਗਰੰਟਰ : 3. ਸ੍ਰੀ ਬਲਕਾਰ ਸਿੰਘ ਪੁੱਤਰ ਵਜ਼ੀਰ ਸਿੰਘ ਵਾਸੀ ਮਹਿਮੂਦਵਾਲਾ, ਫਿਰੋਜ਼ਪੁਰ, ਪੰਜਾਬ-142044 4. ਸ੍ਰੀ ਸੁਰਜੀਤ ਸਿੰਘ ਪੁੱਤਰ ਬਿਸ਼ੰਭਰ ਸਿੰਘ ਵਾਸੀ ਬਸਤੀ ਦਾਰੇਵਾਲ ਯੂਸਫਪੁਰ ਦਾਰੇਵਾਲ, ਜਲੰਧਰ। | ਪ੍ਰਾਇਮਰੀ ਸਕਿਉਰਟੀ : ਅਚੱਲ ਜਾਇਦਾਦ ਦਾ ਉੱਚਿਤ ਗਿਰਵੀਨਾਮਾ : ਤਬਾਦਲਾ ਬੈਨਾਮਾ ਦਸਤਾਵੇਜ਼ ਨੰ. 2021-22/119/1/986 ਮਿਤੀ 03-03-2022 ਸ੍ਰੀ ਹਰਬੰਸ ਸਿੰਘ ਪੁੱਤਰ ਕਰਤਾਰ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 1 ਕਨਾਲ, ਪਿੰਡ ਮਹਿਮੂਦਵਾਲਾ, ਤਹਿਸੀਲ ਜ਼ੀਰਾ, ਜ਼ਿਲ੍ਹਾ ਫਿਰੋਜ਼ਪੁਰ ਨਾਲ ਸੰਬੰਧਤ ਸਭ ਕੁਝ। (ਮੌਜੂਦਾ ਪਤਾ-ਪਿੰਡ ਤੇ ਡਾਕ, ਮਹਿਮੂਦਪੁਰ ਜ਼ਿਲ੍ਹਾ ਫਿਰੋਜ਼ਪੁਰ) | 19-08-2024 ਨੂੰ ਐੱਚ ਐੱਲ/073611000014 ਰੁਪਏ 26,81,820.20/- (01-08-2024 ਤੋਂ ਬਿਨਾਂ ਵਿਆਜ) |

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਟੁੱਟ ਕਲਾਂ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ (ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ (ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ (ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।

ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਸਥਾਨ : ਜਲੰਧਰ ਮਿਤੀ : 02.09.2024 ਸਹੀ/- ਅਧਿਕਾਰਤ ਅਫਸਰ


# ਆਰ ਐੱਮ ਪੀ ਆਈ ਰੋਸ ਮੁਜ਼ਾਹਰਾ ਕਰਕੇ ਵਿਧਾਇਕ ਨੂੰ ਦੇਵੇਗੀ ਮੰਗ ਪੱਤਰ



**ਸਰਦੂਲਗੜ੍ਹ (ਪੱਤਰ ਪ੍ਰੇਰਕ)**

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੀ ਸਰਦੂਲਗੜ੍ਹ ਤਹਿਸੀਲ ਕਮੇਟੀ ਦੀ ਵਧਾਈ ਹੋਈ ਮੀਟਿੰਗ ਸਾਥੀ ਰਣਬੀਰ ਕੁਮਾਰ ਜੈਨ ਦੀ ਪ੍ਰਧਾਨਗੀ ਹੇਠ ਹੋਈ।ਉਚੇਚੇ ਪੁੱਜੇ ਪਾਰਟੀ ਦੀ ਕੇਂਦਰੀ ਕਮੇਟੀ ਦੇ ਮੈਂਬਰ ਸਾਥੀ ਮਹੀਪਾਲ ਨੇ ਅਜੋਕੇ ਕੌਮਾਂਤਰੀ, ਕੌਮੀ ਅਤੇ ਸੂਬਾਈ ਰਾਜਸੀ ਹਾਲਾਤ ਬਾਰੇ ਰੌਸ਼ਨੀ ਪਾਈ।ਜ਼ਿਲ੍ਹਾ ਸਕੱਤਰ ਸਾਥੀ ਲਾਲ ਚੰਦ ਨੇ ਰਾਜ ਕਮੇਟੀ ਦੇ ਫੈਸਲੇ ਅਤੇ ਅਗਲੇ ਕੰਮਾਂ ਬਾਰੇ ਜਾਣਕਾਰੀ ਦਿੱਤੀ।ਤਹਿਸੀਲ ਸਕੱਤਰ ਸਾਥੀ ਗੁਰਦੇਵ ਸਿੰਘ ਲੋਹਗੜ੍ਹ ਨੇ ਦੱਸਿਆ ਹੈ ਕਿ ਆਉਣ ਵਾਲੀ 14 ਸਤੰਬਰ ਨੂੰ ਲੋਕ ਮੰਗਾਂ ਲਈ ਜ਼ੋਰਦਾਰ ਰੋਸ ਮੁਜ਼ਾਹਰਾ ਕਰਨ ਪਿੱਛੋਂ ਲੋਕਾਂ ਦੇ ਬੁਨਿਆਦੀ ਮਸਲਿਆਂ ਦਾ ਸਥਾਈ ਹੱਲ ਲੱਭੇ ਜਾਣ ਲਈ ਸਥਾਨਕ ਵਿਧਾਇਕ ਨੂੰ ਮੰਗ ਪੱਤਰ ਦਿੱਤਾ ਜਾਵੇਗਾ।ਦੇਸ਼ ਦੀ ਏਕਤਾ-ਅਖੰਡਤਾ ਤੇ ਸਾਂਝੀਵਾਲਤਾ ਲਈ ਘਾਤਕ ਰਾਸ਼ਟਰੀ ਸੋਇਮ ਸੇਵਕ ਸੰਘ (ਆਰਐਸਐਸ) ਦੇ ਧਰਮ ਅਧਾਰਤ ਕੱਟੜ ਹਿੰਦੂਤਵੀ ਰਾਸ਼ਟਰ ਕਾਇਮ ਕਰਨ ਦੇ ਫਿਰਕੂ-ਫਾਸ਼ੀ, ਵੰਡਵਾਦੀ ਏਜੰਡੇ ਦੇ ਖਤਰਿਆਂ ਤੋਂ ਲੋਕਾਈ ਨੂੰ ਸੁਚੇਤ ਕਰਨ ਲਈ ਘਰ-ਘਰ ਜਾਣ ਦਾ ਫੈਸਲਾ ਲਿਆ ਗਿਆ ਹੈ।ਨਾਲ ਹੀ ਲੋਕਾਈ ਨੂੰ ਕੰਗਾਲ ਕਰਕੇ ਧਨਾਢਾਂ ਦੇ ਹਿਤ ਪੂਰਨ ਵਾਲੀਆਂ ਮੋਦੀ-03 ਸਰਕਾਰ ਦੀਆਂ ਨਵ-ਉਦਾਰਵਾਦੀ ਨੀਤੀਆਂ ਖਿਲਾਫ ਜਾਰੀ ਜਨ ਸੰਗਰਾਮ ਨੂੰ ਹੋਰ ਤਿੱਖਾ ਕਰਨ ਦਾ ਸੱਦਾ ਦਿੱਤਾ ਜਾਵੇਗਾ।ਪੰਜਾਬ ਦੀ ਭਗਵੰਤ ਮਾਨ ਸਰਕਾਰ ਦੀ ਲੋਕ ਦੋਖੀ ਪਹੁੰਚ, ਦਿਨੋ-ਦਿਨ ਨਿੱਘਰ ਰਹੀ ਅਮਨ-ਕਾਨੂੰਨ ਦੀ ਹਾਲਤ ਅਤੇ ਵਧ ਰਹੀ ਮਾਫੀਆ ਲੁੱਟ ਤੇ ਨਸ਼ਾ ਤਸਕਰੀ ਖਿਲਾਫ ਵੀ ਜ਼ੋਰਦਾਰ ਆਵਾਜ਼ ਬੁਲੰਦ ਕੀਤੀ ਜਾਵੇਗੀ।

# ਅਧਿਆਪਕਾਂ ਦੀਆਂ ਸੇਵਾ ਹਾਲਤਾਂ ਤੇ ਰੁਤਬਾ ਬਹਾਲ ਕਰਨ ਦੇ ਵਿਸ਼ੇ 'ਤੇ ਹੋਈ ਵਿਚਾਰ-ਚਰਚਾ

**ਲੋਕ ਵਿਰੋਧੀ ਨਵੀਂ ਸਿੱਖਿਆ ਨੀਤੀ 2020 ਤੁਰੰਤ ਰੱਦ ਹੋਵੇ : ਚਰਨ ਸਰਾਭਾ**

**ਚੌਂਕੀਮਾਨ (ਬਲਬੀਰ ਮਾਨ)**-ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਵੱਲੋਂ ਲੋਕ ਵਿਰੋਧੀ ਨਵੀਂ ਸਿੱਖਿਆ ਨੀਤੀ 2020 ਤੁਰੰਤ ਰੱਦ ਕਰਕੇ ਅਧਿਆਪਕ ਦੀਆਂ ਸੇਵਾ ਹਾਲਤਾਂ ਤੇ ਰੁਤਬਾ ਬਹਾਲ ਕਰਨ ਤੇ ਗੁਣਾਤਮਿਕ ਸਿੱਖਿਆ ਦੇ ਮੌਕੇ ਪੈਦਾ ਕਰਨ ਦੇ ਵਿਸ਼ੇ ਸਬੰਧੀ ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ, ਸੀਨੀਅਰ ਮੀਤ ਪ੍ਰਧਾਨ ਪ੍ਰਵੀਨ ਕੁਮਾਰ ਲੁਧਿਆਣਾ ਦੀ ਪ੍ਰਧਾਨਗੀ ਹੇਠ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿੱਚ ਅਧਿਆਪਕ ਦਿਵਸ ਨੂੰ ਸਮਰਪਤ ਕਰਕੇ ਵਿਚਾਰ ਚਰਚਾ ਕੀਤੀ ਗਈ।ਜਥੇਬੰਦੀ ਦੇ ਸੂਬਾ ਸਰਪ੍ਰਸਤ ਚਰਨ ਸਿੰਘ ਸਰਾਭਾ, ਸੂਬਾ ਸਲਾਹਕਾਰ ਪ੍ਰੇਮ ਚਾਵਲਾ, ਵਿੱਤ ਸਕੱਤਰ ਨਵੀਨ ਸਚਦੇਵਾ, ਐਡੀਸ਼ਨਲ ਜਨਰਲ ਸਕੱਤਰ ਬਾਜ਼ ਸਿੰਘ ਭੁੱਲਰ, ਬੂਟਾ ਸਿੰਘ ਭੱਟੀ, ਪਰਮਿੰਦਰਪਾਲ ਸਿੰਘ ਕਾਲੀਆ, ਪ੍ਰੈੱਸ ਸਕੱਤਰ ਟਹਿਲ ਸਿੰਘ ਸਰਾਭਾ ਤੇ ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਸੂਬਾਈ ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ ਨੇ ਕਿਹਾ ਕਿ ਭਾਰਤ ਵਿੱਚ 1990-91 ਤੋਂ ਆਈਆਂ ਨਵਉਦਾਰਵਾਦੀ ਆਰਥਿਕ ਨੀਤੀਆਂ ਨੇ ਅਧਿਆਪਨ ਕਿੱਤੇ, ਅਧਿਆਪਕ ਦੇ ਰੁਤਬੇ ਤੇ ਅਧਿਆਪਕਾਂ ਦੀਆਂ ਸੇਵਾ ਹਾਲਤਾਂ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ। ਇਨ੍ਹਾਂ ਉਦਾਰਵਾਦੀ ਨੀਤੀਆਂ ਕਾਰਨ ਹੀ ਅਧਿਆਪਕਾਂ ਦੀਆਂ ਨਿਯੁਕਤੀਆਂ ਠੇਕੇ 'ਤੇ ਹੋਣ ਲੱਗੀਆਂ ਹਨ ਤੇ ਪਿਛਲੇ ਕਈ ਸਾਲਾਂ ਤੋਂ ਠੇਕੇ ਤੇ ਕੰਮ ਕਰਦੇ ਹਨ। ਇਨ੍ਹਾਂ ਅਧਿਆਪਕਾਂ ਨੂੰ ਕਈ ਗੁਣਾਂ ਘੱਟ ਉਜਰਤਾਂ ਦਿੱਤੀਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ ਸਿੱਖਿਆ ਪ੍ਰੋਵਾਈਡਰ, ਸਿੱਖਿਆ ਵਾਲੰਟੀਅਰ ਵਰਗੇ ਨਵੇਂ-ਨਵੇਂ ਨਾਂਅ ਦੇ ਕੇ ਅਧਿਆਪਕ ਦੇ ਸਨਮਾਨ ਤੇ ਸੱਟ ਮਾਰੀ ਗਈ ਹੈ ਤੇ ਇਨ੍ਹਾਂ ਅਧਿਆਪਕਾਂ ਨੂੰ ਪੰਜਾਬ ਸਰਕਾਰ ਵੱਲੋਂ ਪੂਰੇ ਤਨਖਾਹ ਸਕੇਲ ਵਿੱਚ ਰੈਗੂਲਰ ਕਰਨ ਦੀ ਬਜਾਏ ਐਸੋਸੀਏਟ ਅਧਿਆਪਕ ਬਣਾ ਕੇ 58 ਸਾਲ ਦੀ ਉਮਰ ਤੱਕ ਪੱਕੇ ਤੌਰ 'ਤੇ ਠੇਕਾ ਆਧਾਰਤ ਕਰ ਦਿੱਤਾ ਹੈ।ਆਗੂਆਂ ਵੱਲੋਂ ਕੇਂਦਰ ਸਰਕਾਰ ਦੁਆਰਾ ਖੋਲ੍ਹੇ ਜਾ ਰਹੇ ਪੀ ਐਮ ਸ੍ਰੀ ਸਕੂਲਾਂ ਤੇ ਪੰਜਾਬ ਸਰਕਾਰ ਦੇ ਸਕੂਲ ਆਫ ਐਮੀਨੈਂਸ ਦੀ ਸਖਤ ਨਿਖੇਧੀ ਕਰਦੇ ਹੋਏ ਕਿਹਾ ਕਿ ਇਸ ਨਾਲ਼ ਕੋਠਾਰੀ ਸਿੱਖਿਆ ਕਮਿਸ਼ਨ (1964-66) ਵੱਲੋਂ ਤਜਵੀਜ਼ਤ ਕਾਮਨ ਸਕੂਲ ਸਿਸਟਮ ਨੂੰ ਤੋੜਿਆ ਜਾ ਰਿਹਾ ਹੈ।ਜਥੇਬੰਦੀ ਮੰਗ ਕਰਦੀ ਹੈ ਕਿ ਆਦਰਸ਼, ਮੈਰੀਟੋਰੀਅਸ ਤੇ ਹੋਰ ਵੱਖ-ਵੱਖ ਤਰ੍ਹਾਂ ਦੇ ਸਕੂਲਾਂ ਨੂੰ ਸਥਾਪਤ ਸਕੂਲ ਪ੍ਰਣਾਲੀ ਵਿੱਚ ਪੂਰੇ ਸਟਾਫ਼ ਸਮੇਤ ਮਰਜ਼ ਕੀਤਾ ਜਾਵੇ।ਇਸ ਸਮੇਂ ਅਧਿਆਪਕਾਂ ਅਤੇ ਸਕੂਲ ਮੁਖੀਆਂ ਦੀਆਂ ਬਦਲੀਆਂ ਦੀਆਂ ਬੇ ਨਿਯਮੀਆਂ ਦੀ ਵੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ।ਉਨ੍ਹਾਂ ਰੋਸ ਪ੍ਰਗਟ ਕੀਤਾ ਕਿ ਕਈ ਅਧਿਆਪਕਾਂ ਵੱਲੋਂ ਬਦਲੀ ਲਈ ਜੋ ਸਟੇਸ਼ਨ ਚੁਣੇ ਗਏ ਸਨ, ਉਨ੍ਹਾਂ ਸਟੇਸ਼ਨਾਂ ਉੱਪਰ ਕਿਸੇ ਵੀ ਕ੍ਰਮਚਾਰੀ ਦੀ ਬਦਲੀ ਨਹੀਂ ਕੀਤੀ ਗਈ।ਇਸ ਤੋਂ ਇਲਾਵਾ ਸਕੂਲ ਪ੍ਰਿੰਸੀਪਲਾਂ ਤੇ ਮੁੱਖ ਅਧਿਆਪਕਾਂ ਦੀਆਂ ਬਦਲੀਆਂ ਲਈ ਬਿਨਾਂ ਅਰਜ਼ੀਆਂ ਤੋਂ ਹੀ ਤੇ ਬਿਨਾਂ ਕਿਸੇ ਪੈਮਾਨੇ ਤੋਂ ਬਦਲੀਆਂ ਕੀਤੀਆਂ ਗਈਆਂ ਹਨ, ਜਿਸ ਨਾਲ ਪੰਜਾਬ ਸਰਕਾਰ ਦੀ ਬਦਲੀ ਨੀਤੀ ਸ਼ੱਕ ਦੇ ਘੇਰੇ ਵਿੱਚ ਆਉਂਦੀ ਹੈ।ਇਸ ਸਮੇਂ ਜਥੇਬੰਦੀ ਦੇ ਆਗੂਆਂ ਕੁਲਦੀਪ ਸਿੰਘ ਸਹਿਦੇਵ, ਅਮਨਦੀਪ ਬੁਢਲਾਡਾ, ਬਲਬੀਰ ਸਿੰਘ ਕੰਗ, ਸੰਜੀਵ ਕੁਮਾਰ ਸ਼ਰਮਾ, ਮਨੀਸ਼ ਕੁਮਾਰ ,ਹਰੀ ਦੇਵ, ਗੁਰਪਾਲ ਸਿੰਘ ਜ਼ੀਰਵੀ, ਰਾਜਵੀਰ ਸਿੰਘ ਢਿੱਲੋਂ, ਮਨਜੀਤ ਸਿੰਘ ਤੂਰ, ਕੁਲਵੰਤ ਸਿੰਘ ਚਾਨੀ ਫ਼ਰੀਦਕੋਟ, ਜਸਪਾਲ ਸੰਧੂ ਜਲੰਧਰ, ਅਸ਼ੋਕ ਕੁਮਾਰ ਮਹਿਮੀ, ਅਮਰ ਪਾਲ ਤੇ ਯੋਗ ਰਾਜ ਜਲੰਧਰ ਵੱਲੋਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਠੇਕਾ ਆਧਾਰ 'ਤੇ ਕੰਮ ਕਰਦੇ ਅਤੇ ਸਮੂਹ ਕੱਚੇ ਅਧਿਆਪਕਾਂ ਨੂੰ ਬਿਨਾਂ ਸ਼ਰਤ ਸਿੱਖਿਆ ਵਿਭਾਗ ਵਿੱਚ ਰੈਗੂਲਰ ਕੀਤਾ ਜਾਵੇ। ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਮਰਜ਼ ਕੀਤਾ ਜਾਵੇ। ਐੱਨ.ਐੱਸ. ਕਿਊ ਐੱਫ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਸ਼ਾਮਲ ਕੀਤਾ ਜਾਵੇ। ਪ੍ਰਾਇਮਰੀ ਤੇ ਸੈਕੰਡਰੀ ਵਿਭਾਗ ਅਧੀਨ ਅਧਿਆਪਕਾਂ ਦੇ ਵੱਖ ਵੱਖ ਵਰਗਾਂ ਦੀਆਂ ਈਟੀਟੀ ਪੱਧਰ ਤੋਂ ਪ੍ਰਿੰਸੀਪਲ ਪੱਧਰ ਤੱਕ ਬਣਦੀਆਂ ਤਰੱਕੀਆਂ ਦੇ ਹੁਕਮ ਤੁਰੰਤ ਜਾਰੀ ਕੀਤੇ ਜਾਣ।ਜਨਵਰੀ 2004 ਤੋਂ ਬਾਅਦ ਨਿਯੁਕਤ ਸਮੂਹ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ, ਨਵੀਂ ਸਿੱਖਿਆ ਨੀਤੀ 2020 ਰੱਦ ਕਰਕੇ 1968 ਦੀ ਸਿੱਖਿਆ ਨੀਤੀ ਤੇ ਹੋਰ ਸਾਰਥਿਕ ਵਾਧੇ ਕਰਕੇ ਅਜਿਹੀ ਨੀਤੀ ਬਣਾਈ ਜਾਵੇ, ਜਿਸ ਨਾਲ ਹਰ ਪੱਧਰ ਤੇ ਸਿੱਖਿਆ ਦਾ ਨਿੱਜੀਕਰਨ ਤੇ ਵਪਾਰੀਕਰਨ ਖਤਮ ਹੋ ਸਕੇ।


**Capital Small Finance Bank**

HO:- MIDAS Corporate Park, 3rd Floor, 37, G.T. Road, Jalandhar-144001, Punjab, India.

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 19.08.2024 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

| ਕਰਜ਼ਦਾਰਾਂ ਅਤੇ ਗਰੰਟਰਾਂ ਦਾ ਨਾਂਅ | ਅਚੱਲ ਜਾਇਦਾਦ ਦਾ ਵੇਰਵਾ | ਕਰਜ਼ਾ ਨੰ. ਅਤੇ ਬਕਾਇਆ ਰਕਮ |
|---|---|---|
| ਕਰਜ਼ਦਾਰ : 1. ਸ੍ਰੀ ਜਸਵੀਰ ਸਿੰਘ ਪੁੱਤਰ ਸ੍ਰੀ ਸੁਰਜੀਤ ਸਿੰਘ ਵਾਸੀ ਢੋਲਾ ਪੱਟੀ ਖਾਰਾ, ਫਰੀਦਕੋਟ ਪੰਜਾਬ-152025 2. ਸ੍ਰੀਮਤੀ ਦਲਜੀਤ ਕੌਰ ਪਤਨੀ ਜਸਬੀਰ ਵਾਸੀ ਢੋਲਾ ਪਟੀ ਖਾਰਾ, ਫਰੀਦਕੋਟ ਪੰਜਾਬ-152025 ਗਰੰਟਰ : 3. ਚਰਨਜੀਤ ਕੁਮਾਰ ਪੁੱਤਰ ਦੇਵ ਰਾਜ ਵਾਸੀ ਹਰੀ ਨੌ ਰੋਡ, ਕੋਠੇ ਪੰਡਤਾਂ ਵਾਲੇ, ਕੋਟਕਪੂਰਾ, ਫਰੀਦਕੋਟ, ਪੰਜਾਬ 151204 | ਪ੍ਰਾਇਮਰੀ ਸਕਿਉਰਟੀ : ਅਚੱਲ ਜਾਇਦਾਦ ਦਾ ਉੱਚਿਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 1296 ਮਿਤੀ 14-09-2000 ਅਨੁਸਾਰ ਸ੍ਰੀ ਜਸਵੀਰ ਸਿੰਘ ਪੁੱਤਰ ਸ੍ਰੀ ਸੁਰਜੀਤ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 10 ਮਰਲੇ, ਪਿੰਡ ਖਾਰਾ, ਤਹਿਸੀਲ ਤੇ ਜ਼ਿਲ੍ਹਾ ਫਰੀਦਕੋਟ ਨਾਲ ਸੰਬੰਧਤ ਸਭ ਕੁਝ। | 19-08-2024 ਨੂੰ ਐੱਲ ਏ ਪੀ/126602000038 ਰੁਪਏ 13,48,166.04/- (01-08-2024 ਤੋਂ ਬਿਨਾਂ ਵਿਆਜ) |

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਫਰੀਦਕੋਟ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ (ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ (ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ (ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।

ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਸਥਾਨ : ਜਲੰਧਰ ਮਿਤੀ : 02.09.2024 ਸਹੀ/- ਅਧਿਕਾਰਤ ਅਫਸਰ

4-SEP-PAGE-7.qxd 9/3/2024 10:24 PM Page 1



## ਮੁਫ਼ਤ ਮੈਡੀਕਲ ਕੈਂਪ ਆਯੋਜਿਤ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਆਸ਼ੂਤੋਸ਼ ਹਸਪਤਾਲ ਸਾਹਮਣੇ ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ, ਨੇੜੇ ਭਾਈ ਮੂਲ ਚੰਦ ਸਾਹਿਬ ਵਿਖੇ ਡਾ. ਸਾਹਿਲ ਅਰੋੜਾ (ਐਮ ਡੀ ਆਯੂ) ਦੀ ਅਗਵਾਈ ਹੇਠ ਸ਼ਾਨਦਾਰ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਰਜਿਸਟ੍ਰੇਸ਼ਨ ਉਪਰੰਤ ਬਵਾਸੀਰ, ਟਾਈਫਾਈਡ, ਪੀਲੀਆ, ਇਨਫੈਕਸ਼ਨ, ਲਿਵਰ, ਕਿਡਨੀ, ਗਦੂਦਾਂ, ਭੌਰੀਆਂ, ਹੱਡੀਆਂ, ਗੋਡੇ, ਮੋਢਿਆਂ, ਮਸਲ ਵਿੱਚ ਦਰਦ, ਅਲਰਜੀ, ਖਾਜ ਖੁਜਲੀ, ਡਿਸਕ, ਸਿਆਟਿਕਾ, ਸਰਵਾਈਕਲ ਤੇ ਹਰ ਤਰ੍ਹਾਂ ਦੀ ਬਿਮਾਰੀ ਵਾਲੇ ਮਰੀਜ਼ਾਂ ਦਾ ਫੁੱਲ ਬਾਡੀ ਚੈੱਕਅਪ ਮੁਫ਼ਤ ਕੀਤਾ ਗਿਆ ਅਤੇ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ। ਡਾ. ਭੁਪਿੰਦਰ ਸਿੰਘ ਨੇਚਰੋਪੈਥੀ ਸਪੈਸ਼ਲਿਸਟ ਨੇ ਵੀ ਮਰੀਜ਼ਾਂ ਨੂੰ ਅਪਣੇ ਤਜਰਬੇ ਨਾਲ ਬਿਮਾਰੀਆਂ ਤੋਂ ਨਿਜਾਤ ਦਿਵਾਉਣ ਦਾ ਭਰੋਸਾ ਦਿੱਤਾ।ਡਾ. ਸਾਹਿਲ ਅਰੋੜਾ ਨੇ ਕਿਹਾ ਕਿ ਮਹਿੰਗਾਈ ਦੇ ਦੌਰ ਵਿੱਚ ਜਿਥੇ ਲੋਕਾਂ ਦਾ ਗੁਜ਼ਾਰਾ ਬੜੀ ਮੁਸ਼ਕਿਲ ਨਾਲ ਚਲਦਾ ਹੈ, ਉਥੇ ਹਰ ਵਿਅਕਤੀ ਮਹਿੰਗੇ ਇਲਾਜਾਂ ਤੋਂ ਪ੍ਰੇਸ਼ਾਨ ਅਤੇ ਮਜਬੂਰ ਹੈ। ਆਯੁਰਵੈਦਿਕ ਇਲਾਜ ਸਸਤਾ ਤੇ ਸ਼ਰਤੀਆ ਹੈ, ਅਸੀਂ ਲੋੜਵੰਦਾਂ ਲਈ ਹਰ ਛੇ ਮਹੀਨੇ ਬਾਅਦ ਮੁਫ਼ਤ ਮੈਡੀਕਲ ਕੈਂਪ ਲਾਉਂਦੇ ਰਹਿੰਦੇ ਹਾਂ।

## ਅਸ਼ੋਕ ਭਾਰਦਵਾਜ ਦੂਜੀ ਵਾਰ ਜ਼ਿਲ੍ਹਾ ਪ੍ਰੈੱਸ ਕਲੱਬ ਦੇ ਪ੍ਰਧਾਨ ਬਣੇ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਹਾਲ ਹੀ ਵਿੱਚ ਜ਼ਿਲ੍ਹਾ ਪ੍ਰੈੱਸ ਕਲੱਬ ਫ਼ਿਰੋਜ਼ਪੁਰ ਦੀ ਸਰਬਸੰਮਤੀ ਨਾਲ ਚੋਣ ਕਰਵਾਈ ਗਈ, ਜਿਸ ਵਿੱਚ ਅਸ਼ੋਕ ਭਾਰਦਵਾਜ ਨੂੰ ਦੂਸਰੀ ਵਾਰ ਦਿ ਡਿਸਟ੍ਰਿਕਟ ਪ੍ਰੈੱਸ ਕਲੱਬ ਫ਼ਿਰੋਜ਼ਪੁਰ ਦਾ ਪ੍ਰਧਾਨ, ਸੀਨੀਅਰ ਪੱਤਰਕਾਰ ਸੁਭਾਸ਼ ਆਨੰਦ ਨੂੰ ਚੇਅਰਮੈਨ, ਪਰੇਸ਼ ਕੁਮਾਰ ਜਨਰਲ ਸਕੱਤਰ, ਅਰੁਣ ਮਹਿਰਾ ਉੱਪ ਪ੍ਰਧਾਨ, ਸ਼ਿਵਮ ਸੇਠੀ ਕੈਸ਼ੀਅਰ, ਗੁਰਪ੍ਰੀਤ ਸਿੰਘ ਮੀਡੀਆ ਇੰਚਾਰਜ, ਰਾਜ ਕੁਮਾਰ ਸਲਾਹਕਾਰ ਨਿਯੁਕਤ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਪ੍ਰੈੱਸ ਕਲੱਬ ਫ਼ਿਰੋਜ਼ਪੁਰ ਦੇ ਨਾਲ ਮਮਦੋਟ ਪ੍ਰੈੱਸ ਕਲੱਬ, ਜ਼ੀਰਾ ਪ੍ਰੈੱਸ ਕਲੱਬ, ਭਾਰਤੀ ਵਾਲਮੀਕਿ ਸਮਾਜ ਭਾਵਾਦਾਸ, ਫ਼ਿਰੋਜ਼ਪੁਰ ਲੰਗਰ ਸੇਵਾ, ਭਾਰਤੀ ਕਿਸਾਨ ਯੂਨੀਅਨ ਦੇ ਪ੍ਰਧਾਨ ਤੇ ਸਕੱਤਰ ਹਾਜ਼ਰ ਸਨ।ਦੂਜੇ ਕਲੱਬ ਦੇ ਪ੍ਰਮੁੱਖ ਸਕੱਤਰ ਜੋ ਕਿ ਆਏ ਹੋਏ ਸਨ, ਨੇ ਜ਼ਿਲ੍ਹਾ ਪ੍ਰੈੱਸ ਕਲੱਬ ਫ਼ਿਰੋਜ਼ਪੁਰ ਦੀ ਟੀਮ ਨੂੰ ਭਰੋਸਾ ਦਿਵਾਇਆ ਕਿ ਲੋੜ ਪੈਣ 'ਤੇ ਉਹ ਕਲੱਬ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੇ ਹੋਣਗੇ।ਇਸ ਮੌਕੇ ਹਾਜ਼ਰ ਸਮੂਹ ਜਥੇਬੰਦੀਆਂ ਦੇ ਮੈਂਬਰਾਂ ਨੇ ਜ਼ਿਲ੍ਹਾ ਪ੍ਰੈੱਸ ਕਲੱਬ ਦੀ ਨਵ-ਨਿਯੁਕਤ ਟੀਮ ਦਾ ਗਲਾਂ ਵਿੱਚ ਹਾਰ ਪਾ ਕੇ ਸਵਾਗਤ ਕੀਤਾ। ਦਿ ਜ਼ਿਲ੍ਹਾ ਪ੍ਰੈੱਸ ਕਲੱਬ ਫ਼ਿਰੋਜ਼ਪੁਰ ਦੇ ਨਵ-ਨਿਯੁਕਤ ਪ੍ਰਧਾਨ ਅਸ਼ੋਕ ਭਾਰਦਵਾਜ ਨੇ ਕਿਹਾ ਕਿ ਉਹ ਪ੍ਰੈੱਸ ਕਲੱਬ ਲਈ ਪੂਰੀ ਇਮਾਨਦਾਰੀ, ਤਨ-ਮਨ-ਧਨ ਨਾਲ ਕੰਮ ਕਰਨਗੇ ਅਤੇ ਪ੍ਰੈੱਸ ਕਲੱਬ ਨੂੰ ਅੱਗੇ ਲਿਜਾਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ। ਉਨ੍ਹਾਂ ਨੇ ਸਾਰੇ ਮਹਿਮਾਨਾਂ ਨੂੰ ਦਿਲ ਦੀਆਂ ਗਹਿਰਾਈਆਂ ਤੋਂ ਵਧਾਈ ਦਿੱਤੀ।

## ਆਈ.ਐੱਸ.ਐੱਫ. ਕਾਲਜ ਦੇ ਮਹਿਲਾ ਵਿੰਗ ਵੱਲੋਂ ਆਈਕਨ ਜਾਰੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਆਈ.ਐੱਸ.ਐੱਫ. ਕਾਲਜ ਆਫ਼ ਫਾਰਮੇਸੀ ਦੀ ਮਹਿਲਾ ਵਿੰਗ, ਜੋ ਕਿ ਸਿੱਖਿਆ ਤੇ ਖੋਜ ਦੇ ਖੇਤਰ ਵਿੱਚ ਲਗਾਤਾਰ ਵਿਲੱਖਣ ਕਾਰਜ ਕਰ ਰਹੀ ਹੈ, ਇੰਸਟੀਚਿਊਟ ਤੇ ਫਾਰਮੇਸੀ ਵਿੱਚ ਚੱਲ ਰਹੀਆਂ ਗਤੀਵਿਧੀਆਂ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦੇਣ ਲਈ ਪ੍ਰਕਾਸ਼ਤ ਫਾਰਮਾ ਆਈਕਨ ਜਾਰੀ ਕੀਤਾ ਗਿਆ। ਇਸ ਨੂੰ ਪੂਰੀ ਤਰ੍ਹਾਂ ਮਹਿਲਾ ਵਿੰਗ ਵੱਲੋਂ ਚਲਾਇਆ ਗਿਆ। ਮੁੱਖ ਸੰਪਾਦਕ ਡਾ: ਕਾਮਿਆ ਗੋਇਲ, ਕ੍ਰਿਸ਼ਮਾ ਅਗਰਵਾਲ, ਦਿਲਪ੍ਰੀਤ ਕੌਰ, ਐਸੋਸੀਏਟ ਐਡੀਟਰ ਅਮਨਦੀਪ ਕੌਰ, ਸੋਨਾਕਸ਼ੀ ਗਰਗ, ਵਿਦਿਆਰਥੀ ਅਜ਼ਰਾ, ਆਸ਼ਮੀਨ, ਆਰਤੀ ਪਾਸੀ, ਕੀਰਤੀ ਦਿਆਲ ਤੇ ਖੁਸ਼ੀ ਨੇ ਅਹਿਮ ਯੋਗਦਾਨ ਪਾਇਆ। ਇਸ ਮੌਕੇ ਸੰਸਥਾ ਦੇ ਚੇਅਰਮੈਨ ਪ੍ਰਵੀਨ ਗਰਗ, ਸਕੱਤਰ ਇੰਜੀ. ਜਨੇਸ਼ ਗਰਗ, ਡਾ. ਮੁਸਕਾਨ ਗਰਗ, ਡਾਇਰੈਕਟਰ ਡਾ. ਜੀ. ਡੀ. ਗੁਪਤਾ, ਆਈ.ਐੱਸ.ਐੱਫ.ਸੀ.ਪੀ.ਆਰ. ਦੇ ਪ੍ਰਿੰਸੀਪਲ ਡਾ. ਆਰ. ਕੇ. ਨਾਰੰਗ ਨੇ ਮਹਿਲਾ ਵਿੰਗ ਵੱਲੋਂ ਫਾਰਮਾ ਆਈਕਨ ਨੂੰ ਜਾਰੀ ਕਰਨ 'ਤੇ ਵਧਾਈ ਦਿੱਤੀ।

## ਭਾਜਪਾ ਆਗੂਆਂ ਵੱਲੋਂ ਮੈਂਬਰਸ਼ਿਪ ਮੁਹਿੰਮ ਦੀ ਸ਼ੁਰੂਆਤ



**ਮੱਖੂ (ਰਛਪਾਲ ਸਿੰਘ ਸੰਧੂ)**-ਭਾਰਤੀ ਜਨਤਾ ਪਾਰਟੀ ਵੱਲੋਂ ਸ਼ੁਰੂ ਕੀਤੀ ਮੈਂਬਰਸ਼ਿਪ ਮੁਹਿੰਮ ਤਹਿਤ ਭਾਜਪਾ ਦੇ ਸੀਨੀਅਰ ਆਗੂ ਹਰਬੀਰਇੰਦਰ ਸਿੰਘ ਜ਼ੀਰਾ, ਭਾਜਪਾ ਮੰਡਲ ਮੱਖੂ ਦੇ ਪ੍ਰਧਾਨ ਜਥੇ. ਕਾਰਜ ਸਿੰਘ ਆਹਲਾਂ ਦੀ ਅਗਵਾਈ ਹੇਠ ਭਾਜਪਾ ਮੰਡਲ ਮਖੂ ਵੱਲੋਂ ਭਾਜਪਾ ਦੇ ਮੈਂਬਰਸ਼ਿਪ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।ਉਨ੍ਹਾਂ ਨਾਲ ਭਾਜਪਾ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਮੀਤ ਪ੍ਰਧਾਨ ਸੰਦੀਪ ਸਚਦੇਵਾ, ਜ਼ਿਲ੍ਹਾ ਸਕੱਤਰ ਡਾ. ਰਜੀਵ ਅਹੂਜਾ, ਕਾਰਜਕਾਰਨੀ ਕਮੇਟੀ ਮੈਂਬਰ ਰਜੀਵ ਕਪੂਰ, ਸੋਸ਼ਲ ਮੀਡੀਆ ਦੇ ਕੋ-ਇੰਚਾਰਜ ਜਤਿਨ ਸ਼ਰਮਾ, ਜਨਰਲ ਰਣਜੀਤ ਸਿੰਘ, ਅਮਿਤ ਅਰੋੜਾ, ਸੁਰਿੰਦਰਪਾਲ ਗਰੋਵਰ, ਬੂਟਾ ਮਸੀਹ ਆਦਿ ਹਾਜ਼ਰ ਸਨ।ਭਾਜਪਾ ਆਗੂਆਂ ਨੇ ਕਿਹਾ ਕਿ ਅੱਜ ਤੋਂ ਭਾਜਪਾ ਦੀ ਮੈਂਬਰਸ਼ਿਪ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ।ਭਾਜਪਾ ਮੈਂਬਰਸ਼ਿਪ ਮੁਹਿੰਮ ਤਹਿਤ ਮੰਡਲ ਤੇ ਬੂਥ ਲੈਵਲ ਤੱਕ ਟੀਮਾਂ ਦਾ ਗਠਨ ਕੀਤਾ ਗਿਆ। ਭਾਜਪਾ ਦੇ ਆਗੂਆਂ ਤੇ ਮੈਂਬਰਾਂ ਵੱਲੋਂ ਮੰਡਲ ਮੱਖੂ ਵਿਖੇ ਵੱਖ-ਵੱਖ ਪਿੰਡਾਂ 'ਚ ਕੈਂਪ ਲਾ ਕੇ ਲੋਕਾਂ ਨੂੰ ਭਾਜਪਾ ਦੀਆਂ ਲੋਕਪੱਖੀ ਨੀਤੀਆਂ ਬਾਰੇ ਜਾਣੂ ਕਰਾ ਕੇ ਵੱਧ ਤੋਂ ਵੱਧ ਭਾਜਪਾ ਦੇ ਮੈਂਬਰ ਬਣਾਏ ਜਾਣਗੇ।ਭਾਜਪਾ ਮੈਂਬਰਸ਼ਿਪ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਦੇਸ਼ ਭਰ ਦੇ ਭਾਜਪਾ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈ।ਭਾਜਪਾ ਵੱਲੋਂ ਹਰੇਕ ਬੂਥ 'ਤੇ ਘੱਟੋ-ਘੱਟ 200 ਦੇ ਕਰੀਬ ਮੈਂਬਰ ਬਣਾਉਣ ਦਾ ਟੀਚਾ ਮਿੱਥਿਆ ਗਿਆ।

## ਮਾੜੇ ਅਨਸਰਾਂ ਨੂੰ ਠੱਲ੍ਹ ਪਾਉਣ ਲਈ ਐੱਸ.ਐੱਚ.ਓ. ਵੱਲੋਂ ਬੱਸ ਸਟੈਂਡ ਦੀ ਚੈਕਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਬੱਸ ਸਟੈਂਡ ਮੋਗਾ ਜੀ. ਐੱਮ. ਤੇ ਹੋਰ ਸਟਾਫ ਦੀ ਮੰਗ ਉੱਪਰ ਥਾਣਾ ਸਿਟੀ (1) ਦੇ ਮੁੱਖ ਅਫਸਰ ਗੁਰਤੇਜ ਸਿੰਘ ਵੱਲੋਂ ਆਪਣੀ ਪੁਲਸ ਪਾਰਟੀ ਨੂੰ ਨਾਲ ਲੈ ਕੇ ਸਾਰੇ ਬੱਸ ਸਟੈਂਡ ਦੀ ਚੈਕਿੰਗ ਕੀਤੀ ਗਈ। ਇੱਥੇ ਇਹ ਦੱਸਣਾ ਬਣਦਾ ਹੈ ਕਿ ਮਾੜੇ ਅਨਸਰਾਂ ਦੀ ਅੱਜ ਕੱਲ੍ਹ ਬਹੁਤ ਜ਼ਿਆਦਾ ਭਰਮਾਰ ਹੈ, ਜਿਵੇਂ ਕਿ ਸਕੂਲ ਕਾਲਜ ਜਾਂਦੀਆਂ ਲੜਕੀਆਂ ਨੂੰ ਤੰਗ ਕਰਨਾ, ਕਿਸੇ ਤੋਂ ਮੋਬਾਇਲ ਫੋਨ ਖੋਹ ਕੇ ਲੈ ਜਾਣਾ ਆਮ ਗੱਲ ਹੋਈ ਪਈ ਹੈ। ਆਮ ਪਬਲਿਕ ਨਾਲ ਗੱਲ ਕਰਨ 'ਤੇ ਪਤਾ ਲੱਗਾ ਕਿ ਅਜੀਤਵਾਲ ਤੋਂ ਛੋਟੀ ਉਮਰ ਦੇ ਲੜਕੇ ਡੇਲੀ ਮੋਗਾ ਬਸ ਸਟੈਂਡ ਉੱਪਰ ਪਹੁੰਚਦੇ ਹਨ ਤੇ ਪੜ੍ਹਨ ਵਾਲੀਆਂ ਕੁੜੀਆਂ ਤੇ ਮੁੰਡਿਆਂ ਕੋਲੇ ਜਾ ਕੇ ਉਨ੍ਹਾਂ ਕੋਲੋਂ ਪੈਸੇ ਮੰਗਦੇ ਹਨ। ਮਨ੍ਹਾਂ ਕਰਨ 'ਤੇ ਵੀ ਖਹਿੜਾ ਨਹੀਂ ਛੱਡਦੇ। ਇੱਕ ਹੋਰ ਜੇਬ ਕਤਰੀ ਜ਼ਨਾਨੀਆਂ ਵੀ ਇਸ ਤੋਂ ਘੱਟ ਨਹੀਂ, ਜਿਹੜੀਆਂ ਕਿ ਮੰਗਦੀਆਂ ਵੀ ਹਨ ਤੇ ਦਾਅ ਪੇਚ ਲੱਗਣ 'ਤੇ ਚੋਰੀ ਵੀ ਕਰਦੀਆਂ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਥਾਣਾ ਮੁਖੀ ਗੁਰਤੇਜ ਸਿੰਘ ਨੇ ਕਿਹਾ ਕਿ ਅਸੀਂ ਪਬਲਿਕ ਦੀ ਰਾਖੀ ਖਾਤਰ 24 ਘੰਟੇ ਹਾਜ਼ਰ ਹਾਂ। ਉਨ੍ਹਾ ਕਿਹਾ ਕਿ ਅਸੀਂ ਬਸ ਸਟੈਂਡ ਉੱਪਰ ਮੁਲਾਜ਼ਮਾਂ ਦੀ ਡਿਊਟੀ ਵੀ ਲਗਾਵਾਂਗੇ ਤਾਂ ਕਿ ਪਬਲਿਕ ਨੂੰ ਰਾਹਤ ਮਿਲ ਸਕੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਨ੍ਹਾਂ ਨੂੰ ਕਿਸੇ ਵੀ ਮਾੜੇ ਅਨਸਰ ਦਾ ਪਤਾ ਲੱਗੇ ਤਾਂ ਉਹ ਤੁਰੰਤ ਮੇਰੇ ਨਾਲ ਸਿੱਧੇ ਤੌਰ 'ਤੇ ਸੰਪਰਕ ਕਰ ਸਕਦਾ ਹੈ। ਕਿਸੇ ਵੀ ਮਾੜੇ ਅਨਸਰ ਨੂੰ ਸਿਰ ਨਹੀਂ ਚੁੱਕਣ ਦਿੱਤਾ ਜਾਵੇਗਾ।

## ਵਿਸ਼ਵ ਜਾਗ੍ਰਿਤੀ ਮਿਸ਼ਨ ਸਰਹਿੰਦ ਵੱਲੋਂ ਅਕਤੂਬਰ ਸਮਾਗਮ ਲਈ ਸੱਦਾ ਪੱਤਰ ਲਾਂਚ

**ਸਰਹਿੰਦ ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਰਿਆਸਤ ਏ ਰਾਣਾ ਸਰਹਿੰਦ ਵਿਖੇ ਹੋਏ ਇੱਕ ਭਰਵੇਂ ਇਕੱਠ ਵਿੱਚ ਵਿਸ਼ਵ ਜਾਗ੍ਰਿਤੀ ਮਿਸ਼ਨ ਦੇ ਸਮੂਹ ਪੰਜਾਬ ਮੰਡਲ, ਪਰਮ ਪੂਜਯ ਸੁਧਾਂਸ਼ੂ ਜੀ ਮਹਾਰਾਜ ਦੇ ਆਗਾਮੀ ਸੰਕੀਰਤਨ ਲਈ ਸੱਦਾ ਪੱਤਰ ਜਾਰੀ ਕਰਨ ਲਈ ਇਕੱਠੇ ਹੋਏ।3 ਤੋਂ 6 ਅਕਤੂਬਰ 2024 ਨੂੰ ਹੋਣ ਵਾਲੇ ਸੰਕੀਰਤਨ ਨੇ ਪਹਿਲਾਂ ਹੀ ਖੇਤਰ ਭਰ ਦੇ ਸ਼ਰਧਾਲੂਆਂ ਤੇ ਨਾਗਰਿਕਾਂ ਵਿੱਚ ਉਤਸ਼ਾਹ ਪੈਦਾ ਕਰ ਦਿੱਤਾ ਹੈ।ਇਸ ਵੱਕਾਰੀ ਸਮਾਗਮ ਵਿੱਚ ਸਰਹਿੰਦ ਦੀਆਂ ਪ੍ਰਮੁੱਖ ਧਾਰਮਿਕ ਤੇ ਸਮਾਜਿਕ ਸੰਸਥਾਵਾਂ ਨੇ ਹਾਜ਼ਰੀ ਭਰੀ, ਜਿਨ੍ਹਾਂ ਨੇ ਇਸ ਲਾਂਚ ਨੂੰ ਸ਼ਾਨਦਾਰ ਢੰਗ ਨਾਲ ਸਫ਼ਲ ਬਣਾਉਣ ਲਈ ਹੱਥ ਮਿਲਾਇਆ।ਵਿਸ਼ਵ ਜਾਗ੍ਰਿਤੀ ਮਿਸ਼ਨ ਸਰਹਿੰਦ ਦੇ ਪ੍ਰਧਾਨ ਸੀ ਏ ਅਸ਼ਵਨੀ ਗਰਗ ਨੇ ਇਸ ਮਹੱਤਵਪੂਰਨ ਅਧਿਆਤਮਕ ਸਮਾਗਮ ਦੇ ਆਯੋਜਨ ਵਿੱਚ ਲਗਾਤਾਰ ਸਹਿਯੋਗ ਤੇ ਉਤਸ਼ਾਹ ਲਈ ਸਾਰੇ ਹਾਜ਼ਰੀਨ ਦਾ ਤਹਿ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਨੇ ਇਸ ਸ਼ੁਭ ਮੌਕੇ ਦਾ ਹਿੱਸਾ ਬਣਨ ਲਈ ਆਪਣਾ ਕੀਮਤੀ ਸਮਾਂ ਕੱਢਣ ਲਈ ਭਾਗੀਦਾਰਾਂ ਦਾ ਵਿਸ਼ੇਸ਼ ਧੰਨਵਾਦ ਕੀਤਾ।ਸੀ ਏ ਅਸ਼ਵਨੀ ਗਰਗ ਨੇ ਇਸ ਇਲਾਹੀ ਸਮਾਗਮ ਬਾਰੇ ਜਾਗਰੂਕਤਾ ਫੈਲਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਤੇ ਸਮੂਹ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਨੂੰ ਵੱਧ ਤੋਂ ਵੱਧ ਲੋਕਾਂ ਨੂੰ ਸੱਦਾ ਦੇਣ ਲਈ ਸਰਗਰਮੀ ਨਾਲ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

# ਪੰਜਾਬੀ 'ਵਰਸਿਟੀ ਨੇ ਉੱਤਰੀ ਭਾਰਤ ਦੇ 25 ਵੱਕਾਰੀ ਹਸਪਤਾਲਾਂ ਨਾਲ਼ ਕੀਤਾ ਇਕਰਾਰਨਾਮਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਭਾਈ ਘਨੱਈਆ ਸਿਹਤ ਕੇਂਦਰ ਵੱਲੋਂ ਉੱਤਰੀ ਭਾਰਤ ਦੇ 25 ਵੱਕਾਰੀ ਹਸਪਤਾਲਾਂ ਨਾਲ ਇਕਰਾਰਨਾਮਾ (ਐੱਮ.ਓ.ਯੂ.) ਕੀਤਾ ਗਿਆ ਹੈ।ਇਸ ਇਕਰਰਾਰਨਾਮੇ ਤਹਿਤ ਸੇਵਾਮੁਕਤ ਤੇ ਮੌਜੂਦਾ ਕ੍ਰਮਚਾਰੀਆਂ ਤੋਂ ਇਲਾਵਾ ਉਨ੍ਹਾਂ ਦੇ ਪਰਵਾਰਾਂ ਅਤੇ ਯੂਨੀਵਰਸਿਟੀ ਦੇ ਮੌਜੂਦਾ ਵਿਦਿਆਰਥੀਆਂ ਨੂੰ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾਣਗੀਆਂ।ਜ਼ਿਕਰਯੋਗ ਹੈ ਕਿ ਦੋ ਸਾਲ ਪਹਿਲਾਂ ਵੱਖ-ਵੱਖ ਹਸਪਤਾਲਾਂ ਨਾਲ਼ ਇਕਰਰਾਰਨਾਮੇ ਕੀਤੇ ਗਏ ਸਨ, ਜੋ ਯੂਨੀਵਰਸਿਟੀ ਪਰਵਾਰ ਲਈ ਬਹੁਤ ਲਾਹੇਵੰਦ ਸਾਬਤ ਹੋਏ ਸਨ।

ਸੀਨੀਅਰ ਮੈਡੀਕਲ ਅਫ਼ਸਰ ਡਾ. ਰੇਗੀਨਾ ਮੈਨੀ ਨੇ ਦੱਸਿਆ ਕਿ ਪਹਿਲਾਂ 19 ਨਾਮੀ ਹਸਪਤਾਲਾਂ ਨਾਲ ਐੱਮ.ਓ.ਯੂ. ਕੀਤਾ ਗਿਆ ਸੀ, ਹੁਣ ਕੁੱਲ 44 ਹਸਪਤਾਲ ਪੰਜਾਬੀ ਯੂਨੀਵਰਸਿਟੀ ਪਟਿਆਲਾ ਨਾਲ ਸੂਚੀਬੱਧ ਕੀਤੇ ਗਏ ਹਨ, ਜਿਸ ਤਹਿਤ ਸੀ. ਜੀ. ਐੱਚ. ਐੱਸ. ਦਰਾਂ 'ਤੇ ਸੇਵਾਵਾਂ ਦਿੱਤੀਆਂ ਜਾਂਦੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਉੱਤਰੀ ਭਾਰਤ ਦੇ 44 ਪ੍ਰਸਿੱਧ ਹਸਪਤਾਲਾਂ ਨਾਲ ਇਕਰਰਾਰਨਾਮਾ ਕਰਨ ਵਾਲ਼ੀ ਪਹਿਲੀ ਯੂਨੀਵਰਸਿਟੀ ਹੈ।ਉਨ੍ਹਾਂ ਕਿਹਾ ਕਿ ਇਹ ਕਦਮ ਭਾਈ ਘਨੱਈਆ ਜੀ ਦੀ ਬਰਸੀ 'ਮਾਨਵ ਸੇਵਾ ਸੰਕਲਪ ਦਿਵਸ' ਨੂੰ ਸਮਰਪਤ ਹੈ।ਰਜਿਸਟਰਾਰ ਡਾ. ਸੰਜੀਵ ਪੁਰੀ ਨੇ ਯੂਨੀਵਰਸਿਟੀ ਦੇ ਕ੍ਰਮਚਾਰੀਆਂ, ਉਨ੍ਹਾਂ ਦੇ ਪਰਵਾਰਾਂ ਤੇ ਵਿਦਿਆਰਥੀਆਂ ਨੂੰ ਵਧੀਆ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਅਜਿਹੀ ਪਹਿਲ ਕਰਨ 'ਤੇ ਡਾ. ਰੇਗੀਨਾ ਵੱਲੋਂ ਕੀਤੇ ਗਏ ਯਤਨਾਂ ਦੀ ਸ਼ਲਾਘਾ ਕੀਤੀ।ਡੀਨ ਅਕਾਦਮਿਕ ਮਾਮਲੇ ਡਾ. ਨਰਿੰਦਰ ਕੌਰ ਮੁਲਤਾਨੀ ਨੇ ਪ੍ਰਸੰਸਾ ਕਰਦਿਆਂ ਕਿਹਾ ਕਿ ਭਾਈ ਘਨੱਈਆ ਸਿਹਤ ਕੇਂਦਰ ਦਾ ਇਹ ਵਧੀਆ ਉਪਰਾਲਾ ਹੈ, ਜੋ ਯੂਨੀਵਰਸਿਟੀ ਪਰਵਾਰ ਲਈ ਮਦਦਗਾਰ ਸਾਬਿਤ ਹੋਵੇਗਾ।ਜ਼ਿਕਰਯੋਗ ਹੈ ਕਿ ਮੌਜੂਦਾ ਸਮੇਂ ਫੋਰਟਿਸ ਹਸਪਤਾਲ ਲੁਧਿਆਣਾ, ਵਰਧਮਾਨ ਹਸਪਤਾਲ, ਪਟਿਆਲਾ, ਪਟਿਆਲਾ ਹਾਰਟ ਇੰਸਟੀਚਿਊਟ, ਰੰਧਾਵਾ ਆਈ ਹਸਪਤਾਲ, ਪਟਿਆਲਾ, ਬਾਂਸਲ ਆਈ ਹਸਪਤਾਲ, ਪਟਿਆਲਾ, ਏ.ਪੀ ਟਰਾਮਾ, ਫੁਲ ਨਿਊਰੋ ਹਸਪਤਾਲ, ਐਕਸਲ ਹੈਲਥ ਕੇਅਰ, ਨੀਲਮ ਹਸਪਤਾਲ ਰਾਜਪੁਰਾ, ਨਿਤਿਨ ਮਾਈਂਡਕੇਅਰ, ਸੋਢੀ ਆਈ ਹਸਪਤਾਲ, ਐੱਸ ਐੱਲ ਹਸਪਤਾਲ, ਪਾਰਕ ਹਸਪਤਾਲ, ਲਿਵਾਸਾ (ਆਈਵੀ) ਹਸਪਤਾਲ ਮੋਹਾਲੀ/ਖੰਨਾ, ਮੇਦਾਂਤਾ ਹਸਪਤਾਲ, ਗੁਰੂਗ੍ਰਾਮ ਤੇ ਉੱਤਰੀ ਭਾਰਤ ਦੇ ਕਈ ਹੋਰ ਪ੍ਰਸਿੱਧ ਹਸਪਤਾਲ ਇਕਰਰਾਰਨਾਮੇ ਵਿੱਚ ਸ਼ਾਮਲ ਹਨ।

# ਸਿਹਤ ਵਿਭਾਗ ਵੱਲੋਂ ਡੇਂਗੂ ਵਿਰੋਧੀ ਮੁਹਿੰਮ ਤਹਿਤ ਸਰਗਰਮੀਆਂ ਜਾਰੀ



**ਬੁਢਲਾਡਾ/ਮਾਨਸਾ (ਆਤਮਾ ਸਿੰਘ ਪਮਾਰ)**-ਸਿਵਲ ਸਰਜਨ ਡਾ. ਹਰਦੇਵ ਸਿੰਘ ਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਮਨਜੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਜ਼ਿਲ੍ਹਾ ਐਪੀਡੀਮਾਲੋਜਿਸਟ ਸੰਤੋਸ਼ ਭਾਰਤੀ ਦੀ ਨਿਗਰਾਨੀ ਹੇਠ ਚੱਲ ਰਹੇ ਨੈਸ਼ਨਲ ਵੈਕਟਰ ਵੌਰਨ ਡਜੀਜ਼ ਕੰਟਰੋਲ ਪ੍ਰੋਗਰਾਮ ਅਧੀਨ ਸਿਹਤ ਬਲਾਕ ਬੁਢਲਾਡਾ ਅਧੀਨ ਪੈਂਦੇ ਸੈਕਟਰ ਬਰ੍ਹੇ ਅਧੀਨ ਪੈਂਦੇ ਪਿੰਡਾਂ ਅਹਿਮਦਪੁਰ, ਬਰ੍ਹੇ, ਟਾਹਲੀਆਂ, ਮੰਢਾਲੀ, ਮੱਲ ਸਿੰਘ ਵਾਲਾ ਵਿਖੇ ਅਸ਼ਵਨੀ ਕੁਮਾਰ ਸੁਪਰਵਾਈਜਰ ਦੀ ਅਗਵਾਈ ਵਿੱਚ ਡੇਂਗੂ ਤੋਂ ਬਚਾਅ ਦੇ ਲਈ ਜਾਗਰੂਕ ਕੀਤਾ ਜਾ ਰਿਹਾ ਹੈ।

ਸਿਹਤ ਕ੍ਰਮਚਾਰੀ ਨਿਰਭੈ ਸਿੰਘ ਤੇ ਕ੍ਰਿਸ਼ਨ ਕੁਮਾਰ ਵੱਲੋਂ ਲੋਕਾਂ ਨੂੰ ਡੇਂਗੂ ਦੇ ਕਾਰਨ ਅਤੇ ਲੱਛਣਾਂ ਤੋਂ ਬਚਾਅ ਲਈ ਜਾਗਰੂਕ ਕੀਤਾ ਗਿਆ। ਨਵਦੀਪ ਕਾਠ ਤੇ ਰਾਹੁਲ ਕੁਮਾਰ ਨੇ ਦੱਸਿਆ ਕਿ ਬਾਰਿਸ਼ ਦਾ ਜਿਹੜਾ ਪਾਣੀ ਵਾਧੂ ਬਰਤਨਾਂ ਅਤੇ ਟੁੱਟੇ ਫੁੱਟੇ ਸਮਾਨ ਵਿੱਚ ਭਰ ਜਾਂਦਾ ਹੈ, ਉਸ ਨੂੰ ਤੁਰੰਤ ਖਾਲੀ ਕੀਤਾ ਜਾਵੇ, ਕਿਉਂਕਿ ਉੱਥੇ ਲਾਰਵਾ ਬਣ ਜਾਂਦਾ ਹੈ, ਜੋ ਡੇਂਗੂ ਦਾ ਕਾਰਨ ਹੈ।ਇਹ ਮੱਛਰ ਇਕ ਚਮਚ ਪਾਣੀ ਵਿੱਚ ਵੀ ਪੈਦਾ ਹੋ ਜਾਂਦਾ ਹੈ।ਇਹ ਮੱਛਰ ਜ਼ਿਆਦਾਤਰ ਸਵੇਰ ਵੇਲੇ ਸੂਰਜ ਚੜ੍ਹਨ ਤੋਂ ਬਾਅਦ ਅਤੇ ਸ਼ਾਮ ਨੂੰ ਸੂਰਜ ਡੁੱਬਣ ਵੇਲੇ ਕੱਟਦਾ ਹੈ।

ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਤੇਜ਼ ਬੁਖਾਰ, ਸਿਰਦਰਦ, ਮਾਸ਼ਪੇਸ਼ੀਆਂ ਵਿੱਚ ਦਰਦ, ਚਮੜੀ 'ਤੇ ਦਾਣੇ, ਅੱਖਾਂ ਦੇ ਪਿਛਲੇ ਹਿੱਸੇ 'ਚ ਦਰਦ, ਮਸੂੜਿਆਂ ਤੇ ਨੱਕ ਵਿੱਚ ਖੂਨ ਵਗਣਾ ਜਿਹੇ ਲੱਛਣ ਦਿਖਾਈ ਦੇਣ ਤਾਂ ਤੁਰੰਤ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ।

ਸਿਹਤ ਕ੍ਰਮਚਾਰੀ ਗੁਰਿੰਦਰਜੀਤ ਸ਼ਰਮਾ ਅਤੇ ਵਿਸ਼ਾਲ ਨੇ ਕਿਹਾ ਕਿ ਘਰਾਂ ਵਿੱਚ ਵਾਧੂ ਪਏ ਬਰਤਨਾਂ ਅਤੇ ਕਬਾੜ ਆਦਿ ਵਿੱਚ ਜੇਕਰ ਬਾਰਿਸ਼ ਦਾ ਪਾਣੀ ਭਰ ਗਿਆ ਹੈ ਤਾਂ ਉਸ ਨੂੰ ਤੁਰੰਤ ਖਾਲੀ ਕੀਤਾ ਜਾਵੇ ਅਤੇ ਆਪਣੇ ਘਰਾਂ ਦੇ ਆਲੇ-ਦੁਆਲੇ ਦੀ ਸਫ਼ਾਈ ਰੱਖੀ ਜਾਵੇ ਤਾਂ ਜੁ ਮੱਛਰ ਨੂੰ ਪੈਦਾ ਹੋਣ ਤੋਂ ਰੋਕਿਆ ਜਾ ਸਕੇ।ਉਨ੍ਹਾਂ ਕਿਹਾ ਕਿ ਮੱਛਰ ਦੇ ਕੱਟਣ ਤੋਂ ਬਚਾਅ ਲਈ ਪੂਰੇ ਸਰੀਰ ਨੂੰ ਢਕ ਕੇ ਰੱਖਣ ਵਾਲੇ ਕੱਪੜੇ ਪਾਉਣੇ ਚਾਹੀਦੇ ਹਨ ਅਤੇ ਮੱਛਰਦਾਨੀ 'ਤੇ ਮੱਛਰ ਤੋਂ ਬਚਾਅ ਲਈ ਤੇਲ, ਕਰੀਮ ਆਦਿ ਦਾ ਪ੍ਰਯੋਗ ਵੀ ਕਰਨਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਨੂੰ ਵੀ ਬੁਖਾਰ ਹੁੰਦਾ ਹੈ ਤਾਂ ਉਹ ਬੀਟ ਦੌਰਾਨ ਆਏ ਸਿਹਤ ਵਰਕਰ ਜਾਂ ਨੇੜੇ ਦੇ ਸਿਹਤ ਕੇਂਦਰ ਵਿੱਚ ਖੁਦ ਜਾ ਕੇ ਖੂਨ ਦੀ ਜਾਂਚ ਜ਼ਰੂਰ ਕਰਾਉਣ।

## ਪ੍ਰੇਮ ਭੂਸ਼ਨ ਗੋਇਲ ਦੀ ਪੁਸਤਕ 'ਗੁਲਦਸਤਾ' ਲੋਕ ਅਰਪਣ

**ਸਮਰਾਲਾ (ਸੁਰਜੀਤ ਸਿੰਘ)**-ਰਾਮ ਮਨੋਹਰ ਲੋਹੀਆ ਅਵਧ ਯੂਨੀਵਰਸਿਟੀ ਅਯੋਧਿਆ (ਯੂ ਪੀ) ਵਿਖੇ ਆਪਣੇ ਵੱਡੇ ਵੀਰ ਪ੍ਰੇਮ ਭੂਸ਼ਨ ਗੋਇਲ ਦੀ ਨਵ-ਪ੍ਰਕਾਸ਼ਿਤ ਵਾਰਤਕ ਪੁਸਤਕ ਗੁਲਦਸਤਾ ਨੂੰ ਲੋਕ ਅਰਪਣ ਕਰਦਿਆਂ ਪ੍ਰਸਿੱਧ ਬਹੁ-ਭਾਸ਼ਾਈ ਲੇਖਕ ਤੇ ਪੰਜਾਬ ਸਰਕਾਰ ਦੇ ਸੇਵਾ ਮੁਕਤ ਆਈ ਏ ਐੱਸ ਅਧਿਕਾਰੀ ਜੰਗ ਬਹਾਦਰ ਗੋਇਲ ਨੇ ਕਿਹਾ ਕਿ ਪ੍ਰਸੰਨ ਲੰਮੀ ਉਮਰ ਜੀਣ ਲਈ ਸ਼ਬਦ ਸਹਾਰਾ ਬਹੁਤ ਜ਼ਰੂਰੀ ਹੈ।ਪੜ੍ਹਨ ਲਿਖਣ ਦੀ ਬਿਰਤੀ ਵਾਲੇ ਲੋਕਾਂ ਦਾ ਤਨ ਮਨ ਨਿਰੋਗ ਰਹਿੰਦਾ ਹੈ।ਉਨ੍ਹਾਂ ਆਪਣੀ ਪੁਸਤਕ ਸਾਹਿਤ ਸੰਜੀਵਨੀ ਦਾ ਹਵਾਲਾ ਦੇ ਕੇ ਦੱਸਿਆ ਕਿ ਸਾਹਿਤ ਕਿੱਥੇ ਕਿੱਥੇ, ਕਿਵੇਂ ਕਿਵੇਂ ਸਾਡੇ ਲਈ ਸੰਜੀਵਨੀ ਬੂਟੀ ਬਣਦਾ ਹੈ।ਉਨ੍ਹਾਂ ਆਪਣੇ ਮਾਪਿਆਂ ਤੇ ਵੱਡੇ ਭਰਾਵਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਦੀ ਵਿਸ਼ਾਲ ਲਾਇਬ੍ਰੇਰੀ ਘਰ ਵਿੱਚ ਹੀ ਪਹਿਲੀ ਯੂਨੀਵਰਸਿਟੀ ਬਣੀ।ਪ੍ਰੇਮ ਭੂਸ਼ਨ ਗੋਇਲ ਨੇ ਕਿਹਾ ਕਿ ਸ਼ਬਦ ਸਾਥ ਨੇ ਹੀ ਮੈਨੂੰ ਸਹਿਜ ਤੌਰ 'ਤੇ ਪਛਾਣ ਦਿੱਤੀ ਹੈ।ਇਸ ਪੁਸਤਕ ਵਿਚਲੇ ਲੇਖ ਨਵੇਂ ਪਾਠਕਾਂ ਨੂੰ ਸਾਹਿਤ ਨਾਲ ਜੁੜਨ ਲਈ ਪ੍ਰੇਰਕ ਬਣਨਗੇ।ਪਰਿਵਾਰ ਨੇ ਪ੍ਰੇਮ ਭੂਸ਼ਨ ਦੀ ਨਵ-ਪ੍ਰਕਾਸ਼ਿਤ ਵੱਡ ਆਕਾਰੀ ਵਾਰਤਕ ਪੁਸਤਕ 'ਗੁਲਦਸਤ' ਪ੍ਰਕਾਸ਼ਨ ਦਾ ਜਸ਼ਨ ਮਨਾਇਆ, ਜਿਸ ਵਿੱਚ ਡਾ. ਨੀਲਮ ਗੋਇਲ ਨੇ ਵੀ ਸ਼ਮੂਲੀਅਤ ਕੀਤੀ।ਇਸ ਪੁਸਤਕ ਦਾ ਮੁੱਖ ਬੰਦ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਲਿਖਿਆ ਹੈ।

# ਗੱਤਕਾ ਸਿਖਲਾਈ ਕੈਂਪ 'ਚ ਨਿਸ਼ਾਨ ਅਕੈਡਮੀ ਦੀ ਗੱਤਕਾ ਟੀਮ ਨੇ ਲਿਆ ਹਿੱਸਾ



**ਮਲੋਟ (ਗੁਰਮੀਤ ਸਿੰਘ ਮੱਕੜ)**

ਨਿਸ਼ਾਨ ਅਕੈਡਮੀ ਦੀ ਗੱਤਕਾ ਟੀਮ, ਜੋ ਪਿਛਲੇ ਕਈ ਸਾਲਾਂ ਤੋਂ ਪੂਰੇ ਪੰਜਾਬ ਭਰ 'ਚ ਅੱਵਲ ਰਹਿ ਕੇ ਅਕੈਡਮੀ ਦਾ ਨਾਮ ਰੌਸ਼ਨ ਕਰ ਰਹੀ ਹੈ, ਦੇ ਖਿਡਾਰੀਆਂ ਨੇ ਦੋ ਦਿਨਾਂ ਦੇ ਜਿਲ੍ਹਾ ਪੱਧਰੀ ਗੱਤਕਾ ਸਿਖਲਾਈ ਕੈਂਪ ਵਿਚ ਭਾਗ ਲਿਆ। ਇਹ ਕੈਂਪ ਪੰਜਾਬ ਤੇ ਜ਼ਿਲ੍ਹਾ ਗੱਤਕਾ ਐਸੋਸੀਏਸ਼ਨ (ਰਜਿ.) ਵੱਲੋਂ ਸ਼੍ਰੀ ਮੁਕਤਸਰ ਸਾਹਿਬ ਵਿਖੇ 31 ਅਗਸਤ ਤੇ 1 ਸਤੰਬਰ ਨੂੰ ਆਯੋਜਤ ਕੀਤਾ ਗਿਆ, ਜਿਸ ਵਿੱਚ ਗੱਤਕੇ ਦੇ ਕੁੱਝ ਨਵੇਂ ਨਿਯਮਾਂ ਬਾਰੇ ਖਿਡਾਰੀਆਂ ਨੂੰ ਜਾਣਕਾਰੀ ਦਿੱਤੀ ਗਈ ਅਤੇ ਅਗਲੇ ਕੁੱਝ ਦਿਨਾਂ ਵਿਚ ਹੋਣ ਵਾਲੇ ਸੂਬਾ ਪੱਧਰੀ ਗੱਤਕਾ ਮੁਕਾਬਲਿਆਂ ਦੇ ਵਿਚ ਵਰਤੇ ਜਾਣ ਵਾਲੇ ਕੁੱਝ ਨਵੇਂ ਨਿਯਮਾਂ ਬਾਰੇ ਵਿਸਥਾਰ ਵਿਚ ਖਿਡਾਰੀਆਂ ਨੂੰ ਜਾਣਕਾਰੀ ਦਿੱਤੀ ਗਈ। ਇਨ੍ਹਾਂ ਸੂਬਾ ਪੱਧਰੀ ਮੁਕਾਬਲਿਆਂ ਵਿਚ ਅਕੈਡਮੀ ਦੀ ਟੀਮ ਨੇ ਵੀ ਭਾਗ ਲੈਣਾ ਹੈ। ਅਕੈਡਮੀ ਦੀ ਟੀਮ ਤੋਂ ਇਲਾਵਾ ਬਠਿੰਡਾ, ਸ਼੍ਰੀ ਮੁਕਤਸਰ ਸਾਹਿਬ ਤੇ ਫ਼ਾਜ਼ਿਲਕਾ ਜ਼ਿਲ੍ਹਿਆਂ ਦੀਆਂ ਟੀਮਾਂ ਨੂੰ ਮਿਲਾ ਕੇ ਕੁੱਲ 200 ਵਿਦਿਆਰਥੀਆਂ ਨੇ ਭਾਗ ਲਿਆ, ਜਿਸ ਵਿੱਚ ਲੜਕੇ ਅਤੇ ਲੜਕੀਆਂ ਦੋਵਾਂ ਦੀਆਂ ਟੀਮਾਂ ਹਾਜ਼ਰ ਸਨ। ਇਨ੍ਹਾਂ ਖਿਡਾਰੀਆਂ ਦੇ ਕੈਂਪ ਵਿੱਚ ਸ਼ਾਮਲ ਹੋਣ ਲਈ ਅਕੈਡਮੀ ਵੱਲੋਂ ਕੋਚ ਗੁਰਲਾਲ ਸਿੰਘ ਦੇ ਨਾਲ-ਨਾਲ ਡੀ.ਪੀ.ਈ. ਅਧਿਆਪਕਾ ਮੈਡਮ ਜਸਪ੍ਰੀਤ ਕੌਰ ਨੂੰ ਵੀ ਲੜਕੀਆਂ ਦੀ ਟੀਮ ਦੇ ਨਾਲ ਭੇਜਿਆ ਗਿਆ। ਕੈਂਪ ਨੂੰ ਸੋਹਣੇ ਢੰਗ ਨਾਲ ਅਨੁਸ਼ਾਸਨ ਵਿਚ ਰਹਿ ਕੇ ਕੁੱਝ ਨਵਾਂ ਸਿੱਖਣ ਲਈ ਅਕੈਡਮੀ ਦੇ ਪ੍ਰਿੰ. ਮੈਡਮ ਹਰਪ੍ਰੀਤ ਕੌਰ ਵੱਲੋਂ ਇਕ ਵੱਖਰੀ ਮੀਟਿੰਗ ਦੌਰਾਨ ਦੋਵਾਂ ਟੀਮਾਂ ਨੂੰ ਸਮਝਾਇਆ ਗਿਆ ਤੇ ਨਾਲ ਹੀ ਟੀਮਾਂ ਦੇ ਖਿਡਾਰੀਆਂ ਨੂੰ ਕੈਂਪ ਦੌਰਾਨ ਲੋੜ ਪੈਣ ਵਾਲੀਆਂ ਮੁੱਢਲੀਆਂ ਸਹੂਲਤਾਂ ਵੀ ਮੁਹੱਈਆ ਕਰਵਾਈਆਂ ਗਈਆਂ।

ਅਕੈਡਮੀ ਦੇ ਡਾਇਰੈਕਟਰ ਸ. ਇਕਉਂਕਾਰ ਸਿੰਘ ਨੇ ਕੈਂਪ ਤੋਂ ਬਾਅਦ ਅਕੈਡਮੀ ਵਿਖੇ ਦੋਵਾਂ ਟੀਮਾਂ ਨਾਲ ਗੱਲਬਾਤ ਕੀਤੀ ਅਤੇ ਹੋਣ ਵਾਲੇ ਸੂਬਾ ਪੱਧਰੀ ਮੁਕਾਬਲਿਆਂ ਲਈ ਸਖਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

## ਦੋ ਔਰਤਾਂ ਸਮੇਤ 9 ਨਸ਼ਾ ਤਸਕਰ ਕਾਬੂ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਜ਼ਿਲ੍ਹਾ ਪੁਲਸ ਨੇ ਵੱਖ-ਵੱਖ ਥਾਵਾਂ ਤੋਂ ਦੋ ਔਰਤਾਂ ਸਮੇਤ 9 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ ਹੈਰੋਇਨ, ਨਸ਼ੀਲੀਆਂ ਗੋਲੀਆਂ ਤੇ ਗਾਂਜਾ ਬਰਾਮਦ ਕੀਤਾ ਹੈ। ਕਾਬੂ ਕੀਤੇ ਮੁਲਜ਼ਮਾਂ ਖ਼ਿਲਾਫ਼ ਸਬੰਧਤ ਥਾਣਿਆਂ ਵਿੱਚ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।ਥਾਣਾ ਨਥਾਣਾ ਦੇ ਏ ਐੱਸ ਆਈ ਗੁਰਮੇਲ ਸਿੰਘ ਅਨੁਸਾਰ ਪਿੰਡ ਪੂਹਲਾ ਤੋਂ ਕਥਿਤ ਦੋਸ਼ਣ ਸ਼ਾਂਤੀ ਕੌਰ ਨੂੰ ਕਾਬੂ ਕਰਕੇ 525 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ ਹਨ।ਇਸੇ ਤਰ੍ਹਾਂ ਥਾਣਾ ਕੋਤਵਾਲੀ ਦੇ ਐੱਸ ਆਈ ਬੇਅੰਤ ਸਿੰਘ ਨੇ ਦੱਸਿਆ ਕਿ ਕਥਿਤ ਦੋਸ਼ਣ ਸੀਤਾ ਦੇਵੀ ਵਾਸੀ ਧੋਬੀਆਣਾ ਬਸਤੀ ਨੂੰ ਸਥਾਨਕ ਸੰਤਪੁਰਾ ਰੋਡ ਤੋਂ 9 ਕਿੱਲੋ 390 ਗ੍ਰਾਮ ਗਾਂਜੇ ਸਮੇਤ ਕਾਬੂ ਕੀਤਾ ਗਿਆ ਹੈ।ਇਸੇ ਦੌਰਾਨ ਥਾਣਾ ਸਿਟੀ ਰਾਮਪੁਰਾ ਦੇ ਏ ਐੱਸ ਆਈ ਗੁਰਪ੍ਰੀਤ ਸਿੰਘ ਨੇ ਕਥਿਤ ਦੋਸ਼ੀ ਆਸ਼ੂ, ਮਾਨਵ ਖੁਰਾਣਾ ਤੇ ਹਰਸ਼ਿਤ ਗਰਗ ਵਾਸੀ ਰਾਮਪੁਰਾ ਨੂੰ 70 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਹੈ।ਇੱਕ ਹੋਰ ਮਾਮਲੇ ਵਿੱਚ ਥਾਣਾ ਤਲਵੰਡੀ ਸਾਬੋ ਦੇ ਏਐੱਸਆਈ ਜਸਕੌਰ ਸਿੰਘ ਨੇ ਪਿੰਡ ਜੱਗਾ ਰਾਮ ਤੀਰਥ ਤੋਂ ਕਥਿਤ ਦੋਸ਼ੀ ਗੁਰਦਿੱਤ ਸਿੰਘ ਨੂੰ 115 ਨਸ਼ੀਲੇ ਕੈਪਸੂਲ ਸਮੇਤ ਕਾਬੂ ਕੀਤਾ ਹੈ।ਇਸੇ ਤਰ੍ਹਾਂ ਥਾਣਾ ਤਲਵੰਡੀ ਸਾਬੋ ਦੇ ਏਐੱਸਆਈ ਨਿਰਮਲਜੀਤ ਸਿੰਘ ਨੇ ਮੁਲਜ਼ਮ ਰਾਜਪ੍ਰੀਤ ਸਿੰਘ ਨੂੰ ਪਿੰਡ ਲਹਿਰੀ ਤੋਂ 20 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਹੈ।ਇਸ ਤੋਂ ਇਲਾਵਾ ਥਾਣਾ ਸੰਗਤ ਦੇ ਏਐੱਸਆਈ ਚੇਤ ਸਿੰਘ ਨੇ ਕਥਿਤ ਦੋਸ਼ੀ ਜਗਸੀਰ ਸਿੰਘ ਵਾਸੀ ਪਿੰਡ ਪਥਰਾਲਾ ਤੇ ਜਸ਼ਨਪ੍ਰੀਤ ਸਿੰਘ ਵਾਸੀ ਪਿੰਡ ਰਾਮਾਂ ਨੂੰ 5 ਗ੍ਰਾਮ ਹੈਰੋਇਨ ਸਮੇਤ ਕਾਬੂ ਕਰਕੇ ਮਾਮਲਾ ਦਰਜ ਕਰ ਲਿਆ ਹੈ।

## ਭਾਈ ਘਨੱਈਆ ਯੁਵਕ ਸੇਵਾਵਾਂ ਕਲੱਬ ਵੱਲੋਂ ਦੌੜ ਮੁਕਾਬਲੇ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਨੌਜਵਾਨਾਂ ਨੂੰ ਸਰੀਰਕ ਤੌਰ 'ਤੇ ਫਿੱਟ ਰੱਖਣ ਦੇ ਮੰਤਵ ਦੀ ਪੂਰਤੀ ਲਈ ਭਾਈ ਘਨੱਈਆ ਜੀ ਯੁਵਕ ਸੇਵਾਵਾਂ ਕਲੱਬ ਪੰਡੋਰੀ ਵੱਲੋਂ 1600 ਮੀਟਰ ਦੌੜ ਦੇ ਮੁਕਾਬਲੇ ਕਰਵਾਏ ਗਏ।ਵੱਖ-ਵੱਖ ਪਿੰਡਾਂ ਤੋਂ ਆਏ ਤਕਰੀਬਨ ਚਾਰ ਦਰਜਨ ਨੌਜਵਾਨਾਂ ਨੇ ਬੜੇ ਹੀ ਜੋਸ਼ ਖਰੋਸ਼ ਨਾਲ ਇਸ ਦੌੜ ਵਿੱਚ ਹਿੱਸਾ ਲਿਆ।ਅੰਤਿਮ ਨਤੀਜੇ ਅਨੁਸਾਰ ਫਾਜ਼ਿਲਕਾ ਜ਼ਿਲ੍ਹੇ ਦਾ ਦੀਪਕ ਸਿੰਘ ਪਹਿਲੇ ਨੰਬਰ 'ਤੇ ਰਿਹਾ, ਅਰਸ਼ ਸਿੰਘ ਕੁੰਭੜਵਾਲ ਦੂਸਰੇ, ਮਨਪ੍ਰੀਤ ਸਿੰਘ ਬਠਿੰਡਾ ਤੀਜੇ, ਮਿਲਖਾ ਸਿੰਘ ਹਮੀਦੀ ਚੌਥੇ, ਪੰਜਵੇਂ ਨੰਬਰ 'ਤੇ ਸਚਿਨ ਫਾਜ਼ਿਲਕਾ ਰਿਹਾ।ਪਹਿਲੇ ਸਥਾਨ 'ਤੇ ਰਹੇ ਹੋਣਹਾਰ ਖਿਡਾਰੀ ਦੀਪਕ ਸਿੰਘ ਨੂੰ 2500 ਰੁਪਏ ਨਗਦ ਇਨਾਮ ਨਾਲ ਸਨਮਾਨਤ ਕੀਤਾ ਗਿਆ।ਪ੍ਰਬੰਧਕਾਂ ਵੱਲੋਂ ਜਿੱਥੇ ਜੇਤੂ ਖਿਡਾਰੀਆਂ ਨੂੰ ਨਗਦ ਇਨਾਮ ਦਿੱਤੇ ਗਏ, ਉੱਥੇ ਭਾਗ ਲੈਣ ਵਾਲੇ ਸਾਰੇ ਹੀ ਨੌਜਵਾਨਾਂ ਨੂੰ ਮੈਡਲਾਂ ਨਾਲ ਸਨਮਾਨਤ ਕੀਤਾ ਗਿਆ।ਕਲੱਬ ਦੇ ਪ੍ਰਧਾਨ ਹਰਵਿੰਦਰ ਸਿੰਘ ਸਿੱਧੂ, ਸਕੱਤਰ ਜਸਕਰਨ ਸਿੰਘ ਬਾਠ, ਹਰਦੀਪ ਸਿੰਘ ਬਾਠ ਨੇ ਭਾਗ ਲੈਣ ਵਾਲੇ ਸਾਰੇ ਖਿਡਾਰੀਆਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਜੇਤੂਆਂ ਨੂੰ ਇਨਾਮਾਂ ਦੀ ਵੰਡ ਮੌਕੇ ਬਲਜੀਤ ਸਿੰਘ ਸਿੱਧੂ ਕੈਨੇਡੀਅਨ, ਨੱਥਾ ਸਿੰਘ ਬਾਠ, ਗੁਰਤੇਜ ਸਿੰਘ ਜੌਹਲ, ਨਾਇਬ ਸਿੰਘ ਸੋਢਾ, ਹਾਕਮ ਸਿੰਘ ਸੋਢਾ, ਜਰਨੈਲ ਸਿੰਘ ਫੌਜੀ, ਪਵਿੱਤਰ ਸਿੰਘ ਭਵਾਨੀਗੜ੍ਹ, ਕਾਲਾ ਸਿੰਘ ਬਾਠ ਸਮੇਤ ਕਲੱਬ ਦੇ ਸਾਰੇ ਅਹੁਦੇਦਾਰ, ਮੈਂਬਰ ਹਾਜ਼ਰ ਸਨ।

## ਗੁਲਾਬੀ ਸੁੰਡੀ ਦਾ ਹਮਲਾ ਨਜ਼ਰ ਆਉਣ 'ਤੇ ਕਿਸਾਨ ਖੇਤੀਬਾੜੀ 'ਵਰਸਿਟੀ ਵੱਲੋਂ ਸਿਫਾਰਸ਼ ਕੀਟਨਾਸ਼ਕਾਂ ਦੀ ਵਰਤੋਂ ਕਰਨ : ਰਿਣਵਾ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਮੁੱਖ ਖੇਤੀਬਾੜੀ ਅਫਸਰ ਫਾਜ਼ਿਲਕਾ ਸੰਦੀਪ ਕੁਮਾਰ ਰਿਣਵਾ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਕਿਸਾਨ ਵੀਰ ਹੁਣ ਆਪਣੇ ਨਰਮੇ ਦੇ ਖੇਤਾਂ ਦਾ ਲਗਾਤਾਰ ਸਰਵੇਖਣ ਕਰਦੇ ਰਹਿਣ, ਕਿਉਂਕਿ ਇਹ ਸਮਾਂ ਹੁਣ ਗੁਲਾਬੀ ਸੁੰਡੀ ਦੇ ਹਮਲੇ ਲਈ ਢੁੱਕਵਾਂ ਹੈ, ਕਿਉਂਕਿ ਹੁਣ ਨਰਮਾ ਫੁੱਲ ਗੁੱਡੀ ਨਾਲ ਭਰਪੂਰ ਹੈ।ਉਨ੍ਹਾ ਦੱਸਿਆ ਕਿ ਗੁਲਾਬੀ ਸੁੰਡੀ ਦਾ ਪਤੰਗਾ ਫੁੱਲ ਗੁੱਡੀ 'ਤੇ ਅੰਡੇ ਦਿੰਦਾ ਹੈ ਤੇ ਅੰਡੇ ਵਿੱਚੋਂ ਸੁੰਡੀ ਨਿਕਲਣ ਤੋਂ ਬਾਅਦ ਉਹ ਫੁੱਲ, ਗੁੱਡੀ ਤੋਂ ਟਿੰਡੇ ਵਿੱਚ ਵੜ ਜਾਂਦੀ ਹੈ, ਜਿਸ ਦਾ ਕਿਸਾਨ ਨੂੰ ਬਾਅਦ ਵਿੱਚ ਭਾਰੀ ਨੁਕਸਾਨ ਦਾ ਸਾਹਮਣਾ ਕਰਨਾ ਪੈਂਦਾ ਹੈ।ਇਸ ਲਈ ਕਿਸਾਨ ਹੁਣ ਤੋਂ ਹੀ ਆਪਣੇ ਖੇਤਾਂ ਦਾ ਲਗਾਤਾਰ ਸਰਵੇਖਣ ਕਰਦੇ ਰਹਿਣ ਤੇ ਆਪਣੀ ਫਸਲ ਵਿੱਚ ਫਿਰੋਮਾਨ ਟਰੈਪ ਲਗਾ ਦੇਣ।ਜੇਕਰ ਗੁਲਾਬੀ ਸੁੰਡੀ ਜਾਂ ਟਰੈਪ ਵਿੱਚ ਪਤੰਗਾ ਨਜ਼ਰ ਆਉਂਦਾ ਹੈ ਤਾਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀ ਸਿਫਾਰਸ਼ ਅਨੁਸਾਰ ਪ੍ਰਤੀ ਏਕੜ ਦੇ ਹਿਸਾਬ ਨਾਲ ਨਰਮੇ ਦੀ ਫਸਲ ਦੇ ਪਹਿਲੇ 60 ਤੋਂ 120 ਦਿਨਾਂ ਵਿੱਚ ਪ੍ਰੋਕਲੇਨ 5 ਐੱਸ ਜੀ 100 ਗ੍ਰਾਮ, ਪ੍ਰੋਫੈਨੋਫਾਸ 50 ਈਸੀ 500 ਮਿ.ਲੀ. (ਫਲੂਬੈਡੀਆਮਾਈਡ) 40 ਮਿ.ਲਿ. ਤੇ ਨਰਮੇ ਦੀ 120 ਦਿਨਾਂ ਤੋਂ ਬਾਅਦ ਦੀ ਫਸਲ 'ਤੇ ਡੇਸਿਸ 2.8 ਈ.ਸੀ (ਡੈਲਟਾਮੈਥਰਿਨ) 160 ਮਿ.ਲਿ, ਫੈਨਵਲ 20 ਈ.ਸੀ. (ਫੈਨਵਲਰੇਟ) 100 ਮਿ.ਲਿ., ਡੈਨੀਟੋਲ 10 ਈ.ਸੀ. (ਫੈਨਪ੍ਰੋਪੈਥਰਿਨ) 300 ਮਿ.ਲਿ., ਮਾਈਪਰਗਾਰਡ 10 ਈ.ਸੀ. (ਸਾਈਪਰਮੈਥਰਿਨ) 200 ਮਿ.ਲਿ. ਪ੍ਰਤੀ ਏਕੜ ਦੇ ਹਿਸਾਬ ਨਾਲ ਕੀਟਨਾਸ਼ਕਾਂ ਦੀ ਵਰਤੋਂ ਕਰੋ।ਜੇਕਰ ਫਿਰ ਵੀ ਸੁੰਡੀ ਦਾ ਹਮਲਾ ਨਜ਼ਰ ਆਉਂਦਾ ਹੈ ਤਾਂ 8 ਤੋਂ 10 ਦਿਨਾਂ 'ਚ ਇਨ੍ਹਾਂ ਕੀਟਨਾਸ਼ਕਾਂ ਦੀ ਵਰਤੋਂ ਦੁਬਾਰਾ ਕਰੋ।ਉਨ੍ਹਾ ਨਰਮੇ ਦੀਆਂ ਬਿਮਾਰੀਆਂ ਬਾਰੇ ਕਾਸ਼ਤਕਾਰ ਕਿਸਾਨਾਂ ਨੂੰ ਸਲਾਹ ਦਿੱਤੀ ਕਿ ਬਾਰਿਸ਼ਾਂ ਹੋਣ ਕਰਕੇ ਪੱਤਿਆਂ ਉਪਰ ਉੱਲੀਆਂ ਦੇ ਧੱਬਿਆਂ ਦੀਆਂ ਨਿਸ਼ਾਨੀਆਂ ਨਜ਼ਰ ਆਉਣ 'ਤੇ 200 ਮਿਲੀਲਿਟਰ ਐਮਿਸਟਾਰ ਟੌਪ 325 ਐੱਸ.ਸੀ.(ਅਜ਼ੋਕਸੀਸਟੋਬਿਨ + ਡਾਈਫੇਨਕੋਨੋਜ਼ੋਲ) ਨੂੰ ਪ੍ਰਤੀ ਏਕੜ ਦੇ ਹਿਸਾਬ ਨਾਲ ਛਿੜਕਾਅ ਕਰਨ! ਇਸਦੇ ਨਾਲ ਹੀ ਉਨ੍ਹਾ ਕਿਸਾਨਾਂ ਨੂੰ ਉਚਿਤ ਮਾਤਰਾ ਵਿੱਚ ਖਾਦ ਪ੍ਰਬੰਧਨ ਦਾ ਧਿਆਨ ਰੱਖਣ ਤੇ 13.0.45 (ਪੋਟਾਸ਼ੀਅਮ ਨਾਈਟ੍ਰੇਟ) ਦਾ ਅੱਧ ਸਤੰਬਰ ਤੱਕ ਦੇ ਛਿੜਕਾਅ 2.0 ਕਿਲੋਗ੍ਰਾਮ ਪ੍ਰਤੀ ਏਕੜ ਦੇ ਹਿਸਾਬ ਨਾਲ 10 ਦਿਨ ਦੇ ਅੰਤਰਾਲ 'ਤੇ ਕਰਨ ਦੀ ਸਲਾਹ ਦਿੱਤੀ, ਜਿਨ੍ਹਾਂ ਖੇਤਾਂ ਵਿੱਚ ਲਾਲੀ ਦੀ ਸਮੱਸਿਆ (ਹੇਠਲੇ ਪੱਤਿਆਂ ਦਾ ਲਾਲ) ਹੈ, ਕਾਸ਼ਤਕਾਰ ਵੀਰ ਇਨ੍ਹਾਂ ਖੇਤਾਂ ਵਿੱਚ ਮੈਗਨੀਸ਼ੀਅਮ ਸਲਫੇਟ ਦੇ 2 ਛਿੜਕਾਅ, 1.0 ਕਿਲੋਗ੍ਰਾਮ ਪ੍ਰਤੀ ਏਕੜ ਦੇ ਹਿਸਾਬ ਨਾਲ 15 ਦਿਨਾਂ ਦੇ ਵਕਫ਼ੇ 'ਤੇ ਜ਼ਰੂਰ ਕਰਨ।

## ਗੁਰਿੰਦਰ ਕੁਮਾਰ ਨੇ ਬਤੌਰ ਐੱਸ ਡੀ ਓ ਸੰਭਾਲਿਆ ਅਹੁਦਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕਾਰਜਕਾਰੀ ਇੰਜਨੀਅਰ (ਸਿਵਲ) ਪੰਜਾਬ ਮੰਡੀ ਬੋਰਡ ਦੇ ਦਫ਼ਤਰ ਵਿਖੇ ਗੁਰਿੰਦਰ ਕੁਮਾਰ ਨੇ ਉਪ ਮੰਡਲ ਅਫਸਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ।ਇਸ ਮੌਕੇ ਲਖਵਿੰਦਰ ਸਿੰਘ ਉਪ ਮੰਡਲ ਅਫਸਰ, ਸਤਨਾਮ ਸਿੰਘ, ਸ੍ਰੀ ਗੋਪੀ ਅਤੇ ਸਤਨਾਮ ਸਿੰਘ ਉਪ ਮੰਡਲ ਅਫਸਰ ਨੇ ਸ੍ਰੀ ਗੁਰਿੰਦਰ ਕੁਮਾਰ ਨੂੰ ਗੁਲਦਸਤਾ ਦੇ ਕੇ ਵਧਾਈ ਦਿੱਤੀ।ਇਸ ਦੌਰਾਨ ਸ੍ਰੀ ਗੁਰਿੰਦਰ ਕੁਮਾਰ ਨੇ ਕਿਹਾ ਕਿ ਬਤੌਰ ਜੇ.ਈ. ਰਹਿੰਦਿਆਂ ਉਨ੍ਹਾਂ ਨੇ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਮਿਹਨਤ ਨਾਲ ਨਿਭਾਇਆ ਹੈ ਤੇ ਹੁਣ ਵੀ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਲੋਕ ਸਿੱਧਾ ਉਨ੍ਹਾਂ ਨੂੰ ਦਫ਼ਤਰ ਵਿਖੇ ਮਿਲ ਸਕਦੇ ਹਨ।

# ਪੰਜਾਬੀ ਸਾਹਿਤ ਸਭਾ ਵੱਲੋਂ ਪੁਸਤਕ ਗੋਸ਼ਟੀ ਤੇ ਕਵੀ ਦਰਬਾਰ



**ਬਰਨਾਲਾ (ਚੰਡਿਹੋਕ)** : ਬੀਤੇ ਦਿਨੀਂ ਪੰਜਾਬੀ ਸਾਹਿਤ ਸਭਾ ਬਰਨਾਲਾ ਵੱਲੋਂ ਕਰਵਾਏ ਸਾਹਿਤਕ ਸਮਾਗਮ ਵਿੱਚ ਪੁਸਤਕ ਗੋਸ਼ਟੀ ਤੇ ਕਵੀ ਦਰਬਾਰ ਕਰਵਾਇਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਭਾ ਦੇ ਵਿੱਤ ਸਕੱਤਰ ਰਾਮ ਸਰੂਪ ਸ਼ਰਮਾ ਨੇ ਦੱਸਿਆ ਕਿ ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਵਿਖੇ ਪ੍ਰਸਿੱਧ ਨਾਵਲਕਾਰ ਬਲਦੇਵ ਸਿੰਘ ਸੜਕਨਾਮਾ ਦੀ ਪ੍ਰਧਾਨਗੀ ਹੇਠ ਦੋ ਸੈਸ਼ਨ ਵਿੱਚ ਸਾਹਿਤਕ ਸਮਾਗਮ ਕਰਵਾਇਆ ਗਿਆ।ਸਭਾ ਦੇ ਕਾਰਜਕਾਰੀ ਪ੍ਰਧਾਨ ਡਾਕਟਰ ਭੁਪਿੰਦਰ ਸਿੰਘ ਬੇਦੀ ਨੇ ਸਭ ਸਾਹਿਤਕਾਰਾਂ ਨੂੰ ਜੀ ਆਇਆਂ ਆਖਿਆ।ਸਮਾਗਮ ਦੇ ਪ੍ਰਧਾਨਗੀ ਮੰਡਲ ਵਿੱਚ ਬਲਦੇਵ ਸਿੰਘ ਸੜਕਨਾਮਾ ਦੇ ਨਾਲ ਬਹੁ-ਪੱਖੀ ਲੇਖਕ ਬੂਟਾ ਸਿੰਘ ਚੌਹਾਨ, ਪੁਸਤਕ ਲੇਖਕ ਡਾਕਟਰ ਮੇਹਰ ਮਾਣਕ, ਡਾਕਟਰ ਭੁਪਿੰਦਰ ਸਿੰਘ ਬੇਦੀ, ਸੁਖਵਿੰਦਰ ਪੱਪੀ ਤੇ ਰਾਜਵਿੰਦਰ ਸਿੰਘ ਰਾਹੀ ਸੁਸ਼ੋਭਤ ਸਨ।

ਪਹਿਲੇ ਸੈਸ਼ਨ ਵਿੱਚ ਡਾਕਟਰ ਮੇਹਰ ਮਾਣਕ ਦੇ ਕਾਵਿ ਪੁਸਤਕ 'ਸ਼ੂਕਦੇ ਆਬ ਤੇ ਖ਼ਾਬ' ਉਪਰ ਵਿਚਾਰ ਗੋਸ਼ਟੀ ਕਰਵਾਈ ਗਈ।ਇਸ ਪੁਸਤਕ ਉਪਰ ਪੇਪਰ ਪੜ੍ਹਦਿਆਂ ਡਾਕਟਰ ਭੁਪਿੰਦਰ ਸਿੰਘ ਬੇਦ, ਡਾਕਟਰ ਸੰਪੂਰਨ ਸਿੰਘ ਟੱਲੇਵਾਲੀਆ, ਤੇਜਿੰਦਰ ਚੰਡਿਹੋਕ, ਸੁਖਵਿੰਦਰ ਪੱਪੀ ਤੋਂ ਇਲਾਵਾ ਬੂਟਾ ਸਿੰਘ ਚੌਹਾਨ, ਜੁਗਰਾਜ ਧੌਲਾ, ਡਾਕਟਰ ਹਰਿਭਗਵਾਨ, ਭਾਸ਼ਾ ਅਫ਼ਸਰ ਬਿੰਦਰ ਖੁੱਡੀ ਕਲਾਂ, ਡਾਕਟਰ ਰਾਮਪਾਲ ਸਿੰਘ, ਰਾਜਵਿੰਦਰ ਸਿੰਘ ਰਾਹੀ ਆਦਿ ਨੇ ਵਿਚਾਰ ਪ੍ਰਗਟ ਕੀਤੇ।ਉਪਰੰਤ ਡਾਕਟਰ ਬੇਦੀ ਤੇ ਮਾਣਕ ਨੇ ਉਠਾਏ ਸਵਾਲਾਂ ਦੇ ਜਵਾਬ ਦਿੱਤੇ।ਦੋਨਾਂ ਵਿਦਵਾਨਾਂ ਦਾ ਸਭਾ ਵੱਲੋਂ ਸਨਮਾਨ ਵੀ ਕੀਤਾ ਗਿਆ। ਦੂਜੇ ਸੈਸ਼ਨ ਵਿੱਚ ਹੋਏ ਕਵੀ ਦਰਬਾਰ 'ਚ ਪਾਲ ਸਿੰਘ ਲਹਿਰੀ, ਰਾਜਿੰਦਰ ਸ਼ੌਕੀ, ਚਰਨਜੀਤ ਸਮਾਲਸਰ, ਜੰਗੀਰ ਖੋਖਰ, ਇਕਬਾਲ ਕੌਰ ਉਦਾਸੀ, ਸੁਰਜੀਤ ਸਿੰਘ ਦਿਹੜ ਨੇ ਹਿੱਸਾ ਲਿਆ।ਸਮਾਗਮ ਦੇ ਪ੍ਰਧਾਨਗੀ ਭਾਸ਼ਣ ਵਿੱਚ ਨਾਵਲਕਾਰ ਬਲਦੇਵ ਸਿੰਘ ਸੜਕਨਾਮਾ ਨੇ ਕਿਹਾ ਕਿ ਕਵੀ ਦੀ ਕਾਵਿ ਪੁਸਤਕ ਵਿੱਚ ਯਥਾਰਥਵਾਦ ਹੈ ਤੇ ਇਸ ਵਿੱਚੋ ਪ੍ਰੋ. ਪੂਰਨ ਸਿੰਘ ਦੀ ਸ਼ਾਇਰੀ ਦੀ ਝਲਕ ਪੈਂਦੀ ਹੈ।ਸਮਾਗਮ ਦਾ ਮੰਚ ਸੰਚਾਲਨ ਕਰਦਿਆਂ ਜਨਰਲ ਸਕੱਤਰ ਮਾਲਵਿੰਦਰ ਸ਼ਾਇਰ ਨੇ ਉਕਤ ਕਾਵਿ ਪੁਸਤਕ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ ਤੇ ਮੰਚ ਸੰਚਾਲਨ ਖੂਬਸੂਰਤ ਤਰੀਕੇ ਨਾਲ ਨਿਭਾਇਆ।

## ਪੌਸ਼ਟਿਕ ਆਹਾਰ ਸਿਹਤਮੰਦ ਜੀਵਨ ਦੀ ਨੀਂਹ : ਡਾ: ਚਰਨਪਾਲ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਤੇ ਸਿਵਲ ਸਰਜਨ ਫਾਜ਼ਿਲਕਾ ਦੀਆਂ ਹਦਾਇਤਾਂ ਅਨੁਸਾਰ ਸੀਨੀਅਰ ਮੈਡੀਕਲ ਅਫ਼ਸਰ ਡਾ: ਵਿਕਾਸ ਗਾਂਧੀ ਦੀ ਅਗਵਾਈ ਹੇਠ ਬਲਾਕ ਸੀ.ਐੱਚ.ਸੀ. ਖੁਈਖੇੜਾ ਵਿਖੇ ਹਾਜ਼ਰ ਸਟਾਫ਼ ਨੂੰ ਰਾਸ਼ਟਰੀ ਪੌਸ਼ਟਿਕ ਸਪਤਾਹ ਤਹਿਤ ਜਾਣਕਾਰੀ ਦਿੱਤੀ ਗਈ। ਮੈਡੀਕਲ ਅਫ਼ਸਰ ਡਾ: ਚਰਨਪਾਲ ਨੇ ਕਿਹਾ ਕਿ ਪੌਸ਼ਟਿਕ ਆਹਾਰ ਸਿਹਤਮੰਦ ਜੀਵਨ ਦੀ ਨੀਂਹ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਤੇ ਗਰਭਵਤੀ ਔਰਤਾਂ ਲਈ ਸੰਤੁਲਿਤ ਖੁਰਾਕ ਲੈਣਾ ਜ਼ਿਆਦਾ ਜ਼ਰੂਰੀ ਹੈ। ਬਚਪਨ ਤੋਂ ਲੈ ਕੇ ਬੁਢਾਪੇ ਤੱਕ ਪੌਸ਼ਟਿਕ ਆਹਾਰ ਦਾ ਵਿਸ਼ੇਸ਼ ਮਹੱਤਵ ਹੈ।ਚੰਗੇ ਭੋਜਨ ਦੀ ਘਾਟ ਕਾਰਨ ਵਿਸ਼ਵ ਵਿੱਚ ਵੱਡੀ ਗਿਣਤੀ ਵਿੱਚ ਬੱਚੇ ਕੁਪੋਸ਼ਣ ਦਾ ਸ਼ਿਕਾਰ ਹੋ ਰਹੇ ਹਨ ਤੇ ਘੱਟ ਭਾਰ ਵਾਲੇ ਜਨਮ ਲੈ ਰਹੇ ਹਨ।ਇਸ ਲਈ ਰੋਜ਼ਾਨਾ ਦੀ ਖੁਰਾਕ ਨੂੰ ਧਿਆਨ ਵਿੱਚ ਰੱਖਦੇ ਹੋਏ ਪੁੰਗਰੀਆਂ ਤੇ ਛਿਲਕਿਆਂ ਵਾਲੀਆਂ ਦਾਲਾਂ, ਹਰੀਆਂ ਪੱਤੇਦਾਰ ਸਬਜ਼ੀਆਂ, ਤਾਜ਼ੇ ਫਲ, ਦੁੱਧ, ਦਹੀਂ, ਲੱਸੀ ਤੇ ਸਲਾਦ ਦੀ ਭਰਪੂਰ ਵਰਤੋਂ ਕਰਨੀ ਚਾਹੀਦੀ ਹੈ।ਮੈਡੀਕਲ ਅਫਸਰ ਡਾ. ਸ਼ਕਸ਼ਮ ਕੰਬੋਜ ਤੇ ਬਲਾਕ ਐਕਸਟੈਂਸ਼ਨ ਐਜੂਕੇਟਰ ਸੁਸ਼ੀਲ ਕੁਮਾਰ ਨੇ ਦੱਸਿਆ ਕਿ ਮਨੁੱਖੀ ਖੁਰਾਕ ਵਿੱਚ ਸਬਜ਼ੀਆਂ, ਫਲ, ਅਨਾਜ ਤੇ ਪ੍ਰੋਟੀਨ ਦੀ ਭਰਪੂਰ ਮਾਤਰਾ ਦਾ ਸੰਤੁਲਿਤ ਹੋਣਾ ਜ਼ਰੂਰੀ ਹੈ।ਉਨ੍ਹਾ ਕਿਹਾ ਕਿ ਰੋਜ਼ਾਨਾ ਦੀ ਖੁਰਾਕ ਵਿੱਚ ਦੁੱਧ ਜਾਂ ਦੁੱਧ ਤੋਂ ਬਣੇ ਪਦਾਰਥ, ਹਰੀਆਂ ਸਬਜ਼ੀਆਂ ਤੇ ਦਾਲਾਂ ਦੀ ਵਰਤੋਂ ਕਰਨੀ ਚਾਹੀਦੀ ਹੈ।ਉਨ੍ਹਾਂ ਦੱਸਿਆ ਕਿ ਪ੍ਰਾਇਮਰੀ ਹੈਲਥ ਸੈਂਟਰਾਂ, ਸਿਹਤ ਤੇ ਤੰਦਰੁਸਤੀ ਕੇਂਦਰਾਂ ਅਤੇ ਸਬ-ਸੈਂਟਰਾਂ ਦੇ ਕਰਮਚਾਰੀਆਂ ਤੇ ਆਸ਼ਾ ਵਰਕਰਾਂ ਵੱਲੋਂ ਵੱਖ-ਵੱਖ ਥਾਵਾਂ 'ਤੇ ਬੱਚਿਆਂ, ਗਰਭਵਤੀ ਔਰਤਾਂ ਤੇ ਹੋਰ ਲੋਕਾਂ ਨੂੰ ਸੰਤੁਲਿਤ ਖੁਰਾਕ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ। ਪਿੰਡਾਂ ਵਿੱਚ ਰੂਰਲ ਹੈਲਥ, ਸੈਨੀਟੇਸ਼ਨ ਤੇ ਫੂਡ ਕਮੇਟੀ ਦੇ ਮੈਂਬਰਾਂ ਨੂੰ ਵੀ ਇਸ ਬਾਰੇ ਜਾਗਰੂਕ ਕੀਤਾ ਗਿਆ।ਇਸ ਮੌਕੇ ਸਮੂਹ ਐੱਲ.ਐੱਚ.ਵੀ., ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ ਕਾਰਮਾ, ਏ.ਐੱਨ.ਐੱਮ., ਆਸ਼ਾ ਫੈਸੀਲੀਟੇਟਰ ਹਾਜ਼ਰ ਸਨ

# ਦੇਸ਼ ਭਗਤ ਆਯੁਰਵੇਦ ਕਾਲਜ ਤੇ ਹਸਪਤਾਲ ਵੱਲੋਂ ਪਿੰਡਾਂ 'ਚ ਸਿਹਤ ਜਾਗਰੂਕਤਾ ਪ੍ਰੋਗਰਾਮ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਆਯੁਰਵੇਦ ਕਾਲਜ ਤੇ ਹਸਪਤਾਲ ਵੱਲੋਂ ਪਿੰਡਾਂ ਵਿੱਚ ਸਿਹਤ ਜਾਗਰੂਕਤਾ ਪ੍ਰੋਗਰਾਮ ਡਾਇਰੈਕਟਰ ਡਾ. ਕੁਲਭੂਸ਼ਨ ਤੇ ਮੈਡੀਕਲ ਸੁਪਰਡੈਂਟ ਡਾ. ਜਯੋਤੀ ਐੱਚ ਧਾਮੀ ਦੀ ਅਗਵਾਈ ਹੇਠ ਕਰਵਾਇਆ ਕਰਵਾਇਆ ਗਿਆ।ਇਸ ਦੌਰਾਨ ਮੈਡੀਕਲ ਸਲਾਹਕਾਰਾਂ ਨੇ ਸਿਹਤਮੰਦ ਜੀਵਨ ਲਈ ਵੱਖ-ਵੱਖ ਬਿਮਾਰੀਆਂ ਬਾਰੇ ਜਾਗਰੂਕਤਾ ਪੈਦਾ ਕੀਤੀ।ਉਨ੍ਹਾਂ ਨੇੜਲੇ ਪਿੰਡਾਂ ਮਛਰਾਏ ਕਲਾਂ, ਰਾਜਗੜ੍ਹ ਛੰਨਾ, ਭਾਂਬਰੀ, ਪੱਤਣ, ਅਲੀਪੁਰ, ਮਾਜਰਾ, ਬੜੈਚਾਂ, ਸ਼ੇਰਪੁਰ ਮਾਜਰਾ, ਟਿੱਬੀ, ਰਾਈਵਾਲ, ਮਾਲੋਵਾਲ, ਖਨੌੜਾ, ਭਗਵਾਨਪੁਰਾ, ਧੰਗੇੜੀ ਦਾ ਦੌਰਾ ਕੀਤਾ।ਉਨ੍ਹਾਂ ਮਨਰੇਗਾ ਮਜ਼ਦੂਰਾਂ, ਪ੍ਰਾਇਮਰੀ ਸਕੂਲ ਦੇ ਬੱਚਿਆਂ, ਸਥਾਨਕ ਪਿੰਡਾਂ ਦੇ ਲੋਕਾਂ, ਦਿਹਾੜੀਦਾਰਾਂ ਨਾਲ ਉਨ੍ਹਾਂ ਦੇ ਸਿਹਤ ਮੁੱਦਿਆਂ ਬਾਰੇ ਗੱਲਬਾਤ ਕੀਤੀ ਤੇ ਸਿਹਤ, ਪੋਸ਼ਣ ਤੇ ਸਮੇਂ ਸਿਰ ਬਿਮਾਰੀਆਂ ਦੀ ਪਛਾਣ ਬਾਰੇ ਜਾਗਰੂਕ ਕੀਤਾ।

ਵੱਖ-ਵੱਖ ਮਾਹਰਾਂ ਜਿਵੇਂ ਕਿ ਬਾਲ ਰੋਗ, ਅੱਖਾਂ, ਕੰਨਾਂ ਦੇ ਸਪੈਸ਼ਲਿਸਟ, ਜਨਰਲ ਸਰਜਨ, ਪੰਚਕਰਮਾ ਮਾਹਿਰ ਦੇ ਸਲਾਹਕਾਰਾਂ ਨੇ ਸਿਹਤ ਜਾਗਰੂਕਤਾ ਗੱਲਬਾਤ ਲਈ ਕੈਚਮੈਂਟ ਖੇਤਰ ਦੇ 10 ਪਿੰਡਾਂ ਦਾ ਦੌਰਾ ਕੀਤਾ।ਡਾ. ਪ੍ਰਾਚੀ ਸ਼ਰਮਾ (ਬਾਲ ਰੋਗਾਂ ਦੇ ਮਾਹਰ) ਦੁਆਰਾ ਸਕੂਲਾਂ ਦਾ ਦੌਰਾ ਕੀਤਾ ਗਿਆ ਤੇ ਬੱਚਿਆਂ ਨੂੰ ਪੋਸ਼ਣ ਸੰਬੰਧੀ ਲੋੜਾਂ, ਸਹੀ ਖੁਰਾਕ ਤੇ ਹੋਰ ਸਿਹਤ ਸੰਬੰਧੀ ਮੁੱਦਿਆਂ ਬਾਰੇ ਜਾਗਰੂਕ ਕੀਤਾ ਗਿਆ। ਅੱਖਾਂ/ਕੰਨ ਰੋਗ ਸਬੰਧੀ ਜਾਗਰੂਕਤਾ ਪ੍ਰਦਾਨ ਕਰਨ ਲਈ ਬੱਚਿਆਂ ਨੂੰ ਡਾ: ਸਨਾਮਿਕਾ ਦੁਆਰਾ ਕਿਸੇ ਵੀ ਤਰ੍ਹਾਂ ਦੀ ਸੁਣਨ ਸ਼ਕਤੀ ਘਟਣ ਜਾਂ ਅੱਖਾਂ ਦੀ ਰੌਸ਼ਨੀ ਦੀ ਕਮਜ਼ੋਰੀ ਬਾਰੇ ਸਮੇਂ ਸਿਰ ਸੂਚਿਤ ਕਰਨ ਲਈ ਜਾਗਰੂਕ ਕੀਤਾ ਗਿਆ।ਪੰਚਕਰਮਾ ਸਲਾਹਕਾਰ ਡਾ. ਉਰਵੀ ਨੇ ਜੋੜਾਂ ਦੀਆਂ ਪੁਰਾਣੀਆਂ ਦਰਦਨਾਕ ਸਥਿਤੀਆਂ ਬਾਰੇ ਜਾਗਰੂਕ ਕੀਤਾ।ਇਸੇ ਤਰ੍ਹਾਂ ਡਾ. ਪੂਨਮ ਨੇ ਆਯੁਰਵੈਦਿਕ ਸਰਜਰੀ ਕਸ਼ਰਸੂਤਰ ਦੁਆਰਾ ਬਵਾਸੀਰ, ਫਿਸਟੂਲਾ, ਫਿਸ਼ਰਾਂ ਦੇ ਇਲਾਜ ਅਤੇ ਸਰਜਰੀ ਤੋਂ ਬਿਨਾਂ ਇਸ ਦੇ ਪ੍ਰਭਾਵ ਤੇ ਦਰਦ ਤੋਂ ਰਾਹਤ ਬਾਰੇ ਦੱਸਿਆ ਗਿਆ।

ਸਿਹਤ ਜਾਗਰੂਕਤਾ ਪ੍ਰੋਗ੍ਰਾਮ ਬਾਰੇ ਚਾਂਸਲਰ ਡਾ: ਜ਼ੋਰਾ ਸਿੰਘ ਤੇ ਪ੍ਰੋ-ਚਾਂਸਲਰ ਡਾ: ਤਜਿੰਦਰ ਕੌਰ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਸ ਖੇਤਰ ਵਿੱਚ ਹਰ ਕੋਈ ਬਿਮਾਰੀ ਨਾਲ ਲੜਨ ਲਈ ਮਿਲ ਕੇ ਕੰਮ ਕਰੇ।ਨਿੱਜੀ ਜਾਂ ਜਨਤਕ, ਸ਼ਹਿਰੀ ਜਾਂ ਪੇਂਡੂ, ਅੰਗਰੇਜ਼ੀ ਜਾਂ ਪ੍ਰੰਪਰਾਗਤ ਦਵਾਈ ਦੇ ਆਧਾਰ 'ਤੇ ਭੇਦਭਾਵ ਲਿਆਉਣ ਦੀ ਬਜਾਏ, ਸਾਨੂੰ ਸਾਰਿਆਂ ਨੂੰ ਹੱਥ ਮਿਲਾਉਣਾ ਚਾਹੀਦਾ ਹੈ ਤੇ ਮਿਲ ਕੇ ਕੰਮ ਕਰਨਾ ਚਾਹੀਦਾ ਹੈ।

# ਐੱਸ ਬੀ ਆਰ ਐੱਸ ਗੁਰੂਕੁਲ ਸਕੂਲ 'ਚ ਵੈਦਿਕ ਗਣਿਤ ਸੈਮੀਨਾਰ



**ਕੋਟਕਪੂਰਾ (ਰਛਪਾਲ ਭੁੱਲਰ)**

ਐੱਸ.ਬੀ.ਆਰ.ਐੱਸ. ਗੁਰੂਕੁਲ ਸਕੂਲ ਵਿੱਚ ਵੈਦਿਕ ਗਣਿਤ 'ਤੇ ਇੱਕ ਸਫ਼ਲ ਸੈਮੀਨਾਰ ਕੀਤਾ ਗਿਆ।ਸੈਮੀਨਾਰ ਦਾ ਮਕਸਦ ਵਿਦਿਆਰਥੀਆਂ ਨੂੰ ਗਣਿਤ ਦੇ ਮੁੱਖ ਸਿਧਾਂਤਾਂ ਨੂੰ ਅਸਾਨੀ ਨਾਲ ਸਿਖਾਉਣਾ ਸੀ।ਵੈਦਿਕ ਗਣਿਤ ਪ੍ਰਾਚੀਨ ਭਾਰਤੀ ਗਣਿਤ ਪ੍ਰਣਾਲੀ ਹੈ, ਜਿਸ ਦੇ ਮੂਲ ਸਿਧਾਂਤ ਤੀਵਰ ਗਣਨਾ ਅਤੇ ਲੋਜੀਕਲ ਸੋਚ 'ਤੇ ਅਧਾਰਤ ਹਨ।ਸੈਮੀਨਾਰ ਦੀ ਸ਼ੁਰੂਆਤ ਸ਼੍ਰੀਮਤੀ ਨੀਰੂ ਗਾਂਧੀ ਵੱਲੋਂ ਕੀਤੀ ਗਈ। ਸ਼੍ਰੀਮਤੀ ਨੀਰੂ ਗਾਂਧੀ ਇੱਕ ਅਜਿਹੇ ਸ਼ਖ਼ਸੀਅਤ ਹਨ, ਜਿਨ੍ਹਾਂ ਨੇ ਆਪਣਾ ਸਾਰਾ ਜੀਵਨ ਸਿੱਖਿਆ ਖੇਤਰ ਦੇ ਲੇਖੇ ਲਾਇਆ ਹੈ।ਪੰਜਾਬ ਦੇ ਵੱਖ-ਵੱਖ ਆਈਸੀਐੱਸ ਤੇ ਸੀਬੀਐੱਸਈ ਸਕੂਲਾਂ ਵਿੱਚ ਬਤੌਰ ਪ੍ਰਿੰਸੀਪਲ ਉਹਨਾਂ ਨੇ ਸੇਵਾ ਨਿਭਾਈ ਹੈ, ਜਿਸ ਦੇ ਚੱਲਦਿਆਂ ਲੰਮੇ ਸਮੇਂ ਦੇ ਤਜਰਬੇ ਤੋਂ ਬਾਅਦ ਦਸਮੇਸ਼ ਪਬਲਿਕ ਸਕੂਲ ਫ਼ਰੀਦਕੋਟ ਤੋਂ ਸੇਵਾਮੁਕਤ ਹੋਏ ਸਿੱਖਿਆ ਖੇਤਰ ਵਿੱਚ ਆਪਣਾ ਯੋਗਦਾਨ ਪਾਉਣ ਲਈ ਉਨ੍ਹਾਂ ਵਲੋਂ ਨੀਰੂਜ਼ ਵੈਦਿਕ ਮੈਥਸ ਐਂਡ ਸਪੋਕਨ ਇੰਗਲਿਸ਼ ਨਾਂਅ ਦੀ ਸੰਸਥਾ ਚਲਾਈ ਜਾ ਰਹੀ ਹੈ।ਮੈਡਮ ਨੀਰੂ, ਜਿਨ੍ਹਾਂ ਨੇ ਵੈਦਿਕ ਗਣਿਤ ਦੇ ਮਹੱਤਵ ਤੇ ਇਸਦੇ ਵਿਦਿਆਰਥੀਆਂ ਦੇ ਮਾਨਸਿਕ ਵਿਕਾਸ ਵਿੱਚ ਯੋਗਦਾਨ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਨਾਲ ਹੀ ਨਾਲ ਸ਼੍ਰੀਮਤੀ ਨੀਰੂ ਗਾਂਧੀ ਨੇ ਵਿਦਿਆਰਥੀਆਂ ਨੂੰ ਵੈਦਿਕ ਗਣਿਤ ਦੇ ਕਈ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ, ਜੋ ਗਣਿਤਕ ਸਮੱਸਿਆਵਾਂ ਦਾ ਹੱਲ ਸੌਖਾ ਬਣਾਉਂਦੇ ਹਨ।ਵਿਦਿਆਰਥੀਆਂ ਨੇ ਸੈਮੀਨਾਰ ਵਿੱਚ ਵਧ-ਚੜ੍ਹ ਕੇ ਹਿੱਸਾ ਲਿਆ ਅਤੇ ਵੈਦਿਕ ਗਣਿਤ ਦੇ ਸਿਧਾਂਤਾਂ ਨੂੰ ਸਿੱਖਣ ਲਈ ਉਤਸੁਕਤਾ ਵਿਖਾਈ।ਸੈਮੀਨਾਰ ਨੇ ਵਿਦਿਆਰਥੀਆਂ ਵਿੱਚ ਗਣਿਤ ਲਈ ਰੁਚੀ ਪੈਦਾ ਕੀਤੀ ਤੇ ਉਨ੍ਹਾਂ ਨੂੰ ਇਸ ਵਿਚ ਨਿਪੁੰਨਤਾ ਹਾਸਲ ਕਰਨ ਲਈ ਪ੍ਰੇਰਿਤ ਕੀਤਾ।

ਸਕੂਲ ਮੁਖੀ ਡਾਇਰੈਕਟਰ ਪ੍ਰਿੰਸੀਪਲ ਧਵਨ ਕੁਮਾਰ ਨੇ ਵੀ ਸੈਮੀਨਾਰ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅਜਿਹੇ ਸੈਮੀਨਾਰ ਵਿਦਿਆਰਥੀਆਂ ਦੇ ਸਮੂਹਿਕ ਵਿਕਾਸ ਲਈ ਜਿੱਥੇ ਬਹੁਤ ਲਾਭਕਾਰੀ ਹਨ, ਉੱਥੇ ਅਜਿਹੇ ਢੰਗਾਂ ਨਾਲ ਵਿਦਿਆਰਥੀਆਂ ਅੰਦਰ ਮੈਥ ਵਿਸ਼ੇ ਪ੍ਰਤੀ ਰਚਨਾਤਮਕਤਾ ਪੈਦਾ ਕੀਤੀ ਜਾ ਸਕਦੀ ਹੈ।

4-SEP-PAGE-8.qxd 9/3/2024 10:57 PM Page 1



# ਲੁੱਟਾਂ-ਖੋਹਾਂ ਕਰਨ ਵਾਲੇ 11 ਮੋਟਰਸਾਈਕਲ ਤੇ ਹਥਿਆਰਾਂ ਸਮੇਤ ਕਾਬੂ



**ਫਿਲੌਰ (ਨਿਰਮਲ)**- ਥਾਣਾ ਫਿਲੌਰ ਦੇ ਇੰਸਪੈਕਟਰ ਸੁਖਦੇਵ ਸਿੰਘ ਮੁੱਖ ਅਫ਼ਸਰ ਥਾਣਾ ਫਿਲੌਰ ਵੱਲੋਂ ਚੋਰੀ, ਲੁੱਟਾਂ-ਖੋਹਾਂ ਦੀਆਂ ਵਾਰਦਾਤਾਂ ਕਰਨ ਵਾਲੇ ਗੈਂਗ ਦੇ 9 ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ ਵੱਡੀ ਸਫ਼ਲਤਾ ਹਾਸਲ ਕੀਤੀ ਹੈ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਸਰਵਣ ਸਿੰਘ ਬੱਲ ਉਪ ਪੁਲਸ ਕਪਤਾਨ ਸਬ ਡਵੀਜਨ ਫਿਲੌਰ ਨੇ ਦੱਸਿਆ ਕਿ ਸੀਨੀਅਰ ਪੁਲਸ ਕਪਤਾਨ ਜਲੰਧਰ ਦਿਹਾਤੀ ਵੱਲੋਂ ਚੋਰੀ ਅਤੇ ਲੁੱਟਾਂ ਖੋਹਾਂ ਦੀਆਂ ਵਾਰਦਾਤਾਂ ਕਰਨ ਵਾਲੇ ਵਿਅਕਤੀਆਂ 'ਤੇ ਸ਼ਿਕੰਜਾਂ ਕੱਸਣ ਅਤੇ ਸਖ਼ਤ ਤੋਂ ਸਖ਼ਤ ਕਾਰਵਾਈ ਕਰਨ ਲਈ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ ਇੰਸਪੈਕਟਰ ਸੁਖਦੇਵ ਸਿੰਘ ਮੁੱਖ ਅਫ਼ਸਰ ਥਾਣਾ ਫਿਲੌਰ ਵੱਲੋਂ ਚਲਾਏ ਸ਼ਪੈਸ਼ਲ ਆਪ੍ਰੇਸ਼ਨ ਦੌਰਾਨ ਜ਼ਖ਼ੀਰਾ ਫਿਲੌਰ ਵਿੱਚੋਂ ਲੁੱਟਾਂ-ਖੋਹਾਂ ਦੀਆ ਵਾਰਦਾਤਾਂ ਕਰਨ ਵਾਲੇ ਗੈਂਗ ਦੇ 9 ਮੈਂਬਰਾਂ ਨੂੰ ਘੇਰਾਬੰਦੀ ਕਰਕੇ ਗ੍ਰਿਫ਼ਤਾਰ ਕਰਕੇ ਇਨ੍ਹਾਂ ਦੇ ਕਬਜ਼ੇ 'ਚੋਂ 11 ਮੋਟਰਸਾਈਕਲ ਅਤੇ 9 ਮਾਰੂ ਹਥਿਆਰਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ।ਇਹ 9 ਮੈਂਬਰੀ ਗੈਂਗ ਵੱਲੋਂ ਦਰਖ਼ਤਾਂ ਅਤੇ ਝਾੜੀਆਂ ਦੇ ਸੰਘਣੇ ਝੁੰਡ, ਜ਼ਖ਼ੀਰੇ ਵਿੱਚ ਲੁੱਕਣ ਗਾਹ ਬਣਾਈ ਹੋਈ ਸੀ, ਜੋ ਇਸ 'ਚ ਬੈਠ ਕੇ ਨਸ਼ਾਂ ਕਰਦੇ ਸਨ ਅਤੇ ਜਦੋਂ ਨਸ਼ੇ ਦੀ ਤੋੜ ਲੱਗਦੀ ਸੀ ਤਾਂ ਇਹ ਇਲਾਕਾ ਫਿਲੌਰ, ਨਗਰ, ਅੱਪਰਾ, ਗੁਰਾਇਆ, ਬਿਲਗਾ ਅਤੇ ਲੁਧਿਆਣਾ ਦੇ ਇਲਾਕੇ ਵਿੱਚ ਲੁੱਟ-ਖੋਹ ਅਤੇ ਮੋਟਰਸਾਈਕਲ ਚੋਰੀ ਕਰਕੇ ਅੱਗੇ ਵੇਚ ਦਿੰਦੇ ਸਨ ਅਤੇ ਰਾਹਗੀਰਾਂ ਨੂੰ ਤੇਜ਼ਧਾਰ ਹਥਿਆਰ ਦਿਖਾ ਕੇ ਉਨ੍ਹਾਂ ਪਾਸੋਂ ਨਗਦੀ ਅਤੇ ਗਹਿਣੇ ਖੋਹ ਲੈਂਦੇ ਸਨ। ਬੀਤੇ ਕੱਲ੍ਹ 9 ਮੈਂਬਰੀ ਗੈਂਗ ਵੱਲੋਂ ਜ਼ਖ਼ੀਰੇ ਵਿੱਚ ਬੈਠ ਕੇ ਗੜ੍ਹਾ ਪਿੰਡ ਨੇੜੇ ਨਵਾਂ-ਸ਼ਹਿਰ ਰੋਡ ਪਰ ਪੈਟਰੋਲ ਪੰਪ ਉੱਪਰ ਡਾਕਾ ਮਾਰਨ ਦੀ ਤਿਆਰੀ ਕਰ ਰਹੇ ਸਨ।ਮੁਖ਼ਬਰ ਵੱਲੋਂ ਮੁੱਖ ਅਫ਼ਸਰ ਥਾਣਾ ਇੰਸਪੈਕਟਰ ਸੁਖਦੇਵ ਸਿੰਘ ਨੂੰ ਫੋਨ 'ਤੇ ਆਪਣਾ ਨਾਂਅ ਗੁਪਤ ਰੱਖਣ ਦੀ ਸ਼ਰਤ 'ਤੇ ਸੂਚਨਾ ਦਿੱਤੀ ਸੀ। ਇੰਸਪੈਕਟਰ ਸੁਖਦੇਵ ਸਿੰਘ ਮੁੱਖ ਅਫ਼ਸਰ ਥਾਣਾ ਫਿਲੌਰ ਸਮੇਤ ਵਧੀਕ ਮੁੱਖ ਅਫ਼ਸਰ ਐੱਸ ਆਈ ਨਿਸ਼ਾਨ ਸਿੰਘ ਅਤੇ ਏ ਐੱਸ ਆਈ ਅੰਗਰੇਜ਼ ਸਿੰਘ ਅਤੇ ਹੋਰ ਪੁਲਸ ਕ੍ਰਮਚਾਰੀਆਂ ਸਮੇਤ 2 ਸਰਕਾਰੀ ਗੱਡੀਆ ਤੇ ਇਲਾਕਾ ਦੀ ਗਸ਼ਤ ਦੌਰਾਨ ਤੇਹਿੰਗ ਚੂੰਗੀ ਫਿਲੌਰ ਪਰ ਮੌਜੂਦ ਸੀ ਤਾਂ ਉਕਤ ਇਤਲਾਹ ਮਿਲਣ 'ਤੇ ਫੌਰੀ ਤੌਰ 'ਤੇ ਹਰਕਤ ਵਿੱਚ ਆਉਂਦਿਆਂ ਹੋਇਆਂ, ਜ਼ਖ਼ੀਰੇ 'ਚ ਪਹੁੰਚ ਕੇ ਘੇਰਾਬੰਦੀ ਕਰਕੇ 9 ਮੈਂਬਰਾਂ ਨੂੰ ਮਾਰੂ ਹਥਿਆਰਾਂ ਸਮੇਤ ਕਾਬੂ ਕਰ ਲਿਆ।ਜਿਨ੍ਹਾਂ ਦੇ ਹੱਥਾਂ ਵਿੱਚ ਫੜ੍ਹੇ ਹੋਏ ਤੇਜ਼ਧਾਰ ਦਾਤਰ ਅਤੇ ਕਿਰਪਾਨਾਂ ਨੂੰ ਕਬਜ਼ੇ 'ਚ ਪੁਲਸ ਨੇ ਲਿਆ ਗਿਆ ਅਤੇ ਇਨ੍ਹਾਂ ਦੇ ਕਬਜ਼ੇ ਵਿੱਚੋਂ ਚੋਰੀ ਅਤੇ ਖੋਹੇ ਹੋਏ 7 ਮੋਟਰਸਾਈਕਲ ਬਰਾਮਦ ਕੀਤੇ ਗਏ।ਪੁੱਛਗਿੱਛ ਕਰਕੇ 4 ਹੋਰ ਮੋਟਰਸਾਈਕਲ ਚੋਰੀਸ਼ੁਦਾ ਬਰਾਮਦ ਕੀਤੇ ਗਏ ਹਨ। ਹੁਣ ਤੱਕ ਇਨ੍ਹਾਂ ਪਾਸੋਂ ਕੁੱਲ 11 ਮੋਟਰਸਾਈਕਲ ਵੱਖ-ਵੱਖ ਮਾਰਕਾ ਦੇ ਕੁੱਝ ਬਿਨ੍ਹਾਂ ਨੰਬਰੀ ਅਤੇ ਕੁੱਝ ਨੰਬਰੀ ਬਰਾਮਦ ਹੋਏ ਹਨ।

ਫੜ੍ਹੇ ਗਏ ਮੁਲਜ਼ਮਾਂ ਦੀ ਪਛਾਣ ਲਖਵਿੰਦਰ ਸਿੰਘ ਉਰਫ਼ ਲੱਖਾ ਵਾਸੀ ਚੱਕ ਆਲਾ ਬਖਸ਼ ਜ਼ਿਲ੍ਹਾਂ ਅੰਮ੍ਰਿਤਸਰ ਹਾਲ ਵਾਸੀ ਪੰਜਢੇਰਾ ਫਿਲੌਰ, ਸੁਰਿੰਦਰ ਸਿੰਘ ਉਰਫ਼ ਸੋਨੂੰ ਵਾਸੀ ਚੱਕ ਆਲਾ ਬਖਸ਼ ਜ਼ਿਲ੍ਹਾਂ ਅੰਮ੍ਰਿਤਸਰ ਹਾਲ ਵਾਸੀ ਪੰਜਢੇਰਾ ਫਿਲੌਰ, ਮਹਿੰਦਰ ਕੁਮਾਰ ਉਰਫ਼ ਮੋਨੂੰ ਵਾਸੀ ਗੜ੍ਹਾ, ਰਵੀ ਕੁਮਾਰ ਉਰਫ਼ ਰਵੀ, ਜਸਪ੍ਰੀਤ ਉਰਫ਼ ਜੱਸਾ ਵਾਸੀ ਗੜ੍ਹਾ ਫਿਲੌਰ, ਨੀਰਜ਼ ਕੁਮਾਰ ਉਰਫ਼ ਸਾਬੀ ਵਾਸੀ ਸ਼ੇਰਪੁਰ, ਮੈਥਿਊ ਮਸੀਹ ਉਰਫ਼ ਗੋਨਾ ਵਾਸੀ ਪੰਜਢੇਰਾ ਫਿਲੌਰ, ਤਰਲੋਕ ਕੁਮਾਰ ਉਰਫ਼ ਬੁੰਦੀ ਵਾਸੀ ਨਗਰ ਫਿਲੌਰ, ਪਰਮਜੀਤ ਵਾਸੀ ਮੁਹੱਲਾ ਚੋਧਰੀਆਂ ਫਿਲੌਰ ਦੱਸਿਆ।ਇਨ੍ਹਾਂ ਦੋਸ਼ੀਆਂ ਵਿਰੁੱਧ ਥਾਣਾ ਫਿਲੌਰ ਵਿੱਖੇ ਵੱਖ-ਵੱਖ ਧਾਰਾ ਤਹਿਤ ਕੇਸ ਦਰਜ ਕੀਤਾ ਗਿਆ।

# ਏ ਡੀ ਸੀ ਵਿਰਾਜ ਤਿੜਕੇ ਤੇ ਸੋਨਮ ਚੌਧਰੀ ਵੱਲੋਂ ਕਿਸਾਨਾਂ ਨਾਲ ਮੀਟਿੰਗ



**ਮੋਹਾਲੀ, (ਗੁਰਜੀਤ ਬਿੱਲਾ)** ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਵਿਰਾਜ ਤਿੜਕੇ ਅਤੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੋਨਮ ਚੌਧਰੀ ਵੱਲੋਂ ਜ਼ਿਲ੍ਹੇ ਵਿੱਚ ਸਾਲ 2024-25 ਦੌਰਾਨ ਸੀ ਆਰ ਐੱਮ ਸਕੀਮ ਅਧੀਨ ਝੋਨੇ ਦੀ ਪਰਾਲੀ ਨੂੰ ਬਿਨ੍ਹਾਂ ਅੱਗ ਲਗਾਏ ਸੁਚੱਜੇ ਪ੍ਰਬੰਧਨ ਲਈ ਸਬੰਧਤ ਵਿਭਾਗਾਂ ਅਤੇ ਕਿਸਾਨਾਂ ਨਾਲ ਮੀਟਿੰਗ ਕੀਤੀ।ਉਹਨਾਂ ਨੇ ਖੇਤੀਬਾੜੀ, ਸਹਿਕਾਰਤਾ ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪਿਛਲੇ ਸਾਲਾਂ ਦੌਰਾਨ ਜਿਨ੍ਹਾਂ ਪਿੰਡਾਂ ਵਿੱਚ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਵੇਖਣ ਵਿੱਚ ਆਈਆਂ ਹਨ, ਉਹਨਾਂ ਪਿੰਡਾਂ ਵਿੱਚ ਪੁਲਿਸ ਵਿਭਾਗ ਦੀ ਸ਼ਮੂਲੀਅਤ ਨਾਲ ਜਾਗਰੂਕਤਾ ਮੁਹਿੰਮ ਚਲਾਉਣ ਨੂੰ ਯਕੀਨੀ ਬਣਾਇਆ ਜਾਵੇ।ਉਹਨਾਂ ਨੇ ਆਦੇਸ਼ ਦਿੱਤੇ ਕਿ ਆਲੂ, ਮਟਰ ਅਤੇ ਹੋਰ ਸਬਜੀਆਂ ਦੀ ਕਾਸ਼ਤ ਕਰਨ ਵਾਲੇ ਪਿੰਡਾਂ ਦੀ ਸ਼ਨਾਖਤ ਕੀਤੀ ਜਾਵੇ ਤਾਂ ਜੋ ਪੁਲਸ, ਫਾਇਰ ਬ੍ਰਿਗੇਡ ਦਾ ਪ੍ਰਬੰਧ ਅਤੇ ਆਈ ਈ ਸੀ ਗਤੀਵਿਧੀਆਂ ਨੂੰ ਸਮੇਂ ਸਿਰ ਲਾਗੂ ਕੀਤਾ ਜਾ ਸਕੇ।ਪਰਾਲੀ ਦੀਆਂ ਗੰਢਾਂ ਬਣਾਉਣ ਉਪਰੰਤ ਆਵਾਜਾਈ ਦੌਰਾਨ ਬਿਜਲੀ ਦੀਆਂ ਤਾਰਾਂ ਕਾਰਨ ਹੁੰਦੀ ਸਪਾਰਕਿੰਗ ਨੂੰ ਰੋਕਣ ਲਈ ਲੋੜੀਂਦੀ ਉਚਾਈ ਯਕੀਨੀ ਬਣਾਉਣ ਹਿੱਤ ਬਿਜਲੀ ਵਿਭਾਗ ਨੂੰ ਹੁਕਮ ਕੀਤੇ। ਉਹਨਾਂ ਨੇ ਜ਼ਿਲ੍ਹੇ ਵਿੱਚ ਉਪਲੱਬਧ ਅਤੇ ਨਵੀਂ ਖਰੀਦੀ ਜਾ ਰਹੀ ਮਸ਼ੀਨਰੀ ਦੀ ਲੋੜਵੰਦ ਕਿਸਾਨਾਂ ਨਾਲ ਮੈਪਿੰਗ ਕਰਨ ਲਈ ਕਿਹਾ। ਪਰਾਲੀ ਦੀਆਂ ਗੰਢਾਂ ਦੀ ਸਟੋਰੇਜ ਲਈ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ, ਪੀ ਪੀ ਸੀ ਬੀ, ਇੰਡਸਟਰੀ ਅਤੇ ਬੇਲਰ ਮਾਲਕਾਂ ਦੀ ਸਾਂਝੀ ਕਮੇਟੀ ਰਾਹੀ ਉਚਿਤ ਥਾਂ ਦੀ ਪਹਿਚਾਣ ਕਰਕੇ ਸਮੇਂ ਸਿਰ ਰਿਪੋਰਟ ਕਰਨ ਲਈ ਹਦਾਇਤ ਕੀਤੀ ਗਈ।

# ਭਾਜਪਾ ਵਲੋਂ ਨੰਗਲ ਵਿਖੇ ਮੈਂਬਰਸ਼ਿਪ ਲਈ ਜਾਗਰੂਕਤਾ ਅਭਿਆਨ



**ਭਲਾਣ (ਹਰਭਜਨ ਢਿੱਲੋਂ)**- ਭਾਰਤੀ ਜਨਤਾ ਪਾਰਟੀ ਦੇ ਸੰਸਦੀ ਬੋਰਡ ਅਤੇ ਮੁੱਖ ਚੋਣ ਕਮੇਟੀ ਦੇ ਮੈਂਬਰ ਇਕਬਾਲ ਸਿੰਘ ਲਾਲਪੁਰਾ ਨੇ ਮੰਗਲਵਾਰ ਨੰਗਲ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਭਾਜਪਾ ਦੀ ਮੈਂਬਰਸ਼ਿਪ ਮੁਹਿੰਮ ਨੂੰ ਤੇਜ਼ੀ ਨਾਲ ਅੱਗੇ ਵਧਾਉਣ ਲਈ ਵਿਸ਼ੇਸ਼ ਪਹਿਲ ਕੀਤੀ। ਇਹ ਮੁਹਿੰਮ ਵਿਲੱਖਣ ਸੀ ਕਿਉਂਕਿ ਇਕਬਾਲ ਸਿੰਘ ਲਾਲਪੁਰਾ ਨੇ ਆਪਣੇ ਨਿੱਜੀ ਹੈਲੀਕਾਪਟਰ ਨਾਲ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ। ਇਸ ਮੌਕੇ ਜ਼ਿਲ੍ਹਾ ਭਾਜਪਾ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਅਤੇ ਉਨ੍ਹਾਂ ਦੀ ਟੀਮ ਨੇ ਇਕਬਾਲ ਸਿੰਘ ਲਾਲਪੁਰਾ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ। ਨੰਗਲ ਵਿੱਚ ਇਕ ਵਿਸ਼ਾਲ ਜਨਸਭਾ ਨੂੰ ਸੰਬੋਧਨ ਕਰਦੇ ਹੋਏ ਲਾਲਪੁਰਾ ਨੇ ਕਿਹਾ ਕਿ ਭਾਜਪਾ ਅੱਜ ਦੁਨੀਆ ਦੀ ਸਭ ਤੋਂ ਵੱਡੀ ਸਿਆਸੀ ਪਾਰਟੀ ਹੈ ਅਤੇ ਇਸ ਦੀ ਮੈਂਬਰਸ਼ਿਪ ਮੁਹਿੰਮ ਸਾਰਿਆਂ ਲਈ ਖੁੱਲ੍ਹੀ ਹੈ। ਉਨ੍ਹਾਂ ਨੇ ਨੰਗਲ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ 8800002024 'ਤੇ ਮਿਸਡ ਕਾਲ ਕਰਕੇ ਭਾਜਪਾ ਦੀ ਮੈਂਬਰਸ਼ਿਪ ਲੈਣ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਗੁਰੂਆਂ ਦੀ ਪਵਿੱਤਰ ਧਰਤੀ ਹੈ, ਜਿਥੇ ਗੁਰੂ ਗੋਬਿੰਦ ਸਿੰਘ ਜੀ ਨੇ ਪੰਥ ਲਈ ਆਪਣੇ ਸਾਹਿਬਜ਼ਾਦੇ ਕੁਰਬਾਨ ਕਰ ਦਿੱਤੇ ਸਨ। ਪਰ ਇਹ ਦੁੱਖ ਅਤੇ ਸ਼ਰਮ ਦੀ ਗੱਲ ਹੈ ਕਿ ਅੱਜ ਪੰਜਾਬ ਵਿੱਚ ਗੁਰੂ ਸਾਹਿਬ ਦੀ ਬੇਅਦਬੀ ਦੇ ਮਾਮਲੇ ਵਾਪਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਵਿਕਾਸ ਅਤੇ ਸਨਮਾਨ ਦੀ ਆਵਾਜ਼ ਬੁਲੰਦ ਹੋਣੀ ਚਾਹੀਦੀ ਹੈ ਅਤੇ ਇਸ ਲਈ ਭਾਜਪਾ ਨੂੰ ਮਜ਼ਬੂਤ ਬਣਾਉਣਾ ਬਹੁਤ ਜ਼ਰੂਰੀ ਹੈ। ਲਾਲਪੁਰਾ ਨੇ ਮੋਦੀ ਸਰਕਾਰ ਦੀਆਂ ਕਿਸਾਨ-ਸਮਰਪਿਤ ਯੋਜਨਾਵਾਂ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਕਿਸਾਨ ਸਨਮਾਨ ਨਿਧੀ ਅਤੇ ਹੋਰ ਯੋਜਨਾਵਾਂ ਰਾਹੀਂ ਕੇਂਦਰ ਸਰਕਾਰ ਨੇ ਕਿਸਾਨਾਂ ਦੀ ਜ਼ਿੰਦਗੀ ਦਾ ਮਿਆਰ ਉੱਚਾ ਚੁਕਣ ਦਾ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਦੀਆਂ ਨੀਤੀਆਂ ਅਤੇ ਯੋਜਨਾਵਾਂ ਸਿਰਫ ਕਿਸਾਨਾਂ ਲਈ ਹੀ ਨਹੀਂ, ਸਗੋਂ ਹਰ ਵਰਗ ਦੇ ਲੋਕਾਂ ਲਈ ਲਾਹੇਵੰਦ ਸਾਬਤ ਹੋ ਰਹੀਆਂ ਹਨ। ਅਜੈਵੀਰ ਸਿੰਘ ਨੇ ਐਨ.ਸੀ.ਐਮ. ਚੇਅਰਮੈਨ ਇਕਬਾਲ ਸਿੰਘ ਲਾਲਪੁਰਾ ਦਾ ਵਿਸ਼ੇਸ਼ ਧੰਨਵਾਦ ਕੀਤਾ ਅਤੇ ਕਿਹਾ ਕਿ ਜਦੋਂ ਵੀ ਉਨ੍ਹਾਂ ਨੇ ਆਪਣੇ ਜ਼ਿਲ੍ਹੇ ਦੇ ਲੋਕਾਂ ਦੇ ਕੰਮਾਂ ਲਈ ਲਾਲਪੁਰਾ ਨਾਲ ਸੰਪਰਕ ਕੀਤਾ, ਤਾਂ ਉਨ੍ਹਾਂ ਨੇ ਹਰੇਕ ਸਮੱਸਿਆ ਨੂੰ ਗੰਭੀਰਤਾ ਨਾਲ ਲਿਆ ਅਤੇ ਉਸ ਨੂੰ ਜਲਦੀ ਹੱਲ ਕਰਵਾਇਆ। ਅਜੈਵੀਰ ਸਿੰਘ ਨੇ ਦੱਸਿਆ ਕਿ ਇਕਬਾਲ ਸਿੰਘ ਲਾਲਪੁਰਾ ਦੇ ਯਤਨਾਂ ਦੇ ਕਾਰਨ ਹੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਰੇਲ ਮੰਤਰੀ ਨੇ ਰੋਪੜ ਜ਼ਿਲ੍ਹੇ ਦੇ ਤਿੰਨ ਰੇਲਵੇ ਸਟੇਸ਼ਨਾਂ ਦੇ ਅੱਪਗਰੇਡ ਲਈ ਲੋੜੀਂਦੇ ਕਦਮ ਚੁੱਕੇ ਹਨ। ਅਜੈਵੀਰ ਸਿੰਘ ਨੇ ਕਿਹਾ ਕਿ ਮੋਦੀ ਸਰਕਾਰ ਨੇ ਦੇਸ਼ ਦੇ ਲੋਕਾਂ ਲਈ 225 ਤੋਂ ਵੱਧ ਯੋਜਨਾਵਾਂ ਦੀ ਸ਼ੁਰੂਆਤ ਕੀਤੀ ਹੈ।

# 5 ਚੋਰੀਸ਼ੁਦਾ ਮੋਟਰਸਾਈਕਲਾਂ ਸਮੇਤ 2 ਨੌਜਵਾਨ ਗ੍ਰਿਫ਼ਤਾਰ



**ਫਗਵਾੜਾ (ਡਾ ਰਮਨ)**-ਵਤਸਲਾ ਗੁਪਤਾ ਸੀਨੀਅਰ ਪੁਲਸ ਕਪਤਾਨ ਕਪੂਰਥਲਾ ਦੇ ਦਿਸ਼ਾ ਨਿਰਦੇਸ਼ਾ ਤਹਿਤ ਰੁਪਿੰਦਰ ਕੌਰ ਭੱਟੀ ਪੁਲਸ ਕਪਤਾਨ ਫਗਵਾੜਾ ਅਤੇ ਜਸਪ੍ਰੀਤ ਸਿੰਘ ਉਪ ਪੁਲਸ ਕਪਤਾਨ ਸਬ ਡਵੀਜ਼ਨ ਫਗਵਾੜਾ ਦੀ ਯੋਗ ਅਗਵਾਈ ਵਿੱਚ ਇੰਸਪੈਕਟਰ ਜਤਿੰਦਰ ਕੁਮਾਰ ਮੁੱਖ ਅਫਸਰ ਥਾਣਾ ਸਿਟੀ ਫਗਵਾੜਾ ਵਲੋ ਮਾੜੇ ਅਨਸਰਾ, ਲੁੱਟਾਂ ਖੋਹਾਂ/ਚੋਰੀਆਂ ਕਰਨ ਵਾਲੇ ਵਿਅਕਤੀਆਂ ਦੇ ਖਿਲਾਫ ਸਪੈਸ਼ਲ ਮੁਹਿੰਮ ਚਲਾਈ ਗਈ ਹੈ। ਚੋਰੀਆਂ ਕਰਨ ਵਾਲੇ ਵਿਅਕਤੀਆਂ ਦੇ ਖਿਲਾਫ ਵਿੱਢੀ ਗਈ ਸਪੈਸ਼ਲ ਮੁਹਿੰਮ ਅਧੀਨ 02 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਹਨਾਂ ਪਾਸੇ 05 ਚੋਰੀ ਦੇ ਮੋਟਰ ਸਾਈਕਲ ਤੇ ਹੋਰ ਮੋਟਰ ਸਾਈਕਲਾਂ ਦੇ ਖੁੱਲ੍ਹੇ ਹੋਏ ਪਾਰਟਸ ਬਰਾਮਦ ਕੀਤੇ ਗਏ ਹਨ। ਮੁੱਕਦਮਾ ਨੰਬਰ 197 ਮਿਤੀ 01.08.2024 ਅ /ਧ 303(2), 317 (2) ਬੀ ਐੱਨ ਐੱਸ ਥਾਣਾ ਸਿਟੀ ਫਗਵਾੜਾ ਜ਼ਿਲ੍ਹਾ ਕਪੂਰਥਲਾ ਜੋ ਏ ਐਸ ਆਈ ਬਲਵਿੰਦਰ ਸਿੰਘ ਨੰਬਰ 184/ਕਪੂ ਨੇ ਵਰਜ ਰਜਿਸਟਰ ਕਰਵਾਇਆ ਕਿ ਉਹ ਸਮੇਤ ਪੁਲਸ ਪਾਰਟੀ ਹੁਸ਼ਿਆਰਪੁਰ ਰੋਡ ਸਾਹਮਣੇ ਦਾਣਾ ਮੰਡੀ ਫਗਵਾੜਾ ਮੌਜੂਦ ਸੀ ਕਿ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਜਸਪ੍ਰੀਤ ਸਿੰਘ ਪੁੱਤਰ ਰਾਜਾ ਸਿੰਘ ਵਾਸੀ ਭਰੋਲੀ ਥਾਣਾ ਬਹਿਰਾਮ ਜਿਲਾ ਸ਼ਹੀਦ ਭਗਤ ਸਿੰਘ ਨਗਰ ਅਤੇ ਗਿਆਨੀ ਪੁੱਤਰ ਵੀਰੂ ਰਾਮ ਵਾਸੀ ਪਿੰਡ ਬੀੜ ਢੰਡੋਲ ਥਾਣਾ ਰਾਵਲਪਿੰਡੀ ਜ਼ਿਲਾ ਕਪੂਰਥਲਾ ਜੋ ਮੋਟਰਸਾਈਕਲ ਚੋਰੀਆਂ ਕਰਨ ਦੇ ਆਦੀ ਹਨ ਤੇ ਅੱਜ ਵੀ ਬਿਨਾਂ ਨੰਬਰੀ ਮੋਟਰਸਾਈਕਲ ਸਪਲੈਂਡਰ ਹੁਸ਼ਿਆਰਪੁਰ ਰੋਡ ਵੱਲ ਨੂੰ ਆ ਰਹੇ ਹਨ ਜਿਸ ਤੇ ਮੁਖਬਰ ਖਾਸ ਦੀ ਇਤਲਾਹ ਤੇ ਮੁੱਕਦਮਾ ਦਰਜ ਰਜਿਸਟਰ ਕਰਕੇ ਦੌਰਾਨੇ ਨਾਕਾਬੰਦੀ ਜਸਪ੍ਰੀਤ ਸਿੰਘ ਅਤੇ ਗਿਆਨੀ ਉਕਤ ਨੂੰ ਹਸਬ ਜ਼ਾਬਤਾ ਗ੍ਰਿਫਤਾਰ ਕੀਤਾ ਗਿਆ ਅਤੇ ਇਨ੍ਹਾਂ ਪਾਸੋ 05 ਚੋਰੀ ਦੇ ਮੋਟਰਸਾਈਕਲ ਸਮੇਤ ਖੁੱਲ੍ਹੇ ਹੋਏ ਮੋਟਰ ਸਾਈਕਲਾ ਦੇ ਸਪੇਅਰ ਪਾਰਟ ਬਰਾਮਦ ਕੀਤੇ ਗਏ ਹਨ। ਦੋਸ਼ੀਆਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ ਦੋਸ਼ੀਆਨ ਉਕਤਾਨ ਪਾਸੋਂ ਹੋਰ ਕੀਤੀਆਂ ਚੋਰੀਆਂ ਸਬੰਧੀ ਕਈ ਖੁਲਾਸੇ ਹੋਣ ਦੀ ਸੰਭਾਵਨਾ ਹੈ

# ਰਾਮਗੜ੍ਹੀਆ ਸਿੱਖ ਆਰਗੇਨਾਈਜ਼ੇਸ਼ਨ ਦੀ ਅਹਿਮ ਮੀਟਿੰਗ



**ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ)**- ਰਾਮਗੜ੍ਹੀਆ ਸਿੱਖ ਆਰਗੇਨਾਈਜ਼ੇਸ਼ਨ ਇੰਡੀਆ ਦੀ ਇੱਕ ਅਹਿਮ ਮੀਟਿੰਗ ਧੂਰੀ ਜ਼ਿਲ੍ਹਾ ਸੰਗਰੂਰ ਵਿਖੇ ਹਰਦੀਪ ਸਿੰਘ ਨੰਦੜਾ, ਬੀ ਕੇ ਕਲਸੀ, ਬਲਜੀਤ ਸਿੰਘ ਬਾਂਸਲ ਦੀ ਅਗਵਾਈ ਹੇਠ ਹੋਈ। ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਹਰਦੇਵ ਸਿੰਘ ਕੌਂਸਲ ਪ੍ਰਧਾਨ ਇੰਡੀਆ, ਇੰਦਰਜੀਤ ਸਿੰਘ ਬੱਬੂ ਪੋਤਰਾ ਸਾਬਕਾ ਰਾਸ਼ਟਰਪਤੀ ਗਿਆਨੀ ਜ਼ੈਲ ਸਿੰਘ, ਅਮਰਜੀਤ ਸਿੰਘ ਆਸੀ ਚੇਅਰਮੈਨ ਪੰਜਾਬ, ਜਸਵੰਤ ਸਿੰਘ ਭੋਗਲ ਸੀਨੀਅਰ ਵਾਈਸ ਚੇਅਰਮੈਨ ਪੰਜਾਬ, ਗੁਰਬਿੰਦਰ ਸਿੰਘ ਪਲਾਹਾ ਪ੍ਰੈੱਸ ਸਕੱਤਰ ਇੰਡੀਆ, ਹਰਮਿੰਦਰ ਸਿੰਘ ਭੱਚੂ ਪ੍ਰਧਾਨ ਹੁਸ਼ਿਆਰਪੁਰ ਸ਼ਹਿਰੀ ਨੇ ਸ਼ਿਰਕਤ ਕੀਤੀ । ਇਸ ਮੌਕੇ ਆਪਣੇ ਸੰਬੋਧਨ ਵਿੱਚ ਹਰਦੇਵ ਸਿੰਘ ਕੌਂਸਲ ਪ੍ਰਧਾਨ ਇੰਡੀਆ ਨੇ ਕਿਹਾ ਕਿ ਰਾਮਗੜ੍ਹੀਆ ਕੌਮ ਨੇ ਸਿੱਖ ਪੰਥ ਦੀ ਚੜ੍ਹਦੀਕਲਾ ਲਈ ਆਪਣਾ ਮਹਾਨ ਯੋਗਦਾਨ ਅਤੇ ਕੁਰਬਾਨੀਆਂ ਨਾਲ ਰਾਮਗੜ੍ਹੀਆ ਕੌਮ ਨੇ ਮਹਾਨ ਇਤਿਹਾਸ ਕਾਇਮ ਕੀਤਾ ਹੈ । ਹੁਣ ਸਮਾਂ ਆ ਗਿਆ ਹੈ ਕਿ ਸਮੁੱਚੀ ਰਾਮਗੜ੍ਹੀਆ ਕੌਮ ਇੱਕ ਪਲੇਟਫਾਰਮ 'ਤੇ ਇਕੱਤਰ ਹੋ ਕੇ ਇਕਮੁੱਠਤਾ ਦਾ ਸਬੂਤ ਦੇਵੇ। ਇਸ ਲਈ ਰਾਮਗੜ੍ਹੀਆ ਸਿੱਖ ਆਰਗੇਨਾਈਜ਼ੇਸ਼ਨ ਨੇ ਬੀੜਾ ਚੁੱਕਿਆ ਹੈ। ਇਸ ਕੜੀ ਵਿੱਚ ਅੱਜ ਜ਼ਿਲ੍ਹਾ ਸੰਗਰੂਰ ਦੇ ਧੂਰੀ ਯੂਨਿਟ ਦੀ ਸਥਾਪਨਾ ਕੀਤੀ ਗਈ। ਇਸ ਮੌਕੇ ਜਗਜੀਤ ਸਿੰਘ ਪਨੇਸਰ ਵਾਈਸ ਚੇਅਰਮੈਨ ਇੰਡੀਆ, ਜਗਸੀਰ ਸਿੰਘ ਧੀਮਾਨ ਜਨਰਲ਼ ਸਕੱਤਰ ਇੰਡੀਆ, ਹਰਦੀਪ ਸਿੰਘ ਸੀ. ਵਾਈਸ ਚੇਅਰਮੈਨ ਪੰਜਾਬ, ਬੀ ਕੇ ਕਲਸੀ ਮੀਤ ਪ੍ਰਧਾਨ ਪੰਜਾਬ, ਜਸਵੀਰ ਸਿੰਘ ਜ਼ਿਲ੍ਹਾ ਪ੍ਰਧਾਨ ਤੇ ਕੁਲਵਿੰਦਰ ਸਿੰਘ ਸ਼ਹਿਰੀ ਪ੍ਰਧਾਨ ਧੂਰੀ ਚੁਣੇ ਗਏ। ਇੰਦਰਜੀਤ ਸਿੰਘ ਬੱਬੂ ਨੇ ਕਿਹਾ ਕਿ ਭਾਰਤ ਵਿੱਚ ਆਈਆਂ ਹੁਣ ਤੱਕ ਦੀਆਂ ਸਾਰੀਆਂ ਸਰਕਾਰਾਂ ਨੇ ਰਾਮਗੜ੍ਹੀਆ ਭਾਈਚਾਰੇ ਨੂੰ ਆਪਣੇ ਸੌੜੇ ਹਿੱਤਾਂ ਲਈ ਰੱਜ ਕੇ ਵਰਤਿਆ ਹੈ ਪਰ ਸਮੁੱਚੇ ਤੌਰ 'ਤੇ ਇਸ ਭਾਈਚਾਰੇ ਦੇ ਭਵਿੱਖ ਲਈ ਕੋਈ ਸਾਰਥਕ ਯਤਨ ਨਹੀਂ ਕੀਤੇ। ਇਸ ਲਈ ਅਗਲੀ ਪੀੜ੍ਹੀ ਦਾ ਭਵਿੱਖ ਸੁਰੱਖਿਅਤ ਕਰਨ ਲਈ ਹੁਣ ਇਕਮੁੱਠ ਹੋਣਾ ਸਮੇਂ ਦੀ ਵੱਡੀ ਲੋੜ ਹੈ।

# ਮਾਈਕਰੋ ਫਾਇਨਾਂਸ ਕੰਪਨੀਆਂ ਨੇ ਮਜ਼ਦੂਰ ਵਰਗ ਨੂੰ ਆਪਣੇ ਲੋਟੂ ਚੁੰਗਲ 'ਚ ਫਸਾਇਆ : ਸਵਿਤਾ



**ਬੰਗਾ (ਅਵਤਾਰ ਕਲੇਰ)** ਜਨਵਾਦੀ ਇਸਤਰੀ ਸਭਾ (ਐਡਵਾ) ਪੰਜਾਬ ਦੀ ਸੁਬਾਈ ਮੀਟਿੰਗ ਜਥੇਬੰਦੀ ਦੇ ਦਫਤਰ ਵਿਖੇ ਸੂਬਾ ਪ੍ਰਧਾਨ ਆਸ਼ਾ ਰਾਣਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਕੇਂਦਰੀ ਕਮੇਟੀ ਦੇ ਮੈਂਬਰ ਕਾਮਰੇਡ ਸਵਿਤਾ ਹਾਜ਼ਰ ਹੋਏ। ਮੀਟਿੰਗ ਬਾਰੇ ਜਾਣਕਾਰੀ ਦਿੰਦਿਆਂ ਸੂਬਾ ਸਕੱਤਰ ਹਰਪ੍ਰੀਤ ਕੌਰ ਝਬਾਲ ਨੇ ਦੱਸਿਆ ਕਿ ਕਾਮਰੇਡ ਸਵਿਤਾ ਕੌਮੀ ਆਗੂ ਵਿਸ਼ੇਸ਼ ਤੌਰ ਤੇ ਕੇਂਦਰੀ ਕਮੇਟੀ ਦੇ ਫੈਸਲਿਆਂ ਬਾਰੇ ਜਾਣਕਾਰੀ ਦੇਣ ਲਈ ਮੀਟਿੰਗ ਵਿੱਚ ਸ਼ਾਮਲ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਮਰੇਡ ਸਵਿਤਾ ਨੇ ਕਿਹਾ ਕਿ ਇਹ ਫਾਇਨਾਂਸ ਕੰਪਨੀਆਂ ਵੱਧ ਵਿਆਜ ਦਰ ਉਤੇ ਗਰੀਬ ਪਰਵਾਰਾਂ ਨੂੰ ਕਰਜ਼ਾ ਦੇ ਕੇ ਤਰਸ ਦੇ ਆਧਾਰ 'ਤੇ ਉਨ੍ਹਾਂ ਦਾ ਸ਼ੋਸ਼ਣ ਕਰ ਰਹੀਆਂ ਹਨ, ਉਨ੍ਹਾਂ ਨੇ ਕਿਹਾ ਕਿ ਔਰਤਾਂ ਦੀ ਸੁਰੱਖਿਆ ਲਈ ਕਾਨੂੰਨ ਬਣਾਏ ਜਾਣੇ ਚਾਹੀਦੇ ਹਨ। ਉਹਨਾਂ ਆਖਿਆ ਕਿ ਦੇਸ਼ ਵਿੱਚ ਔਰਤਾਂ ਨਾਲ ਖਾਸ ਕਰਕੇ ਦਲਿਤ ਔਰਤਾਂ ਨਾਲ ਸਮੂਹਿਕ ਬਲਾਤਕਾਰ ਕਰਨ ਬਾਅਦ ਉਹਨਾਂ ਦੇ ਕਤਲ ਕੀਤੇ ਜਾ ਰਹੇ ਹਨ। ਉਹਨਾਂ ਕਿਹਾ ਕਿ ਭਾਰਤੀ ਸਮਾਜ ਵਿੱਚ ਔਰਤਾਂ ਦੀ ਇੱਜਤ ਆਬਰੂ ਸੁਰੱਖਿਅਤ ਨਹੀਂ ਹੈ। ਹੁਣੇ ਹੁਣੇ ਕਲਕੱਤਾ ਵਿੱਚ ਟ੍ਰੇਨਿੰਗ ਡਾਕਟਰ ਨਾਲ ਬਲਾਤਕਾਰ ਤੋਂ ਬਾਅਦ ਉਸਦੇ ਕਤਲ ਦਾ ਪੂਰੇ ਭਾਰਤ ਵਿੱਚ ਰੋਸ ਪ੍ਰਦਰਸ਼ਨ ਹੋਏ ਹਨ । ਸਮੁੱਚੇ ਆਗੂਆਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਔਰਤਾਂ ਦੀ ਸੁਰੱਖਿਆ ਤੇ ਇੱਜਤ ਆਬਰੂ ਇਸਤਰੀਆਂ ਦੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਕੀਤਾ ਜਾਵੇਗਾ।

ਮੀਟਿੰਗ ਵਿੱਚ ਡਾ ਕੰਵਲਜੀਤ ਕੌਰ, ਸੁਭਾਸ਼ ਮੱਟੂ, ਕ੍ਰਿਸ਼ਨਾ ਕੁਮਾਰੀ, ਸੁਨੀਤਾ ਤਲਵੰਡੀ, ਪ੍ਰੇਮ ਲਤਾ, ਸਰਬਜੀਤ ਕੌਰ ਅਤੇ ਪੂਨਮ ਗੁਰਾਇਆ ਤੇ ਹੋਰ ਹਾਜ਼ਰ ਸਨ।

# ਹਰਕਮਲਜੀਤ ਸਿੰਘ ਰਾਮੇਵਾਲ ਨੇ ਗਊਸ਼ਾਲਾ ਨੂੰ ਹਮੇਸ਼ਾ ਸਹਿਯੋਗ ਦੇਣ ਦਾ ਕੀਤਾ ਵਾਅਦਾ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**-ਬੀਤੇ ਦਿਨੀਂ ਐਨ ਆਰ ਆਈ ਅਤੇ ਯੂ ਐਸ ਏ ਨਿਵਾਸੀ ਹਰਕਮਲਜੀਤ ਸਿੰਘ ਲਾਡੀ ਰਾਮੇਵਾਲ ਅਤੇ ਉਹਨਾਂ ਦੇ ਪਿਤਾ ਜਗਦੀਸ਼ ਸਿੰਘ ਰਾਮੇਵਾਲ ਸਰਪੰਚ ਰਾਮੇਵਾਲ ਨੇ ਮੰਦਿਰ ਸ੍ਰੀ ਬਾਬਾ ਭੂਤਨਾਥ ਅਤੇ ਭੂਤਨਾਥ ਗਊਸ਼ਾਲਾ ਨੂਰਮਹਿਲ ਦਾ ਦੌਰਾ ਕੀਤਾ। ਇਸ ਮੌਕੇ ਕਮੇਟੀ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਉਹਨਾਂ ਦਾ ਭਰਵਾਂ ਸਵਾਗਤ ਅਤੇ ਸਨਮਾਨ ਵੀ ਕੀਤਾ ਗਿਆ। ਇਸ ਤੋਂ ਬਾਅਦ ਕਮੇਟੀ ਦੇ ਪੀ.ਆਰ.ਓ. ਰਜਿੰਦਰ ਕਾਲੜਾ ਨੇ ਉਹਨਾਂ ਦਾ ਸਵਾਗਤ ਕਰਦਿਆਂ ਗਊਸ਼ਾਲਾ ਨੂੰ ਦਰਪੇਸ਼ ਸਮੱਸਿਆਵਾਂ ਅਤੇ ਚੁਣੌਤੀਆਂ ਬਾਰੇ ਜਾਣੂ ਕਰਵਾਇਆ। ਜਗਦੀਸ਼ ਸਿੰਘ ਰਾਮੇਵਾਲ ਅਤੇ ਉਨ੍ਹਾਂ ਦੇ ਸਪੁੱਤਰ ਹਰਕਮਵਲਜੀਤ ਸਿੰਘ ਰਾਮੇਵਾਲ ਵੱਲੋਂ ਇਸ ਮੌਕੇ ਗਊਸ਼ਾਲਾ ਦੀ ਸਹਾਇਤਾ ਲਈ 11000 ਦਾ ਸਹਿਯੋਗ ਮੰਦਿਰ ਕਮੇਟੀ ਨੂੰ ਦਿੱਤਾ ਗਿਆ। ਇਸ ਤੋਂ ਇਲਾਵਾ ਹਰਕਮਲਜੀਤ ਸਿੰਘ ਰਾਮੇਵਾਲ ਨੇ ਆਪਣਾ ਵਾਅਦਾ ਦੁਹਰਾਉਂਦਿਆਂ ਕਿਹਾ ਕਿ ਉਹ ਆਉਣ ਵਾਲੇ ਸਮੇਂ ਵਿੱਚ ਵੀ ਹਮੇਸ਼ਾ ਗਊਸ਼ਾਲਾ ਦੀ ਇਸੇ ਹੀ ਤਰ੍ਹਾਂ ਮਦਦ ਕਰਦੇ ਰਹਿਣਗੇ ਅਤੇ ਉਨ੍ਹਾਂ ਦੇ ਗਊਆਂ ਦੇ ਤੂੜੀ ਚਾਰੇ ਦੀ ਸਹਾਇਤਾ ਕਰਨ ਲਈ ਵੀ ਵਾਅਦਾ ਕੀਤਾ। ਜ਼ਿਕਰਯੋਗ ਹੈ ਕਿ ਰਾਮੇਵਾਲ ਪਰਿਵਾਰ ਵੱਲੋਂ ਬੀਤੇ ਦਿਨੀਂ ਗਊਸ਼ਾਲਾ ਲਈ 54000 ਰੁਪਏ ਦੀ ਵੱਡੀ ਮਾਲੀ ਸਹਾਇਤਾ ਦਾਨ ਵਜੋਂ ਦਿੱਤੀ ਗਈ ਸੀ। ਇਸ ਮੌਕੇ ਕਮੇਟੀ ਦੇ ਪ੍ਰਧਾਨ ਰਾਜ ਕੁਮਾਰ ਮੈਹਨ, ਅਹੁਦੇਦਾਰਾਂ ਅਤੇ ਮੈਂਬਰਾਂ ਨੇ ਰਾਮੇਵਾਲ ਪਰਵਾਰ ਦਾ ਧੰਨਵਾਦ ਕਰਦਿਆਂ ਹੋਰ ਗਊ ਭਗਤਾਂ ਨੂੰ ਵੀ ਅਪੀਲ ਕੀਤੀ ਕਿ ਉਹ ਬਾਬਾ ਭੂਤਨਾਥ ਗਊਸ਼ਾਲਾ ਨੂਰਮਹਿਲ ਲਈ ਆਪਣੀ ਨੇਕ ਕਮਾਈ ਵਿੱਚੋਂ ਵੱਧ ਤੋਂ ਵੱਧ ਦਾਨ ਕਰਕੇ ਕਮੇਟੀ ਨੂੰ ਸਹਿਯੋਗ ਦੇਣ ਤਾਂ ਜੋ ਗਊਸ਼ਾਲਾ ਵਿੱਚ 350 ਗਊਆਂ ਦੀ ਦੇਖ-ਰੇਖ ਅਤੇ ਸਾਂਭ ਸੰਭਾਲ ਚੰਗੇ ਤਰੀਕੇ ਨਾਲ ਕੀਤੀ ਜਾ ਸਕੇ। ਇਸ ਮੌਕੇ ਕ੍ਰਿਸ਼ਨ ਕੁਮਾਰ ਸੰਧੀਰ, ਹਰੀਸ਼ ਕੁਮਾਰ ਮੈਹਨ, ਸੁਰਿੰਦਰ ਕੁਮਾਰ ਤਕਿਆਰ, ਬਾਲ ਕ੍ਰਿਸ਼ਨ ਪੱਬੀ, ਰਾਮ ਮੂਰਤੀ ਜਗਪਾਲ, ਮਾਸਟਰ ਸੁਭਾਸ਼ ਢੰਡ, ਓਮ ਪ੍ਰਕਾਸ਼ ਜੰਡੂ, ਮੈਨੇਜਰ ਸੰਜੀਵ ਕੁਮਾਰ ਗੋਰਾ, ਮਾਸਟਰ ਇੰਦਰਜੀਤ ਮਾਝੂ, ਸ਼ਰਨਜੀਤ ਬਿੱਲਾ ਅਤੇ ਚੰਦਰ ਮੋਹਨ ਚੱਡਾ ਤੋਂ ਇਲਾਵਾ ਕਮੇਟੀ ਦੇ ਅਹੁਦੇਦਾਰ ਅਤੇ ਮੈਂਬਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਡੀ ਸੀ ਨੇ ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ-3 ਤਹਿਤ ਬਲਾਕ ਪੱਧਰੀ ਖੇਡਾਂ ਦੀ ਕੀਤੀ ਸ਼ੁਰੂਆਤ

**ਨਵਾਂਸ਼ਹਿਰ, ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਪੰਜਾਬ ਸਰਕਾਰ ਅਤੇ ਖੇਡ ਵਿਭਾਗ ਪੰਜਾਬ ਦੇ ਸਹਿਯੋਗ ਨਾਲ ਖੇਡਾਂ ਵਤਨ ਪੰਜਾਬ ਦੀਆਂ ਸੀਜਨ-3, 2024 ਬਲਾਕ ਪੱਧਰੀ ਖੇਡਾਂ ਦੀ ਸ਼ੁਰੂਆਤ ਬਲਾਕ ਨਵਾਂਸ਼ਹਿਰ ਵਿਖੇ ਆਈ ਟੀ ਆਈ ਗਰਾਊਂਡ ਨਵਾਂਸ਼ਹਿਰ ਵਿੱਚ ਹੋਈ। ਇਸ ਟੂਰਨਾਮੈਂਟ ਵਿੱਚ ਮੁੱਖ ਮਹਿਮਾਨ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾਂ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਸਤਨਾਮ ਚੇਚੀ ਜਲਾਲਪੁਰ ਅਤੇ ਚੇਅਰਮੈਨ ਇੰਪਰੂਵਮੈਂਟ ਟਰੱਸਟ ਸਤਨਾਮ ਸਿੰਘ ਜਲਵਾਹਾ ਪਹੁੰਚੇ। ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ ਸੀਜਨ-03, 2024 ਦੇ ਤਹਿਤ ਬਲਾਕ ਨਵਾਂਸ਼ਹਿਰ ਵਿਖੇ ਬਲਾਕ ਪੱਧਰੀ ਖੇਡਾਂ ਦਾ ਉਦਘਾਟਨ ਕੀਤਾ ਗਿਆ ਅਤੇ ਟੂਰਨਾਮੈਂਟ ਵਿੱਚ ਆਏ ਹੋਏ ਖਿਡਾਰੀਆਂ ਦੀ ਹੌਸਲਾ ਅਫਜਾਈ ਕਰਦੇ ਹੋਏ ਉਨ੍ਹਾਂ ਨੂੰ ਖੇਡਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਅਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸ਼੍ਰੀਮਤੀ ਵੰਦਨਾਂ ਚੌਹਾਨ, ਜਿਲ੍ਹਾ ਖੇਡ ਅਫ਼ਸਰ, ਸ਼ਹੀਦ ਭਗਤ ਸਿੰਘ ਨਗਰ ਵੱਲੋਂ ਆਏ ਹੋਏ ਮੁੱਖ ਮਹਿਮਾਨਾ ਦਾ ਨਿੱਘਾ ਸਵਾਗਤ ਕੀਤਾ ਗਿਆ। ਪਹਿਲੇ ਦਿਨ ਹੋਏ ਖੇਡ ਮੁਕਾਬਲਿਆ ਵਿੱਚ ਕਬੱਡੀ ਨੈਸ਼ਨਲ ਸਟਾਈਲ (ਲੜਕੇ) ਅੰਡਰ-14 ਵਿੱਚ ਸਰਕਾਰੀ ਮਿਡਲ ਸਕੂਲ ਭੰਗਲ ਖੁਰਦ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੰਗੜੋਆ ਨੂੰ ਹਰਾਇਆ। ਅੰਡਰ-17 ਲੜਕੇ ਦੁਆਬਾ ਸਿੱਖ ਨੈਸ਼ਨਲ ਨਵਾਂਸ਼ਹਿਰ ਨੇ ਸਰਕਾਰੀ ਸੀ.ਸੈ.ਸਕੂਲ ਲੰਗੜੋਆ ਨੂੰ ਹਰਾਇਆ। ਅੰਡਰ- 21 ਲੜਕੇ ਪਿੰਡ ਮਹਾਲੋਂ ਨੇ ਦੁਆਬਾ ਸਿੱਖ ਨੈਸ਼ਨਲ ਨਵਾਂਸ਼ਹਿਰ ਨੂੰ ਹਰਾਇਆ। ਅਥਲੈਟਿਕਸ ਦੇ ਮਕਾਬਲਿਆ ਵਿੱਚ ਅੰਡਰ 14 ਲੜਕੀਆ ਈਵੇਂਟ 600 ਮੀਟਰ ਵਿੱਚ ਅੰਸ਼ੂ ਕੁਮਾਰੀ ਪਹਿਲਾ ਸਥਾਨ, ਸ਼ਿਵਾਂਗੀ ਚੌਹਾਨ ਨੇ ਦੂਜਾ ਅਤੇ ਅੰਨਨਿਆ ਨੇ ਤੀਜਾ ਸਥਾਨ ਹਾਸਲ ਕੀਤਾ। ਅੰਡਰ 14 ਲੜਕੇ ਈਵੇਂਟ 600 ਮੀਟਰ ਹਰਮਨ ਜੱਸੀ ਨੇ ਪਹਿਲਾ, ਐਸਟਿਨ ਦੁੱਗਲ ਨੇ ਦੂਜਾ ਅਤੇ ਮਨਪ੍ਰੀਤ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। ਅੰਡਰ 21 ਲਾਂਗ ਜੰਪ ਲੜਕਿਆ ਵਿੱਚ ਰਾਜ ਨੇ ਪਹਿਲਾ, ਸੁਕੀਰਤ ਨੇ ਦੂਜਾ ਅਤੇ ਨੀਰਜ ਕੁਮਾਰ ਨੇ ਤੀਜਾ ਸਥਾਨ ਹਾਸਲ ਕੀਤਾ। ਵਾਲੀਵਾਲ ਸ਼ੂਟਿੰਗ ਮੁਕਾਬਲਿਆਂ ਵਿੱਚ ਅੰਡਰ 17 ਲੜਕਿਆਂ ਵਿੱਚ ਕੈਂਬਰੇਜ ਇੰਟਰਨੈਸ਼ਨਲ ਸਕੂਲ ਕਰੀਹਾ ਨੇ ਪਹਿਲਾ, ਡਾ: ਆਸ਼ਾਨੰਦ ਸੀ. ਸੈ. ਸਕੂਲ ਨਵਾਂਸ਼ਹਿਰ ਨੇ ਪਹਿਲਾ, ਕੈਂਬਰੇਜ ਇੰਟਰਨੈਸ਼ਨਲ ਸਕੂਲ ਕਰੀਹਾ ਨੇ ਦੂਜਾ ਸਥਾਨ ਹਾਸਲ ਕੀਤਾ।ਇਹਨਾਂ ਖੇਡ ਮੁਕਾਬਲਿਆਂ ਵਿੱਚ ਲੱਗਭਗ 1200 ਖਿਡਾਰੀਆਂ ਨੇ ਹਿੱਸਾ ਲਿਆ।

# ਮਹੀਨੇ ਦੇ ਆਖਰੀ ਵੀਰਵਾਰ ਅੱਖਾਂ ਦਾ ਮੁਫਤ ਜਾਂਚ ਕੈਂਪ



**ਫਗਵਾੜਾ (ਡਾ ਰਮਨ, ਇੰਦਰਜੀਤ ਸਿੰਘ ਮਠਾੜੂ)** ਸ਼੍ਰੀ ਵਿਸ਼ਵਕਰਮਾ ਧੀਮਾਨ ਸਭਾ ਰਜਿ. ਫਗਵਾੜਾ ਦੀ ਇੱਕ ਵਿਸ਼ੇਸ਼ ਮੀਟਿੰਗ ਸਭਾ ਦੇ ਪ੍ਰਧਾਨ ਪ੍ਰਦੀਪ ਧੀਮਾਨ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ 17 ਸਤੰਬਰ ਦਿਨ ਮੰਗਲਵਾਰ ਨੂੰ ਸ਼੍ਰੋਮਣੀ ਸ੍ਰੀ ਵਿਸ਼ਵਕਰਮਾ ਮੰਦਰ ਬੰਗਾ ਰੋਡ ਫਗਵਾੜਾ ਵਿਖੇ ਕਰਵਾਏ ਜਾ ਰਹੇ ਸਲਾਨਾ 114ਵਾਂ ਦੋ-ਰੋਜ਼ਾ ਸ਼੍ਰੀ ਵਿਸ਼ਵਕਰਮਾ ਪੂਜਾ ਉਤਸਵ ਦੀਆਂ ਤਿਆਰੀਆਂ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਪ੍ਰਧਾਨ ਪ੍ਰਦੀਪ ਧੀਮਾਨ ਨੇ ਦੱਸਿਆ ਕਿ 17 ਸਤੰਬਰ ਦੇ ਪੂਜਾ ਪ੍ਰੋਗਰਾਮ ਬਾਰੇ ਅਤੇ ਦੀਵਾਲੀ ਦੇ ਅਗਲੇ ਦੋ ਦਿਨਾਂ ਵਿੱਚ ਵਿਸ਼ਾਲ ਸਾਲਾਨਾ ਤਿਉਹਾਰ ਦਾ ਆਯੋਜਨ ਸੰਬੰਧੀ ਤਿਆਰੀਆਂ ਜ਼ੋਰਾਂ ਸ਼ੋਰਾਂ ਨਾਲ ਚੱਲ ਰਹੀਆ ਹਨ। ਇਸ ਦੌਰਾਨ ਸੁਖਦੇਵ ਸਿੰਘ ਚੱਗਰ ਦੇ ਸਹਿਯੋਗ ਨਾਲ ਹਰ ਮਹੀਨੇ ਦੇ ਆਖਰੀ ਵੀਰਵਾਰ ਨੂੰ ਸ਼੍ਰੀ ਵਿਸ਼ਵਕਰਮਾ ਚੈਰੀਟੇਬਲ ਹਸਪਤਾਲ ਵਿੱਚ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਉਣ ਬਾਰੇ ਫੈਸਲਾ ਵੀ ਲਿਆ ਗਿਆ। ਇਸ ਮੌਕੇ ਇਲਾਵਾ ਇੰਦਰਜੀਤ ਸਿੰਘ ਮਠਾੜੂ ਨੇ ਅਪਣੀ ਜੀਵਨੀ ਬਾਰੇ ਸੰਖੇਪ ਜਾਣਕਾਰੀ ਦਿੱਤੀ ਮੀਟਿੰਗ ਦਾ ਆਯੋਜਨ ਅਰੁਣ ਰੂਪਰਾਏ ਦੀ ਦੇਖਰੇਖ ਹੇਠ ਹੋਇਆ। ਜਿਸ ਵਿਚ ਸਭਾ ਦੇ ਸਰਪ੍ਰਸਤ ਰਮੇਸ਼ ਧੀਮਾਨ ਨੇ ਜਸਪਾਲ ਸਿੰਘ ਲਾਲ ਅਤੇ ਬਲਵੰਤ ਰਾਏ ਧੀਮਾਨ ਤੋਂ ਇਲਾਵਾ ਕੈਸ਼ੀਅਰ ਵਿਕਰਮਜੀਤ ਚੱਗਰ, ਸੀਨੀਅਰ ਮੀਤ ਪ੍ਰਧਾਨ ਸੁਰਿੰਦਰ ਪਾਲ ਧੀਮਾਨ, ਮੀਤ ਪ੍ਰਧਾਨ ਗੁਰਨਾਮ ਸਿੰਘ ਜੁਤਲਾ, ਭੁਪਿੰਦਰ ਸਿੰਘ ਜੰਡੂ, ਅਸ਼ੋਕ ਧੀਮਾਨ, ਜਗਦੇਵ ਸਿੰਘ ਕੁੰਦੀ, ਨਰਿੰਦਰ ਸਿੰਘ ਤਾਤਰ, ਸੁਰਿੰਦਰ ਸਿੰਘ ਕਲਸੀ, ਨਰਿੰਦਰ ਸਿੰਘ ਭੱਚੂ, ਅਸ਼ਵਨੀ ਧੀਮਾਨ, ਰਵਿੰਦਰ ਸਿੰਘ ਪਨੇਸਰ, ਮਧੂ ਸੂਦਨ ਧੀਮਾਨ, ਸੁਖਦੇਵ ਸਿੰਘ ਚੱਗਰ, ਤੀਰਥ ਸਿੰਘ ਪਦਮ, ਗੁਰਪ੍ਰੀਤ ਸਿੰਘ ਲਾਲ, ਗੁਰਮੁਖ ਸਿੰਘ ਲਾਲ, ਰੀਤ ਪ੍ਰੀਤ ਪਾਲ ਸਿੰਘ ਭਮਰਾ, ਹਰਜੀਤ ਸਿੰਘ ਭਮਰਾ, ਸੁਖਵਿੰਦਰ ਸਿੰਘ ਕੁੰਦੀ, ਸੁਖਦੇਵ ਸਿੰਘ ਲਾਲ ਅਤੇ ਬਲਵਿੰਦਰ ਸਿੰਘ ਰਤਨ ਹਾਜ਼ਰ ਸਨ।

# ਨੌਜਵਾਨਾਂ ਨੂੰ ਹੁਨਰਮੰਦ ਤੇ ਨੌਕਰੀ ਲਈ ਤਿਆਰ ਕਰਨ ਵਾਸਤੇ ਸਰਕਾਰ ਨਿਭਾਵੇਗੀ ਅਹਿਮ ਭੂਮਿਕਾ : ਅਮਨ ਅਰੋੜਾ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਰੋਜ਼ਗਾਰ ਦੇ ਬਦਲਦੇ ਰੁਝਾਨ ਮੁਤਾਬਕ ਪੰਜਾਬ ਦੇ ਨੌਜਵਾਨਾਂ ਦੀ ਯੋਗਤਾ ਅਤੇ ਉੱਦਮੀ ਹੁਨਰ ਨੂੰ ਹੋਰ ਹੁਲਾਰਾ ਦੇਣ ਵਾਸਤੇ ਅੱਜ ਪੰਜਾਬ ਹੁਨਰ ਵਿਕਾਸ ਮਿਸ਼ਨ (ਪੀ.ਐੱਸ.ਡੀ.ਐੱਮ) ਨੇ ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਦੀ ਮੌਜੂਦਗੀ ਵਿੱਚ ਰੈਨਾ ਐਜੂਕੇਸ਼ਨ ਫਾਊਂਡੇਸ਼ਨ ਨਾਲ ਸਮਝੌਤਾ ਸਹੀਬੱਧ ਕੀਤਾ ਹੈ।ਇਸ ਸਮਝੌਤੇ ਤੇ ਪੀ.ਐਸ.ਡੀ.ਐਮ. ਦੇ ਮਿਸ਼ਨ ਡਾਇਰੈਕਟਰ ਮਿਸ ਅੰਮ੍ਰਿਤ ਸਿੰਘ (ਆਈ.ਏ.ਐੱਸ.) ਅਤੇ ਤਾਲੇਰੰਗ ਦੀ ਸਹਿਯੋਗੀ ਸੰਸਥਾ ਰੈਨਾ ਐਜੂਕੇਸ਼ਨ ਫਾਊਂਡੇਸ਼ਨ ਦੀ ਮੁਖੀ ਸ਼ਵੇਤਾ ਰੈਨਾ ਨੇ ਹਸਤਾਖ਼ਰ ਕੀਤੇ।ਇਸ ਭਾਈਵਾਲੀ ਦਾ ਉਦੇਸ਼ ਰੋਜ਼ਗਾਰ ਸਬੰਧੀ ਸਿਖਲਾਈ, ਹੁਨਰ ਵਿਕਾਸ, ਇੰਟਰਨਸ਼ਿਪਸ ਅਤੇ ਨੌਕਰੀ ਦੀ ਪੇਸ਼ਕਸ਼ ਕਰਕੇ ਪੰਜਾਬ ਦੇ ਨੌਜਵਾਨਾਂ ਨੂੰ ਹੁਨਰਮੰਦ ਬਣਾਉਣਾ ਹੈ।ਪੰਜਾਬ ਦੇ ਨੌਜਵਾਨਾਂ ਨੂੰ ਰੋਜ਼ਗਾਰ ਦੇ ਸਮੱਰਥ ਬਣਾਉਣ ਦੇ ਆਪਣੇ ਉਦੇਸ਼ ਵੱਲ ਅੱਗੇ ਵਧਣ ਲਈ ਸਮੁੱਚੇ ਵਿਭਾਗ ਦੀ ਸ਼ਲਾਘਾ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਇਹ ਭਾਈਵਾਲੀ ਪੰਜਾਬ ਵਿੱਚ ਹੁਨਰਮੰਦ ਅਤੇ ਰੋਜ਼ਗਾਰ ਯੋਗਤਾ ਵੱਲ ਅਹਿਮ ਕਦਮ ਨੂੰ ਦਰਸਾਉਂਦੀ ਹੈ, ਜੋ ਟਿਕਾਊ ਰੋਜ਼ਗਾਰ ਸੰਭਾਵਨਾਵਾਂ ਅਤੇ ਆਰਥਿਕ ਵਿਕਾਸ ਨੂੰ ਉਤਸ਼ਾਹਤ ਕਰਨ ਦੇ ਵੱਡੇ ਟੀਚੇ ਦੀ ਤਰਜ਼ ਤੇ ਹੈ। ਉਨ੍ਹਾਂ ਕਿਹਾ ਕਿ ਵਿਭਾਗ ਸੂਬੇ ਦੇ ਨੌਜਵਾਨਾਂ ਲਈ ਨੌਕਰੀਆਂ ਦੇ ਮੌਕੇ ਪ੍ਰਦਾਨ ਕਰਨ ਅਤੇ ਉਨ੍ਹਾਂ ਨੂੰ ਭਵਿੱਖੀ ਰੋਜ਼ਗਾਰ ਲਈ ਤਿਆਰ ਕਰਨ ਵਾਸਤੇ ਸਰਗਰਮੀ ਨਾਲ ਕੰਮ ਕਰ ਰਿਹਾ ਹੈ।

ਇਸ ਭਾਈਵਾਲੀ ਬਾਰੇ ਵਿਸਥਾਰ ਵਿੱਚ ਦੱਸਦਿਆਂ ਮਿਸ਼ਨ ਡਾਇਰੈਕਟਰ ਮਿਸ ਅੰਮ੍ਰਿਤ ਸਿੰਘ ਨੇ ਦੱਸਿਆ ਕਿ ਇਸ ਪਹਿਲਕਦਮੀ ਨੂੰ ਆਨਲਾਈਨ ਅਤੇ ਆਫ਼ਲਾਈਨ ਢੰਗ ਨਾਲ ਇੱਕ ਹਾਈਬ੍ਰਿਡ ਮਾਡਲ ਰਾਹੀਂ ਲਾਗੂ ਕੀਤਾ ਜਾਵੇਗਾ, ਜਿਸ ਵਿੱਚ ਹਿੱਸਾ ਲੈਣ ਵਾਲਿਆਂ ਲਈ ਕੋਈ ਫ਼ੀਸ ਨਹੀਂ ਹੋਵੇਗੀ। ਉਨ੍ਹਾਂ ਅੱਗੇ ਕਿਹਾ ਕਿ ਸ਼ੁਰੂਆਤੀ ਤੌਰ 'ਤੇ 10,000 ਯੋਗ ਉਮੀਦਵਾਰਾਂ ਦੇ ਸਮੂਹ ਵਿੱਚੋਂ ਸਿਖਰਲੇ 1,000 ਉਮੀਦਵਾਰਾਂ ਦੀ ਚੋਣ ਸਮੂਹ ਦੇ ਸਲਾਹਕਾਰ ਅਤੇ ਸਿਖਲਾਈਕਰਤਾ ਵਜੋਂ ਕੀਤੀ ਜਾਵੇਗੀ।ਇਨ੍ਹਾਂ ਵਿੱਚੋਂ ਸਿਖਰਲੇ 500 ਉਮੀਦਵਾਰ ਇੱਕ ਆਨਲਾਈਨ ਪਲੇਟਫਾਰਮ ਅਤੇ ਮੁਲਾਂਕਣ ਸਾਧਨਾਂ ਤੱਕ ਪਹੁੰਚ ਕਰ ਸਕਣਗੇ, ਜਿਸ ਵਿੱਚੋਂ ਸਿਖਰਲੇ 100 ਉਮੀਦਵਾਰ ਇੰਟਰਨਸ਼ਿਪ ਅਤੇ ਪਲੇਸਮੈਂਟ ਲਈ ਚੁਣੇ ਜਾਣਗੇ। ਉਨ੍ਹਾਂ ਅੱਗੇ ਕਿਹਾ ਕਿ ਪ੍ਰਾਜੈਕਟ ਦਾ ਉਦੇਸ਼ ਉਨ੍ਹਾਂ ਦੇ ਚੁਣੇ ਹੋਏ ਹੁਨਰ ਖੇਤਰਾਂ ਵਿੱਚ ਵਿਹਾਰਕ ਅਨੁਭਵ ਲਈ ਮਾਈਕਰੋ-ਇੰਟਰਨਸ਼ਿਪ ਪ੍ਰਦਾਨ ਕਰਨਾ, ਵਿਅਕਤੀਗਤ ਸਲਾਹ ਦੇਣਾ ਜਿਵੇਂ ਵਨ-ਟੂ-ਵਨ ਮੌਕ ਇੰਟਰਵਿਊ ਤੇ ਫੀਡਬੈਕ ਅਤੇ ਐਪ ਜ਼ਰੀਏ ਨਿਰੰਤਰ ਸਹਾਇਤਾ ਪ੍ਰਦਾਨ ਕਰਨਾ ਹੈ।ਪੀ. ਐੱਸ. ਡੀ. ਐੱਮ. ਅਤੇ ਰੈਨਾ ਐਜੂਕੇਸ਼ਨ ਫਾਊਂਡੇਸ਼ਨ ਦਰਮਿਆਨ ਭਾਈਵਾਲੀ ਬਾਰੇ ਹੋਰ ਜਾਣਕਾਰੀ ਦਿੰਦਿਆਂ ਮਿਸ ਅੰਮ੍ਰਿਤ ਸਿੰਘ ਨੇ ਕਿਹਾ ਕਿ ਇਹ ਸਾਂਝਾ ਯਤਨ ਉਮੀਦਵਾਰਾਂ ਨੂੰ ਗਤੀਸ਼ੀਲ ਨੌਕਰੀ ਲਈ ਤਿਆਰ ਕਰਨ ਵਾਸਤੇ ਫਾਊਂਡੇਸ਼ਨ ਦੀ ਮੁਹਾਰਤ ਦੀ ਵਰਤੋਂ ਕਰਦਿਆਂ ਮੁਲਾਂਕਣ ਅਤੇ ਸਿਖਲਾਈ ਵਿੱਚ ਅਹਿਮ ਭੂਮਿਕਾ ਨਿਭਾਏਗਾ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਪੰਜਾਬ ਦੇ ਨੌਜਵਾਨਾਂ ਦੀ ਰੋਜ਼ਗਾਰ ਯੋਗਤਾ ਅਤੇ ਉੱਦਮੀ ਹੁਨਰ ਨੂੰ ਹੁਲਾਰਾ ਦੇਣਾ ਅਤੇ ਇਹ ਯਕੀਨੀ ਬਣਾਉਣਾ ਹੈ ਕਿ ਨੌਜਵਾਨ ਉਦਯੋਗ ਦੀਆਂ ਲੋੜਾਂ ਮੁਤਾਬਕ ਹੁਨਰਮੰਦ ਬਣ ਸਕਣ ਅਤੇ ਮੌਕਿਆਂ ਦਾ ਪੂਰਾ ਲਾਭ ਸਕਣ।



## BHANDARI HOSIERY EXPORTS LIMITED

**Regd. Office: Bhandari House, Village Meharban, Rahon Road, Ludhiana-141007 (Punjab) (India)**
**Phones: +91-88720-16410, Fax: +91-161-2690394, E-mail: Bhandari@bhandariexport.com,**
**Web: www.bhandariexport.com, CIN: L17115PB1993PLC013930**

**NOTICE OF 31st ANNUAL GENERAL MEETING, BOOK CLOSURE AND REMOTE E-VOTING**

NOTICE is hereby given that the 31st Annual General Meeting ("AGM") of the Members of Company will be held on Monday, the 30th day of September, 2024 at 9.30 A.M. at the Registered Office of the Company to transact the Ordinary and Special Businesses as set out in the Notice convening the 31st AGM.

The Notice of the 31st AGM and the Annual Report 2023-24 have been sent electronically to all members whose e-mail addresses are available and physically to those whose e-mail addresses are not available. The aforesaid documents are also available on the Company's website at www.bhandariexport.com and on the website of the Stock Exchanges, i.e., BSE Limited and National Stock Exchange of India Limited at www.bseindia.com and www.nseindia.com, respectively. Notice of AGM is also available on the website of CDSL at www.evotingindia.com.

Notice of Book Closure is also hereby given that pursuant to Section 91 of the Companies Act, 2013 that the Register of Members and Share Transfer Books of the Company will remain closed from Tuesday the 24th September, 2024 to Monday, the 30th September, 2024 (both days inclusive) for the purpose of Annual General Meeting of the Company and payment of dividend, if any, for both physical and electronic segments. Equity Dividend, if declared at the said meeting, will be paid to those members whose names appear on the Register of Members as on 23rd day of September, 2024.

Remote E-Voting: Pursuant to Section 108 of the Companies Act, 2013 read with Rule 20 of the Companies (Management and Administration) Rules, 2014 as amended and pursuant to the provisions of SEBI (Listing Obligations and Disclosure Requirements) Regulations, 2015, the Company has provided remote e-voting facility to all members irrespective of holding shares in de-materialized mode or in physical mode. Members are further notified that they may cast their vote on all business to be conducted at the AGM through remote e-voting services provided by CDSL. The detailed procedure/ instruction for e-voting have been sent along with the Notice and Annual Report.;

• The remote e-voting period commences on Friday, September 27, 2024 (9.00 a.m. IST) and ends on Sunday, September 29, 2024 (5.00 p.m. IST). During this period, Members of the Company, holding shares both in physical form or in dematerialized form, as on the cut-off date (record date) i.e. Monday, September 23, 2024, may cast their vote by remote e-voting. The remote e-voting module shall be disabled by CDSL for voting thereafter.

• Any person, who acquires shares and becomes member of the Company after dispatch of the Notice of the AGM and holding shares as of the cut- off date i.e. Monday, September 23, 2024 may obtain the login ID and password by sending a request at helpdesk.evoting@cdslindia.com or cs@bhandariexport.com. However, if a person is already registered with CDSL for e-voting then existing user ID and password can be used for casting the vote.

• The facility for voting, either through electronic voting system or ballot or polling paper shall also be made available at the meeting and members attending the meeting who have not already cast their vote may exercise their vote through electronic voting system or ballot or polling paper at the AGM.

• A member may participate in the AGM even after exercising his/her right to vote through remote e-voting but shall not be allowed to vote again at the AGM.

• A person whose name is recorded in the Register of Members or in the Register of Beneficial Owners maintained by the Depositories as on the cut-off date only shall be entitled to avail the facility of remote e-voting as well as voting in the AGM.

6. All grievances connected with the facility for voting by electronic means may be addressed to Mr. Rakesh Dalvi, Sr. Manager, Central Depository Services (India) Limited, A Wing, 25th Floor, Marathon Futurex, Mafatlal Mill Compounds, N M Joshi Marg, Lower Parel {East}, Mumbai - 400013 or send an email to helpdesk.evoting@cdslindia.com or call on 022- 23058542/43.

7. The Board of Directors has recommended payment of dividend at the rate of Re 0.01 per share of Rs. 1/- face value for FY 2023-24 subject to approval of shareholders at AGM and dividend shall be paid within 30 days of declaration to those members whose names appear in Register of Members and beneficial owner's data at the close of working hours on 23.09.2024. To avoid delay in receiving dividend, Members are requested to provide / update their Bank Account details (including MICR No., IFSC Code, Account Type etc.) with their DPs if shares are held in demat form and with RTA if shares are held in physical form, to receive dividend directly in their bank account on the payout date. As per IT Act, dividend paid after 01.04.2020 shall be taxable in the hand of shareholders and Company shall deduct TDS at the time of making payment. A brief note summarizing the applicable TDS provisions in accordance with the provisions of the IT Act, for various member categories, including Resident or Non-Resident members together with documentation requirements from members in this regard is provided under 'Investors Relations' at Company's website.

For any queries or issues regarding e-voting, please refer to the Frequently Asked Questions ("FAQs") and e-voting manual available at www.evotingindia.co.in under help section or write an email to helpdesk. evoting@cdslindia.com. Members may address their queries/grievances, if any to the Registrars and Share Transfer Agents of the Company - M/S LINK INTIME INDIA PVT LTD., Noble Heights, 1st Floor, Plot No. NH 2, LSC, C-1 Block, Near Savitri Market, Janakpuri, New Delhi-110058, EMAIL: DELHI@LINKINTIME.CO.IN, PHONES: 011- 41410592-94, FAX: 011- 41410591 or to the Company Secretary at Registered Office or email at investor@bhandariexport.com or at contact No. 88720-16410.

By Order of the Board
Sd/-
(Nitin Bhandari)
Chairman & Mg. Director
(DIN 01385065)

Date : 03-09-2024
Place : Ludhiana



# ਰਿਆਤ ਬਾਹਰਾ 'ਵਰਸਿਟੀ ਨੇ ਕੋਰਸਾਂ ਲਈ ਬੀ ਐੱਸ ਆਈ ਲਰਨਿੰਗ ਆਸਟ੍ਰੇਲੀਆ ਨਾਲ ਕੀਤਾ ਸਮਝੌਤਾ




**ਮੋਹਾਲੀ (ਗੁਰਜੀਤ ਬਿੱਲਾ)** ਰਿਆਤ ਬਾਹਰਾ ਯੂਨੀਵਰਸਿਟੀ ਅਤੇ ਬੀ ਐਸ ਆਈ ਲਰਨਿੰਗ ਆਸਟਰੇਲੀਆ ਨੇ ਇੱਥੇ ਹੋਟਲ ਪ੍ਰਬੰਧਨ ਅਤੇ ਸਾਈਬਰ ਸੁਰੱਖਿਆ ਇਨ ਕੰਪਿਊਟਰ ਇੰਜਨੀਅਰਿੰਗ ਐਪਲੀਕੇਸ਼ਨ ਲਈ ਨੌਕਰੀ-ਅਧਾਰਿਤ ਕੋਰਸਾਂ ਦੇ ਖੇਤਰ ਵਿੱਚ ਸਹਿਯੋਗ ਲਈ ਇੱਕ ਸਮਝੌਤਾ ਪੱਤਰ 'ਤੇ ਹਸਤਾਖਰ ਕੀਤੇ ਹਨ।ਬੀ ਐਸ ਆਈ ਲਰਨਿੰਗ ਵਫ਼ਦ ਦੀ ਇੱਕ ਟੀਮ ਜਿਸ ਵਿੱਚ ਕਾਲਾ ਫਿਲਿਪ ਸੀ ਈ ਓ ਅਤੇ ਕਾਰਜਕਾਰੀ ਨਿਰਦੇਸ਼ਕ ਬੀ ਐਸ ਆਈ ਲਰਨਿੰਗ ਆਸਟਰੇਲੀਆ, ਸਕਾਟ ਵੇਸਲੇ, ਚੀਫ ਕੰਟੈਂਟ ਅਫਸਰ, ਮਿਕ ਲਿੰਚ, ਚੇਅਰਮੈਨ ਅਤੇ ਵਿਪੁਲ ਰਸਤੋਗੀ, ਇੰਡੀਆ ਹੈੱਡ, ਬੀ ਐਸ ਆਈ ਲਰਨਿੰਗ ਆਸਟਰੇਲੀਆ ਤੋਂ ਇਲਾਵਾ ਆਸਟ੍ਰੇਡ ਦੇ ਮੈਂਬਰ ਵੀ ਸ਼ਾਮਲ ਹੋਏ।ਇਸ ਮੌਕੇ ਰਿਆਤ ਬਾਹਰਾ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ, ਵਾਈਸ ਚਾਂਸਲਰ ਡਾ. ਪਰਵਿੰਦਰ ਸਿੰਘ, ਵਾਈਸ ਚੇਅਰਮੈਨ ਗੁਰਿੰਦਰ ਸਿੰਘ ਬਾਹਰਾ, ਉਪ ਪ੍ਰਧਾਨ ਸਤਬੀਰ ਸਿੰਘ ਸਹਿਗਲ, ਰਜਿਸਟਰਾਰ ਡਾ. ਦਿਨੇਸ਼ ਸ਼ਰਮਾ, ਗੁਰਮੁਖ ਰਾਣਾ ਅਤੇ ਡਾਇਰੈਕਟਰ ਡਾ. ਸਿਮਰਜੀਤ ਸ਼ੇਰਗਿੱਲ ਰਿਆਤ ਬਾਹਰਾ ਯੂਨੀਵਰਸਿਟੀ ਵੱਲੋਂ ਹਾਜ਼ਰ ਸਨ।ਸਮਝੌਤਾ ਪੱਤਰ 'ਤੇ ਹਸਤਾਖਰ ਕਰਨ 'ਤੇ ਟਿੱਪਣੀ ਕਰਦੇ ਹੋਏ, ਬੀ ਐਸ ਆਈ ਲਰਨਿੰਗ ਦੀ ਸੀ ਈ ਓ, ਕਾਲਾ ਫਿਲਿਪ ਨੇ ਸਾਂਝੇਦਾਰੀ ਬਾਰੇ ਉਤਸ਼ਾਹ ਜ਼ਾਹਰ ਕਰਦੇ ਹੋਏ ਕਿਹਾ, ਅਸੀਂ ਇਸ ਸਮਝੌਤਾ ਪੱਤਰ (ਐੱਮ ਓ ਯੂ) 'ਤੇ ਹਸਤਾਖਰ ਕਰਨ ਦੀ ਘੋਸ਼ਣਾ ਕਰਦੇ ਹੋਏ ਬਹੁਤ ਖੁਸ਼ ਹਾਂ। ਉਹਨਾਂ ਕਿਹਾ ਕਿ ਇਹ ਰਣਨੀਤਕ ਭਾਈਵਾਲੀ ਬੀ ਐਸ ਆਈ ਲਰਨਿੰਗ ਲਈ ਇੱਕ ਮਹੱਤਵਪੂਰਨ ਮੀਲ ਪੱਥਰ ਦੀ ਨਿਸ਼ਾਨਦੇਹੀ ਕਰਦੀ ਹੈ।

ਰਿਆਤ ਬਾਹਰਾ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪਰਵਿੰਦਰ ਸਿੰਘ ਨੇ ਕਿਹਾ ਕਿ ਬੀ ਐੱਸ ਆਈ ਲਰਨਿੰਗ ਆਸਟ੍ਰੇਲੀਆ ਆਪਣੇ ਹੱਲਾਂ ਰਾਹੀਂ ਕਾਰੋਬਾਰੀ ਤਬਦੀਲੀ ਨੂੰ ਪ੍ਰਾਪਤ ਕਰਨ ਲਈ ਮਨੁੱਖੀ ਪੂੰਜੀ ਦਾ ਵਿਕਾਸ ਕਰਦਾ ਹੈ।ਉਨ੍ਹਾਂ ਉਮੀਦ ਪ੍ਰਗਟਾਈ ਕਿ ਇਹ ਸਮਝੌਤਾ ਦੋਵਾਂ ਧਿਰਾਂ ਲਈ ਲਾਭਦਾਇਕ ਸਾਬਤ ਹੋਵੇਗਾ।

# ਪੈਨਸ਼ਨਰਾਂ ਦਾ ਜਥਾ ਚੰਡੀਗੜ੍ਹ ਰੈਲੀ 'ਚ ਸ਼ਾਮਲ ਹੋਣ ਲਈ ਫ਼ਗਵਾੜਾ ਤੋਂ ਹੋਇਆ ਰਵਾਨਾ



**ਫ਼ਗਵਾੜਾ: (ਡਾ. ਰਮਨ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਨੂੰ ਮੰਨਣ ਅਤੇ ਲਾਗੂ ਕਰਨ ਲਈ ਦਿਖਾਈ ਜਾ ਰਹੀ ਸਾਜ਼ਿਸ਼ੀ ਚੁੱਪ ਅਤੇ ਸਾਂਝਾ ਫਰੰਟ ਪੰਜਾਬ ਦੇ ਆਗੂਆਂ ਨੂੰ ਵਾਰ ਮੀਟਿੰਗ ਕਰਨ ਦਾ ਸਮਾਂ ਦੇ ਕੇ ਮੀਟਿੰਗ ਕਰਨ ਤੋਂ ਵਾਰ -ਵਾਰ ਭੱਜਣ ਕਾਰਨ ਪੰਜਾਬ ਦੇ ਸਮੂਹ ਵਿਭਾਗਾਂ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਅੰਦਰ ਪੰਜਾਬ ਸਰਕਾਰ ਪ੍ਰਤੀ ਪੈਦਾ ਹੋਈ ਬੇਵਿਸ਼ਵਾਸੀ ਅਤੇ ਗੁੱਸੇ ਦੀ ਲਹਿਰ ਦਾ ਪ੍ਰਗਟਾਵਾ ਕਰਨ ਲਈ ਵਿਧਾਨ ਸਭਾ ਸੈਸ਼ਨ ਦੇ ਦੌਰਾਨ ਪੰਜਾਬ ਮੁਲਾਜ਼ਮ ਅਤੇ ਸਾਂਝਾ ਪੈਨਸ਼ਨਰਜ਼ ਫਰੰਟ ਵਲੋਂ 3 ਸਤੰਬਰ ਨੂੰ ਚੰਡੀਗੜ੍ਹ ਵਿਖੇ ਵਿਸ਼ਾਲ ਰੈਲੀ ਅਤੇ ਵਿਧਾਨ ਸਭਾ ਵੱਲ ਰੋਹ ਭਰਪੂਰ ਰੋਸ ਮਾਰਚ ਕਰਨ ਦਾ ਸੱਦਾ ਦਿੱਤਾ ਹੋਇਆ ਹੈ। ਸਾਂਝਾ ਫਰੰਟ ਦੇ ਸੱਦੇ ਅਨੁਸਾਰ ਅੱਜ ਚੰਡੀਗੜ੍ਹ ਰੈਲੀ ਅਤੇ ਵਿਧਾਨ ਸਭਾ ਵੱਲ ਕੀਤੇ ਜਾ ਰਹੇ ਰੋਸ ਮਾਰਚ ਵਿੱਚ ਸ਼ਾਮਲ ਹੋਣ ਲਈ ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਫ਼ਗਵਾੜਾ ਦੇ ਪ੍ਰਧਾਨ ਮੋਹਣ ਸਿੰਘ ਭੱਟੀ ਦੀ ਅਗਵਾਈ ਵਿੱਚ ਪੈਨਸ਼ਨਰਾਂ ਦਾ ਜਥਾ ਫ਼ਗਵਾੜੇ ਤੋਂ ਰਵਾਨਾ ਹੋਇਆ। ਪ੍ਰਧਾਨ ਮੋਹਣ ਸਿੰਘ ਭੱਟੀ ਅਤੇ ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ ਨੇ ਕਿਹਾ ਕਿ ਜੇ ਮੁੱਖ ਮੰਤਰੀ ਪੰਜਾਬ ਮਾਨ ਨੇ ਆਪਣੇ ਬਾਨਵੇਂ ਵਿਧਾਇਕਾਂ ਦੀ ਗਿਣਤੀ ਦਾ ਹੰਕਾਰ ਅਤੇ ਘੁਮੰਡ ਛੱਡ ਕੇ ਆਪ ਖੁਦ ਮੀਟਿੰਗ ਵਿੱਚ ਸ਼ਾਮਲ ਹੋ ਕੇ ਸਾਂਝਾ ਫਰੰਟ ਪੰਜਾਬ ਦੇ ਆਗੂਆਂ ਨਾਲ ਸੁਖਾਵੇਂ ਮਾਹੌਲ ਵਿੱਚ ਮੀਟਿੰਗ ਕਰਨ ਅਤੇ ਮੰਗਾਂ ਮੰਨਣ ਅਤੇ ਲਾਗੂ ਕਰਨ ਦਾ ਜਲਦੀ ਤੋਂ ਜਲਦੀ ਐਲਾਨ ਨਾ ਕੀਤਾ ਤਾਂ ਆਉਣ ਵਾਲੀਆਂ ਚਾਰ ਜ਼ਿਮਨੀ ਚੋਣਾਂ ਵਿੱਚ ਸਬਕ ਸਿਖਾਉਣ ਲਈ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵਲੋਂ ਤਿੱਖੀ ਨੀਤੀ ਤਿਆਰ ਕਰਦੇ ਹੋਏ ਲਗਾਤਾਰ ਸੰਘਰਸ਼ ਜਾਰੀ ਰੱਖਿਆ ਜਾਵੇਗਾ ਅਤੇ ਸਾਂਝਾ ਮੋਰਚਾ ਨੂੰ ਹੋਰ ਵਿਸ਼ਾਲ ਬਣਾਉਣ ਲਈ ਵੀ ਆਗੂਆਂ ਵਲੋਂ ਹੋਰ ਸੁਹਿਰਦ ਯਤਨ ਕੀਤੇ ਜਾਣਗੇ। ਅੱਜ ਦੇ ਜਥੇ ਵਿੱਚ ਹੰਸ ਰਾਜ ਬੰਗੜ, ਰਾਮ ਲੁਭਾਇਆ ਰਿਹਾਣਾ ਜੱਟਾਂ, ਰਤਨ ਸਿੰਘ, ਪਰਮਿੰਦਰ ਪਾਲ ਸਿੰਘ, ਮੋਹਣ ਸਿੰਘ ਭੱਟੀ, ਕੁਲਦੀਪ ਸਿੰਘ ਕੌੜਾ, ਕਰਨੈਲ ਸਿੰਘ ਸੰਧੂ, ਸੀਤਲ ਰਾਮ ਬੰਗਾ, ਬਲਵਿੰਦਰ ਕੁਮਾਰ, ਪ੍ਰਮੋਦ ਕੁਮਾਰ ਜੋਸ਼ੀ, ਜਸਵਿੰਦਰ ਫ਼ਗਵਾੜਾ, ਸੁਖਦੇਵ ਫ਼ਗਵਾੜਾ, ਕੇ ਕੇ ਪਾਂਡੇ,,ਬਲਬੀਰ ਸਿੰਘ ਭੁਲਾਰਾਈ, ਬਲਵੀਰ ਚੰਦ, ਰਾਮ ਆਸਰਾ ਇੰਦਨਾ ਕਲਾਸਕੇ, ਨਰਿੰਦਰ ਸਿੰਘ ਪੈਨਸ਼ਨਰ ਸਾਥੀ ਸ਼ਾਮਲ ਹੋਏ।

# ਰਵੀਪਾਲ ਸਿੰਘ ਦੀ ਬਰਸੀ ਮੌਕੇ ਲੋੜਵੰਦ ਵਿਦਿਆਰਥੀਆਂ ਨੂੰ ਸਟੇਸ਼ਨਰੀ ਵੰਡੀ



**ਮਹਿਤਪੁਰ (ਰਾਜਾ)** ਇਲਾਕੇ ਦੇ ਪ੍ਰਸਿੱਧ ਸਮਾਜ ਸੇਵਕ ਸਵ. ਰਵੀ ਪਾਲ ਸਿੰਘ ਦੀ ਬਰਸੀ ਮੌਕੇ ਪ੍ਰੈਸ ਕਲੱਬ ਮਹਿਤਪੁਰ ਯੂਨਿਟ ਜਰਨਲਿਸਟ ਪ੍ਰੈਸ ਕਲੱਬ (ਰਜਿ.) ਪੰਜਾਬ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਦੇ ਲੋੜਵੰਦ ਵਿਦਿਆਰਥੀਆਂ ਨੂੰ ਸਟੇਸ਼ਨਰੀ ਵੰਡੀ ਗਈ। ਜ਼ਿਕਰਯੋਗ ਹੈ ਕਿ ਸਵ. ਰਵੀ ਪਾਲ ਸਿੰਘ ਨੇ ਕਰੋਨਾ ਕਾਲ ਵਿੱਚ ਆਪਣੀ ਜਾਨ ਦੀ ਪ੍ਰਵਾਹ ਕੀਤੇ ਬਿਨਾਂ ਹੀ ਦਿਨ ਰਾਤ ਲੋਕਾਂ ਦੀ ਸੇਵਾ ਕੀਤੀ ਉਨ੍ਹਾਂ ਵੱਲੋਂ ਸ਼ਾਹਕੋਟ ਹਲਕੇ ਦੇ ਗਰੀਬ ਲੋਕਾਂ ਨੂੰ ਰਾਸ਼ਨ ਸਮੱਗਰੀ, ਦਵਾਈਆਂ ਤੇ ਹੋਰ ਰਾਹਤ ਸਮੱਗਰੀ ਵੰਡੀ ਗਈ ਸੀ।ਜਦੋਂ ਸ਼ਾਹਕੋਟ ਦੇ ਦਰਿਆ ਵਾਲੇ ਇਲਾਕਿਆਂ ਵਿੱਚ ਹੜ੍ਹ ਆਏ ਸਨ ਉਦੋਂ ਵੀ ਸਵ. ਰਵੀ ਪਾਲ ਸਿੰਘ ਨੇ ਹੜ੍ਹਾ ਦਾ ਸ਼ਿਕਾਰ ਹੋਏ ਲੋਕਾਂ ਨੂੰ ਬਚਾਉਣ ਲਈ ਬਹੁਤ ਮਿਹਨਤ ਕੀਤੀ ਸੀ। ਉਨ੍ਹਾਂ ਵੱਲੋਂ ਹਰ ਰੋਜ ਸੈਂਕੜੇ ਹੜ ਪੀੜਤਾਂ ਲਈ ਰਾਹਤ ਸਮੱਗਰੀ ਵੰਡੀ ਗਈ ਸੀ।ਸਵ. ਰਵੀ ਪਾਲ ਸਿੰਘ ਨੇ ਹਮੇਸ਼ਾ ਹੀ ਗਰੀਬ ਪਰਵਾਰਾਂ ਦੀਆਂ ਲੜਕੀਆਂ ਦੇ ਵਿਆਹ ਅਤੇ ਲੋੜਵੰਦ ਵਿਦਿਆਰਥੀਆਂ ਦੀ ਪੜ੍ਹਾਈ ਲਈ ਆਪਣਾ ਯੋਗਦਾਨ ਪਾਇਆ ਸੀ।ਉਨ੍ਹਾਂ ਵੱਲੋਂ ਕੀਤੇ ਸਮਾਜ ਭਲਾਈ ਦੇ ਕਾਰਜਾਂ ਨੂੰ ਇਲਾਕੇ ਦੇ ਲੋਕਾਂ ਵੱਲੋਂ ਅੱਜ ਵੀ ਯਾਦ ਕੀਤਾ ਜਾਂਦਾ ਹੈ। ਸਵ. ਰਵੀ ਪਾਲ ਸਿੰਘ ਕਰੋਨਾ ਕਾਲ ਵਿੱਚ ਲੋਕਾਂ ਦੀ ਸੇਵਾ ਕਰਦੇ ਕਰਦੇ ਭਰੀ ਜਵਾਨੀ ਵਿੱਚ ਹੀ ਅਕਾਲ ਪੁਰਖ ਦੇ ਚਰਨਾਂ ਵਿਚ ਜਾ ਬਿਰਾਜੇ।ਉਨ੍ਹਾਂ ਦੀ ਬਰਸੀ ਮੌਕੇ ਇਲਾਕੇ ਦੇ ਪ੍ਰਸਿੱਧ ਧਾਰਮਿਕ, ਸਮਾਜਿਕ ਤੇ ਰਾਜਨੀਤਕ ਸੰਸਥਾਵਾਂ ਨੇ ਅਪਣੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਉਘੇ ਸਮਾਜ ਸੇਵਕ ਅਤੇ ਨਗਰ ਪੰਚਾਇਤ ਦੇ ਉਪ ਪ੍ਰਧਾਨ ਮਹਿੰਦਰ ਪਾਲ ਸਿੰਘ ਟੁਰਨਾ ਵੱਲੋਂ ਸਵ. ਰਵੀ ਪਾਲ ਸਿੰਘ ਨੂੰ ਅਪਣੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਰਵੀ ਪਾਲ ਸਿੰਘ ਵੱਲੋਂ ਕੀਤੇ ਲੋਕ ਭਲਾਈ ਦੇ ਕੰਮਾਂ ਨੂੰ ਪੂਰਾ ਇਲਾਕਾ ਅੱਜ ਵੀ ਯਾਦ ਕਰਦਾ ਹੈ। ਉਨਾਂ ਦੇ ਜਾਣ ਨਾਲ ਜਿਥੇ ਪਰਿਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਉਥੇ ਹੀ ਇਲਾਕੇ ਦੇ ਲੋਕਾਂ ਨੂੰ ਬਹੁਤ ਵੱਡਾ ਘਾਟਾ ਪਿਆ ਹੈ।ਇਸ ਮੌਕੇ ਅਸ਼ੋਕ ਚੋਹਾਨ, ਮਨੋਜ ਚੋਪੜਾ, ਲਖਵਿੰਦਰ ਸਿੰਘ ਦਾਸ, ਰਜਿੰਦਰ ਸਿੰਘ ਸੋਨੂੰ, ਸਾਬੀ ਝੰਡ, ਵਿਕਰਮ ਮਹਿਤਾ, ਨੀਰਜ ਵਰਮਾ ਤੇ ਸਮੂਹ ਸਕੂਲ ਅਧਿਆਪਕ ਹਾਜ਼ਰ ਸਨ।

# ਇਸਤਰੀ ਸਭਾ (ਐਡਵਾ) ਪੰਜਾਬ ਦੀ ਸੂਬਾਈ ਮੀਟਿੰਗ



**ਨਵਾਂਸ਼ਹਿਰ (ਮਨੋਜ ਲਾਡੀ)**-ਇਸਤਰੀ ਸਭਾ (ਐਡਵਾ) ਪੰਜਾਬ ਦੀ ਸੂਬਾਈ ਮੀਟਿੰਗ ਜਥੇਬੰਦੀ ਦੇ ਦਫਤਰ ਵਿਖੇ ਸੂਬਾ ਪ੍ਰਧਾਨ ਆਸ਼ਾ ਰਾਣਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਕੇਂਦਰੀ ਕਮੇਟੀ ਦੇ ਮੈਂਬਰ ਕਾਮਰੇਡ ਸਵਿਤਾ ਹਾਜ਼ਰ ਹੋਏ। ਮੀਟਿੰਗ ਬਾਰੇ ਜਾਣਕਾਰੀ ਦਿੰਦਿਆਂ ਸੂਬਾ ਸਕੱਤਰ ਹਰਪ੍ਰੀਤ ਕੌਰ ਝਬਾਲ ਨੇ ਦੱਸਿਆ ਕਿ ਕਾਮਰੇਡ ਸਵਿਤਾ ਕੌਮੀ ਆਗੂ ਵਿਸ਼ੇਸ਼ ਤੌਰ ਤੇ ਕੇਂਦਰੀ ਕਮੇਟੀ ਦੇ ਫੈਸਲਿਆਂ ਬਾਰੇ ਜਾਣਕਾਰੀ ਦੇਣ ਲਈ ਮੀਟਿੰਗ ਵਿੱਚ ਸ਼ਾਮਲ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾ ਸਵਿਤਾ ਨੇ ਕਿਹਾ ਕਿ ਇਹ ਫਾਇਨਾਂਸ ਕੰਪਨੀਆਂ ਵੱਧ ਵਿਆਜ ਦਰ ਉਤੇ ਗਰੀਬ ਪਰਵਾਰਾਂ ਨੂੰ ਕਰਜ਼ਾ ਦੇ ਕੇ ਤਰਸ ਦੇ ਆਧਾਰ 'ਤੇ ਉਨ੍ਹਾਂ ਦਾ ਸ਼ੋਸ਼ਣ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਔਰਤਾਂ ਦੀ ਸੁਰੱਖਿਆ ਲਈ ਕਾਨੂੰਨ ਬਣਾਏ ਜਾਣੇ ਚਾਹੀਦੇ ਹਨ। ਦੇਸ਼ ਵਿੱਚ ਔਰਤਾਂ ਨਾਲ ਖਾਸ ਕਰਕੇ ਦਲਿਤ ਔਰਤਾਂ ਨਾਲ ਸਮੂਹਿਕ ਬਲਾਤਕਾਰ ਕਰਨ ਬਾਅਦ ਉਹਨਾਂ ਦੇ ਕਤਲ ਕੀਤੇ ਜਾ ਰਹੇ ਹਨ। ਉਹਨਾਂ ਕਿਹਾ ਕਿ ਭਾਰਤੀ ਸਮਾਜ ਵਿੱਚ ਔਰਤਾਂ ਦੀ ਇੱਜ਼ਤ ਆਬਰੂ ਸੁਰੱਖਿਅਤ ਨਹੀਂ। ਹੁਣੇ ਹੁਣੇ ਕਲਕੱਤਾ ਵਿੱਚ ਟ੍ਰੇਨਿੰਗ ਡਾਕਟਰ ਨਾਲ ਬਲਾਤਕਾਰ ਬਾਅਦ ਉਸ ਦੇ ਕਤਲ ਦੇ ਪੂਰੇ ਭਾਰਤ ਵਿੱਚ ਰੋਸ ਪ੍ਰਦਰਸ਼ਨ ਹੋਏ ਹਨ । ਸਮੁੱਚੇ ਆਗੂਆਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਔਰਤਾਂ ਦੀ ਸੁਰੱਖਿਆ ਤੇ ਇੱਜ਼ਤ ਆਬਰੂ ਇਸਤਰੀਆਂ ਦੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਕੀਤਾ ਜਾਵੇਗਾ। ਮੀਟਿੰਗ ਵਿੱਚ ਡਾ ਕੰਵਲਜੀਤ ਕੌਰ, ਸੁਭਾਸ਼ ਮੱਟੂ, ਕ੍ਰਿਸ਼ਨਾ ਕੁਮਾਰੀ, ਸੁਨੀਤਾ ਤਲਵੰਡੀ, ਪ੍ਰੇਮ ਲਤਾ, ਸਰਬਜੀਤ ਕੌਰ ਅਤੇ ਪੂਨਮ ਗੁਰਾਇਆ ਤੇ ਹੋਰ ਹਾਜ਼ਰ ਸਨ।

# ਜ਼ਿਲ੍ਹਾ ਸ਼ੈਲਰ ਐਸੋਸੀਏਸ਼ਨ ਦੇ ਮੈਂਬਰਾਂ ਦੀ ਮੀਟਿੰਗ



**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)** ਜ਼ਿਲ੍ਹਾ ਸ਼ੈਲਰ ਐਸੋਸੀਏਸ਼ਨ ਦੇ ਮੈਂਬਰਾਂ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਮਨਿੰਦਰ ਵਰਮਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਸ਼ੈਲਰ ਮਾਲਕਾਂ ਨੂੰ ਆ ਰਹੀਆਂ ਮੁਸ਼ਕਲਾਂ ਅਤੇ ਝੋਨੇ ਦੇ ਅਗਾਮੀ ਖਰੀਦ ਸ਼ੁਰੂ ਹੋਣ ਸੰਬੰਧੀ ਆ ਰਹੀਆਂ ਪ੍ਰੇਸ਼ਾਨੀਆਂ ਤੇ ਵਿਚਾਰ ਚਰਚਾ ਕੀਤੀ ਗਈ।ਆੜ੍ਹਤੀ ਮਨਜੀਤ ਸਿੰਘ ਕੰਗ ਅਤੇ ਉਂਜਲ ਸਿੰਘ ਨੇ ਦੱਸਿਆ ਕਿ ਇਸ ਵਾਰ ਸਭ ਤੋਂ ਵੱਡੀ ਸਮੱਸਿਆ ਵਿਚ ਜਗ੍ਹਾ ਦਾ ਨਾ ਹੋਣਾ, ਇਸ ਸੀਜਨ ਦੌਰਾਨ ਸਭ ਤੋਂ ਵੱਧ ਬਿਜਾਈ ਗਈ ਹਾਈਬ੍ਰਿਡ ਕਿਸਮ 126 ਜੀਰੀ ਵਿਚੋਂ ਚਾਵਲ ਘੱਟ ਨਿਕਲਣਾ, ਸਰਕਾਰ ਵਲੋਂ ਮਿਲਿੰਗ ਪਾਲਿਸੀ ਵਿਚ ਡਰਾਇਜ ਇੱਕ ਫੀਸਦੀ ਤੋਂ ਘਟਾ ਕੇ ਅੱਧਾ ਫੀਸਦੀ ਕਰਨਾ, ਲੈਵੀ ਦੇ ਲਈ ਸਕਿਉਰਿਟੀ 11 ਲੱਖ ਰੁਪਏ ਵਾਪਸ ਕਰਨਾ, ਸਾਲ 2018-19 ਬਾਰਦਾਨੇ ਦੀ ਰਿਕਵਰੀ ਵਾਪਸ ਕਰਨਾ, 10 ਫੀਸਦੀ ਮਿਲਿੰਗ ਸਕਿਊਰਿਟੀਆਂ ਵਾਪਸ ਕਰਨੀਆਂ, ਸਾਲ 2007 ਤੋਂ 2011 ਤੱਕ 350 ਰੁਪਏ ਕੁਇੰਟਲ ਲੈਵੀ ਵਿਰੁੱਧ ਕੱਟੀ ਗਈ ਰਕਮ ਵਾਪਸ ਕਰਨ ਆਦਿ ਮੰਗਾਂ ਅਤੇ ਸਮੱਸਿਆਵਾਂ ਤੇ ਵਿਚਾਰ ਕਰਨ ਤੋਂ ਬਾਅਦ ਸਮੂਹ ਸ਼ੈਲਰ ਮਾਲਕਾਂ ਨੇ ਸਰਕਾਰੀ ਪੋਰਟਲ ਤੇ ਰਜਿਸਟਰੇਸ਼ਨ ਨਾ ਕਰਨ ਦਾ ਫੈਸਲਾ ਸਰਬਸੰਮਤੀ ਨਾਲ ਲਿਆ ਹੈ।ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ ਜਦੋਂ ਤੱਕ ਸਰਕਾਰ ਵਲੋਂ ਉਕਤ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ, ਉਦੋਂ ਤੱਕ ਕੋਈ ਵੀ ਸ਼ੈਲਰ ਮਾਲਕ ਆਪਣੀ ਮਿੱਲ ਅਲਾਟ ਕਰਨ ਸਬੰਧੀ ਕੋਈ ਵੀ ਕਾਗਜਾਤ ਪੋਰਟਲ ਤੇ ਅਪਲੋਡ ਨਹੀਂ ਕਰੇਗਾ।ਇਸ ਮੌਕੇ ਮੁਕੁਲ ਕੁਮਾਰ, ਅਨੂਪ ਸਿੰਘ, ਰਣਬੀਰ ਸਿੰਘ, ਜਸਵੀਰ ਸਿੰਘ,ਮੇਜਰ ਸਿੰਘ ਮਾਂਗਟ, ਸ਼ਿੰਗਾਰਾ ਸਿੰਘ, ਜਸਪਾਲ ਸਿੰਘ,ਹਰਿੰਦਰ ਸਿੰਘ, ਪਾਰਸ ਮਨੀ, ਹਰਪ੍ਰੀਤ ਸਿੰਘ, ਜਸਪ੍ਰੀਤ ਸਿੰਘ ਅਤੇ ਯੋਗੇਸ ਕੁਮਾਰ ਆਦਿ ਹਾਜ਼ਰ ਸਨ ।

# ਭਾਸ਼ਾ ਵਿਭਾਗ ਵੱਲੋਂ ਉਰਦੂ ਆਮੋਜ਼ ਕੋਰਸ ਸਰਟੀਫਿਕੇਟ ਵੰਡ ਸਮਾਗਮ



**ਹੁਸ਼ਿਆਰਪੁਰ,: (ਓਮ ਪ੍ਰਕਾਸ਼ ਰਾਣਾ, ਬਲਬੀਰ ਸਿੰਘ ਸੈਣੀ )**- ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਹੁਸ਼ਿਆਰਪੁਰ ਵੱਲੋਂ ਕਰਵਾਏ ਜਾ ਰਹੇ ਛੇ ਮਹੀਨੇ ਦੇ ਉਰਦੂ ਆਮੋਜ਼ ਕੋਰਸ ਦੇ ਬੈਚ ਜਨਵਰੀ-ਜੂਨ 2024 ਦੇ ਵਿਦਿਆਰਥੀਆਂ ਨੂੰ ਇਹ ਕੋਰਸ ਸੰਪੰਨ ਕਰਨ ਉਪਰੰਤ ਸਰਟੀਫਿਕੇਟ ਵੰਡ ਸਮਾਗਮ ਕਰਵਾਇਆ ਗਿਆ, ਜਿਸ ਵਿਚ ਵਧੀਕ ਡਿਪਟੀ ਕਮਿਸ਼ਨਰ (ਜ) ਰਾਹੁਲ ਚਾਬਾ ਨੇ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਮੁੱਖ ਮਹਿਮਾਨ ਨੂੰ ਜੀ ਆਇਆਂ ਸ਼ਬਦ ਆਖਦਿਆਂ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਜਸਵੰਤ ਰਾਏ ਨੇ ਭਾਸ਼ਾ ਵਿਭਾਗ ਵੱਲੋਂ ਕਰਵਾਏ ਜਾ ਰਹੇ ਉਰਦੂ ਆਮੋਜ਼ ਕੋਰਸ ਅਤੇ ਭਾਸ਼ਾ ਵਿਭਾਗ ਦੀਆਂ ਬਾਕੀ ਸਾਹਿਤਕ ਅਤੇ ਸਿਰਜਣਾਤਮਕ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਰਾਹੁਲ ਚਾਬਾ ਨੇ ਉਰਦੂ ਆਮੋਜ਼ ਦਾ ਇਮਤਿਹਾਨ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਭਾਰਤ ਦੀ ਪ੍ਰਾਚੀਨ ਬਹੁਤ ਖ਼ੂਬਸੂਰਤ ਜ਼ੁਬਾਨ ਹੈ। ਮੇਰਾ ਇਸ ਜ਼ੁਬਾਨ ਨਾਲ ਅੱਛਾ ਖ਼ਾਸਾ ਰਿਸ਼ਤਾ ਰਿਹਾ ਹੈ।ਸਾਡੀ ਪੰਜਾਬੀ ਭਾਸ਼ਾ ਦਾ ਹਾਜ਼ਮਾ ਦਰੁਸਤ ਹੋਣ ਕਰਕੇ ਅਰਬੀ ਫ਼ਾਰਸੀ ਦੇ ਬਹੁਤ ਸਾਰੇ ਸ਼ਬਦਾਂ ਦਾ ਖ਼ਜ਼ਾਨਾ ਇਸ ਵਿਚ ਰਲ ਗਿਆ ਹੈ। ਇਸ ਨਾਲ ਪੰਜਾਬੀ ਭਾਸ਼ਾ ਦੇ ਸ਼ਬਦ ਭੰਡਾਰ ਵਿਚ ਸਿਰਫ਼ ਵਾਧਾ ਹੀ ਨਹੀਂ ਹੋਇਆ ਸਗੋਂ ਇਸ ਜ਼ੁਬਾਨ ਵਿਚ ਰੌਚਕਤਾ ਅਤੇ ਖ਼ੂਬਸੂਰਤੀ ਵੀ ਵਧੀ ਹੈ।ਭਾਸ਼ਾ ਵਿਭਾਗ ਵੱਲੋਂ ਕਰਵਾਇਆ ਜਾ ਰਿਹਾ ਉਰਦੂ ਆਮੋਜ਼ ਦਾ ਕੋਰਸ ਪੰਜਾਬੀ ਭਾਸ਼ਾ ਦੇ ਲੰਬੇ ਚੌੜੇ ਇਤਿਹਾਸ ਨੂੰ ਟਟੋਲਣ ਅਤੇ ਖੰਘਾਲਣ ਵਿਚ ਹੋਰ ਵਾਧਾ ਕਰੇਗਾ।ਉਨ੍ਹਾਂ ਉਰਦੂ ਆਮੋਜ਼ ਦਾ ਇਮਤਿਹਾਨ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਤਕਸੀਮ ਕਰਕੇ ਵਧਾਈ ਦਿੱਤੀ।ਇਸ ਮੌਕੇ ਭਾਸ਼ਾ ਵਿਭਾਗ ਵੱਲੋਂ ਰਾਹੁਲ ਚਾਬਾ ਦਾ ਭਾਈ ਕਾਹਨ ਸਿੰਘ ਨਾਭਾ ਵੱਲੋਂ ਰਚਿਤ ਕਲਾਸੀਕਲ ਗ੍ਰੰਥ ਮਹਾਨ ਕੋਸ਼ ਦੇ ਕੇ ਸਨਮਾਨ ਕੀਤਾ ਗਿਆ।ਇਸ ਸਮੇਂ ਲਵਪ੍ਰੀਤ, ਲਾਲ ਸਿੰਘ, ਪੁਸ਼ਪਾ ਰਾਣੀ, ਡਾ. ਦਰਸ਼ਨ ਸਿੰਘ, ਐਡਵੋਕੇਟ ਮਨਦੀਪ ਸਿੰਘ ਗਿੱਲ, ਭਾਈ ਗੁਰਜਿੰਦਰ ਸਿੰਘ, ਸੁਰਜੀਤ ਸਿੰਘ, ਲੈਕ. ਸੁਖਜੀਤ ਕੌਰ ਆਦਿ ਹਾਜ਼ਰ ਸਨ।

# ਧਰਤੀ ਤੇ ਰੁੱਖਾਂ ਤੋਂ ਬਿਨਾਂ ਮਨੁੱਖਾਂ ਤੇ ਜਾਨਵਰਾਂ ਦਾ ਜੀਵਨ ਸੰਭਵ ਨਹੀਂ : ਪ੍ਰਦੀਪ ਧੀਮਾਨ



**ਫਗਵਾੜਾ ( ਡਾ ਰਮਨ, ਇੰਦਰਜੀਤ ਸਿੰਘ ਮਠਾੜੂ)** ਲੱਕੀ ਭਮਰਾ (ਮੈਸਰਜ਼ ਭਾਮਰਾ ਐਲੂਮੀਨੀਅਮ ਫਗਵਾੜਾ) ਦੇ ਪਰਵਾਰ ਦੀ ਤਰਫੋਂ ਸ਼੍ਰੋਮਣੀ ਸ਼੍ਰੀ ਵਿਸ਼ਵਕਰਮਾ ਮੰਦਰ ਬੰਗਾ ਰੋਡ ਫਗਵਾੜਾ ਵਿਖੇ ਬੂਟੇ ਲਗਾ ਕੇ ਵਾਤਾਵਰਣ ਦੀ ਸੰਭਾਲ ਦਾ ਸੰਦੇਸ਼ ਦਿੱਤਾ ਗਿਆ। ਮੰਦਰ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰਦੀਪ ਧੀਮਾਨ ਸਮੇਤ ਹੋਰ ਪਤਵੰਤਿਆਂ ਨੇ ਬੂਟੇ ਲਗਾਉਣ ਵਿੱਚ ਸਹਿਯੋਗ ਦਿੰਦੇ ਹੋਏ ਲੱਕੀ ਭਮਰਾ ਅਤੇ ਉਸਦੇ ਪਰਵਾਰ ਦੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਰੁੱਖਾਂ ਤੋਂ ਬਿਨਾਂ ਧਰਤੀ 'ਤੇ ਮਨੁੱਖੀ ਜੀਵਨ ਹੀ ਨਹੀਂ ਸਗੋਂ ਜਾਨਵਰਾਂ ਦਾ ਵੀ ਜੀਵਨ ਸੰਭਵ ਨਹੀਂ ਹੈ ਇਸ ਲਈ ਰੁੱਖਾਂ ਦੀ ਅੰਨ੍ਹੇਵਾਹ ਕਟਾਈ ਦੇ ਮੱਦੇਨਜ਼ਰ ਧਰਤੀ ਦਾ ਸੰਤੁਲਨ ਬਣਾਈ ਰੱਖਣ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਬਹੁਤ ਲੋੜ ਹੈ।ਇਹ ਰੁੱਖ ਅਤੇ ਪੌਦੇ ਸਾਨੂੰ ਆਕਸੀਜਨ ਦੇ ਨਾਲ-ਨਾਲ ਸ਼ੁੱਧ ਹਵਾ, ਪੌਸ਼ਟਿਕ ਫਲ ਅਤੇ ਜੜ੍ਹੀਆਂ ਬੂਟੀਆਂ ਪ੍ਰਦਾਨ ਕਰਦੇ ਹਨ। ਸ਼੍ਰੋਮਣੀ ਸ਼੍ਰੀ ਵਿਸ਼ਵਕਰਮਾ ਧੀਮਾਨ ਸਭਾ ਵੱਲੋਂ ਲੱਕੀ ਭਮਰਾ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਜਸਪਾਲ ਸਿੰਘ ਲਾਲ, ਸੀਨੀਅਰ ਮੀਤ ਪ੍ਰਧਾਨ ਸੁਰਿੰਦਰ ਪਾਲ ਧੀਮਾਨ, ਮੀਤ ਪ੍ਰਧਾਨ ਗੁਰਨਾਮ ਸਿੰਘ ਜੁਤਲਾ, ਵਿਕਰਮਜੀਤ ਚੱਗਰ, ਬਲਵੰਤ ਰਾਏ ਧੀਮਾਨ, ਅਰੁਣ ਰੂਪਰਾਏ, ਪ੍ਰੋਜੈਕਟ ਡਾਇਰੈਕਟਰ ਭੁਪਿੰਦਰ ਸਿੰਘ ਜੰਡੂ, ਇੰਦਰਜੀਤ ਸਿੰਘ ਮਠਾੜੂ, ਨਰਿੰਦਰ ਸਿੰਘ ਤਾਤੜ, ਸੁਰਿੰਦਰ ਸਿੰਘ ਕਲਸੀ, ਅਮੋਲਕ ਸਿੰਘ ਝੀਤਾ, ਰਵਿੰਦਰ ਸਿੰਘ ਪਨੇਸਰ, ਸੁਖਦੇਵ ਸਿੰਘ ਚੱਗਰ, ਹਰਜੀਤ ਸਿੰਘ ਭਮਰਾ, ਕੁਲਵਿੰਦਰ ਸਿੰਘ ਸਾਹਬੀ, ਸਰਬਜੀਤ ਸਿੰਘ ਸੈਹਬੀ ਅਤੇ ਬਲਵਿੰਦਰ ਸਿੰਘ ਰਤਨ ਆਦਿ ਹਾਜ਼ਰ ਸਨ।

# ਪੰਜਾਬ ਦੇ ਸਾਰੇ ਸਰਕਾਰੀ ਡਾਕਟਰ 9 ਤੋਂ ਜਾਣਗੇ ਹੜਤਾਲ 'ਤੇ



**ਗੁਰਾਇਆ (ਰਘਬੀਰ ਸਿੰਘ)**- ਪੰਜਾਬ ਸਿਵਲ ਮੈਡੀਕਲ ਸਰਵਿਸਜ ਐਸੋਸੀਏਸ਼ਨ (ਡੈਂਟਲ) ਦੇ ਸਟੇਟ ਜਨਰਲ ਸਕੱਤਰ ਡਾ. ਅਵਿਨਾਸ਼ ਮੰਗੋਤਰਾ ਨੇ ਦੱਸਿਆ ਕਿ ਪੰਜਾਬ ਦੇ ਸਾਰੇ ਸਰਕਾਰੀ ਡਾਕਟਰ 9 ਸਤੰਬਰ ਤੋਂ ਅਣਮਿੱਥੇ ਸਮੇਂ ਲਈ ਹੜਤਾਲ 'ਤੇ ਜਾ ਰਹੇ ਹਨ, ਜਿਸ ਦਾ ਕਾਰਨ ਸਰਕਾਰ ਵੱਲੋਂ ਉਹਨਾਂ ਦੀਆਂ ਮੰਗਾਂ ਨੂੰ ਅਣਗੌਲਿਆ ਕਰਨਾ ਹੈ। ਇਸ ਪ੍ਰੈਸ ਨੋਟ ਰਾਹੀਂ ਓਹਨਾ ਨੇ ਦੱਸਿਆ ਕਿ ਇਸ ਹੜਤਾਲ 'ਚ ਪੰਜਾਬ ਭਰ ਦੇ ਸਾਰੇ ਸਰਕਾਰੀ ਡੈਂਟਲ ਸਰਜਨ ਵੀ ਨੂੰ ਸਪੋਰਟ ਕਰਨਗੇ। ਇਸ ਮੌਕੇ ਐਸੋਸੀਸਨ ਦੇ ਵਾਈਸ ਪ੍ਰਧਾਨ ਡਾ. ਕੁਲਦੀਪ ਰਾਏ, ਜੁਆਇੰਟ ਜਨਰਲ ਸਕੱਤਰ ਡਾ. ਜਗਤਾਰ ਵੀ ਮੌਜੂਦ ਸਨ।

# ਨਸ਼ਾ ਮੁਕਤੀ ਕੇਂਦਰ ਵਿਖੇ ਡਾ. ਅਮਨਦੀਪ ਸਿਵਲ ਜੱਜ ਨੇ ਕੀਤਾ ਦੌਰਾ

**ਨਵਾਂਸ਼ਹਿਰ, (ਮਨੋਜ ਲਾਡੀ)**- ਰੈੱਡ ਕਰਾਸ ਨਸ਼ਾ ਮੁਕਤੀ ਕੇਂਦਰ, ਨਵਾਂਸ਼ਹਿਰ ਵਿਖੇ ਡਾ. ਅਮਨਦੀਪ, ਸਿਵਲ ਜੱਜ (ਸੀਨੀ. ਡਵੀਜਨ), ਸੀ.ਜੇ. ਐੱਮ.-ਕਮ- ਸਕੱਤਰ, ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਵਲੋਂ ਪਹਿਲੀ ਵਾਰ ਇਸ ਕੇਂਦਰ ਦਾ ਦੌਰਾ ਕੀਤਾ ਗਿਆ। ਚਮਨ ਸਿੰਘ ਪ੍ਰੋਜੈਕਟ ਡਾਇਰੈਕਟਰ ਵਲੋਂ ਮਾਣਯੋਗ ਜੱਜ ਸਾਹਿਬ ਦਾ ਸੁਆਗਤ ਕੀਤਾ ਗਿਆ।ਇਸ ਮੌਕੇ ਮਾਣਯੋਗ ਜੱਜ ਨੇ ਮਰੀਜ਼ਾਂ ਨਾਲ ਗੱਲਬਾਤ ਕੀਤੀ ਅਤੇ ਸਟਾਫ ਵਲੋਂ ਕੀਤੇ ਜਾਣ ਵਾਲੇ ਕੰਮਾਂ ਬਾਰੇ ਵੀ ਤਸੱਲੀ ਪ੍ਰਗਟ ਕੀਤੀ। ਇਸ ਮੌਕੇ ਸਾਗਰ, ਰੋਹਿਤ ਕੁਮਾਰ, ਜਸਵਿੰਦਰ ਕੌਰ, ਮਨਜੀਤ ਸਿੰਘ, ਕਮਲਜੀਤ ਕੌਰ, ਦਿਨੇਸ਼ ਕੁਮਾਰ, ਮਨਜੋਤ, ਕਮਲਾ ਰਾਣੀ ਤੇ ਮਰੀਜ਼ ਮੌਜੂਦ ਸਨ।

# ਅਮਰੀਕਾ 'ਚ ਦਿਲ ਦਾ ਦੌਰਾ ਪੈਣ ਕਾਰਨ ਪੰਜਾਬੀ ਨੌਜਵਾਨ ਦਾ ਦੇਹਾਂਤ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** ਜ਼ਿਲਾ ਕਪੂਰਥਲਾ ਦੀ ਤਹਿਸੀਲ ਸੁਲਤਾਨਪੁਰ ਲੋਧੀ ਨਾਲ ਸੰਬੰਧਿਤ ਪੰਜਾਬੀ ਨੌਜਵਾਨ ਦੀ ਅਮਰੀਕਾ ਵਿੱਚ ਮੌਤ ਹੋ ਗਈ ਮਿਲੀ ਜਾਣਕਾਰੀ ਅਨੁਸਾਰ ਸੁਲਤਾਨਪੁਰ ਲੋਧੀ ਸ਼ਹਿਰ ਦੇ ਨੌਜਵਾਨ ਅਜੈ ਪਾਲ ਸਿੰਘ ਢਿੱਲੋਂ (35) ਉਰਫ ਰੰਮੀ ਢਿੱਲੋਂ ਪੁੱਤਰ ਨਰਿੰਦਰ ਸਿੰਘ ਢਿੱਲੋਂ ਵਾਸੀ ਮੁਹੱਲਾ ਪੰਡੋਰੀ ਹਾਲ ਵਾਸੀ ਅਮਰੀਕਾ ਦੀ ਕੈਲੀਫੋਰਨੀਆ ਵਿੱਚ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ।ਇਸ ਘਟਨਾ ਦੀ ਖਬਰ ਮਿਲਦੇ ਹੀ ਇਲਾਕੇ 'ਚ ਸੋਗ ਦੀ ਲਹਿਰ ਹੈ।

ਦੱਸ ਦਈਏ ਕਿ ਮ੍ਰਿਤਕ ਨੌਜਵਾਨ ਕੁਝ ਸਾਲ ਪਹਿਲਾਂ ਹੀ ਪਰਿਵਾਰ ਸਮੇਤ ਪੱਕੇ ਤੌਰ 'ਤੇ ਅਮਰੀਕਾ ਗਿਆ ਸੀ ਅਤੇ ਅਜੇ ਕਵਾਰਾ ਸੀ।ਉਸ ਦਾ ਸਾਰਾ ਪਰਵਾਰ ਅਮਰੀਕਾ ਵਿੱਚ ਹੀ ਰਹਿ ਰਿਹਾ ਹੈ।

# ਸਰਕਾਰੀ ਸਕੂਲ ਨਾਰੂ ਨੰਗਲ ਦਾ ਸਕੂਲ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਜ਼ਿਲ੍ਹਾ ਸਿੱਖਿਆ ਅਫਸਰ ਹੁਸ਼ਿਆਰਪੁਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਜਗਜੀਤ ਸਿੰਘ ਦੀ ਯੋਗ ਅਗਵਾਈ ਹੇਠ 68ਵੀਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਪੰਡੋਰੀ ਖਜੂਰ ਵਿਖੇ ਕਰਵਾਈਆਂ ਗਈਆਂ। ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਾਰੂ ਨੰਗਲ ਦੀਆਂ ਖੋ-ਖੋ ਦੀਆਂ ਟੀਮਾਂ ਨੇ ਪਿਛਲੇ ਸਾਲ ਵਾਂਗ ਇਸ ਸਾਲ ਵੀ ਜੇਤੂ ਹੋਣ ਦਾ ਮਾਣ ਹਾਸਲ ਕੀਤਾ ਹੈ। ਅੰਡਰ-17 ਕੁੜੀਆਂ ਅਤੇ ਅੰਡਰ-19 ਮੁੰਡਿਆਂ ਨੇ ਗੋਲਡ ਮੈਡਲ ਪ੍ਰਾਪਤ ਕੀਤਾ ਹੈ। ਇਸ ਦੇ ਵਿੱਚ ਦੱਸਣਯੋਗ ਇਹ ਗੱਲ ਹੈ ਕਿ ਸਾਰੇ ਮੈਚਾਂ ਵਿੱਚ ਕਿਸੇ ਵੀ ਟੀਮ ਨੇ ਨਾਰੂ ਨੰਗਲ ਸਕੂਲ ਦੀ ਟੀਮ ਨਾਲ ਪੂਰਾ ਮੈਚ ਨਹੀਂ ਖੇਡਿਆ, ਕਿਉਂਕਿ ਪਹਿਲੇ ਮੈਚ ਤੋਂ ਲੈ ਕੇ ਫਾਈਨਲ ਮੈਚ ਤੱਕ ਸਾਰੇ ਮੈਚ ਨਾਰੂ ਨੰਗਲ ਨੇ ਵਨ ਸਾਈਡਡ ਜਿੱਤੇ। ਫਾਈਨਲ ਮੈਚ ਅੰਡਰ-17 ਕੁੜੀਆਂ ਜੋਕਿ ਗੜ੍ਹਸ਼ੰਕਰ ਜ਼ੋਨ ਦੇ ਨਾਲ ਹੋਇਆ ਜਿਸ ਵਿੱਚ 14-1 ਦੀ ਲੀਡ ਨਾਲ ਇਹ ਵਨ ਸਾਈਡਡ ਮੈਚ ਜਿੱਤਿਆ। ਅੰਡਰ-19 ਮੁੰਡਿਆਂ ਦੀ ਟੀਮ ਨੇ ਫਾਈਨਲ ਮੈਚ ਦਸੂਆ ਜੋਨ ਦੀ ਟੀਮ ਨੂੰ 22-1 ਦੇ ਨਾਲ ਹਰਾ ਕੇ ਜਿੱਤਿਆ।ਪ੍ਰਿੰਸੀਪਲ ਸ਼ੈਲੇਂਦਰ ਠਾਕੁਰ ਨੇ ਜੇਤੂ ਖਿਡਾਰੀਆਂ ਨੂੰ ਸ਼ਾਬਾਸ਼ ਦਿੱਤੀ ਅਤੇ ਲੈਕਚਰਾਰ ਸੁਰਜੀਤ ਸਿੰਘ ਨੇ ਸਾਰੀ ਟੀਮ ਨੂੰ ਪ੍ਰੈਜੀਡੈਂਸੀ ਹੋਟਲ ਦੇ ਵਿੱਚ ਲੰਚ ਕਰਵਾਇਆ। ਸਾਰੇ ਬੱਚਿਆਂ ਦਾ ਸਕੂਲ ਆਉਣ ਤੇ ਨਿੱਘਾ ਸਵਾਗਤ ਕੀਤਾ ਗਿਆ ਅਤੇ ਸਾਰੇ ਅਧਿਆਪਕ ਸਾਹਿਬਾਨ ਨੇ ਬੱਚਿਆਂ ਨੂੰ ਮੁਬਾਰਕਾਂ ਦਿਤੀਆਂ ਅਤੇ ਹੋਰ ਅੱਗੇ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਦੇ ਵਿੱਚ ਵੀ ਮੈਡਲ ਪ੍ਰਾਪਤ ਕਰਨ ਲਈ ਹੋਰ ਵੀ ਜਿਆਦਾ ਮਿਹਨਤ ਕਰਨ ਲਈ ਕਿਹਾ।

# ਨੂਰਮਹਿਲ ਸ਼ਹਿਰ ਦਾ ਹਾਲ-ਏ-ਦਾਸਤਾਨ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਨੂਰਮਹਿਲ ਸ਼ਹਿਰ ਦੀ ਬਦਕਿਸਮਤੀ ਹੈ ਕਿ ਸ਼ਹਿਰ ਵਿੱਚ ਪਿਛਲੇ ਕਾਫ਼ੀ ਲੰਮੇ ਅਰਸੇ ਤੋਂ ਸ਼ਹਿਰ ਦਾ ਕੋਈ ਵੀ ਵਿਕਾਸ ਨਹੀਂ ਹੋਇਆ ਹੈ। ਜੇ ਹੋਇਆ ਤਾਂ ਉਹ ਕਾਗਜ਼ਾਂ ਵਿੱਚ ਹੀ ਹੋਇਆ ਹੈ।ਜੇ ਗੱਲ ਕਰੀਏ ਤਾਂ ਅਕਾਲੀ ਭਾਜਪਾ ਸਰਕਾਰ ਵੇਲੇ ਇੰਨੇ ਵੱਡੇ ਪ੍ਰੋਜੈਕਟ ਆਏ ਪਰ ਉਹ ਅੱਧ ਵਿਚਾਲੇ ਹੀ ਦਮ ਤੋੜ ਗਏ ਕਿਉਂਕਿ ਬਾਅਦ ਵਿਚ ਵੱਖ-ਵੱਖ ਸਰਕਾਰਾਂ ਹੋਂਦ ਵਿਚ ਆਈਆਂ।ਇਨ੍ਹਾਂ ਸਰਕਾਰਾਂ ਨੇ ਸਭ ਕੁੱਝ ਵਿਚ ਵਿਚਾਲੇ ਹੀ ਡੋਬ ਦਿੱਤਾ।ਸ਼ਹਿਰ ਵਿਚ 30 ਕਰੋੜ ਦੀ ਲਾਗਤ ਨਾਲ ਪਾਇਆਂ ਗਿਆ ਸੀਵਰੇਜ ਵੀ ਅੱਜ ਲੋਕਾਂ ਦੀ ਸਿਰਦਰਦੀ ਦਾ ਕਾਰਨ ਬਣਿਆ ਹੋਇਆ ਹੈ।ਸੀਵਰੇਜ ਓਵਰਫਲੋਅ ਹੈ ਤੇ ਉਸ ਦਾ ਗੰਦਾ ਪਾਣੀ ਲੋਕਾਂ ਦੇ ਘਰਾਂ ਵਿਚ ਵਾਪਸ ਆ ਰਿਹਾ ਹੈ। ਸ਼ਹਿਰ ਵਿਚ ਨਗਰ ਕੌਂਸ਼ਲ ਕੋਲ ਕੋਈ ਵੀ ਕੂੜੇ ਦਾ ਡੰਪ ਨਹੀਂ ਹੈ।ਜਿੱਥੇ ਕਿਸੇ ਦੀ ਮਰਜ਼ੀ ਚੱਲਦੀ ਹੈ। ਉੱਥੇ ਹੀ ਕੂੜਾ ਸੁੱਟ ਦਿੱਤਾ ਜਾਂਦਾ ਹੈ।ਸ਼ਹਿਰ ਦੇ ਚਾਰੇ ਪਾਸੇ ਕੂੜੇ ਦੇ ਢੇਰ ਹੀ ਢੇਰ ਨਜ਼ਰ ਆਉਂਦੇ ਹਨ।ਸ਼ਹਿਰ ਵਿਚ ਸਟਰੀਟ ਲਾਈਟਾਂ ਦਾ ਇੰਨਾ ਬੁਰਾ ਹਾਲ ਹੈ ਕਿ ਕਈ ਮੁਹੱਲਿਆਂ ਵਿਚ ਸਟਰੀਟ ਲਾਈਟਾਂ ਬੰਦ ਪਈਆਂ ਹੋਈਆਂ ਹਨ।ਕੋਈ ਵੀ ਅਧਿਕਾਰੀ ਸੁਣਨ ਨੂੰ ਤਿਆਰ ਨਹੀਂ। ਨਾਲੀਆਂ, ਨਾਲਿਆਂ ਵਿਚ ਇੰਨੀ ਗੰਦਗੀ ਹੈ ਕਿ ਲੋਕ ਬੀਮਾਰ ਹੋ ਰਹੇ ਹਨ। ਕਈ- ਕਈ ਦਿਨ ਇਨ੍ਹਾਂ ਨੂੰ ਸਾਫ਼ ਨਹੀਂ ਕੀਤਾ ਜਾਂਦਾ।ਸ਼ਹਿਰ ਵਿਚ ਪਾਣੀ ਦੀ ਨਿਕਾਸੀ ਨਾ ਦੀ ਕੋਈ ਚੀਜ਼ ਨਹੀਂ ਹੈ। ਬਰਸਾਤਾਂ ਦਾ ਪਾਣੀ ਲੋਕਾਂ ਦੇ ਘਰਾਂ ਵਿਚ ਤੇ ਦੁਕਾਨਾਂ ਵਿਚ ਆ ਜਾਂਦਾ ਹੈ। ਲੋਕ ਇੰਨੇ ਪ੍ਰੇਸ਼ਾਨ ਹਨ ਕਿ ਉਹ ਨਗਰ ਕੌਂਸ਼ਲ ਨੂੰ ਕੋਸਦੇ ਨਜ਼ਰ ਆਉਂਦੇ ਹਨ। ਸ਼ਹਿਰ ਦੇ 13 ਕੌਂਸ਼ਲਰ ਹਨ ਜੋ ਕਿ 5 ਸਾਲਾਂ ਬਾਅਦ ਵੀ ਨਜ਼ਰ ਆਉਂਦੇ ਹਨ।ਕੋਈ ਵੀ ਕੌਂਸ਼ਲਰ ਸ਼ਹਿਰ ਦੇ ਮੁੱਦਿਆਂ ਬਾਰੇ ਬੋਲਣ ਨੂੰ ਤਿਆਰ ਨਹੀਂ। ਸ਼ਹਿਰ ਵਾਸੀਆਂ ਦਾ ਕਹਿਣਾ ਕਿ ਨਗਰ ਕੌਂਸ਼ਲ ਦੇ ਅਧਿਕਾਰੀ ਇਨ੍ਹਾਂ ਮੁੱਦਿਆਂ ਵੱਲ ਧਿਆਨ ਦੇਣ ਤਾਂ ਜੋ ਲੋਕ ਨਰਕ ਦੀ ਜ਼ਿੰਦਗੀ ਨਾ ਜਿਉਣ।

# ਮਿਸਲ ਸਤਲੁਜ ਨੇ ਕੇਂਦਰ-ਰਾਜ ਸੰਬੰਧਾਂ ਨੂੰ ਮੁੜ ਪਰਿਭਾਸ਼ਤ ਕਰਨ ਦਾ ਦਿੱਤਾ ਸੱਦਾ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**-ਸਮਾਜਿਕ-ਰਾਜਨੀਤਿਕ ਸੰਗਠਨ - ਮਿਸਲ ਸਤਲੁਜ ਨੇ ਅੱਜ ਨੂਰਮਹਿਲ 'ਚ ਇਕ ਮਹੱਤਵਪੂਰਨ ਬੈਠਕ ਕੀਤੀ, ਜਿਸ 'ਚ ਉਨ੍ਹਾਂ ਆਪਣੇ ਟੀਚਿਆਂ ਅਤੇ ਮਨੋਰਥ ਦੀ ਰੂਪ-ਰੇਖਾ ਦੱਸਣ ਵਾਲਾ ਆਪਣਾ ਵਿਆਪਕ ਦਸਤਾਵੇਜ਼ ਪੇਸ਼ ਕੀਤਾ। ਪ੍ਰਧਾਨ ਅਜੈਪਾਲ ਸਿੰਘ ਬਰਾੜ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕੇਂਦਰ-ਰਾਜ ਸੰਬੰਧਾਂ ਨੂੰ ਮੁੜ ਪਰਿਭਾਸ਼ਤ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ, ਇਹ ਯਕੀਨੀ ਕਰਨ ਲਈ ਕਿ ਪੰਜਾਬ ਦੇ ਹਿੱਤਾਂ ਦੀ ਰੱਖਿਆ ਕੀਤੀ ਜਾਵੇ ਅਤੇ ਇਸ ਦੇ ਸਰੋਤਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਵਰਤਿਆ ਜਾਵੇ। ਉਨ੍ਹਾਂ ਨੇ ਨੀਤੀ ਨਿਰਮਾਣ ਲਈ ਪੰਜਾਬ-ਕੇਂਦਰਿਤ ਪਹੁੰਚ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ, ਜੋ ਰਾਜ ਦੀਆਂ ਵਿਲੱਖਣ ਚੁਣੌਤੀਆਂ ਅਤੇ ਇੱਛਾਵਾਂ ਨੂੰ ਸੰਬੋਧਿਤ ਕਰੇਗੀ ।ਇਸ ਮੌਕੇ ਪ੍ਰਸਿੱਧ ਬਲਾਗਰ ਮਨਦੀਪ ਸਿੰਘ ਮੀਟਿੰਗ 'ਚ ਸ਼ਾਮਿਲ ਹੋਏ ਅਤੇ ਪੰਜਾਬ 'ਚ ਇੱਕ ਖੇਤਰੀ ਪਾਰਟੀ ਦੀ ਤੁਰੰਤ ਲੋੜ ਬਾਰੇ ਗੱਲ ਕੀਤੀ। ਉਨ੍ਹਾਂ ਨੇ ਇਕ ਰਾਜਨੀਤਿਕ ਸੰਸਥਾ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਜੋ ਪੰਜਾਬੀਆਂ ਦੀਆਂ ਚਿੰਤਾਵਾਂ ਨੂੰ ਤਰਜੀਹ ਦੇਵੇ ਅਤੇ ਉਨ੍ਹਾਂ ਦੇ ਭਲੇ ਦੀ ਵਕਾਲਤ ਕਰੇਗੀ। ਮਿਸਲ ਸਤਲੁਜ ਯੂਥ ਸੈੱਲ ਦੋਆਬਾ ਦੇ ਪ੍ਰਧਾਨ ਤੇਜਿੰਦਰ ਸਿੰਘ ਮਾਂਗਟ ਨੇ ਨੌਜਵਾਨਾਂ ਨੂੰ ਅੱਗੇ ਆਉਣ ਅਤੇ ਪੰਜਾਬ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਦੇ ਯਤਨਾਂ 'ਚ ਸਰਗਰਮੀ ਨਾਲ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ । ਬੈਠਕ ਦਾ ਆਯੋਜਨ ਮਿਸਲ ਸਤਲੁਜ ਨਕੋਦਰ ਦੇ ਹਲਕਾ ਇੰਚਾਰਜ ਦਵਿੰਦਰ ਸਿੰਘ ਸੰਗੋਵਾਲ ਨੇ ਕੀਤਾ। ਉਨ੍ਹਾਂ ਨੇ ਸਮਾਗਮ ਵਿੱਚ ਹਾਜ਼ਰ ਲੋਕਾਂ ਨੂੰ ਸੰਗਠਨ ਦੀਆਂ ਭਵਿੱਖ ਦੀਆਂ ਯੋਜਨਾਵਾਂ ਅਤੇ ਪਹਿਲਕਦਮੀਆਂ ਬਾਰੇ ਜਾਣਕਾਰੀ ਦਿੱਤੀ। ਦਵਿੰਦਰ ਸਿੰਘ ਸੰਗੋਵਾਲ ਨੇ ਸਮਾਗਮ 'ਚ ਹਾਜ਼ਰ ਲੋਕਾਂ ਦਾ ਧੰਨਵਾਦ ਕੀਤਾ।

# ਸਿਹਤ ਵਿਭਾਗ ਕੋਰਨੀਆ ਬਲਾਇੰਡਨੈਸ ਪੀੜਤਾਂ ਦੀ ਸੂਚੀ ਦੇਵੇ ਤਾਂ ਰੋਟਰੀ ਆਈ ਬੈਂਕ ਕਰਵਾਏਗੀ ਮੁਫ਼ਤ ਅਪ੍ਰੇਸ਼ਨ : ਸੰਜੀਵ ਅਰੋੜਾ



**ਹੁਸ਼ਿਆਰਪੁਰ,, (ਬਲਵੀਰ ਸਿੰਘ ਸੈਣੀ)** ਰੋਟਰੀ ਆਈ ਬੈਂਕ ਅਤੇ ਕੋਰਨੀਆ ਟ੍ਰਾਂਸਪਲਾਂਟ ਸੁਸਾਇਟੀ ਦੇ ਅਹੁੱਦੇਦਾਰਾਂ ਨੇ ਪ੍ਰਧਾਨ ਅਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਦੀ ਪ੍ਰਧਾਨਗੀ ਵਿੱਚ ਸਿਵਲ ਸਰਜਨ ਡਾ.ਪਵਨ ਕੁਮਾਰ ਸ਼ੁਗੋਤਰਾ ਨਾਲ ਭੇਟ ਕੀਤੀ ਅਤੇ ਉਨ੍ਹਾਂ ਨੂੰ ਜ਼ਿਲ੍ਹੇ ਵਿੱਚ ਕੋਰਨੀਆ ਬਲਾਇੰਡਨੈਸ ਤੋਂ ਪੀੜਤ ਮਰੀਜ਼ਾਂ ਦੀ ਸੂਚੀ ਮੁਹੱਈਆ ਕਰਵਾਉਣ ਦੀ ਮੰਗ ਕੀਤੀ।ਇਸ ਮੌਕੇ ਪ੍ਰਧਾਨ ਸੰਜੀਵ ਅਰੋੜਾ ਨੇ ਸਿਵਲ ਸਰਜਨ ਨੂੰ ਦੱਸਿਆ ਕਿ ਉਨ੍ਹਾਂ ਦੀ ਸੁਸਾਇਟੀ ਵਲੋਂ ਹੁਣ ਤੱਕ 4100 ਤੋਂ ਜ਼ਿਆਦਾ ਕੋਰਨੀਆ ਬਲਾਇੰਡਨੈਸ ਤੋਂ ਪੀੜਤ ਮਰੀਜ਼ਾਂ ਦੇ ਮੁਫਤ ਆਪ੍ਰੇਸ਼ਨ ਕਰਵਾ ਕੇ ਉਨ੍ਹਾਂ ਨੂੰ ਰੋਸ਼ਨੀ ਪ੍ਰਦਾਨ ਕਰ ਚੁੱਕੀ ਹੈ ਅਤੇ ਸ਼੍ਰੀ ਅਰੋੜਾ ਨੇ ਦੱਸਿਆ ਕਿ ਹੁਣ ਵੀ ਇਸ ਤਰ੍ਹਾਂ ਦੇ ਕਈ ਮਰੀਜ਼ ਹਨ ਜਿਨ੍ਹਾਂ ਨਾਲ ਸਬੰਧਿਤ ਜਾਣਕਾਰੀ ਨਾ ਹੋਣ ਕਾਰਨ ਅਤੇ ਉਨ੍ਹਾਂ ਵਿੱਚ ਜਾਗਰੂਕਤਾ ਦੀ ਕਮੀ ਹੋਣ ਦੇ ਕਾਰਨ ਉਹ ਰੋਸ਼ਨੀ ਤੋਂ ਵਾਂਝੇ ਹਨ।ਇਸ ਲਈ ਜ਼ਿਲ੍ਹਾ ਸਿਹਤ ਵਿਭਾਗ ਦੇ ਕੋਲ ਜੇ ਕਿਸੀ ਮਰੀਜ਼ ਸੰਬੰਧੀ ਕੋਈ ਜਾਣਕਾਰੀ ਹੈ ਤਾਂ ਉਹ ਸੁਸਾਇਟੀ ਨੂੰ ਦਿੱਤੀ ਜਾਵੇ ਤਾਂ ਕਿ ਉਨ੍ਹਾਂ ਦੇ ਵੀ ਆਪ੍ਰੇਸ਼ਨ ਕਰਵਾ ਕੇ ਉਨ੍ਹਾਂ ਨੂੰ ਵੀ ਇਸ ਸੁੰਦਰ ਸੰਸਾਰ ਨੂੰ ਦੇਖਣ ਦੇ ਕਾਬਿਲ ਬਣਾਇਆ ਜਾ ਸਕੇ। ਇਸ ਮੌਕੇ ਤੇ ਸੁਸਾਇਟੀ ਦੇ ਚੇਅਰਮੈਨ ਜੇ.ਬੀ.ਬਹਿਲ ਨੇ ਦੱਸਿਆ ਕਿ ਸੁਸਾਇਟੀ ਵਲੋਂ ਦੇਸ਼ ਦੇ ਅਲੱਗ-ਅਲੱਗ ਹਿੱਸਿਆਂ ਵਿੱਚ ਸਥਿਤ ਆਈ ਬੈਂਕਾਂ ਦੇ ਨਾਲ ਕਰਾਰ ਕੀਤਾ ਗਿਆ ਹੈ। ਜਿਸ ਵਿੱਚ ਪੰਜਾਬ, ਹਿਮਾਚਲ, ਜੰਮੂ-ਕਸ਼ਮੀਰ, ਹਰਿਆਣਾ, ਦਿੱਲੀ ਹੀ ਨਹੀਂ ਬਲਕਿ ਰਾਜਸਥਾਨ ਅਤੇ ਉੱਤਰ ਪ੍ਰਦੇਸ਼ ਵਿੱਚ ਵੀ ਕੋਰਨੀਆ ਬਲਾਇੰਡਨੈਸ ਪੀੜ੍ਹਿਤਾਂ ਦੀਆਂ ਸੂਚੀਆਂ ਮਿਲ ਰਹੀਆਂ ਹਨ ਅਤੇ ਇਨ੍ਹਾਂ ਵਿੱਚ ਸਭ ਤੋਂ ਜ਼ਿਆਦਾ ਕੇਸ ਉੱਤਰ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਦੇ ਹਨ। ਇਸ ਮੌਕੇ ਮਦਨ ਲਾਲ ਮਹਾਜਨ, ਵਿਜੈ ਅਰੜਾ, ਵੀਨਾ ਚੋਪੜਾ, ਜਸਵੀਰ ਕੰਵਰ ਅਤੇ ਅਮਿਤ ਨਾਗਪਾਲ ਵੀ ਮੌਜੂਦ ਸਨ।

# 218 ਦਿਵਿਆਂਗਜਨਾਂ ਨੂੰ ਅਲਿਮਕੋ ਵੱਲੋਂ ਨਿਰਮਿਤ ਕੁੱਲ 316 ਸਹਾਇਕ ਉਪਕਰਣ ਵੰਡੇ



**ਨਵਾਂਸ਼ਹਿਰ, ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਦਿਵਿਆਂਗਜ਼ਨਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਲਿਆਉਣ ਲਈ ਸਰਕਾਰ ਵਲੋਂ ਉਨ੍ਹਾਂ ਦੇ ਕਲਿਆਣ ਅਤੇ ਪੁਨਰਵਾਸ ਦੇ ਲਈ ਕੰਮ ਕੀਤੇ ਜਾ ਰਹੇ ਹਨ ਜਿਸਦੇ ਤਹਿਤ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ, ਬਲਾਕਵਾਈਜ਼ ਬਲਾਚੌਰ, ਸੜੋਆ, ਬੰਗਾ, ਔੜ, ਬਲਾਕ ਨਵਾਂਸ਼ਹਿਰ ਵਿਚ ਮੁਫ਼ਤ ਦਿਵਯਾਂਗਜਨ ਉਪਕਰਣ ਵੰਡ ਸਮਾਰੋਹ, ਦਾ ਆਯੋਜਨ ਕੀਤਾ ਗਿਆ। ਇਹ ਜਾਣਕਾਰੀ ਹਲਕਾ ਇੰਚਾਰਜ ਨਵਾਂਸ਼ਹਿਰ ਲਲਿਤ ਮੋਹਨ ਪਾਠਕ ਨੇ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਵਿੱਚ ਇਹ ਕੈਂਪ ਸਮਾਜਿਕ ਨਿਆਂ ਅਤੇ ਅਧਿਕਾਰਿਤਾ ਮੰਤਰਾਲੇ, ਭਾਰਤ ਸਰਕਾਰ ਦੇ ਦਿਵਿਆਂਗਜਨ ਸਸ਼ਕਤੀਕਰਨ ਵਿਭਾਗ ਦੇ ਅਧੀਨ ਕੰਮ ਕਰ ਰਹੇ ਭਾਰਤੀਯ ਕ੍ਰਿਤਮ ਅੰਗ ਨਿਰਮਾਣ ਨਿਗਮ (ਅਲਿਮਕੋ) ਅਤੇ ਜ਼ਿਲ੍ਹਾ ਪ੍ਰਸ਼ਾਸਨ, ਸਹੀਦ ਭਗਤ ਸਿੰਘ ਦੀ ਭਾਗੀਦਾਰੀ ਨਾਲ ਇਸ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਇਨ੍ਹਾਂ ਕੈਂਪਾਂ ਦੇ ਦੌਰਾਨ, ਜਿਨ੍ਹਾਂ ਲਾਭਪਾਤਰੀਆਂ ਨੂੰ ਜ਼ਿਲੇ ਵਿੱਚ ਪਹਿਲਾ ਪਰੀਖਣ ਸਮਾਰੋਹ ਵਿੱਚ ਨਿਸ਼ਾਨਬੱਧ ਕੀਤਾ ਗਿਆ ਸੀ ਉਨ੍ਹਾਂ ਲਾਭਪਾਤਰੀਆਂ ਨੂੰ ਸਰਕਾਰ ਦੀ ਯੋਜਨਾ ਦੇ ਅੰਤਰਗਤ 218 ਦਿਵਿਆਂਗਜ਼ਨਾਂ ਨੂੰ ਅਲਿਮਕੋ ਵਲੋਂ ਨਿਰਮਿਤ ਕੁੱਲ 316 ਸਹਾਇਕ ਉਪਕਰਣ ਵੰਡੇ ਗਏ ਜਿਸ ਵਿੱਚ 59 ਮੋਟਰਾਈਜ਼ਡ ਟਰਾਈਸਾਈਕਲ, 31 ਟਰਾਈਸਾਈਕਲ, 49 ਵ੍ਹੀਲਚੇਅਰ, 02 ਸੁਗਮਿਆ ਕੰਨ, 34 ਬੈਸਾਖੀਆਂ, ਛਤੀਆ 08 ਨਕਲੀ ਅੰਗ ਅਤੇ ਕੈਲੀਪਰ 68 ਦਿਵਿਆਂਗਜਨਾਂ ਨੂੰ ਅਤੇ ਕੰਨਾਂ ਦੀ ਮਸ਼ੀਨ 60 ਦਿਵਿਆਂਗਜ਼ਨਾਂ ਨੂੰ ਦਿੱਤੇ ਗਏ। ਇਸ ਤਰਾਂ ਨਾਲ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸਮੂਹ ਬਲਾਕਾਂ ਵਿਚ ਰਕਮ 46,26,000 ਰੁ: ਦੀ ਕੀਮਤ ਦਾ ਸਮਾਨ ਦਿਵਿਆਂਗਜ਼ਨਾਂ ਨੂੰ ਵੰਡਿਆ ਗਿਆ ਹੈ।

# ਲਾਇਲਪੁਰ ਖ਼ਾਲਸਾ ਕਾਲਜ ਦੇ ਬੀ ਪੀ ਟੀ ਭਾਗ ਦੂਜਾ ਦਾ ਨਤੀਜਾ ਸ਼ਾਨਦਾਰ



**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨੇ ਬੈਚੂਲਰ ਆਫ ਫਿਜ਼ਿਓਥਰੈਪੀ (ਬੀ.ਪੀ.ਟੀ.) ਭਾਗ ਦੂਜਾ ਦਾ ਨਤੀਜਾ ਸ਼ਾਨਦਾਰ ਰਿਹਾ। ਵਿਦਿਆਰਥਣ ਆਸ਼ੀਮਾ ਨੇ ਯੂਨੀਵਰਸਿਟੀ ਮੈਰਿਟ 'ਚ ਦੂਜਾ ਸਥਾਨ ਹਾਸਲ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ। ਇਸੇ ਕਲਾਸ ਦੀ ਵਿਦਿਆਰਥਣ ਜਸਮੀਤ ਕੌਰ ਨੇ ਪੰਜਵਾਂ ਸਥਾਨ ਹਾਸਲ ਕੀਤਾ। ਇਸ ਮੌਕੇ ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ ਅਤੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਵਿਸ਼ੇਸ਼ ਤੌਰ 'ਤੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਵਿਦਿਆਰਥੀਆਂ ਨੂੰ ਭਵਿੱਖ ਵਿਚ ਹੋਰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ। ਇਸ ਮੌਕੇ ਡਾ. ਰਾਜੂ ਸ਼ਰਮਾ, ਮੁਖੀ ਫਿਜ਼ਿਓਥਰੈਪੀ ਵਿਭਾਗ, ਡਾ. ਜਸਵੰਤ ਕੌਰ, ਡਾ. ਪ੍ਰਿਯਾਂਕ ਸ਼ਾਰਧਾ, ਪ੍ਰੋ. ਅੰਜਲੀ ਔਜਾ ਅਤੇ ਪ੍ਰੋ. ਵਿਸ਼ਾਲੀ ਮਹਿੰਦਰੂ ਵੀ ਹਾਜ਼ਰ ਸਨ।

# ਨਸ਼ਾ ਮੁਕਤ ਅਭਿਆਨ ਤਹਿਤ ਪ੍ਰੋਗਰਾਮ ਕਰਵਾਇਆ



**ਕਰਤਾਰਪੁਰ (ਹਰਮੇਸ਼ ਦੱਤ)** ਸ਼੍ਰੋਮਣੀ ਗੁਰੁਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਅਮ੍ਰਿਤਸਰ ਸਾਹਿਬ ਅਧੀਨ ਚਲਾਏ ਜਾ ਰਹੇ ਮਾਤਾ ਗੁਜਰੀ ਖਾਲਸਾ ਕਾਲਜ ਕਰਤਾਰਪੁਰ ਵਿਖੇ ਪ੍ਰਿੰਸੀਪਲ ਡਾ ਹਰਮਨਦੀਪ ਸਿੰਘ ਗਿੱਲ ਜੀ ਦੀ ਯੋਗ ਅਗਵਾਈ ਹੇਠ ਕਾਲਜ ਦੇ ਐਨ. ਐਸ.ਐਸ . ਅਫਸਰ ਪ੍ਰੋ. ਕਮਲੇਸ਼ ਰਾਣੀ ਦੀ ਦੇਖ ਰੇਖ ਹੇਠ ਨਸਾ ਮੁਕਤ ਭਾਰਤ ਅਭਿਆਨ ਤਹਿਤ ਪੋ ?ਗਰਾਮ ਕਰਵਾਇਆ ਗਿਆ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆ ਨੂੰ ਨਸਿਆ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੁਕ ਕਰਨਾ ਸੀ ਇਸ ਪ੍ਰੋਗਰਾਮ ਤਹਿਤ ਵਿਦਿਆਰਥੀਆ ਨੂੰ ਸੁੰਹ ਚੁਕਾਈ ਗਈ ਕਿ ਉਹ ਆਪ ਨਸਾ ਮੁਕਤ ਰਹਿਣਗੇ ਸੱਗੋ ਆਪਣੇ ਪਰਿਵਾਰ ਦੋਸਤਾ ਅਤੇ ਸਮਾਜ ਨੂੰ ਨਸਾ ਮੁਕਤ ਕਰਨ ਵਿੱਚ ਆਪਣਾ ਯੋਗਦਾਨ ਪਾਉਣਗੇ ਇਸ ਤੋ ਇਲਾਵਾ ਪੋਸਟਰ ਮੈਕਿੰਗ ਅਤੇ ਸਲੋਗਨ ਰਾਈਟਿਗ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਵਿਦਿਆਰਥੀਆਂ ਨੇ ਵੱਧ ਚੱੜ ਕੇ ਹਿੱਸਾ ਲਿਆ ਪੋਸਟਰ ਮੈਕਿੰਗ ਮੁਕਾਬਲਿਆ ਵਿੱਚ ਕ੍ਰਮਵਾਰ ਕਿਰਨਪ੍ਰੀ ਕੋਰ,ਅੰਜਲੀ,ਹਰਿੰਦਰ ਸਿੰਘ,ਅਤੇ ਸਲੋਗਨ ਰਾਈਟਿੰਗ ਮੁਕਬਾਲੇ ਵਿੱਚ ਕ੍ਰਮਵਾਰ ਸੁਮਨ,ਸੁਖਵਿੰਦਰ ਕੋਰ ਅਤੇ ਰਾਜਮੀਤ ਕੋਰ ਨੇ ਪਹਿਲਾ,ਦੂਜਾ ਅਤੇ ਤੀਸਰਾ ਸਥਾਨ ਹਾਸਲ ਕੀਤਾ ਪ੍ਰਿੰਸੀਪਲ ਡਾ ਹਰਮਨਦੀਪ ਸਿੰਘ ਗਿੱਲ ਨੇ ਆਪਣੇ ਸਦੇਸ਼ ਵਿੱਚ ਵਿਦਿਆਰਥੀਆ ਨੂੰ ਨਸਿਆ ਤੋ ਮੁਕਤ ਸਮਾਜ ਸਿਰਜਨ ਵਿੱਚ ਆਪਣਾ ਯੋਗਦਾਨ ਪਾਉਣ ਵਿੱਚ ਪ੍ਰੇਤਿ ਕੀਤਾ ਗਿਆ ਜੈਤੂ ਵਿਦਿਆਰਥੀਆਂ ਦੀ ਹੋਸਲਾ ਅਫਜ਼ਾਈ ਕੀਤੀ ਅਤੇ ਇਸ ਪੋ ?ਗਰਾਮ ਨੂੰ ਉਲੀਕਨ ਵਿੱਚ ਐਨ.ਐਸ.ਐਸ.ਵਿਭਾਗ ਦੀ ਸ਼ਲਾਘਾ ਕੀਤੀ ਇਸ ਮੋਕੇ ਸਮੂਹ ਸਟਾਫ ਹਾਜ਼ਰ ਸਨ।

# ਅਰੋੜਾ ਦੀ ਘਰ ਵਾਪਸੀ ਕਾਰਨ ਕਾਂਗਰਸ ਵਰਕਰਾਂ 'ਚ ਭਾਰੀ ਉਤਸ਼ਾਹ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਸੁੰਦਰ ਸ਼ਾਮ ਅਰੋੜਾ ਦੀ ਕਾਂਗਰਸ ਵਿੱਚ ਵਾਪਸੀ ਨੇ ਖਾਸ ਕਰਕੇ ਹੁਸ਼ਿਆਰਪੁਰ ਦੀ ਸਿਆਸਤ ਵਿੱਚ ਹਲਚਲ ਮਚਾ ਦਿੱਤੀ ਹੈ।ਕਰੀਬ ਡੇਢ ਸਾਲ ਪਹਿਲਾਂ ਕਾਂਗਰਸ ਛੱਡ ਕੇ ਭਾਰਤੀ ਜਨਤਾ ਪਾਰਟੀ (ਭਾਜਪਾ) 'ਚ ਸ਼ਾਮਲ ਹੋਏ ਅਰੋੜਾ ਹੁਣ ਕਾਂਗਰਸ 'ਚ ਵਾਪਸ ਆ ਗਏ ਹਨ।ਇੱਕ ਪਾਸੇ ਉਨ੍ਹਾਂ ਦੀ 'ਘਰ ਵਾਪਸੀ' ਨੇ ਕਾਂਗਰਸ ਦੇ ਖੇਮੇ ਵਿੱਚ ਨਵੀਆਂ ਉਮੀਦਾਂ ਜਗਾਈਆਂ ਹਨ ਅਤੇ ਦੂਜੇ ਪਾਸੇ ਭਾਜਪਾ ਦੇ ਅੰਦਰ ਵੀ ਇਸ ਨੇ ਦਹਿਸ਼ਤ ਪੈਦਾ ਕਰ ਦਿੱਤੀ ਹੈ।ਜਦੋਂ ਅਰੋੜਾ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਮੌਜੂਦਗੀ ਵਿੱਚ ਭਾਜਪਾ ਵਿੱਚ ਸ਼ਾਮਲ ਹੋਏ ਤਾਂ ਪਾਰਟੀ ਦੇ ਕਈ ਆਗੂਆਂ ਨੇ ਉਨ੍ਹਾਂ ਦਾ ਖੁੱਲ੍ਹੇ ਦਿਲ ਨਾਲ ਸਵਾਗਤ ਕੀਤਾ।ਹਾਲਾਂਕਿ ਭਾਜਪਾ ਦੇ ਸੀਨੀਅਰ ਨੇਤਾ ਤੀਕਸ਼ਣ ਸੂਦ ਨੇ ਉਸ ਸਮੇਂ ਇਸ 'ਤੇ ਕੋਈ ਟਿੱਪਣੀ ਨਹੀਂ ਕੀਤੀ ਸੀ।ਹੁਣ ਜਦੋਂ ਅਰੋੜਾ ਭਾਜਪਾ ਛੱਡ ਕੇ ਕਾਂਗਰਸ 'ਚ ਸ਼ਾਮਲ ਹੋ ਗਏ ਹਨ, ਤਾਂ ਤੀਕਸ਼ਨ ਸੂਦ ਨੇ ਜਨਤਾ ਨੂੰ ਸੁਚੇਤ ਕਰਦਿਆਂ ਅਰੋੜਾ ਨੂੰ ਬਦਲੇ ਹੋਏ ਦਾ ਖਿਤਾਬ ਦਿੱਤਾ ਹੈ।ਸੂਦ ਦਾ ਇਹ ਬਿਆਨ ਭਾਜਪਾ ਅੰਦਰਲੀ ਬੇਚੈਨੀ ਨੂੰ ਹੋਰ ਵਧਾ ਰਿਹਾ ਹੈ।ਅਰੋੜਾ ਦੇ ਪਾਰਟੀ 'ਚ ਸ਼ਾਮਲ ਹੋਣ ਦੇ ਫੈਸਲੇ ਤੋਂ ਖੁਸ਼ ਨਾ ਹੋਏ ਕਈ ਪਾਰਟੀ ਆਗੂਆਂ ਨੇ ਹੁਣ ਖੁੱਲ੍ਹ ਕੇ ਅਸਹਿਮਤੀ ਪ੍ਰਗਟ ਕਰਨੀ ਸ਼ੁਰੂ ਕਰ ਦਿੱਤੀ ਹੈ।ਭਾਜਪਾ ਦੇ ਕੁਝ ਅੰਦਰੂਨੀ ਸੂਤਰਾਂ ਦਾ ਕਹਿਣਾ ਹੈ ਕਿ ਅਰੋੜਾ ਵਰਗੇ ਆਗੂਆਂ ਦੀ ਪਾਰਟੀ ਵਿੱਚ ਮੌਜੂਦਗੀ ਪਾਰਟੀ ਦੇ ਅਨੁਸ਼ਾਸਨ ਅਤੇ ਏਕਤਾ ਨੂੰ ਕਮਜ਼ੋਰ ਕਰਦੀ ਹੈ।

ਅਰੋੜਾ ਦੀ ਕਾਂਗਰਸ ਵਿੱਚ ਵਾਪਸੀ ਤੋਂ ਪਾਰਟੀ ਦੇ ਕਈ ਆਗੂ ਤੇ ਵਰਕਰ ਉਤਸ਼ਾਹਿਤ ਹਨ।ਕਾਂਗਰਸ ਅੰਦਰਲੇ ਕਈਆਂ ਦਾ ਮੰਨਣਾ ਹੈ ਕਿ ਅਰੋੜਾ ਦੀ ਵਾਪਸੀ ਨਾਲ ਹੁਸ਼ਿਆਰਪੁਰ ਅਤੇ ਇਸ ਦੇ ਆਸ-ਪਾਸ ਦੇ ਇਲਾਕਿਆਂ ਵਿਚ ਪਾਰਟੀ ਨੂੰ ਸਿਆਸੀ ਲਾਭ ਮਿਲੇਗਾ।

# ਸਿਹਤ ਵਿਭਾਗ ਦੀ ਟੀਮ ਨੇਂ ਡੇਂਗੂ ਦਾ ਲਾਰਵਾ ਕੀਤਾ



**ਫਗਵਾੜਾ ( ਡਾ ਰਮਨ)** 'ਹਰ ਸ਼ੁਕਰਵਾਰ, ਡੇਂਗੂ ਦੀ ਵਾਰ' ਨੂੰ ਜਾਰੀ ਰੱਖਦਿਆਂ ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੀ ਅਗਵਾਈ ਹੇਠ ਅਤੇ ਸਿਵਲ ਸਰਜਨ ਕਪੂਰਥਲਾ ਡਾ ਰੀਚਾ ਭਾਟੀਆ ਦੇ ਦਿਸ਼ਾ-ਨਿਰਦੇਸ਼ ਹੇਠ ਅਤੇ ਐਸ਼ ਐਮ ਓ ਡਾ ਰੁਪਿੰਦਰ ਜੀਤ ਕੌਰ ਦੀ ਯੋਗ ਅਗਵਾਈ ਵਿਚ ਸਿਹਤ ਟੀਮਾਂ ਵੱਲੋਂ 15 ਦਿਨ ਸ਼ੁੱਕਰਵਾਰ ਨੂੰ ਬਲਾਕ ਪਾਸ਼ਟ ਦੇ ਪਿੰਡ ਕਾਸ਼ੀ ਨਗਰ ਵਿਖੇ ਘਰ-ਘਰ ਜਾ ਕੇ ਚੈਕਿੰਗ ਕੀਤੀ ਗਈ ਜਿਸ ਵਿੱਚ ਸਿਹਤ ਵਿਭਾਗ ਦੀਆ ਟੀਮਾਂ ਨੇ ਵੱਖ-ਵੱਖ ਇਲਾਕਿਆਂ ਵਿੱਚ ਕਈ ਘਰਾਂ ਦੀ ਚੈਕਿੰਗ ਕੀਤੀ। ਇਸ ਦੌਰਾਨ ਮੱਛਰ ਦੇ ਲਾਰਵੇ ਦੇ ਹੌਟਸਪੌਟਸ ਜਿਵੇਂ ਕੂਲਰਾਂ, ਫਰਿੱਜਾਂ ਦੇ ਹੇਠਾਂ ਟਰੇ, ਖੁੱਲ੍ਹੇ ਗਮਲਿਆਂ, ਨਾਲੀਆਂ ਆਦਿ ਦੀ ਚੈਕਿੰਗ ਕੀਤੀ ਗਈ ਇਸ ਮੌਕੇ ਡਾ. ਰੁਪਿੰਦਰ ਜੀਤ ਕੌਰ ਨੇ ਕਿਹਾ ਕਿ ਆਪਣੇ ਆਲੇ-ਦੁਆਲੇ ਪਾਣੀ ਖੜ੍ਹਾ ਨਾ ਹੋਣ ਦੇਣ ਨਾਲ ਇਸ ਮਾਰੂ ਬਿਮਾਰੀ ਤੋਂ ਆਸਾਨੀ ਨਾਲ ਬਚ ਸਕਦੇ ਹਨ ਲੋਕਾਂ ਨੂੰ ਡੇਂਗੂ ਦੇ ਲਾਰਵੇ ਦੇ ਪ੍ਰਜਨਨ ਨੂੰ ਰੋਕਣ ਲਈ ਹਰ ਸ਼ੁੱਕਰਵਾਰ ਨੂੰ ਆਪਣੇ ਆਲੇ-ਦੁਆਲੇ ਖੜ੍ਹੇ ਪਾਣੀ ਦੀ ਨਿਕਾਸੀ ਕਰਨ ਦੀ ਅਪੀਲ ਕੀਤੀ, ਜਿਸ ਨੂੰ ਮੱਛਰ ਬਣਨ ਲਈ ਇੱਕ ਹਫ਼ਤਾ ਲੱਗ ਜਾਂਦਾ ਹੈ।

ਸਤਨਾਮ ਸਿੰਘ ਬੀ ਈ ਈ ਨੇ ਕਿਹਾ ਕਿ ਭਾਵੇਂ ਇਸ ਮੁਹਿੰਮ ਦਾ ਮਕਸਦ ਲੋਕਾਂ ਨੂੰ ਡਰਾਉਣਾ ਨਹੀਂ ਸਗੋਂ ਜਾਗਰੂਕ ਕਰਨਾ ਹੈ ਜ਼ਿਕਰਯੋਗ ਹੈ ਕਿ ਇਸ ਜਾਗਰੂਕਤਾ ਮੁਹਿੰਮ ਨੂੰ ਸ਼ੁਰੂ ਕਰਨ ਦੇ ਪਿੱਛੇ ਮੁੱਖ ਮੰਤਰੀ ਭਗਵੰਤ ਮਾਨ ਦਾ ਉਦੇਸ਼ ਲੋਕਾਂ ਨੂੰ ਜਾਗਰੂਕ ਕਰਕੇ ਡੇਂਗੂ ਦੀ ਬਿਮਾਰੀ ਨੂੰ ਫੈਲਣ ਤੋਂ ਰੋਕਣਾ ਹੈ ਅਤੇ ਇਸ ਨੂੰ ਜ਼ਮੀਨੀ ਪੱਧਰ ਤੱਕ ਮੁਹਿੰਮ ਬਣਾਉਣਾ ਹੈ ਜੋ ਕਿ ਸਮਾਜ ਦੀ ਸ਼ਮੂਲੀਅਤ ਨਾਲ ਹੀ ਸੰਭਵ ਹੋ ਸਕਦਾ ਹੈ।

4-SEP-PAGE-10.qxd 9/3/2024 10:23 PM Page 1



# ਸ਼ੁਤਰਾਣਾ 'ਚ ਕਬਰਿਸਤਾਨ ਦੀ ਜ਼ਮੀਨ ਤੋਂ ਕਬਜ਼ਾ ਛੁਡਵਾਇਆ



ਕਬਰਿਸਤਾਨ ਦੀ ਜ਼ਮੀਨ ਦਾ ਮੁਆਇਨਾ ਕਰਦੇ ਹੋਏ ਵਕਫ਼ ਬੋਰਡ ਪੰਜਾਬ ਦੇ ਮੈਂਬਰ ਬਹਾਦਰ ਖਾਨ ਨਨਹੇੜਾ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸਬ ਡਵੀਜ਼ਨ ਅਧੀਨ ਆਉਂਦੇ ਪਿੰਡ ਸ਼ੁਤਰਾਣਾ ਵਿਖੇ ਕਬਰਿਸਤਾਨ ਦੀ ਜਗ੍ਹਾ ਉੱਤੇ ਪਿਛਲੇ ਕੁਝ ਸਮੇਂ ਤੋਂ ਕਬਜ਼ਾ ਕਰਕੇ ਘਰਾਂ ਦੀ ਉਸਾਰੀ ਕਰ ਰਹੇ ਲੋਕਾਂ ਕੋਲੋਂ ਵਕਫ਼ ਬੋਰਡ ਪੰਜਾਬ ਦੇ ਮੈਂਬਰ ਬਹਾਦਰ ਖਾਨ ਨਨਹੇੜਾ ਦੀ ਦੇਖ-ਰੇਖ ਪੁਲਸ ਪ੍ਰਸ਼ਾਸਨ ਦੀ ਹਾਜ਼ਰੀ ਵਿੱਚ ਨਜਾਇਜ਼ ਕਬਜ਼ਾ ਛੁਡਵਾਇਆ ਗਿਆ।

ਮੁਸਲਿਮ ਭਾਈਚਾਰੇ ਦੇ ਆਗੂ ਦਿਲਬਰ ਖਾਨ ਬਾਦਸ਼ਾਹਪੁਰ ਜ਼ਿਲ੍ਹਾ ਪ੍ਰਧਾਨ ਪਟਿਆਲਾ, ਹਲਕਾ ਮੀਤ ਪ੍ਰਧਾਨ ਨਜ਼ੀਰ ਪਾਤੜਾਂ, ਗੁਲਾਮ ਨਬੀ ਸ਼ਾਹ ਨੇ ਦੱਸਿਆ ਕਿ ਪਿੰਡ ਸ਼ੁਤਰਾਣਾ ਵਿਖੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਸਾਹਮਣੇ ਵਕਫ ਬੋਰਡ ਦੀ ਜ਼ਮੀਨ ਵਿਚੋਂ ਲਈ ਕਬਰਿਸਤਾਨ ਲਈ ਰਾਖਵੀਂ ਜ਼ਮੀਨ ਉੱਤੇ ਕੁੱਝ ਵਿਅਕਤੀਆਂ ਵੱਲੋਂ ਨਜਾਇਜ਼ ਕਬਜ਼ਾ ਕਰਕੇ ਘਰ ਬਣਾਉਣ ਦੇ ਨਾਲ-ਨਾਲ ਕਬਜ਼ਾਧਾਰੀਆਂ ਵੱਲੋਂ ਚਾਰ ਦੀਵਾਰੀ ਦੀ ਉਸਾਰੀ ਕੀਤੀ ਜਾ ਰਹੀ ਸੀ, ਜਿਸਦਾ ਪਤਾ ਲੱਗਣ ਤੇ ਪੰਜਾਬ ਦੇ ਮੁਸਲਿਮ ਆਗੂ ਤੇ ਵਕਫ਼ ਬੋਰਡ ਪੰਜਾਬ ਦੇ ਮੈਂਬਰ ਬਹਾਦਰ ਖਾਨ ਨਨਹੇੜਾ ਨੇ ਮੌਕੇ ਉੱਤੇ ਪਹੁੰਚ ਕੇ ਪੁਲਿਸ ਪ੍ਰਸ਼ਾਸਨ ਦੀ ਮਦਦ ਨਾਲ ਰੁਕਵਾਇਆ।ਉਨ੍ਹਾਂ ਦੱਸਿਆ ਕਿ ਘਰਾਂ ਦੀ ਉਸਾਰੀ ਕਰ ਰਹੇ ਲੋਕਾਂ ਨੇ ਦੱਸਿਆ ਕਿ ਉਹਨਾਂ ਉਕਤ ਜਮੀਨ ਪਿੰਡ ਦੇ ਕਿਸੇ ਵਿਅਕਤੀ ਕੋਲੋਂ ਲਈ ਹੈ ਤੇ ਉਸ ਨੇ ਇਹ ਜ਼ਮੀਨ ਦਾ 99 ਸਾਲਾ ਪਟੇ ਤੇ ਹੋਣ ਸਬੰਧੀ ਕਿਹਾ ਗਿਆ ਸੀ।ਮੁਸਲਿਮ ਆਗੂਆਂ ਨੇ ਦੱਸਿਆ ਕਿ ਵਕਫ਼ ਬੋਰਡ ਦੀ ਮਾਲਕੀ ਵਾਲੀ ਸੂਬੇ ਵਿੱਚ ਸੈਂਕੜੇ ਥਾਵਾਂ ਉੱਤੇ ਲੱਖਾਂ ਏਕੜ ਜ਼ਮੀਨ ਹੈ, ਜਿਸ ਨੂੰ ਬਹੁਤ ਸਾਰੇ ਕਿਸਾਨ ਪਟੇ ਉੱਤੇ ਲੈ ਕੇ ਖੇਤੀ ਕਰਦੇ ਆ ਰਹੇ ਹਨ, ਪਰ ਵੱਕਫ਼ ਬੋਰਡ ਦੇ ਨਿਯਮਾਂ ਮੁਤਾਬਕ ਕਬਰਿਸਤਾਨ ਲਈ ਰਾਖਵੀਂ ਜ਼ਮੀਨ ਨੂੰ ਖੇਤੀ ਜਾਂ ਹੋਰ ਕੰਮ ਲਈ ਵਰਤੋਂ ਵਿੱਚ ਨਹੀਂ ਲਿਆਂਦਾ ਜਾ ਸਕਦਾ।ਇਸ ਲਈ ਉਕਤ ਵਿਅਕਤੀਆਂ ਵੱਲੋਂ ਕਬਰਿਸਤਾਨ ਦੀ ਜ਼ਮੀਨ ਉੱਤੇ ਬਣਾਏ ਜਾ ਰਹੇ ਘਰ ਨਜਾਇਜ਼ ਉਸਾਰੀ ਹਨ, ਜਿਸ ਨੂੰ ਕਿਸੇ ਵੀ ਕੀਮਤ ਉੱਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਦੱਸਿਆ ਕਿ ਕਬਜ਼ਾਕਾਰੀਆਂ ਵੱਲੋਂ ਚਾਰਦੀਵਾਰੀ ਦੀ ਉਸਾਰੀ ਲਈ ਸੁੱਟੀਆਂ ਗਈਆਂ ਇੱਟਾਂ ਅਤੇ ਹੋਰ ਸਮਾਨ ਨੂੰ ਥਾਣੇ ਪਹੁੰਚਾ ਦਿੱਤਾ ਗਿਆ ਹੈ।

# ਰਾਜਵਿੰਦਰ ਕੌਰ ਨੇ ਬਲਾਕ ਪੰਚਾਇਤ ਅਫ਼ਸਰ ਵਜੋਂ ਅਹੁਦਾ ਸੰਭਾਲਿਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**

ਪੰਚਾਇਤ ਵਿਭਾਗ ਦੇ ਨਿਰਦੇਸ਼ਾਂ ਤਹਿਤ ਰਾਜਵਿੰਦਰ ਕੌਰ ਨੂੰ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਵਜੋਂ ਤਾਇਨਾਤ ਕੀਤਾ ਗਿਆ ਹੈ।

ਬੀ.ਡੀ.ਪੀ.ਓ. ਰਾਜਵਿੰਦਰ ਕੌਰ ਨੇ ਮਾਛੀਵਾੜਾ ਦਫ਼ਤਰ ਵਿਖੇ ਆ ਕੇ ਆਪਣਾ ਅਹੁਦਾ ਸੰਭਾਲ ਲਿਆ। ਅਹੁਦਾ ਸੰਭਾਲਣ ਮੌਕੇ ਉਨ੍ਹਾਂ ਦਾ ਐੱਸ.ਪੀ.ਓ. ਰਘਵੀਰ ਸਿੰਘ, ਪੰਚਾਇਤ ਸਕੱਤਰ ਸੁਖਵਿੰਦਰ ਸਿੰਘ ਬਾਜਵਾ ਤੇ ਹੋਰ ਸਟਾਫ਼ ਨੇ ਸਵਾਗਤ ਕੀਤਾ। ਇਸ ਮੌਕੇ ਰਾਜਵਿੰਦਰ ਕੌਰ ਨੇ ਕਿਹਾ ਕਿ ਉਹ ਮਾਛੀਵਾੜਾ ਬਲਾਕ 'ਚ ਪਿੰਡਾਂ ਦੇ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਯੋਜਨਾਵਾਂ ਪਿੰਡਾਂ ਦੇ ਲੋਕਾਂ ਤੱਕ ਪੁਚਾਉਣਾ ਉਨ੍ਹਾਂ ਦਾ ਮੁੱਖ ਉਦੇਸ਼ ਹੋਵੇਗਾ ਤੇ ਮਨਰੇਗਾ ਯੋਜਨਾ ਤਹਿਤ ਪਿੰਡਾਂ ਦੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਂਦੀ ਜਾਵੇਗੀ। ਜ਼ਿਕਰਯੋਗ ਹੈ ਕਿ ਰਾਜਵਿੰਦਰ ਕੌਰ ਪਹਿਲਾਂ ਵੀ ਮਾਛੀਵਾੜਾ ਸਾਹਿਬ ਵਿਖੇ ਬਲਾਕ ਪੰਚਾਇਤ ਅਫ਼ਸਰ ਵਜੋਂ ਆਪਣੀਆਂ ਸੇਵਾਵਾਂ ਨਿਭਾਅ ਚੁੱਕੇ ਹਨ।

# ਚਾਈਨਾ ਡੋਰ ਦੀ ਵਿਕਰੀ ਤੇ ਇਸਤੇਮਾਲ ਕਰਨ 'ਤੇ ਪਾਬੰਦੀ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਚਾਈਨਾ ਡੋਰ ਦੀ ਵਿਕਰੀ ਤੇ ਵਰਤੋਂ ਉੱਪਰ ਪੂਰੇ ਪੰਜਾਬ ਵਿੱਚ ਪਾਬੰਦੀ ਹੈ, ਕਿਉਂਕਿ ਇਸ ਨਾਲ ਆਮ ਲੋਕਾਂ ਤੋਂ ਇਲਾਵਾ ਬੱਚਿਆਂ ਤੇ ਪੰਛੀਆਂ ਨੂੰ ਜਾਨੀ ਨੁਕਸਾਨ ਹੋਣ ਦਾ ਖਤਰਾ ਬਣਿਆ ਰਹਿੰਦਾ ਹੈ ਤੇ ਇਹ ਚਾਈਨਾ ਡੋਰ ਵਾਤਾਵਰਨ ਲਈ ਵੀ ਨੁਕਸਾਨਦਾਇਕ ਹੈ।ਉਨ੍ਹਾਂ ਕਿਹਾ ਕਿ ਹੋ ਸਕਦਾ ਹੈ ਕਿ ਹੋਲ ਸੇਲਰਾਂ ਅਤੇ ਦੁਕਾਨਦਾਰਾਂ ਵੱਲੋਂ ਚਾਈਨਾ ਡੋਰ ਸਟੋਰ ਕਰਨੀ ਸ਼ੁਰੂ ਕਰ ਦਿੱਤੀ ਗਈ ਹੋਵੇ।ਡਿਪਟੀ ਕਮਿਸ਼ਨਰ ਨੇ ਚਾਈਨਾ ਡੋਰ ਖਰੀਦਣ ਤੇ ਕੜੀ ਨਿਗਰਾਨੀ ਰੱਖਣ ਲਈ ਕਾਰਜ ਸਾਧਕ ਅਫਸਰ ਨਗਰ ਕੌਂਸਲ ਫ਼ਰੀਦਕੋਟ, ਕੋਟਕਪੂਰਾ, ਜੈਤੋ ਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਦੀ ਖਾਸ ਤੌਰ 'ਤੇ ਡਿਊਟੀ ਲਾਈ ਹੈ, ਤਾਂ ਜੁ ਚਾਈਨਾ ਡੋਰ ਦੇ ਇਸਤੇਮਾਲ/ਵੇਚਣ ਅਤੇ ਖਰੀਦਣ ਨੂੰ ਰੋਕਿਆ ਜਾ ਸਕੇ।ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਜ਼ਿਲ੍ਹੇ ਵਿੱਚ ਚਾਈਨਾ ਡੋਰ ਵੇਚਣ, ਖ਼ਰੀਦਣ ਤੇ ਸਟੋਰ ਕਰਨ ਵਾਲਿਆਂ 'ਤੇ ਸਖ਼ਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇ। ਜੇਕਰ ਅਜਿਹਾ ਕੋਈ ਮਾਮਲਾ ਧਿਆਨ ਵਿੱਚ ਆਉਂਦਾ ਹੈ ਤਾਂ ਉਸ 'ਤੇ ਤੁਰੰਤ ਸਖਤ ਕਾਰਵਾਈ ਕੀਤੀ ਜਾਵੇ।ਡਿਪਟੀ ਕਮਿਸ਼ਨਰ ਨੇ ਲਿਖਤੀ ਹੁਕਮ ਜਾਰੀ ਕਰਦਿਆਂ ਦੱਸਿਆ ਕਿ ਐਸ.ਡੀ.ਐਮਜ਼, ਕਾਰਸਾਧਕ ਅਫ਼ਸਰ ਨਗਰ ਕੌਂਸਲ, ਬਲਾਕ ਤੇ ਪੰਚਾਇਤ ਅਫ਼ਸਰਾਂ ਨੂੰ ਨਿੱਜੀ ਤੌਰ 'ਤੇ ਪਹੁੰਚ ਕੇ ਰੈਗੂਲਰ ਚੈਕਿੰਗ ਅਤੇ ਲੋੜੀਂਦੀ ਕਾਰਵਾਈ ਕਰਨ ਸੰਬੰਧੀ ਲਿਖਿਆ ਗਿਆ ਹੈ।ਇਸ ਤੋਂ ਇਲਾਵਾ ਜ਼ਿਲ੍ਹਾ ਸਿੱਖਿਆ ਅਫਸਰ ਨੂੰ ਵੀ ਸਕੂਲਾਂ ਤੇ ਕਾਲਜਾਂ ਦੇ ਬੱਚਿਆਂ ਨੂੰ ਚਾਈਨਾ ਡੋਰ ਦੀ ਵਰਤੋਂ ਨਾ ਕਰਨ ਵਾਸਤੇ ਜਾਗਰੂਕ ਕਰਨ ਸਬੰਧੀ ਹਦਾਇਤ ਕੀਤੀ ਹੈ।ਉਨ੍ਹਾਂ ਕਿਹਾ ਕਿ ਇਸ ਸਬੰਧੀ ਕਿਸੇ ਵੀ ਕਿਸਮ ਦੀ ਕੋਈ ਵੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

# ਐਂਟੀ ਕੁਰੱਪਸ਼ਨ ਬਿਊਰੋ ਵੱਲੋਂ ਨਿਰਮਲ ਸਿੰਘ ਜ਼ਿਲ੍ਹਾ ਇੰਚਾਰਜ ਨਿਯੁਕਤ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਐਂਟੀ ਕਰੱਪਸ਼ਨ ਬਿਊਰੋ ਇੰਡੀਆ ਦੇ ਕੌਮੀ ਪ੍ਰਧਾਨ ਵੱਲੋਂ ਸੰਸਥਾ ਦੀ ਟੀਮ ਨਾਲ ਕੀਤੀ। ਮੀਟਿੰਗ ਵਿੱਚ ਬਿਊਰੋ ਦਾ ਪੰਜਾਬ ਵਿੱਚ ਵਿਸਤਾਰ ਕਰਦਿਆਂ ਜ਼ਿਲ੍ਹਾ ਪਟਿਆਲਾ ਤੋਂ ਨਿਰਮਲ ਸਿੰਘ ਨੂੰ ਪਟਿਆਲਾ ਇੰਚਾਰਜ ਨਿਯੁਕਤ ਕਰਦਿਆਂ ਬਾਕੀ ਤਹਿਸੀਲ ਪੱਧਰੀ ਨਿਯੁਕਤੀ ਵੀ ਕੀਤੀ ਗਈ।ਸੰਸਥਾ ਦੇ ਮੁਖੀ ਜੇਪੀ ਸਰਹੱਦੀ ਨੇ ਦੱਸਿਆ ਕਿ ਭਾਵੇਂ ਸਰਕਾਰੀ ਤੌਰ ਤੇ ਐਂਟੀ ਕਰੱਪਸ਼ਨ ਵਿਭਾਗ ਬਣਾਏ ਗਏ ਹਨ, ਪਰ ਭ੍ਰਿਸ਼ਟਾਚਾਰ ਦੇ ਵਧਦੇ ਰੁਝਾਨ ਨੂੰ ਰੋਕਣ ਲਈ ਨਿਜੀ ਤੌਰ 'ਤੇ ਜਾਗਰੂਕਤਾ ਫੈਲਾਉਣੀ ਬਹੁਤ ਜ਼ਰੂਰੀ ਹੈ, ਜਿਨ੍ਹਾਂ ਚਿਰ ਹੇਠਲੇ ਪੱਧਰ ਤੇ ਲੋਕਾਂ ਵਿਚ ਰਿਸ਼ਵਤਖੋਰੀ ਵਿਰੁੱਧ ਜਾਗਰੂਕਤਾ ਨਹੀਂ ਆਉਂਦੀ, ਓਨਾ ਚਿਰ ਅਫ਼ਸਰਸ਼ਾਹੀ ਨੂੰ ਨੱਥ ਨਹੀਂ ਪਾਈ ਜਾ ਸਕਦੀ। ਉਨ੍ਹਾਂ ਦੱਸਿਆ ਕਿ ਸਾਡੀ ਸੰਸਥਾ ਐਂਟੀ ਕਰੱਪਸ਼ਨ ਬਿਊਰੋ (ਰਜਿ) ਭਾਰਤ ਦੇ ਅੱਧੀ ਦਰਜਨ ਤੋਂ ਵੱਧ ਰਾਜਾਂ ਵਿੱਚ ਸਫ਼ਲਤਾਪੂਰਵਕ ਕੰਮ ਕਰ ਰਹੀ ਹੈ ਅਤੇ ਹੁਣ ਉਹ ਆਪਣੀ ਸੰਸਥਾ ਦੇ ਵਿਸਤਾਰ ਤਹਿਤ ਪਟਿਆਲਾ ਜ਼ਿਲ੍ਹੇ ਦੀ ਟੀਮ ਨਿਯੁਕਤ ਕਰ ਰਹੇ ਹਨ, ਕਿਉਂਕਿ ਸੁਣਨ ਵਿੱਚ ਆ ਰਿਹਾ ਹੈ ਕਿ ਜ਼ਿਲ੍ਹਾ ਪਟਿਆਲਾ ਵਿਚ ਰਿਸ਼ਵਤਖੋਰੀ ਦਾ ਜਿੰਨਾ ਅਫ਼ਸਰਸ਼ਾਹੀ ਦੇ ਸਿਰ ਚੜ੍ਹ ਬੋਲਦਾ ਹੈ।

# ਸ਼ਾਹਪੁਰ ਕਲਾਂ ਵਿਖੇ ਸਨਮਾਨ ਸਮਾਰੋਹ ਕਰਾਇਆ



**ਚੀਮਾ ਮੰਡੀ (ਰਵਿੰਦਰ ਚੀਮਾ)**-ਪਿੰਡ ਸ਼ਾਹਪੁਰ ਕਲਾਂ ਵਿਖੇ ਹੰਸਰਾਜ ਸਿੰਘ ਸੇਵਾਮੁਕਤ ਕਾਨੂੰਗੋ ਦੀ ਅਗਵਾਈ ਵਿੱਚ ਇੱਕ ਸਨਮਾਨ ਸਮਾਰੋਹ ਕਰਾਇਆ ਗਿਆ, ਜਿਸ ਵਿੱਚ ਸੇਵਾਮੁਕਤ ਅਧਿਆਪਕ ਭਗਤ ਰਾਮ ਚੱਠਿਆਂ ਵਾਲਿਆਂ ਦਾ ਉਨ੍ਹਾਂ ਦੇ ਪੁਰਾਣੇ ਵਿਦਿਆਰਥੀਆਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।ਉਹ ਤਕਰੀਬਨ 49 ਸਾਲ ਪਹਿਲਾਂ ਪਿੰਡ ਸ਼ਾਹਪੁਰ ਕਲਾਂ ਵਿਖੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਜੇ ਬੀ ਟੀ ਮਾਸਟਰ ਵਜੋਂ ਤਾਇਨਾਤ ਰਹੇ ਸਨ।ਇਸ ਮੌਕੇ ਹੰਸਰਾਜ ਸਿੰਘ ਸੇਵਾ ਮੁਕਤ ਕਾਨੂੰਗੋ, ਮਲਕੀਤ ਸਿੰਘ ਗਾਂਧੀ, ਜਗਰੂਪ ਸਿੰਘ, ਮੁਖ਼ਤਿਆਰ ਅਲੀ, ਜਸਪਾਲ, ਭੀਮ ਸੈਨ, ਗੁਰਚਰਨ ਸਿੰਘ, ਜਥੇਦਾਰ ਹਰੀ ਸਿੰਘ, ਸੱਤਪਾਲ,ਜੀਤ ਸਿੰਘ, ਸੁੱਖਾ ਸਿੰਘ ਸੂਬੇਦਾਰ, ਦਰਸ਼ਨ ਸਿੰਘ, ਸੁਰਜੀਤ ਸਿੰਘ ਨੰਬਰਦਾਰ, ਚਰੰਜੀ ਰਾਮ, ਮੋਹਨ ਲਾਲ, ਓਮ ਪ੍ਰਕਾਸ਼, ਗੁਰਦਾਸ ਸਿੰਘ, ਲੀਲਾ ਸਿੰਘ ਪ੍ਰਧਾਨ, ਧਨੰਤਰ ਸਿੰਘ, ਕਰਨੈਲ ਸਿੰਘ, ਭੂਰਾ ਸਿੰਘ, ਗੁਰਭੇਜ ਸਿੰਘ, ਨਾਜਰ ਸਿੰਘ, ਸੁਖਵਿੰਦਰ ਸਿੰਘ, ਜਸਵਿੰਦਰਪਾਲ, ਜਗਤਾਰ ਸਿੰਘ, ਗੁਰਜੰਟ ਸਿੰਘ, ਰਘਵੀਰ ਸਿੰਘ, ਗੁਰਚਰਨ ਸਿੰਘ, ਮਾਨ ਸਿੰਘ, ਜਰਨੈਲ ਸਿੰਘ, ਚਮਕੌਰ ਰਾਮ, ਰਾਧੇ ਸ਼ਿਆਮ ਤੇ ਸੁਰਜੀਤ ਸਿੰਘ ਹਾਜ਼ਰ ਸਨ।

# ਸੱਚਖੰਡ ਸ੍ਰੀ ਹਜ਼ੂਰ ਸਾਹਿਬ ਤੋਂ ਚੱਲਿਆ ਨਗਰ ਕੀਰਤਨ ਦਮਦਮਾ ਸਾਹਿਬ ਪੁੱਜਿਆ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਤਖਤ ਸੱਚਖੰਡ ਸ੍ਰੀ ਅਬਚਿਲਨਗਰ ਸਾਹਿਬ, ਨਾਂਦੇੜ (ਸ੍ਰੀ ਹਜ਼ੂਰ ਸਿੰਘ) ਤੋਂ 25 ਅਗਸਤ ਨੂੰ ਰੇਲ ਗੱਡੀ ਰਾਹੀਂ ਚੱਲਿਆ ਅਲੌਕਿਕ ਨਗਰ ਕੀਰਤਨ ਬੀਤੀ ਦੇਰ ਰਾਤ ਬਠਿੰਡਾ ਰੇਲਵੇ ਸਟੇਸ਼ਨ 'ਤੇ ਪੁੱਜਾ, ਜਿੱਥੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਪ੍ਰਬੰਧਕਾਂ, ਬੁੱਢਾ ਦਲ ਦੇ ਮੁਖੀ ਸਮੇਤ ਹੋਰਨਾਂ ਧਾਰਮਿਕ ਸ਼ਖ਼ਸੀਅਤਾਂ ਨੂੰ ਤਖਤ ਸ੍ਰੀ ਦਮਦਮਾ ਸਾਹਿਬ ਲਿਆਂਦਾ ਗਿਆ, ਜਿੱਥੋਂ ਬਾਅਦ ਦੁਪਹਿਰ ਖਾਲਸਾਈ ਜਾਹੋ ਜਲਾਲ ਨਾਲ ਨਗਰ ਕੀਰਤਨ ਅਗਲੇ ਪੜਾਅ ਲਈ ਰਵਾਨਾ ਹੋ ਗਿਆ। ਬੀਤੀ ਰਾਤ ਬਠਿੰਡਾ ਰੇਲਵੇ ਸਟੇਸ਼ਨ ਤੇ ਨਗਰ ਕੀਰਤਨ ਵਾਲੀ ਵਿਸ਼ੇਸ ਰੇਲ ਗੱਡੀ ਦੇ ਪੁੱਜਣ ਮੌਕੇ ਬੁੱਢਾ ਦਲ ਮੁਖੀ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਤੇ ਤਖ਼ਤ ਸਮੇਤ ਸੈਂਕੜੇ ਦੀ ਗਿਣਤੀ ਚ ਇਕੱਤਰ ਸੰਗਤਾਂ ਨੇ ਸ਼ਾਨਦਾਰ ਸਵਾਗਤ ਕੀਤਾ।ਸਿੱਖ ਮਰਿਯਾਦਾ ਮੁਤਾਬਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਅਤੇ ਸੰਗਤਾਂ ਨੂੰ ਤਖਤ ਸ੍ਰੀ ਦਮਦਮਾ ਸਾਹਿਬ ਲਿਜਾਇਆ ਗਿਆ।ਸ੍ਰੀ ਗੁਰੂ ਗੋਬਿੰਦ ਸਿੰਘ ਦੇ ਸ਼ਸ਼ਤਰਾਂ ਦੇ ਦਰਸ਼ਨ ਕੀਤੇ, ਜਦੋਂਕਿ ਯਾਤਰਾ ਨਾਲ ਹੀ ਪੁੱਜੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਘੋੜੇ ਦੀ ਵੰਸ਼ ਦੇ ਘੋੜੇ ਸੰਗਤਾਂ ਲਈ ਖਿੱਚ ਦਾ ਕੇਂਦਰ ਬਣੇ ਰਹੇ।ਬਾਅਦ ਦੁਪਹਿਰ ਅਗਲੇ ਪੜਾਅ ਲਈ ਨਗਰ ਕੀਰਤਨ ਦੇ ਰਵਾਨਾ ਹੋਣ ਤੋਂ ਪਹਿਲਾਂ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੇ ਅਰਦਾਸ ਕੀਤੀ। ਸਾਹਿਬ ਗਿਆਨੀ ਹਰਪ੍ਰੀਤ ਸਿੰਘ ਅਤੇ ਬੁੱਢਾ ਦਲ ਮੁਖੀ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਵੱਲੋਂ ਨਗਰ ਕੀਰਤਨ ਦੀ ਅਗਵਾਈ ਕਰ ਰਹੇ ਪੰਜ ਪਿਆਰਿਆਂ ਤੇ ਪੰਜ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਉ ਦੀ ਬਖਸ਼ਿਸ਼ ਕੀਤੀ ਗਈ।

# ਸਰਕਾਰੀ ਹਸਪਤਾਲ ਦਾ ਮੈਡੀਕਲ ਸਟਾਫ਼ ਮਰੀਜ਼ਾਂ ਨਾਲ ਹਲੀਮੀ ਭਰਿਆ ਵਤੀਰਾ ਕਰੇ : ਸਿਵਲ ਸਰਜਨ

**ਸਮਰਾਲਾ (ਸੁਰਜੀਤ ਸਿੰਘ)**



ਨਵੇਂ ਜੁਆਇੰਨ ਕੀਤੇ ਸਿਵਲ ਸਰਜਨ ਲੁਧਿਆਣਾ ਡਾਕਟਰ ਪ੍ਰਦੀਪ ਕੁਮਾਰ ਵੱਲੋਂ ਅੱਜ ਸਥਾਨਕ ਸਿਵਲ ਹਸਪਤਾਲ ਦੀ ਅਚਨਚੇਤੀ ਚੈਕਿੰਗ ਕੀਤੀ। ਮਿਲੀ ਜਾਣਕਾਰੀ ਅਨੁਸਾਰ ਉਹਨਾਂ ਦੁਆਰਾ ਮੁਲਾਜ਼ਮਾਂ ਦੀ ਹਾਜ਼ਰੀ ਤੋਂ ਇਲਾਵਾ ਪੰਜਾਬ ਸਰਕਾਰ ਦੇ ਸਿਹਤ ਮਹਿਕਮੇ ਵੱਲੋਂ ਚਲਾਏ ਜਾ ਰਹੇ ਵੱਖ ਵੱਖ ਸਿਹਤ ਸਕੀਮਾਂ ਅਤੇ ਪ੍ਰੋਗਰਾਮਾ ਦਾ ਜਾਇਜ਼ਾ ਲਿਆ ਗਿਆ। ਉਨਾਂ ਨੇ ਹਸਪਤਾਲ ਦੇ ਸਾਰੇ ਵਿਭਾਗਾਂ ਦਾ ਦੌਰਾ ਕੀਤਾ ਤੇ ਸਿਹਤ ਮਹਿਕਮੇ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਅਤੇ ਸਕੀਮਾਂ ਬਾਰੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਤਾਰਕਜੋਤ ਸਿੰਘ ਤੋਂ ਜਾਣਕਾਰੀ ਲਈ।

ਉਨ੍ਹਾਂ ਹਸਪਤਾਲ ਦੀ ਸਾਫ਼-ਸਫ਼ਾਈ ਦੀ ਸ਼ਲਾਘਾ ਕੀਤੀ ਅਤੇ ਸਾਲ 2023-24 ਵਿੱਚ ਸਬ ਡਵੀਜ਼ਨ ਹਸਪਤਾਲ ਦਾ ਕਾਇਆ ਕਲਪ ਵਿੱਚ ਸੂਬੇ ਭਰ ਵਿੱਚ ਪਹਿਲੇ ਨੰਬਰ ਆਉਣ 'ਤੇ ਵਿਸ਼ੇਸ਼ ਚਰਚਾ ਕੀਤੀ।ਉਨ੍ਹਾਂ ਸਮੂਹ ਮੈਡੀਕਲ ਅਫਸਰਾਂ ਦੀ ਮੀਟਿੰਗ ਬੁਲਾਈ ਅਤੇ ਉਨ੍ਹਾਂ ਨੂੰ ਦਿਸ਼ਾ ਨਿਰਦੇਸ਼ ਦਿੱਤੇ। ਹਰ ਮਰੀਜ਼ ਨਾਲ ਹਮਦਰਦੀ ਤੇ ਪਿਆਰ ਭਰਿਆ ਵਤੀਰਾ ਰੱਖਿਆ ਜਾਵੇ ਅਤੇ ਲੋਕਾਂ ਦੀ ਸਮੱਸਿਆ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇ ਅਤੇ ਆਯੂਸ਼ਮਾਨ ਸਕੀਮ ਦਾ ਲਾਭਪਾਤਰੀਆਂ ਨੂੰ ਲਾਭ ਦਿੱਤਾ ਜਾਵੇ।

ਉਨ੍ਹਾਂ ਨਰਸਿੰਗ ਸਿਸਟਰ ਅਪਵਿੰਦਰ ਕੌਰ ਤੇ ਨਰਸਿੰਗ ਸਿਸਟਰ ਦਿਲਜੀਤ ਕੌਰ ਨੂੰ ਲੋੜੀਂਦਾ ਦਿਸ਼ਾ-ਨਿਰਦੇਸ਼ ਦਿੱਤੇ ਤੇ ਕੰਮਾਂ ਦੀ ਪ੍ਰਸੰਸਾ ਕੀਤੀ।ਹਸਪਤਾਲ ਦੇ ਮੁਲਾਜ਼ਮਾਂ ਨੂੰ ਸਮੇਂ ਦਾ ਪਾਬੰਦ ਰਹਿਣ ਤੇ ਲੋਕਾਂ ਨੂੰ ਵਧੀਆ ਸਹੂਲਤਾਂ ਦੇਣ ਲਈ ਪ੍ਰੇਰਤ ਕੀਤਾ।ਇਸ ਦੌਰਾਨ ਉਨ੍ਹਾਂ ਨੇ ਡੇਂਗੂ, ਮਲੇਰੀਆ, ਚਿਕਨਗੁਨੀਆ ਦੀ ਬਿਮਾਰੀਆਂ ਲਈ ਵਿਸ਼ੇਸ਼ ਧਿਆਨ ਦੇਣ ਲਈ ਕਿਹਾ ਤੇ ਹੋਰ ਬਿਮਾਰੀਆਂ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਲਈ ਕਿਹਾ।ਉਨ੍ਹਾਂ ਨੇ ਸਮੂਹ ਕ੍ਰਮਚਾਰੀਆਂ ਨੂੰ ਦੱਸਿਆ ਕਿ ਇਹ ਚੈਕਿੰਗ ਇਸੇ ਤਰ੍ਹਾਂ ਜਾਰੀ ਰਹੇਗੀ ਤੇ ਲੋਕਾਂ ਨੂੰ ਕਿਸੇ ਪ੍ਰਕਾਰ ਦੀ ਸਮੱਸਿਆ ਨਾ ਆਵੇ।

ਇਸ ਮੌਕੇ ਸਿਵਲ ਹਸਪਤਾਲ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਤਾਰਕਜੋਤ ਸਿੰਘ ਤੋਂ ਇਲਾਵਾ ਮੈਡੀਕਲ ਅਫ਼ਸਰ ਡਾ. ਲਖਵਿੰਦਰ ਸਿੰਘ, ਡਾ. ਸੰਦੀਪ ਮਾਨਵ, ਡਾ. ਪ੍ਰਭਜੋਤ ਸਿੰਘ, ਡਾ. ਕਰਨਵੀਰ ਸਿੰਘ, ਡਾ. ਗੁਰਿੰਦਰ ਕੌਰ, ਡਾ. ਨਵਨੀਤ ਕੌਰ, ਡਾ. ਮਨਿੰਦਰ ਸਿੰਘ ਤੇ ਸਿਵਲ ਹਸਪਤਾਲ ਦਾ ਸਮੂਹ ਸਟਾਫ਼ ਹਾਜ਼ਰ ਸੀ।

# ਦੀ ਨਾਭਾ ਫਾਊਂਡੇਸ਼ਨ ਵੱਲੋਂ ਪਾਸ ਵਿਦਿਆਰਣਾਂ ਨੂੰ ਵੰਡੇ ਗਏ ਸਰਟੀਫਿਕੇਟ



**ਨਾਭਾ (ਵਰਿੰਦਰ ਵਰਮਾ)**-ਦੀ ਨਾਭਾ ਫਾਊਂਡੇਸ਼ਨ ਸੰਸਥਾ ਵੱਲੋਂ 2015-16 ਤੋਂ ਸੋਸਵਾ (ਨੌਰਥ) ਪੰਜਾਬ, ਚੰਡੀਗੜ੍ਹ ਸੰਸਥਾ ਨਾਲ ਮਿਲ ਕੇ ਚਲਾਇਆ ਜਾ ਰਿਹਾ ਫ੍ਰੀ ਸਕਿਨ ਤੇ ਹੇਅਰ ਬਿਊਟੀ ਕੇਅਰ ਪ੍ਰੋਗਰਾਮ, ਜਿਸ ਤਹਿਤ ਛੇ ਮਹੀਨੇ ਦੀ ਮੁਫ਼ਤ ਸਿਖਲਾਈ ਦਿੱਤੀ ਜਾਂਦੀ ਹੈ।ਪ੍ਰੋਗਰਾਮ ਅਧੀਨ ਵਿਦਿਆਰਣਾਂ ਨੂੰ ਬਿਊਟੀ ਕਿੱਟਾਂ ਅਤੇ ਸਰਟੀਫਿਕੇਟ ਵੰਡੇ ਗਏ। ਫਾਊਂਡੇਸ਼ਨ ਵੱਲੋਂ ਪਹਿਲੇ, ਦੂਜੇ ਤੇ ਤੀਜੇ ਸਥਾਨ 'ਤੇ ਰਹੀਆਂ ਵਿਦਿਆਰਣਾਂ ਦਾ ਇਨਾਮਾਂ ਨਾਲ ਹੌਸਲਾ ਵਧਾਇਆ ਗਿਆ।ਇਸ ਮੌਕੇ ਦੀ ਨਾਭਾ ਫਾਊਂਡੇਸ਼ਨ ਦੇ ਮੈਡਮ ਨਮਰਤਾ ਸਿੱਧੂ ਪ੍ਰੋਗਰਾਮ ਮੈਨੇਜਰ ਨੇ ਦੱਸਿਆ ਕਿ ਸਾਡੀ ਸੰਸਥਾ ਹਮੇਸ਼ਾ ਹੀ ਨਾਭਾ ਵਿੱਚ ਕਈ ਸਾਲਾਂ ਤੋਂ ਲੋਕ ਭਲਾਈ ਦੇ ਕੰਮ ਕਰ ਰਹੀ ਹੈ।ਸੰਸਥਾ ਦਾ ਉਪਰਾਲਾ ਹੈ ਕਿ ਲੜਕੀਆਂ ਨੂੰ ਹੱਥ ਦਾ ਹੁਨਰ ਦੇ ਕੇ ਉਹ ਆਪਣਾ ਭਵਿੱਖ ਵਧੀਆ ਬਣਾਉਣ।ਇਸ ਮੌਕੇ ਦੀ ਨਾਭਾ ਫਾਊਂਡੇਸ਼ਨ ਦੇ ਮੈਡਮ ਰਿਤੂ ਅਰੋੜਾ ਪ੍ਰੋਗਰਾਮ ਕੋਡੀਨੇਟਰ ਨੇ ਦੱਸਿਆ ਕਿ ਸਾਡੀ ਸੰਸਥਾ ਦੇ ਨਾਲ ਕਈ ਪਰਾਲਰ ਅਤੇ ਸੈਲੂਨ ਵਾਲੇ ਜੁੜੇ ਹੋਏ ਹਨ, ਜੋ ਪਾਸ ਹੋਈਆਂ ਵਿਦਿਆਰਣਾਂ ਨੂੰ ਬਿਨਾਂ ਕਿਸੇ ਪੈਸੇ ਤੋਂ ਫਰੀ ਐਡਵਾਂਸ ਸਿਖਲਾਈ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਜਿਸ ਨਾਲ ਲੜਕੀਆਂ ਸਿਖਲਾਈ ਲੈ ਕੇ ਆਪਣੇ ਪੈਰਾਂ ਤੇ ਖੜੀਆਂ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਨਾਲ ਲੜਕੀਆਂ ਆਪਣਾ ਤੇ ਆਪਣੇ ਪਰਵਾਰ ਦਾ ਪਾਲਣ ਪੋਸ਼ਣ ਕਰ ਸਕਦੀਆਂ ਹਨ। ਇਸ ਮੌਕੇ ਨਾਭਾ ਫਾਊਂਡੇਸ਼ਨ ਵੱਲੋਂ ਨਮਰਤਾ ਸਿੱਧੂ, ਵਿਸ਼ਾਲ ਸੋਨੀ, ਦੀਪਿਕਾ ਸ਼ਰਮਾ, ਰਿਤੂ ਅਰੋੜਾ ਨਾਲ ਹੀ ਗੁਰੂ ਰਵਿਦਾਸ ਸੇਵਾ ਸੁਸਾਇਟੀ ਦੇ ਜਨਰਲ ਸਕੱਤਰ ਮਾਸਟਰ ਅਮਰ ਸਿੰਘ ਟੋਡਰਵਾਲ ਤੇ ਮੈਂਬਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਜਾਗਰਣ 'ਚ ਕਰੰਟ ਲੱਗਣ ਕਾਰਨ ਸਾਊਂਡ ਵਾਲੇ ਨੌਜਵਾਨ ਦੀ ਮੌਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਦੁਸਹਿਰਾ ਮੈਦਾਨ ਵਿੱਚ 31 ਅਗਸਤ ਦੀ ਰਾਤ ਇੱਕ ਧਾਰਮਿਕ ਸੰਸਥਾ ਵਲੋਂ ਮਾਤਾ ਦਾ ਸਲਾਨਾ ਜਾਗਰਣ ਕਰਾਇਆ ਜਾ ਰਿਹਾ ਸੀ, ਪਰ ਉੱਥੇ ਅਚਨਚੇਤ ਦਰਦਨਾਕ ਹਾਦਸਾ ਵਾਪਰਿਆ, ਜਿਸ ਕਾਰਨ ਸਾਊਂਡ ਦਾ ਕੰਮ ਕਰਨ ਵਾਲੇ ਕੁਲਦੀਪ ਸਿੰਘ (38) ਵਾਸੀ ਅਮਰਾਲਾ, ਤਹਿਸੀਲ ਖਮਾਣੋਂ ਦੀ ਮੌਤ ਹੋ ਗਈ। ਜਾਣਕਾਰੀ ਅਨੁਸਾਰ ਰਾਤ ਜਾਗਰਣ ਵਿਚ ਸਾਊਂਡ ਵਾਲਿਆਂ ਨਾਲ ਇੱਕ ਕ੍ਰਮਚਾਰੀ ਕੁਲਦੀਪ ਸਿੰਘ ਆਇਆ ਸੀ, ਜੋ ਸਟੇਜ ਦੇ ਪਿੱਛੇ ਕੰਮ ਕਰ ਰਿਹਾ ਸੀ। ਅਚਾਨਕ ਜਾਗਰਣ ਦੇ ਭਵਨ ਨੇੜੇ ਲੱਗੀਆਂ ਸਜਾਵਟੀ ਲਾਈਟਾਂ ਦੇ ਲੋਹੇ ਵਾਲਾ ਪਿੱਲਰ ਬਿਜਲੀ ਦੀਆਂ ਤਾਰਾਂ ਦੇ ਸੰਪਰਕ ਵਿਚ ਆ ਗਿਆ ਤੇ ਜਦੋਂ ਉਸ ਨੇ ਇਸ ਨੂੰ ਹੱਥ ਲਾਇਆ ਤਾਂ ਉਸ ਨੂੰ ਜਬਰਦਸ਼ਤ ਕਰੰਟ ਲੱਗਿਆ। ਤੁਰੰਤ ਹੀ ਕੁਲਦੀਪ ਸਿੰਘ ਨੂੰ ਹਸਪਤਾਲ ਲਿਆਂਦਾ ਗਿਆ ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ। ਮ੍ਰਿਤਕ ਕੁਲਦੀਪ ਸਿੰਘ ਬਹੁਤ ਹੀ ਗ਼ਰੀਬ ਪਰਵਾਰ ਨਾਲ ਸਬੰਧ ਰੱਖਦਾ ਹੈ ਤੇ ਉਸਦੇ ਮਾਪੇ ਪਹਿਲਾਂ ਹੀ ਸਵਰਗਵਾਸ ਹੋ ਚੁੱਕੇ ਹਨ। ਉਹ ਆਪਣੇ ਪਿੱਛੇ ਪਤਨੀ ਤੋਂ ਇਲਾਵਾ 2 ਬੱਚੇ ਛੱਡ ਗਿਆ। ਮਾਛੀਵਾੜਾ ਪੁਲਸ ਵੱਲੋਂ ਲਾਸ਼ ਨੂੰ ਪੋਸਟ ਮਾਰਟਮ ਲਈ ਸਿਵਲ ਹਸਪਤਾਲ ਸਮਰਾਲਾ ਵਿਖੇ ਭੇਜ ਦਿੱਤਾ ਗਿਆ ਤੇ ਪਰਵਾਰਕ ਮੈਂਬਰਾਂ ਦੇ ਬਿਆਨ ਦਰਜ ਕੀਤੇ ਗਏ ਕਿ ਇਹ ਕੁਦਰਤੀ ਹਾਦਸਾ ਸੀ, ਜਿਸ ਤਹਿਤ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਗਈ। ਅਚਾਨਕ ਵਾਪਰੀ ਇਸ ਘਟਨਾ ਦੌਰਾਨ ਹੋਈ ਨੌਜਵਾਨ ਦੀ ਮੌਤ 'ਤੇ ਇਲਾਕੇ ਦੀਆਂ ਕਈ ਧਾਰਮਿਕ ਤੇ ਸਮਾਜਿਕ ਸੰਸਥਾਵਾਂ ਇਸ ਗਰੀਬ ਪਰਿਵਾਰ ਦੀ ਸਹਾਇਤਾ ਲਈ ਪੁੱਜ ਚੁੱਕੀਆਂ ਸਨ ਉਥੇ ਹੀ ਧਾਰਮਿਕ ਸਮਾਗਮ ਨੂੰ ਵੀ ਪ੍ਰਬੰਧਕਾਂ ਨੇ ਅੱਧੇ ਅਧੂਰੇ ਮਨ ਨਾਲ ਸੰਪਰੂਨ ਕੀਤਾ।

# ਸੈਸ਼ਨ ਡਵੀਜ਼ਨ ਮਾਲੇਰਕੋਟਲਾ 'ਚ 36 ਨਵੀਆਂ ਆਸਾਮੀਆਂ ਸਿਰਜਣ ਦੀ ਦਿੱਤੀ ਮਨਜ਼ੂਰੀ

**ਮਾਲੇਰਕੋਟਲਾ (ਅਸਗਰ ਪਰਿਹਾਰ)**-ਹਲਕਾ ਵਿਧਾਇਕ ਡਾ. ਮੁਹੰਮਦ ਜਮੀਲ ਉਰ ਰਹਿਮਾਨ ਨੇ ਕਿਹਾ ਕਿ ਮਾਲੇਰਕੋਟਲਾ ਦੀ ਆਵਾਮ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਕੈਬਨਿਟ ਨੇ ਸੈਸ਼ਨ ਡਵੀਜ਼ਨ ਮਾਲੇਰਕੋਟਲਾ ਕਾਇਮ ਕਰਨ ਦੀ ਵੀ ਪ੍ਰਵਾਨਗੀ ਦੇ ਦਿੱਤੀ ਹੈ, ਜਿਸ ਨਾਲ ਸੈਸ਼ਨ ਡਿਵੀਜ਼ਨ ਲਈ ਜ਼ਿਲ੍ਹਾ ਤੇ ਸੈਸ਼ਨ ਜੱਜ ਦੀ ਆਸਾਮੀ ਸਮੇਤ 36 ਨਵੀਆਂ ਪੋਸਟਾਂ ਸਿਰਜੀਆਂ ਜਾਣਗੀਆਂ।ਇਸ ਨਾਲ ਮਾਲੇਰਕੋਟਲਾ ਵਾਸੀਆਂ ਨੂੰ ਆਪਣੇ ਜ਼ਿਲ੍ਹੇ 'ਚ ਹੀ ਇਨਸਾਫ਼ ਮਿਲਣਾ ਯਕੀਨੀ ਬਣੇਗਾ। ਇਸ ਨਾਲ ਆਮ ਆਦਮੀ ਦੇ ਕੀਮਤੀ ਸਮੇਂ, ਪੈਸੇ ਤੇ ਊਰਜਾ ਦੀ ਬੱਚਤ ਹੋਵੇਗੀ ਤੇ ਉਨ੍ਹਾਂ ਨੂੰ ਇਸ ਮੰਤਵ ਲਈ ਹੋਰ ਜ਼ਿਲ੍ਹਿਆਂ ਦਾ ਸਫ਼ਰ ਨਹੀਂ ਕਰਨਾ ਪਵੇਗਾ।ਉਨ੍ਹਾਂ ਕਿਹਾ ਕਿ ਮੈਂ ਸੈਸ਼ਨ ਕੋਰਟ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਕੈਬਨਿਟ ਵੱਲੋਂ ਮਾਨਤਾ ਦੇਣ ਦੀ ਸ਼ਲਾਘਾ ਕਰਦਾ ਹਾਂ।ਇਹ ਮਨਜ਼ੂਰੀ ਨਿਆਂਇਕ ਬੁਨਿਆਦੀ ਢਾਂਚੇ ਨੂੰ ਸੁਧਾਰਨ ਅਤੇ ਕਾਨੂੰਨ ਦੇ ਰਾਜ ਨੂੰ ਵਧਾਉਣ ਲਈ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।ਵਿਧਾਇਕ ਮਾਲੇਰਕੋਟਲਾ ਡਾ. ਰਹਿਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਲਈ ਵਚਨਬੱਧ ਹੈ।ਇਸ ਲਈ ਆਮ ਲੋਕਾਂ ਦੀਆਂ ਸਹੂਲਤਾਵਾਂ ਨੂੰ ਮੁੱਖ ਰੱਖਦੇ ਹੋਏ ਪੰਜਾਬ ਦੇ ਚੌਤਰਫ਼ੇ ਵਿਕਾਸ ਦੇ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੁ ਪੰਜਾਬੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਪੇਸ਼ ਨਾ ਆਵੇ।ਉਨ੍ਹਾਂ ਕਿਹਾ ਕਿ ਜਲਦੀ ਹੀ ਵਿਭਾਗੀ ਉਪਚਾਰਰਿਕਤਾਵਾਂ ਮੁਕੰਮਲ ਹੋਣ ਉਪਰੰਤ 111 ਕਰੋੜ ਰੁਪਏ ਦੀ ਲਾਗਤ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੀ ਉਸਾਰੀ ਦਾ ਕੰਮ ਸ਼ੁਰੂ ਹੋ ਜਾਵੇਗਾ।ਇਹ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਪ੍ਰਸ਼ਾਸਨਿਕ ਸੇਵਾਵਾਂ, ਪ੍ਰਸ਼ਾਸਨ ਨੂੰ ਵਧਾਉਣ ਤੇ ਜਨਤਕ ਸੇਵਾਵਾਂ ਪ੍ਰਦਾਨ ਕਰਨ ਲਈ ਇੱਕ ਕੇਂਦਰੀਕ੍ਰਿਤ ਅਤੇ ਕੁਸ਼ਲ ਹੱਬ ਪ੍ਰਦਾਨ ਕਰੇਗਾ।ਪੰਜਾਬ ਵਿੱਚ ਮੈਡੀਕਲ ਸਿੱਖਿਆ ਨੂੰ ਵੱਡਾ ਹੁਲਾਰਾ ਦੇਣ ਤੇ ਲੋਕਾਂ ਨੂੰ ਮਿਆਰੀ ਡਾਕਟਰੀ ਸਹੂਲਤਾਂ ਯਕੀਨੀ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਮਾਲੇਰਕੋਟਲਾ ਵਿਖੇ ਕਰੀਬ 850 ਕਰੋੜ ਰੁਪਏ ਦੀ ਲਾਗਤ ਨਾਲ ਮੈਡੀਕਲ ਕਾਲਜ ਤੇ ਹਸਪਤਾਲ ਦਾ ਨਿਰਮਾਣ ਕਾਰਜ ਜਲਦੀ ਹੀ ਸ਼ੁਰੂ ਹੋਵੇਗਾ ਅਤੇ ਇਸ ਦੇ ਨਾਲ ਹੀ ਆਵਾਮ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ ਜਲਦ ਹੀ 09 ਕਰੋੜ ਦੀ ਲਾਗਤ ਨਾਲ ਅਤਿ ਆਧੁਨਿਕ ਸਹੂਲਤਾਵਾਂ ਨਾਲ ਲੈਸ ਨਵੇਂ ਬੱਸ ਸਟੈਂਡ ਦੀ ਉਸਾਰੀ ਦਾ ਕੰਮ ਜਲਦ ਹੀ ਸ਼ੁਰੂ ਹੋ ਜਾਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ, ਪ੍ਰਦੂਸ਼ਣ ਮੁਕਤ ਅਤੇ ਮੁੜ ਤੋਂ ਰੰਗਲਾ ਤੇ ਸਿਹਤਯਾਬ, ਸੁਪਨਿਆਂ ਦਾ ਪੰਜਾਬ ਬਣਾਉਣ ਦੀ ਲੜੀ ਤਹਿਤ ਪੰਜਾਬ ਵਿੱਚ ਖੇਡ ਸੱਭਿਆਚਾਰ ਵਿਕਸਿਤ ਕਰਨ ਦੇ ਉਪਰਾਲੇ ਕੀਤੇ ਜਾ ਰਹੇ ਹਨ।ਇਸੇ ਕੜੀ ਤਹਿਤ ਸਥਾਨਕ ਡਾ. ਜਾਕਿਰ ਹੁਸੈਨ ਖੇਡ ਸਟੇਡੀਅਮ ਵਿਖੇ 65 ਲੱਖ ਰੁਪਏ ਦੀ ਲਾਗਤ ਨਾਲ ਬਕਾਸਿੰਗ ਰਿੰਗ ਦਾ ਨਿਰਮਾਣ ਕੀਤਾ ਜਾ ਚੁੱਕਾ ਹੈ।ਜ਼ਿਲ੍ਹੇ ਵਿੱਚ ਤਿੰਨ ਮਿੰਨੀ ਸਟੇਡੀਅਮ ਸਥਾਪਿਤ ਕੀਤੇ ਜਾ ਰਹੇ ਹਨ, ਜੋ ਜਮਾਲਪੁਰ, ਪਿੰਡ ਮੋਹਲੀ ਕਲ੍ਹਾ ਤੇ ਪਿੰਡ ਦਸੌਂਦਾ ਸਿੰਘ ਵਾਲਾ ਵਿਖੇ ਬਣਾਏ ਜਾਣਗੇ।ਇਸ ਤੋਂ ਇਲਾਵਾ ਪਿੰਡ ਕੁਠਾਲਾ ਤੇ ਹਥਨ ਵਿਖੇ ਵੀ ਮਿੰਨੀ ਖੇਡ ਸਟੇਡੀਅਮ ਉਸਾਰਣ ਲਈ ਉਪਰਾਲਾ ਆਰੰਭਿਆ ਜਾ ਰਿਹਾ ਹੈ।

■ **9 ਕਰੋੜ ਦੀ ਲਾਗਤ ਵਾਲੇ ਅਤੀ ਆਧੁਨਿਕ ਬੱਸ ਸਟੈਂਡ ਦਾ ਕੰਮ ਹੋਵੇਗਾ ਜਲਦ ਸ਼ੁਰੂ**




# ਵਿਕਾਸ ਮਿਸ਼ਨ ਵੱਲੋਂ ਨਵੇਂ ਡੀ ਸੀ ਰਾਜੇਸ਼ ਤ੍ਰਿਪਾਠੀ ਨਾਲ ਪਲੇਠੀ ਮਿਲਣੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਮੁਕਤਸਰ ਵਿਕਾਸ ਮਿਸ਼ਨ ਦੇ ਉੱਚ ਪੱਧਰੀ ਵਫ਼ਦ ਨੇ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦੀ ਅਗਵਾਈ ਹੇਠ ਕੁਝ ਦਿਨ ਪਹਿਲਾਂ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲਣ ਵਾਲੇ ਰਾਜੇਸ਼ ਕੁਮਾਰ ਤ੍ਰਿਪਾਠੀ ਆਈ.ਏ.ਐਸ. ਨਾਲ ਉਨ੍ਹਾਂ ਦੇ ਦਫਤਰ ਵਿਖੇ ਮੁਲਾਕਾਤ ਕੀਤੀ।ਮਿਸ਼ਨ ਦੇ ਵਫਦ ਵਿੱਚ ਮਿਸ਼ਨ ਗਾਈਡ ਇੰਜ. ਅਸ਼ੋਕ ਕੁਮਾਰ ਭਾਰਤੀ, ਪੈਟਰਨ ਡਾ. ਸੁਰਿੰਦਰ ਗਿਰਧਰ ਤੋਂ ਇਲਾਵਾ ਮਨੋਹਰ ਲਾਲ ਹਕਲਾ, ਓ.ਪੀ. ਖਿੱਚੀ, ਚੌ. ਬਲਬੀਰ ਸਿੰਘ, ਬਲਜੀਤ ਸਿੰਘ ਅਰੋੜਾ ਤੇ ਨੌਜਵਾਨ ਮੈਂਬਰ ਪ੍ਰਿੰਸ ਖੁਰਾਣਾ ਆਦਿ ਸ਼ਾਮਲ ਸਨ।ਮਿਸ਼ਨ ਵੱਲੋਂ ਸਭ ਤੋਂ ਪਹਿਲਾਂ ਸ੍ਰੀ ਤ੍ਰਿਪਾਠੀ ਨੂੰ ਅਹੁਦਾ ਸੰਭਾਲਣ 'ਤੇ ਵਧਾਈ ਦਿੱਤੀ ਗਈ ਤੇ ਜੀ ਆਇਆਂ ਕਿਹਾ।ਉਨ੍ਹਾਂ ਦੀ ਲੰਮੀ ਉਮਰ, ਚੰਗੀ ਸਿਹਤ ਅਤੇ ਪਰਵਾਰਕ ਖੁਸ਼ਹਾਲੀ ਦੀ ਕਾਮਨਾ ਕੀਤੀ।ਜ਼ਿਕਰਯੋਗ ਹੈ ਕਿ ਸ੍ਰੀ ਤ੍ਰਿਪਾਠੀ ਇਸ ਤੋਂ ਪਹਿਲਾਂ ਜ਼ਿਲ੍ਹੇ ਦੇ ਏ.ਡੀ.ਸੀ. ਵਜੋਂ ਸੇਵਾਵਾਂ ਨਿਭਾਅ ਚੁੱਕੇ ਹਨ।ਉਸ ਸਮੇਂ ਵੀ ਇਹ ਆਪਣੀ ਪ੍ਰਬੰਧਕੀ ਕਾਰਜਸ਼ੈਲੀ ਅਤੇ ਲੋਕ ਮਸਲਿਆਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨ ਲਈ ਨਿਰਪੱਖ ਤੇ ਇਮਾਨਦਾਰ ਅਧਿਕਾਰੀ ਵਜੋਂ ਜਾਣੇ ਜਾਂਦੇ ਸਨ।

ਪ੍ਰਧਾਨ ਢੋਸੀਵਾਲ ਨੇ ਡਿਪਟੀ ਕਮਿਸ਼ਨਰ ਨੂੰ ਕਿਹਾ ਕਿ ਉਨ੍ਹਾਂ ਦਾ ਇੱਥੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲਣਾ ਸਮੁੱਚੇ ਜ਼ਿਲ੍ਹੇ ਲਈ ਮਾਣ ਵਾਲੀ ਗੱਲ ਹੈ ਅਤੇ ਜ਼ਿਲ੍ਹੇ ਨੂੰ ਉਨ੍ਹਾਂ ਉਪਰ ਬਹੁਤ ਸਾਰੀਆਂ ਉਮੀਦਾਂ ਹਨ।ਗੱਲਬਾਤ ਦੌਰਾਨ ਮਿਸ਼ਨ ਵੱਲੋਂ ਸਮਾਜ ਸੇਵਾ ਦੇ ਕੀਤੇ ਜਾ ਰਹੇ ਕਾਰਜਾਂ ਦੀ ਸਰਸਰੀ ਜਾਣਕਾਰੀ ਵੀ ਸ੍ਰੀ ਤ੍ਰਿਪਾਠੀ ਨੂੰ ਦਿੱਤੀ ਗਈ।ਮਿਸ਼ਨ ਦੇ ਵਫ਼ਦ ਨਾਲ ਗੱਲਬਾਤ ਕਰਦਿਆਂ ਸ੍ਰੀ ਤ੍ਰਿਪਾਠੀ ਨੇ ਕਿਹਾ ਕਿ ਉਹ ਦਸਵੀਂ ਪਾਤਸ਼ਾਹੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਪਵਿੱਤਰ ਚਰਨ ਛੋਹ ਪ੍ਰਾਪਤ ਧਰਤੀ ਉਪਰ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲਣ 'ਤੇ ਆਪਣੇ ਆਪ ਨੂੰ ਬੇਹੱਦ ਖੁਸ਼ ਕਿਸਮਤ ਸਮਝਦੇ ਹਨ।

# ਸਾਬਕਾ ਪ੍ਰਧਾਨ ਕੁੰਦਰਾ ਕਾਂਗਰਸ 'ਚ ਮੁੜ ਹੋਣਗੇ ਸਰਗਰਮ




**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਾਬਕਾ ਵਿਧਾਇਕ ਅਮਰੀਕ ਸਿੰਘ ਢਿੱਲੋਂ ਦੇ ਨਜ਼ਦੀਕੀ ਤੇ ਨਗਰ ਕੌਂਸਲ ਮਾਛੀਵਾੜਾ ਦੇ ਸਾਬਕਾ ਪ੍ਰਧਾਨ ਸੁਰਿੰਦਰ ਕੁਮਾਰ ਕੁੰਦਰਾ ਨੇ 2 ਸਾਲ ਦੇ ਅਰਾਮ ਤੋਂ ਬਾਅਦ ਹਲਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦੀ ਅਗਵਾਈ ਹੇਠ ਪਾਰਟੀ ਵਿੱਚ ਮੁੜ ਸਰਗਰਮ ਹੋਣ ਦਾ ਐਲਾਨ ਕੀਤਾ ਹੈ।

ਕਾਂਗਰਸ ਦੇ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦੇ ਗ੍ਰਹਿ ਵਿਖੇ ਸਾਬਕਾ ਪ੍ਰਧਾਨ ਸੁਰਿੰਦਰ ਕੁੰਦਰਾ ਨੇ ਮੀਟਿੰਗ ਤੋਂ ਬਾਅਦ ਦੱਸਿਆ ਕਿ ਉਹ ਹਮੇਸ਼ਾ ਕਾਂਗਰਸ ਦੇ ਵਫ਼ਾਦਾਰ ਸਿਪਾਹੀ ਰਹੇ ਹਨ, ਜਿਨ੍ਹਾਂ ਨੇ 26 ਸਾਲ ਬਲਾਕ ਪ੍ਰਧਾਨ ਅਤੇ 10 ਸਾਲ ਨਗਰ ਕੌਂਸਲ ਦੇ ਪ੍ਰਧਾਨ ਰਹੇ।

ਉਨ੍ਹਾਂ ਕਿਹਾ ਕਿ ਪਿਛਲੀਆਂ ਵਿਧਾਨ ਸਭਾ ਚੋਣਾਂ ਵਿਚ ਬੇਸ਼ੱਕ ਉਨ੍ਹਾਂ ਨੇ ਅਜ਼ਾਦ ਉਮੀਦਵਾਰ ਵਜੋਂ ਚੋਣ ਲੜੇ ਅਮਰੀਕ ਸਿੰਘ ਢਿੱਲੋਂ ਨਾਲ ਚੋਣ ਪ੍ਰਚਾਰ ਕੀਤਾ, ਪਰ ਹੁਣ ਉਨ੍ਹਾਂ ਹਲਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦੀ ਅਗਵਾਈ ਹੇਠ ਮੁੜ ਤੋਂ ਪਾਰਟੀ ਲਈ ਤਨਦੇਹੀ ਨਾਲ ਕੰਮ ਕਰਨ ਦਾ ਪ੍ਰਣ ਕੀਤਾ ਹੈ।

ਉਨ੍ਹਾਂ ਕਿਹਾ ਕਿ ਕਾਂਗਰਸ ਹੀ ਇੱਕ ਅਜਿਹੀ ਪਾਰਟੀ ਹੈ ਜੋ ਲੋਕ ਹਿੱਤਾਂ ਲਈ ਕੰਮ ਕਰਦੀ ਹੈ ਅਤੇ ਆਪਣੇ ਵਰਕਰਾਂ ਦਾ ਸਾਥ ਦਿੰਦੀ ਹੈ।

ਕਾਂਗਰਸੀ ਆਗੂ ਕੁੰਦਰਾ ਨੇ ਕਿਹਾ ਕਿ ਆਉਣ ਵਾਲੀਆਂ ਬਲਾਕ ਮਾਛੀਵਾੜਾ ਦੀਆਂ ਕੌਂਸਲ, ਬਲਾਕ ਸੰਮਤੀ ਤੇ ਜ਼ਿਲਾ ਪ੍ਰੀਸ਼ਦ ਚੋਣਾਂ ਵਿੱਚ ਉਹ ਪਾਰਟੀ ਲਈ ਡਟ ਕੇ ਪ੍ਰਚਾਰ ਕਰਨਗੇ ਅਤੇ ਹਲਕਾ ਇੰਚਾਰਜ ਰਾਜਾ ਗਿੱਲ ਜੋ ਵੀ ਜਿੰਮੇਵਾਰੀ ਉਨ੍ਹਾਂ ਨੂੰ ਸੌਂਪਣਗੇ ਉਹ ਤਨਦੇਹੀ ਨਾਲ ਨਿਭਾਉਣਗੇ।

ਰਾਜਾ ਗਿੱਲ ਨੇ ਕਿਹਾ ਕਿ ਬਲਾਕ ਪ੍ਰਧਾਨ ਸੁਰਿੰਦਰ ਕੁੰਦਰਾ ਇੱਕ ਬਹੁਤ ਹੀ ਸੂਝਵਾਨ ਤੇ ਬੇਹੱਦ ਮਿਹਨਤੀ ਆਗੂ ਹਨ ਤੇ ਉਨ੍ਹਾਂ ਵਲੋਂ ਸਾਰੇ ਪਿਛਲੇ ਗਿਲ੍ਹੇ ਸ਼ਿਕਵੇ ਭੁਲਾ ਕੇ ਸੁਰਿੰਦਰ ਕੁੰਦਰਾ ਨੂੰ ਪਾਰਟੀ ਵਿਚ ਸਰਗਰਮ ਭੂਮਿਕਾ ਨਿਭਾਉਣ ਲਈ ਜਿੰਮੇਵਾਰੀ ਸੌਂਪਣਗੇ।

# ਹੋਲੀ ਹਾਰਟ ਸਕੂਲ ਦੇ ਵਿਦਿਆਰਥੀਆਂ ਨੂੰ ਬੂਟੇ ਲਾਉਣ ਲਈ ਕੀਤਾ ਪ੍ਰੇਰਤ



**ਅਜੀਤਵਾਲ (ਨਛੱਤਰ ਸੰਧੂ)**

ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਗ੍ਰੀਨ ਪੰਜਾਬ ਮਿਸ਼ਨ ਦੇ ਮੈਂਬਰਾਂ ਵੱਲੋਂ ਬੱਚਿਆਂ ਨੂੰ ਬੂਟੇ ਲਾਉਣ ਲਈ ਪ੍ਰੇਰਿਤ ਕੀਤਾ ਗਿਆ।

ਇਸ ਮੌਕੇ ਗਰੀਨ ਪੰਜਾਬ ਮਿਸ਼ਨ ਦੇ ਮੈਂਬਰ ਸਤਪਾਲ ਸਿੰਘ ਦੇਹੜਕਾ, ਕੰਚਨ ਗੁਪਤਾ, ਸੁਰਿੰਦਰ ਕੌਰ ਸਮਾਲਸਰ, ਹਰਨਰਾਇਣ ਸਿੰਘ ਨੇ ਬੱਚਿਆਂ ਨੂੰ ਦੱਸਦੇ ਹੋਏ ਕਿਹਾ ਕਿ ਰੁੱਖਾਂ ਦਾ ਸਾਡੀ ਜ਼ਿੰਦਗੀ ਵਿੱਚ ਬਹੁਤ ਮਹੱਤਵ ਹੈ। ਰੁੱਖਾਂ ਰਾਹੀਂ ਹੀ ਅਸੀਂ ਤਾਜ਼ੀ ਹਵਾ ਲੈਂਦੇ ਹਾਂ।ਰੁੱਖਾਂ ਤੋਂ ਅਸੀਂ ਆਪਣੀਆਂ ਬਹੁਤ ਸਾਰੀਆਂ ਲੋੜਾਂ ਪੂਰੀਆਂ ਕਰਦੇ ਹਾਂ।ਇਸ ਲਈ ਸਾਨੂੰ ਵੱਧ ਤੋਂ ਵੱਧ ਰੁੱਖ ਲਾਉਣੇ ਚਾਹੀਦੇ ਹਨ।ਉਨ੍ਹਾਂ ਨੇ ਧਰਤੀ ਦੀਆਂ ਤਿੰਨ ਪਰਤਾਂ ਬਾਰੇ ਦੱਸਦੇ ਹੋਏ ਕਿਹਾ ਕਿ ਜਿਹੜੀ ਪਾਣੀ ਦੀ ਪਹਿਲੀ ਪਰਤ ਉਹ ਖਤਮ ਹੋ ਚੁੱਕੀ ਹੈ ਤੇ ਜਿਹੜਾ ਪਾਣੀ ਵਰਤ ਰਹੇ ਹਾਂ, ਇਹ ਦੂਜੀ ਪਰਤ ਦਾ ਤੇ ਤੀਜੀ ਪਰਤ ਦਾ ਪਾਣੀ ਛੇਤੀ ਹੀ ਖਤਮ ਹੋ ਜਾਣਾ ਹੈ।ਇਸ ਲਈ ਸਾਨੂੰ ਸਾਰਿਆਂ ਨੂੰ ਵੱਧ ਤੋਂ ਵੱਧ ਦਰੱਖਤ ਲਾਉਣੇ ਚਾਹੀਦੇ ਹਨ।ਉਨ੍ਹਾਂ ਬੱਚਿਆਂ ਨੂੰ ਦੱਸਦੇ ਹੋਏ ਕਿਹਾ ਕਿ ਦਿਨ ਬ ਦਿਨ ਸਾਡੀ ਧਰਤੀ ਦੂਸ਼ਿਤ ਹੋ ਰਹੀ ਹੈ। ਸਕੂਲ ਚੇਅਰਮੈਨ ਸੁਭਾਸ਼ ਪਲਤਾ ਨੇ ਵੀ ਬੱਚਿਆਂ ਨੂੰ ਰੁੱਖਾਂ ਦੀ ਮਹੱਤਤਾ ਬਾਰੇ ਦੱਸਦੇ ਹੋਏ ਕਿਹਾ ਕਿ ਸਾਨੂੰ ਸਾਰਿਆਂ ਨੂੰ ਵੱਧ ਤੋਂ ਵੱਧ ਰੁੱਖ ਲਾਉਣੇ ਚਾਹੀਦੇ ਹਨ।

# ਅੱਖਾਂ ਦਾਨ ਪੰਦਰਵਾੜਾ : ਸਿਹਤ ਵਿਭਾਗ ਕੌਲੀ ਵੱਲੋਂ ਜਾਗਰੂਕਤਾ ਗਤੀਵਿਧੀਆਂ ਜਾਰੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਗੁਰਪ੍ਰੀਤ ਸਿੰਘ ਨਾਗਰਾ ਦੀ ਅਗਵਾਈ ਹੇਠ ਸਿਹਤ ਬਲਾਕ ਕੌਲੀ ਵੱਲੋਂ ਅੱਖਾਂ ਦਾਨ ਪੰਦਰਵਾੜੇ ਸਬੰਧੀ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ।39ਵੇਂ ਅੱਖਾਂ ਦਾਨ ਸਬੰਧੀ ਪੰਦਰਵਾੜੇ ਦੇ ਸੰਦਰਭ ਵਿੱਚ ਅੱਖਾਂ ਦਾਨ ਸਬੰਧੀ ਆਮ ਲੋਕਾਂ ਨੂੰ ਸੁਨੇਹਾ ਦਿੰਦਿਆਂ ਡਾਕਟਰ ਨਾਗਰਾ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ 25 ਅਗਸਤ ਤੋਂ 8 ਸਤੰਬਰ ਤੱਕ ਅੱਖਾਂ ਦਾਨ ਪੰਦਰਵਾੜਾ ਮਨਾਇਆ ਜਾ ਰਿਹਾ ਹੈ, ਜਿਸਦਾ ਉਦੇਸ਼ ਸਮਾਜਿਕ ਜਾਗਰੂਕਤਾ ਪੈਦਾ ਕਰਕੇ ਕੌਰਨੀਆ ਦੀ ਮੰਗ ਅਤੇ ਸਪਲਾਈ ਵਿਚਕਾਰ ਪਾੜੇ ਨੂੰ ਘੱਟ ਕਰਨਾ ਹੈ।ਉਨ੍ਹਾਂ ਦੱਸਿਆ ਕਿ ਪੰਦਰਵਾੜੇ ਦੌਰਾਨ ਲੋਕਾਂ ਨੂੰ ਪ੍ਰੇਰਤ ਕਰਕੇ ਅੱਖਾਂ ਦਾਨ ਕਰਨ ਸਬੰਧੀ ਸਹਿਮਤੀ ਫ਼ਾਰਮ ਭਰਵਾਏ ਜਾ ਰਹੇ ਹਨ।ਇਹ ਫ਼ਾਰਮ ਸਰਕਾਰੀ ਸਿਹਤ ਸੰਸਥਾਵਾਂ ਵਿਚ ਉਪਲੱਬਧ ਹਨ ਅਤੇ ਕੋਈ ਵੀ ਚਾਹਵਾਨ ਵਿਅਕਤੀ ਉੱਥੇ ਜਾ ਕੇ ਫ਼ਾਰਮ ਭਰ ਸਕਦਾ ਹੈ।ਉਨ੍ਹਾਂ ਕਿਹਾ ਕਿ ਭਾਰਤ ਵਿੱਚ ਲੱਖਾਂ ਲੋਕ ਨੇਤਰਹੀਣਤਾ ਦਾ ਸ਼ਿਕਾਰ ਹਨ ਅਤੇ ਇਨ੍ਹਾਂ ਵਿਚੋਂ ਬਹੁਤੇ ਲੋਕ ਦਾਨ ਕੀਤੀਆਂ ਅੱਖਾਂ ਰਾਹੀਂ ਵੇਖ ਸਕਦੇ ਹਨ, ਪਰ ਦੁੱਖ ਦੀ ਗੱਲ ਹੈ ਕਿ ਸਾਡੇ ਦੇਸ਼ 'ਚ ਅੱਖਾਂ ਦਾਨ ਕਰਨ ਵਾਲਿਆਂ ਦੀ ਗਿਣਤੀ ਬਹੁਤ ਘੱਟ ਹੈ।ਉਨ੍ਹਾਂ ਕਿਹਾ ਕਿ ਅੱਖਾਂ ਸਾਡੇ ਸਰੀਰ ਦਾ ਅਤਿ ਅਹਿਮ ਅੰਗ ਹਨ, ਇਸ ਲਈ ਇਨ੍ਹਾਂ ਦੀ ਜਾਂਚ ਹਰ ਛੇ ਮਹੀਨੇ ਮਗਰੋਂ ਘੱਟੋ-ਘੱਟ ਇਕ ਵਾਰ ਜ਼ਰੂਰ ਕਰਾਉਣੀ ਚਾਹੀਦੀ ਹੈ।ਉਨ੍ਹਾਂ ਅਪੀਲ ਕੀਤੀ ਕਿ ਲੋਕ ਅੱਖਾਂ ਦੇ ਦਾਨ ਦੀ ਮੁਹਿਮ 'ਚ ਅੱਗੇ ਹੋ ਕੇ ਯੋਗਦਾਨ ਪਾਉਣ ਤੇ ਆਪਣੇ ਪਰਵਾਰ ਜੀਆਂ, ਰਿਸ਼ਤੇਦਾਰਾਂ, ਦੋਸਤਾਂ ਨੂੰ ਵੀ ਇਸ ਨੇਕ ਕੰਮ ਲਈ ਪ੍ਰੇਰਤ ਕਰਨ। ਸੁਖਜੀਤ ਸਿੰਘ ਬੀ.ਈ.ਈ. ਨੇ ਦੱਸਿਆ ਕਿ ਅੱਖਾਂ ਦਾਨ ਕਰਨ ਦਾ ਫ਼ੈਸਲਾ ਮੌਤ ਤੋਂ ਪਹਿਲਾਂ ਕੀਤਾ ਜਾ ਸਕਦਾ ਹੈ ਅਤੇ ਅੱਖਾਂ ਦਾ ਦਾਨ ਕੇਵਲ ਮੌਤ ਤੋਂ ਬਾਅਦ ਹੀ ਹੁੰਦਾ ਹੈ।ਅੱਖਾਂ ਦਾਨ ਕਰਨ ਲਈ ਫ਼ਾਰਮ ਭਰਿਆ ਜਾਂਦਾ ਹੈ।ਮੌਤ ਤੋਂ 6 ਤੋਂ 8 ਘੰਟਿਆਂ ਦੇ ਅੰਦਰ ਅੱਖਾਂ ਦਾਨ ਹੋਣੀਆਂ ਚਾਹੀਦੀਆਂ ਹਨ।ਕਿਸੇ ਵੀ ਉਮਰ ਦਾ ਵਿਅਕਤੀ ਅੱਖਾਂ ਦਾਨ ਕਰ ਸਕਦਾ ਹੈ, ਚਾਹੇ ਉਸ ਦੇ ਐਨਕਾਂ ਲੱਗੀਆਂ ਹੋਣ। ਅੱਖਾਂ ਦਾ ਅਪ੍ਰੇਸ਼ਨ ਹੋਇਆ ਹੋਵੇ, ਲੈਨਜ਼ ਪਏ ਹੋਣ।ਏਡਜ਼, ਪੀਲੀਆ, ਬਲੱਡ ਕੈਂਸਰ ਤੇ ਦਿਮਾਗੀ ਬੁਖ਼ਾਰ ਆਦਿ ਬਿਮਾਰੀਆਂ ਤੋਂ ਪੀੜਤ ਵਿਅਕਤੀ ਅੱਖਾਂ ਦਾਨ ਨਹੀਂ ਕਰ ਸਕਦੇ।ਅੱਖਾਂ ਦਾਨ ਕਰਨ ਵਾਸਤੇ ਅੱਖਾਂ ਦੇ ਬੈਂਕ ਦੀ ਟੀਮ ਦੇ ਆਉਣ ਤੱਕ ਅੱਖਾਂ ਦੀ ਸੰਭਾਲ ਲਈ ਕਮਰੇ ਦਾ ਪੱਖਾ ਬੰਦ ਕਰ ਦਿੱਤਾ ਜਾਵੇ ਤੇ ਅੱਖਾਂ 'ਤੇ ਗਿੱਲਾ ਤੇ ਸਾਫ਼ ਕੱਪੜਾ ਰੱਖਿਆ ਜਾਵੇ।

# ਘਰ 'ਚੋਂ ਚੋਰੀ ਕਰਨ ਵਾਲੇ ਅਣਪਛਾਤੇ ਵਿਅਕਤੀਆਂ ਖਿਲਾਫ਼ ਪਰਚਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਮਦਾਨ ਕਲੋਨੀ ਵਿੱਚ ਇਕ ਘਰ ਵਿਚੋਂ ਚੋਰੀ ਕਰਨ ਵਾਲੇ ਅਣਪਛਾਤੇ ਵਿਅਕਤੀਆਂ ਦੇ ਖਿਲਾਫ ਪਰਚਾ ਦਰਜ ਕੀਤਾ ਗਿਆ ਹੈ। ਸਹਾਇਕ ਥਾਣੇਦਾਰ ਮਹਿੰਦਰ ਸਿੰਘ ਨੇ ਦੱਸਿਆ ਕਿ ਮੁਦੱਈ ਕਪਿਲ ਦੇਵ ਕਾਲੜਾ ਪੁੱਤਰ ਕਰਮ ਚੰਦ ਵਾਸੀ ਹਾਊਸ ਨੰਬਰ 09 ਮਦਾਨ ਕਲੋਨੀ ਜਲਾਲਾਬਾਦ ਨੇ ਪੁਲਸ ਕੋਲ ਬਿਆਨ ਦਰਜ ਕਰਾਏ ਗਏ ਹਨ ਕਿ 10-05-2024 ਨੂੰ ਉਹ ਆਪਣੇ ਲੜਕੇ ਵਾਸੂ ਕਾਲੜਾ ਕੋਲ ਦਿੱਲੀ ਗਏ ਸੀ ਅਤੇ ਜਦੋਂ ਉਹ ਮਿਤੀ 01-06-2024 ਨੂੰ ਆਪਣੇ ਘਰ ਵਾਪਸ ਆਏ ਤਾਂ ਉਨ੍ਹਾਂ ਦੇ ਘਰ ਦੇ ਅੰਦਰਲੀ ਐਂਟਰੀ ਵਾਲਾ ਦਰਵਾਜ਼ਾ ਟੁੱਟਿਆ ਹੋਇਆ ਸੀ, ਜਦੋਂ ਉਸਨੇ ਆਪਣੇ ਘਰ ਦਾ ਸਮਾਨ ਚੈੱਕ ਕੀਤਾ ਤਾਂ ਇਕ ਐਲ.ਸੀ.ਡੀ. ਟੀਵੀ 42 ਇੰਚ ਮਾਰਕਾ ਸੈਮਸੰਗ ਅਤੇ ਬਾਥਰੂਮ ਵਿਚੋਂ ਟੂਟੀਆਂ, ਗੀਜ਼ਰ, ਐਗਜਾਸਟ ਫੈਨ, ਅਲਮਾਰੀ ਵਿਚੋਂ 25-30 ਹਜ਼ਾਰ ਰੁਪਏ ਨਕਦੀ ਚੋਰੀ ਕਰਕੇ ਅਣਪਛਾਤੇ ਲੈ ਗਏ ਸੀ। ਮੁਦੱਈ ਕਪਿਲ ਦੇਵ ਕਾਲੜਾ ਨੇ ਕਿਹਾ ਕਿ ਉਹ 15-06-2024 ਨੂੰ ਵਾਪਸ ਆਪਣੇ ਲੜਕੇ ਵਾਸ਼ੂ ਕਾਲੜਾ ਕੋਲ ਚਲੇ ਗਏ ਸੀ ਅਤੇ ਉਹ 27-08-2024 ਨੂੰ ਆਪਣੇ ਘਰ ਵਾਪਸ ਆਏ ਤਾਂ ਘਰ ਦੀ ਲੌਬੀ ਵਾਲੀ ਖਿੜਕੀ ਦੀ ਗਰਿਲ ਅਤੇ ਜਾਲੀ ਉਤਰੀ ਹੋਈ ਸੀ ਅਤੇ ਪੋੜੀ ਥੱਲੇ ਪਿਆ ਇਨਵੈਟਰ ਅਤੇ ਬੈਟਰ ਮਾਰਕਾ ਕੇ.ਸੀ, ਗੈਸ ਸਿਲੰਡਰ ਭਾਰਤ ਕੰਪਨੀ, ਇਕ ਇਲਕੈਟ੍ਰੋਨਿਕ ਕਿਚਨ ਗੀਜ਼ਰ, ਇਕ ਮਿਕਸੀ ਅਤੇ ਕਿਚਨ ਵਿਚ ਵਰਤੋਂ ਦਾ ਸਮਾਨ ਕੋਈ ਅਣਪਛਾਤਾ ਵਿਅਕਤੀ ਉਸਦੇ ਘਰ ਵਿਚ ਦਾਖਲ ਹੋ ਕੇ ਚੋਰੀ ਕਰਕੇ ਲੈ ਗਿਆ। ਜਾਂਚ ਅਧਿਕਾਰੀ ਮਹਿੰਦਰ ਸਿੰਘ ਨੇ ਦੱਸਿਆ ਕਿ ਮੁਦੱਈ ਕਪਿਲ ਦੇਵ ਦੇ ਬਿਆਨਾਂ ਦੇ ਅਧਾਰ ਤੇ ਥਾਣਾ ਸਿਟੀ ਜਲਾਲਾਬਾਦ ਵਿਖੇ ਧਾਰਾ 331 (4), 305, 324 (4) ਬੀ.ਐਨ.ਐਸ. ਤਹਿਤ ਅਣਪਛਾਤੇ ਵਿਅਕਤੀਆਂ ਦੇ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ।


**Capital Small Finance Bank**

HO:- MIDAS Corporate Park, 3rd Floor, 37, G.T. Road, Jalandhar-144001, Punjab, India.

ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 19.08.2024 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

| ਕਰਜ਼ਦਾਰਾਂ ਅਤੇ ਗਰੰਟਰਾਂ ਦਾ ਨਾਂਅ | ਅਚੱਲ ਜਾਇਦਾਦ ਦਾ ਵੇਰਵਾ | ਕਰਜ਼ਾ ਨੰ. ਅਤੇ ਬਕਾਇਆ ਰਕਮ |
|---|---|---|
| ਕਰਜ਼ਦਾਰ : 1. ਸ੍ਰੀਮਤੀ ਕੁਲਵਿੰਦਰ ਕੌਰ ਪਤਨੀ ਪਾਲ ਸਿੰਘ ਵਾਸੀ ਪਿੰਡ ਪੰਧੇਰ, ਕੁਲਾਰ ਜਲੰਧਰ, ਪੰਜਾਬ-144625 2. ਸ੍ਰੀ ਪਾਲ ਸਿੰਘ ਪੁੱਤਰ ਨਸੀਬ ਸਿੰਘ ਵਾਸੀ ਪਿੰਡ ਪੰਧੇਰ, ਕੁਲਾਰ ਜਲੰਧਰ, ਪੰਜਾਬ-144625 ਗਰੰਟਰ : 3. ਸ੍ਰੀਮਤੀ ਜਸਵੰਤ ਕੌਰ ਪੁੱਤਰੀ ਸ੍ਰੀ ਪਾਲ ਸਿੰਘ ਵਾਸੀ ਪਿੰਡ ਪੰਧੇਰ, ਕੁਲਾਰ ਜਲੰਧਰ, ਪੰਜਾਬ-144625 4. ਸ੍ਰੀ ਰਾਜੇਸ਼ ਬਹਿਲ ਪੁੱਤਰ ਸ੍ਰੀ ਸੁਰਿੰਦਰ ਬਹਿਲ, ਵਾਸੀ ਵਾਰਡ ਨੰ. 8 ਜੈਨ ਕਾਲੋਨੀ ਸ਼ਾਹਕੋਟ, ਜਲੰਧਰ ਪੰਜਾਬ-144702 | ਪ੍ਰਾਇਮਰੀ ਸਕਿਉਰਟੀ : ਅਚੱਲ ਜਾਇਦਾਦ ਦਾ ਉੱਚਿਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 2023-24/177/1/42 ਮਿਤੀ 10-04-2023 ਅਨੁਸਾਰ ਸ੍ਰੀਮਤੀ ਕੁਲਵਿੰਦਰ ਕੌਰ ਪਤਨੀ ਪਾਲ ਸਿੰਘ ਅਤੇ ਸ੍ਰੀਮਤੀ ਜਸਵੰਤ ਕੌਰ ਪੁੱਤਰੀ ਸ੍ਰੀ ਪਾਲ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 04 ਮਰਲੇ, ਸ਼ਾਹਕੋਟ ਸਥਿਤ ਹੱਦਬਸਤ ਨੰ. 79, ਤਹਿਸੀਲ ਸ਼ਾਹਕੋਟ ਨਾਲ ਸੰਬੰਧਤ ਸਭ ਕੁਝ। | 19-08-2024 ਨੂੰ ਐੱਚ ਐੱਲ/018611000102 ਰੁਪਏ 18,26,690.10/- (01-08-2024 ਤੋਂ ਬਿਨਾਂ ਵਿਆਜ) |

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਸ਼ਾਹਕੋਟ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ (ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ (ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ (ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।

ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਸਥਾਨ : ਜਲੰਧਰ | ਮਿਤੀ : 02.09.2024 | ਸਹੀ/- ਅਧਿਕਾਰਤ ਅਫਸਰ



**Capital Small Finance Bank**

HO:- MIDAS Corporate Park, 3rd Floor, 37, G.T. Road, Jalandhar-144001, Punjab, India.

ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 19.08.2024 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

| ਕਰਜ਼ਦਾਰਾਂ ਅਤੇ ਗਰੰਟਰਾਂ ਦਾ ਨਾਂਅ | ਅਚੱਲ ਜਾਇਦਾਦ ਦਾ ਵੇਰਵਾ | ਕਰਜ਼ਾ ਨੰ. ਅਤੇ ਬਕਾਇਆ ਰਕਮ |
|---|---|---|
| ਕਰਜ਼ਦਾਰ : 1. ਸ੍ਰੀਮਤੀ ਗੁਰਮੀਤ ਕੌਰ ਪਤਨੀ ਸ੍ਰੀ ਲਖਵਿੰਦਰ ਸਿੰਘ ਵਾਸੀ ਪਿੰਡ ਥੰਮੂਵਾਲ, ਡਾਕਖਾਨਾ ਸੰਢਾਂਵਾਲ, ਜਲੰਧਰ ਪੰਜਾਬ-144703 2. ਸ੍ਰੀ ਲਖਵਿੰਦਰ ਸਿੰਘ ਪੁੱਤਰ ਜਸਪਾਲ ਸਿੰਘ ਵਾਸੀ ਪਿੰਡ ਥੰਮੂਵਾਲ, ਡਾਕਖਾਨਾ ਸੰਢਾਂਵਾਲ, ਜਲੰਧਰ ਪੰਜਾਬ-144703 ਗਰੰਟਰ : 3. ਸ੍ਰੀ ਕੁਲਵਿੰਦਰ ਸਿੰਘ ਪੁੱਤਰ ਸ੍ਰੀ ਕਰਨੈਲ ਸਿੰਘ ਵਾਸੀ ਪਿੰਡ ਥੰਮੂਵਾਲ, ਸੰਢਾਂਵਾਲ, ਤਹਿਸੀਲ ਸ਼ਾਹਕੋਟ ਜਲੰਧਰ ਪੰਜਾਬ-144703 4. ਜਸਪਾਲ ਸਿੰਘ ਪੁੱਤਰ ਕਾਲਾ ਸਿੰਘ ਵਾਸੀ ਪਿੰਡ ਥੰਮੂਵਾਲ, ਸੰਢਾਂਵਾਲ, ਤਹਿਸੀਲ ਸ਼ਾਹਕੋਟ ਜਲੰਧਰ ਪੰਜਾਬ-144703 | ਪ੍ਰਾਇਮਰੀ ਸਕਿਉਰਟੀ : ਅਚੱਲ ਜਾਇਦਾਦ ਦਾ ਉੱਚਿਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 2021-22/177/1/1012 ਮਿਤੀ 22-10-2021 ਅਨੁਸਾਰ ਸ੍ਰੀ ਗੁਰਮੀਤ ਕੌਰ ਪਤਨੀ ਸ੍ਰੀ ਲਖਵਿੰਦਰ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ, 8 ਮਰਲੇ, ਥੰਮੂਵਾਲ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। (ਮੌਜੂਦਾ ਪਤਾ-ਪਿੰਡ ਥੰਮੂਵਾਲ, ਡਾਕ ਸਾਧਾਂਵਾਲ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ) | 19-08-2024 ਨੂੰ ਐੱਚ ਐੱਲ/073611000012 ਰੁਪਏ 23,02,822.25/- (01-08-2024 ਤੋਂ ਬਿਨਾਂ ਵਿਆਜ) |

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਟੁੱਟ ਕਲਾਂ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ (ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ (ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ (ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।

ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਸਥਾਨ : ਜਲੰਧਰ | ਮਿਤੀ : 02.09.2024 | ਸਹੀ/- ਅਧਿਕਾਰਤ ਅਫਸਰ

4-Set-PAGE-11-Majha-24.qxd 9/3/2024 10:54 PM Page 1



## ਧਾਮੀ ਨੇ ਸੰਗਤ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੀ ਦਿੱਤੀ ਵਧਾਈ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਗੁਰਪੁਰਬ ਦੀ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਗੁਰਬਾਣੀ ਮਨੁੱਖਤਾ ਨੂੰ ਕਰਤਾ ਪੁਰਖ ਨਾਲ ਜੁੜਨ ਤੇ ਉੱਤਮ ਜੀਵਨ ਜੀਣ ਲਈ ਪ੍ਰੇਰਿਤ ਕਰਨ ਦੇ ਨਾਲ-ਨਾਲ ਸਾਂਝੀਵਾਲਤਾ ਅਤੇ ਸਦਭਾਵਨਾ ਦਾ ਸੁਨੇਹਾ ਦਿੰਦੀ ਹੈ। ਗੁਰਬਾਣੀ ਦੀ ਵਿਚਾਰਧਾਰਾ ਅਧਿਆਤਮਕ ਤੇ ਸਮਾਜਿਕ ਜੀਵਨ ਸੇਧਾਂ ਦਾ ਸੋਮਾ ਹੈ, ਜਿਸ ਅਨੁਸਾਰ ਜੀਵਨ ਬਸਰ ਕਰ ਕੇ ਮਨੁੱਖੀ ਜੀਵਨ ਨੂੰ ਹਰ ਪੱਖ ਤੋਂ ਮੁਕੰਮਲ ਬਣਾਇਆ ਜਾ ਸਕਦਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸੰਨ 1604 ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਪਾਦਨਾ ਕਰਕੇ ਮਨੁੱਖਤਾ ਨੂੰ ਸਰਬਸਾਂਝਾ ਪਾਵਨ ਗ੍ਰੰਥ ਬਖ਼ਸ਼ਿਸ਼ ਕੀਤਾ, ਜਿਸ ਦਾ ਸਥਾਨ ਪੂਰੀ ਦੁਨੀਆ ਦੇ ਧਰਮ ਇਤਿਹਾਸ ਅੰਦਰ ਵਿਲੱਖਣ ਤੇ ਨਿਰਾਲਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਿੱਖ ਕੌਮ ਨੂੰ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਅਪੀਲ ਕਰਦਿਆਂ ਕਿਹਾ ਕਿ ਗੁਰਬਾਣੀ ਦੀਆਂ ਮੁਲਵਾਨ ਸਿੱਖਿਆਵਾਂ ਨੂੰ ਆਪਣੇ ਹਿਰਦੇ ਵਿਚ ਵਸਾਈਏ ਅਤੇ ਗੁਰਮਤਿ ਆਸ਼ੇ ਅਨੁਸਾਰ ਜੀਵਨ ਸੇਧਾਂ ਨਿਰਧਾਰਤ ਕਰਦੇ ਹੋਏ ਖੰਡੇ ਦੀ ਪਾਹੁਲ ਛਕ ਬਾਣੀ ਬਾਣੇ ਦੇ ਧਾਰਨੀ ਹੋਈਏ। ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਗੁਰਪੁਰਬ ਹਰ ਸਾਲ ਦੀ ਤਰ੍ਹਾਂ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧ ਵਿਚ ਵੱਖ-ਵੱਖ ਸਮਾਗਮ ਕੀਤੇ ਜਾਣਗੇ। ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਪਹਿਲੇ ਪ੍ਰਕਾਸ਼ ਪੁਰਬ ਮੌਕੇ ਭਲਕੇ 4 ਸਤੰਬਰ ਨੂੰ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੱਕ ਖਾਲਸਈ ਜਾਹੋ-ਜਲਾਲ ਨਾਲ ਨਗਰ ਕੀਰਤਨ ਸਜਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਮੁਬਾਰਕ ਮੌਕੇ 'ਤੇ ਸ਼੍ਰੋਮਣੀ ਕਮੇਟੀ ਪ੍ਰਧਾਨ, ਸਿੰਘ ਸਾਹਿਬਾਨ, ਸ਼੍ਰੋਮਣੀ ਕਮੇਟੀ ਮੈਂਬਰਾਨ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਸਮੇਤ ਸੰਗਤਾਂ ਹਾਜ਼ਰੀ ਭਰਨਗੀਆਂ। ਉਨ੍ਹਾਂ ਦੱਸਿਆ ਕਿ ਪਹਿਲੇ ਪ੍ਰਕਾਸ਼ ਦਿਹਾੜੇ ਸਬੰਧੀ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਦੀਵਾਨ ਸਜਣਗੇ, ਜਿਸ ਵਿਚ ਰਾਗੀ, ਢਾਡੀ, ਕਵੀਸ਼ਰ ਤੇ ਪ੍ਰਚਾਰਕ ਸੰਗਤਾਂ ਨੂੰ ਗੁਰਬਾਣੀ ਤੇ ਇਤਿਹਾਸ ਨਾਲ ਜੋੜਨਗੇ। ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਜਲੌ ਸਜਣਗੇ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਫੁੱਲਾਂ ਦੀ ਸਜਾਵਟ ਅਤੇ ਖ਼ੂਬਸੂਰਤ ਦੀਪਮਾਲਾ ਵੀ ਸੰਗਤ ਲਈ ਵਿਸ਼ੇਸ਼ ਤੌਰ 'ਤੇ ਖਿੱਚ ਦਾ ਕੇਂਦਰ ਹੋਵੇਗੀ।

## ਧਾਰਾ 144 ਤਹਿਤ ਜ਼ਿਲ੍ਹੇ ਅੰਦਰ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ



ਗੁਰਦਾਸਪੁਰ (ਜਨਕ ਮਹਾਜਨ)-ਸੁਰਿੰਦਰ ਸਿੰਘ ਪੀਸੀਐਸ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਗੁਰਦਾਸਪੁਰ ਨੇ ਜ਼ਾਬਤਾ ਫ਼ੌਜਦਾਰੀ 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਆਮ ਜਨਤਾ ਨੂੰ ਇਹ ਹੁਕਮ ਕੀਤਾ ਹੈ ਕਿ ਜ਼ਿਲ੍ਹਾ ਗੁਰਦਾਸਪੁਰ ਦੀ ਹਦੂਦ ਦੇ ਅੰਦਰ ਕੋਈ ਵੀ ਵਿਅਕਤੀ ਆਪਣੇ ਪਸ਼ੂਆਂ ਨੂੰ ਸ਼ਰੇਆਮ ਸੜਕਾਂ 'ਤੇ ਜਾਂ ਜਨਤਕ ਥਾਵਾਂ 'ਤੇ ਚਰਾਉਣ ਲਈ ਲੈ ਕੇ ਨਹੀਂ ਜਾਣਗੇ ਅਤੇ ਨਾ ਹੀ ਅਵਾਰਾ ਛੱਡਣਗੇ। ਇਸੇ ਤਰ੍ਹਾਂ ਗੁਰਦਾਸਪੁਰ ਅੰਦਰ ਪੈਂਦੇ ਸਾਰੇ ਪੈਲੇਸਾਂ ਵਿੱਚ ਕੋਈ ਵੀ ਵਿਅਕਤੀ ਵਿਆਹ-ਸ਼ਾਦੀ ਦੇ ਮੌਕੇ ਕਿਸੇ ਵੀ ਤਰਾਂ ਦਾ ਹਥਿਆਰ ਲੈ ਕੇ ਦਾਖਲ ਨਹੀਂ ਹੋਵੇਗਾ। ਸਕੂਲਾਂ/ਕਾਲਜਾਂ/ਗੁਰਦੁਆਰਿਆਂ ਅਤੇ ਮੰਦਰਾਂ ਵਿੱਚ ਵੀ ਹਥਿਆਰ ਲੈ ਕੇ ਜਾਣ ਦੀ ਪਾਬੰਦੀ ਲਗਾਈ ਗਈ ਹੈ। ਉਨ੍ਹਾਂ ਕਿਹਾ ਜ਼ਿਲ੍ਹਾ ਗੁਰਦਾਸਪੁਰ ਵਿੱਚ ਕੋਈ ਵੀ ਵਿਅਕਤੀ ਸਾਈਕਲ/ ਰਿਕਸ਼ਾ/ ਟਰੈਕਟਰ/ ਰੇਹੜੀ ਅਤੇ ਹੋਰ ਕੋਈ ਗੱਡੀ ਜਿਸਦੇ ਅੱਗੇ-ਪਿੱਛੇ ਲਾਈਟਾਂ ਨਹੀਂ ਹਨ, ਲਾਲ ਰੰਗ ਦੇ ਰਿਫਲੈਕਟਰ ਜਾਂ ਕੋਈ ਆਈ ਗਲਾਸ ਜਾਂ ਚਮਕਦਾਰ ਟੇਪ ਫਿੱਟ ਕਰਵਾਏ ਬਿਨਾਂ ਨਹੀਂ ਚੱਲੇਗਾ। ਉਨ੍ਹਾਂ ਆਮ ਜਨਤਾ ਕਿਸੇ ਵੱਲੋਂ ਵੀ ਉਲਾਈਵ ਰੰਗ ਦੀਆਂ ਵਰਦੀਆਂ, ਜੀਪਾਂ/ਮੋਟਰਸਾਈਕਲਾਂ ਦੀ ਵਰਤੋਂ ਕਰਨ 'ਤੇ ਰੋਕ ਲਗਾ ਦਿੱਤੀ ਹੈ। ਕੱਚੀਆਂ ਖੂਹੀਆਂ ਪੁੱਟਣ ਕਰਕੇ ਕਈ ਲੋਕ ਦੁਰਘਟਨਾਵਾਂ ਦਾ ਸ਼ਿਕਾਰ ਹੋ ਜਾਂਦੇ ਹਨ ਅਤੇ ਇਸ ਕਾਰਨ ਕਈ ਮੌਤਾਂ ਵੀ ਹੋ ਸਕਦੀਆਂ ਹਨ। ਅਜਿਹੀਆਂ ਦੁਰਘਟਨਾਵਾਂ ਦੀ ਰੋਕਥਾਮ ਕਰਨੀ ਜ਼ਰੂਰੀ ਹੈ। ਹੋਟਲਾਂ, ਰੈਸਟੋਰੈਂਟਾਂ, ਧਰਮਸ਼ਾਲਾਵਾਂ ਦੇ ਮਾਲਕਾਂ/ਮੈਨੇਜਰਾਂ ਵਲੋਂ ਉਥੇ ਠਹਿਰਨ ਵਾਲੇ ਵਿਅਕਤੀਆਂ ਦੀ ਸ਼ਨਾਖਤ ਸਬੰਧੀ ਸਬੂਤ ਲੈਣਾ ਅਤੇ ਉਨ੍ਹਾਂ ਸਬੂਤਾਂ ਬਾਰੇ ਐਂਟਰੀਆਂ ਦਾ ਰਜਿਸਟਰ ਵਿੱਚ ਇੰਦਰਾਜ ਕਰਨਾ ਜ਼ਰੂਰੀ ਹੋਵੇਗਾ ਅਤੇ ਉਹ ਇਸ ਦੀ ਸੂਚਨਾ ਸਬੰਧਤ ਥਾਣਿਆਂ ਨੂੰ ਦੇਣਗੇ। ਉਨ੍ਹਾਂ ਸਮੂਹ ਧਾਰਮਿਕ ਅਸਥਾਨਾਂ ਤੇ ਅਗਲੇ ਹੁਕਮਾਂ ਤੱਕ ਠੀਕਰੀ ਪਹਿਰਾ ਲਗਾਉਣ ਲਈ ਪਿੰਡਾਂ ਦੀਆਂ ਸਮੂਹ ਪੰਚਾਇਤਾਂ ਅਤੇ ਧਾਰਮਿਕ ਸਥਾਨਾਂ ਦੀ ਕਮੇਟੀਆਂ/ ਬੋਰਡ/ਟਰੱਸਟ ਦੇ ਮੁਖੀਆਂ ਦੀ ਜਿੰਮੇਵਾਰੀ ਲਗਾਉਣ ਦੇ ਹੁਕਮ ਜਾਰੀ ਕੀਤੇ। ਉਨ੍ਹਾਂ ਸ਼ਹਿਰ ਅੰਦਰ ਸਾਰੇ ਸ਼ਹਿਰਾਂ, ਕਸਬਿਆਂ ਅਤੇ ਪਿੰਡਾਂ ਦੇ ਨਰੋਈ ਸਿਹਤ ਵਾਲੇ ਬਾਲਗ ਵਿਅਕਤੀਆਂ ਦੀ ਡਿਊਟੀ ਅਮਨ ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਲਈ ਹਰ ਰੋਜ਼ ਸ਼ਾਮ 8 ਵਜੇ ਤੋਂ ਲੈ ਕੇ ਸਵੇਰੇ 5 ਵਜੇ ਤੱਕ ਗਸ਼ਤ ਠੀਕਰੀ ਪਹਿਰਾ/ਰਾਖੀ ਲਈ ਲਗਾਈ ਜਾਂਦੀ ਹੈ। ਉਨ੍ਹਾਂ ਘੜੁੱਕਿਆਂ ਦੀ ਸਵਾਰੀ ਅਤੇ ਘੜੁੱਕਿਆਂ 'ਤੇ ਸਕੂਲੀ ਬੱਚਿਆਂ ਨੂੰ ਲਿਆਉਣ-ਲਿਜਾਣ 'ਤੇ ਪਾਬੰਦੀ ਲਗਾ ਦਿੱਤੀ ਹੈ। ਅੰਬ ਦੇ ਬਹੁਤ ਹੀ ਮਹੱਤਵਪੂਰਨ ਦਰੱਖਤਾਂ ਦੀ ਕਟਾਈ 'ਤੇ ਪੂਰਨ ਪਾਬੰਦੀ ਲਗਾ ਦਿੱਤੀ ਹੈ। ਜੇਕਰ ਉਕਤ ਦਰੱਖਤਾਂ ਨੂੰ ਵਿਸ਼ੇਸ਼ ਹਾਲਤ ਵਿੱਚ ਕੱਟਣਾ ਜ਼ਰੂਰੀ ਹੋਵੇ ਤਾਂ ਜੰਗਲਾਤ ਵਿਭਾਗ ਦੀ ਪ੍ਰਵਾਨਗੀ ਨਾਲ ਹੀ ਕੱਟੇ ਜਾਣ। ਪ੍ਰਾਈਵੇਟ ਗੱਡੀਆਂ ਜਿਨ੍ਹਾਂ ਦਾ ਰੰਗ, ਚਿੰਨ੍ਹ, ਸ਼ਕਲ ਅਤੇ ਡਿਜ਼ਾਈਨ ਸੈਨਾ ਦੀਆਂ ਮੋਟਰ ਗੱਡੀਆਂ ਨਾਲ ਮਿਲਦੇ ਜੁਲਦੇ ਹੋਣ 'ਤੇ ਪਾਬੰਦੀ ਲਗਾ ਦਿੱਤੀ ਹੈ। ਸੂਰਜ ਡੁੱਬਣ ਤੋਂ ਬਾਅਦ ਅਤੇ ਸਵੇਰੇ ਸੂਰਜ ਚੜ੍ਹਨ ਤੋਂ ਪਹਿਲਾਂ ਗਊ ਵੰਸ਼ ਦੀ ਢੋਆ ਢੁਆਈ 'ਤੇ ਪੂਰਨ ਪਾਬੰਦੀ ਲਗਾਈ ਹੈ। ਉਨ੍ਹਾਂ ਕਿਹਾ ਅੰਤਰਰਾਸ਼ਟਰੀ ਸਰਹੱਦ ਅਤੇ ਬਾਰਡਰ ਸੁਰੱਖਿਆ ਫੈਂਸ ਦੇ ਵਿੱਚ ਅਤੇ ਬਾਰਡਰ ਸੁਰੱਖਿਆ ਫੈਂਸ ਤੋਂ ਭਾਰਤੀ ਇਲਾਕੇ ਵਾਲੇ ਪਾਸੇ 50 ਗਜ਼ (150 ਫੁੱਟ) ਦੇ ਇਲਾਕੇ ਅੰਦਰ ਉੱਚੇ ਕੱਦ ਦੇ ਬੂਟੇ ਪਾਪੂਲਰ, ਸਫ਼ੈਦੇ, ਬਗੀਚੇ, ਗੰਨਾਂ ਅਤੇ ਹੋਰ ਉੱਚੇ ਕੱਦ ਦੀਆਂ ਫ਼ਸਲਾਂ ਆਦਿ ਨਹੀਂ ਲਗਾਵੇ ਗਾ ਅਤੇ ਨਾ ਹੀ ਇਸ ਏਰੀਏ ਵਿੱਚ ਉੱਚੀਆਂ ਇਮਾਰਤਾਂ ਦੀ ਉਸਾਰੀ ਕਰੇਗਾ। ਉਨ੍ਹਾਂ ਸਮੂਹ ਸਧਾਰਨ ਜਨਤਾ ਨੂੰ ਜਾਂ ਇਸ ਦੇ ਕਿਸੇ ਮੈਂਬਰ ਨੂੰ ਕਿਸੇ ਪਬਲਿਕ ਥਾਂ ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ ਦੇ ਇਕੱਠੇ ਹੋਣ ਜਲੂਸ ਕੱਢਣ ਅਤੇ ਰੈਲੀਆਂ ਆਦਿ ਕਰਨ 'ਤੇ ਪਾਬੰਦੀ ਲਗਾ ਦਿੱਤੀ ਹੈ। ਉਨ੍ਹਾਂ ਕਿਹਾ ਜ਼ਿਲ੍ਹਾ ਗੁਰਦਾਸਪੁਰ ਵਿਚ ਕੋਈ ਵੀ ਵਿਅਕਤੀ ਜਾਂ ਸਮੂਹ ਵਿਅਕਤੀ ਕਿਸੇ ਪਬਲਿਕ ਥਾਂ 'ਤੇ ਕੋਈ ਵੀ ਹਥਿਆਰ ਜਿਨ੍ਹਾਂ ਵਿੱਚ ਲਾਇਸੈਂਸੀ ਹਥਿਆਰ/ਗੋਲੀ ਸਿੱਕਾ, ਗੰਡਾਸਾ, ਚਾਕੂ, ਟਕੂਏ, ਬਰਸੇ, ਲੋਹੇ ਦੀਆਂ ਸਲਾਖ਼ਾਂ, ਲਾਠੀਆਂ ਅਤੇ ਧਮਾਕਾਖ਼ੇਜ਼ ਪਦਾਰਥ ਜੋ ਕੋਈ ਵੀ ਐਸੀ ਚੀਜ਼ ਜੋ ਜੁਰਮ ਕਰਨ ਲਈ ਹਥਿਆਰ ਵਜੋਂ ਵਰਤੀ ਜਾ ਸਕਦੀ ਹੋਵੇ, ਨੂੰ ਲੈ ਕੇ ਨਹੀਂ ਚੱਲੇਗਾ। ਇਹ ਸਾਰੇ ਪਾਬੰਦੀਆਂ ਦੇ ਹੁਕਮ 30 ਅਗਸਤ ਤੋਂ 28 ਅਕਤੂਬਰ 2024 ਤੱਕ ਲਾਗੂ ਰਹਿਣਗੇ।

## ਜੰਮੂ-ਕਸ਼ਮੀਰ 'ਚ ਡਿਊਟੀ ਦੌਰਾਨ ਫੌਜੀ ਜਵਾਨ ਦੀ ਮੌਤ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਜ਼ਿਲਾ ਤਰਨਤਾਰਨ ਦਾ ਸਰਹੱਦੀ ਪਿੰਡ ਬੁਰਜ 169 (ਰਾਜਾਤਾਲ ਨੇੜੇ) ਦਾ ਫੌਜੀ ਜੁਆਨ ਕੁਲਦੀਪ ਸਿੰਘ ਪੁੱਤਰ ਦਰਸ਼ਨ ਸਿੰਘ ਜੋ ਬੀਤੇ ਦਿਨ ਜੰਮੂ-ਕਸ਼ਮੀਰ ਵਿਖੇ ਅੱਤਵਾਦੀਆਂ ਦੀ ਗੋਲੀ ਲੱਗਣ ਨਾਲ ਡਿਊਟੀ ਦੌਰਾਨ ਦੇਸ਼ ਦੀ ਏਕਤਾ ਅਤੇ ਅਖੰਡਤਾ ਖਾਤਰ ਸ਼ਹੀਦੀ ਦਾ ਜਾਮ ਪੀ ਗਿਆ। ਸ਼ਹੀਦ ਹੋਏ ਜੁਆਨ ਦੇ ਪਿਤਾ ਦਰਸ਼ਨ ਸਿੰਘ ਵਾਸੀ ਬੁਰਜ ਨੇ ਦੱਸਿਆ ਉਨਾਂ ਨੂੰ ਫੋਨ 'ਤੇ ਸੂਚਨਾ ਮਿਲੀ ਕਿ ਕੁਲਦੀਪ ਸਿੰਘ ਜੋ ਕਿ ਜੰਮੂ ਵਿਖੇ ਆਪਣੀ ਪੋਸਟ 'ਤੇ ਪਹਿਰੇ 'ਤੇ ਖੜਾ ਸੀ, ਨੂੰ ਅੱਤਵਾਦੀਆਂ ਨੇ ਪਹਾੜੀ ਤੋਂ ਗੋਲੀਆ ਚਲਾ ਕੇ ਮਾਰ ਦਿੱਤਾ।

ਕੁਲਦੀਪ ਸਿੰਘ ਫੋਰ ਸਿੱਖ ਸਿਖਲਾਈ ਜੰਮੂ ਵਿਖੇ ਤਾਇਨਾਤ ਸੀ ਅਤੇ 12 ਸਾਲ ਪਹਿਲਾਂ ਭਾਰਤੀ ਫੌਜ ਵਿੱਚ ਭਰਤੀ ਹੋਇਆ ਸੀ। ਕੁਲਦੀਪ ਸਿੰਘ ਆਪਣੇ ਪਿੱਛੇ ਪਤਨੀ ਹਰਪ੍ਰੀਤ ਕੌਰ, ਬੇਟਾ ਪ੍ਰਦੀਪ ਸਿੰਘ 5 ਸਾਲ ਅਤੇ 1 ਸਾਲ ਦੀ ਬੇਟੀ ਏਕਮ ਕੌਰ ਨੂੰ ਛੱਡ ਗਿਆ। ਕੁਲਦੀਪ ਸਿੰਘ ਦੀ ਮੌਤ ਨਾਲ ਸਮੁੱਚੇ ਪਿੰਡ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ। ਇਸ ਸਮੇਂ ਹਲਕੇ ਦੇ ਸੀਨੀਅਰ ਕਾਂਗਰਸੀ ਆਗੂ ਕਰਨਬੀਰ ਸਿੰਘ ਬੁਰਜ, ਪ੍ਰਧਾਨ ਗੁਰਪਾਲ ਸਿੰਘ ਜਗਤਪੁਰਾ ਨੇ ਸਹੀਦ ਕੁਲਦੀਪ ਸਿੰਘ ਦੇ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।

## ਸੀ. ਐੱਚ. ਸੀ. ਝਬਾਲ ਵਿਖੇ ਕੌਮੀ ਸੰਤੁਲਿਤ ਭੋਜਨ ਸਪਤਾਹ ਸਬੰਧੀ ਸੈਮੀਨਾਰ ਆਯੋਜਿਤ




ਸਰਾਏ ਅਮਾਨਤ ਖਾਂ 3 ਸਤੰਬਰ (ਮੱਖਣ ਮਨੋਜ)-ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਅਤੇ ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਵਰਿੰਦਰਪਾਲ ਕੌਰ ਦੇ ਦਿਸ਼ਾ ਨਿਰਦੇਸ਼ਾ ਤਹਿਤ ਸੀਨੀਅਰ ਮੈਡੀਕਲ ਅਫ਼ਸਰ ਡਾ. ਮਨਜੀਤ ਸਿੰਘ ਰਟੌਲ ਦੀ ਅਗਵਾਈ ਹੇਠ ਸੀਐੱਚਸੀ ਝਬਾਲ ਵਿਖੇ ਕੌਮੀ ਸੰਤੁਲਿਤ ਭੋਜਨ ਸਪਤਾਹ ਸਬੰਧੀ ਇੱਕ ਸੈਮੀਨਾਰ ਕੀਤਾ ਗਿਆ।ਇਸ ਸੈਮੀਨਾਰ ਨੂੰ ਸੰਬੋਧਨ ਕਰਦੇ ਹੋਏ ਡਾ.ਮਨਜੀਤ ਸਿੰਘ ਰਟੌਲ ਨੇ ਦੱਸਿਆ ਕਿ ਹਰ ਸਾਲ 1 ਸਤੰਬਰ ਤੋਂ 7 ਸਤੰਬਰ ਤੱਕ ਪੂਰੇ ਦੇਸ਼ ਵਿਚ ਸੰਤੁਲਿਤ ਖੁਰਾਕ ਹਫ਼ਤਾ ਮਨਾਇਆ ਜਾਂਦਾ ਹੈ।ਇਹ ਹਫ਼ਤਾ ਮਨਾਉਣ ਦਾ ਮੁੱਖ ਉਦੇਸ਼ ਲੋਕਾਂ ਵਿਚ ਪੋਸ਼ਣ ਸੰਬੰਧੀ ਜਾਗਰੂਕਤਾ ਪੈਦਾ ਕਰਨਾ ਅਤੇ ਸਿਹਤਮੰਦ ਜੀਵਨ ਲਈ ਸਹੀ ਮਾਤਰਾ ਵਿੱਚ ਭੋਜਨ ਲੈਣ ਲਈ ਉਜਾਗਰ ਕਰਨਾ ਹੈ।ਸਾਨੂੰ ਸਹੀ ਮਾਤਰਾ ਅਤੇ ਸਹੀ ਅਨੁਪਾਤ ਵਿਚ ਪੌਸ਼ਟਿਕ ਤੱਤ ਜਿਵੇਂ ਕਾਰਬੋਹਾਈਡਰੇਟ, ਚਰਬੀ, ਪ੍ਰੋਟੀਨ, ਵਿਟਾਮਨ ਤੇ ਖਣਿਜ ਪਦਾਰਥਾਂ ਵਾਲਾ ਭੋਜਨ ਖਾਣਾ ਚਾਹੀਦਾ ਹੈ। ਸਹੀ ਮਾਤਰਾ ਵਿੱਚ ਭੋਜਨ ਨਾ ਲੈਣ ਕਾਰਨ ਬਹੁਤ ਸਾਰੇ ਲੋਕ ਅਤੇ ਬੱਚੇ ਬਿਮਾਰ, ਕਮਜ਼ੋਰ ਜਾਂ ਕੁਪੋਸ਼ਣ ਦਾ ਸ਼ਿਕਾਰ ਹੋ ਜਾਂਦੇ ਹਨ।ਕੁਪੋਸ਼ਣ ਦਾ ਸ਼ਿਕਾਰ ਤਿੰਨ ਸਾਲ ਤੋਂ ਘੱਟ ਉਮਰ ਦੇ ਬੱਚੇ ਜ਼ਿਆਦਾ ਹੁੰਦੇ ਹਨ। ਸਾਡਾ ਭੋਜਨ ਪ੍ਰੋਟੀਨ, ਵਿਟਾਮਿਨ ਅਤੇ ਖਣਿਜ, ਕਾਰਬੋਹਾਈਡ੍ਰੇਟ, ਫੈਟ, ਫਾਈਬਰ, ਕੈਲਸ਼ੀਅਮ, ਆਇਰਨ ਭਰਪੂਰ ਹੋਣਾ ਚਾਹੀਦਾ ਹੈ।ਮੌਸਮੀ ਫਲ ਅਤੇ ਸਬਜ਼ੀਆਂ ਦੀ ਵਰਤੋਂ ਕਰਨੀ ਚਾਹੀਦੀ ਹੈ।ਫਲ, ਦੁੱਧ, ਅੰਡੇ, ਮੀਟ, ਸਾਗ,ਪਾਲਕ, ਹਰੀਆਂ ਤੇ ਪੱਤੇਦਾਰ ਸ਼ਬਜ਼ੀਆਂ,ਪੀਲੇ ਫਲ, ਕਣਕ, ਚੌਲ, ਮੱਕੀ, ਗੁੜ, ਆਲੂ, ਗੰਨਾ, ਜਵਾਰ ਬਾਜਰਾ ਆਦਿ ਵੀ ਸਾਡੇ ਖਾਣੇ ਵਿਚ ਸ਼ਾਮਿਲ ਹੋਣੇ ਚਾਹੀਦੇ ਹਨ ਬੱਚਿਆਂ ਨੂੰ ਘੱਟੋ-ਘੱਟ ਛੇ ਮਹੀਨੇ ਮਾਂ ਦਾ ਦੁੱਧ ਦੇਣਾ ਚਾਹੀਦਾ ਹੈ।ਹੈਲਥ ਸੁਪਰਵਾਈਜ਼ਰ ਗੁਰਵਿੰਦਰ ਸਿੰਘ ਭੋਜੀਆਂ ਨੇ ਦੱਸਿਆ ਕਿ ਜਦੋਂ ਵੀ ਫੀਲਡ ਸਟਾਫ ਆਪਣੇ ਏਰੀਏ ਵਿੱਚ ਜਾਂਦਾ ਹੈ ਤਾਂ ਸੰਤੁਲਿਤ ਭੋਜਨ ਲੈਣ ਸਬੰਧੀ ਪਬਲਿਕ ਨੂੰ ਜਾਗਰੂਕ ਕਰਨ।ਗਰਭਵਤੀ ਔਰਤਾਂ, ਦੁੱਧ ਚਗਾਉਣ ਵਾਲੀਆਂ ਮਾਂਵਾਂ, ਛੋਟੇ ਬੱਚਿਆਂ ਨੂੰ ਇਸ ਬਾਰੇ ਵੱਧ ਤੋਂ ਵੱਧ ਜਾਣਕਾਰੀ ਦਿੱਤੀ ਜਾਵੇ। ਇਸ ਮੌਕੇ ਐੱਲਐੱਚਵੀ ਰਜਵੰਤ ਕੌਰ, ਸਤਿੰਦਰਜੀਤ ਕੌਰ, ਬਲਜੀਤ ਕੌਰ, ਰਜਵੰਤ ਕੌਰ ਬਾਗੜੀਆਂ ਸਮੂਹ ਏਐੱਨਐੱਮ, ਗਰਭਵਤੀ ਔਰਤਾਂ ਹਾਜ਼ਰ ਸਨ।

## ਸਮਾਜ ਸੇਵਕ ਰਵੀ ਪਾਲ ਸਿੰਘ ਦੀ ਬਰਸੀ ਮੌਕੇ ਲੋੜਵੰਦ ਵਿਦਿਆਰਥੀਆਂ ਨੂੰ ਸਟੇਸ਼ਨਰੀ ਵੰਡੀ



ਮਹਿਤਪੁਰ (ਰਾਜਾ)-ਇਲਾਕੇ ਦੇ ਪ੍ਰਸਿੱਧ ਸਮਾਜ ਸੇਵਕ ਸਵ. ਰਵੀ ਪਾਲ ਸਿੰਘ ਦੀ ਬਰਸੀ ਮੌਕੇ ਪ੍ਰੈਸ ਕਲੱਬ ਮਹਿਤਪੁਰ ਯੂਨਿਟ ਜਰਨਲਿਸਟ ਪ੍ਰੈਸ ਕਲੱਬ (ਰਜਿ.) ਪੰਜਾਬ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਦੇ ਲੋੜਵੰਦ ਵਿਦਿਆਰਥੀਆਂ ਨੂੰ ਸਟੇਸ਼ਨਰੀ ਵੰਡੀ ਗਈ।ਜ਼ਿਕਰਯੋਗ ਹੈ ਕਿ ਸਵ. ਰਵੀ ਪਾਲ ਸਿੰਘ ਨੇ ਕਰੋਨਾ ਕਾਲ ਵਿੱਚ ਆਪਣੀ ਜਾਨ ਦੀ ਪ੍ਰਵਾਹ ਕੀਤੇ ਬਿਨਾਂ ਹੀ ਦਿਨ ਰਾਤ ਲੋਕਾਂ ਦੀ ਸੇਵਾ ਕੀਤੀ। ਉਨ੍ਹਾਂ ਵੱਲੋਂ ਸ਼ਾਹਕੋਟ ਹਲਕੇ ਦੇ ਗਰੀਬ ਲੋਕਾਂ ਨੂੰ ਰਾਸ਼ਨ ਸਮੱਗਰੀ, ਦਵਾਈਆਂ ਤੇ ਹੋਰ ਰਾਹਤ ਸਮੱਗਰੀ ਵੰਡੀ ਗਈ ਸੀ।ਜਦੋਂ ਸ਼ਾਹਕੋਟ ਦੇ ਦਰਿਆ ਵਾਲੇ ਇਲਾਕਿਆਂ ਵਿੱਚ ਹੜ ਆਏ ਸਨ ਉਦੋਂ ਵੀ ਸਵ. ਰਵੀ ਪਾਲ ਸਿੰਘ ਨੇ ਹੜਾਂ ਦਾ ਸ਼ਿਕਾਰ ਹੋਏ ਲੋਕਾਂ ਨੂੰ ਬਚਾਉਣ ਲਈ ਬਹੁਤ ਮਿਹਨਤ ਕੀਤੀ ਸੀ। ਉਨ੍ਹਾਂ ਵੱਲੋਂ ਹਰ ਰੋਜ਼ ਸੈਂਕੜੇ ਹੜ ਪੀੜਤਾਂ ਲਈ ਰਾਹਤ ਸਮੱਗਰੀ ਵੰਡੀ ਗਈ ਸੀ। ਸਵ. ਰਵੀ ਪਾਲ ਸਿੰਘ ਨੇ ਹਮੇਸ਼ਾ ਹੀ ਗਰੀਬ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਅਤੇ ਲੋੜਵੰਦ ਵਿਦਿਆਰਥੀਆਂ ਦੀ ਪੜਾਈ ਲਈ ਆਪਣਾ ਯੋਗਦਾਨ ਪਾਇਆ ਸੀ।ਉਨ੍ਹਾਂ ਵੱਲੋਂ ਕੀਤੇ ਸਮਾਜ ਭਲਾਈ ਦੇ ਕਾਰਜਾਂ ਨੂੰ ਇਲਾਕੇ ਦੇ ਲੋਕਾਂ ਵੱਲੋਂ ਅੱਜ ਵੀ ਯਾਦ ਕੀਤਾ ਜਾਂਦਾ ਹੈ। ਸਵ. ਰਵੀ ਪਾਲ ਸਿੰਘ ਕਰੋਨਾ ਕਾਲ ਵਿੱਚ ਲੋਕਾਂ ਦੀ ਸੇਵਾ ਕਰਦੇ ਕਰਦੇ ਭਰੀ ਜਵਾਨੀ ਵਿੱਚ ਹੀ ਅਕਾਲ ਪੁਰਖ ਦੇ ਚਰਨਾਂ ਵਿਚ ਜਾ ਬਿਰਾਜੇ। ਉਨ੍ਹਾਂ ਦੀ ਬਰਸੀ ਮੌਕੇ ਇਲਾਕੇ ਦੇ ਪ੍ਰਸਿੱਧ ਧਾਰਮਿਕ, ਸਮਾਜਿਕ ਤੇ ਰਾਜਨੀਤਕ ਸੰਸਥਾਵਾਂ ਨੇ ਅਪਣੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਉਘੇ ਸਮਾਜ ਸੇਵਕ ਅਤੇ ਨਗਰ ਪੰਚਾਇਤ ਦੇ ਉਪ ਪ੍ਰਧਾਨ ਮਹਿੰਦਰ ਪਾਲ ਸਿੰਘ ਟੁਰਨਾ ਵੱਲੋਂ ਸਵ. ਰਵੀ ਪਾਲ ਸਿੰਘ ਨੂੰ ਅਪਣੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਰਵੀ ਪਾਲ ਸਿੰਘ ਵੱਲੋਂ ਕੀਤੇ ਲੋਕ ਭਲਾਈ ਦੇ ਕੰਮਾਂ ਨੂੰ ਪੂਰਾ ਇਲਾਕਾ ਅੱਜ ਵੀ ਯਾਦ ਕਰਦਾ ਹੈ।ਉਨ੍ਹਾਂ ਦੇ ਜਾਣ ਨਾਲ ਜਿਥੇ ਪਰਿਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਉਥੇ ਹੀ ਇਲਾਕੇ ਦੇ ਲੋਕਾਂ ਨੂੰ ਬਹੁਤ ਵੱਡਾ ਘਾਟਾ ਪਿਆ ਹੈ।ਇਸ ਮੌਕੇ ਅਸ਼ੋਕ ਚੌਹਾਨ, ਮਨੋਜ ਚੋਪੜਾ, ਲਖਵਿੰਦਰ ਸਿੰਘ ਦਾਸ, ਰਜਿੰਦਰ ਸਿੰਘ ਸੋਨੂੰ, ਸਾਬੀ ਝੰਡ, ਵਿਕਰਮ ਮਹਿਤਾ, ਨੀਰਜ ਵਰਮਾ ਤੇ ਸਮੂਹ ਸਕੂਲ ਅਧਿਆਪਕ ਹਾਜ਼ਰ ਸਨ।

## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਕੂਲ 'ਚ ਪਹਿਲਾ ਪ੍ਰਕਾਸ਼ ਦਿਹਾੜਾ ਮਨਾਇਆ




ਝਬਾਲ (ਹਰਜਿੰਦਰ ਸਿੰਘ ਸੋਨੀ)-ਚੀਫ਼ ਖਾਲਸਾ ਦੀਵਾਨ ਦੇ ਪ੍ਰਧਾਨ ਇੰਦਰਬੀਰ ਸਿੰਘ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਵਿਖੇ 3 ਸਤੰਬਰ, ਦਿਨ ਮੰਗਲਵਾਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸਵੇਰ ਦੀ ਸਭਾ ਵਿੱਚ ਹਰ-ਜਸ ਕੀਰਤਨ ਗਾਇਨ ਉਪਰੰਤ ਦਸਵੀਂ ਜਮਾਤ ਦੇ ਵਿਦਿਆਰਥੀ ਹਰਨੇਕ ਸਿੰਘ ਵੱਲੋਂ ਕਵਿਤਾ ਦੁਆਰਾ ਗੁਰੂ ਸਾਹਿਬ ਪ੍ਰਤੀ ਆਪਣੀ ਸ਼ਰਧਾ ਭਾਵਨਾ ਪ੍ਰਗਟ ਕੀਤੀ ਗਈ। ਸਕੂਲ ਦੇ ਧਾਰਮਿਕ ਅਧਿਆਪਕ ਹਰਪਾਲ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਗੁਰੂ ਗ੍ਰੰਥ ਸਾਹਿਬ ਜੀ ਦੀ ਮਹਾਨਤਾ ਅਤੇ ਸੰਪਾਦਨਾ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ। ਇਸੇ ਸੰਬੰਧੀ ਸਕੂਲ ਵਿੱਚ ਛੇਵੀਂ ਜਮਾਤ ਦੇ ਵਿਦਿਆਰਥੀਆਂ ਦੇ ਇੰਟਰ-ਹਾਊਸ ਕੁਇਜ਼ ਮੁਕਾਬਲੇ ਕਰਵਾਏ ਗਏ। ਜੇਤੂ ਟੀਮ ਦੀ ਸਕੂਲ ਦੇ ਪ੍ਰਿੰਸੀਪਲ ਵੱਲੋਂ ਹੌਸਲਾ ਅਫ਼ਜ਼ਾਈ ਕੀਤੀ ਗਈ। ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ, ਸਕੂਲ ਦੇ ਪ੍ਰਿੰ. ਅਨੁਰੀਤ ਬਾਵਾ ਅਤੇ ਹੈੱਡ ਮਿਸਟਰੈੱਸ ਮੈਡਮ ਸਿਮਰਪ੍ਰੀਤ ਕੌਰ ਵੱਲੋਂ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਗੁਰਬਾਣੀ ਦੇ ਲੜ ਲੱਗਣ, ਸਹਿਜ ਪਾਠ ਕਰਨ ਅਤੇ ਵਿਚਾਰਨ ਦੇ ਲਈ ਪ੍ਰੇਰਿਤ ਕੀਤਾ ਗਿਆ।

## ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਬਜ਼ਾਰਾਂ 'ਚ ਨਗਰ ਕੀਰਤਨ ਸਜਾਇਆ



ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)-ਸਥਾਨਕ ਸ਼ਹਿਰ ਅਜਨਾਲਾ ਰਾਮ ਨਗਰ ਵਿਖੇ ਸਥਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਬੰਧਕਾਂ ਅਤੇ ਸੰਗਤਾਂ ਦੇ ਸਹਿਯੋਗ ਦੇ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ ਗਿਆ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਵਿੱਚ ਨਗਰ ਕੀਰਤਨ ਵੀ ਕੱਢਿਆ ਗਿਆ।

ਸੰਗਤ ਨੇ ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ ਦੇ ਜੈਕਾਰੇ ਲਗਾਏ ਗਏ।ਇਸ ਅਵਸਰ 'ਤੇ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਅਜਨਾਲਾ ਦੇ ਪ੍ਰਧਾਨ ਭਾਈ ਅਜੀਤ ਸਿੰਘ ਜੀ ਚਾਵਲਾ ਅਤੇ ਜਸਵਿੰਦਰ ਸਿੰਘ ਜੱਸ ਚਾਵਲਾ, ਅਵਤਾਰ ਸਿੰਘ ਚਾਵਲਾ ਵਲੋਂ ਪੰਜ ਪਿਆਰਿਆਂ ਨੂੰ ਸਿਰੋਪੇ ਭੇਟ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਹੀਰਾਂ ਸਿੰਘ ਸੱਫੈਵਾਲੀਆ, ਵਾਇਸ ਪ੍ਰਧਾਨ ਕੁਲਦੀਪ ਸਿੰਘ, ਪਵਿੱਤਰ ਸਿੰਘ ਫੈਸੀ ਅਜਨਾਲਾ, ਕੇਵਲ ਸਿੰਘ, ਸੁਖਪ੍ਰੀਤ ਸਿੰਘ, ਬਲਜਿੰਦਰ ਸਿੰਘ, ਬਲਜੀਤ ਸਿੰਘ, ਰਛਪਾਲ ਸਿੰਘ ਅਜਨਾਲਾ, ਮੇਜਰ ਸਿੰਘ ਆਦਿ ਹਾਜ਼ਰ ਸਨ।

## ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਛੋਆ ਵਿਖੇ ਮਨਾਇਆ ਸਵੱਛਤਾ ਪੱਖਵਾੜਾ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਪੰਜਾਬ ਸਕੂਲ ਸਿੱਖਿਆ ਵਿਭਾਗ ਦੇ ਦਿਸਾ ਨਿਰਦੇਸ਼ਾਂ ਤਹਿਤ ਇੱਕ ਸਤੰਬਰ ਤੋਂ 15 ਸਤੰਬਰ ਤੱਕ ਪੂਰੇ ਸੂਬੇ ਅੰਦਰ ਮਨਾਏ ਜਾ ਰਹੇ ਸਵੱਛਤਾ ਪੱਖਵਾੜਾ ਤਹਿਤ ਤਹਿਸੀਲ ਅਜਨਾਲਾ ਦੇ ਨਾਮਵਰ ਸਕੂਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਛੋਆ ਵਿਖੇ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਕਰਵਾਏ ਗਏ ਵਿਸ਼ੇਸ਼ ਸਮਾਰੋਹ ਦੌਰਾਨ ਪਿੰਡ ਦੇ ਪਤਵੰਤਿਆਂ ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਅਤੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਬਲਾਕ ਨੋਡਲ ਅਫਸਰ ਅਜਨਾਲਾ ਅਤੇ ਪ੍ਰਿੰਸੀਪਲ ਮੈਡਮ ਰੁਪਿੰਦਰ ਰੰਧਾਵਾ ਨੇ ਕਿਹਾ ਕਿ ਸਿੱਖਿਆ ਵਿਭਾਗ ਦੇ ਦਿਸਾ ਨਿਰਦੇਸ਼ਾਂ ਅਨੁਸਾਰ ਬਲਾਕ ਅਜਨਾਲਾ ਦੇ ਹਰੇਕ ਸਕੂਲ ਅੰਦਰ ਇਹ ਪੱਖਵਾੜਾ ਮਨਾਇਆ ਜਾ ਰਿਹਾ ਹੈ ਜਿਸ ਸਬੰਧੀ ਅਧਿਆਪਕਾਂ ਦੇ ਬੱਚਿਆਂ ਵਿੱਚ ਪੂਰਾ ਉਤਸ਼ਾਹ ਹੈ। ਉਨ੍ਹਾਂ ਕਿਹਾ ਕਿ ਬਰਸਾਤਾਂ ਦੇ ਮੌਸਮ ਦੌਰਾਨ ਆਲੇ ਦੁਆਲੇ ਨੂੰ ਸਾਫ ਰੱਖਣਾ ਅਤੇ ਕਈ ਭਿਆਨਕ ਬਿਮਾਰੀਆਂ ਦੇ ਬਚਾਅ ਲਈ ਸੁਚੇਤ ਰਹਿਣਾ ਚਾਹੀਦਾ ਹੈ ਤਾਂ ਹੀ ਸਿਹਤਮੰਦ ਸਮਾਜ ਸਿਰਜਿਆ ਜਾ ਸਕਦਾ ਹੈ।

ਇਸ ਮੌਕੇ ਉਨ੍ਹਾਂ ਅਧਿਆਪਕਾਂ ਅਤੇ ਬੱਚਿਆਂ ਨੂੰ ਰੋਜ਼ਾਨਾ ਸਫਾਈ ਪੰਦਰਵਾੜੇ ਤਹਿਤ ਸਕੂਲ ਅਤੇ ਇਲਾਕੇ ਨੂੰ ਸਾਫ ਰੱਖਣ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਜਾਗਰੂਕ ਕਰਨ ਲਈ ਪ੍ਰੇਰਿਤ ਵੀ ਕੀਤਾ।

ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਦੀ ਚੇਅਰਮੈਨ ਰਾਜਵਿੰਦਰ ਕੌਰ ਸਮੇਤ ਕਮੇਟੀ ਦੇ ਮੈਂਬਰ ਅਤੇ ਪਿੰਡ ਦੇ ਪਤਵੰਤੇ ਹਾਜ਼ਰ ਹੋਏ।

## ਗੁਰਦੁਆਰਾ ਡੇਹਰਾ ਸਾਹਿਬ ਬਟਾਲਾ ਵਿਖੇ ਮਹਾਨ ਅੰਮ੍ਰਿਤ ਸੰਚਾਰ ਭਲਕੇ : ਜਥੇਦਾਰ ਗੋਰਾ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਅਸਥਾਨ ਸਹੁਰਾ ਘਰ ਅਤੇ ਮਾਤਾ ਸੁਲੱਖਣੀ ਜੀ ਦੇ ਪੇਕਾ ਘਰ ਇਤਿਹਾਸਕ ਗੁਰਦੁਆਰਾ ਡੇਹਰਾ ਸਾਹਿਬ ਬਟਾਲਾ ਨਜਦੀਕ ਗੁਰਦੁਆਰਾ ਸ੍ਰੀ ਕੰਧ ਸਾਹਿਬ ਵਿਖੇ ਧਰਮ ਪ੍ਰਚਾਰ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਨੂੰ ਸਮਰਪਿਤ ਮਹਾਨ ਅੰਮ੍ਰਿਤ ਸੰਚਾਰ ਪਹਿਲੀ ਵਾਰ 5 ਸਤੰਬਰ ਦਿਨ ਵੀਰਵਾਰ ਨੂੰ ਸਵੇਰੇ 10 ਵਜੇ ਹੋਵੇਗਾ। ਉਕਤ ਜਾਣਕਾਰੀ ਵਿਆਹ ਪੁਰਬ ਦੇ ਮੁੱਖ ਪ੍ਰਬੰਧਕ ਤੇ ਸ਼੍ਰੋਮਣੀ ਕਮੇਟੀ ਹਲਕਾ ਬਟਾਲਾ ਤੋਂ ਧਾਰਮਿਕ ਨੁਮਾਇੰਦਗੀ ਕਰ ਰਹੇ ਧਾਰਮਿਕ ਆਗੂ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦਿੰਦਿਆਂ ਦੱਸਿਆ ਕਿ ਸ੍ਰੀ ਅਕਾਲ ਤਖਤ ਸਾਹਿਬ ਤੋਂ ਪੰਜ ਪਿਆਰੇ ਸਾਹਿਬਾਨ ਵਿਸੇਸ ਤੌਰ ਤੇ ਪਹੁੰਚ ਕੇ ਖੰਡੇ ਬਾਟੇ ਦਾ ਅੰਮ੍ਰਿਤ ਤਿਆਰ ਕਰਕੇ ਅੰਮ੍ਰਿਤ ਅਭਿਲਾਖੀਆਂ ਨੂੰ ਅੰਮ੍ਰਿਤ ਛਕਾਉਣਗੇ। ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਅੰਮ੍ਰਿਤ ਸੰਚਾਰ ਮੌਕੇ ਧਰਮ ਪ੍ਰਚਾਰ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਮ੍ਰਿਤ ਛੱਕਣ ਵਾਲੇ ਅੰਮ੍ਰਿਤ ਅਭਲਾਖੀਆਂ ਨੂੰ ਭੇਟਾਂ ਰਹਿਤ ਮੁਫਤ ਕਕਾਰ ਦਿੱਤੇ ਜਾਣਗੇ। ਇਸ ਮੌਕੇ ਗੁਰਤਿੰਦਰ ਪਾਲ ਸਿੰਘ ਭਾਟੀਆ ਮੀਤ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ, ਸੁਖਜਿੰਦਰ ਸਿੰਘ ਭਾਮ ਮੈਨੇਜਰ ਗੁਰਦੁਆਰਾ ਸ੍ਰੀ ਕੰਧ ਸਾਹਿਬ, ਮਨਜੀਤ ਸਿੰਘ ਜਫਰਵਾਲ ਮੈਨੇਜਰ ਗੁਰਦੁਆਰਾ ਡੇਹਰਾ ਸਾਹਿਬ ਸਤਿਕਰਤਾਰੀਆਂ ਸਾਹਿਬ, ਸਕੰਦਰ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਅੱਚਲ ਸਾਹਿਬ, ਸਿਮਰਨਜੀਤ ਸਿੰਘ ਕੋਟ ਟੋਡਰ ਮੱਲ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਬਲਬੀਰ ਸਿੰਘ ਸੇਖਵਾਂ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਗੁਰਮੁੱਖ ਸਿੰਘ ਖਾਲਸਾ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਭਾਈ ਲਾਲ ਸਿੰਘ ਕਵੀਸ਼ਰ ਧਰਮ ਪ੍ਰਚਾਰ ਕਮੇਟੀ, ਭਾਈ ਮਨਜੀਤ ਸਿੰਘ ਕਵੀਸ਼ਰ ਆਦਿ ਹਾਜ਼ਰ ਸਨ।

## ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ-ਮਰਿਆਦਾ ਦੀ ਉਲੰਘਣਾ ਬਰਦਾਸ਼ਤ ਨਹੀਂ: ਗਿਆਨੀ ਰਘਬੀਰ ਸਿੰਘ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸ਼੍ਰੋਮਣੀ ਅਕਾਲੀ ਦਲ ਨਾਲ ਸਬੰਧਤ ਵਿਚਾਰੇ ਜਾ ਰਹੇ ਮਾਮਲੇ ਦੇ ਸਬੰਧ ਵਿਚ ਵੱਖ-ਵੱਖ ਅਕਾਲੀ ਆਗੂਆਂ ਵਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ-ਮਰਿਆਦਾ ਅਤੇ ਇਕ-ਦੂਜੇ ਦੇ ਖਿਲਾਫ਼ ਕੀਤੀ ਜਾ ਰਹੀ ਬਿਆਨਬਾਜ਼ੀ ਦਾ ਸਖ਼ਤ ਨੋਟਿਸ ਲਿਆ ਹੈ। ਉਨ੍ਹਾਂ ਕਿਹਾ ਕਿ ਇਹ ਵਰਤਾਰਾ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ ਮਰਯਾਦਾ ਅਤੇ ਸਰਬਉੱਚਤਾ ਦੇ ਵਿਰੁੱਧ ਹੈ, ਕਿਉਂਕਿ ਜਦੋਂ ਤੱਕ ਇਹ ਮਾਮਲਾ ਵਿਚਾਰ ਅਧੀਨ ਹੈ ਤਦ ਤੱਕ ਇਸ 'ਤੇ ਕਿਸੇ ਤਰ੍ਹਾਂ ਦੀਆਂ ਵੀ ਟਿੱਪਣੀਆਂ ਉਚਿਤ ਨਹੀਂ ਹਨ। ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਤੋਂ ਜਾਰੀ ਲਿਖਤੀ ਬਿਆਨ ਵਿਚ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸਿੱਖ ਸਿਆਸਤ ਨਾਲ ਜੁੜੇ ਆਗੂਆਂ ਨੂੰ ਸਖ਼ਤ ਹਦਾਇਤ ਕਰਦਿਆਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਬਉੱਚਤਾ, ਸਤਿਕਾਰ, ਸਿਧਾਂਤ ਅਤੇ ਪਰੰਪਰਾ ਨੂੰ ਧਿਆਨ ਵਿਚ ਰੱਖਦਿਆਂ ਇਕ-ਦੂਜੇ ਦੇ ਵਿਰੁੱਧ ਬਿਆਨਬਾਜ਼ੀ ਤੁਰੰਤ ਬੰਦ ਕੀਤੀ ਜਾਵੇ। ਜੇਕਰ ਸਿੱਖ ਸਿਆਸੀ ਆਗੂ ਬਾਜ਼ ਨਾ ਆਏ ਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ-ਮਰਿਆਦਾ ਦੀ ਉਲੰਘਣਾ ਕਰਨ ਵਾਲੇ ਆਗੂਆਂ ਦੇ ਖਿਲਾਫ਼ ਪੰਥਕ ਰਹੁ-ਰੀਤਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

## ਲੈਂਡ ਸਲਾਈਡਿੰਗ 'ਚ ਚਲ ਵਸੀ ਸਪਨਾ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਈ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਬੀਤੇ ਕੱਲ ਜੰਮੂ-ਕਸ਼ਮੀਰ ਮਾਤਾ ਵੈਸ਼ਨੋ ਦੇਵੀ ਦੀ ਯਾਤਰਾ ਤੇ ਗਏ ਸ਼ਰਧਾਲੂਆਂ ਨਾਲ ਲੈਂਡ ਸਲਾਈਡਿੰਗ ਹੋਣ ਕਾਰਨ ਹਾਦਸਾ ਵਾਪਰ ਗਿਆ ਸੀ, ਜਿਸ ਵਿੱਚ ਤਿੰਨ ਸ਼ਰਧਾਲੂਆਂ ਦੀ ਮੌਤ ਅਤੇ ਇੱਕ ਬੱਚੇ ਦੇ ਜ਼ਖਮੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਸੀ। ਇਸ ਹਾਦਸੇ ਵਿੱਚ ਡੇਰਾ ਬਾਬਾ ਨਾਨਕ ਦੇ ਨਜ਼ਦੀਕ ਇਤਿਹਾਸਕ ਕਸਬਾ ਧਿਆਨਪੁਰ ਦੀ ਨਵ-ਵਿਆਹੁਤਾ ਤੇ ਮਾਪਿਆਂ ਦੀ ਇਕਲੌਤੀ ਧੀ ਸਪਨਾ ਦੀ ਮੌਤ ਹੋ ਗਈ ਸੀ।ਸਪਨਾ ਦੀ ਮ੍ਰਿਤਕ ਦੇਹ ਬੀਤੀ ਰਾਤ ਮਾਤਾ ਵੈਸ਼ਨੋ ਦੇਵੀ ਸ਼ਰਾਈਨ ਬੋਰਡ ਦੀ ਮਦਦ ਨਾਲ ਉਸ ਦੇ ਸਹੁਰੇ ਪਰਿਵਾਰ ਇਤਿਹਾਸਕ ਕਸਬਾ ਧਿਆਨਪੁਰ ਵਿੱਚ ਪਹੁੰਚੀ, ਜਿੱਥੇ ਅੱਜ ਉਸ ਦਾ ਅੰਤਿਮ ਸਸਕਾਰ ਕਰ ਦਿੱਤਾ ਗਿਆ। ਇਸ ਮੌਕੇ ਸਪਨਾ ਦੀ ਅੰਤਿਮ ਯਾਤਰਾ ਦੇ ਵਿੱਚ ਵੱਡੀ ਗਿਣਤੀ ਵਿੱਚ ਉਨ੍ਹਾਂ ਦੇ ਰਿਸ਼ਤੇਦਾਰ ਭੈਣ ਭਰਾ ਅਤੇ ਇਲਾਕੇ ਦੇ ਲੋਕਾਂ ਨੇ ਸ਼ਾਮਿਲ ਹੋ ਕੇ ਨਮ-ਅੱਖਾਂ ਨਾਲ ਅੰਤਿਮ ਵਿਦਾਈ ਦਿੱਤੀ। ਸਪਨਾ ਦੀ ਮ੍ਰਿਤਕ ਦੇਹ ਨੂੰ ਅਗਨੀ ਉਸ ਦੇ ਪਤੀ ਅਮਿਤ ਕੁਮਾਰ ਵੱਲੋਂ ਦਿੱਤੀ ਗਈ।ਉਧਰ ਸਪਨਾ ਦੇ ਪੇਕੇ ਪਰਿਵਾਰ ਅਤੇ ਸਹੁਰੇ ਪਰਿਵਾਰ ਦਾ ਰੋ-ਰੋ ਬੁਰਾ ਹਾਲ ਹੈ ਅਤੇ ਇਹ ਖਬਰ ਸੁਣ ਕੇ ਇਲਾਕੇ ਦੇ ਲੋਕਾਂ ਵਿੱਚ ਸੋਗ ਦੀ ਲਹਿਰ ਪਾਈ ਜਾ ਰਹੀ ਹੈ।ਇਸ ਮੌਕੇ ਸਪਨਾ ਦੇ ਪਤੀ ਅਮਿਤ ਕੁਮਾਰ ਨੇ ਪੱਤਰਕਾਰਾਂ ਨੂੰ ਇਸ ਹਾਦਸੇ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਹ ਬੀਤੇ ਐਤਵਾਰ ਨੂੰ ਮਾਤਾ ਵੈਸ਼ਨੋ ਦੇਵੀ ਜੀ ਦੇ ਦਰਸ਼ਨ ਕਰਨ ਲਈ ਗਏ ਸਨ ਤੇ ਕੱਲ ਮਾਤਾ ਵੈਸ਼ਨੋ ਦੇਵੀ ਜੀ ਦੇ ਭਵਨ ਤੋਂ ਉਹ ਡੇਢ ਕਿਲੋਮੀਟਰ ਦੂਰ ਹੀ ਸਨ ਕਿ ਸਪਨਾ ਆਪਣੀ ਫੋਟੋ ਖਿੱਚਣ ਲੱਗੀ ਤਾਂ ਅਚਾਨਕ ਲੈਂਡ ਸਲਾਈਡਿੰਗ ਹੋਈ ਜਿਸ ਦੌਰਾਨ ਉੱਪਰੋਂ ਇੱਕ ਵੱਡਾ ਪੱਥਰ ਸਪਨਾ ਸਮੇਤ ਹੋਰਨਾਂ ਸ਼ਰਧਾਲੂਆਂ ਦੇ ਉੱਪਰ ਡਿੱਗ ਪਿਆ, ਜਿਸ ਵਿੱਚ ਸਪਨਾ ਸਮੇਤ ਦੋ ਸ਼ਰਧਾਲੂਆਂ ਦੀ ਮੌਤ ਹੋ ਗਈ।ਉਨ੍ਹਾਂ ਦੱਸਿਆ ਕਿ ਸਾਡਾ ਇੱਕ ਮਹੀਨਾ ਪਹਿਲਾਂ ਵਿਆਹ ਹੋਇਆ ਸੀ ਤੇ ਅਜੇ ਵਿਆਹ ਦੇ ਸਗਨ ਵੀ ਨਹੀਂ ਮੁੱਕੇ ਸਨ, ਪਰ ਉਸ ਤੋਂ ਪਹਿਲਾਂ ਇਹ ਵੱਡਾ ਹਾਦਸਾ ਵਾਪਰ ਗਿਆ।

## ਸ਼੍ਰੋ ਗੁ ਪ੍ਰ ਕਮੇਟੀ ਦੀਆਂ ਵੋਟਾਂ ਬਣਾਉਣ ਲਈ ਵਿਸ਼ੇਸ਼ ਕੈਂਪ ਅੱਜ: ਡੀ ਸੀ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਬੋਰਡ) ਦੀਆਂ ਚੋਣਾਂ ਨੂੰ ਲੈ ਕੇ ਵੱਧ ਤੋਂ ਵੱਧ ਵੋਟਰਾਂ ਦੀ ਰਜਿਸਟਰੇਸ਼ਨ ਲਈ 4 ਸਤੰਬਰ ਦਿਨ ਬੁੱਧਵਾਰ ਨੂੰ ਸਵੇਰੇ 9:00 ਵਜੇ ਤੋਂ 4:00 ਵਜੇ ਤੱਕ ਵਿਸ਼ੇਸ਼ ਮੁਹਿੰਮ ਤਹਿਤ ਬਾਕੀ ਰਹਿੰਦੇ ਯੋਗ ਕੇਸਾਧਾਰੀ ਸਿੱਖ ਵੋਟਰਾਂ ਦੀ ਵੱਧ ਤੋਂ ਵੱਧ ਰਜਿਸਟਰੇਸ਼ਨ ਕੀਤੀ ਜਾਵੇਗੀ ਅਤੇ ਵੋਟਾਂ ਬਣਾਉਣ ਦੀ ਆਖਿਰੀ ਮਿਤੀ 16 ਸਤੰਬਰ ਨਿਸ਼ਚਿਤ ਕੀਤੀ ਗਈ ਹੈ।ਇਸ ਸਬੰਧੀ ਜਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਨੇ ਬੀਐੱਲਓ ਨੂੰ ਹਦਾਇਤ ਕੀਤੀ ਕਿ ਉਹ ਘਰ-ਘਰ ਜਾ ਕੇ ਵੋਟਾਂ ਦੀ ਰਜਿਸਟਰੇਸ਼ਨ ਕਰਨ ਤਾਂ ਜੋ ਕੋਈ ਵੋਟਰ ਵੋਟ ਬਣਾਉਣ ਤੋਂ ਵਾਂਝਾ ਨਾ ਰਹੇ।ਜ਼ਿਲ੍ਹਾ ਚੋਣ ਅਫ਼ਸਰ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਚੋਣਾਂ ਲਈ ਵੱਧ ਤੋਂ ਵੱਧ ਵੋਟਾਂ ਬਣਾਉਣ ਵਾਸਤੇ ਜਿਲ੍ਹੇ ਦੇ ਸਮੂਹ ਰਿਟਰਨਿੰਗ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਜਿਲ੍ਹੇ ਵਿੱਚ ਪੈਂਦੇ ਸਮੂਹ 11 ਵਿਧਾਨ ਸਭਾ ਚੋਣ ਹਲਕਿਆ ਵਿੱਚ ਨਿਯੁਕਤ ਸਮੂਹ ਬੂਥ ਲੈਵਲ ਅਫ਼ਸਰ ਆਪਣੇ-ਆਪਣੇ ਪੋਲਿੰਗ ਹਲਕੇ ਵਿਖੇ 4 ਸਤੰਬਰ ਨੂੰ ਦਿਨ ਬੁੱਧਵਾਰ ਸਵੇਰੇ 9:00 ਵਜੇ ਤੋਂ 4:00 ਵਜੇ ਤੱਕ ਘਰ-ਘਰ ਜਾ ਕੇ ਵੋਟਾਂ ਬਣਾਉਣ। ਉਨਾਂ ਕਿਹਾ ਕਿ ਕੇਸਾਧਾਰੀ ਸਿੱਖ ਵੋਟਰਾਂ ਦੀ ਵੱਧ ਤੋਂ ਵੱਧ ਰਜਿਸਟਰੇਸ਼ਨ ਕੀਤੀ ਜਾਵੇ। ਇਸ ਮੰਤਵ ਲਈ 21.10.2023 ਨੂੰ 21 ਸਾਲ ਦੀ ਉਮਰ ਪੂਰੀ ਕਰ ਚੁੱਕੇ ਕੇਸਾਧਾਰੀ ਸਿੱਖ ਬਿਨੈਕਾਰ ਯੋਗ ਸਮਝੇ ਜਾਣਗੇ।

## ਭਾਰਤ ਪੇਅ ਨੇ ਕੰਜ਼ਿਊਮਰ ਐਪ ਨੂੰ ਲਾਂਚ ਕੀਤਾ

ਜਲੰਧਰ : ਭਾਰਤ ਦੇ ਪ੍ਰਮੁੱਖ ਫਿਨਟੇਕ ਬ੍ਰਾਂਡ ਭਾਰਤ ਪੇਅ ਨੇ ਉਪਭੋਗਤਾ ਭੁਗਤਾਨਾਂ ਵਿੱਚ ਕਦਮ ਰੱਖਦੇ ਹੋਏ ਪੂਰੇ ਭਾਰਤ ਵਿੱਚ ਲੱਖਾਂ ਗਾਹਕਾਂ ਲਈ ਆਪਣਾ ਯੂਪੀਆਈ ਟੀਪੀਏਪੀ (ਥਰਡ ਪਾਰਟੀ ਐਪਲੀਕੇਸ਼ਨ ਪ੍ਰੋਵਾਈਡਰ) ਲਾਂਚ ਕੀਤਾ ਹੈ।ਭਾਰਤ ਪੇਅ ਨੇ ਇਹ ਵੀ ਐਲਾਨ ਕੀਤਾ ਹੈ ਕਿ ਉਸਨੇ ਪੋਸਟਪੇਅ ਐਪ ਨੂੰ ਰੀਬ੍ਰਾਂਡ ਕੀਤਾ ਹੈ ਅਤੇ ਇਸਨੂੰ ਭਾਰਤ ਪੇਅ ਨਾਮ ਤੋਂ ਲਾਂਚ ਕੀਤਾ ਹੈ। ਇਸ ਲਾਂਚ ਦੇ ਨਾਲ, ਭਾਰਤ ਪੇਅ ਡਿਜੀਟਲ ਭੁਗਤਾਨ ਦੀ ਵਰਤੋਂ ਕਰਨ ਵਾਲੇ ਲੱਖਾਂ ਗਾਹਕਾਂ ਦੀ ਸੇਵਾ ਕਰਨ ਦੇ ਯੋਗ ਹੋਵੇਗਾ।ਗਾਹਕ ਭਾਰਤ ਪੇਅ ਐਪ 'ਤੇ ਆਪਣੀ ਯੂਪੀਆਈ ਆਈਡੀ ਬਣਾ ਸਕਦੇ ਹਨ ਅਤੇ ਵਿਅਕਤੀਆਂ ਦੇ ਨਾਲ-ਨਾਲ ਵਪਾਰੀਆਂ ਨੂੰ ਭੁਗਤਾਨ ਕਰ ਸਕਦੇ ਹਨ। ਯੂਪੀਆਈ ਟੀਪੀਏਪੀ ਹੁਣ ਸਾਰੇ ਐਂਡਰਾਇਡ ਉਪਭੋਗਤਾਵਾਂ ਲਈ ਪਲੇਅ ਸਟੋਰ 'ਤੇ ਉਪਲਬਧ ਹੈ।ਲਾਂਚ 'ਤੇ ਬੋਲਦੇ ਹੋਏ ਭਾਰਤ ਪੇਅ ਦੇ ਸੀਈਓ ਨਲਿਨ ਨੇਗੀ ਨੇ ਕਿਹਾ ਕਿ ਅਸੀਂ ਭਾਰਤ ਪੇਅ ਨੂੰ ਭਾਰਤ ਦੇ ਖਪਤਕਾਰਾਂ ਅਤੇ ਵਪਾਰੀਆਂ ਲਈ ਇੱਕ ਪਸੰਦੀਦਾ ਵਿੱਤੀ ਪਲੇਟਫਾਰਮ ਬਣਾਉਣ ਲਈ ਵਚਨਬੱਧ ਹਾਂ।

## ਟੇਬਲ ਟੈਨਿਸ ਮੁਕਾਬਲੇ 'ਚ ਆਰ. ਡੀ. ਖੋਸਲਾ ਡੀਏਵੀ ਸਕੂਲ ਦਾ ਅੱਵਲ ਸਥਾਨ





**ਬਟਾਲਾ (ਤਰਲੋਕ ਬੱਗਾ)**-ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਟੇਬਲ ਟੈਨਿਸ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ।ਅੰਡਰ-17 ਲੜਕਿਆਂ ਦੀ ਟੀਮ ਵਿੱਚ ਵਿੱਦਿਆ, ਅਰਮਾਨ ਦੀਪ ਸਿੰਘ, ਤਨਵੀਰ, ਜਰਮਨ ਅਤੇ ਲਕਸ਼ਿਆ ਅਤੇ ਅੰਡਰ-19 ਲੜਕਿਆਂ ਦੀ ਟੀਮ ਵਿੱਚ ਗੁਰਸ਼ਰਨ ਸਿੰਘ, ਰੋਹਨਪ੍ਰੀਤ ਸਿੰਘ, ਤੇਜਬੀਰ ਸਿੰਘ, ਪ੍ਰਿੰਸ ਸਰੀਨ ਅਤੇ ਸ਼ੁਭਪ੍ਰੀਤ ਸਿੰਘ ਨੇ ਸਕੂਲ ਦਾ ਨਾਂ ਰੌਸ਼ਨ ਕੀਤਾ। ਅੰਡਰ-14 ਲੜਕਿਆਂ ਦੀ ਟੀਮ ਨੇ ਦੂਸਰਾ ਸਥਾਨ ਹਾਸਲ ਕੀਤਾ। ਅੰਡਰ-17 ਲੜਕੀਆਂ ਦੀ ਟੀਮ ਵਿੱਚੋਂ ਗੁਰਸੀਰਤਪ੍ਰੀਤ ਕੌਰ, ਮਨਦੀਪ ਕੌਰ, ਜਸਲੀਨ ਕੌਰ, ਜੈਸਮੀਨ ਕੌਰ ਅਤੇ ਅਸ਼ਮੀਤ ਕੌਰ ਤੀਜੇ ਸਥਾਨ 'ਤੇ ਰਹੀਆਂ ਅਤੇ ਅੰਡਰ-19 ਲੜਕੀਆਂ ਦੀ ਟੀਮ ਵਿੱਚ ਨਾਜ਼ਦੀਪ ਕੌਰ, ਰੀਆ, ਗੁਰਲੀਨ ਕੌਰ, ਹਿਮਾਨੀ ਅਤੇ ਅਸ਼ਮੀਤ ਕੌਰ ਤੀਜੇ ਸਥਾਨ 'ਤੇ ਰਹੀਆਂ। ਲੜਕੀਆਂ ਦੀ ਅੰਡਰ-14 ਟੀਮ ਵਿੱਚ ਸਮਾਇਲ ਪ੍ਰੀਤ ਕੌਰ, ਕੀਰਤ ਪ੍ਰੀਤ ਕੌਰ, ਜਸ਼ਨਦੀਪ ਕੌਰ, ਰਹਿਮਤ ਪ੍ਰੀਤ ਕੌਰ ਅਤੇ ਸਿਮਰਪ੍ਰੀਤ ਕੌਰ ਦੂਜੇ ਸਥਾਨ 'ਤੇ ਰਹੀਆਂ। ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਤਾ-ਪਿਤਾ ਅਤੇ ਕੋਚ ਸਰਦਾਰ ਤਰਲੋਕ ਸਿੰਘ ਅਤੇ ਸ਼੍ਰੀਮਤੀ ਸ਼੍ਰੇਸ਼ਠਾ ਸ਼ਰਮਾ ਨੂੰ ਹਾਰਦਿਕ ਵਧਾਈ ਅਤੇ ਸ਼ੁੱਭ ਕਾਮਨਾਵਾਂ ਦਿੱਤੀਆਂ ਅਤੇ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।

## ਗੋਦਰੇਜ ਐਂਡ ਬੋਇਸ ਪਾਣੀ ਦੀ ਸੁਰੱਖਿਆ ਤੇ ਰੋਜ਼ੀ-ਰੋਟੀ ਨੂੰ ਸਮਰੱਥ ਬਣਾਉਂਦੇ

ਲੁਧਿਆਣਾ: ਪੰਜਾਬ ਦੇ ਸਭ ਤੋਂ ਤੇਜ਼ੀ ਨਾਲ ਵਿਕਾਸ ਕਰ ਰਹੇ ਸ਼ਹਿਰਾਂ ਵਿੱਚੋਂ ਇੱਕ ਮੋਹਾਲੀ ਪਿਛਲੇ ਇੱਕ ਦਹਾਕੇ ਤੋਂ ਪਾਣੀ ਦੇ ਸੰਕਟ ਨਾਲ ਜੂਝ ਰਿਹਾ ਹੈ।200,000 ਤੋਂ ਵੱਧ ਲੋਕਾਂ ਦੀ ਆਬਾਦੀ ਦੇ ਨਾਲ, ਸ਼ਹਿਰ ਵਿੱਚ ਪਾਣੀ ਦੀ ਮੰਗ ਲਗਭਗ 30 ਪ੍ਰਤੀਸ਼ਤ ਵਧ ਗਈ ਹੈ, ਜਿਸ ਨਾਲ ਪਾਣੀ ਦੇ ਸਰੋਤਾਂ ਤੇ ਦਬਾਅ ਹੋਰ ਵੱਧ ਗਿਆ ਹੈ। ਪਾਣੀ ਦੀ ਸੁਰੱਖਿਆ ਅਤੇ ਵਾਤਾਵਰਣ ਦੀ ਸੰਭਾਲ ਨੂੰ ਉਤਸ਼ਾਹਿਤ ਕਰਨ ਦੇ ਯਤਨਾਂ ਵਿੱਚ, ਗੋਦਰੇਜ ਐਂਟਰਪ੍ਰਾਈਜਿਜ਼ ਗਰੁੱਪ ਦੇ ਹਿੱਸੇ ਗੋਦਰੇਜ ਐਂਡ ਬੋਇਸ ਨੇ ਆਪਣੀ ਸੀਐੱਸਆਰ ਪਹਿਲਕਦਮੀ ਦੇ ਹਿੱਸੇ ਵਜੋਂ, ਮੋਹਾਲੀ ਦੇ ਚੁੰਨੀ ਕਲਾਂ ਪਿੰਡ ਵਿੱਚ 4 ਏਕੜ ਦੇ ਤਲਾਅ ਦੀ ਬਹਾਲੀ ਦਾ ਉਦਘਾਟਨ ਕੀਤਾ।ਇਹ ਪ੍ਰੋਜੈਕਟ ਟਿਕਾਊ ਵਿਕਾਸ ਨੂੰ ਚਲਾਉਣ ਅਤੇ ਸਥਾਨਕ ਭਾਈਚਾਰਿਆਂ ਤੇ ਸਾਕਾਰਾਤਮਕ ਪ੍ਰਭਾਵ ਪੈਦਾ ਕਰਨ ਲਈ ਕੰਪਨੀ ਦੀ ਵਚਨਬੱਧਤਾ ਵਿੱਚ ਇੱਕ ਪ੍ਰਮੁੱਖ ਮੀਲ ਪੱਥਰ ਹੈ।ਇਨ੍ਹਾਂ ਯਤਨਾਂ ਦੇ ਨਤੀਜੇ ਵਜੋਂ ਤਾਲਾਬ ਦੀ ਪਾਣੀ ਰੱਖਣ ਦੀ ਸਮਰੱਥਾ ਲਗਭਗ 350 ਲੱਖ ਲੀਟਰ ਹੋ ਗਈ ਹੈ।ਇਸ ਨਾਲ 400 ਤੋਂ ਵੱਧ ਪਰਿਵਾਰਾਂ ਨੂੰ ਲਾਭ ਮਿਲੇਗਾ ਅਤੇ 100 ਏਕੜ ਤੋਂ ਵੱਧ ਵਾਹੀਯੋਗ ਜ਼ਮੀਨ ਦੀ ਸਿੰਚਾਈ ਵਿੱਚ ਮਦਦ ਮਿਲੇਗੀ।

## ਸਕੋਡਾ ਆਟੋ ਇੰਡੀਆ ਵੱਲੋਂ ਨਵੀਂ ਸਲਾਵੀਆ ਮੋਂਟੇ ਕਾਰਲੋ ਲਾਂਚ

**ਜਲੰਧਰ** : ਸਕੋਡਾ ਆਟੋ ਇੰਡੀਆ ਨੇ ਭਾਰਤ ਵਿੱਚ ਬਿਲਕੁਲ ਨਵਾਂ ਐਡੀਸ਼ਨ ਲਾਂਚ ਕੀਤਾ ਹੈ।ਸਪੋਰਟਸ ਥੀਮ ਨੂੰ ਅੱਗੇ ਲੈ ਕੇ ਕੰਪਨੀ ਨੇ ਕੁਸ਼ਾਕ ਅਤੇ ਸਲਾਵੀਆ ਵਿੱਚ ਬਿਲਕੁਲ ਨਵੀਂ ਸਪੋਰਟਲਾਈਨ ਰੇਂਜ ਵੀ ਲਾਂਚ ਕੀਤੀ ਹੈ। ਸਕੋਡਾ ਆਟੋ ਨੇ ਇਨ੍ਹਾਂ ਕਾਰਾਂ ਦੀ ਖਰੀਦ ਲਈ ਸ਼ਾਨਦਾਰ ਆਫਰ ਦਾ ਐਲਾਨ ਕੀਤਾ ਹੈ।ਇਸ ਤਰ੍ਹਾਂ ਕੰਪਨੀ ਨੇ ਭਾਰਤੀ ਖਪਤਕਾਰਾਂ ਲਈ ਆਪਣੀ ਮਨਪਸੰਦ ਕਾਰ ਨੂੰ ਆਕਰਸ਼ਕ ਕੀਮਤ ਤੇ ਲੱਭਣ ਦੇ ਵਿਕਲਪ ਵਧਾ ਦਿੱਤੇ ਹਨ।ਨਵੇਂ ਲਾਂਚਾਂ ਤੇ ਟਿੱਪਣੀ ਕਰਦੇ ਹੋਏ ਸਕੋਡਾ ਆਟੋ ਇੰਡੀਆ ਦੇ ਬ੍ਰਾਂਡ ਨਿਰਦੇਸ਼ਕ ਪੀਟਰ ਜੈਨਬਾ ਨੇ ਕਿਹਾ ਕਿ ਮੋਂਟੇ ਕਾਰਲੋ ਬੈਜ ਦਾ ਗਾਹਕਾਂ ਨਾਲ ਮਜ਼ਬੂਤ ਲਗਾਅ ਹੈ, ਜੋ ਕਿ ਖੇਡ ਭਾਵਨਾ ਅਤੇ ਜਿੱਤਣ ਦੀ ਭਾਵਨਾ ਨੂੰ ਦਰਸਾਉਂਦਾ ਹੈ। ਮੈਨੂੰ ਤੁਹਾਨੂੰ ਇਹ ਦੱਸਦੇ ਹੋਏ ਖੁਸ਼ੀ ਹੋ ਰਹੀ ਹੈ ਕਿ ਅੱਜ ਅਸੀਂ ਸਲਾਵੀਆ ਮੋਂਟ ਕਾਰਲੋ ਨੂੰ ਲਾਂਚ ਕਰ ਰਹੇ ਹਾਂ।ਇਹ ਭਾਰਤ ਵਿੱਚ ਸਕੋਡਾ ਬ੍ਰਾਂਡ ਨੂੰ ਵਧਾਉਣ ਦੀ ਰਣਨੀਤੀ ਦਾ ਹਿੱਸਾ ਹੈ।

## ਰੇਲਵੇ ਲਾਈਨ ਪਾਰ ਕਰਦਿਆਂ ਦੋਵੇਂ ਲੱਤਾਂ ਕੱਟੀਆਂ ਗਈਆਂ





**ਪੱਟੀ (ਸ਼ਮਸ਼ੇਰ ਸਿੰਘ ਯੋਧਾ, ਬਲਦੇਵ ਸਿੰਘ ਸੰਧੂ)**-ਬੀਤੇ ਦਿਨੀਂ ਤਰਨਤਾਰਨ ਜ਼ਿਲ੍ਹਾ ਅਤੇ ਪੱਟੀ ਤਹਿਸੀਲ ਦੇ ਅਧੀਨ ਪੈਂਦੇ ਪਿੰਡ ਲੌਹੁਕਾ ਦੇ ਰਣਜੀਤ ਸਿੰਘ ਪੁੱਤਰ ਮੁਖਤਾਰ ਸਿੰਘ ਨਾਲ ਰੇਲਵੇ ਲਾਈਨ ਪਾਰ ਕਰਦੇ ਸਮੇਂ ਦਰਦਨਾਕ ਹਾਦਸਾ ਵਾਪਰਿਆ ਜਿਸ ਨਾਲ ਉਕਤ ਵਿਅਕਤੀ ਦੀਆਂ ਦੋਵੇਂ ਲੱਤਾਂ ਕੱਟੀਆਂ ਗਈਆਂ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਪੀੜਤ ਵਿਅਕਤੀ ਦੇ ਪਿਤਾ ਮੁਖਤਾਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਜ਼ਮੀਨ ਰੇਲਵੇ ਲਾਈਨ ਤੋਂ ਪਾਰ ਹੈ ਤੇ ਅਕਸਰ ਹੀ ਆਪਣੇ ਖੇਤਾਂ ਨੂੰ ਗੇੜਾ ਮਾਰਨ ਜਾਂਦੇ ਹਾਂ ਅਤੇ ਬੀਤੇ ਦਿਨ ਮੇਰਾ ਲੜਕਾ ਰਣਜੀਤ ਸਿੰਘ ਉਮਰ 35 ਸਾਲ ਰਾਤ ਦੇ ਸਮੇਂ ਖੇਤਾਂ ਨੂੰ ਗੇੜਾ ਮਾਰਨ ਗਿਆ ਸੀ ਅਤੇ ਝੋਨੇ ਨੂੰ ਪਾਣੀ ਲਾਇਆ ਸੀ ਤੇ ਨੱਕਾ ਮੋੜ ਕੇ ਵਾਪਿਸ ਘਰ ਨੂੰ ਆ ਰਿਹਾ ਸੀ ਤੇ ਬਾਰਿਸ਼ ਜ਼ਿਆਦਾ ਹੋਣ ਕਰਕੇ ਲੌਹੁਕੇ ਦੇ ਬਣੇ ਰੇਲਵੇ ਬਰਿੱਜ 'ਚ ਪਾਣੀ ਬਹੁਤ ਜ਼ਿਆਦਾ ਭਰਿਆ ਹੋਇਆ ਸੀ ਜਿਸ ਕਾਰਨ ਉਸ ਰਸਤੇ 'ਚੋਂ ਲੰਘਿਆ ਨਹੀਂ ਜਾ ਸਕਦਾ ਸੀ ਤੇ ਤੇ ਉਹ ਰੇਲਵੇ ਲਾਈਨ ਨੂੰ ਪਾਰ ਕਰਨ ਲੱਗਾ ਸੀ ਤਾਂ ਅਚਾਨਕ ਕਰੀਬ ਰਾਤ 9.30 ਵਜੇ ਖੇਮਕਰਨ ਤੋਂ ਅੰਮ੍ਰਿਤਸਰ ਨੂੰ ਜਾਣ ਵਾਲੀ ਗੱਡੀ ਆ ਰਹੀ ਸੀ ਤੇ ਰਣਜੀਤ ਸਿੰਘ ਨੂੰ ਰੇਲ ਗੱਡੀ ਦੀ ਫੇਟ ਵੱਜਣ ਕਰਕੇ ਉਹ ਰੇਲਵੇ ਲਾਈਨਾਂ ਉੱਪਰ ਡਿੱਗ ਗਿਆ ਤੇ ਰੇਲ ਗੱਡੀ ਉਸ ਦੀਆਂ ਲੱਤਾਂ ਉੱਪਰੋਂ ਲੰਘ ਗਈ ਜਿਸ ਕਾਰਨ ਉਕਤ ਪੀੜਤ ਦੀਆਂ ਦੋਵੇਂ ਲੱਤਾਂ ਕੱਟੀਆਂ ਗਈਆਂ ਅਤੇ ਗੰਭੀਰ ਜ਼ਖ਼ਮੀ ਹੋ ਗਿਆ।ਇਸ ਉਪਰੰਤ ਹਾਦਸਾਗ੍ਰਸਤ ਵਿਅਕਤੀ ਰਣਜੀਤ ਸਿੰਘ ਨੂੰ ਅੰਮ੍ਰਿਤਸਰ ਦੇ ਅਮਨਦੀਪ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ ਜੋ ਕਿ ਇਲਾਜ ਅਧੀਨ ਹੈ।ਪੀੜਤ ਵਿਅਕਤੀ ਦੇ ਪਿਤਾ ਮੁਖਤਾਰ ਸਿੰਘ ਨੇ ਪੰਜਾਬ ਸਰਕਾਰ ਕੋਲੋਂ ਮਦਦ ਦੀ ਗੁਹਾਰ ਲਗਾਉਂਦਿਆਂ ਕਿਹਾ ਕਿ ਮੇਰਾ ਲੜਕਾ ਇੱਕ ਕਿਸਾਨ ਹੈ ਤੇ ਉਹ ਸਿਰਫ਼ ਖੇਤੀਬਾੜੀ ਦਾ ਕੰਮ ਕਰਦਾ ਹੈ ਇਸ ਤੋਂ ਇਲਾਵਾ ਕਮਾਈ ਦਾ ਹੋਰ ਕੋਈ ਸਾਧਨ ਨਹੀਂ ਤੇ ਮੇਰੇ ਲੜਕੇ ਦੀਆਂ ਦੋਵੇਂ ਲੱਤਾਂ ਕੱਟੀਆਂ ਗਈਆਂ ਹਨ ਤੇ ਉਹ ਬਿਲਕੁੱਲ ਨਕਾਰਾ ਹੋ ਗਿਆ ਹੈ ਜਿਸ ਕਰਕੇ ਉਸ ਕੋਲੋਂ ਖੇਤੀਬਾੜੀ ਜਾਂ ਕੋਈ ਵੀ ਕੰਮਕਾਰ ਕਰਨਾ ਬਹੁਤ ਮੁਸ਼ਕਿਲ ਹੈ।ਪੀੜਤ ਪਰਿਵਾਰ ਨੇ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਪਾਸੋਂ ਮੰਗ ਕੀਤੀ ਹੈ ਕਿ ਉਨਾਂ ਦੀ ਸਹਾਇਤਾ ਕੀਤੀ ਜਾਵੇ ਤੇ ਉਸਦੀ ਪੈਨਸ਼ਨ ਲਾ ਦਿੱਤੀ ਜਾਵੇ ਤਾਂ ਜੋ ਉਹ ਆਪਣੇ ਪਰਿਵਾਰ ਦਾ ਪਾਲਣ ਪੋਸ਼ਣ ਕਰ ਸਕੇ ਤੇ ਘਰ ਦਾ ਗੁਜ਼ਾਰਾ ਆਸਾਨੀ ਨਾਲ ਚੱਲ ਸਕੇ।

## ਪੁੱਡਾ ਨੇ ਅਣ-ਅਧਿਕਾਰਤ ਕਾਲੋਨਾਈਜ਼ਰਾਂ ਵਿਰੁੱਧ ਚੁੱਕੇ ਸਖ਼ਤ ਕਦਮ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਮੁੱਖ ਪ੍ਰਸ਼ਾਸ਼ਕ, ਅਮਰਪ੍ਰੀਤ ਕੌਰ ਸੰਧੂ ਆਈਏਐੱਸ ਅਤੇ ਵਧੀਕ ਮੁੱਖ ਪ੍ਰਸ਼ਾਸਕ ਡਾ. ਰਜਤ ਓਬਰਾਏ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜਿਲਾ ਟਾਊਨ ਪਲਾਨਰ (ਰੈਗੂਲੇਟਰੀ) ਗੁਰਸੇਵਕ ਸਿੰਘ ਔਲਖ ਦੀ ਅਗਵਾਈ ਹੇਠ ਏਡੀਏ ਦੇ ਰੈਗੂਲੇਟਰੀ ਵਿੰਗ ਵੱਲੋਂ ਥਾਣਾ ਕੰਬੋ ਅਤੇ ਥਾਣਾ ਛੇਹਰਟਾ ਦੇ ਪੁਲਸ ਕਰਮਚਾਰੀਆਂ ਦੀ ਮੌਜੂਦਗੀ ਵਿੱਚ ਰਾਮਤੀਰਥ ਰੋਡ ਉਪਰ ਪਿੰਡ ਕਾਲਾ ਘਨੂੰਪੁਰ, ਵਡਾਲਾ ਭਿੱਟੇਵੱਡ ਅਤੇ ਅਜਨਾਲਾ ਰੋਡ ਉਪਰ ਪਿੰਡ ਹੇਰ ਵਿਖੇ ਬਣ ਰਹੀਆਂ ਅਣ ਅਧਿਕਾਰਤ ਕਲੋਨੀਆਂ ਵਿਰੁੱਧ ਕਾਰਵਾਈ ਕਰਦੇ ਹੋਏ ਕਲੋਨੀਆਂ ਨੂੰ ਢਾਹ ਦਿੱਤਾ ਗਿਆ।ਜ਼ਿਲ੍ਹਾ ਟਾਊਨ ਪਲਾਨਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਉਕਤ ਵਿਕਸਿਤ ਹੋਈਆਂ ਅਣ-ਅਧਿਕਾਰਤ ਕਲੋਨੀਆਂ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ, ਕਿਉਂਜੋ ਅਣ-ਅਧਿਕਾਰਤ ਕਲੋਨੀ ਦੇ ਮਾਲਕਾਂ ਨੇ ਸਰਕਾਰ ਦੀਆਂ ਹਦਾਇਤਾਂ ਦੀ ਪ੍ਰਵਾਹ ਨਾ ਕਰਦੇ ਹੋਏ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ, ਜਿਸ ਦੇ ਤਹਿਤ ਉੱਚ ਅਧਿਕਾਰੀਆਂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਉਕਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਐਕਟ ਅਧੀਨ 3 ਤੋਂ 7 ਸਾਲ ਦੀ ਕੈਦ ਅਤੇ 2 ਤੋਂ 5 ਲੱਖ ਦਾ ਜੁਰਮਾਨਾ ਵੀ ਕੀਤਾ ਜਾ ਸਕਦਾ ਹੈ, ਜਿਸ ਤਹਿਤ ਕੁੱਲ 09 ਕਾਲੋਨਾਈਜ਼ਰਾਂ ਵਿਰੁੱਧ ਐੱਫ.ਆਈ.ਆਰ. ਦਰਜ ਕਰਨ ਲਈ ਪੁਲਸ ਵਿਭਾਗ ਨੂੰ ਲਿਖਿਆ ਜਾ ਚੁੱਕਾ ਹੈ।ਇਸ ਤੋਂ ਇਲਾਵਾ ਪੁੱਡਾ ਦੇ ਰੈਗੂਲੇਟਰੀ ਵਿੰਗ ਵੱਲੋਂ ਸਮੇਂ-ਸਮੇਂ ਤੇ ਜ਼ਿਲਾ ਅੰਮ੍ਰਿਤਸਰ ਅੰਦਰ ਵਿਕਸਿਤ ਕੀਤੀਆਂ ਜਾ ਰਹੀਆਂ ਅਣ-ਅਧਿਕਾਰਤ ਕਾਲੋਨੀਆਂ ਦਾ ਮੌਕਾ ਚੈੱਕ ਕਰਦੇ ਹੋਏ ਪਾਪਰਾ ਐਕਟ-1995 ਤਹਿਤ ਨੋਟਿਸ ਜਾਰੀ ਕਰਦਿਆਂ ਕਲੋਨੀਆਂ ਦਾ ਕੰਮ ਬੰਦ ਕਰਵਾਉਂਦੇ ਹੋਏ ਸਬੰਧਤ ਥਾਣਾ ਅਫਸਰ ਨੂੰ ਅਗਲੇਰੀ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ ਜਾ ਰਿਹਾ ਹੈ।ਜ਼ਿਲ੍ਹਾ ਟਾਊਨ ਪਲੈਨਰ (ਰੈਗੂਲੇਟਰੀ), ਗੁਰਸੇਵਕ ਸਿੰਘ ਔਲਖ ਅੰਮ੍ਰਿਤਸਰ ਨੇ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਗੈਰ-ਕਨੂੰਨੀ ਕਲੋਨੀਆਂ ਜੋ ਕਿ ਪੁੱਡਾ ਵਿਭਾਗ ਤੋਂ ਮੰਜੂਰ ਸ਼ੁਦਾ ਨਹੀਂ ਹਨ, ਵਿੱਚ ਪਲਾਟ ਖਰੀਦਣ ਤੋਂ ਪਹਿਲਾਂ ਕਲੋਨੀ/ਪਲਾਟ ਸਬੰਧੀ ਪੁੱਡਾ ਪਾਸੋਂ ਪ੍ਰਾਪਤ ਕੀਤੀ ਗਈ ਮਨਜ਼ੂਰੀ/ ਐੱਨਓਸੀ ਦੀ ਮੰਗ ਜ਼ਰੂਰ ਕਰਨ ਤਾਂ ਜੋ ਉਨ੍ਹਾਂ ਦੇ ਧਨ ਮਾਲ ਦਾ ਨੁਕਸਾਨ ਨਾ ਹੋ ਸਕੇ ਅਤੇ ਉਨ੍ਹਾਂ ਲਈ ਪਰੇਸ਼ਾਨੀ ਦਾ ਕਾਰਨ ਨਾ ਬਣੇ।

4-SEP-PAGE-12.qxd 9/3/2024 10:54 PM Page 1



# ਨਿਊ ਡੈਮੋਕਰੇਸੀ ਵੱਲੋਂ ਪੰਜਾਬ ਭਰ 'ਚ ਪ੍ਰਦਰਸ਼ਨ ਕਰਨ ਦਾ ਐਲਾਨ

**ਜਲੰਧਰ (ਕੇਸਰ, ਰਜੇਸ਼ ਥਾਪਾ)**-ਦੇਸ਼ ਭਰ ਵਿੱਚ ਲੋਕਾਂ ਦੀ ਜ਼ੁਬਾਨਬੰਦੀ ਕਰਨ ਖਿਲਾਫ਼ , ਸੂਬਿਆਂ ਦੇ ਅਧਿਕਾਰ ਖੋਹਣ ਵਿਰੁੱਧ ਅਤੇ ਮੋਦੀ ਹਕੂਮਤ ਵੱਲੋਂ ਜ਼ੁਬਾਨਬੰਦੀ ਕਰਨ ਲਈ ਰਾਜਨੀਤਿਕ, ਬੁੱਧੀਜੀਵੀ, ਪੱਤਰਕਾਰ, ਵਕੀਲ ਤੇ ਇਨਸਾਫਪਸੰਦ ਲੋਕਾਂ ਨੂੰ ਗ੍ਰਿਫ਼ਤਾਰ ਕਰਨ, ਛਾਪੇਮਾਰੀ ਕਰਨ ਅਤੇ ਝੂਠੇ ਪੁਲਸ ਕੇਸਾਂ ਵਿੱਚ ਫ਼ਸਾਉਣ ਖਿਲਾਫ਼ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊ ਡੈਮੋਕਰੇਸੀ ਵਲੋਂ 6 ਸਤੰਬਰ ਨੂੰ ਜ਼ਿਲ੍ਹਾ ਪੱਧਰੀ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਹੈ।ਸੀ.ਪੀ.ਆਈ. (ਐਮ.-ਐੱਲ.) ਨਿਊ ਡੈਮੋਕਰੇਸੀ ਦੇ ਸੂਬਾਈ ਆਗੂ ਕਾਮਰੇਡ ਅਜਮੇਰ ਸਿੰਘ ਤੇ ਦਰਸ਼ਨ ਸਿੰਘ ਖਟਕੜ ਨੇ ਪ੍ਰੈਸ ਨੂੰ ਜਾਰੀ ਬਿਆਨ ਰਾਹੀਂ ਕਿਹਾ ਕਿ ਐਨ ਆਈ ਏ (ਕੇਂਦਰੀ ਸੁਰੱਖਿਆ ਏਜੰਸੀ) ਨੇ ਚੰਡੀਗੜ੍ਹ ਤੇ ਪੰਜਾਬ ਸਮੇਤ ਪੰਜ ਸੂਬਿਆਂ ਵਿੱਚ ਬੀਤੇ ਦਿਨੀਂ ਛਾਪੇਮਾਰੀ ਕੀਤੀ ਹੈ, ਜਿਸ ਵਿੱਚ ਚੰਡੀਗੜ੍ਹ ਤੋਂ ਵਕੀਲ ਅਜੇ ਸਿੰਗਲ ਨੂੰ ਗ੍ਰਿਫ਼ਤਾਰ ਕੀਤਾ ਹੈ ਤੇ ਕਈ ਵਿਅਕਤੀਆਂ ਨੂੰ ਲਖਨਊ ਐਨ ਆਈ ਏ ਦੇ ਦਫ਼ਤਰ ਪੇਸ਼ ਹੋਣ ਲਈ ਨੋਟਿਸ ਦਿੱਤਾ ਹੈ। ਇਹ ਸਾਰੀ ਕਾਰਵਾਈ ਉੱਤਰ ਪ੍ਰਦੇਸ਼ ਵਿਚ ਦਰਜ ਇੱਕ ਸਾਲ ਪੁਰਾਣੇ ਕੇਸ ਵਿੱਚ ਕੀਤੀ ਹੈ। ਉਸ ਕੇਸ ਵਿੱਚ ਅਮਨ ਨਾਮ ਦੇ ਵਿਅਕਤੀ ਨੂੰ ਉਰਫ ਬਣਾ ਕੇ ਅਜੇ ਸਿੰਗਲ ਦਾ ਨਾਮ ਜੋੜ ਦਿੱਤਾ ਹੈ, ਜਿਹੜਾ ਕਿਸੇ ਤਰੀਕੇ ਨਾਲ ਜਾਇਜ਼ ਨਹੀਂ । ਉਨ੍ਹਾਂ ਕਿਹਾ ਕਿ ਐਨ ਆਈ ਏ ਨੇ ਵੱਡੀ ਗਿਣਤੀ ਵਿੱਚ ਘਰਾਂ ਵਿੱਚ ਛਾਪੇਮਾਰੀ ਕਰਕੇ ਦਹਿਸ਼ਤ ਪਾਉਣ ਦੀ ਕੋਸ਼ਿਸ਼ ਕੀਤੀ ਹੈ। ਇਹ ਕਾਰਵਾਈ ਕੇਂਦਰੀ ਹਕੂਮਤ ਵੱਲੋਂ ਹਾਕਮਾਂ ਖਿਲਾਫ ਬੋਲਣ




ਵਾਲੇ ਲੋਕਾਂ ਦੀ ਜ਼ੁਬਾਨਬੰਦੀ ਹੈ। ਕੇਂਦਰੀ ਏਜੰਸੀਆਂ ਖਾਸ ਕਰ ਲਖਨਊ ਵਿੱਚ ਸਥਿਤ ਦਫਤਰ ਵੱਲੋਂ ਪੰਜਾਬ ਵਿੱਚ ਕੀਤੀ ਗਈ ਛਾਪੇਮਾਰੀ ਫੈਡਰਲ ਢਾਂਚੇ 'ਤੇ ਹਮਲਾ ਹੈ। ਇਹ ਕਾਰਵਾਈ ਸੂਬੇ ਦੇ ਅਧਿਕਾਰਾਂ ਨੂੰ ਟਿੱਚ ਜਾਨਣ ਦੀ ਹੈ ਪ੍ਰੰਤੂ ਅਫ਼ਸੋਸਨਾਕ ਗੱਲ ਇਹ ਹੈ ਕਿ ਇਹਨਾਂ ਛਾਪੇਮਾਰੀਆਂ ਅਤੇ ਗ੍ਰਿਫਤਾਰੀਆਂ ਵਿੱਚ ਪੰਜਾਬ ਪੁਲਸ ਨੇ ਉਹਨਾਂ ਦਾ ਸਾਥ ਦਿੱਤਾ ਅਤੇ ਰੱਖਿਆ ਕੀਤੀ। ਉਨ੍ਹਾਂ ਕਿਹਾ ਕਿ 2009 ਵਿੱਚ ਬਣੀ ਇਸ ਏਜੰਸੀ ਨੂੰ ਮੋਦੀ ਹਕੂਮਤ ਨੇ 2019 ਵਿੱਚ ਲੋਕ ਸਭਾ ਅੰਦਰ ਇੱਕ ਨਵੇਂ ਬਿੱਲ ਰਾਹੀਂ ਵੱਧ ਅਧਿਕਾਰ ਦੇ ਦਿੱਤੇ ਹਨ, ਜਿਸ ਤਹਿਤ ਇਹ ਕਿਸੇ ਨੂੰ ਵੀ ਦਹਿਸ਼ਤਗਰਦ, ਚਾਹੇ ਉਹ ਵਿਅਕਤੀ ਦੇਸ਼ ਵਿੱਚ ਬੈਠਾ ਹੈ ਚਾਹੇ ਵਿਦੇਸ਼ ਵਿੱਚ ਹੈ, ਐਲਾਨ ਕੇ ਉਸ ਖਿਲਾਫ਼ ਕਾਰਵਾਈ ਕਰ ਸਕਦੀ ਹੈ। ਦੇਸ਼ ਅੰਦਰ ਸਰਕਾਰ ਖਿਲਾਫ਼ ਕਿਸੇ ਵੀ ਉੱਠ ਰਹੇ ਸੰਘਰਸ਼ ਨੂੰ ਚਾਹੇ ਉਹ ਹੱਕੀ ਮੰਗਾਂ ਲਈ ਹੋਵੇ, ਨੂੰ ਕੁਚਲਣ ਦੇ ਅਧਿਕਾਰ ਦੇ ਦਿੱਤੇ ਹਨ। ਇਹ ਕਿਸੇ ਵੀ ਸੂਬੇ ਵਿੱਚ ਕਿਸੇ ਵੀ ਸਟੇਟ ਨੂੰ ਬਿਨਾਂ ਦੱਸੇ ਕਾਰਵਾਈ ਕਰ ਸਕਦੀ ਹੈ। ਇਸ ਤੋਂ ਇਲਾਵਾ ਇਸ ਏਜੰਸੀ ਦੀ ਕੋਰਟ ਵੀ ਵੱਖਰੀ ਹੋਵੇਗੀ ਤੇ ਕੇਸ ਵੀ ਵੱਖਰਾ ਚੱਲੇਗਾ, ਜਿਹੜਾ ਕਿ ਪਹਿਲਾਂ ਤੋਂ ਸਥਾਪਿਤ ਨਿਆਇਕ ਢਾਂਚੇ ਨੂੰ ਵੀ ਚੈਲੰਜ ਹੈ। ਪਾਰਟੀ ਨੇ ਮੰਗ ਕੀਤੀ ਹੈ ਕਿ ਐਨ ਆਈ ਏ ਨੂੰ ਤੁਰੰਤ ਖਤਮ ਕੀਤਾ ਜਾਵੇ ਤਾਂ ਕਿ ਸੂਬੇ ਦੇ ਅਧਿਕਾਰਾਂ ਦੀ ਰੱਖਿਆ ਕੀਤੀ ਜਾ ਸਕੇ, ਗ੍ਰਿਫ਼ਤਾਰ ਵਿਅਕਤੀਆਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਤੇ ਪੁੱਛਗਿਛ ਲਈ ਬੁਲਾਏ ਗਏ ਵਿਅਕਤੀਆਂ ਨੂੰ ਭੇਜੇ ਨੋਟਿਸਾਂ ਉੱਤੇ ਤੁਰੰਤ ਰੋਕ ਲਗਾਈ ਜਾਵੇ। ਅੱਗੇ ਤੋਂ ਕਿਸੇ ਵੀ ਕੇਂਦਰੀ ਏਜੰਸੀ ਵਲੋਂ ਪੰਜਾਬ ਸਮੇਤ ਹੋਰ ਸੂਬਿਆਂ ਵਿੱਚ ਸਿੱਧੇ ਦਾਖਲੇ ਉੱਪਰ ਪਾਬੰਦੀ ਲਗਾਈ ਜਾਵੇ। ਪਾਰਟੀ ਦੀ ਸੂਬਾ ਕਮੇਟੀ ਨੇ ਪੰਜਾਬ ਦੇ ਇਨਕਲਾਬੀ, ਇਨਸਾਫ਼ਪਸੰਦ ਲੋਕਾਂ ਅਤੇ ਜਮਹੂਰੀ ਹੱਕਾਂ ਦੀ ਰਾਖੀ ਕਰਨ ਵਾਲੀਆਂ ਜਥੇਬੰਦੀਆਂ ਨੂੰ ਅਪੀਲ ਕੀਤੀ ਹੈ ਕਿ 6 ਸਤੰਬਰ ਨੂੰ ਜ਼ਿਲਾ ਪੱਧਰੀ ਕੀਤੇ ਜਾਣ ਵਾਲੇ ਪ੍ਰਦਰਸ਼ਨਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਅਤੇ ਰਾਸ਼ਟਰਪਤੀ ਤੋਂ ਆਪਣੀ ਅਧਿਕਾਰਾਂ ਦੀ ਰਾਖੀ ਦੀ ਮੰਗ ਕਰਨ।

# ਰਿਆਤ ਬਾਹਰਾ 'ਵਰਸਿਟੀ ਵੱਲੋਂ ਹੋਟਲ ਮੈਨਜਮੈਂਟ/ਸਾਈਬਰ ਸੁਰੱਖਿਆ ਕੋਰਸਾਂ ਲਈ ਬੀ ਐੱਸ ਆਈ ਲਰਨਿੰਗ (ਆਸਟ੍ਰੇਲੀਆ) ਨਾਲ ਸਮਝੌਤਾ

**ਕੁਰਾਲੀ (ਮੋਹਨ ਅੱਗਰਵਾਲ)**- ਰਿਆਤ ਬਾਹਰਾ ਯੂਨੀਵਰਸਿਟੀ ਅਤੇ ਬੀਐੱਸਆਈ ਲਰਨਿੰਗ ਆਸਟਰੇਲੀਆ ਨੇ ਅੱਜ ਇੱਥੇ ਹੋਟਲ ਪ੍ਰਬੰਧਨ ਅਤੇ ਸਾਈਬਰ ਸੁਰੱਖਿਆ ਇਨ ਕੰਪਿਊਟਰ ਇੰਜਨੀਅਰਿੰਗ ਐਪਲੀਕੇਸ਼ਨ ਲਈ ਨੌਕਰੀ-ਅਧਾਰਿਤ ਕੋਰਸਾਂ ਦੇ ਖੇਤਰ ਵਿੱਚ ਸਹਿਯੋਗ ਲਈ ਇੱਕ ਸਮਝੌਤਾ ਪੱਤਰ 'ਤੇ ਹਸਤਾਖਰ ਕੀਤੇ ਹਨ।ਬੀਐੱਸਆਈ ਲਰਨਿੰਗ ਵਫ਼ਦ ਦੀ ਇੱਕ ਟੀਮ ਜਿਸ ਵਿੱਚ ਕਾਲਾ ਫਿਲਿਪ ਸੀਈਓ ਅਤੇ ਕਾਰਜਕਾਰੀ ਨਿਰਦੇਸ਼ਕ ਬੀਐੱਸਆਈ ਲਰਨਿੰਗ ਆਸਟਰੇਲੀਆ, ਸਕਾਟ ਵੇਸਲੇ, ਚੀਫ ਕੰਟੈਂਟ ਅਫਸਰ, ਮਿਕ ਲਿੰਚ, ਚੇਅਰਮੈਨ ਅਤੇ ਵਿਪੁਲ ਰਸਤੋਗੀ, ਇੰਡੀਆ ਹੈੱਡ, ਬੀਐੱਸਆਈ ਲਰਨਿੰਗ ਆਸਟਰੇਲੀਆ ਤੋਂ ਇਲਾਵਾ ਆਸਟ੍ਰੇਡ ਦੇ ਮੈਂਬਰ ਵੀ ਸ਼ਾਮਲ ਹੋਏ ।ਇਸ ਮੌਕੇ ਰਿਆਤ ਬਾਹਰਾ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ, ਵਾਈਸ ਚਾਂਸਲਰ ਡਾ: ਪਰਵਿੰਦਰ ਸਿੰਘ, ਵਾਈਸ ਚੇਅਰਮੈਨ ਗੁਰਿੰਦਰ ਸਿੰਘ ਬਾਹਰਾ, ਉਪ ਪ੍ਰਧਾਨ ਸਤਬੀਰ ਸਿੰਘ ਸਹਿਗਲ, ਰਜਿਸਟਰਾਰ ਡਾ: ਦਿਨੇਸ਼ ਸ਼ਰਮਾ, ਗੁਰਮੁਖ ਰਾਣਾ ਅਤੇ ਡਾਇਰੈਕਟਰ ਡਾ. ਸਿਮਰਜੀਤ ਸ਼ੇਰਗਿੱਲ ਰਿਆਤ ਬਾਹਰਾ ਯੂਨੀਵਰਸਿਟੀ ਵੱਲੋਂ ਹਾਜ਼ਰ ਸਨ।ਇਸ ਮੌਕੇ ਬੋਲਦਿਆਂ ਗੁਰਵਿੰਦਰ ਸਿੰਘ ਬਾਹਰਾ ਨੇ ਕਿਹਾ ਕਿ ਬੀ.ਐੱਸ.ਆਈ ਲਰਨਿੰਗ ਆਸਟ੍ਰੇਲੀਆ ਵਿੱਚ ਸੰਸਥਾਗਤ ਅਤੇ ਲੋਕ ਵਿਕਾਸ ਸੇਵਾਵਾਂ ਅਤੇ ਆਊਟਸੋਰਸਡ ਸਿਖਲਾਈ ਹੱਲਾਂ ਦਾ ਇੱਕ ਮੋਹਰੀ ਪ੍ਰਦਾਤਾ (ਸਪਲਾਇਰ) ਹੈ।ਬਾਹਰਾ ਨੇ ਕਿਹਾ ਕਿ ਇਹ ਪਹਿਲਕਦਮੀ ਵਿਦਿਆਰਥੀਆਂ ਲਈ ਅੰਤਰਰਾਸ਼ਟਰੀ ਕੈਰੀਅਰ ਦੇ ਮੌਕਿਆਂ ਅਤੇ ਉਚੇਰੀ ਸਿੱਖਿਆ, ਖਾਸ ਤੌਰ ਤੇ ਆਸਟ੍ਰੇਲੀਆ ਵਿੱਚ ਇੱਕ ਸੁਨਹਿਰੀ ਰਾਹ ਤਿਆਰ ਕਰਦੀ ਹੈ ਅਤੇ ਇਹ ਪ੍ਰੋਗਰਾਮ ਹੁਨਰ ਦੇ ਪਾੜੇ ਨੂੰ ਪੂਰਾ ਕਰਨ, ਇੰਟਰਨਸ਼ਿਪਸ ਨੂੰ ਆਸਾਨ ਬਣਾਉਣ ਅਤੇ ਮਜ਼ਬੂਤ ਪਲੇਸਮੈਂਟ ਸਹਾਇਤਾ ਪ੍ਰਦਾਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗਾ।ਸਮਝੌਤਾ ਪੱਤਰ ਤੇ ਹਸਤਾਖਰ ਕਰਨ ਤੇ ਟਿੱਪਣੀ ਕਰਦੇ ਹੋਏ ਬੀਐੱਸਆਈ ਲਰਨਿੰਗ ਦੀ ਸੀਈਓ, ਕਾਲਾ ਫਿਲਿਪ ਨੇ ਸਾਂਝੇਦਾਰੀ ਬਾਰੇ ਉਤਸ਼ਾਹ ਜ਼ਾਹਰ ਕਰਦੇ




ਹੋਏ ਕਿਹਾ ਕਿ ਅਸੀਂ ਇਸ ਸਮਝੌਤਾ ਪੱਤਰ (ਐਮ.ਓ.ਯੂ) ਤੇ ਹਸਤਾਖਰ ਕਰਨ ਦੀ ਘੋਸ਼ਣਾ ਕਰਦੇ ਹੋਏ ਬਹੁਤ ਖੁਸ਼ ਹਾਂ। ਉਨਾਂ ਕਿਹਾ ਕਿ ਇਹ ਰਣਨੀਤਕ ਭਾਈਵਾਲੀ ਬੀਐੱਸਆਈ ਲਰਨਿੰਗ ਲਈ ਇੱਕ ਮਹੱਤਵਪੂਰਨ ਮੀਲ ਪੱਥਰ ਦੀ ਨਿਸ਼ਾਨਦੇਹੀ ਕਰਦੀ ਹੈ ਕਿਉਂਕਿ ਅਸੀਂ ਆਪਣੀ ਪਹੁੰਚ ਨੂੰ ਵਧਾਉਣਾ ਅਤੇ ਭਾਰਤੀ ਬਾਜ਼ਾਰ ਨਾਲ ਸਹਿਯੋਗ ਕਰਨਾ ਜਾਰੀ ਰੱਖਾਂਗੇ।ਉਹਨਾਂ ਕਿਹਾ ਕਿ ਅਸੀਂ ਵਰਕਸ਼ਾਪ, ਐਕਸ਼ਨ ਲਰਨਿੰਗ, ਡਿਸਟੈਂਸ ਲਰਨਿੰਗ, ਕੋਚਿੰਗ ਅਤੇ ਈ-ਲਰਨਿੰਗ ਸਮੇਤ ਸਿੱਖਣ ਦੀਆਂ ਵਿਧੀਆਂ ਦੇ ਪੂਰੇ ਸਪੈਕਟ੍ਰਮ ਦੀ ਵਰਤੋਂ ਕਰਦੇ ਹਾਂ ਅਤੇ ਸਾਡੀਆਂ ਗਲੋਬਲ ਸਿਖਲਾਈ ਭਾਈਵਾਲੀ ਸਾਨੂੰ ਦੁਨੀਆ ਭਰ ਦੀਆਂ ਨਵੀਨਤਮ ਸਿੱਖਿਆਵਾਂ ਅਤੇ ਉਤਪਾਦਾਂ ਦੇ ਵਿਕਾਸ ਤੋਂ ਜਾਣੂ ਕਰਵਾਉਂਦੀਆਂ ਹਨ।ਰਿਆਤ ਬਾਹਰਾ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਡਾ: ਪਰਵਿੰਦਰ ਸਿੰਘ ਨੇ ਕਿਹਾ ਕਿ ਬੀ.ਐੱਸ.ਆਈ. ਲਰਨਿੰਗ ਆਸਟ੍ਰੇਲੀਆ ਆਪਣੇ ਹੱਲਾਂ ਰਾਹੀਂ ਕਾਰੋਬਾਰੀ ਤਬਦੀਲੀ ਨੂੰ ਪ੍ਰਾਪਤ ਕਰਨ ਲਈ ਮਨੁੱਖੀ ਪੂੰਜੀ ਦਾ ਵਿਕਾਸ ਕਰਦਾ ਹੈ।ਉਨ੍ਹਾਂ ਉਮੀਦ ਪ੍ਰਗਟਾਈ ਕਿ ਇਹ ਸਮਝੌਤਾ ਦੋਵਾਂ ਧਿਰਾਂ ਲਈ ਲਾਭਦਾਇਕ ਸਾਬਤ ਹੋਵੇਗਾ।

# ਸੀਕਰੀ ਦਾ ਕਬੱਡੀ ਟੂਰਨਾਮੈਂਟ ਬਾਬਾ ਜਵਾਹਰ ਦਾਸ ਸੂਸਾਂ ਦੀ ਟੀਮ ਦੇ ਨਾਂਅ ਰਿਹਾ



**ਅੱਡਾ ਸਰਾਂ (ਜਸਵੀਰ ਕਾਜਲ)**- ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਸਬੰਧ ਵਿੱਚ ਪਿੰਡ ਸੀਕਰੀ ਵਿਖੇ ਕਰਵਾਇਆ ਗਿਆ 4 ਦਿਨਾ ਕਬੱਡੀ ਟੂਰਨਾਮੈਂਟ ਸਫਲਤਾ ਪੂਰਵਕ ਸੰਪੰਨ ਹੋ ਗਿਆ। ਗ੍ਰਾਮ ਪੰਚਾਇਤ ਪਿੰਡ ਸੀਕਰੀ ਵੱਲੋਂ ਪ੍ਰਵਾਸੀ ਭਾਰਤੀਆਂ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਇਸ ਟੂਰਨਾਮੈਂਟ ਦੌਰਾਨ ਅਕੈਡਮੀਆਂ ਦੇ ਮੈਚ ਵਿੱਚ ਬਾਬਾ ਜਵਾਹਰ ਦਾਸ ਸੂਸਾਂ ਟੀਮ ਨੇ ਪਹਿਲਾ ਤੇ ਕਾਲੇ ਬਾਹੀਆਂ ਦੀ ਟੀਮ ਨੇ ਦੂਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਹੀ ਓਪਨ ਕਲੱਬ ਦੇ ਮੈਚ ਵਿੱਚ ਕੰਧਾਲਾ ਜੱਟਾਂ ਦੀ ਟੀਮ ਨੇ ਪਹਿਲਾ ਤੇ ਪਿੰਡ ਰਹੀਮਪੁਰ ਦੀ ਟੀਮ ਨੇ ਦੂਸਰਾ ਸਥਾਨ ਹਾਸਲ ਕੀਤਾ। ਇਸ ਟੂਰਨਾਮੈਂਟ ਦੌਰਾਨ ਮੁੱਖ ਮਹਿਮਾਨ ਵਜੋਂ ਪਹੁੰਚੇ ਸਾਬਕਾ ਕੈਬਨਿਟ ਮੰਤਰੀ ਸੰਗਤ ਸਿੰਘ ਗਿਲਜੀਆਂ ਨੇ ਟੂਰਨਾਮੈਂਟ ਦੇ ਪ੍ਰਬੰਧਕਾਂ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਖਿਡਾਰੀਆਂ ਨੂੰ ਨਸ਼ਿਆਂ ਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪ੍ਰਬੰਧਕਾਂ ਵੱਲੋਂ ਸਾਬਕਾ ਮੰਤਰੀ ਸੰਗਤ ਸਿੰਘ ਗਿਲਜੀਆਂ ਤੇ ਪਹੁੰਚੀਆਂ ਹੋਰਨਾਂ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਪ੍ਰਬੰਧਕਾਂ ਵੱਲੋਂ ਜੇਤੂ ਰਹੀ ਟੀਮ ਨੂੰ 51 ਹਜ਼ਾਰ ਰੁਪਏ ਤੇ ਦੂਸਰਾ ਸਥਾਨ ਪ੍ਰਾਪਤ ਕਰਨ ਵਾਲੀ ਟੀਮ ਨੂੰ 41 ਹਜ਼ਾਰ ਰੁਪਏ ਦਿੱਤੇ ਗਏ। ਇਸ ਮੌਕੇ ਸਰਪੰਚ ਸੇਵਾ ਸਿੰਘ ਸੀਕਰੀ ਨੂੰ ਟੂਰਨਾਮੈਂਟ ਨੂੰ ਸਫਲ ਬਣਾਉਣ ਵਿੱਚ ਸਭਨਾ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਬਾਬਾ ਬਲਰਾਮ ਵਸ਼ਿਸ਼ਟ, ਸਰਪੰਚ ਸੇਵਾ ਸਿੰਘ ਸੀਕਰੀ, ਹਰਿ ਅਵਤਾਰ ਸਿੰਘ, ਕਰਨਲ ਮਹਿੰਦਰ ਸਿੰਘ, ਹਲਕਾ ਇੰਚਾਰਜ ਸੰਦੀਪ ਸਿੰਘ ਸੀਕਰੀ, ਫੌਜੀ ਰਾਮਣ ਸਿੰਘ, ਦੀਦਾਰ ਸਿੰਘ ਸ਼ੇਰਗਿੱਲ, ਰਾਣਾ ਆੜ੍ਹਤੀਆ, ਹਰਭਜਨ ਸਿੰਘ ਬੱਬਾ, ਨੰਬਰਦਾਰ ਰੇਸ਼ਮ ਸਿੰਘ, ਅਵਤਾਰ ਸਿੰਘ ਖੋਖਰ, ਵਿਪਨ ਮਰਵਾਹਾ ਤੋਂ ਇਲਾਵਾ ਕੁਲਦੀਪ ਸਿੰਘ ਦੇਹਰੀਵਾਲ, ਅਨਿਲ ਪਿੰਕਾ, ਪੰਚ ਦਲਜੀਤ ਸਿੰਘ, ਸੂਬੇਦਾਰ ਦਰਸ਼ਨ ਸਿੰਘ, ਦਲਜੀਤ ਸਿੰਘ, ਸੁਖਵਿੰਦਰ ਸਿੰਘ, ਮਾਸਟਰ ਅਮਰਜੀਤ ਸਿੰਘ, ਗਗਨਦੀਪ ਕਾਲਕਟ, ਰਣਜੀਤ ਥਿਆੜਾ, ਗੁਰਪ੍ਰੀਤ ਗੋਪੀ, ਲਾਡਾ ਥਿਆੜਾ, ਗਗਨ ਭਾਗੋਵਾਲ, ਵਰੁਣ ਥਿਆੜਾ, ਉਂਕਾਰ ਸਿੰਘ ਸੀਕਰੀ, ਲੱਕੀ ਥਿਆੜਾ, ਹਰਦੀਪ ਸਿੰਘ, ਸੋਨਾ ਥਿਆੜਾ, ਗੁਰਜੀਤ ਸਿੰਘ, ਪਿੰਦੂ ਥਿਆੜਾ, ਸ਼ਿਵ ਰਾਮ,ਰੋਬੀ ਥਿਆੜਾ, ਗੈਰੀ ਥਿਆੜਾ, ਗਗਨ ਭਾਗੋਵਾਲ ਵੀ ਹਾਜ਼ਰ ਸਨ।

# ਕੁਲਜੀਤ ਸਿੰਘ ਰੰਧਾਵਾ ਵੱਲੋਂ ਲਾਲੜੂ ਵਿਖੇ ਬਲਾਕ ਡੇਰਾ ਬੱਸੀ ਦੀਆਂ ਖੇਡਾਂ ਦਾ ਆਗਾਜ਼

**ਡੇਰਾਬੱਸੀ/ਲਾਲੜੂ (ਕ੍ਰਿਸ਼ਨ ਗਰਗ)**-ਪੰਜਾਬ ਸਰਕਾਰ ਵੱਲੋਂ ਹਰ ਇੱਕ ਉਮਰ ਵਰਗ ਨੂੰ ਧਿਆਨ 'ਚ ਰੱਖ ਕੇ ਉਲੀਕਿਆ ਖੇਡਾਂ ਦਾ ਮਹਾਂ-ਕੁੰਭ 'ਖੇਡਾਂ ਵਤਨ ਪੰਜਾਬ ਦੀਆਂ' ਦੇ ਤੀਸਰੇ ਅਡੀਸ਼ਨ ਤਹਿਤ ਅੱਜ ਡੇਰਾਬੱਸੀ ਦੇ ਬਲਾਕ ਪੱਧਰੀ ਮੁਕਾਬਲੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲਾਲੜੂ ਦੇ ਖੇਡ ਮੈਦਾਨ 'ਚ ਆਰੰਭ ਹੋਏ।ਐਮ ਐੱਲ ਏ ਡੇਰਾਬੱਸੀ ਕੁਲਜੀਤ ਸਿੰਘ ਰੰਧਾਵਾ ਨੇ ਰਸਮੀ ਸ਼ੁਰੂਆਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਸੂਬੇ 'ਚ ਖੇਡ ਸਭਿਆਚਾਰ, ਖੇਡ ਪਨੀਰੀ ਅਤੇ ਖੇਡ ਢਾਂਚੇ ਨੂੰ ਮਜ਼ਬੂਤ ਕਰਨ ਲਈ ਦ੍ਰਿੜ ਸੰਕਲਪ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੀ ਵਾਗਡੋਰ ਸੰਭਾਲਣ ਤੋਂ ਹੁਣ ਤੱਕ 24500 ਖਿਡਾਰੀਆਂ ਨੂੰ ਮੈਡਲ ਜਿੱਤਣ ਦੀਆਂ ਅਸਧਾਰਣ ਪ੍ਰਾਪਤੀਆਂ, ਕੌਮਾਂਤਰੀ, ਏਸ਼ੀਆਈ ਅਤੇ ਉਲੰਪਿਕ ਅਤੇ ਕੌਮੀ ਮੁਕਾਬਲਿਆਂ 'ਚ ਭਾਗ ਲੈਣ 'ਤੇ ਅਤੇ ਇਨ੍ਹਾਂ ਮੁਕਾਬਲਿਆਂ ਦੀ ਤਿਆਰੀ ਲਈ 87.47 ਕਰੋੜ ਰੁਪਏ ਦੀ ਰਾਸ਼ੀ ਵੰਡੀ ਜਾ ਚੁੱਕੀ ਹੈ।ਉਨ੍ਹਾਂ ਦੱਸਿਆ ਕਿ ਖੇਡਾਂ ਵਤਨ ਪੰਜਾਬ ਦੀਆਂ ਲਗਾਤਾਰ ਤੀਸਰੇ ਸਾਲਲ 'ਚ ਦਾਖਲ ਹੋਣਾ ਅਤੇ ਹਰ ਸਾਲ ਵੱਡੀ ਗਿਣਤੀ 'ਚ ਹਰ ਉਮਰ ਵਰਗ ਦੇ ਖਿਡਾਰੀਆਂ ਵੱਲੋਂ ਹੁੰਮ-ਹੁਮਾ ਕੇ ਭਾਗ ਲੈਣਾ ਸਾਬਤ ਕਰਦਾ ਹੈ ਕਿ ਪੰਜਾਬ 'ਚ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਸੰਜੀਦਾ ਯਤਨਾਂ ਦੀ ਹੀ ਲੋੜ ਸੀ, ਜੋ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਸ ਵਾਰ 37 ਖੇਡ ਮੁਕਾਬਲੇ ਉਲੀਕੇ ਗਏ ਹਨ, ਜਿਨ੍ਹਾਂ 'ਚੋਂ ਬਲਾਕ ਪੱਧਰ 'ਤੇ 6-6 ਹਨ ਜਦਕਿ ਬਾਕੀ ਜ਼ਿਲ੍ਹਾ ਅਤੇ ਸੂਬਾਈ ਪੱਧਰ 'ਤੇ ਹਨ।ਇਸ ਵਾਰ ਖੇਡਾਂ ਲਈ 30 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਜਿਸ ਵਿੱਚ ਖਿਡਾਰੀਆਂ ਦੇ ਰਹਿਣ, ਡਾਇਟ, ਖੇਡਾਂ ਦੇ ਆਯੋਜਨ ਆਦਿ ਪ੍ਰਬੰਧ ਸ਼ਾਮਿਲ ਹਨ। ਇਸ ਵਾਰ 9 ਕਰੋੜ ਰੁਪਏ ਦੀ ਇਨਾਮੀ ਰਾਸ਼ੀ ਖਿਡਾਰੀਆਂ ਦਰਮਿਆਨ ਵੰਡੀ ਜਾਵੇਗੀ।ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਡੇਰਾਬੱਸੀ ਬਲਾਕ 'ਚ ਅੱਜ ਪਹਿਲੇ ਦਿਨ 450 ਤੋਂ ਵਧੇਰੇ ਖਿਡਾਰੀਆਂ ਨੇ ਆਪਣੀ ਵੱਖ-ਵੱਖ ਖੇਡ ਮੁਕਾਬਲਿਆਂ ਲਈ ਰਜਿਸਟ੍ਰੇਸ਼ਨ ਕਰਵਾਈ। ਸਰਕਲ ਸਟਾਈਲ ਕਬੱਡੀ ਮੁਕਾਬਲਿਆਂ 'ਚ ਅੰਡਰ-14 'ਚ ਲਾਲੜੂ ਤੇ ਬੱਲੋਪੁਰ ਅਤੇ ਤਸਿੰਬਲੀ ਬੀ ਅਤੇ ਏ 'ਚ ਭਲਕੇ ਸੈਮੀ ਫ਼ਾਈਨਲ ਖੇਡਿਆ ਜਾਵੇਗਾ।ਖੋ-ਖੋ ਮੁਕਾਬਲਿਆਂ 'ਚ ਅੰਡਰ-17 'ਚ ਹੋਲੀ ਏਂਜਲ ਟੀਮ ਨੂੰ ਖੇਲਣ ਦੀ ਟੀਮ ਨੇ ਹਰਾਇਆ ਜਦਕਿ ਅੰਡਰ -14 'ਚ ਜ਼ੀਰਕਪੁਰ ਨੇ ਹੋਲੀ ਏਂਜਲ ਨੂੰ ਹਰਾਇਆ।ਇਸ ਮੌਕੇ ਤਹਿਸੀਲਦਾਰ ਬੀਰਕਰਨ ਸਿੰਘ ਤੇ ਬਲਾਕ ਖੇਡਾਂ ਦੇ ਨੋਡਲ ਅਫ਼ਸਰ ਅਤੇ ਤੈਰਾਕੀ ਕੋਚ ਜੋਨੀ ਭਾਟੀਆ ਅਤੇ ਵੱਡੀ ਗਿਣਤੀ 'ਚ ਇਲਾਕੇ ਦੇ ਖੇਡ ਪ੍ਰੇਮੀ ਅਤੇ ਖਿਡਾਰੀ ਮੌਜੂਦ ਸਨ।



# ਦੰਦਾਂ ਤੇ ਜਬਾੜ੍ਹਿਆਂ ਦੇ ਮੁਫ਼ਤ ਕੈਂਪ ਦਾ ਡੀ ਐੱਸ ਪੀ ਨੇ ਕੀਤਾ ਉਦਘਾਟਨ



**ਫਗਵਾੜਾ (ਡਾ. ਰਮਨ)**-ਉਦਯੋਗਪਤੀ ਕੇ. ਕੇ. ਸਰਦਾਨਾ ਦੀ ਸਰਪ੍ਰਸਤੀ ਹੇਠ ਸਥਾਨਕ ਗੁਰੂ ਹਰਗੋਬਿੰਦ ਨਗਰ ਵਿਖੇ ਸੰਚਾਲਿਤ ਬਲੱਡ ਬੈਂਕ ਵਿੱਚ ਮਾਤਾ ਠਾਕੁਰ ਦੇਵੀ ਅਤੇ ਨਾਨਕ ਚੰਦ ਸੇਠੀ ਦੀ ਮਿੱਠੀ ਯਾਦ ਨੂੰ ਸਮਰਪਿਤ 436ਵਾਂ ਦੰਦਾਂ ਅਤੇ ਜਬਾੜ੍ਹਿਆਂ ਦਾ ਫਰੀ ਕੈਂਪ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖ-ਰੇਖ ਹੇਠ ਲਗਾਇਆ ਗਿਆ ਜਿਸ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪਹੁੰਚੇ ਡੀ. ਐੱਸ. ਪੀ. ਜਸਪ੍ਰੀਤ ਸਿੰਘ ਨੇ ਜਯੋਤੀ ਪ੍ਰਜਵਲਿਤ ਕਰਕੇ ਕੀਤਾ। ਉਨਾਂ ਦੇ ਨਾਲ ਵਿਸ਼ੇਸ਼ ਮਹਿਮਾਨ ਵਜੋਂ ਰੋਟਰੀ ਇੰਟਰਨੈਸ਼ਨਲ ਦੇ ਸਾਬਕਾ ਗਵਰਨਰ ਸਤਪਾਲ ਸੇਠੀ ਮੌਜੂਦ ਰਹੇ। ਆਪਣੇ ਸੰਬੋਧਨ ਵਿਚ ਡੀ. ਐਸ. ਪੀ. ਜਸਪ੍ਰੀਤ ਸਿੰਘ ਨੇ ਬਲੱਡ ਬੈਂਕ ਵਲੋਂ ਸਮਾਜ ਸੇਵਾ ਵਿਚ ਪਾਏ ਜਾ ਰਹੇ ਯੋਗਦਾਨ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਕਿਹਾ ਕਿ ਰੋਜ਼ਾਨਾ ਨਵੇਂ ਤੋਂ ਨਵੇਂ ਸਮਾਜ ਸੇਵੀ ਪ੍ਰੋਜੈਕਟ ਕਰਕੇ ਲੋਕਾਂ ਨੂੰ ਰਾਹਤ ਦੇਣ ਦਾ ਬਲੱਡ ਬੈਂਕ ਦਾ ਉਪਰਾਲਾ ਹੋਰਨਾਂ ਲਈ ਵੀ ਪ੍ਰੇਰਣਾ ਦੇਣ ਵਾਲਾ ਹੈ। ਉਨ੍ਹਾਂ ਨੇ 8 ਲੋੜਵੰਦ ਬਜ਼ੁਰਗਾਂ ਨੂੰ ਨਵੇਂ ਤਿਆਰ ਕੀਤੇ ਜਬਾੜੇ ਵੀ ਵੰਡੇ। ਕੈਂਪ ਦੌਰਾਨ ਸੀ. ਐੱਮ. ਸੀ. ਲੁਧਿਆਣਾ ਤੋਂ ਪਹੁੰਚੀ ਮਾਹਿਰ ਡਾਕਟਰਾਂ ਦੀ 25 ਮੈਂਬਰੀ ਮੋਬਾਈਲ ਟੀਮ ਨੇ 135 ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕੀਤੀ। ਲੋੜਵੰਦਾਂ ਦੇ ਦੰਦ ਸਾਫ਼ ਕੀਤੇ ਗਏ ਅਤੇ ਲੋੜ ਅਨੁਸਾਰ ਦਵਾਈਆਂ ਦਿੱਤੀਆਂ ਗਈਆਂ। ਇਸ ਤੋਂ ਇਲਾਵਾ ਮਰੀਜ਼ਾਂ ਦੇ ਖਰਾਬ ਹੋਏ ਦੰਦਾਂ ਦੀ ਭਰਾਈ ਵੀ ਕੀਤੀ ਗਈ। ਕੈਂਪ ਦੌਰਾਨ ਨਵੇਂ ਜਬਾੜੇ ਬਣਾਉਣ ਦੀ ਅਗਲੀ ਪ੍ਰਕਿਰਿਆ ਵੀ ਪੂਰੀ ਕੀਤੀ ਗਈ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਅਗਲਾ ਕੈਂਪ 16 ਸਤੰਬਰ ਦਿਨ ਸੋਮਵਾਰ ਨੂੰ ਲਗਾਇਆ ਜਾਵੇਗਾ।

ਜਿਸ ਦਾ ਲਾਭ ਲੋੜਵੰਦ ਦੰਦਾਂ ਦੀਆਂ ਬਿਮਾਰੀਆਂ ਤੋਂ ਪੀੜਤ ਮਰੀਜ਼ ਲੈ ਸਕਦੇ ਹਨ। ਇਸ ਮੌਕੇ ਟੀ. ਡੀ. ਚਾਵਲਾ, ਐਸ. ਸੀ. ਚਾਵਲਾ, ਤਰਸੇਮ ਸਿੰਘ ਸਕੱਤਰ ਰੇਵਲੇ ਪੈਨਸ਼ਨਰਜ਼ ਐਸੋਸੀਏਸ਼ਨ, ਵਿਸ਼ਵਾ ਮਿੱਤਰ ਸ਼ਰਮਾ, ਪ੍ਰਧਾਨ ਸੀਨੀਅਰ ਸਿਟੀਜ਼ਨ ਵੈਲਫੇਅਰ ਸੁਸਾਇਟੀ, ਸੋਨੂੰ ਜੈਨ ਜ਼ਿਲ੍ਹਾ ਪ੍ਰਧਾਨ ਬੈਡਮਿੰਟਨ ਐਸੋਸੀਏਸ਼ਨ, ਕ੍ਰਿਸ਼ਨ ਕੁਮਾਰ ਪ੍ਰਧਾਨ ਏਕ ਕੋਸ਼ਿਸ਼ ਤੋਂ ਇਲਾਵਾ ਗੁਲਸ਼ਨ ਕਪੂਰ, ਕੁਲਦੀਪ ਦੁੱਗਲ, ਨਰਿੰਦਰ ਸੈਣੀ, ਸੁਧਾ ਬੇਦੀ, ਅਮਰਜੀਤ ਡਾਂਗ, ਮੋਹਨ ਲਾਲ ਤਨੇਜਾ, ਤਾਰਾ ਚੰਦ ਚੁੰਬਰ, ਰਾਮ ਸ਼ਰਨ ਆਦਿ ਹਾਜ਼ਰ ਸਨ।

# ਫੁੱਟਬਾਲ ਮੈਚ ਸੰਤ ਬਾਬਾ ਹਰੀ ਸਿੰਘ ਸਪੋਰਟਸ ਕਲੱਬ ਤੇ ਗੋਗੜ੍ਹਾਂ ਵਿਚਕਾਰ ਹੋਇਆ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਨੌਜਵਾਨ ਪੀੜੀ 'ਚ ਖੇਡਾਂ ਪ੍ਰਤੀ ਰੁਚੀ ਵਧਾਉਣ ਅਤੇ ਸਮਾਜ ਵਿੱਚ ਖੇਡਾਂ ਦੀ ਮਹੱਤਤਾ ਨੂੰ ਉਤਸ਼ਾਹਿਤ ਕਰਨ ਦੇ ਮੰਤਵ ਨਾਲ ਸੰਤ ਬਾਬਾ ਹਰੀ ਸਿੰਘ ਸਪੋਰਟਸ ਕਲੱਬ ਕਹਾਰਪੁਰ ਵੱਲੋਂ ਪਿੰਡ ਗੋਗੜੋਂ ਵਿਖੇ ਇੱਕ ਦੋਸਤਾਨਾ ਰੋਮਾਂਚਿਕ ਫੁੱਟਬਾਲ ਮੈਚ ਕਰਵਾਇਆ ਗਿਆ।ਇਸ ਮੌਕੇ ਸੰਸਦ ਮੈਂਬਰ ਰਾਜ ਕੁਮਾਰ ਚੱਬੇਵਾਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਉਨ੍ਹਾਂ ਦੇ ਨਾਲ ਡਾ. ਜਿਨ੍ਹਾਂ ਨੇ ਖਿਡਾਰੀਆਂ ਦੀ ਹੌਸਲਾ ਅਫਜਾਈ ਕੀਤੀ ਅਤੇ ਖੇਡ ਦੀ ਮਹੱਤਤਾ ਬਾਰੇ ਦੱਸ ਕੇ ਪ੍ਰੇਰਿਤ ਕੀਤਾ।ਜਿਨ੍ਹਾਂ ਨੇ ਖਿਡਾਰੀਆਂ ਦੀ ਹੌਸਲਾ ਅਫਜਾਈ ਕੀਤੀ ਅਤੇ ਖੇਡ ਦੀ ਮਹੱਤਤਾ ਬਾਰੇ ਦੱਸ ਕੇ ਪ੍ਰੇਰਿਤ ਕੀਤਾ।ਇਸ ਸਮਾਗਮ ਵਿਚ ਇਲਾਕੇ ਦੇ ਵੱਖ-ਵੱਖ ਪਿੰਡਾਂ ਤੋਂ ਵੱਡੀ ਗਿਣਤੀ ਵਿਚ ਲੋਕ ਹਾਜ਼ਰ ਸਨ, ਜਿਸ ਵਿਚ ਨੌਜਵਾਨਾਂ ਦੀ ਸ਼ਮੂਲੀਅਤ ਵਿਸ਼ੇਸ਼ ਤੌਰ 'ਤੇ ਜ਼ਿਕਰਯੋਗ ਰਹੀ। ਇਹ ਮੈਚ ਸੰਤ ਬਾਬਾ ਹਰੀ ਸਿੰਘ ਸਪੋਰਟਸ ਕਲੱਬ ਕਹਾਰਪੁਰ ਅਤੇ ਪਿੰਡ ਗੋਗੜਾਂ ਵਿਚਕਾਰ ਹੋਇਆ।ਦੋਵਾਂ ਟੀਮਾਂ ਦੇ ਖਿਡਾਰੀਆਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ ਅਤੇ ਦਰਸ਼ਕਾਂ ਨੂੰ ਰੋਮਾਂਚਿਕ ਪਲਾਂ ਨਾਲ ਭਰਿਆ ਮੈਚ ਦੇਖਣ ਲਈ ਪੇਸ਼ ਕੀਤਾ ਗਿਆ।ਮੈਚ ਦੇ ਆਖਰੀ ਪਲਾਂ 'ਚ ਗੋਗੜਾਂ ਦੀ ਟੀਮ ਨੇ ਮੈਚ ਜਿੱਤ ਲਿਆ।ਇਸ ਮੌਕੇ ਆਪਣੇ ਸੰਬੋਧਨ 'ਚ ਸੰਸਦ ਮੈਂਬਰ ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਖੇਡਾਂ ਸਰੀਰਕ ਵਿਕਾਸ ਲਈ ਹੀ ਨਹੀਂ ਸਗੋਂ ਮਾਨਸਿਕ ਵਿਕਾਸ ਲਈ ਵੀ ਬਹੁਤ ਜ਼ਰੂਰੀ ਹਨ।ਉਨ੍ਹਾਂ ਕਿਹਾ ਕਿ ਸਮਾਗਮ ਦਰਸਾਉਂਦਾ ਹੈ ਕਿ ਸਾਡੇ ਨੌਜਵਾਨ ਖੇਡਾਂ ਪ੍ਰਤੀ ਕਿੰਨੇ ਸਮਰਪਿਤ ਅਤੇ ਪ੍ਰੇਰਿਤ ਹਨ।ਸੰਸਦ ਮੈਂਬਰ ਰਾਜ ਕੁਮਾਰ ਚੱਬੇਵਾਲ ਨੇ ਪਿੰਡ ਕਹਾਰਪੁਰ ਦੀਆਂ ਸਮੱਸਿਆਵਾਂ ਦੇ ਹੱਲ ਲਈ 26.50 ਲੱਖ ਰੁਪਏ ਦੀ ਗ੍ਰਾਂਟ ਜਾਰੀ ਕਰਨ ਦਾ ਐਲਾਨ ਕੀਤਾ।

# ਜਿਲ੍ਹਾ ਚੈਸ ਟੂਰਨਾਮੈਂਟ 'ਚ ਹਰਸ਼ਵਰਧਨ ਤਲਵਾੜ ਨੇ ਸਕੂਲ ਦਾ ਨਾਂਅ ਕੀਤਾ ਰੌਸ਼ਨ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ)**-ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਨਾ ਕਰਦੇ ਹੋਏ ਜਿਲ੍ਹਾ ਸਿੱਖਿਆ ਅਫ਼ਸਰ ਹੁਸ਼ਿਆਰਪੁਰ ਸ੍ਰੀਮਤੀ ਲਲੀਤਾ ਅਤੇ ਜਿਲ੍ਹਾ ਸਪੋਰਟਸ ਡੀ ਐਮ ਜਗਜੀਤ ਸਿੰਘ ਦੀ ਅਗਵਾਈ 'ਚ ਕਰਵਾਏ ਗਏ ਜਿਲ੍ਹਾ ਚੈਸ ਟੂਰਨਾਮੈਂਟ 'ਚੋਂ ਪਹਿਲਾ ਸਥਾਨ ਹਾਸਲ ਕਰਨ ਵਾਲੇ ਹਰਸ਼ ਵਰਧਨ ਤਲਵਾੜ ਨੂੰ ਸਨਮਾਨਿਤ ਕਰਨ ਲਈ ਸਰਕਾਰੀ ਹਾਈ ਸਕੂਲ ਕੰਧਾਲਾ ਜੱਟਾਂ ਦੀ ਇੰਚਾਰਜ ਸ੍ਰੀਮਤੀ ਮਨਜੀਤ ਕੌਰ ਦੀ ਅਗਵਾਈ 'ਚ ਇੱਕ ਸਨਮਾਨਿਤ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਗੁਰਬਖਸ਼ ਕੌਰ, ਹਰਦੀਪ ਸਿੰਘ, ਭਰਤ ਤਲਵਾੜ, ਨਿਰਮਲ ਕੁਮਾਰ, ਟੀ ਪੀ ਅਧਿਆਪਕ ਕੁਮਾਰੀ ਨਵਪ੍ਰੀਤ ਕੌਰ, ਕੁਮਾਰੀ ਸਨੇਹ ਵੀਰ ਕੌਰ ਅਤੇ ਕੁਮਾਰੀ ਗੁਰਪ੍ਰੀਤ ਕੌਰ ਨੇ ਜਿਲ੍ਹਾ ਚੈਸ 'ਚ ਪਹਿਲਾ ਸਥਾਨ ਹਾਸਲ ਕਰਨ ਵਾਲੇ ਜੇਤੂ ਖਿਡਾਰੀ ਹਰਸ਼ ਵਰਧਨ ਤਲਵਾੜ ਨੂੰ ਵਧਾਈ ਦਿੰਦੇ ਹੋਏ ਸਨਮਾਨਿਤ ਕੀਤਾ। ਇਸ ਮੌਕੇ ਅਧਿਆਪਿਕਾ ਸ੍ਰੀਮਤੀ ਮਨਜੀਤ ਕੌਰ, ਸ੍ਰੀਮਤੀ ਗੁਰਪ੍ਰੀਤ ਕੌਰ, ਮੈਡਮ ਚੀਨਾ ਸਰਮਾ, ਮੈਡਮ ਗੁਰਬਖਸ ਕੌਰ, ਹਰਦੀਪ ਸਿੰਘ, ਨਿਰਮਲ ਕੁਮਾਰ, ਰਾਜਵਿੰਦਰ ਸਿੰਘ ਸਾਹੀ ਤੋਂ ਇਲਾਵਾ ਸਮੂਹ ਸਕੂਲ ਸਟਾਫ ਨੇ ਚੈਸ ਜੇਤੂ ਖਿਲਾੜੀ ਹਰਸ ਵਰਧਨ ਤਲਵਾੜ ਨੂੰ ਸੁਭਕਾਮਨਾਵਾਂ ਦਿੰਦੇ ਹੋਏ ਵਿਦਿਆਰਥੀਆਂ ਨੂੰ ਪੂਰੀ ਲਗਨ ਨਾਲ ਖੇਡਾਂ ਅਤੇ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ।

# ਸੰਤ ਮੇਲਾ ਰਾਮ ਦੇ ਬਰਸੀ ਸਮਾਗਮ ਡੇਰਾ ਨਗਰ ਵਿਖੇ ਸ਼ਰਧਾ-ਪੂਰਵਕ ਮਨਾਏ



**ਹੁਸ਼ਿਆਰਪੁਰ ( ਓਮ ਪ੍ਰਕਾਸ਼ ਰਾਣਾ)** ਬ੍ਰਹਮਲੀਨ ਮੇਲਾ ਰਾਮ ਦੇ ਬਰਸੀ ਸਮਾਗਮ ਦੇਸ਼ ਪ੍ਰਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਡੇਰਾ ਨਗਰ ਵਿਖੇ ਮੌਜੂਦਾ ਗੱਦੀ ਨਸ਼ੀਨ ਸੰਤ ਪਰਮਜੀਤ ਦਾਸ ਕੈਸ਼ੀਅਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਦੀ ਰਹਿਨੁਮਾਈ ਹੇਠ ਬੜੀ ਸ਼ਰਧਾ ਪੂਰਵਕ ਮਨਾਏ ਗਏ।ਪਹਿਲਾਂ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਰਾਗੀ, ਢਾਡੀ, ਕਥਾਵਾਚਕ ਅਤੇ ਵੱਖ ਵੱਖ ਡੇਰਿਆਂ ਦੇ ਸੰਤਾਂ ਮਹਾਂਪੁਰਸ਼ਾਂ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੇ ਚੇਅਰਮੈਨ ਸੰਤ ਸਰਵਣ ਦਾਸ ਬੋਹਣ, ਸੰਤ ਇੰਦਰ ਦਾਸ ਸ਼ੇਖੇ, ਸੰਤ ਸਰਵਣ ਦਾਸ ਸਲੇਮਟਾਵਰੀ, ਸੰਤ ਧਰਮਪਾਲ ਸ਼ੇਰਗੜ, ਸੰਤ ਰਮੇਸ਼ ਦਾਸ ਡੇਰਾ ਬਾਬਾ ਕੱਲਰਾਂ ਸ਼ੇਰ ਪੁਰ, ਸੰਤ ਜਗੀਰ ਸਿੰਘ ਸਰਬੱਤ ਦਾ ਭਲਾ ਆਸ਼ਰਮ ਨੰਦਾਚੌਰ, ਬਾਬਾ ਬਲਕਾਰ ਸਿੰਘ ਤੱਗੜ ਵਡਾਲਾ, ਸੰਤ ਬਲਵੰਤ ਸਿੰਘ ਡੀਗਰੀਆਂ, ਸੰਤ ਰਾਮ ਸੇਵਕ ਠਾਕੁਰ ਰਿਸ਼ੀ ਦਰਬਾਰ ਹਰੀਪੁਰ ਖਾਲਸਾ, ਸੰਤ ਗੁਰਮੀਤ ਦਾਸ ਪਿੱਪਲਾਂਵਾਲਾ, ਸੰਤ ਰਾਮ ਸਰੂਪ ਗਿਆਨੀ, ਡੇਰਾ ਬੋਹਣ ਦੇ ਸੇਵਾਦਾਰ ਲਵਪ੍ਰੀਤ, ਭੈਣ ਸੰਤੋਸ਼ ਕੁਮਾਰੀ ਬਿਲਡਿੰਗ ਇੰਚਾਰਜ ਆਦਿ ਸੰਤਾਂ ਮਹਾਂਪੁਰਸ਼ਾਂ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਡੇਰੇ ਦੇ ਗੱਦੀ ਨਸ਼ੀਨ ਸੰਤ ਪਰਮਜੀਤ ਦਾਸ ਵਲੋਂ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸਖ਼ਸ਼ੀਅਤਾਂ ਨੂੰ ਸਿਰਪਾਓ ਭੇਟ ਕਰਕੇ ਸਨਮਾਨਿਤ ਕੀਤਾ।ਸਟੇਜ ਸਕੱਤਰ ਦੀ ਸੇਵਾ ਜਗਤ ਰਾਮ ਭਟੀ ਨੇ ਨਿਭਾਈ। ਇਸ ਮੌਕੇ ਜੋਗਿੰਦਰ ਰਾਮ, ਸੁਰੇਸ਼ ਕੁਮਾਰ ਫੌਜੀ, ਨਿਰਮਲ ਭੱਟੀ, ਰਜੇਸ਼ ਕੁਮਾਰ, ਹੰਸ ਰਾਜ ਪ੍ਰਧਾਨ, ਰਾਮ ਸ਼ਰਨ ਸੈਕਟਰੀ, ਰਣਜੀਤ ਪਵਾਰ, ਬਲਦੇਵ ਰਾਮ ਏ ਐਸ ਆਈ, ਹਰੀ ਚੰਦ ਟੂਰਾ, ਪ੍ਰਿੰਸੀਪਲ ਗਿਆਨ ਚੰਦ, ਪ੍ਰਸ਼ੋਤਮ ਭੱਟੀ, ਨਛੱਤਰ ਭੱਟੀ, ਮਦਨ ਲਾਲ, ਰਾਮ ਲੁਭਾਇਆ, ਚੰਦਰ ਪਾਲ ਸੰਦਵਾਂ ਵੀ ਹਾਜ਼ਰ ਸਨ।

# ਸਰਬ-ਸਾਂਝੀਵਾਲਤਾ ਦੇ ਉਪਦੇਸ਼ ਨੂੰ ਅਪਣਾ ਕੇ ਹੀ ਜ਼ਿੰਦਗੀ ਸੁਖਾਲੀ ਬਣਾਈ ਜਾ ਸਕਦੀ ਐ: ਸੁਰਜੀਤ ਸਿੰਘ



**ਬਲਾਚੌਰ,( ਜਸਵਿੰਦਰ ਬੈਂਸ)**-ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ (ਰਜਿ.) ਨਵਾਂਸ਼ਹਿਰ ਵਲੋਂ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਆਗਮਨ ਪੁਰਬ ਸਬੰਧੀ ਮਹਿੰਦੀਪੁਰ (ਬਲਾਚੌਰ) ਵਿਖੇ ਆਯੋਜਿਤ ਕੀਤੇ ਜਾ ਰਹੇ ਤਹਿਸੀਲ ਪੱਧਰੀ ਗੁਰਮਤਿ ਸਮਾਗਮ ਸਬੰਧੀ ਬਲਾਚੌਰ ਤਹਿਸੀਲ ਦੇ ਸਮੂਹ ਪਿੰਡਾਂ ਦੀਆਂ ਸੰਗਤਾਂ ਅਤੇ ਗੁਰਦੁਆਰਾ ਕਮੇਟੀਆਂ ਦੀ ਵਿਸ਼ੇਸ਼ ਇਕੱਤਰਤਾ ਸਿੰਘ ਸਭਾ ਗੁਰਦੁਆਰਾ ਮਹਿੰਦੀਪੁਰ ਵਿਖੇ ਆਯੋਜਿਤ ਕੀਤੀ ਗਈ।ਇਸ ਮੌਕੇ ਗੁਰ ਨਾਨਕ ਮਿਸ਼ਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਸੁਰਜੀਤ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਆਗਮਨ ਪੁਰਬ ਤੇ ਸੁਸਾਇਟੀ ਵਲੋਂ ਜਿੱਥੇ ਹਰ ਸਾਲ ਨਵਾਂਸ਼ਹਿਰ ਵਿਖੇ ਜ਼ਿਲ੍ਹਾ ਪੱਧਰ ਤੇ ਤਿੰਨ ਰੋਜ਼ਾ ਗੁਰਮਤਿ ਸਮਾਗਮ ਕਰਵਾਏ ਜਾਂਦੇ ਹਨ, ਉੱਥੇ ਜ਼ਿਲ੍ਹਾ ਪੱਧਰੀ ਸਮਾਗਮਾਂ ਤੋਂ ਪਹਿਲਾਂ ਇਸ ਸਾਲ ਸ਼ਹੀਦ ਭਗਤ ਸਿੰਘ ਨਗਰ, ਹੁਸ਼ਿਆਰਪੁਰ ਅਤੇ ਲੁਧਿਆਣਾ ਜਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ 24 ਗੁਰਮਤਿ ਸਮਾਗਮ ਉਲੀਕੇ ਗਏ ਹਨ, ਜਿਨ੍ਹਾਂ ਵਿੱਚ ਮਹਿੰਦੀਪੁਰ(ਬਲਾਚੌਰ) ਦਾ ਤਹਿਸੀਲ ਪੱਧਰੀ ਸਮਾਗਮ ਵੀ ਹੈ, ਜਿਸ ਲਈ ਸੰਗਤਾਂ ਦੇ ਭਰਪੂਰ ਸਹਿਯੋਗ ਦੀ ਜ਼ਰੂਰਤ ਹੈ।ਉਨ੍ਹਾਂ ਕਿਹਾ ਕਿ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਸਰਬ ਸਾਂਝੀਵਾਲਤਾ ਦੇ ਉਪਦੇਸ਼ਾਂ ਨੂੰ ਅਪਣਾ ਕੇ ਹੀ ਜ਼ਿੰਦਗੀ ਸੁਖਾਲੀ ਬਣਾਈ ਜਾ ਸਕਦੀ ਹੈ। ਇਸ ਮੌਕੇ ਸੇਵਾ ਮੁਕਤ ਡੀਐੱਸਪੀ ਦੀਦਾਰ ਸਿੰਘ ਗਹੂੰਣ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਾਡੀ ਅਜੋਕੀ ਨੌਜਵਾਨ ਪੀੜ੍ਹੀ ਨਸ਼ਿਆਂ ਵਿੱਚ ਗਲਤਾਨ ਹੋ ਕੇ ਜਿੱਥੇ ਆਪਣਾ ਭਵਿੱਖ ਕਾਲਾ ਕਰਨ ਦੇ ਰਾਹ ਤੁਰੀ ਹੋਈ ਹੈ, ਉੱਥੇ ਆਪਣੇ ਸੱਭਿਆਚਾਰ ਅਤੇ ਵਿਰਸੇ ਨੂੰ ਵੀ ਭੁੱਲਦੀ ਜਾ ਰਹੀ ਹੈ, ਜਿਸ ਲਈ ਸਾਨੂੰ ਇਕੱਠਿਆਂ ਹੋ ਕੇ ਹੰਭਲਾ ਮਾਰਨਾ ਚਾਹੀਦਾ ਹੈ ਅਤੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਤੇ ਚੱਲ ਕੇ ਹੀ ਇਸ ਮਿਸ਼ਨ ਦੀ ਪ੍ਰਾਪਤੀ ਕੀਤੀ ਜਾ ਸਕਦੀ ਹੈ। ਇਸ ਮੌਕੇ ਤਰਲੋਚਨ ਸਿੰਘ ਖਟਕੜ, ਹਰਨੇਕ ਸਿੰਘ ਆਕਲਿਆਣਾ, ਗੋਪਾਲ ਸਿੰਘ ਰੱਕੜਾਂ ਢਾਹਾ, ਬਲਵੀਰ ਸਿੰਘ ਘਮੌਰ, ਹਰਨੇਕ ਸਿੰਘ ਪਨਿਆਲੀ, ਬਲਜਿੰਦਰ ਸਿੰਘ ਵਿਰਕ, ਸੋਹਣ ਸਿੰਘ ਸੇਵਕ ਲਵਪ੍ਰੀਤ ਸਿੰਘ, ਸੁਖਵੰਤ ਸਿੰਘ ਚੀਮਾ ਅਤੇ ਹਰਨੇਕ ਸਿੰਘ ਧੌਲ ਆਦਿ ਪਤਵੰਤਿਆਂ ਨੇ ਵੀ ਵਿਚਾਰ ਸਾਂਝੇ ਕੀਤੇ ਅਤੇ ਸਮਾਗਮ ਦੀ ਸਫਲਤਾ ਲਈ ਵਿਸ਼ਵਾਸ਼ ਦਿਲਾਇਆ ।

# 'ਮੇਲੇ ਦੌਰਾਨ ਟੈਕਸੀ ਯੂਨੀਅਨ ਫਿਲੌਰ ਦੀ ਸੇਵਾ ਸ਼ਲਾਘਾਯੋਗ : ਪ੍ਰਿੰਸੀਪਲ ਪ੍ਰੇਮ ਕੁਮਾਰ

**ਫਿਲੌਰ ( ਨਿਰਮਲ )**- ਨਾਭ ਕੰਵਲ ਰਾਜਾ ਸਾਹਿਬ ਰਸੋਖਾਨਾ ਵਿਖੇ ਤਿੰਨ ਦਿਨਾ ਸਲਾਨਾ ਮੇਲਾ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਮੇਲੇ ਦੌਰਾਨ ਡੀਲਕਸ ਟੈਕਸੀ ਯੂਨੀਅਨ ਫਿਲੌਰ ਵੱਲੋਂ ਸੰਗਤਾਂ ਦੀ ਸਹੂਲਤ ਲਈ ਫਿਲੌਰ ਤੋਂ ਰਾਜਾ ਸਾਹਿਬ ਦੇ ਦਰਸ਼ਨ ਕਰਨ ਲਈ ਜਾਣ ਦੀ ਸਹੂਲਤ ਪ੍ਰਦਾਨ ਕਰਦੇ ਹੋਏ ਆਪਣੀਆਂ ਸਾਰੀਆਂ ਗੱਡੀਆਂ ਮੁਫ਼ਤ ਸੇਵਾ 'ਚ ਲਗਾਈਆਂ ਗਈਆਂ। ਜਿਸ ਦੌਰਾਨ ਦੂਰ ਦੁਰਾਡੇ ਤੋਂ ਆ ਰਹੀਆਂ ਸੰਗਤਾਂ ਨੂੰ ਸੇਵਾ ਪ੍ਰਦਾਨ ਕੀਤੀ ਗਈ। ਇਸ ਮੌਕੇ ਸੈਣੀ ਮੈਡੀਕੋਜ਼ ਵੱਲੋਂ ਸੰਗਤਾਂ ਲਈ ਚਾਹ ਬਿਸਕੁਟ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਕਿਹਾ ਕਿ ਟੈਕਸੀ ਯੂਨੀਅਨ ਦਾ ਇਹ ਉਪਰਾਲਾ ਸ਼ਲਾਘਾਯੋਗ ਹੈ। ਉਨ੍ਹਾਂ ਰਾਜਾ ਸਾਹਿਬ ਜੀ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦੀ ਅਪੀਲ ਕੀਤੀ ਤੇ ਮੇਲੇ ਦੀਆਂ ਸੰਗਤਾਂ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਡਾਕਟਰ ਵਰਿੰਦਰ ਸਿੰਘ ਸੈਣੀ ਕੋ ਆਰਡੀਨੇਟਰ ਮੈਡੀਕਲ ਵਿੰਗ ਵਿਧਾਨ ਸਭਾ ਹਲਕਾ ਫਿਲੌਰ, ਪਰਮਿੰਦਰ ਸਿੰਘ ਮਾਹਲ ਕਿਸਾਨ ਵਿੰਗ, ਬਲਰਾਜ ਸਿੰਘ, ਜਸਪਾਲ ਸਿੰਘ ਪਾਲਾ, ਨਛੱਤਰ ਸਿੰਘ, ਤਰਸੇਮ ਸਿੰਘ, ਅਮਰੀਕ ਸਿੰਘ, ਡਾ. ਬਲਜੀਤ ਛੌਕਰ, ਰਾਕੇਸ਼ ਕੁਮਾਰ, ਹਨੀ, ਅਤੇ ਹੋਰ ਹਾਜ਼ਰ ਸਨ।




# ਦਸਮੇਸ਼ ਕਾਨਵੈਂਟ ਹਾਈ ਸਕੂਲ ਅੱਟੀ ਦੇ ਵਿਦਿਆਰਥੀਆਂ ਨੇ ਜਿੱਤੇ ਸੋਨ ਤਗਮੇ



**ਗੁਰਾਇਆ (ਰਘਬੀਰ ਸਿੰਘ)**-ਸ਼੍ਰੀ ਦਸਮੇਸ਼ ਕਾਨਵੈਂਟ ਹਾਈ ਸਕੂਲ ਅੱਟੀ ਦੇ ਵਿਦਿਆਰਥੀਆਂ ਨੇ ਬਾਕਸਿੰਗ ਲੜਕੀਆਂ 14 ਸਾਲ ਵਰਗ 'ਚ ਦੋ ਸੋਨ ਤਗਮੇ ਅਤੇ ਇੱਕ ਚਾਂਦੀ ਦਾ ਤਗਮਾ ਹਾਸਲ ਕਰਕੇ ਸਕੂਲ ਅਤੇ ਗੁਰਾਇਆ ਜ਼ੋਨ ਦਾ ਨਾਂਅ ਰੋਸ਼ਨ ਕੀਤਾ। ਬਾਕਸਿੰਗ ਦੀ ਖੁਦ ਤਿਆਰੀ ਕਰਵਾ ਰਹੇ ਸਕੂਲ ਐਮ ਡੀ ਸੁਖਦੀਪ ਸਿੰਘ ਨੇ ਦੱਸਿਆ ਕਿ ਬਾਕਸਿੰਗ ਕੋਚ ਜਗਦੀਪ ਸਿੰਘ ਦੇ ਯਤਨਾਂ ਨੂੰ ਉਸ ਸਮੇਂ ਬੂਰ ਪਿਆ ਜਦੋਂ ਕ੍ਰਿਤਿਕਾ ਕੋਮਲ ਅਤੇ ਮਨਪ੍ਰੀਤ ਕੌਰ ਨੇ ਆਪਣੇ ਭਾਰ ਵਰਗ 'ਚ ਪਹਿਲਾ ਸਥਾਨ ਹਾਸਲ ਕਰਕੇ ਸੋਨ ਤਗਮੇ ਹਾਸਲ ਕੀਤੇ ਜਦਕਿ ਪਾਲ ਤਾਨੀਆ ਨੇ ਚਾਂਦੀ ਦਾ ਤਗਮਾ ਹਾਸਲ ਕੀਤਾ। ਇਸ ਤੋਂ ਇਲਾਵਾ ਲੜਕੀਆਂ ਨੇ 14 ਅਤੇ 17 ਸਾਲ ਵਰਗ 'ਚ 4 ਚਾਂਦੀ ਅਤੇ 6 ਕਾਂਸੀ ਦੇ ਤਗਮੇ ਹਾਸਲ ਕੀਤੇ ਹਨ। ਉਨ੍ਹਾਂ ਅੱਗੇ ਦੱਸਿਆ ਕਿ ਇਲਾਕੇ 'ਚ ਮਿਆਰੀ ਸਿੱਖਿਆ ਦੇਣ ਦੇ ਨਾਂਅ ਜਾਂਦਾ ਇਹ ਸਕੂਲ ਹੁਣ ਖੇਡਾਂ ਦੇ ਖੇਤਰ 'ਚ ਵੀ ਅੱਗੇ ਆ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਮਾਣ ਵਾਲੀ ਗੱਲ ਹੈ ਕਿ ਇਸ ਵਾਰ ਸਕੂਲ ਨੂੰ ਜ਼ਿਲ੍ਹਾ ਪੱਧਰੀ ਰੱਸਾਕਸ਼ੀ ਦੇ ਮੁਕਾਬਲੇ ਕਰਵਾਉਣ ਦਾ ਮੌਕਾ ਮਿਲਿਆ ਹੈ ਜੋ 9 ਸਤੰਬਰ ਨੂੰ ਹੋ ਰਹੇ ਹਨ। ਸਕੂਲ ਦੀਆਂ ਖੇਡਾਂ ਦੇ ਖੇਤਰ 'ਚ ਪ੍ਰਾਪਤੀਆਂ ਲਈ ਫੀਜ਼ੀਕਲ ਐਜੂਕੇਸ਼ਨ ਲੈਕਚਰਾਰ ਇਕਬਾਲ ਸਿੰਘ, ਸਕੂਲ ਪ੍ਰਿੰਸੀਪਲ ਬਲਜਿੰਦਰ ਕੁਮਾਰ ਵਾਈਸ ਪ੍ਰਿੰਸੀਪਲ ਸੰਦੀਪ ਕੌਰ, ਰਵਿੰਦਰਜੀਤ ਕੌਰ ਅਤੇ ਸਮੂਹ ਸਟਾਫ਼ ਨੇ ਖਿਡਾਰੀਆਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ।

# ਅੱਜ ਅੰਮ੍ਰਿਤਸਰ ਜ਼ਿਲ੍ਹੇ 'ਚ ਸਥਾਨਕ ਛੁੱਟੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਪੰਜਾਬ ਸਰਕਾਰ ਨੇ ਪਹਿਲਾ ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁਭ ਅਵਸਰ 'ਤੇ 04 ਸਤੰਬਰ, 2024 ਨੂੰ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਸਥਾਨਕ ਛੁੱਟੀ ਦਾ ਐਲਾਨ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸੂਬਾ ਸਰਕਾਰ ਦੇ ਅਧਿਕਾਰਤ ਬੁਲਾਰੇ ਨੇ ਦੱਸਿਆ ਕਿ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਪੰਜਾਬ ਸਰਕਾਰ ਦੇ ਸਾਰੇ ਦਫ਼ਤਰ, ਬੋਰਡ/ਕਾਰਪੋਰੇਸ਼ਨਾਂ ਅਤੇ ਸਰਕਾਰੀ ਵਿਦਿਅਕ ਅਦਾਰੇ ਬੁੱਧਵਾਰ (4 ਸਤੰਬਰ) ਨੂੰ ਬੰਦ ਰਹਿਣਗੇ।ਇਸ ਸਬੰਧੀ ਪ੍ਰਸੋਨਲ ਵਿਭਾਗ ਵੱਲੋਂ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ।

# ਚੱਲ ਵੱਸਿਆ ਉੱਘਾ ਸ਼ਾਇਰ ਮਦਨ ਬੋਲੀਨਾ



ਜਲੰਧਰ-ਪੰਜਾਬੀ ਸਾਹਿਤ ਸਭਾ ਆਦਮਪੁਰ ਦੋਆਬਾ (ਰਜਿ) ਜਲੰਧਰ ਦਾ ਸਰਗਰਮ ਮੈਂਬਰ ਮਦਨ ਬੋਲੀਨਾ ਨਹੀਂ ਰਿਹਾ।ਉਸ ਨੇ ਸੱਤਰਵਿਆਂ ਵਿਚ ਪੈਰ ਧਰਿਆ ਹੀ ਸੀ ਕਿ ਦਿਲ ਦਾ ਦੌਰਾ ਪੈਣ ਕਾਰਨ ਉਹ ਪਲਾਂ ਵਿਚ ਪ੍ਰਲੋਕ ਗਮਨ ਕਰ ਗਿਆ।ਉਹ ਸਾਰੀ ਉਮਰ ਮਿਹਨਤਕਸ਼ਾਂ ਦੇ ਹੱਕਾਂ ਲਈ ਕਲਮ ਚਲਾਉਂਦਾ ਕੰਮੀਆਂ ਦੇ ਵਿਹੜਿਆਂ 'ਚੋਂ ਸੂਰਜ ਦੀਆਂ ਉੱਗਦੀਆਂ ਸੁਨਹਿਰੀ ਕਿਰਨਾਂ ਦੇਖਣ ਲਈ ਬੇਤਾਬ ਰਿਹਾ।ਸਾਹਿਤਕ ਸਫ਼ਾਂ 'ਚ ਉਹ ਇਕ ਜਾਣਿਆ-ਪਛਾਣਿਆ ਚਿਹਰਾ ਸੀ ਤੇ ਮੁਸ਼ਾਹਿਰਿਆਂ ਵਿਚ ਨਿਰੰਤਰ ਦਾਦ ਖੱਟਦਾ ਰਿਹਾ।ਉਸ ਦੀਆਂ ਰਚਨਾਵਾਂ ਇਕ ਦਰਜਨ ਤੋਂ ਵੱਧ ਪੁਸਤਕਾਂ ਦਾ ਸ਼ਿੰਗਾਰ ਬਣੀਆਂ।ਆਪਣੀ ਪੁਸਤਕ ਛਪਵਾਉਣ ਲਈ ਉਹ ਖਿਲਰੇ ਵਰਕੇ ਇੱਕਠੇ ਕਰ ਰਿਹਾ ਸੀ; ਪਰ ਘਰ ਦੀਆਂ ਮਜਬੂਰੀਆਂ ਕਾਰਨ ਪੱਤਰੇ ਖਿਲਰੇ ਹੀ ਰਹਿ ਗਏ।ਮਦਨ ਬੋਲੀਨਾ ਦਾ ਜਨਮ ਪਿੰਡ ਬੋਲੀਨਾ ਦੋਆਬਾ (ਜਲੰਧਰ) ਵਿਖੇ ਪਿਤਾ ਜੁਗਿੰਦਰ ਰਾਮ ਤੇ ਮਾਤਾ ਕੁਸ਼ੱਲਿਆ ਦੇ ਘਰ ਹੋਇਆ। ਊਸ਼ਾ ਰਾਣੀ ਨਾਲ ਵਿਆਹ ਦੇ ਬੰਧਨ ਵਿਚ ਬੱਝ ਕੇ ਉਸ ਨੇ ਗ੍ਰਹਿਸਥ ਦੀ ਗੱਡੀ ਨੂੰ ਅਗਾਂਹ ਤੋਰਿਆ।ਉਹ ਆਪਣੇ ਗ੍ਰਹਿਸਥ ਦੀਆਂ ਜ਼ਿੰਮੇਵਾਰੀਆਂ ਨਿਭਾਅ ਕੇ ਮਿਹਨਤਕਸ਼ਾਂ ਲਈ ਸੰਘਰਸ਼ ਜਾਰੀ ਰੱਖਣ ਦੀਆਂ ਢੇਰ ਸਾਰੀਆਂ ਜ਼ਿੰਮੇਵਾਰੀਆਂ ਸਾਹਿਤਕ ਦੋਸਤਾਂ ਨੂੰ ਸੌਂਪ ਆਪਣੇ ਪਿੱਛੇ ਪਤਨੀ ਸਮੇਤ ਪੁੱਤਰ ਵਿਨੋਦ ਕੁਮਾਰ; ਅੰਜੂ, ਮੋਨਿਕਾ ਤੇ ਰਜਨੀ ਧੀਆਂ ਛੱਡ ਗਿਆ ਹੈ।ਪੰਜਾਬੀ ਸਾਹਿਤ ਸਭਾ ਆਦਮਪੁਰ ਦੋਆਬਾ (ਰਜਿ.) ਜਲੰਧਰ ਮਦਨ ਬੋਲੀਨਾ ਦੀ ਬੇਵਕਤ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਉਸਦੀ ਵਿਛੜੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਕਰਦੀ ਹੈ।

# ਸਾਢੇ 4 ਕਿੱਲੋ ਅਫੀਮ ਤੇ ਡੇਢ ਲੱਖ ਰੁਪਏ ਦੀ ਡਰੱਗ ਮਨੀ ਬਰਾਮਦ



**ਐਸ ਏ ਐਸ ਨਗਰ, (ਕ੍ਰਿਸ਼ਨ ਗਰਗ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਨਸ਼ਾ ਤਸਕਰੀ ਖਿਲਾਫ਼ ਜ਼ੀਰੋ ਸਹਿਣਸ਼ੀਲਤਾ ਨੀਤੀ ਅਪਣਾ ਕੇ ਸਖ਼ਤ ਕਾਰਵਾਈ ਕਰਨ ਦੇ ਆਦੇਸ਼ਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਸਾਹਿਬਜ਼ਾਦਾ ਨਗਰ ਪੁਲਸ ਵੱਲੋਂ ਯੂ ਪੀ ਦੇ ਰਹਿਣ ਵਾਲੇ 03 ਦੋਸ਼ੀ ਗ੍ਰਿਫਤਾਰ ਕਰਕੇ ਉਨ੍ਹਾਂ ਪਾਸੋਂ 4 ਕਿੱਲੋ 500 ਗ੍ਰਾਮ ਅਫੀਮ ਅਤੇ 01 ਲੱਖ 50 ਹਜਾਰ ਰੁਪਏ ਦੀ ਡਰੱਗ ਮਨੀ ਬ੍ਰਾਮਦ ਕੀਤੀ ਗਈ ਹੈ।ਉੱਪ ਕਤਪਾਨ ਪੁਲਸ (ਇਨਵੈਸਟੀਗੇਸ਼ਨ) ਜ਼ਿਲ੍ਹਾ ਐਸ.ਏ.ਐਸ. ਨਗਰ, ਤਲਵਿੰਦਰ ਸਿੰਘ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਦੀਪਕ ਪਾਰਿਕ, ਸੀਨੀਅਰ ਕਪਤਾਨ ਪੁਲਸ, ਜ਼ਿਲ੍ਹਾ ਐੱਸ.ਏ.ਐੱਸ. ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਮੋਹਾਲੀ ਪੁਲਸ ਵੱਲੋਂ ਮਾੜੇ ਅਨਸਰਾਂ ਵਿਰੁੱਧ ਚਲਾਈ ਮੁਹਿਮ ਦੌਰਾਨ ਸ਼੍ਰੀਮਤੀ ਡਾ. ਜੋਤੀ ਯਾਦਵ, ਕਪਤਾਨ ਪੁਲਿਸ (ਇੰਨਵੈਸਟੀਗੇਸ਼ਨ) ਜ਼ਿਲ੍ਹਾ ਐੱਸ.ਏ.ਐੱਸ. ਨਗਰ ਦੀ ਨਿਗਰਾਨੀ ਹੇਠ ਇੰਸਪੈਕਟਰ ਹਰਮਿੰਦਰ ਸਿੰਘ ਇੰਚਾਰਜ ਸੀ.ਆਈ.ਏ. ਸਟਾਫ ਮੋਹਾਲੀ ਕੈਂਪ ਐਟ ਖਰੜ੍ਹ ਦੀ ਟੀਮ ਵੱਲੋਂ 03 ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ, ਉਹਨਾਂ ਪਾਸੋਂ 4 ਕਿੱਲੋ 500 ਗ੍ਰਾਮ ਅਫੀਮ ਅਤੇ 01 ਲੱਖ 50 ਹਜਾਰ ਰੁਪਏ ਡਰੱਗ ਮਨੀ ਬ੍ਰਾਮਦ ਕਰਾਉਣ ਵਿੱਚ ਸਫਲਤਾ ਹਾਸਿਲ ਕੀਤੀ ਹੈ।

# ਜਨਮ ਦਿਨ ਮੁਬਾਰਕ



ਸਵੈਮਾਨ ਕੌਰ (ਮਲੋਟ)



ਉਸਮਾਨ ਖਾਨ (ਕਪੂਰਥਲਾ)

# ਸੜਕਾਂ ਦੀ ਹਾਲਤ ਅੱਤ ਨਾਜ਼ੁਕ, ਲੋਕਾਂ ਵੱਲੋਂ ਸੜਕਾਂ ਬਣਾਉਣ ਦੀ ਮੰਗ



**ਅੱਡਾ ਸਰਾਂ/ਟਾਂਡਾ (ਜਸਵੀਰ ਕਾਜਲ)**-ਚੋਣਾਂ ਭਾਵੇਂ ਵਿਧਾਨ ਸਭਾ ਦੀਆਂ ਹੋਣ ਚਾਹੇ ਪਾਰਲੀਮੈਂਟ ਦੀਆਂ ਹੋਣ ਹਰੇਕ ਪਾਰਟੀ ਦੇ ਨੁਮਾਇੰਦੇ ਪੰਜਾਬ ਦੀ ਭੋਲੀ ਭਾਲੀ ਜਨਤਾ ਨਾਲ ਪਿੰਡਾਂ ਦੇ ਵਿਕਾਸ, ਵਾਟਰ ਸਪਲਾਈ ਦੀਆਂ ਸਹੂਲਤਾਂ, ਗਲੀਆਂ ਨਾਲੀਆਂ, ਆਟਾ ਦਾਲ ਸਕੀਮ, ਸੀਵਰੇਜ, ਸਿਹਤ ਸਹੂਲਤਾਂ, ਸੜਕਾਂ,ਆਦਿ ਦੇ ਪਹਿਲ ਦੇ ਹੱਲ ਕਰਨ ਦੇ ਵਾਅਦੇ ਕਰਦੇ ਨਹੀਂ ਥੱਕਦੇ। ਜਦੋਂ ਵੋਟਾਂ ਵਟੋਰ ਕੇ ਸੱਤਾ ਪ੍ਰਾਪਤ ਕਰ ਲੈਂਦੇ ਹਨ ਤਾਂ ਸਾਰੇ ਕੀਤੇ ਵਾਅਦਿਆਂ ਦੀ ਫੂਕ ਨਿਕਲ ਜਾਂਦੀ ਹੈ।ਇਸ ਤਰ੍ਹਾਂ ਦੀ ਤਾਜ਼ੀ ਮਿਸਾਲ ਇਲਾਕੇ ਦੀਆਂ ਟੁੱਟੀਆਂ ਸੜਕਾਂ ਤੋਂ ਮਿਲਦੀ ਹੈ ਜਿਵੇਂ ਟਾਂਡਾ ਤੋਂ ਧੂਤਾਂ ਦੋਸੜਕਾ, ਟਾਂਡਾ ਤੋਂ ਗੜ੍ਹਦੀਵਾਲ, ਅੱਡਾ ਸਰਾਂ ਤੋਂ ਚੋਲਾਂਗ, ਅੱਡਾ ਸਰਾਂ ਤੋਂ ਧੂਤਾਂ ਸੰਧਰਾਂ, ਅੱਡਾ ਸਰਾਂ ਤੋਂ ਢੱਟਾਂ, ਭਾਗੀਆਂ ਕੰਧਾਲੀ ਨੌਰੰਗਪੁਰ, ਮਸੀਤ ਪਲ ਕੋਟ, ਪਿੰਡਾਂ ਵਿਚੋਂ ਗੁਜ਼ਰਦੀ ਖੁੱਡਾ ਦਸੂਹਾ ਨਾਲ ਜਾ ਮਿਲਦੀ ਹੈ। ਇਨ੍ਹਾਂ ਸੜਕਾਂ ਦੀ ਹਾਲਤ ਬਹੁਤ ਨਾਜ਼ੁਕ ਹੈ । ਇਨ੍ਹਾਂ ਸੜਕਾਂ 'ਤੇ ਵੱਡੇ ਵੱਡੇ ਟੋਏ ਪਏ ਹੋਏ ਹਨ। ਮੀਂਹ ਦੇ ਦਿਨਾਂ ਵਿਚ ਇਨ੍ਹਾਂ ਟੋਇਆਂ ਵਿੱਚ ਪਾਣੀ ਭਰ ਜਾਂਦਾ ਹੈ। ਇਨ੍ਹਾਂ ਸੜਕਾਂ ਤੋਂ ਰਾਹਗੀਰਾਂ ਦਾ ਗੁਜ਼ਰਨਾ ਬਹੁਤ ਔਖਾ ਹੋਇਆ ਪਿਆ ਹੈ ਅਤੇ ਗੱਡੀਆਂ ਵਾਹਨਾਂ ਦੇ ਟਾਇਰ ਵੱਢ ਹੋ ਰਹੇ ਹਨ । ਕੋਈ ਵੀ ਸਬੰਧਤ ਵਿਭਾਗ ਧਿਆਨ ਨਹੀਂ ਦੇ ਰਿਹਾ। ਇਲਾਕੇ ਦੇ ਲੋਕਾਂ ਅਤੇ ਰਾਹਗੀਰਾਂ ਦੀ ਸਰਕਾਰ ਤੋਂ ਮੰਗ ਹੈ ਕਿ ਇਨ੍ਹਾਂ ਸੜਕਾਂ ਦੀ ਮੁਰੰਮਤ ਕੀਤੀ ਜਾਵੇ ਅਤੇ ਇਨ੍ਹਾਂ ਸਮੱਸਿਆਵਾਂ ਨੂੰ ਹੱਲ ਕੀਤਾ ਜਾਵੇ।

# ਮਈਆ ਭਗਵਾਨ ਦਾ ਸਾਲਾਨਾ ਤਿੰਨ ਰੋਜ਼ਾ ਜੋੜ ਮੇਲਾ ਸ਼ਰਧਾ ਨਾਲ ਮਨਾਇਆ

**ਫਿਲੌਰ, ( ਨਿਰਮਲ )**

ਫਿਲੌਰ ਵਿਖੇ ਅਲਮਸਤ ਮਾ ਮਈਆ ਭਗਵਾਨ ਜੀ ਦਾ ਸਲਾਨਾ ਜੋੜ ਮੇਲਾ ਬੜੀ ਸ਼ਰਧਾ ਤੇ ਧੂਮ ਧਾਮ ਨਾਲ ਮਨਾਇਆ ਗਿਆ ਇਸ ਮੌਕੇ ਮੇਲੇ ਵਿੱਚ ਦੂਰ ਦਰਾਡੇ ਤੋਂ ਆਈ ਸੰਗਤ ਮਾ ਮਈਆ ਭਗਵਾਨ ਜੀ ਦੇ ਦਰਬਾਰ ਵਿਖੇ ਨਤਮਸਤਕ ਹੋਈ ਅਤੇ ਮਾਂ ਮਈਆ ਭਗਵਾਨ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਵੱਖ ਵੱਖ ਡੇਰਿਆਂ ਤੋਂ ਮਹਾਂਪੁਰਸ਼ਾਂ ਨੇ ਵੀ ਦਰਬਾਰ ਵਿਖੇ ਹਾਜ਼ਰੀ ਲਗਵਾਈ। ਇਸ ਮੌਕੇ ਸੂਫੀਆਨਾ ਦਰਗਾਹ ਪ੍ਰਬੰਧ ਕਮੇਟੀ ਵੱਲੋਂ ਦਰਬਾਰ ਵਿਖੇ ਖੂਨਦਾਨ ਕੈਂਪ ਲਗਾਇਆ ਗਿਆ ਜਿਸ ਵਿੱਚ ਸੈਂਕੜੇ ਖੂਨਦਾਨੀਆਂ ਨੇ ਖੂਨ ਦਾਨ ਕੀਤਾ । ਇਸ ਮੌਕੇ ਸੂਫੀਆਨਾ ਦਰਗਾਹ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਾਈ ਪਿੱਪਲ ਸਾਹ ਜੀ ਨੇ ਖੂਨ ਦਾਨ ਕਰਨ ਵਾਲੇ ਵਿਅਕਤੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਦਰਬਾਰ ਉੱਤੇ ਪੰਜਾਬ ਦੇ ਪ੍ਰਸਿੱਧ ਕਲਾਕਾਰਾਂ ਨੇ ਆਪਣੇ ਆਪਣੇ ਅੰਦਾਜ਼ ਵਿੱਚ ਮਾਂ ਮਈਆ ਭਗਵਾਨ ਜੀ ਦੀ ਉਸਤਤਿ ਕਰਕੇ ਹਾਜ਼ਰੀ ਲਗਵਾਈ



ਜਿਸ ਵਿੱਚ ਪੰਜਾਬ ਦੇ ਮਸ਼ਹੂਰ ਕਲਾਕਾਰ ਫਿਰੋਜ ਖਾਨ ਕਮਲ ਖਾਨ ,ਜੀ ਖਾਨ, ਬਲਰਾਜ ਬਿਲਗਾ, ਬਨੀਤ ਖਾਨ, ਰਜ਼ਾ ਹੀਰ, ਮਾਸਟਰ ਰਾਕੇਸ਼, ਅਮਰਿੰਦਰ ਬੋਬੀ , ਮਨਜੀਤ ਸਹੋਤਾ ,ਹਸਨ ਮਾਣਕ, ਮੁੱਖ ਮੰਤਰੀ ਤੇ ਹੋਰ ਕਈ ਨਾਮਵਰ ਕਲਾਕਾਰਾਂ ਨੇ ਹਾਜ਼ਰੀ ਲਗਵਾਈ । ਇਸ ਮੌਕੇ ਮੈਂਬਰ ਪਾਰਲੀਮੈਂਟ ਚਰਨਜੀਤ ਸਿੰਘ ਚੰਨੀ , ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਤੇ ਹੋਰ ਕਈ ਪ੍ਰਮੁੱਖ ਵਿਅਕਤੀਆਂ ਨੇ ਹਾਜ਼ਰੀ ਲਗਵਾਈ । ਇਸ ਮੌਕੇ ਡੇਰਾ ਸਿੰਘਾ ਸ਼ਹੀਦਾਂ ਆਲੋਵਾਲ ਬੇਟ ਫਿਲੌਰ ਤੋਂ ਬਾਬਾ ਸੁਖਵਿੰਦਰ ਸਿੰਘ ਜੀ ਨੇ ਸੰਗਤਾਂ ਨੂੰ ਇਸ ਦਿਨ ਦੀ ਲੱਖ ਲੱਖ ਵਧਾਈ ਦਿੱਤੀ। ਇਸ ਮੌਕੇ ਮੰਚ ਸੰਚਾਲਕ ਅਸ਼ੋਕ ਫਿਲੋਰੀਆ ਤੇ ਹਮਸਰ ਨੇ ਸਟੇਜ ਸੈਕਟਰੀ ਦੀ ਭੂਮਿਕਾ ਨਿਭਾਈ । ਇਸ ਮੌਕੇ ਸੰਗਤਾਂ ਵਿੱਚ ਗੁਰੂ ਕਾ ਅਟੁੱਟ ਲੰਗਰ ਵੀ ਵਰਤਾਇਆ ਗਿਆ । ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਬਾਬਾ ਸ਼ੰਭੂ ਜੀ ਨੇ ਸੰਗਤ ਨੂੰ ਮੇਲੇ ਚ ਆਈਆਂ ਸੰਗਤਾਂ ਅਤੇ ਪ੍ਰਮੁੱਖ ਵਿਅਕਤੀਆਂ ਨੂੰ ਸਨਮਾਨਿਤ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।